ਚੜ੍ਹਦੀਕਲਾ ਪੜ੍ਹੋ ! ਚੜ੍ਹਦੀਕਲਾ 'ਚ ਰਹੋ !!

ਚੜ੍ਹਦੀਕਲਾ

ਬੀਤੀ ਅੱਧੀ ਸਦੀ ਤੋਂ ਧਰੂ ਤਾਰੇ ਵਾਂਗ ਚਮਕ ਰਿਹਾ ਰੋਜ਼ਾਨਾ 'ਚੜ੍ਹਦੀਕਲਾ' ਅਖ਼ਬਾਰ

- ਦੇਸ਼ ਦੇ ਸਭ ਤੋਂ ਸੀਨੀਅਰ ਪੱਤਰਕਾਰਾਂ ਵਿਚੋਂ ਇੱਕ ਸ੍ਰ. ਜਗਜੀਤ ਸਿੰਘ ਦਰਦੀ ਦੀ ਯੋਗ ਰਹਿਨੁਮਾਈ
- ਬਿਨਾਂ ਕਿਸੇ ਸਿਆਸੀ ਦਬਾਅ ਜਾਂ ਲਾਲਚ ਤੋਂ ਨਿਰਪੱਖਤਾ ਅਤੇ ਨਿਡਰਤਾ ਨਾਲ ਲੋਕ ਮੁੱਦਿਆਂ ਨੂੰ ਪੇਸ਼ ਕਰਨਾ
- ਧਾਰਮਿਕ ਕੱਟੜਤਾ ਅਤੇ ਵਪਾਰਕ ਲਾਭਾਂ ਜਿਹੀ ਸੌੜੀ ਸੋਚ ਤੋਂ ਕੋਹਾਂ ਦੂਰ, ਕੌਮੀ ਹਿੱਤਾਂ ਨੂੰ ਸਮਰਪਿਤ ਸੋਚ
- ਪੇਸ਼ੇ ਪ੍ਰਤੀ ਇਮਾਨਦਾਰ, ਸਮਰਪਿਤ ਅਤੇ ਸੰਵੇਦਨਸ਼ੀਲ ਪੱਤਰਕਾਰ ਅਤੇ ਸੰਪਾਦਕ ਸਟਾਫ
- ਹਰ ਵਰਗ ਦੇ ਪਾਠਕਾਂ ਲਈ ਉਸਾਰੂ ਸਮੱਗਰੀ ਦੀ ਭਰਮਾਰ

ਰਾਜਨੀਤਿਕ, ਸਮਾਜਿਕ, ਆਰਥਿਕ ਅਤੇ ਹਰ ਤਰ੍ਹਾਂ ਦੀਆਂ ਤਾਜ਼ਾ ਖ਼ਬਰਾਂ

ਪੰਜਾਬ ਦੇ ਹਰ ਪਿੰਡ ਹਰ ਸ਼ਹਿਰ 'ਚ ਮਿਲਦਾ ਹੈ

ਵੱਖ-ਵੱਖ ਵਿਸ਼ਿਆਂ ਅਤੇ ਚਾਲੂ ਮਾਮਲਿਆਂ ਬਾਰੇ ਜਾਣਕਾਰੀ
ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ
ਆਪਣੇ ਅਖ਼ਬਾਰਾਂ ਏਜੰਟ ਤੋਂ 'ਚੜ੍ਹਦੀਕਲਾ' ਦੀ ਮੰਗ ਕਰੋ



ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

PRGI (RNI) Regd. No. 22972/1972

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ:) ਗਿ: ਹਰਨਾਮ ਸਿੰਘ ਜੀ

ਮੁੱਖ ਸੰਪਾਦਕ: ਡਾ. ਜਗਜੀਤ ਸਿੰਘ 'ਦਰਦੀ'

ਸੰਪਾਦਕ : ਹਰਪ੍ਰੀਤ ਸਿੰਘ 'ਦਰਦੀ'

(ਕੁੱਲ ਸਫ਼ੇ 12 Pages 12)

(Friday, 25 April, 2025) ਪਟਿਆਲਾ ਸ਼ੁੱਕਰਵਾਰ, 25 ਅਪ੍ਰੈਲ, 2025, 13 ਵੈਸਾਖ , ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26, ਸਾਲ (Year) 57 ਅੰਕ ਨੰਬਰ (Volume No.) 113 ਮੁੱਲ : 2.00 ਰੁਪਏ ਫ਼ੋਨ: +91- 92168-07500 Posted at RMS Patiala www.charhdikala.com E-mail: news@charhdikala.com


## ਪੰਜਾਬ 'ਚ ਝੋਨੇ ਦੀ ਲਵਾਈ ਪਹਿਲੀ ਜੂਨ ਤੋਂ

ਚੰਡੀਗੜ੍ਹ, 24 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਝੋਨੇ ਦੀ ਲਵਾਈ ਆਰੰਭ ਹੋਣ ਲਈ ਇਕ ਪੱਤਰ ਜਾਰੀ ਕਰ ਦਿੱਤਾ ਗਿਆ ਹੈ। ਇਸ ਪੱਤਰ ਅਨੁਸਾਰ ਝੋਨੇ ਦੀ ਸਿੱਧੀ ਬਿਜਾਈ 15 ਮਈ ਤੋਂ ਸ਼ੁਰੂ ਹੋਵੇਗੀ, ਜਦੋਂ ਕਿ ਲਵਾਈ ਪਹਿਲੀ ਜੂਨ ਸੂਬੇ ਭਰ ਵਿਚ ਪੜਾਅਵਾਰ ਢੰਗ ਨਾਲ ਸ਼ੁਰੂ ਕੀਤੀ ਜਾਵੇਗੀ। ਪੱਤਰ ਮੁਤਾਬਕ ਪਹਿਲਾਂ ਫਰੀਦਕੋਟ, ਬਠਿੰਡਾ, ਫਿਰੋਜ਼ਪੁਰ, ਫਾਜ਼ਿਲਕਾ ਜ਼ਿਲ੍ਹਿਆਂ ਵਿਚ ਲਵਾਈ ਪਹਿਲੀ ਜੂਨ ਤੋਂ ਆਰੰਭ ਹੋਵੇਗੀ। ਇਸੇ ਤਰ੍ਹਾਂ 5 ਜੂਨ (ਬਾਕੀ ਸਫਾ 2 'ਤੇ)

## ਮਾਨ ਦੀ ਅਗਵਾਈ ਹੇਠ ਪੰਜਾਬ ਵਜ਼ਾਰਤ ਵੱਲੋਂ ਪਹਿਲਗਾਮ ਅੱਤਵਾਦੀ ਹਮਲੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ



ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 24 ਅਪ੍ਰੈਲ : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਤਰੀ ਮੰਡਲ ਨੇ ਮੀਟਿੰਗ ਦੀ ਸ਼ੁਰੂਆਤ ਵਿੱਚ ਪਹਿਲਗਾਮ (ਜੰਮੂ ਤੇ ਕਸ਼ਮੀਰ) ਵਿੱਚ ਹੋਏ ਦਹਿਸ਼ਤੀ ਹਮਲੇ ਦੇ ਸ਼ਹੀਦਾਂ ਨੂੰ ਸਰਧਾਂਜਲੀ ਭੇਟ ਕੀਤੀ।

ਮੰਤਰੀ ਮੰਡਲ ਨੇ ਪਹਿਲਗਾਮ ਵਿਖੇ ਹੋਏ ਅੱਤਵਾਦੀ ਹਮਲੇ ਵਿੱਚ ਜਾਨ ਗੁਆਉਣ ਵਾਲੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਦੋ ਮਿੰਟ ਦਾ ਮੌਨ ਧਾਰਨ ਕੀਤਾ। ਕੈਬਨਿਟ ਨੇ ਕਿਹਾ ਕਿ ਇਸ ਹਮਲੇ ਨੇ ਹਰ ਦੇਸ਼ ਵਾਸੀ ਦੇ ਹਿਰਦੇ ਨੂੰ ਗਹਿਰੀ ਠੇਸ ਪਹੁੰਚਾਈ ਹੈ ਜੋ ਕਈ ਕੀਮਤੀ ਜਾਨਾਂ ਜਾਣ ਕਰਕੇ ਗਮਗੀਨ ਹਨ। ਮੰਤਰੀ ਮੰਡਲ ਨੇ ਮਾਸੂਮ ਸੈਲਾਨੀਆਂ 'ਤੇ ਇਸ ਅੱਤਵਾਦੀ ਹਮਲੇ ਨੂੰ ਬੁਜ਼ਦਿਲ ਅਤੇ ਅਣਮਨੁੱਖੀ ਕਾਰਵਾਈ ਕਰਾਰ ਦਿੱਤਾ ਹੈ।

ਮੰਤਰੀ ਮੰਡਲ ਨੇ ਕਿਹਾ ਕਿ ਇਸ ਘਿਨਾਉਣੀ ਘਟਨਾ ਨੇ ਇਕ ਵਾਰ ਫਿਰ ਇਹ ਸਾਬਤ ਕਰ ਦਿੱਤਾ ਹੈ ਕਿ ਅੱਤਵਾਦੀਆਂ ਦਾ ਕੋਈ ਦੀਨ-ਧਰਮ ਨਹੀਂ ਹੁੰਦਾ ਅਤੇ ਉਨ੍ਹਾਂ ਦਾ ਇੱਕੋ-ਇੱਕ ਉਦੇਸ਼ ਲੋਕਾਂ ਵਿੱਚ ਦਹਿਸ਼ਤ ਫੈਲਾਉਣਾ ਸੀ। ਇਹ ਹਮਲਾ ਵਹਿਸ਼ੀ ਕਾਰਾ ਹੈ ਕਿਉਂਕਿ ਕੋਈ ਵੀ ਧਰਮ ਅਜਿਹੇ ਘਿਨਾਉਣੇ ਅਪਰਾਧ ਦੀ ਹਰਗਿਜ਼ ਇਜਾਜ਼ਤ ਨਹੀਂ ਦਿੰਦਾ। ਮੰਤਰੀ ਮੰਡਲ ਨੇ ਕਿਹਾ ਕਿ ਇਹ ਹਿੰਸਾ ਮਨੁੱਖਤਾ 'ਤੇ ਸਿੱਧਾ ਹਮਲਾ ਹੈ ਅਤੇ ਇਸ ਘਟਨਾ ਦੀ ਹਰੇਕ ਵਿਅਕਤੀ ਵੱਲੋਂ ਮਜ਼ਹਬ, ਖਿੱਤਾ, ਕੌਮ ਜਾਂ ਕਿਸੇ ਹੋਰ ਵਿਚਾਰਧਾਰਾ ਤੋਂ ਉਪਰ ਉੱਠ ਕੇ ਸਖ਼ਤ ਤੋਂ ਸਖ਼ਤ ਸਬਦਾਂ ਵਿੱਚ ਨਿੰਦਾ ਕੀਤੀ ਜਾਣੀ ਚਾਹੀਦੀ ਹੈ। (ਬਾਕੀ ਸਫਾ 2 'ਤੇ)

*ਪਹਿਲਗਾਮ ਅੱਤਵਾਦੀ ਹਮਲੇ ਦਾ ਮਾਮਲਾ*

# ਸਰਕਾਰ ਨੂੰ ਮਿਲਿਆ ਸਰਬ-ਪਾਰਟੀ ਸਮਰਥਨ, ਅੱਤਵਾਦ ਖ਼ਿਲਾਫ਼ ਦੇਸ਼ ਇਕਜੁੱਟ

## ਵਿਰੋਧੀ ਧਿਰ ਦਾ ਸਰਕਾਰ ਨੂੰ ਪੂਰਾ ਸਮਰਥਨ : ਰਾਹੁਲ ਗਾਂਧੀ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 24 ਅਪ੍ਰੈਲ : ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਨੂੰ ਲੈ ਕੇ ਭਾਰਤ ਸਰਕਾਰ ਨੇ ਸਖ਼ਤ ਕਦਮ ਚੁੱਕਣੇ ਸ਼ੁਰੂ ਕਰ ਦਿੱਤੇ ਹਨ। ਬੁੱਧਵਾਰ ਨੂੰ ਪਾਕਿਸਤਾਨ ਵਿਰੁੱਧ 5 ਸਖ਼ਤ ਫੈਸਲੇ ਲੈਣ ਮਗਰੋਂ ਹੁਣ ਅੱਜ ਵੀਰਵਾਰ ਨੂੰ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਮਿਲਣ ਪਹੁੰਚੇ। ਇਸ ਉੱਚ-ਪੱਧਰੀ ਮੀਟਿੰਗ ਨੂੰ ਸੁਰੱਖਿਆ ਸਥਿਤੀ ਦੀ ਗੰਭੀਰਤਾ ਅਤੇ ਭਵਿੱਖ ਦੀਆਂ ਰਣਨੀਤੀਆਂ 'ਤੇ ਚਰਚਾ ਕਰਨ ਦੇ ਲਿਹਾਜ਼ ਨਾਲ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ। ਕੇਂਦਰ ਸਰਕਾਰ ਵੱਲੋਂ ਬੁਲਾਈ ਗਈ ਇੱਕ ਸਰਬ-ਪਾਰਟੀ ਮੀਟਿੰਗ ਸੰਸਦ ਭਵਨ ਵਿੱਚ ਹੋਈ। ਇਸ ਮੀਟਿੰਗ ਦੀ ਪ੍ਰਧਾਨਗੀ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕੀਤੀ। ਜਾਣਕਾਰੀ ਅਨੁਸਾਰ ਮੀਟਿੰਗ ਵਿੱਚ ਸਭ ਤੋਂ ਪਹਿਲਾਂ ਪਹਿਲਗਾਮ ਹਮਲੇ ਵਿੱਚ ਮਾਰੇ ਗਏ



ਲੋਕਾਂ ਨੂੰ ਸ਼ਰਧਾਂਜਲੀ ਦਿੱਤੀ ਗਈ ਅਤੇ ਉਨ੍ਹਾਂ ਦੀ ਆਤਮਾ ਦੀ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਰੱਖਿਆ ਗਿਆ।ਇਸ ਤੋਂ ਬਾਅਦ ਸ਼ਾਮ ਨੂੰ ਇੱਕ ਸਰਬ-ਪਾਰਟੀ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ, ਸਿਹਤ ਮੰਤਰੀ ਜੇਪੀ ਨੱਡਾ, ਵਿੱਤ ਮੰਤਰੀ ਨਿਰਮਲਾ ਸੀਤਾਰਮਨ, ਕੇਂਦਰੀ ਘੱਟ ਗਿਣਤੀ ਮੰਤਰੀ ਕਿਰੇਨ ਰਿਜੀਜੂ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਕਾਂਗਰਸ ਪ੍ਰਧਾਨ ਅਤੇ ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਮਲਿਕਾਰੁਜਨ ਖੜਗੇ ਸਮੇਤ ਵੱਖ-ਵੱਖ ਪਾਰਟੀਆਂ ਦੇ ਨੇਤਾ ਸ਼ਾਮਲ ਹੋਏ। ਸਰਬ ਪਾਰਟੀ ਮੀਟਿੰਗ ਤੋਂ ਬਾਅਦ ਪ੍ਰਤੀਕਿਰਿਆ ਦਿੰਦੇ ਹੋਏ ਕੇਂਦਰੀ ਮੰਤਰੀ ਕਿਰੇਨ ਰਿਜੀਜੂ ਨੇ ਕਿਹਾ, 'ਰੱਖਿਆ ਮੰਤਰੀ ਨੇ ਪਹਿਲਗਾਮ ਦੀ ਘਟਨਾ ਅਤੇ ਭਾਰਤ ਸਰਕਾਰ ਵੱਲੋਂ ਕੀਤੀ ਗਈ ਕਾਰਵਾਈ ਬਾਰੇ ਸੀਸੀਐੱਸ ਮੀਟਿੰਗ ਨੂੰ ਜਾਣਕਾਰੀ ਦਿੱਤੀ।' ਇਹ ਘਟਨਾ ਬਹੁਤ ਦੁਖਦਾਈ ਹੈ। (ਬਾਕੀ ਸਫਾ 2 'ਤੇ)

## ਅੱਤਵਾਦੀਆਂ ਨੂੰ ਉਨ੍ਹਾਂ ਦੀ ਸੋਚ ਤੋਂ ਵੀ ਵੱਡੀ ਸਜ਼ਾ ਮਿਲੇਗੀ: ਮੋਦੀ

ਚੜ੍ਹਦੀਕਲਾ ਬਿਊਰੋ



ਮਧੂਬਨੀ (ਬਿਹਾਰ), 24 ਅਪ੍ਰੈਲ : ਪਹਿਲਗਾਮ ਹਮਲੇ ਤੋਂ ਬਾਅਦ ਵੀਰਵਾਰ ਨੂੰ ਬਿਹਾਰ ਦੇ ਮਧੂਬਨੀ ਪਹੁੰਚੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ, 'ਪਹਿਲਗਾਮ ਦੇ ਦੋਸ਼ੀਆਂ ਨੂੰ ਮਿੱਟੀ ਵਿਚ ਮਿਲਾਉਣ ਦਾ ਸਮਾਂ ਆ ਗਿਆ ਹੈ।' ਅੱਤਵਾਦੀਆਂ ਨੂੰ ਉਨ੍ਹਾਂ ਦੀ ਕਲਪਨਾ ਤੋਂ ਵੀ ਵੱਡੀ ਸਜ਼ਾ ਮਿਲੇਗੀ। 'ਅੱਤਵਾਦੀ ਹਮਲੇ ਵਿੱਚ, ਕਿਸੇ ਨੇ ਆਪਣਾ ਪੁੱਤਰ ਗੁਆ ਦਿੱਤਾ, ਕਿਸੇ ਨੇ ਆਪਣਾ ਭਰਾ ਗੁਆ ਦਿੱਤਾ, ਕਿਸੇ ਨੇ ਆਪਣਾ ਜੀਵਨ ਸਾਥੀ ਗੁਆ ਦਿੱਤਾ।' ਉਨ੍ਹਾਂ ਵਿੱਚੋਂ ਕੁਝ ਬੰਗਾਲੀ ਬੋਲਦੇ ਸਨ, ਕੁਝ ਕੰਨੜ, ਕੁਝ ਗੁਜਰਾਤੀ, ਕੁਝ ਬਿਹਾਰ ਤੋਂ ਸਨ। ਅੱਜ, ਕਾਰਗਿਲ ਤੋਂ ਕੰਨਿਆਕੁਮਾਰੀ ਤੱਕ, ਸਾਡਾ ਗੁੱਸਾ ਸਾਰਿਆਂ ਦੀ ਮੌਤ 'ਤੇ ਇੱਕੋ ਜਿਹਾ ਹੈ। ਪੀ.ਐਮ. ਮੋਦੀ ਨੇ ਕਿਹਾ, 'ਜਿਸ ਤਰ੍ਹਾਂ 22 ਅਪ੍ਰੈਲ ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਮਾਸੂਮ ਲੋਕਾਂ ਨੂੰ ਮਾਰਿਆ ਗਿਆ' ਪੂਰਾ ਦੇਸ਼ ਇਸ ਤੋਂ ਦੁਖੀ ਹੈ। ਪੂਰਾ ਦੇਸ਼ ਪੀੜਤ ਪ੍ਰਵਾਰਾਂ ਨਾਲ ਖੜ੍ਹਾ ਹੈ। 'ਸਰਕਾਰ ਇਹ ਵੀ ਯਕੀਨੀ ਬਣਾਉਣ ਲਈ ਯਤਨ ਕਰ ਰਹੀ ਹੈ ਕਿ ਜੋ ਲੋਕ ਇਸ ਸਮੇਂ ਇਲਾਜ ਅਧੀਨ ਹਨ, ਉਹ ਜਲਦੀ ਠੀਕ ਹੋ ਜਾਣ।' ਮੈਂ ਇਹ ਸਪੱਸ਼ਟ ਤੌਰ 'ਤੇ (ਬਾਕੀ ਸਫਾ 2 'ਤੇ)

*ਛੱਤੀਸਗੜ੍ਹ 'ਚ ਮਾਓਵਾਦੀਆਂ 'ਤੇ ਹੁਣ ਤਕ ਦੀ ਸੱਭ ਤੋਂ ਵੱਡੀ ਕਾਰਵਾਈ*

## ਬਸਤਰ 'ਚ 10 ਹਜ਼ਾਰ ਸੁਰੱਖਿਆ ਬਲਾਂ ਨੇ ਲਗਭਗ ਇਕ ਹਜ਼ਾਰ ਨਕਸਲੀਆਂ ਨੂੰ ਘੇਰਿਆ

ਚੜ੍ਹਦੀਕਲਾ ਬਿਊਰੋ



ਰਾਏਪੁਰ, 24 ਅਪ੍ਰੈਲ : ਛੱਤੀਸਗੜ੍ਹ ਦੇ ਬਸਤਰ ਵਿਚ ਨਕਸਲੀਆਂ 'ਤੇ ਹੁਣ ਤਕ ਦਾ ਸੱਭ ਤੋਂ ਵੱਡਾ ਹਮਲਾ ਹੋਇਆ ਹੈ। ਇੱਥੇ 10 ਹਜ਼ਾਰ ਸੁਰੱਖਿਆ ਬਲਾਂ ਨੇ ਲਗਭਗ ਇਕ ਹਜ਼ਾਰ ਨਕਸਲੀਆਂ ਨੂੰ ਘੇਰ ਲਿਆ ਹੈ। ਨਕਸਲੀਆਂ ਅਤੇ ਸੁਰੱਖਿਆ ਬਲਾਂ ਵਿਚਕਾਰ ਮੁਕਾਬਲਾ ਸ਼ੁਰੂ ਹੋ ਗਿਆ ਹੈ, ਜੋ ਅਗਲੇ ਕੁੱਝ ਦਿਨਾਂ ਤਕ ਜਾਰੀ ਰਹਿ ਸਕਦਾ ਹੈ। ਇਹ ਖ਼ਬਰ ਲਿਖੇ ਜਾਣ ਤੱਕ, ਲਗਭਗ ਅੱਧਾ ਦਰਜਨ ਨਕਸਲੀ ਮਾਰੇ ਜਾ ਚੁੱਕੇ ਹਨ ਅਤੇ ਇਹ ਅੰਕੜਾ ਕਾਰਵਾਈ ਖ਼ਤਮ ਹੋਣ ਤਕ ਵੱਧ ਸਕਦਾ ਹੈ। ਛੱਤੀਸਗੜ੍ਹ ਅਤੇ ਤੇਲੰਗਾਨਾ ਦੀ ਸਰਹੱਦ 'ਤੇ ਸੁਰੱਖਿਆ ਬਲਾਂ ਨੇ ਇਕ ਮੁਕਾਬਲੇ ਵਿਚ ਕੁੱਝ ਨਕਸਲੀਆਂ ਨੂੰ ਮਾਰ ਦਿਤਾ ਹੈ। ਅਧਿਕਾਰੀਆਂ ਨੇ ਦਸਿਆ ਕਿ ਛੱਤੀਸਗੜ੍ਹ ਦੇ (ਬਾਕੀ ਸਫਾ 2 'ਤੇ)

## ਅੱਜ ਕਸ਼ਮੀਰ ਜਾਣਗੇ ਫ਼ੌਜ ਮੁਖੀ, ਹਮਲੇ ਵਾਲੀ ਥਾਂ ਦਾ ਕਰਨਗੇ ਦੌਰਾ

ਸ੍ਰੀਨਗਰ, 24 ਅਪ੍ਰੈਲ (ਚੜ੍ਹਦੀਕਲਾ ਬਿਊਰੋ):ਜੰਮੂ-ਕਸ਼ਮੀਰ ਦੇ ਪਹਿਲਗਾਮ ਵਿਚ 22 ਅਪ੍ਰੈਲ ਨੂੰ ਅੱਤਵਾਦੀਆਂ ਵੱਲੋਂ 28 ਸੈਲਾਨੀਆਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਇਸ ਘਟਨਾ ਮਗਰੋਂ ਭਾਰਤ ਦੇ ਫ਼ੌਜ ਮੁਖੀ ਜਨਰਲ ਉਪੇਂਦਰ ਦ੍ਵਿਵੇਦੀ ਭਲਕੇ ਕਸ਼ਮੀਰ ਦਾ ਦੌਰਾ ਕਰਨਗੇ। ਉਸ ਥਾਂ ਦਾ ਦੌਰਾ ਕਰਨਗੇ, ਜਿੱਥੇ ਅੱਤਵਾਦੀਆਂ ਨੇ ਬੇਕਸੂਰ ਲੋਕਾਂ ਨੂੰ ਗੋਲੀਆਂ ਮਾਰੀਆਂ। ਦ੍ਵਿਵੇਦੀ ਭਲਕੇ ਪਹਿਲਗਾਮ ਹਮਲੇ ਦੇ ਮੱਦੇਨਜ਼ਰ ਸੁਰੱਖਿਆ ਸਥਿਤੀ ਦੀ ਸਮੀਖਿਆ ਕਰਨ ਲਈ ਸ੍ਰੀਨਗਰ, ਜੰਮੂ-ਕਸ਼ਮੀਰ ਦਾ ਦੌਰਾ ਕਰਨਗੇ। ਇੱਥੇ ਉੱਚ ਕਮਾਂਡਰ ਉਨ੍ਹਾਂ ਨੂੰ ਘਾਟੀ ਵਿਚ ਅਤੇ ਕੰਟਰੋਲ ਰੇਖਾ 'ਤੇ ਫ਼ੌਜ ਵੱਲੋਂ ਚੁੱਕੇ ਗਏ ਅੱਤਵਾਦ ਵਿਰੋਧੀ ਉਪਾਵਾਂ ਬਾਰੇ ਜਾਣਕਾਰੀ ਦੇਣਗੇ। ਦੱਸ ਦੇਈਏ ਕਿ ਜੰਮੂ-ਕਸ਼ਮੀਰ ਦੇ (ਬਾਕੀ ਸਫਾ 2 'ਤੇ)

## ਪਾਕਿਸਤਾਨ ਨੇ ਭਾਰਤੀ ਉਡਾਣਾਂ ਲਈ ਹਵਾਈ ਖੇਤਰ ਕੀਤਾ ਬੰਦ, ਦੁਵੱਲੇ ਵਪਾਰ 'ਤੇ ਵੀ ਲਗਾਈ ਪਾਬੰਦੀ

ਚੜ੍ਹਦੀਕਲਾ ਬਿਊਰੋ

ਇਸਲਾਮਾਬਾਦ, 24 ਅਪ੍ਰੈਲ : ਪਾਕਿਸਤਾਨ ਨੇ ਵੀਰਵਾਰ ਨੂੰ ਭਾਰਤੀ ਏਅਰਲਾਈਨਾਂ ਦੁਆਰਾ ਚਲਾਈਆਂ ਜਾਣ ਵਾਲੀਆਂ ਉਡਾਣਾਂ ਲਈ ਆਪਣਾ ਹਵਾਈ ਖੇਤਰ ਤੁਰੰਤ ਪ੍ਰਭਾਵ ਨਾਲ ਬੰਦ ਕਰਨ ਦਾ ਐਲਾਨ ਕੀਤਾ ਅਤੇ ਭਾਰਤ ਨਾਲ ਸਿੱਧੇ ਜਾਂ ਕਿਸੇ ਹੋਰ ਦੇਸ਼ ਰਾਹੀਂ ਹੋਣ ਵਾਲੇ ਸਾਰੇ ਵਪਾਰ ਨੂੰ ਰੋਕ ਦਿੱਤਾ। ਬੁੱਧਵਾਰ ਨੂੰ ਭਾਰਤ ਦੇ ਫੈਸਲਿਆਂ ਦੇ ਜਵਾਬ ਵਿੱਚ ਪਾਕਿਸਤਾਨ ਨੇ ਵੀ ਸਰਹੱਦੀ ਆਵਾਜਾਈ, ਸਾਰਕ ਵੀਜ਼ਾ ਅਤੇ ਡਿਪਲੋਮੈਟਿਕ ਮਿਸ਼ਨਾਂ ਦੇ ਸਟਾਫ ਵਿੱਚ ਇਸੇ ਤਰ੍ਹਾਂ ਦੀ ਕਟੌਤੀ ਦਾ ਐਲਾਨ ਕੀਤਾ ਹੈ। ਪਾਕਿਸਤਾਨ ਨੇ ਇਹ ਫੈਸਲਾ ਮੰਗਲਵਾਰ ਨੂੰ ਜੰਮੂ-ਕਸ਼ਮੀਰ ਦੇ

### 'ਪਾਣੀ ਰੋਕਣਾ ਜੰਗ ਨੂੰ ਸੱਦਾ ਦੇਣ ਬਰਾਬਰ...'



ਪਹਿਲਗਾਮ ਵਿੱਚ ਹੋਈ ਅੱਤਵਾਦੀ ਘਟਨਾ ਤੋਂ ਬਾਅਦ ਭਾਰਤ ਵੱਲੋਂ ਉਸ ਵਿਰੁੱਧ ਕੀਤੀਆਂ ਗਈਆਂ ਵੱਖ-ਵੱਖ ਕਾਰਵਾਈਆਂ ਦੇ ਜਵਾਬ ਵਿੱਚ ਲਿਆ ਹੈ। ਇੱਥੇ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ ਦੀ ਪ੍ਰਧਾਨਗੀ ਹੇਠ ਹੋਈ ਰਾਸ਼ਟਰੀ ਸੁਰੱਖਿਆ ਕਮੇਟੀ (ਐਨ.ਐਸ.ਸੀ) ਦੀ ਮੀਟਿੰਗ ਤੋਂ ਬਾਅਦ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਕਿ ਕਮੇਟੀ ਨੇ ਭਾਰਤ ਨਾਲ ਲੱਗਦੀ ਵਾਹਗਾ ਸਰਹੱਦ ਨੂੰ ਤੁਰੰਤ ਬੰਦ ਕਰ ਦਿੱਤਾ ਹੈ ਅਤੇ ਭਾਰਤ ਨਾਲ ਸਰਹੱਦ ਪਾਰ ਆਵਾਜਾਈ ਨੂੰ ਪੂਰੀ ਤਰ੍ਹਾਂ ਮੁਅੱਤਲ ਕੀਤਾ ਜਾ ਰਿਹਾ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਪਾਕਿਸਤਾਨ ਸਾਰਕ ਵੀਜ਼ਾ ਛੋਟ ਯੋਜਨਾ ਤਹਿਤ ਭਾਰਤੀ ਨਾਗਰਿਕਾਂ ਨੂੰ ਜਾਰੀ ਕੀਤੇ ਗਏ ਸਾਰੇ ਵੀਜ਼ੇ ਮੁਅੱਤਲ ਕਰ ਰਿਹਾ ਹੈ, ਜਿਸ ਵਿੱਚ ਸਿਰਫ਼ ਸਿੱਖ ਸ਼ਰਧਾਲੂਆਂ ਨੂੰ ਛੋਟ ਦਿੱਤੀ ਗਈ ਹੈ। ਇਸ ਕਿਸਮ ਦੇ ਵੀਜ਼ੇ 'ਤੇ ਪਾਕਿਸਤਾਨ ਵਿੱਚ ਰਹਿ ਰਹੇ ਭਾਰਤੀਆਂ (ਸਿੱਖ ਸ਼ਰਧਾਲੂਆਂ ਨੂੰ (ਬਾਕੀ ਸਫਾ 2 'ਤੇ)

## ਅਮਿਤ ਸ਼ਾਹ ਤੇ ਜੈਸ਼ੰਕਰ ਵੱਲੋਂ ਰਾਸ਼ਟਰਪਤੀ ਨਾਲ ਮੁਲਾਕਾਤ



ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 24 ਅਪ੍ਰੈਲ : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਵਿਦੇਸ਼ ਮੰਤਰੀ ਐੱਸ.ਜੈਸ਼ੰਕਰ ਨੇ ਵੀਰਵਾਰ ਨੂੰ ਰਾਸ਼ਟਰਪਤੀ ਭਵਨ 'ਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਇਹ ਮੁਲਾਕਾਤ ਮੰਗਲਵਾਰ ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਦੇ ਮੱਦੇਨਜ਼ਰ ਹੋਈ ਹੈ, ਜਿਸ 'ਚ 26 ਲੋਕਾਂ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ, ਜਿਨ੍ਹਾਂ 'ਚ ਜ਼ਿਆਦਾਤਰ ਸੈਲਾਨੀ ਸਨ ਅਤੇ ਇਕ ਨੇਪਾਲੀ ਨਾਗਰਿਕ ਵੀ ਸ਼ਾਮਲ ਸੀ। ਰਾਸ਼ਟਰਪਤੀ ਦਫ਼ਤਰ ਨੇ 'ਐਕਸ' 'ਤੇ ਇਕ ਪੋਸਟ 'ਚ ਬੈਠਕ ਦੀ ਤਸਵੀਰ ਸਾਂਝੀ ਕਰਦੇ ਕਿਹਾ, "ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਵਿਦੇਸ਼ ਮੰਤਰੀ ਡਾ. ਐੱਸ. ਜੈਸ਼ੰਕਰ ਨੇ ਰਾਸ਼ਟਰਪਤੀ ਭਵਨ 'ਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ।" ਦੱਸਣਯੋਗ ਹੈ ਕਿ ਦੱਖਣੀ ਕਸ਼ਮੀਰ ਦੇ ਪਹਿਲਗਾਮ 'ਚ ਮੰਗਲਵਾਰ ਦੁਪਹਿਰ ਨੂੰ ਹੋਏ ਇੱਕ ਅੱਤਵਾਦੀ ਹਮਲੇ 'ਚ 26 ਲੋਕ ਮਾਰੇ ਗਏ, ਜਿਨ੍ਹਾਂ 'ਚ ਜ਼ਿਆਦਾਤਰ ਸੈਲਾਨੀ ਸਨ। (ਬਾਕੀ ਸਫਾ 2 'ਤੇ)

## ਊਧਮਪੁਰ ਮੁਕਾਬਲੇ ਵਿੱਚ ਜਵਾਨ ਸ਼ਹੀਦ, ਕਾਰਵਾਈ ਜਾਰੀ

ਸ੍ਰੀਨਗਰ, 24 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਊਧਮਪੁਰ ਦੇ ਬਸੰਤਗੜ੍ਹ ਖੇਤਰ ਵਿੱਚ ਚੱਲ ਰਹੇ ਮੁਕਾਬਲੇ ਵਿੱਚ ਇੱਕ ਸਿਪਾਹੀ ਦੀ ਮੌਤ ਹੋ ਗਈ, ਫੌਜ ਨੇ ਇਹ ਜਾਣਕਾਰੀ ਦਿੱਤੀ ਹੈ। ਜਾਣਕਾਰੀ ਮੁਤਾਬਕ, ਫੌਜ ਦੇ ਵ੍ਹਾਈਟ ਨਾਈਟ ਕੋਰ ਨੇ ਐਕਸ 'ਤੇ ਇੱਕ ਪੋਸਟ ਵਿੱਚ ਕਿਹਾ ਕਿ ਜਵਾਨ ਗੋਲੀਬਾਰੀ ਦੇ ਸ਼ੁਰੂਆਤੀ ਮੁਕਾਬਲੇ ਦੌਰਾਨ ਜ਼ਖਮੀ ਹੋ ਗਿਆ ਸੀ ਅਤੇ ਬਾਅਦ ਵਿੱਚ ਆਪਣੀ ਸੱਟਾਂ ਦੀ ਤਾਬ ਨਾ ਝੱਲਦਾ ਹੋਇਆ ਦਮ ਤੋੜ ਗਿਆ। ਫੌਜ ਨੇ ਕਿਹਾ, ਖਾਸ ਖੁਫੀਆ ਜਾਣਕਾਰੀ ਦੇ ਆਧਾਰ 'ਤੇ, ਬਸੰਤਗੜ੍ਹ ਵਿੱਚ ਅੱਜ ਪੁਲਿਸ ਨਾਲ ਇੱਕ ਸਾਂਝਾ ਆਪ੍ਰੇਸ਼ਨ ਸ਼ੁਰੂ ਕੀਤਾ ਗਿਆ। ਇਸ ਦੌਰਾਨ ਭਿਆਨਕ ਗੋਲੀਬਾਰੀ ਹੋਈ। ਇਸ ਵਿੱਚ ਕਿਹਾ ਗਿਆ ਹੈ ਕਿ ਸ਼ੁਰੂਆਤੀ ਮੁਕਾਬਲੇ ਵਿੱਚ ਇੱਕ (ਬਾਕੀ ਸਫਾ 2 'ਤੇ)

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿ. ਰਘਬੀਰ ਸਿੰਘ ਨਾਲ ਦਿੱਲੀ ਹਵਾਈ ਅੱਡੇ 'ਤੇ ਦੁਰਵਿਵਹਾਰ

ਬਬਲੂ ਮਹਾਜਨ

ਅੰਮ੍ਰਿਤਸਰ , 24 ਅਪ੍ਰੈਲ : ਨਵੀਂ ਦਿੱਲੀ ਤੋਂ ਸੈਨ ਫ੍ਰਾਂਸਿਸਕੋ ਯੂਐੱਸਏ ਲਈ ਏਅਰ ਇੰਡੀਆ ਦੀ ਫਲਾਈਟ ਨੰਬਰ ਏਆਈ183 ਰਾਹੀਂ ਬਿਜ਼ਨਸ ਕਲਾਸ ਵਿੱਚ ਸਫਰ ਕਰਨ ਲਈ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਉਹਨਾਂ ਦੇ ਸਾਥੀ ਦਿੱਲੀ ਏਅਰਪੋਰਟ ਵਿਖੇ ਪਹੁੰਚੇ, ਜਿੱਥੇ ਏਅਰ ਇੰਡੀਆ ਫਲਾਈਟ ਵਿੱਚ ਬੈਠਣ ਸਮੇਂ ਸਾਫ ਸਫਾਈ ਅਤੇ ਸੀਟਾਂ ਦੀ ਹਾਲਤ ਠੀਕ ਨਾ ਹੋਣ ਕਾਰਨ ਉਹਨਾਂ ਨੇ ਵਿਰੋਧ ਜਿਤਾਇਆ ਅਤੇ ਜਹਾਜ਼ ਤੋਂ ਬਾਹਰ ਆ ਗਏ । ਸੁਣਵਾਈ ਨਾ ਹੋਣ ਕਾਰਨ ਪਿਛਲੇ ਤਿੰਨ ਘੰਟਿਆਂ ਤੋਂ ਉਹ ਏਅਰਪੋਰਟ 'ਤੇ ਖੱਜਲ ਖੁਆਰ ਹੋ ਰਹੇ ਹਨ । ਗਿਆਨੀ ਰਘਬੀਰ ਸਿੰਘ ਨੇ ਸੋਸ਼ਲ ਮੀਡੀਆ 'ਤੇ ਪੋਸਟਰ ਰਾਹੀਂ ਲਿਖਿਆ ਕਿ ਦਾਸ ਅਤੇ ਮੇਰੇ ਨਾਲ ਦੋ ਹੋਰ ਜਣਿਆਂ ਨੇ ਸੈਕਰਾਮੈਂਟੋ ਯੂਐੱਸਏ




ਵਿਖੇ ਗੁਰਮਤਿ ਸਮਾਗਮ ਵਿੱਚ ਸ਼ਮੂਲੀਅਤ ਕਰਨ ਲਈ ਅੱਜ ਨਵੀਂ ਦਿੱਲੀ ਤੋਂ ਸੈਨ ਫ੍ਰਾਂਸਿਸਕੋ ਯੂਐੱਸਏ ਲਈ ਏਅਰ ਇੰਡੀਆ ਦੀ ਫਲਾਈਟ ਨੰਬਰ ਏਆਈ183 ਰਾਹੀਂ ਬਿਜ਼ਨਸ ਕਲਾਸ ਅਤੇ ਇਕਾਨਮੀ ਟਿਕਟ ਉੱਤੇ ਸਫ਼ਰ ਕਰਨਾ ਸੀ। (ਬਾਕੀ ਸਫਾ 2 'ਤੇ)

### ਗਿ. ਰਘਬੀਰ ਸਿੰਘ ਨਾਲ ਦੁਰਵਿਵਹਾਰ ਅਤਿ ਨਿੰਦਣਯੋਗ: ਜਥੇ. ਗੜਗੱਜ

ਅੰਮ੍ਰਿਤਸਰ, 24 ਅਪ੍ਰੈਲ (ਬਬਲੂ ਮਹਾਜਨ) : ਨਵੀਂ ਦਿੱਲੀ ਦੇ ਹਵਾਈ ਅੱਡੇ ਉੱਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨਾਲ ਏਅਰ ਇੰਡੀਆ ਦੇ ਸਟਾਫ਼ ਮੈਂਬਰਾਂ ਵੱਲੋਂ ਦੁਰਵਿਵਹਾਰ ਦੇ ਸਬੰਧ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੰਘ ਸਾਹਿਬ ਸਿੱਖ ਕੌਮ ਦੀ ਬਹੁਤ ਹੀ ਸਨਮਾਨਯੋਗ ਸ਼ਖ਼ਸੀਅਤ ਹਨ ਅਤੇ ਦੇਸ਼ (ਬਾਕੀ ਸਫਾ 2 'ਤੇ)

## ਭਾਰਤੀ ਜਲ ਸੈਨਾ ਵੱਲੋਂ ਸੂਰਤ 'ਚ ਮਿਜ਼ਾਈਲ ਦਾ ਸਫ਼ਲ ਪ੍ਰੀਖਣ

ਨਵੀਂ ਦਿੱਲੀ , 24 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ, ਭਾਰਤ ਸਰਕਾਰ ਪਾਕਿਸਤਾਨ ਵਿਰੁੱਧ ਐਕਸ਼ਨ ਮੋਡ ਵਿੱਚ ਹੈ । ਪਾਕਿਸਤਾਨ ਨੂੰ ਰਾਜਨੀਤਿਕ, ਆਰਥਿਕ ਅਤੇ ਕੂਟਨੀਤਕ ਮੋਰਚਿਆਂ 'ਤੇ ਸਬਕ ਸਿਖਾਉਣ ਲਈ ਭਾਰਤ ਨੇ ਮੰਗਲਵਾਰ ਨੂੰ ਪੰਜ ਵੱਡੇ ਫੈਸਲੇ ਲਏ। ਇਸ ਦੌਰਾਨ, ਭਾਰਤੀ ਜਲ ਸੈਨਾ ਦੇ ਸਵਦੇਸ਼ੀ ਤੌਰ 'ਤੇ ਬਣੇ ਜੰਗੀ ਜਹਾਜ਼ ਆਈ.ਐਨ.ਐਸ. ਸੂਰਤ ਨੇ ਸਮੁੰਦਰ ਵਿੱਚ ਇੱਕ ਤੇਜ਼ ਉੱਡਦੇ ਨਿਸ਼ਾਨੇ 'ਤੇ ਸਟੀਕ ਹਮਲਾ ਕੀਤਾ ਹੈ। ਸਵਦੇਸ਼ੀ ਤੌਰ 'ਤੇ ਗਾਈਡਡ ਮਿਜ਼ਾਈਲ ਵਿਨਾਸ਼ਕਾਰੀ ਸਮੁੰਦਰ ਵਿੱਚ ਨਿਸ਼ਾਨੇ ਨੂੰ ਮਾਰਦਾ ਹੈ। ਇਸ ਪ੍ਰਾਪਤੀ ਨਾਲ ਜਲ ਸੈਨਾ ਹੋਰ ਵੀ ਸ਼ਕਤੀਸ਼ਾਲੀ ਹੋ ਗਈ ਹੈ। (ਬਾਕੀ ਸਫਾ 2 'ਤੇ)

*'ਯੁੱਧ ਨਸ਼ਿਆਂ ਵਿਰੁਧ' 55ਵੇਂ ਦਿਨ ਵੀ ਰਿਹਾ ਜਾਰੀ*

## 89 ਨਸ਼ਾ ਤਸਕਰ ਗ੍ਰਿਫ਼ਤਾਰ, 3.5 ਕਿਲੋ ਅਫੀਮ ਤੇ 1 ਲੱਖ ਦੀ ਡਰੱਗ ਮਨੀ ਬਰਾਮਦ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 24 ਅਪ੍ਰੈਲ :ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ, ਪੰਜਾਬ ਪੁਲਿਸ ਨੇ ਵੀਰਵਾਰ ਨੂੰ ਰਾਜ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਸਪਾ ਸੈਂਟਰਾਂ, ਮੈਅ ਖਾਨਿਆਂ, ਸੈਲੂਨਾਂ, ਸੱਟਾ ਪੁਆਇੰਟਾਂ ਅਤੇ ਸਰਾਵਾਂ ਸਮੇਤ ਹੋਰ ਸੰਵੇਦਨਸ਼ੀਲ ਥਾਵਾਂ 'ਤੇ ਘੇਰਾਬੰਦੀ ਅਤੇ ਖੋਜ ਆਪ੍ਰੇਸ਼ਨ (ਕਾਸੋ) ਚਲਾਇਆ । ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਚਲਾਇਆ ਗਿਆ।

**ਪੁਲਿਸ ਵੱਲੋਂ ਸੂਬਾ ਪਧਰੀ ਤਲਾਸ਼ੀ ਆਪ੍ਰੇਸ਼ਨ ਦੌਰਾਨ ਛਾਪੇ**

ਇਸ ਤਲਾਸ਼ੀ ਅਭਿਆਨ ਨੂੰ ਅੰਜਾਮ ਦੇਣ ਲਈ 2500 ਤੋਂ ਵੱਧ ਪੁਲਿਸ ਕਰਮੀਆਂ ਨੇ ਰਾਜ ਭਰ ਵਿੱਚ ਦੁਪਹਿਰ 1 ਵਜੇ ਤੋਂ ਸ਼ਾਮ 5 ਵਜੇ ਤੱਕ ਚੈਕਿੰਗ ਕੀਤੀ। ਇਸ ਕਾਰਵਾਈ ਨੂੰ ਸਫਲ ਬਣਾਉਣ ਲਈ ਸਾਰੇ ਸੀਪੀ/ਐਸਐਸਪੀ ਨੂੰ ਵੱਧ ਤੋਂ ਵੱਧ ਪੁਲਿਸ ਫੋਰਸ ਤਾਇਨਾਤ ਕਰਨ ਲਈ ਕਿਹਾ ਗਿਆ ਸੀ।

ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਮਨੁੱਖੀ ਅਧਿਕਾਰ ਅਤੇ ਕਾਨੂੰਨ ਵਿਵਸਥਾ ਨਰੇਸ਼ ਅਰੋੜਾ ਨੇ ਕਿਹਾ ਕਿ ਇਸ ਗੱਲ ਨੂੰ ਧਿਆਨ ਵਿੱਚ ਰੱਖਦੇ ਹੋਏ ਕਿ (ਬਾਕੀ ਸਫਾ 2 'ਤੇ)

## ਮਜੀਠੀਆ ਕੋਲ ਰਹੇਗੀ ਮੌਜੂਦਾ ਸੁਰੱਖਿਆ, ਹਾਈ ਕੋਰਟ ਨੇ ਸੁਣਾਇਆ ਫ਼ੈਸਲਾ

ਚੰਡੀਗੜ੍ਹ, 24 ਅਪ੍ਰੈਲ (ਚੜ੍ਹਦੀਕਲਾ ਬਿਊਰੋ) : ਪੰਜਾਬ ਤੇ ਹਰਿਆਣਾ ਹਾਈ ਕੋਰਟ 'ਚ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਸਕਿਓਰਿਟੀ ਵਾਪਸ ਲਏ ਜਾਣ ਦੇ ਕੇਸ ਦੀ ਅੱਜ ਸੁਣਵਾਈ ਹੋਈ। ਅਦਾਲਤ ਨੇ ਕਿਹਾ ਕਿ ਮਜੀਠੀਆ ਕੋਲ ਮੌਜੂਦਾ ਸਕਿਓਰਿਟੀ ਰਹੇਗੀ। ਇਸ ਦੇ ਨਾਲ ਹੀ ਪੰਜਾਬ ਸਰਕਾਰ ਨੂੰ ਬੰਦ ਲਿਫਾਫਾ ਰਿਪੋਰਟ ਸੌਂਪਣ ਲਈ ਕਿਹਾ। ਦੱਸ ਦੇਈਏ ਕਿ ਮਜੀਠੀਆ ਕੋਲੋਂ ਪੰਜਾਬ ਸਰਕਾਰ ਨੇ ਸੁਰੱਖਿਆ ਵਾਪਸ ਲੈ ਲਈ ਸੀ। ਉਨ੍ਹਾਂ ਨੇ ਇਸ ਕਾਰਵਾਈ ਨੂੰ ਪੰਜਾਬ ਸਰਕਾਰ ਵੱਲੋਂ ਧੱਕੇਸ਼ਾਹੀ ਕਰਾਰ ਦਿੰਦਿਆਂ ਪੰਜਾਬ-ਹਰਿਆਣਾ ਹਾਈਕੋਰਟ ਦਾ ਰੁਖ਼ ਕੀਤਾ ਸੀ। ਮਜੀਠੀਆ ਨੇ ਹਾਈ ਕੋਰਟ ਵਿੱਚ ਪਟੀਸ਼ਨ ਦਾਖਲ ਕਰਕੇ ਅਦਾਲਤ ਕੋਲੋਂ ਪੰਜਾਬ ਸਰਕਾਰ ਵੱਲੋਂ ਆਪਣੀ ਜ਼ੈਡ ਪਲੱਸ (ਬਾਕੀ ਸਫਾ 2 'ਤੇ)

## ਪਹਿਲਗਾਮ ਅੱਤਵਾਦੀ ਹਮਲਾ 'ਇੰਟੈਲੀਜੈਂਸ ਦੀ ਨਾਕਾਮੀ' : ਸੈਨਾ (ਯੂਬੀਟੀ)

ਚੜ੍ਹਦੀਕਲਾ ਬਿਊਰੋ

ਮੁੰਬਈ, 24 ਅਪ੍ਰੈਲ : ਸ਼ਿਵ ਸੈਨਾ (ਊਧਵ ਬਾਲਾਸਾਹਿਬ ਠਾਕਰੇ) ਨੇ ਵੀਰਵਾਰ ਨੂੰ ਦਾਅਵਾ ਕੀਤਾ ਕਿ ਜੰਮੂ ਕਸ਼ਮੀਰ ਦੇ ਪਹਿਲਗਾਮ ਵਿਚ ਸੈਲਾਨੀਆਂ 'ਤੇ ਹਮਲਾ 'ਇੰਟੈਲੀਜੈਂਸ ਦੀ ਨਾਕਾਮੀ' ਦਾ ਨਤੀਜਾ ਸੀ। ਪਾਰਟੀ ਨੇ ਕਿਹਾ ਕਿ ਮਹਿਜ਼ ਪਾਕਿਸਤਾਨ ਨੂੰ ਧਮਕਾਉਣ ਨਾਲ ਕੇਂਦਰ ਸ਼ਾਸਿਤ ਪ੍ਰਦੇਸ਼ ਨੂੰ ਦਰਪੇਸ਼ ਮਸਲੇ ਦਾ ਹੱਲ ਨਹੀਂ ਨਿਕਲਣਾ।

. ਊਧਵ ਠਾਕਰੇ ਦੀ ਅਗਵਾਈ ਵਾਲੀ ਪਾਰਟੀ ਨੇ ਆਪਣੇ ਪਰਚੇ 'ਸਾਮਨਾ' ਦੀ ਸੰਪਾਦਕੀ ਵਿਚ ਤਿੱਖੇ ਸ਼ਬਦਾਂ ਵਿਚ ਕਿਹਾ ਕਿ ਧਾਰਾ 370, ਜਿਸ ਤਹਿਤ ਜੰਮੂ-ਕਸ਼ਮੀਰ ਨੂੰ ਵਿਸ਼ੇਸ਼ ਰਾਜ ਦਾ ਦਰਜਾ ਹਾਸਲ ਸੀ, ਮਨਸੂਖ ਕੀਤੇ ਜਾਣ ਨਾਲ ਕਸ਼ਮੀਰ ਵਾਦੀ ਵਿਚ ਹਿੰਸਾ ਦਾ ਭੋਗ ਨਹੀਂ ਪਿਆ, ਜਿੱਥੇ ਹਿੰਦੂਆਂ ਨੂੰ ਅਜੇ ਵੀ 'ਨਿਸ਼ਾਨਾ'




ਬਣਾਇਆ ਜਾ ਰਿਹਾ ਹੈ। ਸ਼ਿਵ ਸੈਨਾ (ਯੂਬੀਟੀ) ਨੇ ਆਪਣੇ ਸਾਬਕਾ ਭਾਈਵਾਲ 'ਤੇ ਹਮਲਾ ਕਰਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਸਾਲ 2019 ਵਿਚ ਸੰਵਿਧਾਨ ਦੀ ਵਿਵਾਦਿਤ ਵਿਵਸਥਾ ਨੂੰ ਰੱਦ ਕਰਨ ਮਗਰੋਂ (ਬਾਕੀ ਸਫਾ 2 'ਤੇ)

## ਸਰਹੱਦ 'ਤੇ ਚੌਕਸੀ ਤੇ ਨਸ਼ਿਆਂ ਦੀ ਤਸਕਰੀ ਰੋਕਣ ਲਈ ਪੰਜਾਬ ਸਰਕਾਰ 5500 ਹੋਮ ਗਾਰਡ ਜਵਾਨਾਂ ਦੀ ਭਰਤੀ ਕਰੇਗੀ : ਮਾਨ

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 24 ਅਪ੍ਰੈਲ :ਪੰਜਾਬ ਵਿੱਚ ਪੰਜ ਸੌ ਕਿਲੋਮੀਟਰ ਤੋਂ ਵੱਧ ਸਰਹੱਦ 'ਤੇ ਸੁਰੱਖਿਆ ਦੀ ਦੂਜੀ ਕਤਾਰ ਨੂੰ ਮਜ਼ਬੂਤ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਨੂੰ ਪੰਜਾਬ ਹੋਮ ਗਾਰਡਜ਼ ਦੇ ਸਰਹੱਦੀ ਵਿੰਗ ਵਿੱਚ 5500 ਜਵਾਨਾਂ ਦੀ ਭਰਤੀ ਨੂੰ ਮਨਜ਼ੂਰੀ ਦੇ ਦਿੱਤੀ।

ਇਸ ਸਬੰਧੀ ਫੈਸਲਾ ਅੱਜ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਉਨ੍ਹਾਂ ਦੇ ਸਰਕਾਰੀ ਨਿਵਾਸ 'ਤੇ ਹੋਈ ਮੀਟਿੰਗ ਵਿੱਚ ਲਿਆ ਗਿਆ।

ਮੀਟਿੰਗ ਵਿੱਚ ਹਿੱਸਾ ਲੈਂਦੇ ਹੋਏ ਮੁੱਖ ਮੰਤਰੀ ਨੇ ਪਹਿਲਗਾਮ (ਜੰਮੂ-ਕਸ਼ਮੀਰ) ਵਿਖੇ ਹਾਲ ਹੀ ਵਿੱਚ ਹੋਏ ਅਤਿਵਾਦੀ ਹਮਲੇ ਦੇ ਮੱਦੇਨਜ਼ਰ ਸੂਬੇ ਪ੍ਰਤੀ ਦੁਸ਼ਮਣ ਤਾਕਤਾਂ ਦੇ ਨਾਪਾਕ ਮਨਸੂਬਿਆਂ ਨੂੰ ਰੋਕਣ ਲਈ



ਪ੍ਰਭਾਵਸ਼ਾਲੀ ਦੂਜੀ ਰੱਖਿਆ ਲਾਈਨ ਸਥਾਪਤ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸੁਰੱਖਿਆ ਘੇਰੇ ਨੂੰ ਵਧਾਉਣ ਲਈ ਪੰਜਾਬ ਪੁਲਿਸ ਦੇ ਬਾਰਡਰ ਵਿੰਗ ਵਿੱਚ 5500 ਜਵਾਨਾਂ ਨੂੰ ਸੂਬੇ ਦੇ ਸੱਤ ਸਰਹੱਦੀ ਜ਼ਿਲ੍ਹਿਆਂ ਵਿੱਚ ਤਾਇਨਾਤ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬੀ.ਐਸ.ਐਫ. ਦੇ ਪਿੱਛੇ ਦੂਜੀ ਸੁਰੱਖਿਆ ਲਾਈਨ ਸਥਾਪਤ ਕਰਨ ਦਾ ਇਹ ਪ੍ਰਸਤਾਵ ਅੰਤਰਰਾਸਟਰੀ ਸਰਹੱਦ 'ਤੇ ਬੀ.ਐਸ.ਐਫ. ਦੇ ਜਾਲ ਤੋਂ ਬਚਣ ਵਾਲੇ ਕਿਸੇ ਵੀ ਤੱਤ ਨੂੰ ਫੜਨ ਵਿੱਚ ਮਦਦ ਕਰੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਕੰਮ ਦੀ ਵਿਸ਼ਾਲਤਾ ਨੂੰ ਦੇਖਦੇ ਹੋਏ ਸੂਬਾ ਸਰਕਾਰ ਨੂੰ ਕੇਂਦਰ ਤੋਂ ਸਹਾਇਤਾ ਦੀ ਜ਼ਰੂਰਤ ਪਵੇਗੀ, ਜਿਸ ਲਈ ਉਹ ਜਲਦੀ ਕੇਂਦਰੀ ਗ੍ਰਹਿ ਮੰਤਰੀ ਨਾਲ ਮੁਲਾਕਾਤ ਕਰਨਗੇ। ਉਨ੍ਹਾਂ ਕਿਹਾ ਕਿ ਸੂਬੇ ਕੋਲ ਮਨੁੱਖੀ ਸ਼ਕਤੀ, ਹੌਸਲਾ ਅਤੇ ਯੋਗਤਾ ਹੈ ਅਤੇ ਵਾਧੂ ਸਰੋਤਾਂ ਲਈ ਕੇਂਦਰ ਸਰਕਾਰ ਨਾਲ ਸੰਪਰਕ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਪੁਲਿਸ ਕੋਲ ਕਿਸੇ ਵੀ ਤਰ੍ਹਾਂ ਦੇ (ਬਾਕੀ ਸਫਾ 2 'ਤੇ)

## ਭਾਈ ਪਿੰਦਰਪਾਲ ਸਿੰਘ ਦੇ ਪਿਤਾ ਦਾ ਦੇਹਾਂਤ

ਚੜ੍ਹਦੀਕਲਾ ਬਿਊਰੋ

ਲੁਧਿਆਣਾ, 24 ਅਪ੍ਰੈਲ : ਸਿੱਖ ਕੌਮ ਦੇ ਪ੍ਰਸਿੱਧ ਕਥਾਵਾਚਕ ਭਾਈ ਪਿੰਦਰਪਾਲ ਸਿੰਘ ਦੇ ਪਿਤਾ ਸ੍ਰ. ਹਰਦਿਆਲ ਸਿੰਘ ਦਾ ਅੱਜ ਸੰਖੇਪ ਬਿਮਾਰੀ ਪਿਛੋਂ ਦੇਹਾਂਤ ਹੋ ਗਿਆ। ਇਸ ਦੌਰਾਨ ਵੱਖ-ਵੱਖ ਧਾਰਮਿਕ, ਸਿਆਸੀ ਅਤੇ ਸਮਾਜ ਸੇਵੀ ਸ਼ਖ਼ਸੀਅਤਾਂ ਵੱਲੋਂ ਭਾਈ ਸਾਹਿਬ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਿਛੋਂ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਬਖ਼ਸ਼ਣ ਦੀ ਪ੍ਰਮਾਤਮਾ ਅੱਗੇ ਅਰਦਾਸ ਕੀਤੀ।



ਇਸ ਮੌਕੇ ਚੜ੍ਹਦੀਕਲਾ ਟਾਈਮ ਟੀ.ਵੀ. ਦੇ ਚੇਅਰਮੈਨ ਪਦਮਸ਼੍ਰੀ ਡਾ. ਜਗਜੀਤ ਸਿੰਘ ਦਰਦੀ ਨੇ ਵੀ ਭਾਈ ਪਿੰਦਰਪਾਲ ਸਿੰਘ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਹੈ ਕਿ ਉਹ ਵਿਛੜੀ ਆਤਮਾ ਨੂੰ ਆਪਣੇ ਚਰਨਾਂ 'ਚ ਨਿਵਾਸ ਬਖ਼ਸ਼ਣ।

ਦੂਜੇ ਪਾਸੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵੀ ਭਾਈ ਪਿੰਦਰਪਾਲ ਸਿੰਘ ਦੇ ਪਿਤਾ ਦੇ ਅਕਾਲ ਚਲਾਣੇ 'ਤੇ ਗਹਿਰੀ ਸੰਵੇਦਨਾ ਪ੍ਰਗਟ ਕੀਤੀ ਹੈ।

ਐਡਵੋਕੇਟ ਧਾਮੀ ਨੇ ਆਪਣੇ ਸ਼ੋਕ ਸੰਦੇਸ਼ ਵਿੱਚ ਆਖਿਆ ਕਿ ਸ. ਹਰਦਿਆਲ ਸਿੰਘ ਜੀ ਇੱਕ ਨਿਮਰ, ਗੁਰਸਿੱਖੀ ਜੀਵਨ ਵਾਲੇ ਅਤੇ ਉੱਚ ਆਦਰਸ਼ਾਂ ਵਾਲੇ ਵਿਅਕਤੀ ਸਨ। ਉਨ੍ਹਾਂ ਦੀ ਦੂਰਅੰਦੇਸ਼ੀ ਅਤੇ ਸਿੱਖੀ ਪ੍ਰਤੀ ਸਮਰਪਣ ਭਾਵਨਾ ਦਾ ਹੀ ਨਤੀਜਾ ਹੈ ਕਿ ਅੱਜ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਸਿੱਖ ਸੰਗਤਾਂ ਨੂੰ ਗੁਰਬਾਣੀ ਦੀ ਸਮਝ ਅਤੇ ਸਿੱਖ ਇਤਿਹਾਸ ਦੀ ਪ੍ਰੇਰਨਾ ਨਾਲ ਜੋੜ ਰਹੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਅਜਿਹੇ ਪਿਤਾ ਪ੍ਰਤੀ ਕੌਮ ਵੱਲੋਂ ਸਤਿਕਾਰ ਇੱਕ ਆਮ ਵਰਤਾਰਾ ਨਹੀਂ ਸਗੋਂ ਗਹਿਰੀ ਹਮਦਰਦੀ ਤੇ ਅਪਣੱਤ ਦਾ ਪ੍ਰਗਟਾਵਾ ਹੈ।

# 'ਆਪ' ਸਰਕਾਰ ਨੇ ਸਰਪੰਚਾਂ ਦਾ ਮਾਣ-ਭੱਤਾ ਵਧਾ ਕੇ ਦੋ ਹਜ਼ਾਰ ਰੁ. ਕੀਤਾ

## ਮੁੱਖ ਮੰਤਰੀ ਵੱਲੋਂ ਸੂਬੇ ਦੇ ਨਸ਼ਾ ਮੁਕਤ ਪਿੰਡਾਂ ਲਈ ਗਰਾਂਟਾਂ ਦੇ ਗੱਫਿਆਂ ਦਾ ਐਲਾਨ

ਚੰਡੀਗੜ੍ਹ, 24 ਅਪ੍ਰੈਲ (ਚ.ਨ.ਸ.) : 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਪਿੰਡਾਂ ਦੀਆਂ ਪੰਚਾਇਤਾਂ ਤੋਂ ਸਮਰਥਨ ਦੀ ਮੰਗ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਨੂੰ ਸੂਬੇ ਦੇ ਨਸ਼ਾ ਮੁਕਤ ਪਿੰਡਾਂ ਲਈ ਵੱਡੇ ਪ੍ਰਾਜੈਕਟਾਂ ਦੇ ਨਾਲ-ਨਾਲ ਮਾਲੀ ਮਦਦ ਦੇਣ ਦਾ ਐਲਾਨ ਕੀਤਾ।

ਪੰਚਾਇਤ ਦਿਵਸ ਸਬੰਧੀ ਕਰਵਾਏ ਰਾਜ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜੋ ਪਿੰਡ ਆਪਣੇ ਆਪ ਨੂੰ ਨਸ਼ਾ ਮੁਕਤ ਪਿੰਡ ਐਲਾਨੇਗਾ, ਉਸ ਨੂੰ ਹੋਰ ਅਤਿ-ਆਧੁਨਿਕ ਸਹੂਲਤਾਂ ਤੋਂ ਇਲਾਵਾ ਇਕ ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਪਿੰਡਾਂ ਨੂੰ ਮਾਡਲ ਪਿੰਡਾਂ ਵਜੋਂ ਵਿਕਸਤ ਕੀਤਾ ਜਾਵੇਗਾ ਅਤੇ ਉਨ੍ਹਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਸਰਪੰਚਾਂ ਨੂੰ ਇਸ ਨੇਕ ਕਾਰਜ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਕਿਹਾ ਤਾਂ ਜੋ ਸਰਗਰਮ ਜਨਤਕ ਸਹਿਯੋਗ ਨਾਲ ਸੂਬੇ ਵਿੱਚੋਂ ਨਸ਼ਿਆਂ ਦੀ ਲਾਹਨਤ ਦਾ ਸਫ਼ਾਇਆ ਕੀਤਾ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਚੁੱਪ-ਚਾਪ ਬੈਠ ਕੇ ਨਸ਼ਾ ਪੀੜਤਾਂ ਦੀਆਂ ਲਾਸ਼ਾਂ ਅਤੇ ਚਿਤਾਵਾਂ 'ਤੇ ਤਸਕਰਾਂ ਨੂੰ ਵਧਦੇ-ਫੁੱਲਦੇ ਹੋਏ ਨਹੀਂ ਦੇਖੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਪਹਿਲਾਂ ਹੀ ਨਸ਼ਿਆਂ ਦੀ ਸਪਲਾਈ ਲਾਈਨ ਤੋੜ ਦਿੱਤੀ ਹੈ ਅਤੇ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਸੁੱਟ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਵੱਲੋਂ ਗੈਰ-ਕਾਨੂੰਨੀ ਤੌਰ 'ਤੇ ਬਣਾਈ ਜਾਇਦਾਦ ਨੂੰ ਪਹਿਲੀ ਵਾਰ ਸੂਬਾ ਸਰਕਾਰ ਵੱਲੋਂ ਨਸ਼ਟ/ਜ਼ਬਤ ਕੀਤਾ ਜਾ ਰਿਹਾ ਹੈ ਤਾਂ ਜੋ ਇਹ ਦੂਜਿਆਂ ਨੂੰ ਇਸ ਕੰਮ ਵਿੱਚ ਆਉਣੋਂ ਰੋਕੇ।

ਇਸ ਦੌਰਾਨ ਇਕ ਮਹੱਤਵਪੂਰਨ ਫੈਸਲੇ ਵਿੱਚ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਸਰਪੰਚਾਂ ਨੂੰ ਚੁਣੇ ਜਾਣ ਵਾਲੇ ਦਿਨ ਤੋਂ ਹੀ 2000 ਰੁਪਏ ਪ੍ਰਤੀ ਮਹੀਨਾ ਮਾਣ-ਭੱਤਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਿਛਲੇ ਸਰਪੰਚਾਂ ਨੂੰ 1200 ਰੁਪਏ ਮਾਣ-ਭੱਤਾ ਦੇਣ ਦਾ ਵਾਅਦਾ ਕੀਤਾ ਸੀ ਪਰ ਉਹ ਫੈਸਲਾ ਕਦੇ ਵੀ ਅਮਲ ਵਿੱਚ ਨਹੀਂ ਆਇਆ ਅਤੇ ਸਰਪੰਚਾਂ ਨੂੰ ਇਸ ਇੱਧਰ-ਉੱਧਰ ਭਟਕਣ ਲਈ ਮਜਬੂਰ ਹੋਣਾ ਪਿਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ 2000 ਰੁਪਏ ਦਾ ਇਹ ਮਾਣ-ਭੱਤਾ ਨਿਯਮਤ ਅਤੇ ਸਥਾਈ ਹੋਵੇਗਾ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪਿੰਡਾਂ ਦੀਆਂ ਪੰਚਾਇਤਾਂ ਜਮਹੂਰੀ ਪ੍ਰਣਾਲੀ ਦਾ ਸਭ ਤੋਂ ਮਹੱਤਵਪੂਰਨ ਅੰਗ ਹਨ, ਜੋ ਪੇਂਡੂ ਖੇਤਰਾਂ ਦੀ ਤਬਦੀਲੀ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਦੁਹਰਾਇਆ ਕਿ



ਸੂਬਾ ਸਰਕਾਰ ਸਰਪੰਚਾਂ ਨੂੰ ਹਰ ਸੰਭਵ ਸਹਾਇਤਾ ਅਤੇ ਸਹਿਯੋਗ ਦੇਣ ਲਈ ਵਚਨਬੱਧ ਹੈ ਕਿਉਂਕਿ ਉਨ੍ਹਾਂ ਨੇ ਸਮੁੱਚੇ ਪੇਂਡੂ ਵਿਕਾਸ ਦੀ ਪ੍ਰਕਿਰਿਆ ਵਿੱਚ ਸਰਗਰਮ ਭੂਮਿਕਾ ਨਿਭਾਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਚਾਇਤਾਂ ਅਤੇ ਸਰਪੰਚ ਸੂਬਾ ਸਰਕਾਰ ਦੀਆਂ ਅਸਲ ਅੱਖਾਂ ਅਤੇ ਕੰਨ ਹਨ ਕਿਉਂਕਿ ਉਹ ਜ਼ਮੀਨੀ ਪੱਧਰ 'ਤੇ ਜਨਤਾ ਨਾਲ ਚੰਗੀ ਤਰ੍ਹਾਂ ਜੁੜੇ ਹੋਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਸੂਝਵਾਨ ਵੋਟਰਾਂ ਨੇ ਸਾਰੇ ਸਰਪੰਚਾਂ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਹੈ ਅਤੇ ਉਨ੍ਹਾਂ ਨੂੰ ਬਹੁਤ ਸੁਹਿਰਦਤਾ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਚਾਇਤਾਂ ਨੂੰ ਜਮਹੂਰੀਅਤ ਦੀ ਨੀਂਹ ਸਮਝਿਆ ਜਾਂਦਾ ਹੈ ਕਿਉਂ ਜੋ ਉਨ੍ਹਾਂ ਵੱਲੋਂ ਲਏ ਫੈਸਲਿਆਂ ਨੂੰ ਸਮੁੱਚੇ ਪਿੰਡਾਂ ਦੁਆਰਾ ਅਦਬ ਨਾਲ ਸਵੀਕਾਰਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹੁਣ ਜਦੋਂ ਸੂਬੇ ਦੇ ਲੋਕਾਂ ਨੇ ਸਰਪੰਚਾਂ ਨੂੰ ਤਾਕਤ ਦਿੱਤੀ ਹੈ ਤਾਂ ਲੋਕਾਂ ਦੀ ਇੱਛਾਵਾਂ ਅਤੇ ਹਿੱਤਾਂ ਦੀ ਪੂਰਤੀ ਕਰਨਾ ਇਹ ਸਰਪੰਚਾਂ ਦਾ ਫ਼ਰਜ਼ ਬਣਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਚਾਇਤੀ ਸੰਸਥਾਵਾਂ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਅਤੇ ਵਿਕਾਸਮੁਖੀ ਸਕੀਮਾਂ ਦਾ ਲਾਭ ਹੇਠਲੇ ਪੱਧਰ ਉਤੇ ਪਹੁੰਚਾਉਣ ਲਈ ਸਭ ਤੋਂ ਵੱਧ ਸਹਾਈ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰਾਂ ਪਿੰਡਾਂ ਦੇ ਵਿਕਾਸ ਲਈ ਯੋਜਨਾਵਾਂ ਉਲੀਕਦੀਆਂ ਹਨ, ਜਦਕਿ ਸਰਪੰਚ ਤੇ ਪੰਚ ਜ਼ਮੀਨੀ ਪੱਧਰ ਉਤੇ ਇਨ੍ਹਾਂ ਯੋਜਨਾਵਾਂ ਨੂੰ ਲਾਗੂ ਕਰਨ ਵਿੱਚ ਅਹਿਮ ਭੂਮਿਕਾ ਨਿਭਾਅ ਰਹੇ ਹਨ। ਭਗਵੰਤ ਸਿੰਘ ਮਾਨ ਨੇ ਸਾਰੇ ਸਰਪੰਚਾਂ ਨੂੰ ਵਿਕਾਸ ਕਾਰਜ ਲਈ ਆਪਣੇ ਆਪ ਨੂੰ ਸਮਰਪਿਤ ਹੋਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਚੁਣੇ ਹੋਏ ਨੁਮਾਇੰਦਿਆਂ ਨੂੰ ਵਿਕਾਸ ਕਾਰਜਾਂ ਤੇ ਸੇਵਾਵਾਂ ਦੀ ਨਿਗਰਾਨੀ ਨੂੰ ਤਨਦੇਹੀ ਨਾਲ ਯਕੀਨੀ ਬਣਾਉਣ।

ਮੁੱਖ ਮੰਤਰੀ ਨੇ ਸਰਪੰਚਾਂ ਨੂੰ ਸੱਦਾ ਦਿੱਤਾ ਕਿ ਉਹ ਇਨ੍ਹਾਂ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਬੇਲੋੜੀ ਦਖਲਅੰਦਾਜ਼ੀ ਤੋਂ ਦੂਰ ਰਹਿਣ। ਉਨ੍ਹਾਂ ਕਿਹਾ ਕਿ ਇਹ ਬਹੁਤ ਮੰਦਭਾਗਾ ਹੈ ਕਿ ਪਿੰਡਾਂ ਵਿੱਚ ਧੜੇਬੰਦੀ ਕਾਰਨ ਕੰਮ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਪੰਚਾਂ ਨੂੰ ਪਿੰਡਾਂ ਵਿੱਚ ਧੜੇਬੰਦੀ ਖਤਮ ਕਰਨ ਨੂੰ ਸਭ ਤੋਂ ਵੱਧ ਤਰਜੀਹ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਬਹੁਮਤ ਪ੍ਰਾਪਤ ਕਰਨ ਵਾਲਾ ਵਿਅਕਤੀ ਜਾਂ ਪਾਰਟੀ ਜੇਤੂ ਹੁੰਦੀ ਹੈ ਪਰ ਉਹ ਸਰਪੰਚ ਪੂਰੇ ਪਿੰਡ ਦਾ ਚੁਣਿਆ ਜਾਂਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਰਪੰਚ ਨੂੰ ਹਰੇਕ ਪਿੰਡ ਵਾਸੀ ਨਾਲ ਬਰਾਬਰ ਵਿਵਹਾਰ ਕਰਨਾ ਚਾਹੀਦਾ ਹੈ ਅਤੇ ਫੈਸਲੇ ਨਿਰਪੱਖਤਾ ਨਾਲ ਲੈਣੇ ਚਾਹੀਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਈ ਪਿੰਡਾਂ ਦੇ ਸਰਪੰਚਾਂ ਨੇ ਸਿਆਣਪ ਅਤੇ ਦੂਰਅੰਦੇਸ਼ੀ ਨਾਲ ਆਪਣੇ ਪਿੰਡਾਂ ਦੀ ਨੁਹਾਰ ਬਦਲ ਦਿੱਤੀ ਹੈ। ਪੰਚਾਇਤਾਂ ਨੂੰ ਸਰਬਸੰਮਤੀ ਨਾਲ ਚੁਣਨ ਵਾਲੇ ਪਿੰਡਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਨੇ ਆਪਸੀ ਵਖਰੇਵਿਆਂ ਤੋਂ ਉੱਪਰ ਉੱਠ ਕੇ ਆਪਣੇ ਸਰਪੰਚਾਂ ਨੂੰ ਸਰਬਸੰਮਤੀ ਨਾਲ ਚੁਣਿਆ ਹੈ ਤਾਂ ਜੋ ਇਕ ਪਾਸੇ ਪਿੰਡਾਂ ਵਿੱਚ ਸਦਭਾਵਨਾ ਅਤੇ ਭਾਈਚਾਰਕ ਸਾਂਝ ਦੀਆਂ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕੀਤਾ ਜਾ ਸਕੇ ਅਤੇ ਦੂਜੇ ਪਾਸੇ ਉਨ੍ਹਾਂ ਦਾ ਵਿਆਪਕ ਵਿਕਾਸ ਯਕੀਨੀ ਬਣਾਇਆ ਜਾ ਸਕੇ।

ਮੁੱਖ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਅਤੇ ਤਰੱਕੀ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਪੰਚ ਸਰਕਾਰ ਅਤੇ ਪਿੰਡਾਂ ਦਰਮਿਆਨ ਪੁਲ ਹਨ, ਜਿਸ ਕਰ ਕੇ ਉਨ੍ਹਾਂ ਨੂੰ ਪਿੰਡਾਂ ਦੇ ਵਿਕਾਸ ਵਿੱਚ ਵੱਡੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਨੇ ਸਰਪੰਚਾਂ ਨੂੰ ਪਿੰਡਾਂ ਨੂੰ ਸਾਫ਼-ਸੁਥਰਾ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਵਧ-ਚੜ੍ਹ ਕੇ ਯੋਗਦਾਨ ਪਾਉਣ ਦੀ ਅਪੀਲ ਕੀਤੀ ਤਾਂ ਜੋ ਸੂਬੇ ਦੇ ਵਾਤਾਵਰਣ ਨੂੰ ਸੁਰੱਖਿਅਤ ਰੱਖਿਆ ਜਾ ਸਕੇ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਭਰ ਦੇ ਪਿੰਡਾਂ ਦੇ ਛੱਪੜਾਂ ਨੂੰ ਸੁਰਜੀਤ ਕਰਨ ਲਈ ਵਿਆਪਕ ਮੁਹਿੰਮ ਸ਼ੁਰੂ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਛੱਪੜਾਂ ਦੀ ਸਫਾਈ ਕਰਨਾ ਹੈ ਅਤੇ ਇਸ ਲਈ ਸੂਬਾ ਸਰਕਾਰ ਨੇ ਪਹਿਲਾਂ ਹੀ ਢੁਕਵੀਂ ਯੋਜਨਾ ਤਿਆਰ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਛੱਪੜਾਂ ਦੇ ਪਾਣੀ ਨੂੰ ਸੋਧ ਕੇ ਖੇਤੀਬਾੜੀ ਦੇ ਉਦੇਸ਼ਾਂ ਲਈ ਸਹੀ ਢੰਗ ਨਾਲ ਵਰਤਿਆ ਜਾਵੇਗਾ ਤਾਂ ਜੋ ਧਰਤੀ ਹੇਠਲੇ ਪਾਣੀ 'ਤੇ ਬੋਝ ਘਟਾਇਆ ਜਾ ਸਕੇ। ਮੁੱਖ ਮੰਤਰੀ ਨੇ ਕਿਹਾ ਕਿ ਜਿਸ ਸਮੇਂ ਉਨ੍ਹਾਂ ਨੇ ਸੂਬੇ ਦੀ ਸੇਵਾ ਸੰਭਾਲੀ ਸੀ, ਉਸ ਸਮੇਂ ਸੂਬੇ ਵਿੱਚ ਸਿੰਜਾਈ ਲਈ ਸਿਰਫ 21 ਫੀਸਦੀ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਸੀ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਤੇ ਤਸੱਲੀ ਵਾਲੀ ਗੱਲ ਹੈ ਕਿ ਅੱਜ 75 ਫ਼ੀਸਦੀ ਨਹਿਰੀ ਪਾਣੀ ਸਿੰਜਾਈ ਲਈ ਵਰਤਿਆ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਹਿਰੀ ਪਾਣੀ ਸਿੰਜਾਈ ਲਈ ਵਰਦਾਨ ਹੈ ਕਿਉਂਕਿ ਇਹ ਖਣਿਜਾਂ ਨਾਲ ਭਰਪੂਰ ਹੁੰਦਾ ਹੈ, ਜੋ ਮਿੱਟੀ ਦੀ ਉਪਜਾਊ ਸ਼ਕਤੀ ਵਧਾਉਂਦਾ ਹੈ ਅਤੇ ਦੂਜੇ ਪਾਸੇ ਧਰਤੀ ਹੇਠਲੇ ਪਾਣੀ ਦੀ ਬੱਚਤ ਕਰਦਾ ਹੈ।

# ਪਹਿਲਗਾਮ ਹਮਲੇ ਵਿਰੁੱਧ ਦਿੱਲੀ ਵਿੱਚ ਪਾਕਿਸਤਾਨੀ ਹਾਈ ਕਮਿਸ਼ਨ ਨੇੜੇ ਪ੍ਰਦਰਸ਼ਨ




ਨਵੀਂ ਦਿੱਲੀ, 24 ਅਪ੍ਰੈਲ (ਚ.ਨ.ਸ.) : ਪਹਿਲਗਾਮ ਅਤਿਵਾਦੀ ਹਮਲੇ ਦੇ ਵਿਰੋਧ ਵਿਚ 500 ਤੋਂ ਵੱਧ ਲੋਕਾਂ ਨੇ ਪਾਕਿਸਤਾਨ ਹਾਈ ਕਮਿਸ਼ਨ ਨੇੜੇ ਪ੍ਰਦਰਸ਼ਨ ਕੀਤਾ। ਤਖ਼ਤੀਆਂ ਫੜ ਕੇ ਅਤੇ ਪਾਕਿਸਤਾਨ ਵਿਰੁੱਧ ਨਾਅਰੇਬਾਜ਼ੀ ਕਰਦੇ ਹੋਏ ਪ੍ਰਦਰਸ਼ਨਕਾਰੀਆਂ ਨੇ ਗੁਆਂਢੀ ਦੇਸ਼ ਵਿਰੁੱਧ ਫੈਸਲਾਕੁੰਨ ਕਾਰਵਾਈ ਦੀ ਮੰਗ ਕੀਤੀ ਅਤੇ ਉਸ 'ਤੇ ਭਾਰਤ ਵਿਚ ਅਤਿਵਾਦੀ ਗਤੀਵਿਧੀਆਂ ਦਾ ਸਮਰਥਨ ਕਰਨ ਦਾ ਦੋਸ਼ ਲਗਾਇਆ।

ਭਾਜਪਾ ਨੇ ਅਤਿਵਾਦ ਵਿਰੋਧੀ ਐਕਸ਼ਨ ਫੋਰਮ ਵਰਗੇ ਵੱਖ-ਵੱਖ ਸਮਾਜਿਕ ਸੰਗਠਨਾਂ ਦੇ ਨਾਲ-ਨਾਲ ਪ੍ਰਦਰਸ਼ਨ ਵਿਚ ਵੀ ਹਿੱਸਾ ਲਿਆ। ਇਕ ਅਧਿਕਾਰੀ ਨੇ ਕਿਹਾ ਦਿੱਲੀ ਪੁਲਿਸ ਨੇ ਹਾਈ ਕਮਿਸ਼ਨ ਤੋਂ ਲਗਭਗ 500 ਮੀਟਰ ਦੀ ਦੂਰੀ 'ਤੇ ਬੈਰੀਕੇਡ ਲਗਾਏ ਸਨ ਅਤੇ ਪ੍ਰਦਰਸ਼ਨਕਾਰੀਆਂ ਨੂੰ ਉੱਥੇ ਰੋਕ ਦਿੱਤਾ ਗਿਆ ਸੀ। ਅਤਿਵਾਦ ਵਿਰੋਧੀ ਐਕਸ਼ਨ ਫੋਰਮ ਦੇ ਇਕ ਮੈਂਬਰ ਨੇ ਪੀਟੀਆਈ ਵੀਡੀਓਜ਼ ਨੂੰ ਕਿਹਾ, ਪਹਿਲਾਂ, ਸਰਕਾਰ ਨੇ ਇਕ ਸਰਜੀਕਲ ਸਟ੍ਰਾਈਕ ਕੀਤੀ ਸੀ। ਅਸੀਂ ਅਤਿਵਾਦ ਨੂੰ ਖ਼ਤਮ ਕਰਨ ਲਈ ਦੁਬਾਰਾ ਅਜਿਹੀ ਕਾਰਵਾਈ ਦੀ ਮੰਗ ਕਰਦੇ ਹਾਂ। ਇਹ ਮਾਸੂਮ ਸੈਲਾਨੀਆਂ 'ਤੇ ਸ਼ਰਮਨਾਕ ਹਮਲਾ ਸੀ।" ਪ੍ਰਦਰਸ਼ਨਕਾਰੀਆਂ ਨੇ ਇਹ ਵੀ ਮੰਗ ਕੀਤੀ ਕਿ ਆਉਣ ਵਾਲੀ ਅਮਰਨਾਥ ਯਾਤਰਾ ਲਈ ਜੰਮੂ-ਕਸ਼ਮੀਰ ਜਾਣ ਵਾਲੇ ਸ਼ਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਤੁਰੰਤ ਕਦਮ ਚੁੱਕੇ ਜਾਣ। ਵਿਰੋਧ ਪ੍ਰਦਰਸ਼ਨ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਹਾਈ ਕਮਿਸ਼ਨ ਵੱਲ ਮਾਰਚ ਕਰਨ ਦੀ ਕੋਸ਼ਿਸ਼ ਵਿਚ ਬੈਰੀਕੇਡਾਂ 'ਤੇ ਚੜ੍ਹਨ ਦੀ ਕੋਸ਼ਿਸ਼ ਕੀਤੀ, ਉਨ੍ਹਾਂ ਨੂੰ ਪੁਲਿਸ ਕਰਮਚਾਰੀਆਂ ਨੇ ਰੋਕ ਲਿਆ।

## ਪੰਜਾਬ 'ਚ ਝੋਨੇ ਦੀ

ਤੋਂ ਗੁਰਦਾਸਪੁਰ, ਪਠਾਨਕੋਟ, ਅੰਮ੍ਰਿਤਸਰ, ਤਰਨ ਤਾਰਨ, ਹੁਸ਼ਿਆਰਪੁਰ, ਰੂਪਨਗਰ, ਐਸ.ਏ.ਐਸ. ਨਗਰ (ਮੁਹਾਲੀ) ਅਤੇ ਫਤਿਹਗੜ੍ਹ ਸਾਹਿਬ ਵਿਖੇ ਲਵਾਈ ਦਾ ਆਗ਼ਾਜ਼ ਹੋਵੇਗਾ। ਬਾਕੀ ਰਹਿੰਦੇ ਜ਼ਿਲ੍ਹਿਆਂ ਮਾਨਸਾ, ਮੋਗਾ, ਬਰਨਾਲਾ, ਲੁਧਿਆਣਾ, ਮਲੇਰਕੋਟਲਾ, ਪਟਿਆਲਾ, ਸੰਗਰੂਰ, ਕਪੂਰਥਲਾ, ਜਲੰਧਰ ਅਤੇ ਸ਼ਹੀਦ ਭਗਤ ਸਿੰਘ ਨਗਰ ਵਿਚ 9 ਜੂਨ ਤੋਂ ਝੋਨੇ ਦੀ ਲਵਾਈ ਦਾ ਸਮਾਂ ਤੈਅ ਕੀਤਾ ਗਿਆ ਹੈ।

## ਮਾਨ ਦੀ ਅਗਵਾਈ ਹੇਠ ਪੰਜਾਬ ਵਜ਼ਾਰਤ ਵੱਲੋਂ

**ਪੀ.ਐਸ.ਆਈ.ਈ.ਸੀ. ਦੇ ਰੱਦ ਕੀਤੇ ਪਲਾਟਾਂ ਲਈ ਅਪੀਲ ਅਥਾਰਟੀ ਦੇ ਗਠਨ ਨੂੰ ਸਹਿਮਤੀ** : ਸੂਬੇ ਦੇ ਉਦਯੋਗਪਤੀਆਂ ਦੀ ਸਹੂਲਤ ਲਈ ਅਹਿਮ ਫੈਸਲਾ ਲੈਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਤਰੀ ਮੰਡਲ ਨੇ ਅੱਜ ਪੰਜਾਬ ਰਾਜ ਉਦਯੋਗਿਕ ਬਰਾਮਦ ਨਿਗਮ (ਪੀ.ਐਸ.ਆਈ.ਈ.ਸੀ.) ਦੇ ਰੱਦ ਕੀਤੇ ਪਲਾਟਾਂ ਲਈ ਅਪੀਲ ਅਥਾਰਟੀ ਦੇ ਗਠਨ ਨੂੰ ਸਹਿਮਤੀ ਦੇ ਦਿੱਤੀ।

ਇਸ ਸਬੰਧੀ ਫੈਸਲਾ ਅੱਜ ਸਾਮ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਉਨ੍ਹਾਂ ਦੇ ਸਰਕਾਰੀ ਨਿਵਾਸ ਸਥਾਨ 'ਤੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਅੱਜ ਇੱਥੇ ਇਹ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਦਫਤਰ ਦੇ ਬੁਲਾਰੇ ਨੇ ਦੱਸਿਆ ਕਿ ਮੰਤਰੀ ਮੰਡਲ ਨੇ ਪੀ.ਐਸ.ਆਈ.ਈ.ਸੀ. ਵਿੱਚ ਵੱਖ-ਵੱਖ ਕਾਰਨਾਂ ਕਰਕੇ ਰੱਦ ਕੀਤੇ ਗਏ ਪਲਾਟਾਂ ਲਈ ਅਪੀਲ ਅਥਾਰਟੀ ਦੇ ਗਠਨ ਨੂੰ ਸਹਿਮਤੀ ਦਿੱਤੀ ਹੈ। ਅਪੀਲ ਅਥਾਰਟੀ ਅਲਾਟੀਆਂ ਦੇ ਲੰਬੇ ਸਮੇਂ ਤੋਂ ਲਟਕ ਰਹੇ ਮਾਮਲੇ ਹੱਲ ਕਰੇਗੀ ਅਤੇ ਵੱਖ-ਵੱਖ ਐਸੋਸੀਏਸਨਾਂ ਦੀਆਂ ਮੰਗਾਂ ਨੂੰ ਵੀ ਸੁਲਝਾਏਗੀ। ਇਹ ਸਰਕਾਰ/ਪੀ.ਐਸ.ਆਈ.ਈ.ਸੀ. ਅਤੇ ਅਲਾਟੀਆਂ ਦਰਮਿਆਨ ਮੁਕੱਦਮੇਬਾਜ਼ੀ ਨੂੰ ਵੀ ਘਟਾਏਗੀ।

ਇਹ ਨੀਤੀ ਪੰਜਾਬ ਸਰਕਾਰ ਦੇ ਉਦਯੋਗ ਤੇ ਵਣਜ ਵਿਭਾਗ ਦੁਆਰਾ ਜਾਰੀ ਨੋਟੀਫਿਕੇਸਨ ਦੀ ਮਿਤੀ ਤੋਂ ਲਾਗੂ ਹੋਵੇਗੀ, ਜਿਸ ਦੀ ਰੱਦ ਹੋਏ ਮੌਜੂਦਾ ਪਲਾਟਾਂ ਨਾਲ ਸਬੰਧਤ ਅਪੀਲਾਂ ਲਈ ਸਮਾਂ ਸੀਮਾ 30 ਸਤੰਬਰ, 2025 ਤੱਕ ਜਾਂ ਨਵੇਂ ਮਾਮਲਿਆਂ ਲਈ ਰੱਦ ਕਰਨ ਦੀ ਮਿਤੀ ਤੋਂ ਛੇ ਮਹੀਨੇ ਦੀ ਸਮਾਂ ਸੀਮਾ ਹੋਵੇਗੀ। ਇਸ ਦਾ ਉਦੇਸ ਪੀ.ਐਸ.ਆਈ.ਈ.ਸੀ. ਦੁਆਰਾ ਪਲਾਟ ਰੱਦ ਕਰਨ ਵਿਰੁੱਧ ਅਪੀਲਾਂ ਦਾਇਰ ਕਰਨ, ਸਮੀਖਿਆ ਕਰਨ ਅਤੇ ਫੈਸਲਾ ਲੈਣ ਲਈ ਢਾਂਚਾਗਤ, ਪਾਰਦਰਸੀ ਅਤੇ ਕੁਸਲ ਵਿਧੀ ਸਥਾਪਤ ਕਰਨਾ ਹੈ, ਜਿਸ ਵਿੱਚ ਸੁਣਵਾਈ ਦੇ ਅਧਿਕਾਰ ਸਮੇਤ ਕਾਨੂੰਨੀ ਸਿਧਾਂਤਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਣਾ ਹੈ ਅਤੇ ਹਿੱਸੇਦਾਰਾਂ ਦਾ ਵਿਸਵਾਸ ਵਧਾਉਣਾ ਹੈ।

ਕੋਈ ਵੀ ਪਲਾਟ ਧਾਰਕ ਜਿਸ ਦਾ ਪਲਾਟ ਪੀ.ਐਸ.ਆਈ.ਈ.ਸੀ. ਦੁਆਰਾ ਰੱਦ ਕੀਤਾ ਗਿਆ ਸੀ (ਪਹਿਲਾਂ ਹੀ ਬਹਾਲ ਹੋ ਚੁੱਕੇ ਜਾਂ ਦੁਬਾਰਾ ਅਲਾਟ ਕੀਤੇ ਗਏ ਨੂੰ ਛੱਡ ਕੇ) ਸਬੰਧਿਤ ਦਸਤਾਵੇਜਾਂ ਜਾਂ ਸਬੂਤਾਂ ਨਾਲ ਆਪਣੇ ਦਾਅਵੇ ਦੀ ਤਸਦੀਕ ਕਰਵਾਏਗਾ। ਬਿਨੈਕਾਰ ਨਿਰਧਾਰਤ ਫਾਰਮੈਟ (ਫਾਰਮੈਟ-ਏ) ਵਿੱਚ ਖੁਦ ਜਾਂ appeal.psiec@gmail.com 'ਤੇ ਈਮੇਲ ਰਾਹੀਂ ਲਿਖਤੀ ਅਪੀਲ ਜਮ੍ਹਾਂ ਸੌਂਪਣਗੇ। ਅਪੀਲ ਪਹਿਲਾਂ ਹੀ ਰੱਦ ਕੀਤੇ ਪਲਾਟਾਂ ਲਈ 30 ਸਤੰਬਰ, 2025 ਤੱਕ ਅਤੇ ਭਵਿੱਖ ਦੇ ਮਾਮਲਿਆਂ ਲਈ ਰੱਦ ਕਰਨ ਦੇ ਆਦੇਸਾਂ ਦੀ ਮਿਤੀ ਤੋਂ ਛੇ ਮਹੀਨਿਆਂ ਦੇ ਅੰਦਰ ਸੌਂਪਣੀ ਚਾਹੀਦੀ ਹੈ। ਇਸ ਵਿੱਚ ਦੇਰੀ ਨੂੰ ਬੋਰਡ ਆਫ ਡਾਇਰੈਕਟਰਜ਼ ਦੁਆਰਾ ਜਾਇਜ ਕਾਰਨਾਂ ਨੂੰ ਆਧਾਰ ਬਣਾ ਕੇ ਅਸਾਧਾਰਨ ਹਾਲਾਤਾਂ ਵਿੱਚ ਮਾਫ ਕੀਤਾ ਜਾ ਸਕਦਾ ਹੈ।

**ਫੈਕਟਰੀਆਂ ਦੇ ਇਮਾਰਤੀ ਨਕਸ਼ਿਆਂ ਦੀ ਪ੍ਰਵਾਨਗੀ ਲਈ ਤੀਜੀ ਧਿਰ ਪ੍ਰਮਾਣੀਕਰਨ/ਸਵੈ-ਪ੍ਰਮਾਣੀਕਰਨ ਨੂੰ ਪ੍ਰਵਾਨਗੀ** : ਇਕ ਵੱਡੀ ਨਿਵੇਸ਼ਕ-ਪੱਖੀ ਪਹਿਲਕਦਮੀ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਵਜ਼ਾਰਤ ਨੇ ਫੈਕਟਰੀਆਂ ਦੀਆਂ ਇਮਾਰਤੀ ਯੋਜਨਾਵਾਂ ਦੀ ਪ੍ਰਵਾਨਗੀ ਲਈ ਤੀਜੀ ਧਿਰ ਪ੍ਰਮਾਣੀਕਰਨ/ਸਵੈ ਪ੍ਰਮਾਣੀਕਰਨ ਨੂੰ ਪ੍ਰਵਾਨਗੀ ਦੇ ਦਿੱਤੀ ਹੈ।

ਇਸ ਸਬੰਧੀ ਫ਼ੈਸਲਾ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਉਨ੍ਹਾਂ ਦੇ ਸਰਕਾਰੀ ਨਿਵਾਸ ਸਥਾਨ 'ਤੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਫੈਕਟਰੀ ਐਕਟ-1948 ਦੇ ਅਨੁਸਾਰ ਕਿਸੇ ਵੀ ਫੈਕਟਰੀ ਦੇ ਬਿਲਡਿੰਗ ਪਲਾਨ ਨੂੰ ਬਿਲਡਿੰਗ ਬਾਇ-ਲਾਅਜ਼ ਅਤੇ ਫੈਕਟਰੀ ਐਕਟ ਅਨੁਸਾਰ ਮਨਜ਼ੂਰੀ ਦਿੱਤੀ ਜਾਂਦੀ ਸੀ। ਇਸ ਪ੍ਰਕਿਰਿਆ ਕਾਰਨ ਪ੍ਰਵਾਨਗੀ ਵਿੱਚ ਬਹੁਤ ਸਾਰਾ ਸਮਾਂ, ਪੈਸਾ ਅਤੇ ਊਰਜਾ ਬਰਬਾਦ ਹੁੰਦੀ ਸੀ। ਜਦੋਂ ਕੋਈ ਫੈਕਟਰੀ ਮਿਊਂਸਿਪਲ ਏਰੀਆ ਤੋਂ ਬਾਹਰ ਸਥਾਪਿਤ ਹੁੰਦੀ ਹੈ ਤਾਂ ਕਿਰਤ ਵਿਭਾਗ ਇਨ੍ਹਾਂ ਪਲਾਨਾਂ ਨੂੰ ਪਾਸ ਕਰਦਾ ਹੈ।

ਇਸ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਮੰਤਰੀ ਮੰਡਲ ਨੇ ਤੀਜੀ ਧਿਰ ਪ੍ਰਮਾਣੀਕਰਨ/ਸਵੈ ਪ੍ਰਮਾਣੀਕਰਨ ਦੀ ਵਿਵਸਥਾ ਨੂੰ ਲਾਗੂ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ, ਜਿਸ ਅਨੁਸਾਰ ਇਮਾਰਤਾਂ ਦੇ ਨਕਸ਼ਿਆਂ ਨੂੰ ਇਮਾਰਤਾਂ ਦੇ ਉਪ-ਨਿਯਮਾਂ ਅਨੁਸਾਰ ਆਰਕੀਟੈਕਟ ਦੁਆਰਾ ਮਨਜ਼ੂਰੀ ਦਿੱਤੀ ਜਾ ਸਕਦੀ ਹੈ। ਇਨ੍ਹਾਂ ਯੋਜਨਾਵਾਂ ਨੂੰ ਕਿਰਤ ਵਿਭਾਗ ਦੁਆਰਾ ਇਸ ਪ੍ਰਮਾਣੀਕਰਣ ਦੇ ਅਨੁਸਾਰ ਅਤੇ ਭੌਂ ਵਰਤੋਂ/ਮਾਸਟਰ ਪਲਾਨ ਦੀ ਅਨੁਕੂਲਤਾ ਦੀ ਮੁੜ-ਤਸਦੀਕ, ਗਰਾਊਂਡ ਕਵਰੇਜ, ਸੈੱਟ ਬੈਕਜ਼, ਇਮਾਰਤ ਦੀ ਸਮੁੱਚੀ ਉਚਾਈ ਅਤੇ ਉਸ ਸੜਕ ਦੀ ਚੌੜਾਈ ਜਿਸ 'ਤੇ ਸਾਈਟ ਸਥਿਤ ਹੈ, ਸੜਕ ਨੂੰ ਚੌੜਾ ਕਰਨ ਦੀ ਆਗਿਆ ਦੇਣ ਲਈ ਸਹਿਮਤੀ/ਉਦੇਸ਼ ਅਤੇ ਪਾਰਕਿੰਗ ਦੇ ਆਧਾਰ 'ਤੇ ਅੱਗੇ ਪ੍ਰਵਾਨਗੀ ਦਿੱਤੀ ਜਾਵੇਗੀ। ਫੈਕਟਰੀ ਐਕਟ ਅਨੁਸਾਰ ਯੋਜਨਾਵਾਂ ਪਹਿਲਾਂ ਵਾਂਗ ਹੀ ਪਾਸ ਕੀਤੀਆਂ ਜਾਣਗੀਆਂ ਪਰ ਇਸ ਕਦਮ ਨਾਲ ਨਿਵੇਸ਼ਕਾਂ ਨੂੰ ਸਹੂਲਤ ਮਿਲੇਗੀ ਅਤੇ ਪਲਾਨ ਨੂੰ ਮਨਜ਼ੂਰ ਕਰਨ ਦਾ ਸਮਾਂ 45 ਦਿਨਾਂ ਤੋਂ ਘਟਾ ਕੇ 30 ਦਿਨ ਕੀਤਾ ਜਾਵੇਗਾ।

**'ਰੰਗਲਾ ਪੰਜਾਬ ਵਿਕਾਸ ਯੋਜਨਾ' ਨੂੰ ਹਰੀ ਝੰਡੀ** : ਸੂਬੇ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਤਰੀ ਮੰਡਲ ਨੇ ਅੱਜ 'ਰੰਗਲਾ ਪੰਜਾਬ ਵਿਕਾਸ ਯੋਜਨਾ' ਦੇ ਦਿਸ਼ਾ-ਨਿਰਦੇਸ਼ਾਂ ਨੂੰ ਪ੍ਰਵਾਨਗੀ ਦੇ ਦਿੱਤੀ।

ਇਸ ਸਬੰਧੀ ਫ਼ੈਸਲਾ ਮੰਤਰੀ ਮੰਡਲ ਨੇ ਅੱਜ ਸਾਮ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਉਨ੍ਹਾਂ ਦੇ ਸਰਕਾਰੀ ਨਿਵਾਸ ਸਥਾਨ 'ਤੇ ਹੋਈ ਮੀਟਿੰਗ ਵਿੱਚ ਲਿਆ।

ਅੱਜ ਇੱਥੇ ਇਹ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ 'ਰੰਗਲਾ ਪੰਜਾਬ ਵਿਕਾਸ ਯੋਜਨਾ' ਤਹਿਤ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਲੋਕਾਂ ਦੀਆਂ ਰੋਜ਼ਮੱਰਾ ਦੀਆਂ ਮਹੱਤਵਪੂਰਨ ਵਿਕਾਸ ਲੋੜਾਂ ਲਈ ਫੰਡਾਂ ਦਾ ਉਪਬੰਧ ਕੀਤਾ ਗਿਆ ਹੈ। ਵਿੱਤੀ ਸਾਲ 2025-26 ਵਿੱਚ ਇਸ ਯੋਜਨਾ ਤਹਿਤ 585 ਕਰੋੜ ਰੁਪਏ ਦੇ ਫੰਡਾਂ ਦੀ ਵਿਵਸਥਾ ਕੀਤੀ ਗਈ ਹੈ ਅਤੇ ਇਹਨਾਂ ਫੰਡਾਂ ਦਾ ਕਾਰਜਭਾਰ ਡਿਪਟੀ ਕਮਿਸਨਰਾਂ ਕੋਲ ਹੋਵੇਗਾ ਅਤੇ ਇਹ ਫੰਡ ਵਿਧਾਇਕਾਂ, ਭਾਈਚਾਰਕ ਸੰਗਠਨਾਂ, ਨਾਗਰਿਕ ਸਮੂਹਾਂ ਅਤੇ ਸਮਾਜਿਕ ਭਾਵਨਾ ਵਾਲੇ ਸ਼ਹਿਰੀਆਂ ਦੀਆਂ ਸਿਫਾਰਸ਼ਾਂ ਦੇ ਆਧਾਰ 'ਤੇ ਖਰਚ ਕੀਤੇ ਜਾਣਗੇ। ਸਿਫਾਰਸ ਕੀਤੇ/ਪ੍ਰਸਤਾਵਿਤ ਕੰਮਾਂ ਨੂੰ ਯੋਜਨਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਨਜ਼ੂਰੀ ਦਿੱਤੀ ਜਾਵੇਗੀ।

ਇਹ ਪ੍ਰਵਾਨਗੀ ਡਿਪਟੀ ਕਮਿਸਨਰ ਦੀ ਪ੍ਰਧਾਨਗੀ ਹੇਠ ਗਠਿਤ ਜ਼ਿਲ੍ਹਾ ਪੱਧਰੀ ਕਮੇਟੀ ਦੇਵੇਗੀ ਪਰ ਇਸ ਪ੍ਰਵਾਨਗੀ ਨੂੰ ਮੁੱਖ ਮੰਤਰੀ ਦੁਆਰਾ ਨਿਯੁਕਤ ਕੀਤੇ ਜ਼ਿਲ੍ਹੇ ਦੇ ਇੰਚਾਰਜ ਮੰਤਰੀ ਦੀ ਸਹਿਮਤੀ ਹੋਵੇਗੀ। ਇਸ ਤੋਂ ਬਾਅਦ ਜ਼ਿਲ੍ਹਾ ਪੱਧਰੀ ਕਮੇਟੀ ਨਿਰਧਾਰਤ ਅਥਾਰਟੀ ਦੁਆਰਾ ਕੰਮ ਨੂੰ ਪੂਰਾ ਕਰਵਾਏਗੀ ਅਤੇ ਇਸ ਦੀ ਢੁਕਵੀਂ ਨਿਗਰਾਨੀ ਅਤੇ ਕੰਮ ਨੂੰ ਸਮੇਂ ਸਿਰ ਪੂਰਾ ਕਰਨ ਨੂੰ ਯਕੀਨੀ ਬਣਾਏਗੀ। ਡਿਪਟੀ ਕਮਿਸਨਰ ਪ੍ਰਵਾਨਿਤ ਕਾਰਜਾਂ ਲਈ ਪ੍ਰਸ਼ਾਸ਼ਕੀ ਅਤੇ ਵਿੱਤੀ ਮਨਜ਼ੂਰੀਆਂ ਦੇਣ ਦੇ ਸਮਰੱਥ ਹੋਵੇਗਾ।

**ਪਟਿਆਲਾ ਤੋਂ ਐਸ.ਏ.ਐਸ. ਨਗਰ ਜ਼ਿਲ੍ਹੇ ਵਿੱਚ ਪਿੰਡਾਂ ਨੂੰ ਤਬਦੀਲ ਕਰਨ ਦੀ ਪ੍ਰਵਾਨਗੀ** : ਮੰਤਰੀ ਮੰਡਲ ਨੇ ਮਾਣਕਪੁਰਾ, ਖੇੜਾ ਗੱਜੂ, ਉਰਨਾ, ਚੰਗੇਰਾ, ਉੱਚਾ ਖੇੜਾ, ਗੁਰਦਿੱਤਪੁਰਾ, ਹਦਿਤਪੁਰਾ ਅਤੇ ਲੈਹਲਾਂ ਸਮੇਤ ਅੱਠ ਪਿੰਡਾਂ ਦੇ ਲੋਕਾਂ ਦੀ ਸਹੂਲਤ ਲਈ ਇਹਨਾਂ ਪਿੰਡਾਂ ਨੂੰ ਤਹਿਸੀਲ ਰਾਜਪੁਰਾ (ਪਟਿਆਲਾ) ਤੋਂ ਸਬ-ਤਹਿਸੀਲ ਬਨੂੜ (ਸਾਹਿਬਜਾਦਾ ਅਜੀਤ ਸਿੰਘ ਨਗਰ) ਵਿੱਚ ਤਬਦੀਲ ਕਰਨ ਦੀ ਵੀ ਪ੍ਰਵਾਨਗੀ ਦੇ ਦਿੱਤੀ।

## ਪਹਿਲੇ ਸਫ਼ੇ ਦੀ ਬਾਕੀ

### ਸਰਕਾਰ ਨੂੰ ਮਿਲਿਆ ਸਰਬ-ਪਾਰਟੀ ਸਮਰਥਨ,

ਦੇਸ਼ ਦਾ ਹਰ ਕੋਈ ਇਸ ਬਾਰੇ ਚਿੰਤਤ ਹੈ। ਇਸ ਨੂੰ ਧਿਆਨ ਵਿੱਚ ਰੱਖਦੇ ਹੋਏ, ਭਾਰਤ ਸਰਕਾਰ ਨੇ ਅੱਜ ਹੋਰ ਸਖ਼ਤ ਕਾਰਵਾਈ ਕਰਨ ਦਾ ਇਰਾਦਾ ਪ੍ਰਗਟ ਕੀਤਾ ਹੈ। ਇਸ ਮੀਟਿੰਗ ਤੋਂ ਬਾਅਦ ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਕਿਹਾ - ਸਾਰਿਆਂ ਨੇ ਪਹਿਲਗਾਮ ਅੱਤਵਾਦੀ ਹਮਲੇ ਦੀ ਨਿੰਦਾ ਕੀਤੀ। ਵਿਰੋਧੀ ਧਿਰ ਨੇ ਸਰਕਾਰ ਨੂੰ ਕੋਈ ਵੀ ਕਾਰਵਾਈ ਕਰਨ ਲਈ ਪੂਰਾ ਸਮਰਥਨ ਦਿੱਤਾ ਹੈ।

### ਅੱਤਵਾਦੀਆਂ ਨੂੰ ਉਨ੍ਹਾਂ ਦੀ ਸੋਚ

ਕਹਿਣਾ ਚਾਹੁੰਦਾ ਹਾਂ, ਹਮਲਾਵਰਾਂ ਅਤੇ ਉਨ੍ਹਾਂ ਦੀ ਮਦਦ ਕਰਨ ਵਾਲਿਆਂ ਨੂੰ ਕਲਪਨਾ ਤੋਂ ਵੀ ਵੱਡੀ ਸਜ਼ਾ ਮਿਲੇਗੀ। ਪੰਚਾਇਤੀ ਰਾਜ ਪ੍ਰੋਗਰਾਮ ਵਿੱਚ ਸ਼ਾਮਲ ਹੋਏ ਪ੍ਰਧਾਨ ਮੰਤਰੀ ਨੇ ਸਟੇਜ ਤੋਂ ਮ੍ਰਿਤਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਪਹਿਲਗਾਮ ਅੱਤਵਾਦੀ ਹਮਲੇ 'ਤੇ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, 'ਅਸੀਂ ਅੱਤਵਾਦੀਆਂ ਨੂੰ ਧਰਤੀ ਦੇ ਆਖ਼ਰੀ ਕੋਨੇ ਤੱਕ ਭਜਾਵਾਂਗੇ। ਭਾਰਤ ਦੀ ਆਤਮਾ ਕਦੇ ਵੀ ਅਤਿਵਾਦ ਨਾਲ ਨਹੀਂ ਟੁੱਟੇਗੀ। ਅੱਤਵਾਦ ਨੂੰ ਸਜ਼ਾ ਦਿੱਤੀ ਜਾਵੇਗੀ। ਨਿਆਂ ਯਕੀਨੀ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਇਸ ਸੰਕਲਪ ਵਿੱਚ ਪੂਰਾ ਦੇਸ਼ ਇੱਕਜੁੱਟ ਹੈ। ਹਰ ਉਹ ਵਿਅਕਤੀ ਜੋ ਮਨੁੱਖਤਾ ਵਿੱਚ ਵਿਸ਼ਵਾਸ ਰੱਖਦਾ ਹੈ ਸਾਡੇ ਨਾਲ ਹੈ। ਮੈਂ ਵੱਖ-ਵੱਖ ਦੇਸ਼ਾਂ ਦੇ ਲੋਕਾਂ ਅਤੇ ਉਨ੍ਹਾਂ ਦੇ ਨੇਤਾਵਾਂ ਦਾ ਧੰਨਵਾਦ ਕਰਦਾ ਹਾਂ ਜੋ ਸਾਡੇ ਨਾਲ ਖੜ੍ਹੇ ਹਨ।

### ਅਮਿਤ ਸ਼ਾਹ ਤੇ ਜੈਸ਼ੰਕਰ ਵੱਲੋਂ

ਪਹਾੜਾਂ ਦੀ ਗੋਦ 'ਚ ਵਸੇ ਇਸ ਸੁੰਦਰ ਸਥਾਨ 'ਤੇ ਪਹੁੰਚਣ ਵਾਲੇ ਸੈਲਾਨੀਆਂ ਨੇ ਸ਼ਾਇਦ ਹੀ ਸੋਚਿਆ ਹੋਵੇਗਾ ਕਿ ਉਨ੍ਹਾਂ ਦੀਆਂ ਛੁੱਟੀਆਂ ਦੀਆਂ ਤਸਵੀਰਾਂ ਕਿਸੇ ਕਾਲੀਆਂ ਖ਼ਬਰਾਂ ਦੀਆਂ ਸੁਰਖੀਆਂ 'ਚ ਬਦਲ ਜਾਣਗੀਆਂ। ਇਹ 2019 'ਚ ਹੋਏ ਪੁਲਵਾਮਾ ਹਮਲੇ ਤੋਂ ਬਾਅਦ ਕਸ਼ਮੀਰ 'ਚ ਸਭ ਤੋਂ ਵੱਡਾ ਹਮਲਾ ਹੈ। ਪੁਲਵਾਮਾ ਹਮਲੇ 'ਚ ਕੇਂਦਰੀ ਰਿਜ਼ਰਵ ਪੁਲਿਸ ਬਲ ਦੇ 40 ਜਵਾਨ ਸ਼ਹੀਦ ਹੋ ਗਏ ਸਨ।

### ਪਾਕਿਸਤਾਨ ਨੇ ਭਾਰਤੀ ਉਡਾਣਾਂ ਲਈ ਹਵਾਈ ਖੇਤਰ

ਛੱਡ ਕੇ) ਨੂੰ 48 ਘੰਟਿਆਂ ਦੇ ਅੰਦਰ ਪਾਕਿਸਤਾਨ ਛੱਡਣਾ ਪਵੇਗਾ। ਬਿਆਨ ਅਨੁਸਾਰ ਪਾਕਿਸਤਾਨ ਵਿੱਚ ਇਸਲਾਮਾਬਾਦ ਵਿਚ ਭਾਰਤੀ ਹਾਈ ਕਮਿਸ਼ਨ ਵਿੱਚ ਤਾਇਨਾਤ ਫੌਜ, ਜਲ ਸੈਨਾ ਅਤੇ ਹਵਾਈ ਸੈਨਾ ਦੇ ਸਲਾਹਕਾਰਾਂ ਨੂੰ ਪਰਸੋਨਾ ਨਾਨ ਗ੍ਰਾਟਾ ਘੋਸ਼ਿਤ ਕੀਤਾ ਗਿਆ ਹੈ ਅਤੇ ਉਨ੍ਹਾਂ ਨੂੰ ਪਾਕਿਸਤਾਨ ਛੱਡਣ ਲਈ 30 ਅਪ੍ਰੈਲ ਤੱਕ ਦਾ ਸਮਾਂ ਦਿੱਤਾ ਗਿਆ ਹੈ ਅਤੇ ਕਿਹਾ ਗਿਆ ਹੈ ਕਿ ਇਨ੍ਹਾਂ ਅਹੁਦਿਆਂ ਨੂੰ ਖਤਮ ਮੰਨਿਆ ਜਾਵੇਗਾ। ਇਨ੍ਹਾਂ ਅਹੁਦਿਆਂ 'ਤੇ ਨਿਯੁਕਤ ਅਧਿਕਾਰੀਆਂ ਦੇ ਸਹਾਇਕ ਸਟਾਫ਼ ਨੂੰ ਭਾਰਤ ਵਾਪਸ ਜਾਣ ਦਾ ਨਿਰਦੇਸ਼ ਦਿੱਤਾ ਗਿਆ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਡਿਪਲੋਮੈਟਾਂ ਅਤੇ ਸਟਾਫ਼ ਦੀ ਗਿਣਤੀ 30 ਅਪ੍ਰੈਲ ਤੱਕ ਸੀਮਤ ਰਹੇਗੀ। ਮੀਟਿੰਗ ਵਿੱਚ ਪ੍ਰਧਾਨ ਮੰਤਰੀ ਸ਼ਰੀਫ ਤੋਂ ਇਲਾਵਾ ਫੌਜ ਅਤੇ ਰੱਖਿਆ ਵਿਭਾਗ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ। ਪਾਕਿਸਤਾਨ ਦੀ ਐਨ.ਐਸ.ਸੀ. ਨੇ ਭਾਰਤ ਵਿੱਚ ਕੈਬਨਿਟ ਕਮੇਟੀ ਦੀ ਸੁਰੱਖਿਆ ਮੀਟਿੰਗ ਤੋਂ ਬਾਅਦ ਕੱਲ੍ਹ ਕੀਤੇ ਗਏ ਐਲਾਨਾਂ ਦੀ ਨਿੰਦਾ ਕੀਤੀ ਹੈ, ਉਨ੍ਹਾਂ ਨੂੰ ਧਮਕੀ ਭਰਿਆ ਦੱਸਿਆ ਹੈ। ਪਾਕਿਸਤਾਨ ਨੇ ਕਿਹਾ, ਸਿੰਧੂ ਜਲ ਸੰਧੀ ਦੇ ਤਹਿਤ ਪਾਕਿਸਤਾਨ ਦੇ ਪਾਣੀਆਂ ਦੇ ਵਹਾਅ ਨੂੰ ਰੋਕਣ ਜਾਂ ਮੋੜਨ ਜਾਂ ਹੇਠਲੇ ਦਰਿਆ ਵਾਲੇ ਦੇਸ਼ ਦੇ ਅਧਿਕਾਰਾਂ ਨੂੰ ਹੜੱਪਣ ਦੀ ਕਿਸੇ ਵੀ ਕੋਸ਼ਿਸ਼ ਨੂੰ ਜੰਗ ਦੀ ਕਾਰਵਾਈ ਮੰਨਿਆ ਜਾਵੇਗਾ ਅਤੇ ਇਸ ਦਾ ਜਵਾਬ ਪੂਰੀ ਤਾਕਤ ਅਤੇ ਦੇਸ਼ ਲਈ ਉਪਲਬਧ ਸਾਰੀਆਂ ਤਾਕਤਾਂ ਨਾਲ ਦਿੱਤਾ ਜਾਵੇਗਾ। ਗੌਰਤਲਬ ਹੈ ਕਿ ਕੱਲ੍ਹ ਭਾਰਤ ਨੇ ਪਾਕਿਸਤਾਨ ਵਿਰੁੱਧ ਕਾਰਵਾਈ ਕਰਨ ਦੇ ਵੱਖ-ਵੱਖ ਫ਼ੈਸਲਿਆਂ ਦੇ ਹਿੱਸੇ ਵਜੋਂ, ਵਾਹਗਾ ਸਰਹੱਦੀ ਚੌਕੀ ਨੂੰ ਬੰਦ ਕਰਨ, ਸਾਰਕ ਵੀਜ਼ਾ ਮੁਅੱਤਲ ਕਰਨ, ਕੂਟਨੀਤਕ ਮਿਸ਼ਨਾਂ ਦੀ ਗਿਣਤੀ ਘਟਾਉਣ ਦੇ ਨਾਲ-ਨਾਲ ਸਿੰਧੂ ਜਲ ਸੰਧੀ ਨੂੰ ਉਦੋਂ ਤੱਕ ਮੁਅੱਤਲ ਕਰਨ ਦਾ ਐਲਾਨ ਕੀਤਾ ਹੈ ਜਦੋਂ ਤੱਕ ਪਾਕਿਸਤਾਨ ਆਪਣਾ ਰਵੱਈਆ ਨਹੀਂ ਬਦਲਦਾ।

**ਪਾਕਿਸਤਾਨ ਦੇ ਰੱਖਿਆ ਮੰਤਰੀ ਨੇ ਦਿੱਤੀ ਗਿੱਦੜ ਭਭਕੀ** : ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਮੰਗਲਵਾਰ ਨੂੰ ਅੱਤਵਾਦੀਆਂ ਨੇ 26 ਸੈਲਾਨੀਆਂ ਦੀ ਬੇਰਹਿਮੀ ਨਾਲ ਹੱਤਿਆ ਕਰ ਦਿੱਤੀ। ਇਸ ਘਟਨਾ ਤੋਂ ਬਾਅਦ ਭਾਰਤ ਸਰਕਾਰ ਹਰਕਤ ਵਿੱਚ ਆਈ ਅਤੇ ਪਾਕਿਸਤਾਨ ਵਿਰੁੱਧ ਕਈ ਵੱਡੇ ਫੈਸਲੇ ਲਏ। ਇਨ੍ਹਾਂ ਫ਼ੈਸਲਿਆਂ ਨਾਲ ਗੁਆਂਢੀ ਦੇਸ਼ ਬੌਖਲਾਇਆ ਹੋਇਆ ਹੈ ਅਤੇ ਬੇਤੁਕੇ ਬਿਆਨ ਅਤੇ ਧਮਕੀਆਂ ਦੇ ਰਿਹਾ ਹੈ ਹਾਲਾਂਕਿ ਇਸ ਤੋਂ ਪਹਿਲਾਂ ਪਾਕਿਸਤਾਨੀ ਰੱਖਿਆ ਮੰਤਰੀ ਖਵਾਜਾ ਆਸਿਫ ਨੇ ਇੱਕ ਬਿਆਨ ਜਾਰੀ ਕਰਕੇ ਕਿਹਾ ਸੀ ਕਿ ਪਹਿਲਗਾਮ ਹਮਲੇ ਪਿੱਛੇ ਪਾਕਿਸਤਾਨ ਦਾ ਹੱਥ ਨਹੀਂ ਹੈ। ਉਹ ਇਸ ਹਮਲੇ ਦੀ ਨਿੰਦਾ ਕਰਦੇ ਹਨ। ਇਸ ਦੌਰਾਨ ਉਸਨੇ ਇੱਕ ਪਾਕਿਸਤਾਨੀ ਨਿਊਜ਼ ਚੈਨਲ ਨੂੰ ਇੱਕ ਇੰਟਰਵਿਊ ਦਿੱਤਾ, ਜਿਸ ਵਿੱਚ ਉਹ ਭਾਰਤ ਵਿਰੁੱਧ ਬੋਲਿਆ। ਪਾਕਿਸਤਾਨੀ ਰੱਖਿਆ ਮੰਤਰੀ ਨੇ ਕਿਹਾ, ਮੈਂ ਭਾਰਤ ਨੂੰ ਪੁੱਛਣਾ ਚਾਹੁੰਦਾ ਹਾਂ ਕਿ 700,000 ਸੈਨਿਕ ਦਹਾਕਿਆਂ ਤੋਂ ਕਬਜ਼ੇ ਵਾਲੇ ਕਸ਼ਮੀਰ ਵਿੱਚ ਮੌਜੂਦ ਹਨ। ਇਸ ਦੇ ਬਾਵਜੂਦ ਨਿਰਦੋਸ਼ ਲੋਕ ਮਾਰੇ ਜਾ ਰਹੇ ਹਨ। ਕੀ ਭਾਰਤੀ ਫੌਜ ਤੋਂ ਪੁੱਛਗਿੱਛ ਨਹੀਂ ਕੀਤੀ ਜਾਣੀ ਚਾਹੀਦੀ? ਉਨ੍ਹਾਂ ਕਿਹਾ ਕਿ ਹਮਲੇ ਲਈ ਪਾਕਿਸਤਾਨ ਨੂੰ ਦੋਸ਼ੀ ਠਹਿਰਾਉਣਾ ਬੇਇਨਸਾਫ਼ੀ ਅਤੇ ਬੇਬੁਨਿਆਦ ਹੈ। ਪਾਕਿਸਤਾਨ ਅੱਤਵਾਦ ਦੇ ਸਾਰੇ ਰੂਪਾਂ ਅਤੇ ਪ੍ਰਗਟਾਵੇ ਦੀ ਸਪੱਸ਼ਟ ਤੌਰ 'ਤੇ ਨਿੰਦਾ ਕਰਦਾ ਹੈ। ਦਰਅਸਲ ਪਾਕਿਸਤਾਨ ਖੁਦ ਅੱਤਵਾਦ ਦਾ ਸਭ ਤੋਂ ਵੱਡਾ ਸ਼ਿਕਾਰ ਰਿਹਾ ਹੈ। ਇਸ ਸਮੇਂ ਸਾਡੇ 'ਤੇ ਉਂਗਲਾਂ ਚੁੱਕਣਾ ਸਹੀ ਨਹੀਂ ਹੈ। ਅਸੀਂ ਅੱਤਵਾਦ ਦੀ ਸਖ਼ਤ ਨਿੰਦਾ ਕਰਦੇ ਹਾਂ, ਭਾਵੇਂ ਉਹ ਭਾਰਤ ਵਿੱਚ ਹੋਵੇ ਜਾਂ ਪਾਕਿਸਤਾਨ ਵਿੱਚ। ਜਦੋਂ ਇੱਕ ਪਾਕਿਸਤਾਨੀ ਮਹਿਲਾ ਨਿਊਜ਼ ਐਂਕਰ ਨੇ ਰੱਖਿਆ ਮੰਤਰੀ ਖਵਾਜਾ ਆਸਿਫ ਨੂੰ ਪੁੱਛਿਆ ਕਿ ਜੇਕਰ ਭਾਰਤ ਸਾਡੇ ਵਿਰੁੱਧ ਕਾਰਵਾਈ ਕਰਦਾ ਹੈ ਤਾਂ ਤੁਸੀਂ ਕੀ ਕਰੋਗੇ। ਇਸ 'ਤੇ ਰੱਖਿਆ ਮੰਤਰੀ ਨੇ ਕਿਹਾ ਕਿ ਜੇਕਰ ਭਾਰਤ ਅਜਿਹੀ ਸਥਿਤੀ ਪੈਦਾ ਕਰਨ ਦੀ ਕੋਸ਼ਿਸ਼ ਕਰਦਾ ਹੈ, ਤਾਂ ਅਸੀਂ ਇਸਦਾ ਜਵਾਬ ਦੇਣ ਦੇ ਪੂਰੀ ਤਰ੍ਹਾਂ ਸਮਰੱਥ ਹਾਂ। ਤੁਹਾਨੂੰ ਅਭਿਨੰਦਨ ਵਾਲੀ ਘਟਨਾ ਯਾਦ ਹੋਵੇਗੀ,ਜਦੋਂ ਪਾਕਿਸਤਾਨ ਦੇ ਹਵਾਈ ਖੇਤਰ ਦੀ ਉਲੰਘਣਾ ਹੋਈ ਸੀ। ਰੱਖਿਆ ਮੰਤਰੀ ਨੇ ਭਾਰਤੀ ਮੀਡੀਆ ਬਾਰੇ ਵੀ ਜਵਾਬ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤੀ ਮੀਡੀਆ ਪਾਕਿਸਤਾਨ 'ਤੇ ਸਰਜੀਕਲ ਸਟ੍ਰਾਈਕ ਬਾਰੇ ਕੁਝ ਵੀ ਕਹਿ ਰਿਹਾ ਹੈ। ਸਾਨੂੰ ਉਮੀਦ ਹੈ ਕਿ ਭਾਰਤ ਕੋਈ ਗੈਰ-ਜ਼ਿੰਮੇਵਾਰਾਨਾ ਕਦਮ ਨਹੀਂ ਚੁੱਕੇਗਾ। ਜੇਕਰ ਭਾਰਤ ਵੱਲੋਂ ਕੋਈ ਹਮਲਾ ਹੁੰਦਾ ਹੈ ਤਾਂ ਪਾਕਿਸਤਾਨ ਉਸਦਾ ਜਵਾਬ ਦੇਣ ਦੀ ਸਥਿਤੀ ਵਿੱਚ ਹੈ।

### ਅੱਜ ਕਸ਼ਮੀਰ ਜਾਣਗੇ ਫ਼ੌਜ ਮੁਖੀ, ਹਮਲੇ ਵਾਲੀ

ਪਹਿਲਗਾਮ ਵਿਚ ਹੋਏ ਅੱਤਵਾਦੀ ਹਮਲੇ 'ਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਦੇ ਨਾਲ-ਨਾਲ ਪੂਰੇ ਦੇਸ਼ ਵਿੱਚ ਗੁੱਸਾ ਹੈ। ਮਾਮਲੇ ਦੀ ਸੰਵੇਦਨਸ਼ੀਲਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਕੇਂਦਰ ਸਰਕਾਰ ਨੇ ਅੱਜ ਇਕ ਸਰਬ-ਪਾਰਟੀ ਮੀਟਿੰਗ ਬੁਲਾਈ ਹੈ। ਇਸ ਦੌਰਾਨ ਕਾਂਗਰਸ ਨੇ ਮੰਗ ਕੀਤੀ ਹੈ ਕਿ ਪ੍ਰਧਾਨ ਮੰਤਰੀ ਮੋਦੀ ਨੂੰ ਪਹਿਲਗਾਮ ਅੱਤਵਾਦੀ ਹਮਲੇ 'ਤੇ ਸਰਬ ਪਾਰਟੀ ਮੀਟਿੰਗ ਦੀ ਪ੍ਰਧਾਨਗੀ ਕਰਨੀ ਚਾਹੀਦੀ ਹੈ ਹਾਲਾਂਕਿ ਇਹ ਮੀਟਿੰਗ ਰੱਖਿਆ ਮੰਤਰੀ ਰਾਜਨਾਥ ਸਿੰਘ ਦੀ ਅਗਵਾਈ ਵਿਚ ਹੋਵੇਗੀ।

### ਬਸਤਰ 'ਚ 10 ਹਜ਼ਾਰ ਸੁਰੱਖਿਆ ਬਲਾਂ

ਬੀਜਾਪੁਰ ਜ਼ਿਲ੍ਹੇ ਨਾਲ ਲੱਗਦੇ ਗੁਆਂਢੀ ਰਾਜ ਤੇਲੰਗਾਨਾ ਦੀ ਸਰਹੱਦ 'ਤੇ ਨਕਸਲੀ ਗਤੀਵਿਧੀਆਂ ਬਾਰੇ ਜਾਣਕਾਰੀ ਮਿਲਣ ਤੋਂ ਬਾਅਦ, ਸੁਰੱਖਿਆ ਬਲਾਂ ਦੀ ਇਕ ਸਾਂਝੀ ਟੀਮ ਨੂੰ ਨਕਸਲ ਵਿਰੋਧੀ ਕਾਰਵਾਈ ਲਈ ਭੇਜਿਆ ਗਿਆ। ਅਧਿਕਾਰੀ ਨੇ ਕਿਹਾ ਕਿ ਇਹ ਕਾਰਵਾਈ ਬਸਤਰ ਖੇਤਰ ਵਿਚ ਸ਼ੁਰੂ ਕੀਤੇ ਗਏ ਸੱਭ ਤੋਂ ਵੱਡੇ ਨਕਸਲ ਵਿਰੋਧੀ ਕਾਰਵਾਈਆਂ ਵਿਚੋਂ ਇਕ ਹੈ। ਇਸ ਕਾਰਵਾਈ ਵਿਚ ਵੱਖ-ਵੱਖ ਯੂਨਿਟਾਂ ਦੇ ਲਗਭਗ 10,000 ਕਰਮਚਾਰੀ ਸ਼ਾਮਲ ਹਨ, ਜਿਨ੍ਹਾਂ ਵਿਚ ਜ਼ਿਲ੍ਹਾ ਰਿਜ਼ਰਵ ਗਾਰਡ (4.ਆਰ.ਜੀ.), ਬਸਤਰ ਫ਼ਾਈਟਰਜ਼, ਸਪੈਸ਼ਲ ਟਾਸਕ ਫ਼ੋਰਸ (ਐੱਸ.ਟੀ.ਐੱਫ਼.), ਰਾਜ ਪੁਲਿਸ ਦੀਆਂ ਸਾਰੀਆਂ ਇਕਾਈਆਂ, ਕੇਂਦਰੀ ਰਿਜ਼ਰਵ ਪੁਲਿਸ ਫ਼ੋਰਸ (ਸੀ.ਆਰ.♦.ਐੱਫ਼.) ਅਤੇ ਇਸ ਦੀ ਵਿਸ਼ੇਸ਼ ਇਕਾਈ ਕੋਬਰਾ ਸ਼ਾਮਲ ਹਨ। ਅਧਿਕਾਰੀਆਂ ਨੇ ਕਿਹਾ ਕਿ ਤੇਲੰਗਾਨਾ ਪੁਲਿਸ ਵੀ ਇਸ ਕਾਰਵਾਈ ਵਿਚ ਸਹਾਇਕ ਭੂਮਿਕਾ ਨਿਭਾ ਰਹੀ ਹੈ। ਅਧਿਕਾਰੀਆਂ ਨੇ ਜਾਣਕਾਰੀ ਦਿੰਦੇ ਦਸਿਆ ਕਿ ਇਲਾਕੇ ਵਿਚ ਲਗਭਗ 1,000 ਨਕਸਲੀ ਘਿਰੇ ਹੋਏ ਹਨ। ਉਨ੍ਹਾਂ ਕਿਹਾ ਕਿ ਇਹ ਕਾਰਵਾਈ ਸੋਮਵਾਰ ਨੂੰ ਮਾਉਵਾਦੀਆਂ ਦੇ ਸੱਭ ਤੋਂ ਮਜ਼ਬੂਤ ਫ਼ੌਜੀ ਸੰਗਠਨ ਬਟਾਲੀਅਨ ਨੰਬਰ ਇਕ ਅਤੇ ਮਾਉਵਾਦੀਆਂ ਦੀ ਤੇਲੰਗਾਨਾ ਰਾਜ ਕਮੇਟੀ ਦੇ ਸੀਨੀਅਰ ਕੈਡਰਾਂ ਦੀ ਮੌਜੂਦਗੀ ਬਾਰੇ ਮਿਲੀ ਜਾਣਕਾਰੀ ਦੇ ਆਧਾਰ 'ਤੇ ਸ਼ੁਰੂ ਕੀਤੀ ਗਈ ਸੀ। ਇਹ ਮੁਹਿੰਮ ਕੁੱਝ ਦਿਨ ਲਗਾਤਾਰ ਜਾਰੀ ਰਹੇਗੀ। ਅਧਿਕਾਰੀਆਂ ਨੇ ਦਸਿਆ ਕਿ ਸੰਘਣੇ ਜੰਗਲਾਂ ਅਤੇ ਪਹਾੜੀਆਂ ਨਾਲ ਘਿਰਿਆ ਇਹ ਇਲਾਕਾ ਮਾਉਵਾਦੀ ਬਟਾਲੀਅਨ ਨੰਬਰ ਇਕ ਦਾ ਬੇਸ ਏਰੀਆ ਦਸਿਆ ਜਾਂਦਾ ਹੈ।

### ਮਜੀਠੀਆ ਕੋਲ ਰਹੇਗੀ ਮੌਜੂਦਾ ਸੁਰੱਖਿਆ, ਹਾਈ

ਸੁਰੱਖਿਆ ਵਾਪਸ ਲਏ ਜਾਣ ਦੇ ਫ਼ੈਸਲੇ ਨੂੰ ਰੱਦ ਕਰਨ ਦੀ ਮੰਗ ਕੀਤੀ ਸੀ। ਇਸ ਦੇ ਨਾਲ ਹੀ ਸ਼੍ਰੋਮਣੀ ਅਕਾਲੀ ਦਲ ਵੱਲੋਂ ਸੁਰੱਖਿਆ ਵਾਪਸੀ ਨੂੰ ਜਿਥੇ ਇਸ ਨੂੰ ਆਮ ਆਦਮੀ ਪਾਰਟੀ ਵੱਲੋਂ ਸਿਆਸੀ ਬਦਲਾਖੋਰੀ ਦੀ ਭਾਵਨਾ ਦੱਸਿਆ ਗਿਆ ਸੀ। ਦੂਜੇ ਪਾਸੇ ਪੰਜਾਬ ਪੁਲਿਸ ਦੇ ਸਪੈਸ਼ਲ ਡੀ.ਜੀ.ਪੀ. ਅਰਪਿਤ ਸ਼ੁਕਲਾ ਨੇ ਕਿਹਾ ਸੀ ਕਿ ਮਜੀਠੀਆ ਦੀ ਸਿਕਿਓਰਿਟੀ ਹਟਾਏ ਜਾਣ ਦੀਆਂ ਗੱਲਾਂ ਗਲਤ ਹਨ। ਉਨ੍ਹਾਂ ਨੇ ਕਿਹਾ ਸੀ ਕਿ ਸਿਕਿਓਰਿਟੀ ਰਿਵੀਊ ਕਮੇਟੀ ਦੀਆਂ ਸਿਫ਼ਾਰਿਸ਼ਾਂ ਦੇ ਅਧਾਰ ਉੱਤੇ ਉਨ੍ਹਾਂ ਦੀ ਸੁਰੱਖਿਆ ਘਟਾਈ ਗਈ ਹੈ ਪਰ ਫਿਰ ਵੀ ਉਨ੍ਹਾਂ ਕੋਲ ਲੋੜੀਂਦੀ ਸੁਰੱਖਿਆ ਮੌਜੂਦ ਹੈ।

### 89 ਨਸ਼ਾ ਤਸਕਰ ਗ੍ਰਿਫ਼ਤਾਰ,

ਅਜਿਹੀਆਂ ਸੰਵੇਦਨਸ਼ੀਲ ਥਾਵਾਂ ਨੂੰ ਗੈਰ-ਕਾਨੂੰਨੀ ਗਤੀਵਿਧੀਆਂ ਅੰਜਾਮ ਦੇਣ ਲਈ ਵਰਤਿਆ ਜਾ ਸਕਦਾ ਹੈ, ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਇਹ ਆਪ੍ਰੇਸ਼ਨ ਚਲਾਇਆ ਹੈ। ਉਨ੍ਹਾਂ ਕਿਹਾ, "ਅਸੀਂ ਸਾਰੇ ਪੁਲਿਸ ਕਰਮਚਾਰੀਆਂ ਨੂੰ ਇਸ ਕਾਰਵਾਈ ਦੌਰਾਨ ਹਰੇਕ ਵਿਅਕਤੀ ਨਾਲ ਦੋਸਤਾਨਾ ਅਤੇ ਨਿਮਰਤਾ ਨਾਲ ਪੇਸ਼ ਆਉਣ ਦੇ ਸਖ਼ਤ ਨਿਰਦੇਸ਼ ਦਿੱਤੇ ਸਨ,"।

ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੇ ਰਾਜ ਵਿੱਚ 87 ਸਪਾ ਸੈਂਟਰਾਂ, 24 ਮੈਅ ਖਾਨਿਆਂ, 666 ਸੈਲੂਨਾਂ, 25 ਸੱਟਾ ਪੁਆਇੰਟਾਂ ਅਤੇ 111 ਸਰਾਵਾਂ 'ਤੇ ਤਲਾਸ਼ੀ ਲਈ ।

ਇਸ ਤੋਂ ਇਲਾਵਾ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਜਾਰੀ ਰੱਖਦਿਆਂ ਵੀਰਵਾਰ ਨੂੰ 448 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ, ਜਿਸ ਨਾਲ ਸੂਬੇ ਭਰ ਵਿੱਚ 89 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ 71 ਐਫਆਈਆਰਜ਼ ਦਰਜ ਕੀਤੀਆਂ ਗਈਆਂ। ਇਸ ਦੇ ਨਾਲ, 55 ਦਿਨਾਂ ਦੇ ਅੰਦਰ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 7295 ਹੋ ਗਈ ਹੈ।

ਏਡੀਜੀਪੀ ਨੇ ਕਿਹਾ ਕਿ ਛਾਪੇਮਾਰੀਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਚੋਂ 2.8 ਕਿਲੋ ਹੈਰੋਇਨ, 3.5 ਕਿਲੋ ਅਫੀਮ ਅਤੇ 1.08 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ 77 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1500 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 200 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ ਛਾਪੇਮਾਰੀ ਕੀਤੀ ਅਤੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 498 ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ ਗਈ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਨੇ ਵਿਆਪਕ ਰਣਨੀਤੀ ਤਿਆਰ ਕੀਤੀ ਹੈ ਅਤੇ ਅਜਿਹੇ ਆਪ੍ਰੇਸ਼ਨ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਤੱਕ ਜਾਰੀ ਰਹਿਣਗੇ।

ਏਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਨੁਕਾਤੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ, ਜਿਸਦੇ ਤਹਿਤ ਪੰਜਾਬ ਪੁਲਿਸ ਨੇ 'ਨਸ਼ਾ ਛੁਡਾਉਣ' ਦੇ ਹਿੱਸੇ ਵਜੋਂ ਪੰਜ ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦੇ ਇਲਾਜ ਲਈ ਰਾਜ਼ੀ ਕੀਤਾ ਹੈ।

### ਭਾਰਤੀ ਜਲ ਸੈਨਾ ਵੱਲੋਂ ਸੂਰਤ 'ਚ ਮਿਜ਼ਾਈਲ ਦਾ

ਇਹ ਪ੍ਰਾਪਤੀ ਰੱਖਿਆ ਖੇਤਰ ਵਿੱਚ ਸਵੈ-ਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ। ਪਾਕਿਸਤਾਨ ਅਰਬ ਸਾਗਰ ਵਿੱਚ ਮਿਜ਼ਾਈਲ ਪ੍ਰੀਖਣ ਕਰਨ ਜਾ ਰਿਹਾ ਹੈ। ਅਰਬ ਸਾਗਰ ਵਿੱਚ ਕੀਤਾ ਗਿਆ ਇਹ ਸਫ਼ਲ ਪ੍ਰੀਖਣ ਇਸ ਲਈ ਵੀ ਬਹੁਤ ਮਹੱਤਵਪੂਰਨ ਹੈ ਕਿਉਂਕਿ ਪਾਕਿਸਤਾਨ ਇਸ ਖੇਤਰ ਵਿੱਚ ਮਿਜ਼ਾਈਲ ਪ੍ਰੀਖਣ ਵੀ ਕਰਨ ਜਾ ਰਿਹਾ ਹੈ। ਹਾਲ ਹੀ ਵਿੱਚ ਪਾਕਿਸਤਾਨ ਨੇ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਪਾਕਿਸਤਾਨ ਨੇ ਅਰਬ ਸਾਗਰ ਖੇਤਰ ਵਿੱਚ ਮਿਜ਼ਾਈਲਾਂ ਦਾ ਪ੍ਰੀਖਣ ਕਰਨ ਦਾ ਐਲਾਨ ਕੀਤਾ ਹੈ। ਇਹ ਮਿਜ਼ਾਈਲ ਸਤ੍ਹਾ ਤੋਂ ਸਤ੍ਹਾ 'ਤੇ ਹਮਲਾ ਕਰਨ ਵਾਲੀ ਮਿਜ਼ਾਈਲ ਹੋਵੇਗੀ। ਇਹ ਖਦਸ਼ਾ ਹੈ ਕਿ ਇਹ ਕਰਾਚੀ ਤੱਟ 'ਤੇ 24-25 ਅਪ੍ਰੈਲ ਨੂੰ ਕੀਤਾ ਜਾਵੇਗਾ।

### ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ

ਜਹਾਜ਼ ਬੋਰਡ ਕੀਤਾ ਲੇਕਿਨ ਬਿਜ਼ਨਸ ਕਲਾਸ ਸੀਟਾਂ ਦਾ ਬਹੁਤ ਹੀ ਬੁਰਾ ਹਾਲ ਤੇ ਸਾਫ਼ ਸਫਾਈ ਦੇ ਪੱਖੋਂ ਨਿਮਨ ਪੱਧਰ ਹੋਣ ਕਰਕੇ, ਮੇਰੇ ਵੱਲੋਂ ਅਤੇ ਕੁਝ ਯਾਤਰੀਆਂ ਵੱਲੋਂ ਇਸ ਉੱਤੇ ਇਤਰਾਜ਼ ਕੀਤਾ ਗਿਆ। ਮੌਕੇ ਉੱਤੇ ਸ਼ਿਕਾਇਤ ਕੀਤੇ ਜਾਣ ਉੱਤੇ ਏਅਰ ਇੰਡੀਆ ਦੇ ਸਟਾਫ ਮੈਂਬਰਾਂ ਨੇ ਵੀ ਦੁਰਵਿਵਹਾਰ ਕੀਤਾ ਹਾਲਾਂਕਿ ਜਹਾਜ਼ ਦਾ ਕਪਤਾਨ ਠੀਕ ਗੱਲ ਕਰ ਰਿਹਾ ਸੀ। ਇਸ ਮਗਰੋਂ ਦਾਸ ਅਤੇ ਕੁਝ ਹੋਰ ਯਾਤਰੀ ਰੋਸ ਵਜੋਂ ਜਹਾਜ਼ ਤੋਂ ਬਾਹਰ ਆ ਕੇ ਟਰਮੀਨਲ ਇਮੀਗ੍ਰੇਸ਼ਨ ਚੈੱਕ ਪੁਆਇੰਟ ਦੇ ਸਾਹਮਣੇ ਬੈਠ ਗਏ। ਏਅਰ ਇੰਡੀਆ ਵੱਲੋਂ ਬਿਜ਼ਨਸ ਕਲਾਸ ਦੇ ਨਾਮ ਹੇਠ ਦਿੱਤੀਆਂ ਜਾ ਰਹੀਆਂ ਸੇਵਾਵਾਂ ਅਤੇ ਉਨ੍ਹਾਂ ਦੇ ਸਟਾਫ ਵੱਲੋਂ ਦੁਰਵਿਵਹਾਰ ਦੀ ਮੈਂ ਕਰੜੀ ਨਿੰਦਾ ਕਰਦਾ ਹਾਂ ਅਤੇ ਇਸ ਮਸਲੇ ਦਾ ਤੁਰੰਤ ਹੱਲ ਕਰਕੇ ਚੰਗੇ ਪ੍ਰਬੰਧ ਕੀਤੇ ਜਾਣ। ਇਸ ਤੋਂ ਇਲਾਵਾ ਪਿਛਲੇ ਤਿੰਨ ਘੰਟਿਆਂ ਤੋਂ ਸਾਨੂੰ ਏਅਰਪੋਰਟ ਉੱਤੇ ਖੱਜਲ ਖੁਆਰ ਕੀਤਾ ਜਾ ਰਿਹਾ ਹੈ ਜੋ ਵੀ ਬਹੁਤ ਨਿੰਦਣਯੋਗ ਹੈ। ਏਅਰ ਇੰਡੀਆ ਅਧਿਕਾਰੀ ਸਾਡੇ ਪਾਸਪੋਰਟ ਲੈ ਕੇ ਗਏ ਹਨ ਪਰੰਤੂ ਮੁੜ ਕੇ ਸਾਡੇ ਨਾਲ ਕੋਈ ਸੰਪਰਕ ਨਹੀਂ ਕੀਤਾ, ਨਾ ਸਾਡਾ ਸਮਾਨ ਵਾਪਸ ਮਿਲਿਆ ਅਤੇ ਨਾ ਹੀ ਏਅਰ ਇੰਡੀਆ ਦੇ ਕਿਸੇ ਅਧਿਕਾਰੀ ਵੱਲੋਂ ਸਾਡੇ ਨਾਲ ਕੋਈ ਸੰਪਰਕ ਕੀਤਾ ਗਿਆ। ਇਮੀਗ੍ਰੇਸ਼ਨ ਕਾਊਂਟਰ ਦੇ ਸਾਹਮਣੇ ਪਿਛਲੇ ਤਿੰਨ ਘੰਟਿਆਂ ਤੋਂ ਭੁੱਖੇ ਤੇ ਪਿਆਸੇ ਬੈਠੇ ਹਾਂ, ਅਤਿ ਨਿੰਦਣਯੋਗ ਵਰਤਾਰਾ ਹੈ।

### ਗਿ. ਰਘਬੀਰ ਸਿੰਘ ਨਾਲ ਦੁਰਵਿਵਹਾਰ ਅਤਿ

ਵਿਦੇਸ਼ ਵਿੱਚ ਜਾ ਕੇ ਸਿੱਖੀ ਦਾ ਪ੍ਰਚਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਸਿੰਘ ਸਾਹਿਬ ਜੀ ਨੇ ਵਿਦੇਸ਼ਾਂ ਵਿੱਚ ਕਈ ਪ੍ਰਚਾਰ ਦੌਰੇ ਕੀਤੇ ਹਨ ਤੇ ਹੁਣ ਵੀ ਜਦੋਂ ਉਹ ਨਵੀਂ ਦਿੱਲੀ ਤੋਂ ਅਮਰੀਕਾ ਜਾ ਰਹੇ ਸਨ, ਤਾਂ ਏਅਰ ਇੰਡੀਆ ਵੱਲੋਂ ਬਿਜ਼ਨਸ ਕਲਾਸ ਦੀਆਂ ਟਿਕਟਾਂ ਹੋਣ ਦੇ ਬਾਵਜੂਦ ਬਹੁਤ ਮਾੜੇ ਹਾਲਤ ਵਾਲੀਆਂ ਸੀਟਾਂ ਉਨ੍ਹਾਂ ਸਮੇਤ ਹੋਰ ਯਾਤਰੀਆਂ ਨੂੰ ਦਿੱਤੀਆਂ ਗਈਆਂ ਜਿਸ ਦਾ ਉਨ੍ਹਾਂ ਨੇ ਮੌਕੇ ਉੱਤੇ ਵਿਰੋਧ ਕੀਤਾ ਹੈ।

ਜਥੇਦਾਰ ਗੜਗੱਜ ਨੇ ਕਿਹਾ ਕਿ ਵਿਰੋਧ ਕਰਨ ਤੋਂ ਬਾਅਦ ਹਵਾਈ ਅੱਡੇ ਦੇ ਅਧਿਕਾਰੀ ਸਿੰਘ ਸਾਹਿਬ ਸਮੇਤ ਹੋਰਨਾਂ ਦੇ ਪਾਸਪੋਰਟ ਲੈ ਗਏ ਤੇ ਪਿਛਲੇ ਕਈ ਘੰਟਿਆਂ ਤੋਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੂੰ ਭੁੱਖਣ ਭਾਣੇ ਬੈਠਾ ਕੇ ਰੱਖਿਆ ਹੋਇਆ ਹੈ, ਜੋ ਕਿ ਬਹੁਤ ਹੀ ਨਿੰਦਣਯੋਗ ਵਿਵਹਾਰ ਅਤੇ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਹਵਾਈਬਾਜ਼ੀ ਮੰਤਰੀ ਨੂੰ ਇਸ ਘਟਨਾ ਦਾ ਤੁਰੰਤ ਨੋਟਿਸ ਲੈ ਕੇ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਮੁੱਖ ਗ੍ਰੰਥੀ ਦੀ ਪਦਵੀਂ ਬਹੁਤ ਹੀ ਸਤਿਕਾਰਯੋਗ ਹੈ ਕਿਉਂਕਿ ਇਹ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਵੱਲੋਂ ਥਾਪੇ ਗਏ ਪਹਿਲੇ ਗ੍ਰੰਥੀ ਬਾਬਾ ਬੁੱਢਾ ਜੀ ਤੋਂ ਲੈ ਕੇ ਚੱਲਦੀ ਆ ਰਹੀ ਸਿੱਖਾਂ ਦੀ ਵਿਲੱਖਣ ਵਿਰਾਸਤ ਦਾ ਹਿੱਸਾ ਹੈ, ਇਸ ਲਈ ਕੇਂਦਰੀ ਏਜੰਸੀਆਂ ਅਤੇ ਹਵਾਈ ਅੱਡੇ ਉੱਤੇ ਤਾਇਨਾਤ ਅਧਿਕਾਰੀਆਂ ਨੂੰ ਇਨ੍ਹਾਂ ਦੇ ਸਤਿਕਾਰ ਤੇ ਸਨਮਾਨ ਦਾ ਹਮੇਸ਼ਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਉਹ ਸਿੰਘ ਸਾਹਿਬ ਨਾਲ ਸੰਪਰਕ ਕਰਕੇ ਸਮੁੱਚੀ ਘਟਨਾ ਦੀ ਜਾਣਕਾਰੀ ਲੈਣਗੇ।

### ਊਧਮਪੁਰ ਮੁਕਾਬਲੇ ਵਿੱਚ ਜਵਾਨ ਸ਼ਹੀਦ,

ਸਿਪਾਹੀ ਨੂੰ ਗੰਭੀਰ ਸੱਟਾਂ ਲੱਗੀਆਂ ਅਤੇ ਬਾਅਦ ਵਿੱਚ ਵਧੀਆ ਡਾਕਟਰੀ ਕੋਸ਼ਿਸ਼ਾਂ ਦੇ ਬਾਵਜੂਦ ਉਸ ਦੀ ਮੌਤ ਹੋ ਗਈ। ਫੌਜ ਨੇ ਅੱਗੇ ਕਿਹਾ ਕਿ ਕਾਰਵਾਈ ਅਜੇ ਵੀ ਜਾਰੀ ਹਨ।

### ਪਹਿਲਗਾਮ ਅੱਤਵਾਦੀ ਹਮਲਾ

'ਸਿਆਸੀ ਤਿਉਹਾਰ' ਮਨਾਇਆ ਸੀ। ਸੰਪਾਦਕੀ ਵਿਚ ਦਾਅਵਾ ਕੀਤਾ ਗਿਆ ਕਿ 5 ਅਗਸਤ 2019 ਮਗਰੋਂ ਹੁਣ ਤੱਕ ਜੰਮੂ ਕਸ਼ਮੀਰ ਵਿਚ 197 ਸੁਰੱਖਿਆ ਬਲ, 135 ਆਮ ਨਾਗਰਿਕ ਤੇ 700 ਦਹਿਸ਼ਤਗਰਦ ਮਾਰੇ ਜਾ ਚੁੱਕੇ ਹਨ। ਮਰਾਠੀ ਰੋਜ਼ਨਾਮਚੇ ਨੇ ਪੁੱਛਿਆ ਕਿ ਖੁਦ ਨੂੰ 'ਜੇਮਸ ਬਾਂਡ' ਦੱਸਣ ਵਾਲੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਕਿੱਥੇ ਸਨ? ਸੰਪਾਦਕੀ ਵਿਚ ਕਿਹਾ ਗਿਆ, "2019 ਪੁਲਵਾਮਾ ਹਮਲੇ ਮਗਰੋਂ ਪਹਿਲਗਾਮ ਹਮਲਾ ਇੰਟੈਲੀਜੈਂਸ ਦੀ ਨਾਕਾਮੀ ਸੀ। ਭਾਜਪਾ ਨੇ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਤੋਂ ਉਨ੍ਹਾਂ ਦੇ ਰਾਜ ਵਿੱਚ ਹਿੰਦੂਆਂ ਵਿਰੁੱਧ ਹਿੰਸਾ ਲਈ ਅਸਤੀਫ਼ਾ ਮੰਗਿਆ ਹੈ, ਪਰ ਕੌਮੀ ਭਗਵਾ ਪਾਰਟੀ (ਪਹਿਲਗਾਮ ਵਿੱਚ) ਹਿੰਦੂਆਂ ਦੇ ਕਤਲੇਆਮ ਦੀ ਜ਼ਿੰਮੇਵਾਰੀ ਲੈਣ ਲਈ ਤਿਆਰ ਨਹੀਂ ਹੈ।" ਸੰਪਾਦਕੀ ਵਿਚ ਕਿਹਾ ਗਿਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਝੂਠ ਬੋਲਿਆ ਜਦੋਂ ਉਨ੍ਹਾਂ ਕਿਹਾ ਕਿ 2016 ਦੀ ਨੋਟਬੰਦੀ ਅਤਿਵਾਦ ਦੀ 'ਰੀੜ੍ਹ ਦੀ ਹੱਡੀ ਤੋੜ ਦੇਵੇਗੀ'। ਇਸ ਵਿਚ ਕਿਹਾ ਗਿਆ ਹੈ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦਾਅਵਾ ਕੀਤਾ ਕਿ ਧਾਰਾ 370 ਨੂੰ ਰੱਦ ਕਰਨ ਤੋਂ ਬਾਅਦ ਕਸ਼ਮੀਰ ਘਾਟੀ ਵਿੱਚ ਅਤਿਵਾਦ ਖ਼ਤਮ ਹੋ ਗਿਆ ਹੈ, ਪਰ ਉੱਥੇ ਹਰ ਰੋਜ਼ ਖ਼ੂਨ ਵਹਾਇਆ ਜਾ ਰਿਹਾ ਹੈ। ਸੰਪਾਦਕੀ ਵਿਚ ਜ਼ੋਰ ਦਿੱਤਾ ਗਿਆ, "ਵਾਦੀ ਵਿੱਚ ਹਿੰਸਾ ਖ਼ਤਮ ਹੋਣ ਦੇ ਕੋਈ ਸੰਕੇਤ ਨਹੀਂ ਹਨ। ਹਿੰਦੂਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਅਤੇ (ਵਿਸਥਾਪਿਤ) ਕਸ਼ਮੀਰੀ ਪੰਡਤਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਹੋਏ ਹਨ। ਇਸ ਦੇ ਉਲਟ, ਹਿੰਦੂ (ਵਾਦੀ 'ਚੋਂ) ਭੱਜ ਰਹੇ ਹਨ। ਭਾਜਪਾ, ਜੋ ਹਿੰਦੂਆਂ ਦਾ ਮਸੀਹਾ ਹੋਣ ਦਾ ਦਾਅਵਾ ਕਰਦੀ ਹੈ, ਨੂੰ ਇਸ 'ਤੇ ਸ਼ਰਮ ਆਉਣੀ ਚਾਹੀਦੀ ਹੈ।" ਸੰਪਾਦਕੀ ਵਿਚ ਕਿਹਾ ਗਿਆ, "ਪਾਕਿਸਤਾਨ ਨੂੰ ਧਮਕੀ ਦੇਣ ਨਾਲ ਮਸਲੇ ਹੱਲ ਨਹੀਂ ਹੋਣ ਵਾਲੇ। ਇਸ ਨਾਲ ਸਿਰਫ਼ 'ਭਗਤਾਂ' (ਭਾਜਪਾ ਸਮਰਥਕਾਂ) ਨੂੰ ਚੰਗਾ ਲੱਗੇਗਾ। ਹਿੰਦੂਆਂ ਦੀ ਰੱਖਿਆ ਕੌਣ ਕਰੇਗਾ? ਹਿੰਦੂਆਂ ਦੇ ਮਰਨ ਤੋਂ ਬਾਅਦ ਰੋਣਾ ਅਤੇ ਵਿਰਲਾਪ ਕਰਨਾ ਅਤੇ ਫਿਰ ਪਾਕਿਸਤਾਨ ਅਤੇ ਮੁਸਲਮਾਨਾਂ ਨੂੰ ਦੋਸ਼ੀ ਠਹਿਰਾਉਣਾ ਉਨ੍ਹਾਂ ਦਾ (ਭਾਜਪਾ) ਕੰਮ ਹੈ। ਇਹ ਪੁਲਵਾਮਾ (ਹਮਲੇ) ਤੋਂ ਬਾਅਦ ਵੀ ਹੋਇਆ।" ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਹਮਲਾ ਕਰਦੇ ਹੋਏ, ਸੰਪਾਦਕੀ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਪਿਛਲੇ ਦਸ ਸਾਲਾਂ ਤੋਂ ਦੇਸ਼ ਭਰ ਵਿੱਚ ਧਾਰਮਿਕ ਲੀਹਾਂ 'ਤੇ ਨਫ਼ਰਤ ਫੈਲਾਈ ਜਾ ਰਹੀ ਹੈ।

### ਸਰਹੱਦ 'ਤੇ ਚੌਕਸੀ ਤੇ ਨਸ਼ਿਆਂ ਦੀ ਤਸਕਰੀ

ਹਮਲੇ, ਭਾਵੇਂ ਉਹ ਭੇਸ ਵਿੱਚ ਹੋਵੇ, ਨੂੰ ਰੋਕਣ ਦੀ ਇੱਛਾ ਸ਼ਕਤੀ, ਤਜਰਬਾ ਅਤੇ ਪੇਸ਼ੇਵਰ ਯੋਗਤਾ ਹੈ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ 5500 ਹੋਮ ਗਾਰਡ ਜਵਾਨਾਂ ਤੋਂ ਇਲਾਵਾ ਸੂਬੇ ਭਰ ਵਿੱਚ 400 ਤੋਂ ਵੱਧ ਹੋਰ ਜਵਾਨਾਂ ਦੀ ਭਰਤੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਜਵਾਨਾਂ ਨੂੰ ਸੜਕ ਸੁਰੱਖਿਆ ਫੋਰਸ (ਐਸ.ਐਸ.ਐਫ.), ਸਟੇਟ ਡਿਜਾਜਸਟਰ ਰਿਲੀਫ ਫੋਰਸ (ਐਸ.ਡੀ.ਆਰ.ਐਫ.) ਅਤੇ ਹੋਰਾਂ ਬਲਾਂ ਵਿੱਚ ਤਾਇਨਾਤ ਕੀਤਾ ਜਾਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਨੌਜਵਾਨਾਂ ਨੂੰ ਨੌਕਰੀਆਂ ਮੁਹੱਈਆ ਕਰਨ ਲਈ ਬਹੁਤ ਜਰੂਰੀ ਹੈ।

**ਚੜ੍ਹਦੀਕਲਾ**

**ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।**

**PRGI (RNI) Regd. No. 22972/1972**

**Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi**

**PRGI (RNI) Regd. No. 22972/1972**

# ਪਾਕਿਸਤਾਨ ਨਾਲ ਹੋਇਆ ਸਿੰਧੂ ਜਲ ਸਮਝੌਤਾ ਕੀ ਹੈ?



## ਜਿਸ ਨੂੰ ਪਹਿਲਗਾਮ ਹਮਲੇ ਦੇ ਬਾਅਦ ਭਾਰਤ ਨੇ ਰੋਕ ਦਿੱਤਾ ਹੈ




ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਹਮਲੇ ਤੋਂ ਬਾਅਦ, ਭਾਰਤ ਨੇ ਪਾਕਿਸਤਾਨ ਨਾਲ ਸਿੰਧੂ ਜਲ ਸੰਧੀ ਰੋਕ ਦਿੱਤੀ ਹੈ।
ਇਸ ਸੰਧੀ ਨੂੰ ਰੋਕਣ ਦਾ ਮਤਲਬ ਹੈ ਕਿ ਹੁਣ ਇਸ ਸੰਧੀ ਦੇ ਅਨੁਸਾਰ, ਭਾਰਤ ਪਾਕਿਸਤਾਨ ਨਾਲ ਕੋਈ ਵੀ ਜਾਣਕਾਰੀ ਸਾਂਝੀ ਨਹੀਂ ਕਰੇਗਾ ਅਤੇ ਨਾ ਹੀ ਇਸ ਨਾਲ ਸਬੰਧਤ ਕਿਸੇ ਵੀ ਮੀਟਿੰਗ ਵਿੱਚ ਹਿੱਸਾ ਲਵੇਗਾ।
ਇਹ ਫੈਸਲਾ ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਸੁਰੱਖਿਆ ਬਾਰੇ ਕੈਬਨਿਟ ਕਮੇਟੀ (ਸੀਸੀਐਸ) ਦੀ ਮੀਟਿੰਗ ਵਿੱਚ ਲਿਆ ਗਿਆ।
ਮੰਗਲਵਾਰ ਨੂੰ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹਮਲਾ ਹੋਇਆ, ਜਿਸ ਵਿੱਚ 26 ਲੋਕਾਂ ਦੀ ਮੌਤ ਹੋ ਗਈ ਹੈ ਅਤੇ ਕਈ ਜ਼ਖਮੀ ਹੋਏ ਹਨ।
ਇਸ ਹਮਲੇ ਤੋਂ ਬਾਅਦ ਹੀ



ਭਾਰਤ ਸਰਕਾਰ ਵੱਲੋਂ ਸਿੰਧੂ ਜਲ ਸੰਧੀ ਨੂੰ ਰੋਕਣ ਸਮੇਤ ਪਾਕਿਸਤਾਨ 'ਤੇ ਕੁਝ ਹੋਰ ਅਹਿਮ ਪਾਬੰਦੀਆਂ ਲਗਾਈਆਂ ਗਈਆਂ ਹਨ।
ਪਾਕਿਸਤਾਨ ਨੇ ਭਾਰਤ ਸਰਕਾਰ ਦੇ ਇਸ ਫੈਸਲੇ 'ਤੇ ਇਤਰਾਜ਼ ਜਤਾਇਆ ਹੈ। ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀਟੀਆਈ) ਦੇ ਆਗੂ ਅਤੇ ਪਾਕਿਸਤਾਨ ਦੇ ਸਾਬਕਾ ਸੂਚਨਾ ਅਤੇ ਤਕਨਾਲੋਜੀ ਮੰਤਰੀ ਚੌਧਰੀ ਫਵਾਦ ਹੁਸੈਨ ਨੇ ਕਿਹਾ ਕਿ ਭਾਰਤ ਅੰਤਰਰਾਸ਼ਟਰੀ ਕਾਨੂੰਨ ਦੇ ਤਹਿਤ ਅਜਿਹਾ ਨਹੀਂ ਕਰ ਸਕਦਾ।
ਉਨ੍ਹਾਂ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਪੋਸਟ ਕੀਤਾ, "ਅੰਤਰਰਾਸ਼ਟਰੀ ਕਾਨੂੰਨਾਂ ਦੇ ਤਹਿਤ, ਭਾਰਤ ਭਾਰਤੀ ਬੇਸਿਨ ਸੰਧੀ (ਸਿੰਧੂ ਜਲ ਸੰਧੀ) 'ਤੇ ਰੋਕ ਨਹੀਂ ਲਗਾ ਸਕਦਾ। ਅਜਿਹਾ ਕਰਨਾ ਸਮਝੌਤੇ ਨਾਲ ਸਬੰਧਤ ਕਾਨੂੰਨ ਦੀ ਘੋਰ ਉਲੰਘਣਾ ਹੋਵੇਗੀ।"
ਭਾਰਤ ਦੇ ਐਲਾਨ ਤੋਂ ਬਾਅਦ, ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਵੀਰਵਾਰ ਸਵੇਰੇ ਰਾਸ਼ਟਰੀ ਸੁਰੱਖਿਆ ਕਮੇਟੀ ਦੀ ਮੀਟਿੰਗ ਬੁਲਾਈ ਹੈ।

### ਪਿਛਲੇ ਸਾਲ ਭਾਰਤ ਨੇ ਭੇਜਿਆ ਸੀ ਨੋਟਿਸ

ਪਿਛਲੇ ਸਾਲ ਸੰਤਬਰ ਵਿੱਚ ਭਾਰਤ ਨੇ ਸਿੰਧੂ ਜਲ ਸਮਝੌਤੇ ਨੂੰ ਲੈ ਕੇ ਪਾਕਿਸਤਾਨ ਨੂੰ ਰਸਮੀ ਤੌਰ 'ਤੇ ਨੋਟਿਸ ਭੇਜਿਆ ਸੀ।
ਭਾਰਤ ਨੇ ਛੇ ਦਹਾਕੇ ਪੁਰਾਣੀ ਸਿੰਧੂ ਜਲ ਸੰਧੀ (ਇੰਡਸ ਵਾਟਰ ਟਰੀਟੀ) ਵਿੱਚ ਬਦਲਾਅ ਦੀ ਮੰਗ ਕੀਤੀ ਸੀ। ਕਿਸ਼ਨਗੰਗਾ ਅਤੇ ਰਤਲੇ ਪਣਬਿਜਲੀ ਪ੍ਰਾਜੈਕਟਾਂ ਬਾਰੇ ਲੰਬੇ ਸਮੇਂ ਤੋਂ ਚੱਲ ਰਹੇ ਵਿਵਾਦ ਨੇ ਭਾਰਤ ਨੂੰ ਸੰਧੀ ਵਿੱਚ ਸੋਧ ਦੀ ਮੰਗ ਕਰਨ ਲਈ ਪ੍ਰੇਰਿਆ ਸੀ।
ਖ਼ਬਰ ਏਜੰਸੀ ਏਐਨਆਈ ਮੁਤਾਬਕ, "ਭਾਰਤ ਨੇ 30 ਅਗਸਤ 2024 ਨੂੰ ਪਾਕਿਸਤਾਨ ਨੂੰ ਇੱਕ ਰਸਮੀ ਨੋਟਿਸ ਭੇਜਿਆ ਸੀ, ਜਿਸ ਵਿੱਚ ਸਿੰਧੂ ਜਲ ਸੰਧੀ (IWT) ਦੀ ਧਾਰਾ XII(3) ਦੇ ਤਹਿਤ ਸਿੰਧੂ ਜਲ ਸੰਧੀ ਦੀ ਸਮੀਖਿਆ ਅਤੇ ਸੋਧ ਦੀ ਮੰਗ ਕੀਤੀ ਗਈ ਸੀ।'
ਸਿੰਧੂ ਜਲ ਸੰਧੀ ਦੀ ਵਿਵਸਥਾ ਨੂੰ ਸਮੇਂ-ਸਮੇਂ 'ਤੇ ਦੋ ਸਰਕਾਰਾਂ ਵਿਚਕਾਰ ਉਸ ਉਦੇਸ਼ ਲਈ ਸੰਪੰਨ ਹੋਈ ਇੱਕ ਵਿਧੀਵਤ ਪ੍ਰਮਾਣਿਤ ਸੰਧੀ ਦੁਆਰਾ ਸੋਧਿਆ ਜਾ ਸਕਦਾ ਹੈ।
ਸਮਝੌਤੇ ਲਈ ਦੱਸੇ ਗਏ ਕਾਰਨਾਂ ਵਿੱਚ ਆਬਾਦੀ ਵਿੱਚ ਬਦਲਾਅ, ਵਾਤਾਵਰਣ ਦੇ ਮੁੱਦੇ ਅਤੇ ਭਾਰਤ ਦੇ ਨਿਕਾਸੀ ਟੀਚਿਆਂ ਨੂੰ ਪੂਰਾ ਕਰਨ ਲਈ ਸਵੱਛ ਊਰਜਾ ਦੇ ਵਿਕਾਸ ਵਿੱਚ ਤੇਜ਼ੀ ਲਿਆਉਣ ਦੀ ਲੋੜ ਸ਼ਾਮਲ ਸੀ।
ਭਾਰਤ ਨੇ ਕਿਹਾ ਕਿ ਸੀ ਸਮਝੌਤੇ ਤੋਂ ਬਾਅਦ ਹਾਲਾਤ ਬਹੁਤ ਬਦਲ ਗਏ ਹਨ। ਭਾਰਤ ਨੇ ਸਮੀਖਿਆ ਪਿੱਛੇ ਸਰਹੱਦ ਪਾਰ ਤੋਂ ਚੱਲ ਰਹੀਆਂ ਅੱਤਵਾਦੀ ਗਤੀਵਿਧੀਆਂ ਦਾ ਵੀ ਹਵਾਲਾ ਦਿੱਤਾ ਗਿਆ। ਭਾਰਤ ਨੇ ਕਿਹਾ ਸੀ ਕਿ ਅੱਤਵਾਦ ਸੰਧੀ ਦੇ ਸੁਚਾਰੂ ਸੰਚਾਲਨ ਵਿੱਚ ਰੁਕਾਵਟ ਪਾ ਰਿਹਾ ਹੈ।
ਸੰਧੀ ਅਨੁਸਾਰ ਸਿੰਧ, ਜੇਹਲਮ ਅਤੇ ਚਨਾਬ ਦੇ ਪਾਣੀ ਪਾਕਿਸਤਾਨ ਨੂੰ ਦਿੱਤੇ ਗਏ ਸਨ, ਜਦੋਂ ਕਿ ਪੂਰਬੀ ਦਰਿਆਵਾਂ (ਰਾਵੀ, ਬਿਆਸ, ਸਤਲੁਜ) ਉੱਤੇ ਭਾਰਤ ਦਾ ਅਧਿਕਾਰ ਹੈ। ਭਾਰਤ ਨੂੰ ਰਨ-ਆਫ-ਦ-ਰਿਵਰ ਪ੍ਰੋਜੈਕਟਾਂ ਤੋਂ ਬਿਜਲੀ ਪੈਦਾ ਕਰਨ ਦਾ ਅਧਿਕਾਰ ਹੈ।
ਹਾਲਾਂਕਿ, ਪਾਕਿਸਤਾਨ ਨੇ ਵਾਰ-ਵਾਰ ਇਨ੍ਹਾਂ ਪ੍ਰੋਜੈਕਟਾਂ 'ਤੇ ਇਤਰਾਜ਼ ਜਤਾਇਆ ਹੈ, ਇਸ ਤਰ੍ਹਾਂ ਭਾਰਤ ਨੂੰ ਪਾਣੀ ਦੇ ਪ੍ਰਵਾਹ ਨੂੰ ਪ੍ਰਭਾਵਿਤ ਕੀਤਾ ਗਿਆ ਹੈ।
ਸਿੰਧੂ ਜਲ ਸਮਝੌਤਾ ਹੋਏ ਨੂੰ 64 ਸਾਲ ਬੀਤ ਚੁੱਕੇ ਨੇ। 19 ਸਤੰਬਰ 1960 ਨੂੰ ਇਸ ਸਮਝੌਤੇ ਲਈ ਦਸਤਖ਼ਤ ਹੋਏ ਸਨ। ਇਸ ਰਿਪੋਰਟ ਵਿੱਚ ਇਸ ਸਮਝੌਤੇ ਬਾਰੇ ਵਿਸਥਾਰ ਬਾਰੇ ਜਾਣਦੇ ਹਾਂ।
ਪਾਕਿਸਤਾਨ ਨੇ ਕੀ ਜਵਾਬ ਦਿੱਤਾ
ਸਿੰਧੂ ਜਲ ਸਮਝੌਤੇ ਦੀ ਸਮੀਖਿਆ ਕੀਤੇ ਜਾਣ ਬਾਰੇ ਭਾਰਤ ਵੱਲੋਂ ਭੇਜੇ ਗਏ ਨੋਟਿਸ ਦਾ ਪਾਕਿਸਤਾਨ ਨੇ ਵੀ ਜਵਾਬ ਦਿੱਤਾ ਸੀ।
ਪਾਕਿਸਤਾਨ ਨੇ ਕਿਹਾ ਸੀ ਉਹ ਇਸ ਸਮਝੌਤੇ ਨੂੰ ਬਹੁਤ ਅਹਿਮ ਮੰਨਦਾ ਹੈ ਅਤੇ ਉਮੀਦ ਕਰਦਾ ਹੈ ਕਿ 64 ਸਾਲ ਪਹਿਲਾਂ ਹੋਏ ਇਸ ਸਮਝੌਤੇ ਦੀਆਂ ਧਾਰਾਵਾਂ ਨੂੰ ਭਾਰਤ ਵੀ ਮੰਨੇਗਾ।
ਪਾਕਿਸਤਾਨ ਦੇ ਵਿਦੇਸ਼ ਮੰਤਰਾਲੇ ਦੀ ਬੁਲਾਰਾ ਮੁਮਤਾਜ਼ ਜ਼ਾਹਰਾ ਬਲੋਚ ਨੇ ਪੱਤਰਕਾਰਾਂ ਨੂੰ ਕਿਹਾ ਸੀ, "ਪਾਕਿਸਤਾਨ ਸਿੰਧ ਜਲ ਸਮਝੌਤੇ ਨੂੰ ਅਹਿਮ ਮੰਨਦਾ ਹੈ ਅਤੇ ਉਮੀਦ ਕਰਦਾ ਹੈ ਕਿ ਭਾਰਤ ਇਸ ਦੀਆਂ ਧਾਰਾਵਾਂ ਦਾ ਪਾਲਣ ਕਰੇਗਾ।"
ਬਲੋਚ ਨੇ ਕਿਹਾ ਸੀ ਕਿ ਦੋਵਾਂ ਦੇਸਾਂ ਦੇ ਵਿੱਚ ਇੰਡਸ ਕਮਿਸ਼ਨਰਜ਼ ਦੀ ਇੱਕ ਪ੍ਰਣਾਲੀ ਹੈ ਅਤੇ ਇਸ ਸੰਧੀ ਨਾਲ ਜੁੜੇ ਮੁੱਦਿਆਂ ਉੱਤੇ ਗੱਲਬਾਤ ਕੀਤੀ ਜਾ ਸਕਦੀ ਹੈ।

### ਕੀ ਹੈ ਸਿੰਧੂ ਜਲ ਸਮਝੌਤਾ?

ਸਿੰਧੂ ਨਦੀ ਦਾ ਇਲਾਕਾ ਕਰੀਬ 11.2 ਲੱਖ ਕਿਲੋਮੀਟਰ ਖੇਤਰ ਵਿੱਚ ਫੈਲਿਆ ਹੋਇਆ ਹੈ।
ਇਹ ਇਲਾਕਾ ਪਾਕਿਸਤਾਨ (47 ਫੀਸਦ), ਭਾਰਤ (39 ਫੀਸਦ), ਚੀਨ (8 ਫੀਸਦ) ਅਤੇ ਅਫ਼ਗਾਨਿਸਤਾਨ (6 ਫੀਸਦ) ਵਿੱਚ ਪੈਂਦਾ ਹੈ।
ਇੱਕ ਅੰਕੜੇ ਮੁਤਾਬਕ ਕਰੀਬ 30 ਕਰੋੜ ਲੋਕ ਸਿੰਧੂ ਨਦੀ ਦੇ ਨੇੜਲੇ ਇਲਾਕਿਆਂ ਵਿੱਚ ਰਹਿੰਦੇ ਹਨ।
ਕਈ ਵਾਰ ਉਠੀ ਸਮਝੌਤਾ ਰੱਦ ਕਰਨ ਦੀ ਮੰਗ
ਪਿਛਲੇ ਕੁਝ ਸਾਲਾਂ ਦੌਰਾਨ ਭਾਰਤ-ਪਾਕਿਸਤਾਨ ਵਿਚਾਲੇ ਜਿੰਨੀ ਵਾਰ ਵਿਵਾਦ ਵਧਿਆ ਹੈ, ਓਨੀਂ ਵਾਰ ਸਿੰਧੂ ਜਲ ਸਮਝੌਤੇ ਨੂੰ ਤੋੜਨ ਦੀ ਗੱਲ ਉਠਦੀ ਰਹੀ ਹੈ।
ਸਿੰਧੂ ਜਲ ਸਮਝੌਤੇ ਨੂੰ ਦੋ ਦੇਸ਼ਾਂ ਵਿਚਾਲੇ ਜਲ ਵਿਵਾਦ 'ਤੇ ਇੱਕ ਸਫ਼ਲ ਕੌਮਾਂਤਰੀ ਉਦਾਹਰਣ ਦੱਸਿਆ ਜਾਂਦਾ ਹੈ।
1960 ਵਿੱਚ ਭਾਰਤ ਦੇ ਪ੍ਰਧਾਨ ਮੰਤਰੀ ਜਵਾਹਰਲਾਲ ਨਹਿਰੂ ਅਤੇ ਪਾਕਿਸਤਾਨ ਦੇ ਰਾਸ਼ਟਰਪਤੀ ਅਯੂਬ ਖ਼ਾਨ ਨੇ ਸਿੰਧੂ ਜਲ ਸਮਝੌਤਾ ਕੀਤਾ ਸੀ।
ਦੋਵੇਂ ਦੇਸ਼ਾਂ ਵਿਚਾਲੇ ਦੋ ਜੰਗਾਂ ਅਤੇ ਇੱਕ ਸੀਮਤ ਜੰਗ ਕਾਰਗਿਲ ਅਤੇ ਹਜ਼ਾਰਾਂ ਦਿੱਕਤਾਂ ਦੇ ਬਾਵਜੂਦ ਇਹ ਸਮਝੌਤਾ ਕਾਇਮ ਹੈ। ਵਿਰੋਧ ਦੇ ਸੁਰ ਉੱਠਦੇ ਰਹੇ ਹਨ ਪਰ ਸਮਝੌਤੇ 'ਤੇ ਅਸਰ ਨਹੀਂ ਪਿਆ।
ਉਰੀ ਅੱਤਵਾਦੀ ਹਮਲੇ ਅਤੇ ਪੁਲਵਾਮਾ ਹਮਲੇ ਤੋਂ ਬਾਅਦ ਵੀ ਕਿਆਸ ਲੱਗੇ ਹਨ ਕਿ ਕੀ ਭਾਰਤ, ਸਿੰਧੂ ਜਲ ਸਮਝੌਤਾ ਰੱਦ ਕਰ ਸਕਦਾ ਹੈ ਪਰ ਅਜਿਹਾ ਨਹੀਂ ਹੋਇਆ।
ਸਿੰਧੂ ਬੇਸਿਨ ਟ੍ਰੀਟੀ 'ਤੇ 1993 ਤੋਂ 2011 ਤੱਕ ਪਾਕਿਸਤਾਨ ਦੇ ਕਮਿਸ਼ਨਰ ਰਹੇ ਜਮਾਤ ਅਲੀ ਸ਼ਾਹ ਮੁਤਾਬਕ, "ਇਸ ਸਮਝੌਤੇ ਦੇ ਨਿਯਮਾਂ ਮੁਤਾਬਕ ਕੋਈ ਵੀ ਇੱਕਪਾਸੜ ਹੋ ਕੇ ਇਸ ਸਮਝੌਤੇ ਨੂੰ ਰੱਦ ਨਹੀਂ ਕਰ ਸਕਦਾ ਹੈ ਜਾਂ ਬਦਲ ਨਹੀਂ ਸਕਦਾ ਹੈ।
ਦੋਵੇਂ ਦੇਸ਼ ਮਿਲ ਕੇ ਇਸ ਸਮਝੌਤੇ ਵਿੱਚ ਬਦਲਾ ਕਰ ਸਕਦੇ ਹਨ ਜਾਂ ਇੱਕ ਨਵਾਂ ਸਮਝੌਤਾ ਬਣਾ ਸਕਦੇ ਹਨ।
ਉਥੇ ਹੀ ਪਾਣੀ 'ਤੇ ਗਲੋਬਲ ਝਗੜਿਆਂ 'ਤੇ ਕਿਤਾਬ ਲਿਖਣ ਵਾਲੇ ਚੇਲਾਨੀ ਨੇ 'ਦਿ ਹਿੰਦੂ' ਵਿੱਚ ਇੱਕ ਵਾਰ ਲਿਖਿਆ ਸੀ, "ਭਾਰਤ ਵਿਅਨਾ ਸਮਝੌਤੇ ਦੇ ਲਾਅ ਆ ਟ੍ਰੀਟੀਜ਼ ਦੀ ਧਾਰਾ 62 ਦੇ ਅੰਤਰਗਤ ਇਸ ਆਧਾਰ 'ਤੇ ਸੰਧੀ ਤੋਂ ਪਿੱਛੇ ਹਟ ਸਕਦਾ ਹੈ ਕਿ ਪਾਕਿਸਤਾਨ ਅੱਤਵਾਦੀ ਗੁੱਟਾਂ ਦੀ ਵਰਤੋਂ ਉਸ ਦੇ ਖ਼ਿਲਾਫ਼ ਕਰ ਰਿਹਾ ਹੈ।"
"ਕੌਮਾਂਤਰੀ ਅਦਾਲਤ ਨੇ ਕਿਹਾ ਹੈ ਕਿ ਜੇਕਰ ਬੁਨਿਆਦੀ ਹਾਲਾਤ ਵਿੱਚ ਬਦਲਾਅ ਹੋਵੇ ਤਾਂ ਕਿਸੇ ਸੰਧੀ ਨੂੰ ਰੱਦ ਕੀਤਾ ਜਾ ਸਕਦਾ ਹੈ।"

### ਸਿੰਧੂ ਜਲ ਸਮਝੌਤੇ ਦੇ ਪਿੱਛੇ ਦੀ ਕਹਾਣੀ

ਅਮਰੀਕਾ ਦੀ ਆਰੇਗਨ ਸਟੇਟ ਯੂਨੀਵਰਸਿਟੀ ਦੀ ਵੈਬਸਾਈਟ 'ਤੇ ਇਸ ਸਮਝੌਤੇ ਪਿੱਛੇ ਦੀ ਕਹਾਣੀ ਹੈ।
ਐਰੋਨ ਵੋਲਫ਼ ਅਤੇ ਜੋਸ਼ੂਐ ਨਿਊਟਨ ਆਪਣੀ ਕੇਸ ਸਟੱਡੀ ਵਿੱਚ ਦੱਸਦੇ ਹਨ ਕਿ ਇਹ ਝਗੜਾ 1947 ਭਾਰਤ ਦੀ ਵੰਡ ਤੋਂ ਪਹਿਲਾਂ ਤੋਂ ਹੀ ਸ਼ੁਰੂ ਹੋ ਗਿਆ ਸੀ, ਖ਼ਾਸ ਕਰਕੇ ਪੰਜਾਬ ਅਤੇ ਸਿੰਧ ਪ੍ਰਾਂਤਾਂ ਵਿਚਾਲੇ।
1947 ਵਿੱਚ ਭਾਰਤ ਅਤੇ ਪਾਕਿਸਤਾਨ ਦੇ ਇੰਜੀਨੀਅਰ ਮਿਲੇ ਅਤੇ ਉਨ੍ਹਾਂ ਨੇ ਪਾਕਿਸਤਾਨ ਵਾਲੇ ਪਾਸੇ ਆਉਣ ਵਾਲੀਆਂ ਦੋ ਮੁੱਖ ਨਹਿਰਾਂ 'ਤੇ ਇੱਕ 'ਸਟੈਂਡਸਟਿਲ ਸਮਝੌਤੇ' ਉਪਰ ਹਸਤਾਖ਼ਰ ਕੀਤੇ, ਜਿਸ ਮੁਤਾਬਕ ਪਾਕਿਸਤਾਨ ਨੂੰ ਲਗਾਤਾਰ ਪਾਣੀ ਮਿਲਦਾ ਰਿਹਾ।
ਇਹ ਸਮਝੌਤਾ 31 ਮਾਰਚ 1948 ਤੱਕ ਲਾਗੂ ਸੀ।
ਜਮਾਤ ਅਲੀ ਸ਼ਾਹ ਮੁਤਾਬਕ ਇੱਕ ਅਪ੍ਰੈਲ 1948 ਨੂੰ ਜਦੋਂ ਸਮਝੌਤਾ ਲਾਗੂ ਨਹੀਂ ਰਿਹਾ ਤਾਂ ਭਾਰਤ ਨੇ ਦੋ ਮੁੱਖ ਨਹਿਰਾਂ ਦਾ ਪਾਣੀ ਰੋਕ ਦਿੱਤਾ ਜਿਸ ਵਿੱਚ ਪਾਕਿਸਤਾਨੀ ਪੰਜਾਬ ਦੀ 17 ਲੱਖ ਏਕੜ ਜ਼ਮੀਨ 'ਤੇ ਹਾਲਾਤ ਖ਼ਰਾਬ ਹੋ ਗਏ।
ਭਾਰਤ ਦੇ ਇਸ ਕਦਮ ਦੇ ਕਈ ਕਾਰਨ ਦੱਸੇ ਗਏ ਜਿਸ ਵਿੱਚ ਇੱਕ ਸੀ ਕਿ ਭਾਰਤ ਕਸ਼ਮੀਰ ਮੁੱਦੇ 'ਤੇ ਪਾਕਿਸਤਾਨ 'ਤੇ ਦਬਾਅ ਬਣਾਉਣਾ ਚਾਹੁੰਦਾ ਸੀ। ਬਾਅਦ ਵਿੱਚ ਹੋਏ ਸਮਝੌਤੇ ਤੋਂ ਬਾਅਦ ਭਾਰਤ ਪਾਣੀ ਦੀ ਪੂਰਤੀ ਜਾਰੀ ਰੱਖਣ 'ਤੇ ਰਾਜ਼ੀ ਹੋ ਗਿਆ।
ਸਟੱਡੀ ਮੁਤਾਬਕ 1951 ਵਿੱਚ ਪ੍ਰਧਾਨ ਮੰਤਰੀ ਨਹਿਰੂ ਨੇ ਟੈਨਸੀ ਵੈਲੀ ਓਥੋਰਿਟੀ ਦੇ ਸਾਬਕਾ ਮੁਖਈ ਡੇਵਿਡ ਲਿਲੀਅੰਥਲ ਨੂੰ ਭਾਰਤ ਬੁਲਾਇਆ।
ਲਿਲੀਅੰਥਲ ਪਾਕਿਸਤਾਨ ਵੀ ਗਏ ਅਤੇ ਵਾਪਸ ਅਮਰੀਕਾ ਵਾਪਸ ਆ ਕੇ ਉਨ੍ਹਾਂ ਨੇ ਸਿੰਧੂ ਨਦੀ ਦੀ ਵੰਡ 'ਤੇ ਇੱਕ ਲੇਖ ਲਿਆ। ਇਹ ਲੇਖ ਵਿਸ਼ਵ ਬੈਂਕ ਮੁਖੀ ਅਤੇ ਲਿਲੀਅੰਥਲ ਦੇ ਦੋਸਤ ਡੇਵਿਡ ਬਲੈਕ ਨੇ ਵੀ ਪੜ੍ਹਿਆ ਅਤੇ ਬਲੈਕ ਨੇ ਭਾਰਤ ਅਤੇ ਪਾਕਿਸਤਾਨ ਨੂੰ ਇਸ ਬਾਰੇ ਸੰਪਰਕ ਕੀਤਾ ਅਤੇ ਫਿਰ ਸ਼ੁਰੂ ਹੋਇਆ ਦੋਵਾਂ ਪੱਖਾਂ ਵਿਚਾਲੇ ਬੈਠਕਾਂ ਦਾ ਸਿਲਸਿਲਾ।
ਇਹ ਬੈਠਕਾਂ ਕਰੀਬ ਇੱਕ ਦਹਾਕੇ ਤੱਕ ਚੱਲੀਆਂ ਅਤੇ ਆਖ਼ਰਕਾਰ 19 ਸਿਤੰਬਰ 1960 ਨੂੰ ਕਰਾਚੀ ਵਿੱਚ ਸਿੰਧੂ ਨਦੀ ਸਮਝੌਤੇ 'ਤੇ ਹਸਤਾਖ਼ਰ ਹੋਏ।
ਸਿੰਧੂ ਜਲ ਸਮਝੌਤੇ ਦੀਆਂ




ਮੁੱਖ ਗੱਲਾਂ
1. ਸਮਝੌਤੇ ਦੇ ਅੰਤਰਗਤ ਸਿੰਧੂ ਨਦੀ ਦੀਆਂ ਸਹਾਇਕ ਨਦੀਆਂ ਨੂੰ ਪੂਰਬੀ ਅਤੇ ਪੱਛਮੀ ਨਦੀਆਂ ਵਿੱਚ ਵੰਡਿਆ ਗਿਆ। ਸਤਲੁਜ, ਬਿਆਸ ਅਤੇ ਰਾਵੀ ਨਦੀਆਂ ਨੂੰ ਪੂਰਬੀ ਨਦੀ ਦੱਸਿਆ ਗਿਆ ਅਤੇ ਜਦ ਕਿ ਝੇਲਮ, ਚੇਨਾਬ ਅਤੇ ਸਿੰਧੂ ਨੂੰ ਪੱਛਮੀ ਨਦੀ ਦੱਸਿਆ ਗਿਆ।
2. ਸਮਝੌਤੇ ਮੁਤਾਬਕ ਪੂਰਬੀ ਨਦੀਆਂ ਦਾ ਪਾਣੀ ਕੁਝ ਨੂੰ ਛੱਡ ਦਈਏ ਤਾਂ ਭਾਰਤ ਬਿਨਾ ਰੋਕਟੋਕ ਦੇ ਇਸਤਮਾਲ ਕਰ ਸਕਦਾ ਹੈ। ਪੱਛਮੀ ਨਦੀਆਂ ਦਾ ਪਾਣੀ ਪਾਕਿਸਤਾਨ ਦੇ ਲਈ ਹੋਵੇਗਾ ਪਰ ਸਮਝੌਤੇ ਅੰਦਰ ਕੁਝ ਨਦੀਆਂ ਦੇ ਪਾਣੀ ਦੀ ਸੀਮਤ ਵਰਤੋਂ ਕਰਨਾ ਦਾ ਅਧਿਕਾਰ ਭਾਰਤ ਨੂੰ ਦਿੱਤਾ ਗਿਆ ਹੈ, ਜਿਵੇਂ ਬਿਜਲੀ ਬਣਾਉਣਾ, ਖੇਤੀ ਲਈ ਸੀਮਤ ਪਾਣੀ, ਕਾਨਟ੍ਰੈਕਟ ਵਿੱਚ ਬੈਠਕ, ਸਾਈਟ ਨਿਰੀਖਣ ਆਦਿ ਦੀ ਤਜਵੀਜ਼ ਹੈ।
3.ਸਮਝੌਤੇ ਦੇ ਅੰਤਰਗਤ ਇੱਕ ਸਥਾਈ ਸਿੰਧੂ ਕਮਿਸ਼ਨ ਦੀ ਸਥਾਪਨਾ ਕੀਤੀ ਗਈ। ਇਸ ਵਿੱਚ ਦੋਵਾਂ ਦੇਸ਼ਾਂ ਦੇ ਕਮਿਸ਼ਨਰਾਂ ਦੇ ਮਿਲਣ ਦੀ ਤਜਵੀਜ਼ ਸੀ। ਇਹ ਕਮਿਸ਼ਨਰ ਹਰ ਕੁਝ ਸਮੇਂ ਵਿੱਚ ਇੱਕ-ਦੂਜੇ ਤੋਂ ਮਿਲਣਗੇ ਅਤੇ ਕਿਸੇ ਵੀ ਪਰੇਸ਼ਾਨੀ 'ਤੇ ਗੱਲ ਕਰਨਗੇ।
4. ਜੇਕਰ ਕੋਈ ਦੇਸ਼ ਕਿਸੇ ਪ੍ਰੋਜੈਕਟ 'ਤੇ ਕੰਮ ਕਰਦਾ ਹੈ ਅਤੇ ਦੂਜੇ ਦੇਸ਼ ਨੂੰ ਉਸ ਦੇ ਡਿਜ਼ਾਈਨ 'ਤੇ ਇਤਰਾਜ਼ ਹੈ ਤਾਂ ਦੂਜਾ ਦੇਸ਼ ਉਸਦਾ ਜਵਾਬ ਦੇਵੇਗਾ, ਦੋਵਾਂ ਪੱਖਾਂ ਦੀਆਂ ਬੈਠਕਾਂ ਹੋਣਗੀਆਂ। ਜੇਕਰ ਕਮਿਸ਼ਨ ਸਮੱਸਿਆ ਦਾ ਹੱਲ ਨਹੀਂ ਲੱਭ ਸਕਦੀ ਹੈ ਤਾਂ ਸਰਕਾਰਾਂ ਉਸ ਨੂੰ ਸੁਲਝਾਉਣ ਦੀ ਕੋਸ਼ਿਸ਼ ਕਰਨਗੀਆਂ।
5. ਇਸ ਤੋਂ ਇਲਾਵਾ ਸਮਝੌਤੇ ਵਿੱਚ ਵਿਵਾਦ ਦਾ ਹਲ ਲੱਭਣ ਲਈ ਮਾਹਿਰ ਦੀ ਮਦਦ ਲੈਣ ਜਾਂ ਕੋਰਟ ਆਫ ਆਰਬੀਟੇਸ਼ਨ ਵਿੱਚ ਜਾਣ ਦਾ ਵੀ ਰਸਤਾ ਸੁਝਾਇਆ ਗਿਆ ਹੈ।



### ਸਮਝੌਤੇ ਤਹਿਤ ਭਾਰਤ-ਪਾਕਿਸਤਾਨ ਦਾ ਕੀ ਹੱਕ

ਸਿੰਧੂ-ਤਾਸ ਸਮਝੌਤੇ ਤਹਿਤ ਪੱਛਮੀ ਨਦੀਆਂ ਯਾਨਿ ਜੇਹਲਮ, ਸਿੰਧ ਅਤੇ ਚਿਨਾਬ ਦਾ ਕੰਟਰੋਲ ਪਾਕਿਸਤਾਨ ਨੂੰ ਦਿੱਤਾ ਗਿਆ ਹੈ।
ਇਸ ਤਹਿਤ ਇਨ੍ਹਾਂ ਨਦੀਆਂ ਦੇ 80 ਫੀਸਦੀ ਪਾਣੀ 'ਤੇ ਪਾਕਿਤਸਾਨ ਦਾ ਹੱਕ ਹੈ।
ਭਾਰਤ ਨੂੰ ਇਨ੍ਹਾਂ ਨਦੀਆਂ ਦੇ ਵਹਿੰਦੇ ਹੋਏ ਪਾਣੀ ਤੋਂ ਬਿਜਲੀ ਬਣਾਉਣ ਦਾ ਹੱਕ ਹੈ, ਪਰ ਨਦੀ ਨੂੰ ਰੋਕਣ ਜਾਂ ਨਦੀਆਂ ਦੀ ਧਾਰਾ ਵਿੱਚ ਬਦਲਾਅ ਕਰਨ ਦਾ ਹੱਕ ਨਹੀਂ ਹੈ।
ਪੂਰਬੀ ਨਦੀਆਂ ਯਾਨਿ ਰਾਵੀ, ਸਤਲੁਜ ਅਤੇ ਬਿਆਸ ਦਾ ਕੰਟਰੋਲ ਭਾਰਤ ਦੇ ਹੱਥ ਵਿੱਚ ਦਿੱਤਾ ਗਿਆ ਹੈ।
ਭਾਰਤ ਨੂੰ ਇਨ੍ਹਾਂ ਨਦੀਆਂ 'ਤੇ ਪ੍ਰਾਜੈਕਟ ਵਗੈਰਾ ਬਣਾਉਣ ਦਾ ਹੱਕ ਹਾਸਲ ਹੈ, ਜਿਨ੍ਹਾਂ 'ਤੇ ਪਾਕਿਸਤਾਨ ਵਿਰੋਧ ਨਹੀਂ ਕਰ ਸਕਦਾ ਹੈ।
ਇਸ ਕਮਿਸ਼ਨ ਦੇ ਮੈਂਬਰ ਵਾਰੀ-ਵਾਰੀ ਨਾਲ ਇੱਕ ਵਾਰ ਭਾਰਤ ਅਤੇ ਇੱਕ ਵਾਰ ਪਾਕਿਸਤਾਨ ਵਿੱਚ ਬੈਠਕ ਕਰਦੇ ਹਨ।
ਇਨ੍ਹਾਂ ਬੈਠਕਾਂ ਵਿੱਚ ਸਰਕਾਰਾਂ ਦੇ ਪ੍ਰਤੀਨਿਧੀਆਂ ਤੋਂ ਇਲਾਵਾ ਇੰਜੀਨੀਅਰ ਅਤੇ ਤਕਨੀਕੀ ਮਾਹਿਰ ਵੀ ਸ਼ਾਮਲ ਹੁੰਦੇ ਹਨ।
ਇਨ੍ਹਾਂ ਦੀਆਂ ਇਹ ਬੈਠਕਾਂ ਬੇਹੱਦ ਅਹਿਮ ਹੁੰਦੀਆਂ ਹਨ। ਇਨ੍ਹਾਂ ਬੈਠਕਾਂ ਵਿੱਚ ਉਹ ਹੜ੍ਹ ਦੇ ਅੰਕੜਿਆਂ, ਪ੍ਰਾਜੈਕਟ ਵੇਰਵੇ, ਜਲ ਪ੍ਰਵਾਹ ਅਤੇ ਮੀਂਹ ਦੀ ਸਥਿਤੀ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਚਰਚਾ ਕਰਦੇ ਹਨ।
ਗਾਰਗੀ ਪਰਸਾਈ ਭਾਰਤੀ ਪੱਤਰਕਾਰ ਹਨ ਅਤੇ ਸਿੰਧੂ-ਤਾਸ ਸਮਝੌਤੇ ਦੀਆਂ ਬੈਠਕਾਂ ਨੂੰ ਉਹ ਕਈ ਸਾਲਾਂ ਤੋਂ ਦੇਖਦੀ ਆ ਰਹੇ ਹਨ।
ਉਹ ਕਹਿੰਦੇ ਹਨ, ''ਇਸ ਦੀ ਬੈਠਕ ਵਿੱਚ ਇੰਜੀਨੀਅਰ ਅਤੇ ਤਕਨੀਕੀ ਮਾਹਿਰ ਸ਼ਾਮਲ ਹੁੰਦੇ ਹਨ। ਤਕਨੀਕੀ ਪੱਧਰ 'ਤੇ ਵਿਵਾਦਮਈ ਯੋਜਨਾਵਾਂ ਅਤੇ ਮੁੱਦਿਆਂ 'ਤੇ ਚਰਚਾ ਕੀਤੀ ਜਾਂਦੀ ਹੈ। ਜੇਕਰ ਤਕਨੀਕੀ ਪੱਧਰ 'ਤੇ ਗੱਲ ਨਹੀਂ ਹੋਈ ਅਤੇ ਹਰ ਮਾਮਲੇ ਵਿੱਚ ਸਰਕਾਰ ਨਾਲ ਸੰਪਰਕ ਕੀਤਾ ਗਿਆ ਤਾਂ ਕਈ ਮੁੱਦੇ ਰਾਜਨੀਤਕ ਰੰਗ ਲੈ ਲੈਣਗੇ।''
ਇਸ ਸਮਝੌਤੇ ਵਿੱਚ ਮੁਸ਼ਕਿਲਾਂ ਉਦੋਂ ਸ਼ੁਰੂ ਹੋਈਆਂ ਜਦੋਂ ਭਾਰਤ ਨੇ ਪੱਛਮੀ ਨਦੀਆਂ 'ਤੇ ਜਲ ਬਿਜਲੀ ਪ੍ਰਾਜੈਕਟਾਂ ਦਾ ਨਿਰਮਾਣ ਸ਼ੁਰੂ ਕੀਤਾ।
ਪਾਕਿਸਤਾਨ ਨੂੰ ਇਸ ਗੱਲ ਦੀ ਚਿੰਤਾ ਸੀ ਕਿ ਇਨ੍ਹਾਂ ਪ੍ਰਾਜੈਕਟਾਂ ਨਾਲ ਪਾਕਿਤਸਾਨ ਲਈ ਪਾਣੀ ਦਾ ਪ੍ਰਵਾਹ ਘੱਟ ਹੋ ਜਾਵੇਗਾ।
ਦੋਵੇਂ ਦੇਸ਼ਾਂ ਦੇ ਮਾਹਿਰਾਂ ਨੇ 1978 ਵਿੱਚ ਸਲਾਲ ਬੰਨ੍ਹ ਵਿਵਾਦ ਨੂੰ ਗੱਲਬਾਤ ਨਾਲ ਸੁਲਝਾਇਆ।
ਫਿਰ ਆਇਆ ਬਗਲਿਹਾਰ ਬੰਨ੍ਹ ਦਾ ਮੁੱਦਾ। ਇਸ ਨੂੰ 2007 ਵਿੱਚ ਵਿਸ਼ਵ ਬੈਂਕ ਦੇ ਇੱਕ ਨਿਰਪੱਖ ਸਾਲਸੀ ਦੀ ਮਦਦ ਨਾਲ ਸੁਲਝਾਇਆ ਗਿਆ ਸੀ।
ਕਿਸ਼ਨ ਗੰਗਾ ਪ੍ਰਾਜੈਕਟ ਵੀ ਇੱਕ ਵਿਵਾਦਮਈ ਪ੍ਰਾਜੈਕਟ ਸੀ। ਇਹ ਮਾਮਲਾ ਅੰਤਤਰਾਸ਼ਟਰੀ ਸਾਲਸੀ ਵਿੱਚ ਅਦਾਲਤ ਤੱਕ ਪਹੁੰਚ ਗਿਆ ਸੀ ਜਿਸ ਦਾ ਫੈਸਲਾ 2013 ਵਿੱਚ ਕੀਤਾ ਗਿਆ ਸੀ।
ਸਿੰਧੂ ਕਮਿਸ਼ਨ ਦੀਆਂ ਬੈਠਕਾਂ ਨੇ ਇਨ੍ਹਾਂ ਵਿਵਾਦਾਂ ਨੂੰ ਸੁਲਝਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।





## ਸੰਪਾਦਕੀ

# ਅੱਤਵਾਦੀ ਹਮਲਾ

ਜੰਮੂ-ਕਸ਼ਮੀਰ 'ਚ ਪਿਛਲੇ ਕੁਝ ਸਮੇਂ 'ਚ ਅੱਤਵਾਦੀ ਸੰਗਠਨਾਂ ਦੇ ਹਮਲਿਆਂ ਅਤੇ ਗਤੀਵਿਧੀਆਂ 'ਚ ਵਾਧਾ ਦੇਖ ਕੇ ਇਹ ਚਿੰਤਾ ਪੈਦਾ ਹੋਣੀ ਸੁਭਾਵਿਕ ਹੈ ਕਿ ਕੀ ਇਹ ਸਮੱਸਿਆ ਇਕ ਵਾਰ ਫਿਰ ਗੁੰਝਲਦਾਰ ਰੂਪ ਧਾਰਨ ਕਰ ਰਹੀ ਹੈ। ਇਹ ਸਪੱਸ਼ਟ ਹੈ ਕਿ ਉਹ ਭਾਰਤ ਵਿਚ ਅੱਤਵਾਦ ਦੇ ਜ਼ਰੀਏ ਜਿਸ ਉਦੇਸ਼ ਨੂੰ ਹਾਸਲ ਕਰਨਾ ਚਾਹੁੰਦੇ ਹਨ, ਉਸ ਨੂੰ ਪੂਰਾ ਕਰਨਾ ਸੰਭਵ ਨਹੀਂ ਹੈ, ਪਰ ਇਹ ਵੀ ਦੇਖਿਆ ਜਾ ਸਕਦਾ ਹੈ ਕਿ ਉਨ੍ਹਾਂ ਦੇ ਹਮਲਿਆਂ ਦੀ ਰਣਨੀਤੀ ਵਿਚ ਬਦਲਾਅ ਇਸ ਸਮੱਸਿਆ ਨੂੰ ਹੋਰ ਗੰਭੀਰ ਬਣਾ ਰਿਹਾ ਹੈ। ਅੱਜ-ਕੱਲ੍ਹ ਉਥੋਂ ਅੱਤਵਾਦੀ ਹਮਲਿਆਂ, ਸੁਰੱਖਿਆ ਬਲਾਂ ਅਤੇ ਅੱਤਵਾਦੀਆਂ ਵਿਚਕਾਰ ਮੁੱਠਭੇੜ, ਕੁਝ ਅੱਤਵਾਦੀਆਂ ਦੇ ਮਾਰੇ ਜਾਣ ਜਾਂ ਕਿਸੇ ਜਵਾਨ ਦੇ ਸ਼ਹੀਦ ਹੋਣ ਦੀਆਂ ਘਟਨਾਵਾਂ ਅਕਸਰ ਸਾਹਮਣੇ ਆ ਰਹੀਆਂ ਹਨ। ਪਿਛਲੇ ਕੁਝ ਸਾਲਾਂ 'ਚ ਪਾਕਿਸਤਾਨ 'ਚ ਠਿਕਾਣਿਆਂ ਤੋਂ ਸਰਗਰਮ ਅੱਤਵਾਦੀ ਸੰਗਠਨਾਂ ਨੇ ਸੁਰੱਖਿਆ ਬਲਾਂ ਦੇ ਕੈਂਪਾਂ 'ਤੇ ਹਮਲਾ ਕਰਨ ਦੇ ਨਾਲ-ਨਾਲ ਨਿਸ਼ਾਨਾ ਬਣਾ ਕੇ ਹਮਲਿਆਂ ਦੀ ਰਣਨੀਤੀ ਅਪਨਾਉਣੀ ਸ਼ੁਰੂ ਕਰ ਦਿੱਤੀ ਹੈ। ਹੁਣ ਇਸੇ ਸਿਲਸਿਲੇ ਵਿਚ ਅੱਤਵਾਦੀਆਂ ਨੇ ਸੈਲਾਨੀਆਂ 'ਤੇ ਹਮਲੇ ਕਰਨੇ ਸ਼ੁਰੂ ਕਰ ਦਿੱਤੇ ਹਨ, ਜਿਸ ਦੇ ਪਿੱਛੇ ਲੁਕਿਆ ਇਰਾਦਾ ਜੰਮੂ-ਕਸ਼ਮੀਰ 'ਚ ਸੈਰ-ਸਪਾਟੇ ਜਾਂ ਹੋਰ ਕਾਰਨਾਂ ਕਰਕੇ ਆਉਣ ਵਾਲਿਆਂ 'ਚ ਡਰ ਪੈਦਾ ਕਰਨਾ ਸਾਫ ਦਿਖਾਈ ਦੇ ਰਿਹਾ ਹੈ। ਕਸ਼ਮੀਰ ਦੇ ਪਹਿਲਗਾਮ ਦੇ ਬੈਸਰਾਨ ਇਲਾਕੇ 'ਚ ਮੰਗਲਵਾਰ ਨੂੰ ਅੱਤਵਾਦੀਆਂ ਨੇ ਸੈਲਾਨੀਆਂ 'ਤੇ ਕੀਤੀ ਗੋਲੀਬਾਰੀ 'ਚ 20 ਤੋਂ ਵੱਧ ਲੋਕ ਮਾਰੇ ਗਏ ਅਤੇ ਕਈ ਜ਼ਖਮੀ ਹੋ ਗਏ। ਦਰਅਸਲ, ਜੰਮੂ-ਕਸ਼ਮੀਰ ਦੀ ਆਰਥਿਕਤਾ ਵਿੱਚ ਸੈਰ-ਸਪਾਟੇ ਦੀ ਭੂਮਿਕਾ ਚੰਗੀ ਤਰ੍ਹਾਂ ਜਾਣੀ ਜਾਂਦੀ ਹੈ। ਮੰਨਿਆ ਜਾਂਦਾ ਹੈ ਕਿ ਇਹੀ ਕਾਰਨ ਹੈ ਕਿ ਅੱਤਵਾਦੀ ਸੰਗਠਨ ਸੈਰ-ਸਪਾਟਾ ਸਥਾਨਾਂ 'ਤੇ ਜਾਣ ਵਾਲੇ ਲੋਕਾਂ ਨੂੰ ਨੁਕਸਾਨ ਨਹੀਂ ਪਹੁੰਚਾਉਂਦੇ, ਤਾਂ ਜੋ ਉੱਥੇ ਸੈਲਾਨੀਆਂ ਦੀ ਆਵਾਜਾਈ ਨਿਰਵਿਘਨ ਬਣੀ ਰਹੇ। ਜੇਕਰ ਉੱਥੇ ਆਉਣ ਵਾਲੇ ਦੇਸ਼ ਅਤੇ ਦੁਨੀਆਂ ਭਰ ਦੇ ਲੋਕ ਡਰ ਜਾਂਦੇ ਹਨ ਤਾਂ ਇਸ ਦਾ ਉੱਥੋਂ ਦੀ ਆਰਥਿਕਤਾ 'ਤੇ ਮਾੜਾ ਅਸਰ ਪੈ ਸਕਦਾ ਹੈ। ਪਰ ਇਸ ਵਾਰ ਸੈਲਾਨੀਆਂ ਨੂੰ ਨਿਸ਼ਾਨਾ ਬਣਾ ਕੇ ਅੱਤਵਾਦੀਆਂ ਨੇ ਨਾ ਸਿਰਫ਼ ਬਾਹਰੀ ਲੋਕਾਂ ਨੂੰ ਡਰਾਉਣ ਦੀ ਕੋਸ਼ਿਸ਼ ਕੀਤੀ ਹੈ, ਸਗੋਂ ਉੱਥੋਂ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ 'ਤੇ ਵੀ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਹੈ। ਇਸ ਤੋਂ ਇਲਾਵਾ ਜੁਲਾਈ ਦੀ ਸ਼ੁਰੂਆਤ 'ਚ ਅਮਰਨਾਥ ਯਾਤਰਾ ਵੀ ਸ਼ੁਰੂ ਹੋਣ ਜਾ ਰਹੀ ਹੈ ਅਤੇ ਉੱਥੇ ਪਹੁੰਚਣ ਦਾ ਰਸਤਾ ਪਹਿਲਗਾਮ ਤੋਂ ਹੋ ਕੇ ਗੁਜ਼ਰਦਾ ਹੈ। ਅਜਿਹੇ 'ਚ ਅੱਤਵਾਦੀਆਂ ਦੇ ਇਸ ਹਮਲੇ ਨੂੰ ਅਮਰਨਾਥ ਯਾਤਰਾ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਵਜੋਂ ਵੀ ਦੇਖਿਆ ਜਾ ਰਿਹਾ ਹੈ। ਸੈਲਾਨੀਆਂ 'ਤੇ ਗੋਲੀਬਾਰੀ ਨੂੰ ਅਜੋਕੇ ਸਮੇਂ ਦੀ ਸਭ ਤੋਂ ਗੰਭੀਰ ਘਟਨਾ ਮੰਨਿਆ ਜਾ ਰਿਹਾ ਹੈ, ਜਿਸ ਦੇ ਪਿੱਛੇ ਦਾ ਇਰਾਦਾ ਨਾ ਸਿਰਫ ਸੁਰੱਖਿਆ ਬਲਾਂ ਅਤੇ ਸਰਕਾਰ ਨੂੰ ਚੁਣੌਤੀ ਦੇਣਾ ਹੈ, ਸਗੋਂ ਬਾਹਰੀ ਲੋਕਾਂ ਨੂੰ ਡਰਾਉਣਾ ਵੀ ਹੈ। ਇਸ ਰਾਹੀਂ ਉਹ ਆਪਣੇ ਇੱਕ ਟੀਚੇ ਦੀ ਪ੍ਰਾਪਤੀ ਦੀ ਆਸ ਵੀ ਰੱਖਦੇ ਹਨ, ਕਿ ਉਹ ਸਥਾਨਕ ਲੋਕਾਂ ਅਤੇ ਬਾਹਰਲੇ ਲੋਕਾਂ ਵਿਚਕਾਰ ਦਰਾਰ ਪੈਦਾ ਕਰ ਸਕਣਗੇ। ਪਰ ਅਜਿਹੇ ਅੱਤਵਾਦੀ ਹਮਲਿਆਂ ਤੋਂ ਬਾਅਦ ਜਿਸ ਤਰ੍ਹਾਂ ਦਾ ਗੁੱਸਾ ਹੁਣ ਅੱਤਵਾਦੀਆਂ ਦੇ ਖਿਲਾਫ ਸਥਾਨਕ ਲੋਕਾਂ ਵਿਚ ਦੇਖਿਆ ਜਾ ਰਿਹਾ ਹੈ, ਉਹ ਭਵਿੱਖ ਲਈ ਉਮੀਦ ਜਗਾਉਂਦਾ ਹੈ। ਪਹਿਲਗਾਮ 'ਚ ਸੈਲਾਨੀਆਂ 'ਤੇ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਜੰਮੂ-ਕਸ਼ਮੀਰ ਦੀ ਮੁੱਖ ਧਾਰਾ ਦੀ ਜਮਹੂਰੀ ਰਾਜਨੀਤੀ 'ਚ ਸਰਗਰਮ ਲਗਭਗ ਸਾਰੀਆਂ ਪਾਰਟੀਆਂ ਅਤੇ ਉਨ੍ਹਾਂ ਦੇ ਨੇਤਾਵਾਂ ਨੇ ਇਸ ਦੀ ਸਖ਼ਤ ਆਲੋਚਨਾ ਕੀਤੀ ਅਤੇ ਇਸ ਨੂੰ ਕਾਇਰਤਾ ਭਰੀ ਕਾਰਵਾਈ ਕਰਾਰ ਦਿੱਤਾ। ਪਰ ਅਸਲੀਅਤ ਇਹ ਹੈ ਕਿ ਭਾਵੇਂ ਜੰਮੂ-ਕਸ਼ਮੀਰ ਵਿੱਚ ਰਾਸ਼ਟਰਪਤੀ ਸ਼ਾਸਨ ਦਾ ਦੌਰ ਹੋਵੇ ਜਾਂ ਫਿਰ ਕਾਫੀ ਜੱਦੋ-ਜਹਿਦ ਤੋਂ ਬਾਅਦ ਸ਼ੁਰੂ ਹੋਈ ਲੋਕਤਾਂਤਰਿਕ ਪ੍ਰਕਿਰਿਆ ਅਤੇ ਉਸ ਅਧੀਨ ਚੁਣੀ ਹੋਈ ਸਰਕਾਰ ਦੇ ਗਠਨ, ਅੱਤਵਾਦੀ ਘਟਨਾਵਾਂ ਨੂੰ ਕਾਬੂ ਕਰਨ ਦੀਆਂ ਕੋਸ਼ਿਸ਼ਾਂ ਨਾਕਾਮ ਹੁੰਦੀਆਂ ਜਾਪਦੀਆਂ ਹਨ। ਜੇਕਰ ਸਰਕਾਰ ਵੱਲੋਂ ਇਸ ਮੁੱਦੇ 'ਤੇ ਠੋਸ ਅਤੇ ਸੁਚੱਜੀ ਕਾਰਵਾਈ ਨਾ ਕੀਤੀ ਗਈ ਤਾਂ ਇਸ ਦੇ ਦੂਰਗਾਮੀ ਘਾਤਕ ਸਿੱਟੇ ਨਿਕਲ ਸਕਦੇ ਹਨ।

-ਜਗਜੀਤ ਸਿੰਘ ਦਰਦੀ

# ਦਿਲ ਹੀ ਉਦਾਸ ਏ ਜੀ ਬਾਕੀ ਸਭ ਖੈਰ ਏ

ਕਮਲਜੀਤ ਸਿੰਘ ਬਨਵੈਤ
98147 34035



ਕਸ਼ਮੀਰ ਮੁੜ ਲਹੂ ਲੁਹਾਨ ਹੋਇਐ। ਖ਼ਬਰ ਨੇ ਸੀਨਾ ਚੀਰ ਕੇ ਰੱਖ ਦਿੱਤੈ। ਦਿਲ ਢਾਰਸ ਨਹੀਂ ਲੈ ਰਿਹੈ। ਪੁਰਾਣੇ ਜ਼ਖ਼ਮ ਭਰੇ ਨਹੀਂ ਕਿ ਮੁੜ ਛੱਲਣੀ ਛੱਲਣੀ ਹੋ ਗਏ ਹਾਂ। ਦਿਲ ਵਾਰ ਵਾਰ ਇੱਕੋ ਗੱਲ ਪੁੱਛ ਰਿਹਾ ਕਿ ਇੱਕ ਮਨੁੱਖ ਨੂੰ ਦੂਜੇ ਮਨੁੱਖ ਨੂੰ ਮਾਰਨ ਦਾ ਅਧਿਕਾਰ ਕਿਸ ਨੇ ਦਿੱਤਾ ਹੈ। ਕਿੱਥੋਂ ਮਿਲ ਗਿਆ ਇਨਸਾਨ ਨੂੰ ਦੂਜੇ ਇਨਸਾਨ ਦੀ ਜਾਨ ਲੈਣ ਦਾ ਹੱਕ। ਸਾਡੇ ਗੁਰੂ, ਪੀਰ ਪੈਗੰਬਰ ਅਤੇ ਦੇਵੀ ਦੇਵਤੇ ਤਾਂ ਅਜਿਹੀ ਸਿੱਖਿਆ ਨਹੀਂ ਦਿੰਦੇ ਹਨ ਪਰ ਕਹਿੰਦੇ ਨੇ ਅੱਤਵਾਦੀਆਂ ਦਾ ਕੋਈ ਧਰਮ ਨਹੀਂ ਹੁੰਦਾ। ਅੱਤਵਾਦੀਆਂ ਨੇ ਜਿਨ੍ਹਾਂ ਨੂੰ ਗੋਲੀਆਂ ਮਾਰੀਆਂ, ਉਹਨਾਂ ਦਾ ਤਾਂ ਧਰਮ ਪੁੱਛਿਆ ਸੀ ਪਰ ਜਿਨ੍ਹਾਂ ਨੇ ਫੱਟੜਾਂ ਨੂੰ ਸੰਭਾਲਿਆ ਉਹਨਾਂ ਨੇ ਤਾਂ ਧਰਮ ਜਾਂ ਨਾਂ ਨਹੀਂ ਪੁੱਛਿਆ।

ਕਸ਼ਮੀਰ ਘਾਟੀ ਵਿੱਚ ਇਹ ਤੀਜਾ ਸਭ ਤੋਂ ਵੱਡਾ ਹਮਲਾ ਹੋਇਆ ਹੈ। ਫਰਵਰੀ 2019 ਨੂੰ ਪੁਲਵਾਮਾ ਵਿੱਚ 40 ਜਵਾਨ ਸ਼ਹੀਦ ਕਰ ਦਿੱਤੇ ਗਏ ਸਨ। ਇਸ ਤੋਂ ਪਹਿਲਾਂ ਮਾਰਚ 2000 ਵਿੱਚ 35 ਸਿੱਖਾਂ ਨੂੰ ਗੋਲੀ ਦਾ ਨਿਸ਼ਾਨਾ ਬਣਾਇਆ ਗਿਆ ਸੀ। ਯਾਤਰੂਆਂ ਉੱਤੇ ਪਿਛਲੇ 25 ਸਾਲਾਂ ਵਿੱਚ ਇਹ ਸਭ ਤੋਂ ਵੱਡਾ ਹਮਲਾ ਹੈ।

ਜੰਮੂ ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ ਦੇ ਪਹਿਲਗਾਮ ਤੋਂ 6 ਕਿਲੋਮੀਟਰ ਦੂਰ ਬੈਸਰਨ ਘਾਟੀ ਘੁੰਮਣ ਆਏ ਯਾਤਰੂਆਂ ਉੱਤੇ ਦੁਪਹਿਰ 3 ਵਜੇ ਪੰਜ ਅੱਤਵਾਦੀਆਂ ਨੇ ਅੰਨੇਵਾਹ ਗੋਲੀਆਂ ਚਲਾ ਕੇ ਬੇਕਸੂਰ ਮਸੂਮਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਇਸ ਤੋਂ ਪਹਿਲਾਂ ਇਕ ਅਗਸਤ 2000 ਨੂੰ ਅਮਰਨਾਥ ਦੇ ਬੇਸ ਕੈਂਪ ਉੱਤੇ ਹਮਲੇ ਵਿੱਚ 30 ਤੋਂ ਜ਼ਿਆਦਾ ਨਾਗਰਿਕ ਮਾਰੇ ਗਏ ਸਨ। ਜੁਲਾਈ 2001 ਨੂੰ ਅਮਰਨਾਥ ਯਾਤਰੀਆਂ ਨੂੰ ਇੱਕ ਵਾਰ ਫਿਰ ਨਿਸ਼ਾਨਾ ਬਣਾਇਆ ਗਿਆ ਇਕ ਵਾਰ ਅਨੰਤਨਾਗ ਦੇ ਸ਼ੇਸ਼ਨਾਗ ਬੇਸ ਕੈਂਪ 'ਤੇ ਹੋਏ ਹਮਲੇ ਵਿੱਚ 13 ਲੋਕ ਮਾਰੇ ਗਏ ਸਨ। ਉਸੇ ਸਾਲ 1 ਅਕਤੂਬਰ ਨੂੰ ਸ਼੍ਰੀਨਗਰ ਵਿੱਚ ਜੰਮੂ ਅਤੇ ਕਸ਼ਮੀਰ ਰਾਜ ਵਿਧਾਨ ਸਭਾ ਕੰਪਲੈਕਸ ਵਿੱਚ ਇੱਕ ਆਤਮਘਾਤੀ ਅੱਤਵਾਦੀ ਹਮਲਾ ਹੋਇਆ ਜਿਸ ਵਿੱਚ 36 ਲੋਕ ਮਾਰੇ ਗਏ। ਇੱਥੇ ਹੀ ਬੱਸ ਨਹੀਂ 2002 ਨਵੰਬਰ ਨੂੰ 11 ਹੋਰ ਅਮਰਨਾਥ ਨੂੰ ਜਾ ਰਹੇ ਯਾਤਰੀਆਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਜੰਮੂ ਸ਼੍ਰੀਨਗਰ ਰਾਸ਼ਟਰੀ ਮਾਰਗ ਉੱਤੇ ਦੱਖਣੀ ਕਸ਼ਮੀਰ ਦੇ ਲੋਅਰ ਮੁੰਡਾ ਵਿਖੇ ਇਕ ਇੰਪਰੋਵਾਈਜ਼ਡ ਐਕਸਪਲੋਸਿਵ ਡਿਵਾਈਸ ਧਮਾਕੇ ਵਿੱਚ ਨੌਂ ਸੁਰੱਖਿਆ ਬਲਾਂ ਦੇ ਜਵਾਨਾਂ ਤਿੰਨ ਔਰਤਾਂ ਅਤੇ ਦੋ ਬੱਚਿਆਂ ਸਮੇਤ 19 ਲੋਕਾਂ ਦੀ ਮੌਤ ਹੋ ਗਈ ਸੀ। ਮਾਰਚ 2003 ਨੂੰ ਜ਼ਿਲ੍ਹਾ ਪੁਲਵਾਮਾ ਦੇ ਪਿੰਡ ਨੰਦੀ ਮਾਰਗ ਵਿੱਚ ਅੱਤਵਾਦੀਆਂ ਨੇ ਘੱਟੋ ਘੱਟ 24 ਕਸ਼ਮੀਰੀ ਪੰਡਤਾਂ ਦਾ ਕਤਲੇਆਮ ਕੀਤਾ ਜਿਨ੍ਹਾਂ ਵਿੱਚ 11 ਔਰਤਾਂ ਤੇ ਦੋ ਬੱਚੇ ਸ਼ਾਮਿਲ ਸਨ। ਜੂਨ 2005 ਨੂੰ ਪੁਲਵਾਮਾ ਦੇ ਇੱਕ ਸਰਕਾਰੀ ਸਕੂਲ ਦੇ ਸਾਹਮਣੇ ਇੱਕ ਭੀੜ ਭੜੱਕੇ ਵਾਲੇ ਬਾਜ਼ਾਰ ਵਿੱਚ ਧਮਾਕਾਖੇਜ਼ ਸਮੱਗਰੀ ਨਾਲ ਭਰੀ ਕਾਰ ਦੇ ਧਮਾਕੇ ਵਿੱਚ ਦੋ ਸਕੂਲੀ ਬੱਚਿਆਂ ਸਮੇਤ 13 ਨਾਗਰਿਕ ਅਤੇ ਤਿੰਨ ਸੀਆਰਪੀਐਫ ਅਧਿਕਾਰੀ ਮਾਰੇ ਗਏ ਜਦੋਂ ਕਿ 100 ਤੋਂ ਵੱਧ ਲੋਕ ਜ਼ਖ਼ਮੀ ਹੋਏ ਸਨ। ਜੂਨ 2006 ਨੂੰ ਪੁਲਵਾਮਾ ਵਿੱਚ ਹੀ ਨੌਂ ਨੇਪਾਲੀ ਅਤੇ ਬਿਹਾਰੀ ਮਜ਼ਦੂਰ ਮਾਰੇ ਗਏ। ਜੁਲਾਈ 2017 ਨੂੰ ਅਮਰਨਾਥ ਯਾਤਰਾ ਵਾਸਤੇ ਆ ਰਹੇ ਸ਼ਰਧਾਲੂਆਂ ਉੱਤੇ ਹਮਲਾ ਕਰਕੇ ਸੱਤ ਲੋਕਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ।

ਅੱਤਵਾਦੀ ਹਮਲੇ ਨੂੰ ਪਾਕਿਸਤਾਨੀ ਸਪਾਂਸਰਡ ਦੱਸਿਆ ਜਾ ਰਿਹਾ ਹੈ। ਭਾਰਤ ਨੇ ਪਾਕਿਸਤਾਨ ਨਾਲ ਸਿੰਧੂ ਜਲ ਸਮਝੌਤਾ ਰੋਕ ਦਿੱਤਾ। ਪਾਕਿ ਦੇ ਡਿਪਲੋਮੈਟ ਨੂੰ ਦੇਸ਼ ਨਿਕਾਲਾ ਅਤੇ ਦੂਜੇ ਨਾਗਰਿਕਾਂ ਨੂੰ ਵੀ ਭਾਰਤ ਛੱਡ ਦੇਣ ਲਈ ਕਹਿ ਦਿੱਤਾ ਗਿਆ ਹੈ। ਭਾਰਤ ਨੇ ਪਾਕਿਸਤਾਨ ਤੋਂ ਆਪਣਾ ਡਿਪਲੋਮੈਟ ਵੀ ਵਾਪਸ ਬੁਲਾ ਲਿਆ ਹੈ। ਸਿੰਧੂ ਜਲ ਸਮਝੌਤਾ ਰੋਕਣ ਦੇ ਵੱਡੇ ਅਰਥ ਹਨ ਪਾਕਿਸਤਾਨ ਦੀ 80 ਫ਼ੀਸਦੀ ਜ਼ਮੀਨ ਨੂੰ ਪਾਣੀ ਇਸੇ ਸਮਝੌਤੇ ਤਹਿਤ ਮਿਲਦਾ ਸੀ। ਜਿਉਂ ਜਿਉਂ ਸਮਾਂ ਬੀਤਦਾ ਜਾ ਰਿਹਾ ਹੈ ਤਿਉਂ ਤੋਂ ਬੜਾ ਕੁਝ ਸਾਹਮਣੇ ਆ ਰਿਹਾ ਹੈ। ਇਸ਼ਾਰਾ ਪਾਕਿਸਤਾਨ ਦੇ ਜਾਸੂਸਾਂ ਵੱਲ ਵੀ ਹੋ ਰਿਹਾ ਹੈ ਅਤੇ ਮੰਨਿਆ ਇਹ ਵੀ ਜਾਣ ਲੱਗਾ ਹੈ ਕਿ ਪਹਿਲਗਾਮ ਜਿੱਥੇ ਹਰ 20 ਲੱਖ ਦੇ ਕਰੀਬ ਯਾਤਰੂ ਆਉਂਦੇ ਹਨ, ਉਸ ਥਾਂ ਦੀ ਸੁਰੱਖਿਆ ਕਈ ਸਾਲ ਪਹਿਲਾਂ ਘਟਾ ਦਿੱਤੀ ਗਈ ਸੀ। ਹੁਣ ਕੇਵਲ ਸੁਰੱਖਿਆ ਦਸਤੇ ਹਫਤੇ ਵਿੱਚ ਦੋ ਵਾਰੀ ਗੇੜਾ ਮਾਰਦੇ ਹਨ। ਹਮਲਾਵਰਾਂ ਦੀ ਸ਼ਨਾਖਤ ਹੋ ਗਈ ਹੈ ਅਤੇ ਇਹਨਾਂ ਦੇ ਸਕੈਚ ਜਾਰੀ ਕਰ ਦਿੱਤੇ ਗਏ ਹਨ। ਇਹਨਾਂ ਦੇ ਨਾਂ ਆਸਿਫ ਫੌਜੀ ਸੁਲੇਮਾਨ ਸ਼ਾਹ ਅਤੇ ਅੱਬੂ ਤਲਹਾ ਦੱਸੇ ਜਾਂਦੇ ਹਨ ਤੇ ਸਰਕਾਰ ਨੇ ਇਹਨਾਂ ਦੇ ਸਿਰ ਉੱਤੇ ਵੀਹ ਲੱਖ ਦਾ ਇਨਾਮ ਰੱਖ ਦਿੱਤਾ ਹੈ। ਭਾਰਤ ਅਤੇ ਪਾਕਿਸਤਾਨ 1947 ਵਿੱਚ ਵੰਡੇ ਗਏ ਸਨ। ਆਜ਼ਾਦੀ ਦੇ 78 ਸਾਲਾਂ ਬਾਅਦ ਵੀ ਦੋਹਾਂ ਦੇਸ਼ਾਂ ਦੀ ਆਪਸੀ ਤਹਿ ਨਹੀਂ ਬੈਠ ਰਹੀ ਹੈ। ਅਸਲ ਰੌਲਾ ਕਸ਼ਮੀਰ ਦੇ ਉਸ ਹਿੱਸੇ ਦਾ ਹੈ, ਜਿਸ ਨੂੰ ਭਾਰਤ ਮਕਬੂਜ਼ਾ ਕਸ਼ਮੀਰ ਦੇ ਨਾਂ ਨਾਲ ਜਾਣਦਾ ਹੈ ਅਤੇ ਪਾਕਿਸਤਾਨ ਵਾਲੇ ਇਸ ਨੂੰ ਆਜ਼ਾਦ ਕਸ਼ਮੀਰ ਦੱਸਦੇ ਹਨ। ਕੱਲ ਪਿਛਲੇ ਹਫਤੇ ਹੀ ਪਾਕਿਸਤਾਨ ਦੇ ਫੌਜੀ ਮੁਖੀ ਨੇ ਮਕਬੂਜ਼ਾ ਕਸ਼ਮੀਰ ਨੂੰ ਲੈ ਕੇ ਇੱਕ ਬਹੁਤ ਨਫਰਤ ਭਰਿਆ ਬਿਆਨ ਦਿੱਤਾ ਸੀ। ਹੈਰਾਨੀ ਦੀ ਗੱਲ ਇਹ ਕਿ ਉਹ ਮੁਲਕ ਜਿਸ ਦੀ ਵਿੱਤੀ ਤੌਰ 'ਤੇ ਰੀੜ ਦੀ ਹੱਡੀ ਟੁੱਟ ਚੁੱਕੀ ਹੈ। ਭਾਰਤ ਦੀ ਤਾਕਤ ਦੇ ਬਰਾਬਰ ਉਹ ਕਿਤੇ ਵੀ ਨਹੀਂ ਖੜ੍ਹਦਾ ਫਿਰ ਵੀ ਕਿਤੇ ਨਾ ਕਿਤੇ ਪੰਗਾ ਲਈ ਰੱਖਦਾ ਹੈ। ਪਾਕਿਸਤਾਨ ਨੇ ਸ਼ਾਇਦ ਕਾਰਗਿੱਲ ਦੀ ਲੜਾਈ ਤੋਂ ਸਬਕ ਨਹੀਂ ਸਿੱਖਿਆ ਹੈ। ਮਕਬੂਜ਼ਾ ਕਸ਼ਮੀਰ ਨੂੰ ਲੈ ਕੇ ਇੱਕ ਨਹੀਂ ਚਾਰ ਜੰਗਾਂ ਹੋ ਚੁੱਕੀਆਂ ਹਨ। ਲੋੜ ਇਸ ਮਸਲੇ ਉੱਤੇ ਬੈਠ ਕੇ ਵਿਚਾਰ ਕਰਨ ਦੀ ਹੈ। ਨਾ ਕਿ ਮਾਸੂਮ ਲੋਕਾਂ ਦੇ ਖ਼ੂਨ ਦੀ ਹੋਲੀ ਖੇਡਣ ਦੀ। ਸਿਤਮ ਇਹ ਕਿ ਇਸ ਵਾਰ ਗੋਲੀ ਦਾ ਨਿਸ਼ਾਨਾ ਬਣਾਉਣ ਤੋਂ ਪਹਿਲਾਂ ਸੈਲਾਨੀਆਂ ਨੂੰ ਉਹਨਾਂ ਦਾ ਨਾਂ, ਧਰਮ ਇਥੋਂ ਤੱਕ ਕਿ ਸ਼ਨਾਖਤੀ ਕਾਰਡ ਦੇਖੇ ਗਏ।

ਮਿੰਨੀ ਸਵਿਟਜ਼ਰਲੈਂਡ ਵਜੋਂ ਜਾਣੇ ਜਾਂਦੇ ਕਸ਼ਮੀਰ ਘੁੰਮਣ ਆਏ ਯਾਤਰੂਆਂ ਨੂੰ ਉਹਨਾਂ ਦਾ ਧਰਮ ਅਤੇ ਨਾ ਪੁੱਛ ਕੇ ਨਿਸ਼ਾਨਾ ਬਣਾਇਆ ਗਿਆ। ਇੱਕ ਮਹਿਲਾ ਦਾ ਕਹਿਣਾ ਹੈ ਕਿ ਉਸ ਦੇ ਪਤੀ ਨੂੰ ਸਿਰਫ ਇਸ ਕਰਕੇ ਮਾਰਿਆ ਗਿਆ ਕਿਉਂਕਿ ਉਹ ਮੁਸਲਮਾਨ ਨਹੀਂ ਸੀ। ਹਮਲੇ ਦੀ ਜ਼ਿੰਮੇਵਾਰੀ ਲਸ਼ਕਰੇ ਤੋਇਬਾ ਨਾਲ ਜੁੜੇ ਆਤੰਕੀ ਸੰਗਠਨ ਟੀਆਰ ਐਫ ਨੇ ਲਈ ਹੈ। ਖ਼ਬਰ ਮਿਲਦਿਆਂ ਹੀ ਪੂਰਾ ਮੁਲਕ ਸੁੰਨ ਹੋ ਕੇ ਰਹਿ ਗਿਆ। ਤੱਕ 26 ਵਿੱਚੋਂ 20 ਮ੍ਰਿਤਕਾਂ ਦੀ ਪਹਿਚਾਣ ਹੋ ਚੁੱਕੀ ਹੈ, ਇਹਨਾਂ ਵਿੱਚ ਕਈ ਫੌਜੀ ਜਵਾਨ ਹਨ, ਆਈਡੀ ਦੇ ਅਧਿਕਾਰੀ ਅਤੇ ਵਪਾਰੀਆਂ ਸਮੇਤ ਵਿਦੇਸ਼ੀ ਸੈਲਾਨੀ ਵੀ ਹਨ। ਇੱਕ ਹੋਰ ਸ਼ਖਸ ਦਾ ਕਹਿਣਾ ਹੈ ਕਿ ਅੱਤਵਾਦੀਆਂ ਨੇ ਉਸ ਦੇ ਪਿਤਾ ਨੂੰ ਬਾਹਰ ਕੱਢ ਕੇ ਉਸ ਉੱਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਸਮਰਥਨ ਕਰਨ ਦਾ ਦੋਸ਼ ਲਾਉਂਦਿਆਂ ਗਾਲਾਂ ਤਾਂ ਕੱਢੀਆਂ। ਗੱਲ ਇੱਥੇ ਹੀ ਨਹੀਂ ਮੁੱਕੀ ਉਹਨਾਂ ਨੇ ਇੱਕ ਸੱਜਣ ਨੂੰ ਇਸਲਾਮੀ ਆਇਤ ਪੜਨ ਲਈ ਕਿਹਾ ਜਦੋਂ ਉਹ ਅਜਿਹਾ ਕਰਨ ਵਿੱਚ ਅਸਫਲ ਰਿਹਾ ਤਾਂ ਉਸ ਨੂੰ ਗੋਲੀਆਂ ਮਾਰ ਦਿੱਤੀਆਂ ਗਈਆਂ। ਇੱਕ ਹੋਰ ਦਰਦਨਾਕ ਘਟਨਾ ਦਾ ਜ਼ਿਕਰ ਕਰਨਾ ਜ਼ਰੂਰੀ ਹੈ ਜਿੱਥੇ ਇੱਕ ਮਾਂ ਆਪਣੇ ਪੁੱਤਰ ਅਤੇ ਪਤੀ ਨਾਲ ਘੁੰਮਣ ਗਈ ਸੀ, ਉਸ ਦੀਆਂ ਅੱਖਾਂ ਸਾਹਮਣੇ ਹੀ ਪਤੀ ਨੂੰ ਗੋਲੀਆਂ ਮਾਰ ਦਿੱਤੀਆਂ ਗਈਆਂ, ਨੇ ਜਦੋਂ ਅੱਤਵਾਦੀਆਂ ਨੂੰ ਆਪਣੇ ਆਪ ਨੂੰ ਵੀ ਗੋਲੀ ਮਾਰਨ ਦੀ ਆਫਰ ਦਿੱਤੀ ਤਾਂ ਉਹਨਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸੁਨੇਹਾ ਪਹੁੰਚਾਉਣ ਲਈ ਤੇਰਾ ਜ਼ਿੰਦਾ ਰਹਿਣਾ ਜ਼ਰੂਰੀ ਹੈ। ਇਹ ਹਮਲਾ ਅਜਿਹੇ ਸਮੇਂ ਵਿੱਚ ਹੋਇਆ ਹੈ ਜਦੋਂ ਕਸ਼ਮੀਰ ਵਿੱਚ ਸੈਲਾਨੀਆਂ ਦਾ ਸੀਜ਼ਨ ਸ਼ੁਰੂ ਹੈ। ਅਮਰੀਕਾ ਦੇ ਉਪ ਰਾਸ਼ਟਰਪਤੀ ਜਿਹੜੇ ਵੇਂਸ ਪਰਿਵਾਰ ਸਮੇਤ ਚਾਰ ਦਿਨਾਂ ਦੇ ਦੌਰੇ 'ਤੇ ਭਾਰਤ ਆਏ ਹੋਏ ਹਨ। ਭਾਰਤੀ ਜਨਤਾ ਪਾਰਟੀ ਨੇ ਪਿਛਲੇ ਦਿਨੀਂ ਕਾਂਗਰਸ ਨੂੰ ਮੁਸਲਮਾਨਾਂ ਨਾਲ ਤੇਹ ਰੱਖਣ ਬਦਲੇ ਮੱਤ ਦਿੰਦਿਆਂ ਕਿਸੇ ਮੁਸਲਮਾਨ ਨੂੰ ਪਾਰਟੀ ਪ੍ਰਧਾਨ ਬਣਾਉਣ ਦੀ ਨਸੀਹਤ ਦੇ ਦਿੱਤੀ ਸੀ। ਬੋਰਡ ਦਾ ਮਸਲਾ ਹਾਲੇ ਜਿਉਂਦਾ ਤਿਉਂ ਚੱਲ ਰਿਹਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਾਊਦੀ ਅਰਬ ਦੇ ਦੌਰੇ 'ਤੇ ਸਨ ਜੋ ਵਾਪਸ ਪਰਤ ਆਏ ਹਨ। ਦੇਸ਼ ਭਰ ਵਿੱਚ ਵੱਖ ਵੱਖ ਬੋਰਡ ਮਸਲਾ ਭਖਿਆ ਹੋਇਆ ਹੈ। ਗ੍ਰਹਿ ਮੰਤਰੀ ਅਮਿਤ ਸ਼ਾਹ ਕਸ਼ਮੀਰ ਜਾ ਪੁੱਜੇ ਹਨ ਪਰ ਇਹ ਸੱਪ ਲੰਘਣ ਪਿੱਛੋਂ ਲਕੀਰ ਕੁੱਟਣ ਵਾਲੀ ਗੱਲ ਹੋਵੇਗੀ।

ਸੂਬੇ ਦੇ ਮੁੱਖ ਮੰਤਰੀ ਅਮਰ ਅਬਦੁੱਲਾ ਦੇ ਅਨੁਸਾਰ ਹਮਲੇ ਦੀ ਨਿੰਦਾ ਕਰਨ ਲਈ ਉਹਨਾਂ ਕੋਲੇ ਢੁਕਵੇਂ ਸ਼ਬਦ ਨਹੀਂ ਹਨ। ਇੱਕ ਵੱਖਰੀ ਜਾਣਕਾਰੀ ਅਨੁਸਾਰ ਹਮਲੇ ਵਿੱਚ ਮਾਰੇ ਗਏ 26 ਯਾਤਰੀਆਂ ਵਿੱਚੋਂ 30 ਸਾਲਾਂ ਕਸ਼ਮੀਰ ਸਈਅਦ ਆਦਲ ਹੁਸੈਨ ਸ਼ਾਹ ਵੀ ਹੈ। ਜਿਹੜਾ ਖੱਚਰ ਦੀ ਸਵਾਰੀ ਕਰਾਉਂਦਾ ਹੈ। ਸੈਲਾਨੀਆਂ ਨੂੰ ਬਚਾਉਣ ਲਈ ਉਹ ਅੱਤਵਾਦੀਆਂ ਨਾਲ ਭਿੜ ਪਿਆ ਸੀ। ਉਹ ਵਾਸਤਾ ਪਾਉਂਦਾ ਰਿਹਾ ਕਿ ਇਹ ਕਸ਼ਮੀਰ ਦੇ ਮਹਿਮਾਨ ਹਨ, ਇਹਨਾਂ ਨੂੰ ਨਾ ਮਾਰੋ, ਉਸ ਨੇ ਅੱਤਵਾਦੀ ਤੋਂ ਹਥਿਆਰ ਖੋਹਣ ਦੀ ਕੋਸ਼ਿਸ਼ ਵੀ ਕੀਤੀ ਪਰ ਕਾਮਯਾਬੀ ਨਹੀਂ ਹੋਇਆ, ਅੰਤ ਨੂੰ ਅੱਤਵਾਦੀ ਨੇ ਉਸ ਦੇ ਸੀਨੇ ਵਿੱਚ ਤਿੰਨ ਗੋਲੀਆਂ ਮਾਰ ਦਿੱਤੀਆਂ। ਪਿਤਾ ਸਯਦ ਹੈਦਰ ਸ਼ਾਹ ਨੇ ਕਿਹਾ ਕਿ ਉਹ ਪਰਿਵਾਰ ਦਾ ਇਕਲੌਤਾ ਕਮਾਊ ਪੁੱਤਰ ਸੀ।

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਪਹਿਲਗਾਮ ਵਿੱਚ ਸੈਲਾਨੀਆਂ ਉੱਥੇ ਹੋਏ ਹਮਲੇ ਦੀ ਨਿੰਦਾ ਕਰਦੇ ਹੋਏ ਸਰਕਾਰ ਨੂੰ ਸੂਬੇ ਵਿੱਚ ਹਾਲਾਤ ਆਮ ਹੋਣ ਦੇ ਖੋਖਲੇ ਦਾਅਵੇ ਕਰਨ ਦੀ ਥਾਂ ਠੋਸ ਕਦਮ ਚੁੱਕਣ ਦੀ ਸਲਾਹ ਦਿੱਤੀ ਹੈ।

ਇੱਥੇ ਇਹ ਚੇਤੇ ਕਰਾਉਣਾ ਜ਼ਰੂਰੀ ਹੋਵੇਗਾ ਕਿ ਜੰਮੂ ਕਸ਼ਮੀਰ ਵਿੱਚ 1995 ਪਿੱਛੋਂ ਕਈ ਵਿਦੇਸ਼ੀਆਂ ਸਮੇਤ 132 ਸੈਲਾਨੀਆਂ ਦੀ ਹੱਤਿਆ ਕੀਤੀ ਜਾ ਚੁੱਕੀ ਹੈ। ਹਿਮਾਚਲ ਦੀ ਤਰ੍ਹਾਂ ਜੰਮੂ ਕਸ਼ਮੀਰ ਦੀ ਅਰਥ ਵਿਵਸਥਾ ਸੈਰ ਸਪਾਟੇ ਉੱਤੇ ਨੇ ਪਰ ਹੈ। ਨਾ ਸਿਰਫ ਇੱਥੇ ਹਰ ਸਾਲ ਹੋਣ ਵਾਲੀ ਅਮਰਨਾਥ ਯਾਤਰਾ ਵਿੱਚ ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸ਼ਰਧਾਲੂ ਆਉਂਦੇ ਹਨ, ਉੱਥੇ ਹੀ ਸੈਰ ਸਪਾਟੇ ਦੇ ਮੌਸਮ ਵਿੱਚ ਵੱਡੀ ਗਿਣਤੀ ਵਿੱਚ ਦੇਸ਼ ਵਿਦੇਸ਼ ਤੋਂ ਸੈਲਾਨੀ ਵੀ ਘੁੰਮਣ ਫਿਰਨ ਆਉਂਦੇ ਹਨ। ਇਸ ਨਾਲ ਘੋੜੇ, ਪਿੱਠੂ ਅਤੇ ਪਾਲਕੀ ਵਾਲਿਆਂ ਸਮੇਤ ਸ਼ਿਕਾਰਾ ਚਲਾਉਣ ਵਾਲਿਆਂ ਦਾ ਰੁਜ਼ਗਾਰ ਚੱਲਦਾ ਹੈ। ਹੋਟਲ ਸਨਅਤ ਲਈ ਕਮਾਈ ਦਾ ਵੀ ਇਹੋ ਮੌਕਾ ਹੁੰਦਾ ਹੈ। ਇੱਕ ਜਾਣਕਾਰੀ ਅਨੁਸਾਰ ਪਹਿਲਗਾਮ ਉੱਤੇ ਹਮਲੇ ਦੀ ਘਟਨਾ ਵਾਪਰਨ ਤੋਂ ਬਾਅਦ ਪੰਜਾਬ ਤੋਂ 80 ਟੈਕਸੀ ਦੀ ਬੁਕਿੰਗ ਰੱਦ ਹੋਈ ਹੈ। ਭਾਰਤ ਸਰਕਾਰ ਨੇ ਸੈਲਾਨੀਆਂ ਨੂੰ ਬਾਹਰ ਕੱਢਣ ਲਈ ਵਿਸ਼ੇਸ਼ ਉਡਾਣਾਂ ਸ਼ੁਰੂ ਕੀਤੀਆਂ ਹਨ ਪਰ ਖਾਸੀਅਤ ਇਹ ਕਿ ਕਿਸੀ ਵੀ ਕੇ ਯਾਰ ਲਾਈਨ ਨੂੰ ਵੱਧ ਕਿਰਾਇਆ ਲੈਣ ਦੀ ਇਜਾਜ਼ਤ ਨਹੀਂ ਹੋਵੇਗੀ। ਤਸੱਲੀ ਦੀ ਗੱਲ ਇਹ ਕਿ ਕਸ਼ਮੀਰ ਦੇ ਲੋਕਾਂ ਨੇ ਸੈਲਾਨੀਆਂ ਦੀ ਮਦਦ ਲਈ ਬੂਹੇ ਖੋਲ੍ਹ ਦਿੱਤੇ ਹਨ। ਦੋ ਫ਼ੀਸਦੀ ਗਿਣਤੀ ਵਾਲੀ ਸਿੱਖ ਕੌਮ ਨੇ ਗੁਰਦੁਆਰਿਆਂ ਵਿੱਚ ਲੰਗਰ ਲਾ ਦਿੱਤੇ ਹਨ। ਇੱਕ ਕਸ਼ਮੀਰੀ ਨੇ ਤਾਂ ਅੱਤਵਾਦੀ ਕੋਲੋਂ ਏ ਕੇ 47 ਖੋਹਣ ਦਾ ਹੀਆ ਕੀਤਾ ਸੀ, ਜਿਸ ਨੂੰ ਬਾਅਦ 'ਚ ਉਸੇ ਬੰਦੂਕ ਨਾਲ ਭੁੰਨ ਦਿੱਤਾ ਗਿਆ। ਕਸ਼ਮੀਰ ਦੇ ਮੁੱਖ ਮੰਤਰੀ ਅਮਰ ਅਬਦੁੱਲਾ ਨੇ ਇਸ ਸ਼ਖਸ ਦੇ ਸਸਕਾਰ 'ਤੇ ਜਾ ਕੇ ਵਿਸ਼ੇਸ਼ ਸ਼ਰਧਾਂਜਲੀ ਭੇਟ ਕੀਤੀ।

ਇਹ ਦੁਖਦਾਈ ਘਟਨਾ ਵਾਪਰਨ ਤੋਂ ਬਾਅਦ ਨਿਰਸੰਦੇਹ ਸੂਬੇ ਵਿੱਚ ਸੈਰ ਸਪਾਟੇ ਨੂੰ ਭਾਰੀ ਸੱਟ ਵੱਜੇਗੀ। ਹੋਰ ਤਾਂ ਹੋਰ ਡੱਲ ਝੀਲ ਵਿੱਚ ਹਾਊਸ ਬੋਟਸ ਆਦਿ ਦੀ ਕੀਤੀ ਗਈ ਬੁਕਿੰਗ ਵੀ ਪ੍ਰਭਾਵਿਤ ਹੋਵੇਗੀ। ਟੈਕਸੀ ਵਾਲਿਆਂ ਦਾ ਤਾਂ ਧੰਦਾ ਚੌਪਟ ਹੋ ਕੇ ਰਹਿ ਜਾਵੇਗਾ। ਸਥਾਨਕ ਲੋਕਾਂ ਦੇ ਸੀਜ਼ਨ ਦੌਰਾਨ ਆਮਦਨ ਤੇ ਰੁਜ਼ਗਾਰ ਦੇ ਸੁਪਨੇ ਚਕਨਾਚੂਰ ਹੋ ਗਏ ਹਨ। ਹੋਰ ਤਾਂ ਹੋਰ ਤਿੰਨ ਜੁਲਾਈ ਤੋਂ ਸ਼ੁਰੂ ਹੋਣ ਵਾਲੀ ਅਮਰਨਾਥ ਯਾਤਰਾ ਉੱਤੇ ਵੀ ਅੱਤਵਾਦੀ ਹਮਲੇ ਦਾ ਪਰਛਾਵਾਂ ਮੰਡਰਾਉਣ ਦੀ ਸੰਭਾਵਨਾ ਵੱਧ ਗਈ ਹੈ। ਇਸ ਭਿਆਨਕ ਘਟਨਾ ਤੋਂ ਬਾਅਦ ਸੈਲਾਨੀ ਕਸ਼ਮੀਰ ਵੱਲ ਨੂੰ ਮੂੰਹ ਨਹੀਂ ਕਰਨਗੇ। ਅੱਤਵਾਦੀਆਂ ਨੇ ਪੂਰੇ ਦੇਸ਼ ਵਿੱਚ ਗੁੱਸੇ ਦੀ ਲਹਿਰ ਪੈਦਾ ਕਰਨ ਵਾਲੀ ਘਟਨਾ ਨੂੰ ਅੰਜਾਮ ਦਿੱਤਾ ਹੈ। ਧਾਰਾ 370 ਹਟਾਏ ਜਾਣ ਅਤੇ ਸੂਬੇ ਵਿੱਚ ਨਵੀਂ ਸਰਕਾਰ ਬਣਨ ਤੋਂ ਬਾਅਦ ਪਹਿਲੀ ਵਾਰ ਕਸ਼ਮੀਰ ਵਿੱਚ ਇੰਨਾ ਵੱਡਾ ਅੱਤਵਾਦੀ ਹਮਲਾ ਹੋਇਆ ਹੈ। ਜੰਮੂ ਕਸ਼ਮੀਰ ਅਤੇ ਸੂਬੇ ਦੇ ਸਰਹੱਦੀ ਖੇਤਰ ਵਿੱਚ ਹੋਣ ਵਾਲੇ ਅੱਤਵਾਦੀ ਹਮਲਿਆਂ ਪਿੱਛੇ ਪਾਕਿਸਤਾਨ ਦਾ ਹੱਥ ਦੇਖਿਆ ਜਾਂਦਾ ਹੈ। ਇਸ ਸੂਰਤ ਵਿੱਚ ਪਾਕਿਸਤਾਨ ਨੂੰ ਮੂੰਹ ਤੋੜਵਾਂ ਜਵਾਬ ਦੇਣ ਦੀ ਲੋੜ ਹੈ। ਅੱਤਵਾਦ ਨਾਲ ਲੜਨ ਦਾ ਸੰਕਲਪ ਲੈਣ ਦੇ ਨਾਲ ਨਾਲ ਹੀ ਉਸ ਨੂੰ ਪੂਰਾ ਕਰਨ ਦੀ ਠੋਸ ਰਣਨੀਤੀ ਵੀ ਬਣਾਉਣੀ ਪਵੇਗੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਕਸ਼ਮੀਰ ਵਿੱਚ ਫਸੇ ਪੰਜਾਬੀਆਂ ਨੂੰ ਵਾਪਸ ਲਿਆਉਣ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ ਅਤੇ ਪੰਜਾਬ ਦੀਆਂ ਸਰਹੱਦਾਂ ਸੀਲ ਕਰ ਦਿੱਤੀਆਂ ਗਈਆਂ ਹਨ। ਜੇ ਪਹਿਲਗਾਮ ਦੇ ਅੱਤਵਾਦੀ ਹਮਲੇ ਦੀ ਜ਼ਿੰਮੇਵਾਰੀ ਪਾਕਿਸਤਾਨ ਦੇ ਸਪਾਂਸਰ ਲਸ਼ਕਰ ਦੇ ਮਖੌਟਾ ਸੰਗਠਨ ਨੇ ਨਾ ਲਈ ਹੁੰਦੀ ਤਾਂ ਵੀ ਇਸ ਵਿੱਚ ਸ਼ੱਕ ਨਹੀਂ ਸੀ ਰਹਿਣਾ ਕਿ ਇਹ ਸਾਰਾ ਕੁਝ ਪਾਕਿਸਤਾਨ ਦੀ ਸ਼ਹਿ ਉੱਤੇ ਹੋ ਰਿਹਾ ਹੈ। ਹਾਲੇ ਕੁਝ ਦਿਨ ਪਹਿਲਾਂ ਹੀ ਪਾਕਿਸਤਾਨ ਦੇ ਮੁਖੀ ਆਸ਼ਰਮ ਮੁਨੀਰ ਨੇ ਕਿਸੇ ਜਹਾਦੀ ਦੀ ਤਰ੍ਹਾਂ ਹਿੰਦੂਆਂ ਅਤੇ ਭਾਰਤ ਖਿਲਾਫ ਆਪਣੀ ਨਫ਼ਰਤ ਦਾ ਘਟੀਆ ਇਜ਼ਹਾਰ ਕੀਤਾ। ਕਸ਼ਮੀਰ ਵਿੱਚ ਪਿਛਲੇ ਲੰਮੇ ਸਮੇਂ ਤੋਂ ਹਾਲਾਤ ਆਮ ਵਰਗੇ ਹੁੰਦੇ ਜਾ ਰਹੇ ਸਨ, ਜਿਹੜਾ ਕਿ ਪਾਕਿਸਤਾਨ ਨੂੰ ਵਾਰਾ ਨਹੀਂ ਖਾ ਰਿਹਾ ਹੈ। ਪਾਕਿਸਤਾਨ ਜਿਹੜਾ ਕਿ ਵਿੱਤੀ ਪੱਖੋਂ ਬੁਰੀ ਤਰ੍ਹਾਂ ਲੜਖੜਾ ਚੁੱਕਾ ਹੈ, ਨੂੰ ਅਜਿਹੀਆਂ ਘਟੀਆ ਹਰਕਤਾਂ ਤੋਂ ਬਾਜ਼ ਆਉਣਾ ਪਵੇਗਾ ਨਹੀਂ ਤਾਂ ਇਸ ਦੇ ਸਿੱਟੇ ਖਤਰਨਾਕ ਹੋ ਸਕਦੇ ਹਨ। ਜਿਹੜੇ ਕਿ ਪਾਕਿਸਤਾਨ ਨੇ ਚਿਤਵੇ ਵੀ ਨਹੀਂ ਹੋਣਗੇ। ਹੁਣ ਜਦੋਂ ਕਸ਼ਮੀਰ ਉੱਤੇ ਅੱਤਵਾਦੀ ਹਮਲਾ ਹੋਇਆ ਹੈ ਅਤੇ ਪੰਜਾਬ ਵਿੱਚ ਵੀ ਤੱਤੀਆਂ ਹਵਾਵਾਂ ਵਗਣ ਲੱਗੀਆਂ ਹਨ ਤਦ ਪੁਰਾਣੇ ਜ਼ਖ਼ਮ ਵੀ ਮੁੜ ਤੋਂ ਅੱਲੇ ਹੋ ਗਏ ਹਨ। ਰੱਬਾ ਮੁਲਕ ਦੇ ਚੁੱਲਿਆਂ ਵਿੱਚ ਘਾਹ ਨਾ ਉਗਾਵੀਂ। ਸ਼ਾਲਾ ਮੇਰਾ ਭਾਰਤ ਅਤੇ ਭਾਰਤੀ ਹੱਸਦੇ ਵੱਸਦੇ ਰਹਿਣ! ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਦੀਆਂ ਪਹਿਲਾਂ ਸੰਵਾਦ ਦਾ ਸੁਨੇਹਾ ਦਿੱਤਾ ਸੀ। ਰਜ਼ਾਮੰਦੀ ਅਤੇ ਇੱਕ ਦੂਜੇ ਨੂੰ ਸੁਣਨ ਨਾਲ ਅਸਲੇ ਹੱਲ ਹੋ ਜਾਂਦੇ ਹਨ।

# ਪਹਿਲਗਾਮ ਨਰਸੰਹਾਰ ਤੋਂ ਬਾਅਦ ਭਾਰਤ-ਪਾਕਿ ਸਬੰਧ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਪਹਿਲਗਾਮ ਨਰਸੰਹਾਰ ਤੋਂ ਬਾਅਦ ਭਾਰਤ ਪਾਕ ਸਬੰਧਾਂ ਵਿੱਚ ਜਿਸ ਤਰ੍ਹਾਂ ਦਾ ਤਲਖ਼ ਰੂਪ ਦੇਖਣ ਵਿੱਚ ਮਿਲਿਆ ਹੈ, ਉਹ ਭਾਰਤ ਦਾ ਗੁੱਸਾ ਅਤੇ ਬਦਲਾ ਲੈਣ ਦੀ ਪ੍ਰਤਿਗਿਆ ਹੈ। ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬਿਹਾਰ ਦੇ ਮਧੂਬਨੀ ਵਿੱਚ ਭਾਸ਼ਨ ਕਰਦਿਆਂ ਸਿੱਧੇ ਤੌਰ 'ਤੇ ਪੂਰੀ ਦੁਨੀਆਂ ਨੂੰ ਦੱਸ ਦਿੱਤਾ ਕਿ ਕਿਸ ਤਰ੍ਹਾਂ ਭਾਰਤ ਦਾ ਗੁੱਸਾ ਅਤੇ ਆਉਣ ਵਾਲੇ ਦਿਨਾਂ ਦੇ ਵਿੱਚ ਭਾਰਤ ਦੀ ਤਾਕਤ ਉਹਨਾਂ ਦੇ ਇਸ ਤਰ੍ਹਾਂ ਦੇ ਦੁਸ਼ਮਣਾਂ ਨੂੰ ਮਿੱਟੀ ਵਿੱਚ ਮਿਲਾਉਣ ਦੇ ਯੋਗ ਹੈ। ਆਪਣੇ ਭਾਸ਼ਣ ਵਿਚ ਉਥੇ ਉਹਨਾਂ ਦੇ ਬੈਂਕਰਜ ਨੂੰ ਵੀ ਮਿੱਟੀ ਵਿੱਚ ਮਿਲਾ ਦੇਣ ਅਤੇ ਉਨ੍ਹਾਂ ਦੀ ਕਲਪਨਾ ਤੋਂ ਵੀ ਵੱਡਾ ਬਦਲਾ ਲੈਣ ਦੀ ਗੱਲ ਕਹੀ ਹੈ। ਇਹਨਾਂ ਸਾਰੀਆਂ ਗੱਲਾਂ ਦਾ ਸਭ ਤੋਂ ਵੱਡਾ ਅਸਰ ਅੱਜ ਪੰਜਾਬ ਵਿੱਚ ਦਿਖਿਆ ਹੈ।

ਪੰਜਾਬ ਦੇ ਅਟਾਰੀ ਵਾਹਗਾ ਸਰਹੱਦ ਦੀ ਜ਼ੀਰੋ ਲਾਈਨ ਨੂੰ ਵੀ ਅੱਜ ਬੰਦ ਕਰ ਦਿੱਤਾ ਗਿਆ ਤੇ ਜਿਸ ਦੇ ਕਾਰਨ ਬੀਟਿੰਗ ਦੀ ਟਰੀਟ ਸੈਰੇਮਨੀ ਦੇ ਦੌਰਾਨ ਗੇਟ ਵੀ ਨਹੀਂ ਖੋਲ੍ਹੇ ਗਏ ਅਤੇ ਭਾਰਤ ਵੱਲੋਂ ਸਭ ਤੋਂ ਵੱਡੀ ਸੱਟ ਜੇਕਰ ਪਾਕਿਸਤਾਨ ਨੂੰ ਡਿਪਲੋਮੈਟਿਕ ਤੌਰ 'ਤੇ ਮਾਰੀ ਗਈ ਹੈ ਤਾਂ ਉਹ ਹੈ ਸਿੰਧੂ ਜਲ ਸੰਧੀ ਨੂੰ ਖ਼ਾਰਜ ਕਰ ਦੇਣਾ ਅਤੇ ਉਧਰ ਪਾਕਿਸਤਾਨ ਨੇ ਸ਼ਿਮਲਾ ਸਮਝੌਤੇ ਨੂੰ ਵੀ ਖ਼ਾਰਜ ਕਰਨ ਦਾ ਐਲਾਨ ਕੀਤਾ ਹੈ।

ਇਹਨਾਂ ਦੋਵੇਂ ਸਮਝੌਤਿਆਂ ਦੇ ਖਾਰਜ ਹੋ ਜਾਣ ਤੋਂ ਬਾਅਦ ਕੀ ਦੋਨਾਂ ਦੇਸ਼ਾਂ ਦੇ ਵਿੱਚ ਹੁਣ ਕੋਈ ਆਪਸੀ ਸਮਝੌਤੇ ਅਤੇ ਗੱਲਬਾਤ ਦਾ ਰਸਤਾ ਬਚਿਆ ਹੈ। ਤੁਹਾਨੂੰ ਯਾਦ ਹੋਵੇਗਾ ਕਿ ਪੂਰਵ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਅਤੇ ਜ਼ੁਲਫਕਾਰ ਅਲੀ ਭੁੱਟੋ ਦੇ ਵਿੱਚ ਸ਼ਿਮਲਾ ਸਮਝੌਤਾ ਇਹ ਕਹਿੰਦਾ ਹੈ ਕਿ ਦੋਵੇਂ ਧਿਰਾਂ ਆਪਣੇ ਮਸਲੇ ਗੱਲਬਾਤ ਰਾਹੀਂ ਸੁਲਝਾਉਣਗੀਆਂ ਅਤੇ ਜ਼ੀਰੋ ਲਾਈਨ 'ਤੇ ਕੋਈ ਵੀ ਗੱਲ ਲਾਈਨ ਆਫ਼ ਕੰਟਰੋਲ ਨੂੰ ਆਖਰੀ ਸ਼ਾਂਤੀ ਸਮਝੌਤਾ ਮੰਨਿਆ ਜਾਏਗਾ ਪਰੰਤੂ ਹੁਣ ਇਹ ਦੋਵੇਂ ਗੱਲਾਂ ਖ਼ਾਰਜ ਕੀਤੀਆਂ ਜਾ ਚੁੱਕੀਆਂ ਹਨ। ਸਿੰਧੂ ਜਲ ਸੰਧੀ ਪਾਕਿਸਤਾਨ ਲਈ ਕਿੰਨੀ ਮਹੱਤਤਾ ਰੱਖਦੀ ਹੈ ਇਹ ਇੱਕ ਵੱਡਾ ਸਵਾਲ ਹੈ ਕਿਉਂਕਿ ਪਾਕਿਸਤਾਨ ਦਾ ਇੱਕ ਵੱਡਾ ਇਲਾਕਾ ਪੀਣ ਵਾਲੇ ਪਾਣੀ ਤੋਂ ਲੈ ਕੇ ਫ਼ਸਲ ਲਈ ਪਾਣੀ ਤੱਕ ਅਰਥਾਤ ਸਿੰਧੂ ਜਲ ਸੰਧੀ ਅਤੇ ਪਾਣੀ 'ਤੇ ਆਪਣੀ ਟੇਕ ਰੱਖਦਾ ਹੈ ਜਿਹੜਾ ਕਿ ਭਾਰਤ ਵੱਲੋਂ ਹੁਣ ਤੱਕ ਆਪਣੇ ਬਿਆਨ ਵਿੱਚ ਕਿਹਾ ਗਿਆ ਕਿ ਉਹ ਉਸ ਨੂੰ ਬੰਦ ਕਰੇਗਾ ਹਾਲਾਂਕਿ ਇਸ ਵਿੱਚ ਵਿਸ਼ਵ ਬੈਂਕ ਵੀ ਇੱਕ ਵੱਡੀ ਧਿਰ ਹੈ। ਆਉਣ ਵਾਲੇ ਦਿਨਾਂ ਦੇ ਵਿੱਚ ਭਾਰਤ ਵੱਲੋਂ ਕੀਤਾ ਗਿਆ ਮਿਲਟਰੀ ਐਕਸ਼ਨ ਵੀ ਇਸ ਦਾ ਇੱਕ ਹਿੱਸਾ ਹੈ ਪਰ ਇੱਕ ਗੱਲ ਸਾਫ਼ ਹੈ ਕਿ ਹੁਣ ਪਾਕਿਸਤਾਨ ਨੂੰ ਸਿੱਧਾ ਜਵਾਬ ਦੇਣ ਦਾ ਸਮਾਂ ਆ ਗਿਆ ਹੈ।

ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਦੇ ਸਖ਼ਤ ਫੈਸਲੇ ਤੋਂ ਗੁੱਸੇ ਵਿੱਚ ਆਏ ਪਾਕਿਸਤਾਨ ਨੇ ਭਾਰਤ ਨਾਲ ਵਪਾਰ ਖਤਮ ਕਰਨ ਦਾ ਐਲਾਨ ਕੀਤਾ ਹੈ। ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਵੀਰਵਾਰ ਨੂੰ ਰਾਸ਼ਟਰੀ ਸੁਰੱਖਿਆ ਕਮੇਟੀ (ਐਨਐਸਸੀ) ਦੀ ਮੀਟਿੰਗ ਬੁਲਾਈ।
ਇਸ ਤਰ੍ਹਾਂ ਭਾਰਤ ਨੇ ਸਖ਼ਤ ਕਦਮ ਚੁੱਕਦਿਆਂ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰ ਦਿੱਤਾ ਅਤੇ ਇਸ ਦੇ ਨਾਲ ਹੀ ਭਾਰਤ ਦੀ ਇਸ ਕਾਰਵਾਈ ਤੋਂ ਬਾਅਦ ਪਾਕਿਸਤਾਨ ਘਬਰਾ ਗਿਆ ਹੈ। ਪਾਕਿਸਤਾਨ ਨੇ ਭਾਰਤੀ ਏਅਰਲਾਈਨਾਂ ਲਈ ਆਪਣਾ ਹਵਾਈ ਖੇਤਰ ਬੰਦ ਕਰ ਦਿੱਤਾ, ਨਾਲ ਹੀ ਵਾਹਗਾ ਸਰਹੱਦੀ ਕ੍ਰਾਸਿੰਗ ਵੀ। ਇਸ ਤੋਂ ਇਲਾਵਾ ਪਾਕਿਸਤਾਨ ਨੇ ਸ਼ਿਮਲਾ ਸਮਝੌਤਾ ਰੱਦ ਕਰਨ ਦੀ ਵੀ ਚੇਤਾਵਨੀ ਦਿੱਤੀ ਹੈ। ਪਾਕਿਸਤਾਨ ਦੀ ਰਾਸ਼ਟਰੀ ਸੁਰੱਖਿਆ ਕਮੇਟੀ ਨੇ ਭਾਰਤ ਦੇ ਦੋਸ਼ਾਂ ਨੂੰ ਰੱਦ ਕਰ ਦਿੱਤਾ ਹੈ ਅਤੇ ਉਨ੍ਹਾਂ ਨੂੰ ਬੇਬੁਨਿਆਦ ਅਤੇ ਮਨਘੜਤ ਦੱਸਿਆ ਹੈ। ਐਨਐਸਸੀ ਦਾ ਕਹਿਣਾ ਹੈ ਕਿ ਪਹਿਲਗਾਮ ਹਮਲੇ ਨੂੰ ਲੈ ਕੇ ਪਾਕਿਸਤਾਨ ਨੂੰ ਨਿਸ਼ਾਨਾ ਬਣਾਉਣ ਦੀ ਨਵੀਂ ਦਿੱਲੀ ਦੀ ਮੁਹਿੰਮ ਪੂਰੀ ਤਰ੍ਹਾਂ ਝੂਠ 'ਤੇ ਅਧਾਰਤ ਹੈ। ਇਸ ਸਬੰਧ ਵਿੱਚ, ਐਨਐਸਸੀ ਨੇ ਇਸਲਾਮਾਬਾਦ ਵਿੱਚ ਭਾਰਤੀ ਹਾਈ ਕਮਿਸ਼ਨ ਵਿੱਚ ਤਾਇਨਾਤ ਭਾਰਤੀ ਰੱਖਿਆ, ਜਲ ਸੈਨਾ ਅਤੇ ਹਵਾਈ ਸੈਨਾ ਦੇ ਸਲਾਹਕਾਰਾਂ ਨੂੰ ਕੱਢਣ ਦਾ ਫੈਸਲਾ ਕੀਤਾ ਹੈ ਅਤੇ ਉਨ੍ਹਾਂ ਅਤੇ ਉਨ੍ਹਾਂ ਦੇ ਸਹਾਇਕ ਸਟਾਫ ਨੂੰ 30 ਅਪ੍ਰੈਲ ਤੱਕ ਪਾਕਿਸਤਾਨ ਛੱਡਣ ਦਾ ਹੁਕਮ ਦਿੱਤਾ ਗਿਆ ਹੈ।

ਇਸ ਦੇ ਨਾਲ ਹੀ ਇਹ ਫੈਸਲਾ ਲਿਆ ਗਿਆ ਹੈ ਕਿ ਭਾਰਤੀ ਹਾਈ ਕਮਿਸ਼ਨ ਵਿੱਚ ਡਿਪਲੋਮੈਟਿਕ ਸਟਾਫ਼ ਦੀ ਗਿਣਤੀ 30 ਅਧਿਕਾਰੀਆਂ ਤੱਕ ਸੀਮਤ ਰਹੇਗੀ ਅਤੇ ਇਹੀ ਨਿਯਮ ਭਾਰਤ ਵਿੱਚ ਸਥਿਤ ਪਾਕਿਸਤਾਨ ਹਾਈ ਕਮਿਸ਼ਨ 'ਤੇ ਵੀ ਬਰਾਬਰ ਲਾਗੂ ਹੋਵੇਗਾ। ਐਨਐਸਸੀ ਨੇ ਸਿੰਧੂ ਜਲ ਸੰਧੀ (ਆਈਡਬਲਯੂਟੀ) ਨੂੰ ਇਕਪਾਸੜ ਤੌਰ 'ਤੇ ਮੁਅੱਤਲ ਕਰਨ ਦੇ ਭਾਰਤ ਦੇ ਫੈਸਲੇ ਦਾ ਸਖ਼ਤ ਵਿਰੋਧ ਕੀਤਾ ਅਤੇ ਇਸ ਮੁੱਦੇ ਨੂੰ ਵਿਸ਼ਵ ਬੈਂਕ ਅਤੇ ਹੋਰ ਅੰਤਰਰਾਸ਼ਟਰੀ ਮੰਚਾਂ 'ਤੇ ਉਠਾਉਣ ਦਾ ਐਲਾਨ ਕੀਤਾ। ਕਮੇਟੀ ਦਾ ਕਹਿਣਾ ਹੈ ਕਿ ਵਿਸ਼ਵ ਬੈਂਕ ਇਸ ਸੰਧੀ ਦਾ ਇੱਕ ਪੱਖ ਹੈ, ਇਸ ਲਈ ਭਾਰਤ ਨੂੰ ਇਸ 'ਤੇ ਕੋਈ ਵੀ ਇਕਪਾਸੜ ਫੈਸਲਾ ਲੈਣ ਦਾ ਅਧਿਕਾਰ ਨਹੀਂ ਹੈ। ਇਸ ਤੋਂ ਇਲਾਵਾ, ਐਨਐਸਸੀ ਨੇ ਭਾਰਤ ਵੱਲੋਂ ਸਰਹੱਦ ਬੰਦ ਕਰਨ ਦੇ ਜਵਾਬ ਵਿੱਚ ਵਾਹਗਾ-ਅਟਾਰੀ ਸਰਹੱਦ ਨੂੰ ਵੀ ਬੰਦ ਕਰਨ ਦਾ ਫੈਸਲਾ ਕੀਤਾ ਹੈ। ਕਮੇਟੀ ਨੇ ਪਾਕਿਸਤਾਨ ਦੇ ਹਥਿਆਰਬੰਦ ਬਲਾਂ ਦੀ ਤਿਆਰੀ 'ਤੇ ਸੰਤੁਸ਼ਟੀ ਪ੍ਰਗਟ ਕੀਤੀ ਅਤੇ ਕਿਹਾ ਕਿ ਜੇਕਰ ਭਾਰਤ ਕੁਝ ਵੀ ਕਰਨ ਦੀ ਹਿੰਮਤ ਕਰਦਾ ਹੈ ਤਾਂ ਇਸਦਾ ਸਖ਼ਤ ਜਵਾਬ ਦਿੱਤਾ ਜਾਵੇਗਾ। ਪਾਕਿਸਤਾਨ ਨੇ ਭਾਰਤ 'ਤੇ ਜਵਾਬੀ ਹਮਲਾ ਕਰਦਿਆਂ ਉਸ 'ਤੇ ਦੇਸ਼ ਵਿੱਚ ਅਸ਼ਾਂਤੀ ਫੈਲਾਉਣ ਦਾ ਦੋਸ਼ ਲਗਾਇਆ ਹੈ ਅਤੇ ਕਿਹਾ ਹੈ ਕਿ ਭਾਰਤੀ ਜਾਸੂਸ ਕੁਲਭੂਸ਼ਣ ਜਾਧਵ ਪਾਕਿਸਤਾਨ ਵਿੱਚ ਫੜਿਆ ਗਿਆ ਹੈ। ਉਸਨੇ ਭਾਰਤ ਦੇ ਨਿਰਦੇਸ਼ਾਂ 'ਤੇ ਅੱਤਵਾਦੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੀ ਗੱਲ ਕਬੂਲ ਕੀਤੀ ਸੀ। ਐਨਐਸਸੀ ਨੇ ਭਾਰਤ ਦੇ ਹਾਲੀਆ ਫੈਸਲਿਆਂ ਨੂੰ ਮੋਦੀ ਸਰਕਾਰ ਦੇ ਪਾਕਿਸਤਾਨ ਵਿਰੋਧੀ ਏਜੰਡੇ ਦਾ ਹਿੱਸਾ ਦੱਸਿਆ। ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਦੇ ਸਖ਼ਤ ਫੈਸਲੇ ਤੋਂ ਗੁੱਸੇ ਵਿੱਚ ਆਏ ਪਾਕਿਸਤਾਨ ਨੇ ਭਾਰਤ ਨਾਲ ਵਪਾਰ ਖਤਮ ਕਰਨ ਦਾ ਐਲਾਨ ਕੀਤਾ ਹੈ। ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਵੀਰਵਾਰ ਨੂੰ ਰਾਸ਼ਟਰੀ ਸੁਰੱਖਿਆ ਕਮੇਟੀ (ਐਨਐਸਸੀ) ਦੀ ਮੀਟਿੰਗ ਬੁਲਾਈ। ਭਾਰਤ ਨੇ ਸਖ਼ਤ ਕਦਮ ਚੁੱਕਦਿਆਂ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰ ਦਿੱਤਾ। ਇਸ ਦੇ ਨਾਲ ਹੀ ਭਾਰਤ ਦੀ ਇਸ ਕਾਰਵਾਈ ਤੋਂ ਬਾਅਦ ਪਾਕਿਸਤਾਨ ਘਬਰਾ ਗਿਆ ਹੈ। ਪਾਕਿਸਤਾਨ ਨੇ ਭਾਰਤੀ ਏਅਰਲਾਈਨਾਂ ਲਈ ਆਪਣਾ ਹਵਾਈ ਖੇਤਰ ਬੰਦ ਕਰ ਦਿੱਤਾ, ਨਾਲ ਹੀ ਵਾਹਗਾ ਸਰਹੱਦੀ ਕ੍ਰਾਸਿੰਗ ਵੀ। ਇਸ ਤੋਂ ਇਲਾਵਾ ਪਾਕਿਸਤਾਨ ਨੇ ਸ਼ਿਮਲਾ ਸਮਝੌਤਾ ਰੱਦ ਕਰਨ ਦੀ ਵੀ ਚੇਤਾਵਨੀ ਦਿੱਤੀ ਹੈ। ਇਸ ਦੇ ਹਾਲੀਆ ਫੈਸਲਿਆਂ ਨੂੰ ਮੋਦੀ ਸਰਕਾਰ ਦੇ ਪਾਕਿਸਤਾਨ ਵਿਰੋਧੀ ਏਜੰਡੇ ਦਾ ਹਿੱਸਾ ਸੀ।

ਹਾਲਾਂਕਿ, ਕੋਈ ਵੀ ਧਿਰ ਗੱਲਬਾਤ ਵਿੱਚ ਵਿਘਨ ਬਰਦਾਸ਼ਤ ਨਹੀਂ ਕਰ ਸਕਦੀ ਸੀ। ਪਾਕਿਸਤਾਨੀ ਪ੍ਰੈਸ ਨੇ ਗੱਲਬਾਤ ਦੇ ਅੰਤ ਦੀਆਂ ਅਫਵਾਹਾਂ ਦਾ ਸਾਹਮਣਾ ਕੀਤਾ, ਜਿਸ ਨਾਲ ਦੁਸ਼ਮਣੀ ਦੀਆਂ ਗੱਲਾਂ ਵਧ ਗਈਆਂ; ਸਰਕਾਰ ਭਾਰਤ ਨਾਲ ਹਿੰਸਕ ਟਕਰਾਅ ਲਈ ਗੱਲਬਾਤ ਛੱਡਣ ਲਈ ਤਿਆਰ ਨਹੀਂ ਸੀ ਅਤੇ ਉਸਨੂੰ ਆਪਣੀ ਸਥਿਤੀ 'ਤੇ ਮੁੜ ਵਿਚਾਰ ਕਰਨ ਲਈ ਮਜਬੂਰ ਹੋਣਾ ਪਿਆ। ਸਿੰਧੂ ਮੁੱਦਾ ਭਾਰਤ ਲਈ ਵੀ ਬਹੁਤ ਦਿਲਚਸਪੀ ਨਾਲ ਹੱਲ ਹੋ ਗਿਆ ਹੈ; ਵੱਡੇ ਵਿਕਾਸ ਪ੍ਰੋਜੈਕਟ ਗੱਲਬਾਤ ਨੂੰ ਰੋਕ ਰਹੇ ਸਨ ਅਤੇ ਭਾਰਤੀ ਨੇਤਾ ਸਿੰਚਾਈ ਲਈ ਪਾਣੀ ਨੂੰ ਮੋੜਨ ਲਈ ਉਤਸੁਕ ਸਨ। ਦਸੰਬਰ 1954 ਵਿੱਚ, ਦੋਵੇਂ ਧਿਰਾਂ ਗੱਲਬਾਤ ਦੀ ਮੇਜ 'ਤੇ ਵਾਪਸ ਆ ਗਈਆਂ। ਵਿਸ਼ਵ ਬੈਂਕ ਦੇ ਪ੍ਰਸਤਾਵ ਨੂੰ ਸਮਝੌਤੇ ਦੇ ਆਧਾਰ ਤੋਂ ਗੱਲਬਾਤ ਦੇ ਆਧਾਰ 'ਤੇ ਬਦਲ ਦਿੱਤਾ ਗਿਆ ਅਤੇ ਅਗਲੇ ਛੇ ਸਾਲਾਂ ਲਈ ਵਾਰ-ਵਾਰ ਗੱਲਬਾਤ ਜਾਰੀ ਰਹੀ। ਇੱਕ ਸਮਝੌਤੇ ਵਿੱਚ ਇੱਕ ਆਖਰੀ ਰੁਕਾਵਟ ਨਹਿਰਾਂ ਅਤੇ ਸਟੋਰੇਜ ਸਹੂਲਤਾਂ ਦੇ ਨਿਰਮਾਣ ਲਈ ਫੰਡਿੰਗ ਨਾਲ ਸਬੰਧਤ ਸੀ ਜੋ ਪੱਛਮੀ ਦਰਿਆਵਾਂ ਤੋਂ ਪਾਕਿਸਤਾਨ ਨੂੰ ਪਾਣੀ ਤਬਦੀਲ ਕਰਨਗੀਆਂ। ਇਹ ਤਬਾਦਲਾ ਉਸ ਪਾਣੀ ਦੀ ਭਰਪਾਈ ਲਈ ਜ਼ਰੂਰੀ ਸੀ ਜੋ ਪਾਕਿਸਤਾਨ ਪੂਰਬੀ ਦਰਿਆਵਾਂ 'ਤੇ ਆਪਣੇ ਅਧਿਕਾਰ ਛੱਡ ਕੇ ਛੱਡ ਰਿਹਾ ਸੀ। ਵਿਸ਼ਵ ਬੈਂਕ ਨੇ ਸ਼ੁਰੂ ਵਿੱਚ ਭਾਰਤ ਨੂੰ ਇਨ੍ਹਾਂ ਕੰਮਾਂ ਲਈ ਭੁਗਤਾਨ ਕਰਨ ਦੀ ਯੋਜਨਾ ਬਣਾਈ ਸੀ, ਪਰ ਭਾਰਤ ਨੇ ਇਨਕਾਰ ਕਰ ਦਿੱਤਾ। ਬੈਂਕ ਨੇ ਮੁੱਖ ਤੌਰ 'ਤੇ ਸੰਯੁਕਤ ਰਾਜ ਅਤੇ ਯੂਨਾਈਟਿਡ ਕਿੰਗਡਮ ਤੋਂ ਸਪਲਾਈ ਕੀਤੇ ਗਏ ਬਾਹਰੀ ਫੰਡਿੰਗ ਲਈ ਇੱਕ ਯੋਜਨਾ ਦੇ ਨਾਲ ਜਵਾਬ ਦਿੱਤਾ। ਇਸ ਹੱਲ ਨੇ ਸਮਝੌਤੇ ਦੇ ਬਾਕੀ ਬਚੇ ਅੜਿੱਕਿਆਂ ਨੂੰ ਮਨਜ਼ੂਰੀ ਦੇ ਦਿੱਤੀ ਅਤੇ 1960 ਵਿੱਚ ਦੋਵਾਂ ਦੇਸ਼ਾਂ ਦੇ ਨੇਤਾਵਾਂ ਦੁਆਰਾ ਸੰਧੀ 'ਤੇ ਦਸਤਖਤ ਕੀਤੇ ਗਏ।

ਇਸ ਸੰਧੀ ਦੀਆਂ ਵਿਵਸਥਾਵਾਂ ਵਿੱਚ ਸਮਝੌਤੇ ਨੇ ਪਾਣੀ ਦੀ ਵੰਡ ਨੂੰ ਲੈ ਕੇ ਭਵਿੱਖ ਵਿੱਚ ਪੈਦਾ ਹੋਣ ਵਾਲੇ ਕਿਸੇ ਵੀ ਵਿਵਾਦ ਦਾ ਫੈਸਲਾ ਕਰਨ ਲਈ ਇੱਕ ਸਥਾਈ ਸਿੰਧੂ ਕਮਿਸ਼ਨ ਦੀ ਸਥਾਪਨਾ ਕੀਤੀ। ਕਮਿਸ਼ਨ ਤਿੰਨ ਯੁੱਧਾਂ ਵਿੱਚੋਂ ਬਚਿਆ ਹੈ ਅਤੇ ਨਿਰੀਖਣ, ਡੇਟਾ ਐਕਸਚੇਂਜ ਅਤੇ ਮੁਲਾਕਾਤਾਂ ਰਾਹੀਂ ਸਲਾਹ-ਮਸ਼ਵਰੇ ਅਤੇ ਟਕਰਾਅ ਦੇ ਹੱਲ ਲਈ ਇੱਕ ਨਿਰੰਤਰ ਵਿਧੀ ਪ੍ਰਦਾਨ ਕਰਦਾ ਹੈ। ਕਮਿਸ਼ਨ ਨੂੰ ਬੇਸਿਨ ਦੇ ਵਿਕਾਸ ਲਈ ਸੰਭਾਵੀ ਵਿਵਾਦਾਂ ਦੇ ਨਾਲ-ਨਾਲ ਸਹਿਯੋਗੀ ਪ੍ਰਬੰਧਾਂ 'ਤੇ ਚਰਚਾ ਕਰਨ ਲਈ ਨਿਯਮਿਤ ਤੌਰ 'ਤੇ ਮੀਟਿੰਗਾਂ ਕਰਨ ਦੀ ਲੋੜ ਹੁੰਦੀ ਹੈ। ਕਿਸੇ ਵੀ ਧਿਰ ਨੂੰ ਕਿਸੇ ਵੀ ਇੰਜੀਨੀਅਰਿੰਗ ਕਾਰਜਾਂ ਦੇ ਨਿਰਮਾਣ ਦੀਆਂ ਯੋਜਨਾਵਾਂ ਬਾਰੇ ਦੂਜੀ ਧਿਰ ਨੂੰ ਸੂਚਿਤ ਕਰਨਾ ਚਾਹੀਦਾ ਹੈ ਜੋ ਦੂਜੀ ਧਿਰ ਨੂੰ ਪ੍ਰਭਾਵਿਤ ਕਰੇਗਾ ਅਤੇ ਅਜਿਹੇ ਕੰਮਾਂ ਬਾਰੇ ਡੇਟਾ ਪ੍ਰਦਾਨ ਕਰਨਾ ਚਾਹੀਦਾ ਹੈ। ਅਸਹਿਮਤੀ ਦੀ ਸਥਿਤੀ ਵਿੱਚ, ਵਿਚੋਲਗੀ ਅਤੇ ਸਾਲਸੀ ਲਈ ਇੱਕ ਨਿਰਪੱਖ ਮਾਹਰ ਨੂੰ ਬੁਲਾਇਆ ਜਾਂਦਾ ਹੈ। ਹਾਲਾਂਕਿ ਕਿਸੇ ਵੀ ਧਿਰ ਨੇ ਅਜਿਹੇ ਪ੍ਰੋਜੈਕਟ ਸ਼ੁਰੂ ਨਹੀਂ ਕੀਤੇ ਹਨ ਜੋ ਉਸ ਕਿਸਮ ਦੇ ਟਕਰਾਅ ਦਾ ਕਾਰਨ ਬਣ ਸਕਦੇ ਹਨ, ਜਿਸ ਨੂੰ ਹੱਲ ਕਰਨ ਲਈ ਕਮਿਸ਼ਨ ਬਣਾਇਆ ਗਿਆ ਸੀ, ਉਪ-ਮਹਾਂਦੀਪ 'ਤੇ ਤਣਾਅ ਤੋਂ ਬਿਨਾਂ ਸਾਲਾਨਾ ਨਿਰੀਖਣ ਅਤੇ ਡੇਟਾ ਦਾ ਆਦਾਨ-ਪ੍ਰਦਾਨ ਜਾਰੀ ਹੈ। ਸੰਧੀ 'ਤੇ ਮੁੜ ਵਿਚਾਰ ਲਈ 2003 ਵਿੱਚ ਅਸੈਂਬਲੀ ਵਿੱਚ ਸੰਧੀ 'ਤੇ ਮੁੜ ਵਿਚਾਰ ਕਰਨ ਲਈ ਇੱਕ ਮਤਾ ਵੀ ਪਾਸ ਕੀਤਾ ਗਿਆ ਸੀ। ਦਿੱਲ ਵਿੱਚ ਇਹ ਵੀ ਵਿਚਾਰ ਹੈ ਕਿ ਪਾਕਿਸਤਾਨ ਇਸ ਸੰਧੀ ਦੇ ਪ੍ਰਸਤਾਵਾਂ ਦੀ ਵਰਤੋਂ ਕਰ ਸਕਦਾ ਹੈ। ਭਾਰਤ ਵੱਲੋਂ ਇਸ ਵਾਰ ਪੱਕੇ ਫੈਸਲਿਆਂ ਦੀ ਗਵਾਹੀ ਵਿੱਚ ਪਾਕਿਸਤਾਨ ਚਿੰਤਾ ਵਿੱਚ ਹੈ। ਕੁੱਝ ਵੀ ਹੋਵੇ ਪਹਿਲਗਾਮ ਦੇ ਇਸ ਤ੍ਰਾਸਦੀ ਦੇ ਨਰਸੰਹਾਰ ਨੇ ਭਾਰਤ ਦੇ ਹੱਕ ਵਿੱਚ ਇੱਕ ਵਾਰ ਫ਼ਿਰ ਤੋਂ ਸੋਚਣ ਲਈ ਅਤੇ ਆਤੰਕਵਾਦ ਦੇ ਖ਼ਾਤਮੇ ਲਈ ਜਿਸ ਤਰ੍ਹਾਂ ਇੱਕ ਪਾਸੜ ਫ਼ੈਸਲਾ ਦਿੱਤਾ ਹੈ, ਭਾਰਤ ਉਸ ਉੱਤੇ ਅਮਲ ਕਰੇਗਾ ਅਤੇ ਅੱਜ ਦੀ ਤਾਰੀਖ਼ ਵਿੱਚ ਭਾਰਤ ਨੂੰ ਦੁਨੀਆਂ ਭਰ ਦੀ ਹਮਾਇਤ ਹਾਸਲ ਹੈ। ਆਤੰਕਵਾਦ ਨੂੰ ਖ਼ਤਮ ਕਰਨ ਵਾਸਤੇ ਆਉਣ ਵਾਲਾ ਸਮਾਂ ਦੱਸੇਗਾ ਕਿ ਪਾਕਿਸਤਾਨ ਦਾ ਪਾਕਿਸਤਾਨ ਨੂੰ ਕਿਸ ਤਰ੍ਹਾਂ ਦਾ ਜਵਾਬ ਦਿੱਤਾ ਜਾਵੇਗਾ।

# ਜਾਨਲੇਵਾ ਮਲੇਰੀਆ ਤੋਂ ਬਚਣ ਲਈ ਜ਼ਰੂਰੀ ਹੈ ਸਾਵਧਾਨੀ

ਪ੍ਰੋ.ਪਰਮਜੀਤ ਸਿੰਘ ਨਿੱਕੇ ਘੁੰਮਣ
ਮੋ: 97816-46008

ਸਾਡਾ ਭਾਰਤੀਆਂ ਦਾ ਸੁਭਾਅ ਹੈ ਕਿ ਅਸੀਂ ਕੈਂਸਰ, ਦਿਲ ਦੀ ਬਿਮਾਰੀ, ਫੇਫੜਿਆਂ ਜਾਂ ਗੁਰਦਿਆਂ ਦੀ ਬਿਮਾਰੀ ਨੂੰ ਤਾਂ ਵੱਡੀ ਬਿਮਾਰੀ ਸਮਝਦੇ ਹਾਂ ਪਰ ਮਲੇਰੀਆ ਤੇ ਚਿਕਨਗੁਨੀਆ ਜਿਹੀਆਂ ਬਿਮਾਰੀਆਂ ਨੂੰ ਬਹੁਤ ਹੀ ਹਲਕੇ 'ਚ ਲੈਂਦੇ ਹਾਂ ਜਦੋਂ ਕਿ ਕੌੜਾ ਸੱਚ ਇਹ ਹੈ ਕਿ ਸੰਯੁਕਤ ਰਾਸ਼ਟਰ ਸੰਘ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਦੁਨੀਆਂ ਭਰ ਦੇ 106 ਮੁਲਕਾਂ ਵਿਚ 3.3 ਬਿਲੀਅਨ ਲੋਕ ਮਲੇਰੀਆ ਦੀ ਜਕੜ ਵਿਚ ਆਉਣ ਦੇ ਮੁਹਾਣੇ 'ਤੇ ਖੜ੍ਹੇ ਹਨ। ਹੈਰਾਨੀਜਨਕ ਅੰਕੜੇ ਦੱਸਦੇ ਹਨ ਕਿ ਸਾਲ 2012 ਵਿਚ ਮਲੇਰੀਏ ਕਰਕੇ ਦੁਨੀਆ ਭਰ ਵਿਚ 6, 27000 ਮੌਤਾਂ ਹੋਈਆਂ ਸਨ ਜਿਨ੍ਹਾ ਵਿੱਚੋਂ ਅਧਿਕਤਰ ਅਫ਼ਰੀਕਾ, ਲਾਤੀਨੀ ਅਮਰੀਕਾ, ਮੱਧ ਪੂਰਬ ਦੇ ਦੇਸ਼ਾਂ ਅਤੇ ਯੂਰਪ ਦੇ ਕੁਝ ਹਿੱਸਿਆਂ ਵਿਚ ਹੋਈਆਂ ਸਨ ਜਦੋਂ ਕਿ ਸਾਲ 2015 ਵਿਚ ਵਧੀਆ ਸਿਹਤ ਸਹੂਲਤਾਂ ਉਪਲਬਧ ਹੋਣ ਦੇ ਬਾਵਜੂਦ ਮਲੇਰੀਆ ਕਾਰਨ ਹੋਈਆਂ ਮੌਤਾਂ ਦਾ ਅੰਕੜਾ 4,29,000 ਸੀ। ਸਾਲ 2023 ਦੌਰਾਨ ਮਲੇਰੀਆ ਕਾਰਨ 5,97,000 ਲੋਕ ਆਪਣੀਆਂ ਜਾਨਾਂ ਤੋਂ ਹੱਥ ਧੋ ਬੈਠੇ ਸਨ, ਜਿਨ੍ਹਾਂ ਵਿੱਚੋਂ 76 ਫ਼ੀਸਦੀ ਮ੍ਰਿਤਕ ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ ਸਨ।

ਮਲੇਰੀਆ ਜਿਹੀ ਬਿਮਾਰੀ ਨੂੰ ਗੰਭੀਰਤਾ ਨਾਲ ਲੈਂਦਿਆਂ ਹੋਇਆਂ ਸੰਨ 2007 ਵਿੱਚ ਸੰਯੁਕਤ ਰਾਸ਼ਟਰ ਸੰਘ ਦੀ 'ਵਰਲਡ ਹੈਲਥ ਅਸੈਂਬਲੀ' ਭਾਵ 'ਵਿਸ਼ਵ ਸਿਹਤ ਸਭਾ' ਦੇ 60ਵੇਂ ਸੈਸ਼ਨ ਦੌਰਾਨ ਇਹ ਫ਼ੈਸਲਾ ਲਿਆ ਗਿਆ ਕਿ ਹਰ ਸਾਲ 25 ਅਪ੍ਰੈਲ ਨੂੰ ਦੁਨੀਆਂ ਭਰ ਵਿਚ 'ਵਿਸ਼ਵ ਮਲੇਰੀਆ ਦਿਵਸ' ਮਨਾਇਆ ਜਾਵੇਗਾ। ਇਸ ਦਿਵਸ ਨੂੰ ਮਨਾਉਣ ਹਿੱਤ ਉਕਤ ਮਿਤੀ ਇਸ ਕਰਕੇ ਚੁਣੀ ਗਈ ਸੀ ਕਿਉਂਕਿ ਮਲੇਰੀਆ ਕਰਕੇ ਭਾਰੀ ਤਬਾਹੀ ਝੱਲ ਰਹੇ ਅਫ਼ਰੀਕਾ ਵਿਚ ਸਾਲ 2001 ਤੋਂ ਹੀ ਇਸ ਦਿਨ ਮਲੇਰੀਆ ਦਿਵਸ ਮਨਾਇਆ ਜਾ ਰਿਹਾ ਸੀ। ਜ਼ਿਕਰਯੋਗ ਹੈ ਕਿ ਵਿਸ਼ਵ ਸਿਹਤ ਸੰਗਠਨ ਵੱਲੋਂ ਜਿਨ੍ਹਾਂ ਅੱਠ ਜਨਤਕ ਸਿਹਤ ਲਹਿਰਾਂ ਦਾ ਅਰੰਭ ਕੀਤਾ ਗਿਆ ਹੈ 'ਮਲੇਰੀਆ ਦਿਵਸ' ਉਨ੍ਹਾਂ ਵਿੱਚੋਂ ਇੱਕ ਹੈ, ਜਦੋਂ ਕਿ ਬਾਕੀ ਦਿਵਸਾਂ ਵਿੱਚ 'ਵਿਸ਼ਵ ਸਿਹਤ ਦਿਵਸ','ਵਿਸ਼ਵ ਖ਼ੂਨਦਾਨ ਦਿਵਸ','ਵਿਸ਼ਵ ਟੀ.ਬੀ.ਦਿਵਸ','ਵਿਸ਼ਵ ਤੰਬਾਕੂਮੁਕਤ ਦਿਵਸ','ਵਿਸ਼ਵ ਹੈਪੇਟਾਈਟਸ ਦਿਵਸ' ਅਤੇ 'ਵਿਸ਼ਵ ਏਡਜ਼ ਦਿਵਸ' ਆਦਿ ਸ਼ਾਮਿਲ ਹਨ।

ਵਿਸ਼ਵ ਸਿਹਤ ਸੰਗਠਨ ਅਨੁਸਾਰ ਮਲੇਰੀਆ ਦਿਵਸ ਮਨਾਉਣ ਦਾ ਮੁੱਖ ਮੰਤਵ ਦੁਨੀਆਂ ਭਰ ਵਿਚ ਮਲੇਰੀਆ ਸਬੰਧੀ ਸਿੱਖਿਆ ਤੇ ਸਮਝ ਦਾ ਪ੍ਰਸਾਰ ਕਰਨਾ ਹੈ। ਵਿਸ਼ਵ ਸਿਹਤ ਸੰਗਠਨ ਦਾ ਮੰਨਣਾ ਹੈ ਕਿ ਵਿਸ਼ਵ ਪੱਧਰ 'ਤੇ ਇੰਨੇ ਯਤਨ ਕਰਨ ਤੇ ਜਾਗਰੂਕਤਾ ਲਹਿਰਾਂ ਚਲਾਉਣ ਦੇ ਬਾਵਜੂਦ ਸਾਲ 2017 ਵਿਚ ਮਲੇਰੀਆਂ ਕਾਰਨ 4 ਲੱਖ, 35 ਹਜ਼ਾਰ ਮੌਤਾਂ ਦੁਨੀਆਂ ਭਰ ਵਿਚ ਹੋ ਗਈਆਂ ਸਨ। ਸਾਲ 2020 ਵਿਚ ਮਲੇਰੀਆ ਦੇ 24.10 ਕਰੋੜ ਮਾਮਲੇ ਸਾਹਮਣੇ ਆਏ ਸਨ ਤੇ ਤਕਰੀਬਨ 6 ਲੱਖ,25 ਹਜ਼ਾਰ ਲੋਕਾਂ ਨੂੰ ਆਪਣੀਆਂ ਜਾਨਾਂ ਗੁਆਉਣੀਆਂ ਪਈਆਂ ਸਨ, ਜਦੋਂ ਕਿ ਸੰਨ 2021 ਵਿਚ ਇਹ ਅੰਕੜਾ 6 ਲੱਖ, 19 ਹਜ਼ਾਰ ਦੇ ਕਰੀਬ ਪੁੱਜ ਗਿਆ ਸੀ, ਜਿਸ ਤੋਂ ਸਿੱਧ ਹੁੰਦਾ ਹੈ ਕਿ ਮਲੇਰੀਆ ਖ਼ਿਲਾਫ਼ ਜੰਗ ਅਜੇ ਹੋਰ ਵੱਡੀ ਤਿਆਰੀ ਅਤੇ ਹੋਰ ਮਜ਼ਬੂਤ ਸੰਕਲਪ ਨਾਲ ਲੜਨੀ ਬਾਕੀ ਹੈ। ਵਿਸ਼ਵ ਸਿਹਤ ਸੰਗਠਨ ਦੀ ਇਕ ਰਿਪੋਰਟ ਅਨੁਸਾਰ ਸਾਲ 2022 ਵਿਚ ਮਲੇਰੀਆ ਦੇ 24.90 ਕਰੋੜ ਕੇਸ ਆਏ ਸਨ ਜੋ ਕਿ ਕੋਰੋਨਾ ਕਾਲ ਵਿਚ ਆਏ ਮਾਮਲਿਆਂ ਦੀ ਕੁੱਲ ਗਿਣਤੀ ਨੂੰ ਵੀ ਟੱਪ ਗਏ ਸਨ। ਵਿਸ਼ਵ ਪ੍ਰਸਿੱਧ ਹਸਤੀ ਡਾ.ਤਾਕੇਸ਼ੀ ਕਾਸਾਈ ਦਾ ਕਹਿਣਾ ਹੈ - "ਮਲੇਰੀਆ ਖ਼ਿਲਾਫ਼ ਫ਼ੈਸਲਾਕੁੰਨ ਕਾਰਵਾਈ ਦਾ ਵਕਤ ਆ ਗਿਆ ਹੈ। ਅਸੀਂ ਇਕੱਠੇ ਹੋ ਕੇ ਜੇਕਰ ਇਸ ਮਹਾਂਮਾਰੀ ਖ਼ਿਲਾਫ਼ ਲੜਾਂਗੇ ਤਾਂ ਹੀ ਇਸ ਵਿਸ਼ਵ ਨੂੰ ਮਲੇਰੀਆ ਮੁਕਤ ਕਰ ਪਾਵਾਂਗੇ।"

ਭਾਰਤ ਵਿਚ ਮਲੇਰੀਆ ਕਾਰਨ ਹੋਈਆਂ ਮੌਤਾਂ ਦੀ ਗਿਣਤੀ ਘੱਟ ਰਹੀ ਹੈ। ਵਿਸ਼ਵ ਸਿਹਤ ਸੰਗਠਨ ਅਨੁਸਾਰ ਭਾਰਤ ਵਿਚ ਹਰ ਸਾਲ ਮਲੇਰੀਏ ਦੇ 1.5 ਕਰੋੜ ਮਾਮਲੇ ਸਾਹਮਣੇ ਆਉਂਦੇ ਹਨ, ਜਿਨ੍ਹਾਂ ਵਿਚ ਲਗਭਗ 20 ਹਜ਼ਾਰ ਮਰੀਜ਼ ਮੌਤ ਦੇ ਮੂੰਹ 'ਚ ਜਾ ਪੈਂਦੇ ਹਨ, ਜਦੋਂ ਕਿ ਭਾਰਤ ਦੇ 'ਕੌਮੀ ਮਲੇਰੀਆ ਖ਼ਾਤਮਾ ਪ੍ਰੋਗਰਾਮ' ਦੀ ਰਿਪੋਰਟ ਅਨੁਸਾਰ ਭਾਰਤ ਵਿਚ ਮਲੇਰੀਆ ਨਾਲ ਸਬੰਧਤ ਹਰ ਸਾਲ 30 ਲੱਖ ਕੇਸ ਆਉਂਦੇ ਹਨ, ਜਿਨ੍ਹਾਂ ਵਿਚ ਤਕਰੀਬਨ ਇਕ ਹਜ਼ਾਰ ਮਰੀਜ਼ਾਂ ਦੀ ਮੌਤ ਹੋ ਜਾਂਦੀ ਹੈ। ਸੰਨ 2021 ਵਿਚ ਭਾਰਤ ਵਿਚ ਮਲੇਰੀਏ ਦੇ ਇਕ ਲੱਖ,60 ਹਜ਼ਾਰ ਮਾਮਲੇ ਸਾਹਮਣੇ ਆਏ ਸਨ ਜਦੋਂ ਕਿ ਸੰਨ 2022 ਵਿਚ ਅਜਿਹੇ ਮਾਮਲਿਆਂ ਦੀ ਸੰਖਿਆ ਕੇਵਲ 45 ਹਜ਼ਾਰ ਸੀ। ਸਾਲ 2023 ਵਿਚ ਜਾਰੀ ਹੋਈ ਵਿਸ਼ਵ ਸਿਹਤ ਸੰਗਠਨ ਦੀ ਇਕ ਰਿਪੋਰਟ ਮੁਤਾਬਕ ਸੰਨ 2022 ਵਿਚ ਦੱਖਣ-ਪੱਛਮੀ ਏਸ਼ੀਆ ਅੰਦਰ ਸਾਹਮਣੇ ਆਏ ਮਲੇਰੀਏ ਦੇ ਕੁੱਲ ਮਾਮਲਿਆਂ ਵਿੱਚੋਂ 66 ਫ਼ੀਸਦੀ ਮਾਮਲੇ ਭਾਰਤ ਵਿਚ ਪਾਏ ਗਏ ਸਨ। ਹਕੀਕਤ ਇਹ ਹੈ ਕਿ ਸੰਨ 2015 ਤੋਂ ਬਾਅਦ ਇਸ ਖਿੱਤੇ ਵਿਚ ਮਲੇਰੀਏ ਦੇ ਮਾਮਲਿਆਂ ਵਿਚ ਆਈ 55 ਫ਼ੀਸਦੀ ਦੀ ਕਮੀ ਦੇ ਬਾਵਜੂਦ ਭਾਰਤ ਅਜੇ ਵੀ ਮਲੇਰੀਏ ਨਾਲ ਵੱਡਾ ਨੁਕਸਾਨ ਝੱਲ ਰਿਹਾ ਹੈ। ਦੱਖਣ-ਪੱਛਮੀ ਏਸ਼ੀਆ ਵਿਚ ਮਲੇਰੀਏ ਕਾਰਨ ਹੋਣ ਵਾਲੀਆਂ ਕੁੱਲ ਮੌਤਾਂ ਵਿੱਚੋਂ 94 ਫ਼ੀਸਦੀ ਮੌਤਾਂ ਭਾਰਤ ਅਤੇ ਇੰਡੋਨੇਸ਼ੀਆ ਵਿਚ ਹੁੰਦੀਆਂ ਹਨ। ਭਾਰਤ ਨੇ ਸਾਲ 2030 ਤੱਕ ਦੇਸ਼ ਵਿੱਚੋਂ ਮਲੇਰੀਏ ਦਾ ਪੂਰੀ ਤਰ੍ਹਾਂ ਖ਼ਾਤਮਾ ਕਰਨ ਦਾ ਨਿਸ਼ਾਨਾ ਮਿੱਥਿਆ ਹੋਇਆ ਹੈ। ਪੂਰੀ ਦੁਨੀਆਂ ਵਿੱਚੋਂ ਜੇਕਰ ਮਲੇਰੀਆ ਕਰਕੇ ਹੋਣ ਵਾਲੇ ਸੱਭ ਤੋਂ ਵੱਧ ਜਾਨੀ ਨੁਕਸਾਨ ਨਾਲ ਗ੍ਰਸਿਆ ਦੇਸ਼ ਜੇਕਰ ਕੋਈ ਹੈ ਤਾਂ ਉਹ ਹੈ,ਅਫ਼ਰੀਕਾ। ਸਾਲ 2022 ਵਿਚ ਦੁਨੀਆਂ ਭਰ ਵਿਚ ਸਾਹਮਣੇ ਆਏ ਮਲੇਰੀਏ ਦੇ ਕੁੱਲ ਮਾਮਲਿਆਂ ਵਿੱਚੋਂ 94 ਫ਼ੀਸਦੀ ਮਾਮਲੇ ਅਤੇ ਦੁਨੀਆਂ ਵਿਚ ਮਲੇਰੀਏ ਕਰਕੇ ਹੋਈਆਂ ਕੁੱਲ ਮੌਤਾਂ ਵਿੱਚੋਂ 95 ਫ਼ੀਸਦੀ ਮੌਤਾਂ ਅਫ਼ਰੀਕਾ ਵਿਚ ਹੀ ਹੋਈਆਂ ਸਨ।

ਮਾਹਿਰ ਡਾਕਟਰਾਂ ਅਨੁਸਾਰ ਮਲੇਰੀਆ, ਮਾਦਾ ਮੱਛਰ 'ਐਨੋਫ਼ਲੀਜ਼' ਦੁਆਰਾ ਕੱਟੇ ਜਾਣ ਕਰਕੇ ਹੁੰਦਾ ਹੈ ਜੋ ਕਿ ਅਧਿਕਤਰ ਪ੍ਰਭਾਤ ਅਤੇ ਸ਼ਾਮ ਵੇਲੇ ਕੱਟਦਾ ਹੈ। ਇਹ ਰੋਗ ਪਲਾਜ਼ਮੋਡੀਅਮ ਨਾਮਕ ਪਰਜੀਵੀ ਰਾਹੀਂ ਫ਼ੈਲਦਾ ਹੈ, ਜਿਸਦਾ ਵਾਹਕ ਐਨੋਫ਼ਲੀਜ਼ ਮੱਛਰ ਹੁੰਦਾ ਹੈ। ਮਲੇਰੀਆ ਹੋ ਜਾਣ ਦੇ ਮੁੱਖ ਲੱਛਣਾਂ ਵਿਚ 'ਕੰਬਣੀ ਸਹਿਤ ਤੇਜ਼ ਬੁਖ਼ਾਰ, ਭਾਰੀ ਸਿਰ ਦਰਦ, ਮਾਸ ਪੇਸ਼ੀਆਂ ਦਾ ਦਰਦ, ਥਕਾਨ ਤੇ ਕਮਜ਼ੋਰੀ, ਖ਼ਾਂਸੀ, ਉਲਟੀਆਂ, ਪੇਟ ਦਰਦ ਜਾਂ ਦਸਤ' ਆਦਿ ਪ੍ਰਮੁੱਖ ਹਨ। ਮਾਹਿਰਾਂ ਦਾ ਕਹਿਣਾ ਹੈ ਕਿ ਮਲੇਰੀਆ ਤੋਂ ਬਚਣ ਲਈ ਬਹੁਤ ਹੀ ਸਧਾਰਨ ਸਾਵਧਾਨੀਆਂ ਵਰਤੇ ਜਾਣ ਦੀ ਜ਼ਰੂਰਤ ਹੈ, ਜਿਸ ਵਾਸਤੇ ਸਾਨੂੰ ਸਭ ਤੋਂ ਪਹਿਲਾਂ ਆਪਣੇ ਘਰ ਦੇ ਅੰਦਰ ਜਾਂ ਬਾਹਰ ਜਾਂ ਆਪਣੇ ਕੰਮ ਵਾਲੀਆਂ ਥਾਵਾਂ ਨੇੜੇ ਪਾਣੀ ਖੜ੍ਹਾ ਨਹੀਂ ਰਹਿਣ ਦੇਣਾ ਚਾਹੀਦਾ ਹੈ। ਕੂਲਰ ਤੇ ਗਮਲਿਆਂ ਦਾ ਪਾਣੀ ਸਮੇਂ-ਸਮੇਂ ਸਿਰ ਬਦਲਦੇ ਰਹਿਣਾ ਚਾਹੀਦਾ ਹੈ। ਮੱਛਰ ਤੋਂ ਬਚਾਅ ਹਿੱਤ ਮੱਛਰਦਾਨੀ, ਮੱਛਰਮਾਰ ਦਵਾਈ, ਲੋਸ਼ਨ ਜਾਂ ਕ੍ਰੀਮ ਦੀ ਵਰਤੋਂ ਕਰਨ ਦੇ ਨਾਲ-ਨਾਲ ਪੂਰਾ ਤਨ ਢੱਕਣ ਵਾਲੇ ਕੱਪੜੇ ਪਹਿਨਣੇ ਚਾਹੀਦੇ ਹਨ।




# ਪਹਿਲਗਾਮ ਵਿੱਚ ਸੈਲਾਨੀਆਂ 'ਤੇ ਹੋਏ ਹਮਲੇ ਦੇ ਰੋਸ ਵਜੋਂ 'ਆਪ' ਨੇ ਗੁਰਦਾਸਪੁਰ 'ਚ ਕੱਢਿਆ ਕੈਂਡਲ ਮਾਰਚ




ਗੁਰਦਾਸਪੁਰ, 24 ਅਪ੍ਰੈਲ, (ਜਗੀਰ ਸਿੰਘ ਮੰਡ) : ਬੀਤੇ ਦਿਨੀਂ ਕਸ਼ਮੀਰ ਦੇ ਪਹਿਲਗਾਮ ਵਿੱਚ ਮਾਰੇ ਗਏ ਨਿਰਦੋਸ਼ ਸੈਲਾਨੀਆਂ ਨੂੰ ਸ਼ਰਧਾਂਜਲੀ ਦੇਣ ਲਈ ਬੀਤੀ ਸ਼ਾਮ ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਸ਼ਹਿਰ ਵਾਸੀਆਂ ਵੱਲੋਂ ਗੁਰਦਾਸਪੁਰ ਵਿਖੇ ਕੈਂਡਲ ਮਾਰਚ ਕੱਢਿਆ ਗਿਆ ਤੇ ਸੋਕ ਸਭਾ ਕੀਤੀ ਗਈ। ਇਹ ਕੈਂਡਲ ਮਾਰਚ ਹਨੂੰਮਾਨ ਚੌਂਕ ਤੋਂ ਸ਼ੁਰੂ ਹੋ ਕੇ ਇਮਾਮਵਾੜਾ ਚੌਂਕ, ਸ਼ਹਿਰ ਦੇ ਅੰਦਰੂਨੀ ਬਜ਼ਾਰ, ਬਾਬਾ ਰੋੜਾ ਬੂੜਾ ਮੰਦਰ ਵੱਲ ਦੀ ਹੁੰਦਾ ਹੋਇਆ ਬਾਟਾ ਚੌਂਕ ਲੰਘ ਕੇ ਡਾਕਖ਼ਾਨਾ ਚੌਂਕ ਵਿਖੇ ਸਮਾਪਤ ਹੋਇਆ।

ਇਸ ਕੈਂਡਲ ਮਾਰਚ ਵਿੱਚ ਮਾਰਕਿਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਸ੍ਰੀ ਭਾਰਤ ਭੂਸ਼ਨ ਸ਼ਰਮਾ, ਸੀਨੀਅਰ ਆਪ ਆਗੂ ਸ੍ਰੀ ਅਜੇ ਬਹਿਲ, ਕਬੀਰ ਬਹਿਲ, ਬਲਾਕ ਪ੍ਰਧਾਨ ਰਘੁਬੀਰ ਸਿੰਘ ਖ਼ਾਲਸਾ, ਬਲਾਕ ਪ੍ਰਧਾਨ ਹਿਤੇਸ਼ ਮਹਾਜਨ, ਵਪਾਰ ਮੰਡਲ ਪ੍ਰਧਾਨ ਅਸ਼ੋਕ ਮਹਾਜਨ, ਸਾਬਕਾ ਚੇਅਰਮੈਨ ਨੀਰਜ ਸਲਹੋਤਰਾ, ਯੋਗੇਸ਼ ਸ਼ਰਮਾ, ਮੁਨੀਸ਼ ਵਰਮਾ, ਸਿਮਰਨਜੀਤ ਸਿੰਘ, ਦਪਿੰਦਰ ਸਿੰਘ ਗੋਬਿਨ. ਰੁਪੇਸ਼ ਬਿੱਟੂ, ਰਿਸ਼ੀ ਕਾਂਤ ਅਤੇ ਜ਼ਿਲ੍ਹਾ ਦਫ਼ਤਰ ਇੰਚਾਰਜ ਜਗਜੀਤ ਸਿੰਘ ਪਿੰਟਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਸ਼ਾਮਿਲ ਸਨ।

ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਸੈਲਾਨੀਆਂ ਤੇ ਹੋਏ ਭਿਆਨਕ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਚੇਅਰਮੈਨ ਸ੍ਰੀ ਭਾਰਤ ਭੂਸ਼ਨ ਸ਼ਰਮਾ ਨੇ ਕਿਹਾ ਕਿ ਇਹ ਕਾਇਰਤਾਪੂਰਨ ਅੱਤਵਾਦੀ ਹਮਲਾ ਬਹੁਤ ਹੀ ਸ਼ਰਮਨਾਕ ਹੈ।

ਪੀੜਤ ਪਰਿਵਾਰਾਂ ਨਾਲ ਹਮਦਰਦੀ ਜਤਾਉਂਦਿਆਂ ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਦੁੱਖ ਦੀ ਘੜੀ ਹੈ ਅਤੇ ਇਸ ਦੁੱਖ ਦੀ ਘੜੀ ਵਿੱਚ ਪੂਰਾ ਦੇਸ਼ ਇੱਕਜੁੱਟ ਹੈ ਅਤੇ ਉਨ੍ਹਾਂ ਦੇ ਨਾਲ ਖੜ੍ਹਾ ਹੈ। ਉਨ੍ਹਾਂ ਅੱਤਵਾਦ ਦੇ ਹਰ ਰੂਪ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਇਸ ਤੋਂ ਪਹਿਲਾ ਵੀ 2019 ਵਿੱਚ ਪੁਲਵਾਮਾ ਹਮਲਾ, 2016 ਵਿੱਚ ਉਰੀ ਹਮਲਾ ਸਮੇਤ ਇਸ ਖੇਤਰ ਨੂੰ ਦਹਾਕਿਆਂ ਤੋਂ ਅੱਤਵਾਦੀਆਂ ਨਾਲ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਹੈ।

ਉਨ੍ਹਾਂ ਕਿਹਾ ਕਿ ਜੰਮੂ-ਕਸ਼ਮੀਰ ਵਿੱਚ ਸੈਲਾਨੀਆਂ ਨੂੰ ਨਿਸ਼ਾਨਾ ਬਣਾਉਣਾ ਇਹ ਦਰਸਾਉਂਦਾ ਹੈ ਕਿ ਅੱਤਵਾਦੀ ਜੰਮੂ-ਕਸ਼ਮੀਰ ਵਿੱਚ ਸ਼ਾਂਤੀ ਨਹੀਂ ਚਾਹੁੰਦੇ ਅਤੇ ਸੈਲਾਨੀਆਂ ਦੇ ਮਨਾਂ ਵਿੱਚ ਡਰ ਬਿਠਾਉਣਾ ਚਾਹੁੰਦੇ ਹਨ। ਉਨ੍ਹਾਂ ਕੇਂਦਰ ਸਰਕਾਰ ਨੂੰ ਮਾਸੂਮ ਲੋਕਾਂ ਨੂੰ ਨਿਸ਼ਾਨਾ ਬਣਾਉਣ ਵਾਲਿਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦੀ ਅਪੀਲ ਕੀਤੀ ਤਾਂ ਜੋ ਲੋਕਾਂ ਦੇ ਮਨਾਂ ਵਿਚੋਂ ਡਰ ਦੂਰ ਕੀਤਾ ਜਾ ਸਕੇ।

# 'ਆਪ ਦੀ ਸਰਕਾਰ, ਆਪ ਦੇ ਦੁਆਰ' ਹਲਕਾ ਅਟਾਰੀ ਵਿਖੇ ਲਗਾਇਆ ਕੈਂਪ



ਅੰਮ੍ਰਿਤਸਰ, 24 ਅਪ੍ਰੈਲ, (ਬਬਲੂ ਮਹਾਜਨ) : ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਦੇ ਆਦੇਸ਼ਾਂ 'ਤੇ ਜ਼ਿਲ੍ਹੇ ਭਰ 'ਚ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ "ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਵੱਖ-ਵੱਖ ਸਥਾਨਾਂ 'ਤੇ ਆਮ ਲੋਕਾਂ ਦੀ ਸਹੂਲਤ ਲਈ ਕੈਂਪ ਲਗਾਏ ਜਾ ਰਹੇ ਹਨ। ਆਪ ਦੀ ਸਰਕਾਰ ਆਪ ਦੇ ਦੁਆਰ" ਮੁਹਿੰਮ ਤਹਿਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਇੱਕੋ ਹੀ ਛੱਤ ਹੇਠਾਂ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਿਰਫ਼ ਸੁਣਿਆ ਹੀ ਨਹੀਂ ਜਾਂਦਾ ਸਗੋਂ ਮੌਕੇ 'ਤੇ ਹੀ ਨਿਪਟਾਰਾ ਵੀ ਕੀਤਾ ਜਾਂਦਾ ਹੈ, ਇਸ ਨਾਲ ਜਿੱਥੇ ਆਮ ਲੋਕਾਂ ਦੇ ਸਮੇਂ ਦੀ ਬੱਚਤ ਹੁੰਦੀ ਹੈ ਉਥੇ ਖਰਚਾ ਵੀ ਘੱਟ ਹੁੰਦਾ ਹੈ। ਅੱਜ ਹਲਕਾ ਅਟਾਰੀ ਦੇ ਪਿੰਡ ਮੋਦੇ ਦੇ ਗੁਰਦੁਆਰਾ ਸ਼ਹੀਦਾਂ ਸਾਹਿਬ ਵਿਖੇ ਪਿੰਡ ਮੋਦੇ ਅਤੇ ਨਾਲ ਲੱਗਦੇ ਪਿੰਡਾਂ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣਨ ਲਈ ਕੈਂਪ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਵੱਡੀ ਗਿਣਤੀ ਵਿਚ ਲੋਕਾਂ ਨੇ ਸ਼ਿਰਕਤ ਕੀਤੀ ਅਤੇ ਸਰਕਾਰੀ ਸੇਵਾਵਾਂ ਦਾ ਲਾਭ ਲਿਆ। ਕੈਂਪ ਦੌਰਾਨ ਮਾਲ ਵਿਭਾਗ ਤੋਂ ਇਲਾਵਾ ਸੇਵਾ ਕੇਂਦਰਾਂ ਨਾਲ ਸਬੰਧਤ ਕੰਮ, ਪੈਨਸ਼ਨਾਂ, ਗਲੀਆਂ-ਨਾਲੀਆਂ ਦੇ ਪਾਣੀ ਦੀ ਨਿਕਾਸੀ, ਪੀਣ ਵਾਲੇ ਪਾਣੀ ਤੋਂ ਇਲਾਵਾ ਵਿਕਾਸ ਕਾਰਜਾਂ ਨਾਲ ਸਬੰਧਤ ਸਮੱਸਿਆਵਾਂ ਸਨ। ਇਨ੍ਹਾਂ 'ਚੋਂ ਬਹੁਤੀਆਂ ਸਮੱਸਿਆਵਾਂ ਦਾ ਨਿਪਟਾਰਾ ਮੌਕੇ 'ਤੇ ਹੀ ਕੀਤਾ ਗਿਆ ਤੇ ਰਹਿੰਦੀਆਂ ਸਮੱਸਿਆਵਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ।

ਇਸ ਤੋਂ ਪਹਿਲਾ ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਵਲੋਂ ਵੱਖ-ਵੱਖ ਵਿਭਾਗਾਂ ਵਲੋਂ ਆਪੋ-ਆਪਣੇ ਵਿਭਾਗ ਨਾਲ ਸਬੰਧਤ ਲਗਾਏ ਗਏ ਕਾਊਂਟਰਾਂ ਦਾ ਦੌਰਾ ਕਰਕੇ ਜਾਇਜ਼ਾ ਵੀ ਲਿਆ ਗਿਆ। ਇਸ ਦੌਰਾਨ ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਹਰ ਇੱਕ ਲਾਭਪਾਤਰੀ ਨੂੰ ਸਰਕਾਰ ਅਤੇ ਸਬੰਧਤ ਵਿਭਾਗ ਵਲੋਂ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਸਹੂਲਤਾਂ ਬਾਰੇ ਜਾਣੂੰ ਕਰਵਾਉਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਕੋਈ ਵੀ ਲਾਭਪਾਤਰੀ ਕਿਸੇ ਵੀ ਸਹੂਲਤ ਤੋਂ ਵਾਂਝਾ ਨਾ ਰਹਿ ਸਕੇ। ਇਸ ਮੌਕੇ ਐਸ.ਡੀ.ਐਮ. ਮਨਕੰਵਲ ਸਿੰਘ ਚਾਹਲ ਨੇ ਦੱਸਿਆ ਕਿ ਅੱਜ ਦੇ ਇਸ ਕੈਂਪ ਵਿੱਚ ਕਰੀਬ 275 ਲੋਕਾਂ ਵੱਲੋਂ ਸਰਕਾਰੀ ਸੇਵਾਵਾਂ ਦਾ ਲਾਭ ਲੈਣ ਲਈ ਜਾਣਕਾਰੀ ਪ੍ਰਾਪਤ ਕੀਤੀ ਅਤੇ ਕਈ ਲੋਕਾਂ ਵਲੋ ਸਰਕਾਰੀ ਸਹੂਲਤਾਂ ਲੈਣ ਲਈ ਅਪਲਾਈ ਵੀ ਕੀਤਾ ਗਿਆ। ਇਸ ਕੈਂਪ ਵਿੱਚ ਵਿਭਾਗਾਂ ਦੇ ਜਿਲ੍ਹਾ ਅਧਿਕਾਰੀਆਂ ਨੇ ਮੌਕੇ ਉਤੇ ਹਾਜ਼ਰ ਰਹਿ ਕੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ। ਇਸ ਮੌਕੇ ਸਿਹਤ ਵਿਭਾਗ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵਲੋਂ ਡੇਂਗੂ ਅਤੇ ਮਲੇਰੀਏ ਦੀ ਰੋਕਥਾਮ ਸਬੰਧੀ ਵੀ ਆਮ ਲੋਕਾਂ ਨੂੰ ਜਾਣੂ ਕਰਵਾਇਆ ਗਿਆ। ਇਸ ਮੌਕੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

# ਡੀ.ਸੀ. ਵੱਲੋਂ ਅਟਾਰੀ ਦਾਣਾ ਮੰਡੀ ਦੀ ਅਚਨਚੇਤ ਚੈਕਿੰਗ ਕਣਕ ਦੇ ਖ਼ਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

ਅੰਮ੍ਰਿਤਸਰ, 24 ਅਪ੍ਰੈਲ, (ਬਬਲੂ ਮਹਾਜਨ) : ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਅੱਜ ਸਰਹੱਦੀ ਖੇਤਰ ਅਟਾਰੀ ਵਿਖੇ ਸਥਿਤ ਅਨਾਜ ਮੰਡੀ ਵਿੱਚ ਅਚਨਚੇਤ ਚੈਕਿੰਗ ਕੀਤੀ ਅਤੇ ਕਣਕ ਦੀ ਖਰੀਦ ਦੇ ਚੱਲ ਰਹੇ ਕੰਮ ਦੀ ਸਮੀਖਿਆ ਕੀਤੀ। ਉਹਨਾਂ ਨੇ ਇਸ ਮੌਕੇ ਮੰਡੀ ਵਿੱਚ ਖਰੀਦ ਕਰ ਰਹੇ ਫੂਡ ਕਾਰਪੋਰੇਸ਼ਨ ਆਫ ਇੰਡੀਆ ਦੇ ਅਧਿਕਾਰੀਆਂ ਨਾਲ ਗੱਲਬਾਤ ਵੀ ਕੀਤੀ ਅਤੇ ਖਰੀਦ ਵਿੱਚ ਤੇਜ਼ੀ ਲਿਆਉਣ ਦੀ ਹਦਾਇਤ ਕੀਤੀ। ਉਹਨਾਂ ਨੇ ਕਿਹਾ ਕਿ ਕਣਕ ਦੀ ਫਸਲ ਇਸ ਵਾਰ ਮੌਸਮ ਖੁਸ਼ਕ ਰਹਿਣ ਕਾਰਨ ਬਹੁਤ ਵਧੀਆ ਆ ਰਹੀ ਹੈ, ਸੋ ਨਮੀ ਦੀ ਕੋਈ ਵੱਡੀ ਸਮੱਸਿਆ ਨਹੀਂ ਹੈ। ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਨੂੰ ਰਾਤ ਸਮੇਂ 7 ਵਜੇ ਤੋਂ ਬਾਅਦ ਸਵੇਰੇ 7 ਵਜੇ ਤੋਂ ਪਹਿਲਾਂ ਕਟਾਈ ਨਾ ਕਰਨ ਤਾਂ ਜੋ ਕਣਕ ਦੀ ਨਮੀ ਘੱਟ ਰਹੇ ਅਤੇ ਉਹਨਾਂ ਦੀ ਖਰੀਦ ਮੰਡੀ ਵਿੱਚ ਆਉਂਦੇ ਹੀ ਕਰ ਲਈ ਜਾਵੇ।

ਉਹਨਾਂ ਨੇ ਕਿਹਾ ਕਿ ਸਾਡੀ ਕੋਸ਼ਿਸ਼ ਇਹ ਹੈ ਕਿ ਕਿਸਾਨ ਜਿਸ ਦਿਨ ਵੀ ਮੰਡੀ ਵਿੱਚ ਫਸਲ ਲੈ ਕੇ ਆਵੇ ਉਸ ਦਿਨ ਹੀ ਉਸ ਦੀ ਕਣਕ ਦੀ ਖਰੀਦ ਕਰ ਲਈ ਜਾਵੇ ਅਤੇ 48 ਘੰਟਿਆਂ ਦੇ ਵਿੱਚ ਵਿੱਚ ਉਸ ਨੂੰ ਫਸਲ ਦੀ ਅਦਾਇਗੀ ਉਸਦੇ ਬੈਂਕ ਖਾਤੇ ਵਿੱਚ ਕਰ ਦਿੱਤੀ ਜਾਵੇ।

ਉਹਨਾਂ ਕਿਹਾ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਕਣਕ ਦੀ ਖਰੀਦ ਬਿਨਾਂ ਕਿਸੇ ਵਿਘਨ ਦੇ ਜਾਰੀ ਹੈ, ਸਾਰੀਆਂ ਏਜੰਸੀਆਂ ਸਾਰੀਆਂ ਮੰਡੀਆਂ ਦੇ ਵਿੱਚ ਖਰੀਦ ਕਰ ਰਹੀਆਂ ਹਨ। ਇਸ ਤੋਂ ਇਲਾਵਾ ਕੁਝ ਇੱਕ ਥਾਵਾਂ ਉੱਤੇ ਨਿੱਜੀ ਵਪਾਰੀ ਵੀ ਕਣਕ ਦੀ ਖਰੀਦ ਕਰ ਰਹੇ ਹਨ। ਕਣਕ ਦੀ ਲਿਫਟਿੰਗ ਬਾਰੇ ਪੁੱਛੇ ਜਾਣ 'ਤੇ ਉਹਨਾਂ ਨੇ ਕਿਹਾ ਕਿ ਅਸੀਂ ਲਿਫਟਿੰਗ ਦਾ ਕੰਮ ਸਾਰੀਆਂ ਮੰਡੀਆਂ ਦੇ ਵਿੱਚ ਸ਼ੁਰੂ ਕਰ ਦਿੱਤਾ ਹੈ ਅਤੇ ਲਿਫਟਿੰਗ ਵੀ ਨਾਲੋਂ ਨਾਲ ਕੀਤੀ ਜਾਵੇਗੀ ਤਾਂ ਜੋ ਮੰਡੀ ਵਿੱਚ ਕਣਕ ਦੇ ਅੰਬਾਰ ਨਾ ਲੱਗਣ।

# ਮੇਜਰ ਸਪੇਅਰ ਪਾਰਟਸ ਦੀ ਦੁਕਾਨ 'ਤੇ ਗੋਲ਼ੀ ਚਲਾਉਣ ਵਾਲੇ ਜਿੰਮਾਂ ਦਾ ਐਨਕਾਊਂਟਰ

## ਹਥਿਆਰਾਂ ਦੀ ਰਿਕਵਰੀ ਦੌਰਾਨ ਪੁਲਿਸ 'ਤੇ ਚਲਾਈ ਗੋਲੀ ਕੀਤਾ ਜ਼ਖਮੀ



ਚੌਂਕ ਮਹਿਤਾ, 24 ਅਪ੍ਰੈਲ, (ਬਲਜਿੰਦਰ ਸਿੰਘ ਰੰਧਾਵਾ) : ਸਥਾਨਕ ਥਾਣਾ ਮਹਿਤਾ ਚੌਂਕ ਦੀ ਪੁਲਿਸ ਵੱਲੋਂ ਫਾਇਰਿੰਗ ਕੇਸ ਦੇ ਵਿੱਚ ਗ੍ਰਿਫਤਾਰ ਕੀਤੇ ਗਏ ਇੱਕ ਮੁਲਜ਼ਮ ਕੋਲੋਂ ਰਿਕਵਰੀ ਕਰਨ ਦੌਰਾਨ ਪੁਲਿਸ 'ਤੇ ਫਾਇਰਿੰਗ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।

ਥਾਣਾ ਮਹਿਤਾ ਦੇ ਐਸ.ਐਚ.ਓ ਮਹਿਤਾ ਸ਼ਮਸ਼ੇਰ ਸਿੰਘ ਜਾਣਕਾਰੀ ਅਨੁਸਾਰ ਬੀਤੀ 13 ਫਰਵਰੀ ਨੂੰ ਮਹਿਤਾ ਚੌਂਕ ਵਿਖੇ ਮੇਜਰ ਸਪੇਅਰ ਪਾਰਟਸ ਦੀ ਦੁਕਾਨ ਉੱਤੇ ਫਾਇਰਿੰਗ ਕਰਨ ਦੇ ਮਾਮਲੇ ਦੇ ਵਿੱਚ ਮੁਕਦਮਾ ਨੰਬਰ 11 ਦਰਜ ਕਰਕੇ ਤਿੰਨ ਕਥਿੱਤ ਦੋਸ਼ੀਆਂ ਨੂੰ ਨਾਮਜਦ ਕੀਤਾ ਗਿਆ ਸੀ।

ਪਹਿਲਾਂ ਹੀ ਗ੍ਰਿਫਤਾਰ ਜਰਮਨ ਸਿੰਘ ਸਿੰਘ ਜਿੰਮਾਂ ਵਾਸੀ ਪਿੰਡ ਮਹਿਤਾ ਵਾਰਦਾਤ ਤੋਂ ਬਾਅਦ ਭਗੋੜਾ ਸੀ,

ਜਿਸ ਨੂੰ ਬੀਤੀ 22 ਅਪ੍ਰੈਲ ਨੂੰ ਥਾਣਾ ਮਹਿਤਾ ਦੀ ਪੁਲਿਸ ਵੱਲੋਂ ਗ੍ਰਿਫਤਾਰ ਕਰਕੇ ਪੜਤਾਲ ਕੀਤੀ ਜਾ ਰਹੀ ਸੀ।

ਮੌਕੇ 'ਤੇ ਪਹੁੰਚੇ ਪੁਲਿਸ ਜ਼ਿਲ੍ਹਾ ਦਿਹਾਤੀ ਦੇ ਐਸ ਪੀ ਡੀ ਸ੍ਰੀ ਅਦਿੱਤਿਆ ਵਾਰੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕੇ ਮੁਲਜ਼ਮ ਜਰਮਨਜੀਤ ਸਿੰਘ ਜਿਮਾਂ ਨੂੰ ਰਿਕਵਰੀ ਦੇ ਲਈ ਪਿੰਡ ਉਦੋਨੰਗਲ ਨੇੜੇ ਸੂਏ ਕੋਲ ਲੈ ਕੇ ਗਈ ਸੀ। ਜਿੱਥੇ ਦੋਸ਼ੀ ਨੇ ਰਿਕਵਰੀ ਕਰਵਾਉਣ ਦੌਰਾਨ ਬਰਾਮਦ ਪਿਸਟਲ ਨਾਲ ਪੁਲਿਸ ਪਾਰਟੀ ਉੱਤੇ ਫਾਇਰ ਕਰ ਗਿਆ। ਜਿਸ ਦੌਰਾਨ ਪੁਲਿਸ ਵੱਲੋਂ ਜਵਾਬੀ ਕਾਰਵਾਈ ਕਰਦੇ ਹੋਏ ਕਥਿਤ ਮੁਲਜ਼ਮ ਦੇ ਪੈਰ ਵਿੱਚ ਗੋਲੀ ਲੱਗਣ ਕਾਰਨ ਜਖਮੀ ਹੋ ਗਿਆ, ਜਿਸ ਨੂੰ ਸਿਵਲ ਹਸਪਤਾਲ ਬਾਬਾ ਬਕਾਲਾ ਸਾਹਿਬ ਵਿਖੇ ਦਾਖਲ ਕਰਵਾਇਆ ਹੈ।

ਐਸ ਪੀ ਡੀ ਸਾਹਬ ਨੇ ਦੱਸਿਆ ਪੁਲਿਸ ਪਾਰਟੀ ਵੱਲੋਂ ਕਥਿਤ ਦੋਸ਼ੀ ਦੇ ਕੋਲੋਂ ਇੱਕ ਲੋਡਰ ਗਲੋਕ ਪਿਸਟਲ ਬਰਾਮਦ ਕੀਤਾ ਗਿਆ ਹੈ। ਪੁਲਿਸ ਪਾਰਟੀ 'ਤੇ ਹਮਲਾ ਕਰਨ ਦਾ ਪਰਚਾ ਦਰਜ਼ ਕਰ ਦਿੱਤਾ ਹੈ।ਇਸ ਮੌਕੇ ਏ ਐਸ ਆਈ ਦਲਜੀਤ ਸਿੰਘ, ਏ.ਐਸ ਆਈ ਪਲਵਿੰਦਰ ਸਿੰਘ, ਹੌਲਦਾਰ ਗੁਰਸਾਹਿਬ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਮਲਕੀਤ ਸਿੰਘ ਆਦਿ ਪੁਲਿਸ ਮੁਲਾਜ਼ਮ ਮੌਕੇ 'ਤੇ ਹਾਜ਼ਰ ਸਨ।

# ਪੰਜਾਬ ਵਿੱਚ ਸਿੱਖਿਆ ਦੇ ਖੇਤਰ 'ਚ ਆਈ ਬਦਲਾਅ ਦੀ ਲਹਿਰ : ਮੋਹਿੰਦਰ ਭਗਤ



ਜਲੰਧਰ, 24 ਅਪ੍ਰੈਲ, (ਸੰਦੀਪ ਕੌਲ): ਸੂਬਾ ਸਰਕਾਰ ਦੀ ਪਹਿਲਕਦਮੀ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਅੱਜ ਜ਼ਿਲ੍ਹੇ ਦੇ 27 ਹੋਰ ਸਰਕਾਰੀ ਸਕੂਲਾਂ ਨੂੰ ਨਵੀਂ ਦਿੱਖ ਅਤੇ ਆਧੁਨਿਕ ਸਹੂਲਤਾਂ ਪ੍ਰਦਾਨ ਕਰਨ ਲਈ 2.12 ਕਰੋੜ ਦੀ ਲਾਗਤ ਵਾਲੇ ਵਿਕਾਸ ਕਾਰਜ ਸਮਰਪਿਤ ਕੀਤੇ ਗਏ।

ਇਨ੍ਹਾਂ ਸਕੂਲਾਂ ਵਿੱਚ 16 ਸਰਕਾਰੀ ਪ੍ਰਾਇਮਰੀ ਅਤੇ 11 ਅਪਰ ਪ੍ਰਾਇਮਰੀ ਸਕੂਲ ਸ਼ਾਮਲ ਹਨ, ਜਿਨ੍ਹਾਂ ਵਿੱਚ ਕ੍ਰਮਵਾਰ 84.39 ਲੱਖ ਅਤੇ 1.28 ਕਰੋੜ ਦੀ ਲਾਗਤ ਨਾਲ ਤਿਆਰ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ।

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਮੰਤਰੀ ਮੋਹਿੰਦਰ ਭਗਤ ਵੱਲੋਂ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਬਸਤੀ ਗੁਜ਼ਾਂ (ਲੜਕੇ) ਵਿਖੇ ਉਦਘਾਟਨੀ ਸਮਾਰੋਹ ਤੋਂ ਪਹਿਲਾਂ ਹਾਜ਼ਰੀਨ ਸਮੇਤ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿਖੇ ਹੋਏ ਅੱਤਵਾਦੀ ਹਮਲੇ ਦੌਰਾਨ ਆਪਣੀਆਂ ਜਾਨਾਂ ਗਵਾਉਣ ਵਾਲੇ ਵਿਅਕਤੀਆਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।

ਉਪਰੰਤ ਸਕੂਲ ਵਿਖੇ 5.64 ਲੱਖ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ 'ਪੰਜਾਬ ਸਿੱਖਿਆ ਕ੍ਰਾਂਤੀ' ਸਿਰਫ਼ ਇਕ ਪ੍ਰੋਗਰਾਮ ਨਹੀਂ ਸਗੋਂ ਬਦਲਾਅ ਦੀ ਲਹਿਰ ਹੈ, ਜੋ ਹਰ ਸ਼ਹਿਰ, ਪਿੰਡ ਅਤੇ ਬੱਚੇ ਤੱਕ ਪਹੁੰਚ ਰਹੀ ਹੈ।

ਸ਼੍ਰੀ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਦੇ ਸਰਕਾਰੀ ਸਕੂਲਾਂ ਵਿੱਚ ਸਮਾਰਟ ਕਲਾਸ ਰੂਮ, ਸਾਇੰਸ ਲੈਬਜ਼, ਖੇਡ ਦੇ ਮੈਦਾਨ, ਲਾਇਬ੍ਰੇਰੀਆਂ, ਚਾਰਦਿਵਾਰੀਆਂ ਸਮੇਤ ਹੋਰ ਵਿੱਦਿਅਕ ਢਾਂਚਾ ਮੁਹੱਈਆ ਕਰਵਾ ਕੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਉਪਰਾਲਿਆਂ ਸਦਕਾ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦਾ ਮਿਆਰ ਉੱਚਾ ਹੋਇਆ ਹੈ ਅਤੇ ਇੱਥੇ ਪੜ੍ਹਨ ਵਾਲੇ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਮੱਲਾਂ ਮਾਰ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਵੀ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਰਹਿਣਗੇ ਅਤੇ ਰਾਜ ਸਰਕਾਰ ਵੱਲੋਂ ਪੰਜਾਬ ਦੇ ਸਰਕਾਰੀ ਸਕੂਲਾਂ ਨੂੰ ਉੱਤਮ ਦਰਜੇ ਦਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ।

ਇਸੇ ਤਰ੍ਹਾਂ ਵਿਧਾਇਕ ਬਲਕਾਰ ਸਿੰਘ ਵੱਲੋਂ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਕਰਤਾਰਪੁਰ ਦੇ 5 ਸਰਕਾਰੀ ਸਕੂਲਾਂ ਵਿੱਚ 20.98 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਹਲਕਾ ਨਕੋਦਰ ਦੇ 4 ਸਰਕਾਰੀ ਸਕੂਲਾਂ ਵਿੱਚ 7.24 ਲੱਖ ਦੀ ਲਾਗਤ ਵਾਲੇ ਵਿਕਾਸ ਕਾਰਜ ਸਮਰਪਿਤ ਕੀਤੇ ਗਏ।

# ਯੂਥ ਪ੍ਰਧਾਨ ਲਾਲਪੁਰਾ ਵੱਲੋਂ ਅੰਮ੍ਰਿਤਸਰ ਵਿੱਚ ਨੌਜਵਾਨਾਂ ਨਾਲ ਮੀਟਿੰਗ



ਅੰਮ੍ਰਿਤਸਰ, 24 ਅਪ੍ਰੈਲ, (ਬਬਲੂ ਮਹਾਜਨ) : ਯੂਥ ਪ੍ਰਧਾਨ ਪੰਜਾਬ ਤੇ ਹਲਕਾ ਖਡੂਰ ਸਾਹਿਬ ਤੋ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਬੱਚਤ ਭਵਨ ਅੰਮ੍ਰਿਤਸਰ ਵਿਖੇ ਆਮ ਆਦਮੀ ਪਾਰਟੀ ਦੇ ਸਥਾਨਕ ਯੂਥ ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਮੀਟਿੰਗ ਦਾ ਮੁੱਖ ਮਕਸਦ ਸੰਗਠਨ ਨੂੰ ਮਜਬੂਤ ਕਰਨਾ, ਸਥਾਨਕ ਮੁੱਦਿਆਂ 'ਤੇ ਚਰਚਾ ਕਰਨਾ ਅਤੇ ਆਗਾਮੀ ਰਣਨੀਤੀਆਂ ਨੂੰ ਲੈ ਕੇ ਵਿਚਾਰ-ਵਟਾਂਦਰਾ ਕਰਨਾ ਸੀ।ਮੀਟਿੰਗ ਦੌਰਾਨ ਮਨਜਿੰਦਰ ਸਿੰਘ ਲਾਲਪੁਰਾ ਨੇ ਯੂਥ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਕਿਹਾ, ਸਾਡੀ ਪਾਰਟੀ ਦਾ ਮੁੱਖ ਉਦੇਸ਼ ਪੰਜਾਬ ਦੇ ਲੋਕਾਂ ਦੀ ਭਲਾਈ ਅਤੇ ਵਿਕਾਸ ਹੈ। ਅਸੀਂ ਸਾਰੇ ਮਿਲ ਕੇ ਅੰਮ੍ਰਿਤਸਰ ਦੇ ਵਸਨੀਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਅਤੇ ਉਨ੍ਹਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਪਹੁੰਚਾਉਣ ਲਈ ਵਚਨਬੱਧ ਹਾਂ। ਉਨ੍ਹਾਂ ਨੇ ਯੂਥ ਮੈਂਬਰਾਂ ਨੂੰ ਲੋਕਾਂ ਨਾਲ ਸਿੱਧੇ ਸੰਪਰਕ ਵਿੱਚ ਰਹਿਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਰਕਾਰ ਤੱਕ ਪਹੁੰਚਾਉਣ ਦੀ ਅਪੀਲ ਕੀਤੀ। ਯੂਥ ਮੈਂਬਰਾਂ ਨੇ ਆਪਣੇ ਸੁਝਾਅ ਅਤੇ ਫੀਡਬੈਕ ਵੀ ਸਾਂਝੇ ਕੀਤੇ, ਜਿਨ੍ਹਾਂ ਨੂੰ ਸ. ਲਾਲਪੁਰਾ ਨੇ ਗੰਭੀਰਤਾ ਨਾਲ ਸੁਣਿਆ ਅਤੇ ਉਨ੍ਹਾਂ ਦੇ ਹੱਲ ਲਈ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ।ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਯੂਥ ਮੈਂਬਰਾਂ ਅਤੇ ਸਥਾਨਕ ਆਗੂਆਂ ਨੇ ਹਿੱਸਾ ਲਿਆ। ਸ. ਮਨਜਿੰਦਰ ਸਿੰਘ ਲਾਲਪੁਰਾ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਅਜਿਹੀਆਂ ਮੀਟਿੰਗਾਂ ਨੂੰ ਜਾਰੀ ਰੱਖਣ ਦੀ ਵਚਨਬੱਧਤਾ ਜਤਾਈ। ਇਸ ਮੌਕੇ ਉਹਨਾਂ ਦੇ ਨਾਲ ਭਗਵੰਤ ਸਿੰਘ ਕੰਵਲ ਯੂਥ ਪ੍ਰਧਾਨ ਅੰਮ੍ਰਿਤਸਰ, ਕੁਨਾਲ ਧਵਨ ਮੀਤ ਪ੍ਰਧਾਨ ਪੰਜਾਬ , ਨਵਜੋਤ ਗਰੋਵਰ ਸੰਯੁਕਤ ਸਕੱਤਰ ਪੰਜਾਬ, ਜਗਜੀਤ ਜੈਕੀ ਸੰਯੁਕਤ ਸਕੱਤਰ ਪੰਜਾਬ, ਰਵਿੰਦਰ ਭਾਵਰ, ਜਤਿੰਦਰ ਰਾਹੁਲ, ਪੰਕਜ ਸ਼ਰਮਾ ਆਦਿ ਮੀਤ ਪ੍ਰਧਾਨ ਅਤੇ ਹੋਰ ਅਹੁਦੇਦਾਰ ਹਾਜ਼ਰ ਸਨ।

# ਜਗਤ ਮਾਤਾ ਗੁਜਰ ਕੌਰ ਜੀ ਭਲਾਈ ਕੇਂਦਰ ਚੈਰੀਟੇਬਲ ਟਰਸਟ ਵੱਲੋਂ ਜਪ ਤਪ ਸਮਾਗਮ




ਜੰਡਿਆਲਾ ਗੁਰੂ, 24 ਅਪ੍ਰੈਲ, (ਰਾਮ ਸ਼ਰਨਜੀਤ ਸਿੰਘ): ਗੁਰੂ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਅਤੇ ਸੰਗਤਾਂ ਦੇ ਸਹਿਯੋਗ ਨਾਲ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਅਤੇ ਭਾਈ ਨਰਿੰਦਰ ਸਿੰਘ ਦੀ ਰਹਿਨਮਾਈ ਹੇਠ ਚੱਲਦੇ ਜਗਤ ਮਾਤਾ ਗੁਜਰ ਕੌਰ ਜੀ ਭਲਾਈ ਕੇਂਦਰ ਚੈਰੀਟੇਬਲ ਟਰੱਸਟ ਜੰਡਿਆਲਾ ਗੁਰੂ ਵਿਖੇ ਹਰ ਬੁੱਧਵਾਰ ਨੂੰ ਚੁਪਹਿਰਾ ਜਪ ਤਪ ਸਮਾਗਮ 11 ਤੋਂ ਲੈ 3 ਵਜੇ ਤੱਕ ਕੀਤਾ ਜਾਂਦਾ ਹੈ। ਇਸ ਚੁਪਹਿਰਾ ਜਪ ਤਪ ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਭਾਈ ਨਰਿੰਦਰ ਸਿੰਘ ਨੇ ਪੰਜ ਪਾਠ ਜਪੁਜੀ ਸਾਹਿਬ,ਦੋ ਚੌਪਈ ਸਾਹਿਬ, ਸੁਖਮਨੀ ਸਾਹਿਬ ਅਤੇ ਆਪਣੀ ਮਧੁਰ ਮਨਮੋਹਣੀ ਰਸ ਭਿਨੀ ਆਵਾਜ਼ ਵਿਚ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਨਿਹਾਲ ਕੀਤਾ। ਇੱਥੇ ਇਹ ਵੀ ਦੱਸਣ ਯੋਗ ਹੈ ਕਿ ਇਸ ਅਸਥਾਨ 'ਤੇ ਵਿਧਵਾ ਲੋੜਵੰਦ ਔਰਤਾਂ ਨੂੰ ਹਰ ਮਹੀਨੇ ਰਾਸ਼ਨ ਮੁਫਤ ਦਿੱਤਾ ਜਾਂਦਾ ਹੈ । ਇਸ ਮੌਕੇ ਸੰਗਤਾਂ ਵੱਲੋਂ ਵੱਧ ਚੜ੍ਹ ਕੇ ਹਾਜ਼ਰੀ ਭਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸ ਮੌਕੇ 'ਤੇ ਪ੍ਰਿੰਸੀਪਲ ਮੈਡਮ ਕੁਲਵਿੰਦਰ ਕੌਰ, ਪਰਮਿੰਦਰ ਸਿੰਘ, ਨਰਿੰਦਰ ਸਿੰਘ, ਸਰਬਜੀਤ ਸਿੰਘ, ਜਸਪਾਲ ਸਿੰਘ ਪ੍ਰਿੰਸ, ਆਦਿ ਮੌਜੂਦ ਸਨ।

# ਕੈਬਨਿਟ ਮੰਤਰੀ ਨੇ ਸਕੂਲਾਂ ਵਿੱਚ 1.61 ਕਰੋੜ ਦੇ ਪ੍ਰੋਜੈਕਟ ਕੀਤੇ ਬੱਚਿਆਂ ਨੂੰ ਸਮਰਪਿਤ

## ਪੰਜਾਬ ਸਰਕਾਰ ਰਾਜ ਨੂੰ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਯਤਨਸ਼ੀਲ : ਈਟੀਓ




ਜੰਡਿਆਲਾ ਗੁਰੂ, 24 ਅਪ੍ਰੈਲ, (ਰਾਮ ਸ਼ਰਨਜੀਤ ਸਿੰਘ) : ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਅੱਜ ਆਪਣੇ ਹਲਕੇ ਦੇ 9 ਸਕੂਲਾਂ ਵਿੱਚ 1.61 ਕਰੋੜ ਰੁਪਏ ਦੀ ਲਾਗਤ ਨਾਲ ਕਰਵਾਏ ਗਏ ਵਿਕਾਸ ਕੰਮ ਬੱਚਿਆਂ ਨੂੰ ਸਮਰਪਿਤ ਕੀਤੇ। ਉਹਨਾਂ ਨੇ ਅੱਜ ਸਰਕਾਰੀ ਐਲੀਮੈਂਟਰੀ ਸਕੂਲ ਅਮਰਕੋਟ, ਸਰਕਾਰੀ ਐਲੀਮੈਂਟਰੀ ਸਕੂਲ ਨੰਗਲ ਦਿਆਲ ਸਿੰਘ, ਸਰਕਾਰੀ ਹਾਈ ਸਕੂਲ ਕਿਲਾ ਜੀਵਨ ਸਿੰਘ, ਸਰਕਾਰੀ ਐਲੀਮੈਂਟਰੀ ਸਕੂਲ ਕਿਲਾ ਜੀਵਨ ਸਿੰਘ, ਸਰਕਾਰੀ ਐਲੀਮੈਂਟਰੀ ਸਕੂਲ ਛਾਪਾ ਰਾਮ ਸਿੰਘ, ਸਰਕਾਰੀ ਹਾਈ ਸਕੂਲ ਛਾਪਾ ਰਾਮ ਸਿੰਘ, ਸਰਕਾਰੀ ਐਲੀਮੈਂਟਰੀ ਸਕੂਲ ਫਤਿਹਪੁਰ ਰਾਜਪੂਤਾਂ, ਸਰਕਾਰੀ ਐਲੀਮੈਂਟਰੀ ਸਕੂਲ ਨਵਾਂ ਪਿੰਡ ਅਤੇ ਸਰਕਾਰੀ ਮਿਡਲ ਸਕੂਲ ਨਵਾਂ ਪਿੰਡ ਵਿੱਚ ਨਵੇਂ ਕਲਾਸ ਰੂਮਾਂ, ਸਕੂਲਾਂ ਦੀਆਂ ਚਾਰ ਦਿਵਾਰੀਆਂ, ਲਾਇਬ੍ਰੇਰੀਆਂ ਆਦਿ ਦੇ ਕੰਮ ਬੱਚਿਆਂ ਨੂੰ ਸਮਰਪਿਤ ਕੀਤੇ।

ਇਸ ਮੌਕੇ ਪਿੰਡਾਂ ਦੇ ਪਤਵੰਤਿਆਂ ਅਤੇ ਬੱਚਿਆਂ ਨੂੰ ਸੰਬੋਧਨ ਕਰਦੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਰਾਜ ਦੇ ਲੋਕਾਂ ਦੀ ਤਰੱਕੀ ਲਈ ਲਗਾਤਾਰ ਕੰਮ ਕਰ ਰਹੀ ਹੈ। ਸਿੱਖਿਆ ਅਤੇ ਸਿਹਤ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ, ਕਿਉਂਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਇਹ ਸੋਚ ਹੈ ਕਿ ਜੇਕਰ ਪਰਿਵਾਰ ਦੇ ਮੈਂਬਰ ਬੱਚੇ ਪੜ੍ਹ ਜਾਂਦੇ ਹਨ ਤਾਂ ਉਸ ਪਰਿਵਾਰ ਨੂੰ ਕੋਈ ਤਰੱਕੀ ਕਰਨ ਤੋਂ ਰੋਕ ਨਹੀਂ ਸਕਦਾ। ਉਹਨਾਂ ਕਿਹਾ ਕਿ ਦੁਨੀਆਂ ਦੇ ਇਤਿਹਾਸ ਵਿੱਚ ਉਨਾਂ ਦੇਸ਼ਾਂ ਜਾਂ ਕੌਮਾਂ ਨੇ ਹੀ ਤਰੱਕੀ ਕੀਤੀ ਹੈ ਜੋ ਪੜ੍ਹ ਲਿਖ ਗਈਆਂ ਹਨ। ਇਸ ਲਈ ਸਾਡਾ ਧਿਆਨ ਪੰਜਾਬ ਦੇ ਸਕੂਲਾਂ ਦੀ ਸਿੱਖਿਆ ਉੱਤੇ ਹੈ ਅਤੇ ਸਰਕਾਰ ਨੇ ਸਕੂਲਾਂ ਨੂੰ ਲੱਖਾਂ ਨਹੀਂ ਕਰੋੜਾਂ ਵਿੱਚ ਗਰਾਟਾਂ ਦਿੱਤੀਆਂ ਹਨ। ਉਹਨਾਂ ਸਕੂਲ ਕਮੇਟੀਆਂ ਅਤੇ ਪਿੰਡ ਦੀਆਂ ਪੰਚਾਇਤਾਂ ਨੂੰ ਵੀ ਵਧਾਈ ਦਿੱਤੀ ਜਿਨ੍ਹਾਂ ਨੇ ਇਸ ਪੈਸੇ ਦੀ ਸੁਚੱਜੀ ਵਰਤੋਂ ਕਰਦੇ ਹੋਏ ਬੱਚਿਆਂ ਲਈ ਸਕੂਲਾਂ ਵਿੱਚ ਵਧੀਆ ਸਹੂਲਤਾਂ ਵਿਕਸਿਤ ਕੀਤੀਆਂ ਹਨ। ਉਹਨਾਂ ਕਿਹਾ ਕਿ ਆਉਣ ਵਾਲੇ ਸਾਲਾਂ ਵਿੱਚ ਵੀ ਸਕੂਲਾਂ ਵੱਲ ਸਰਕਾਰ ਵੱਲੋਂ ਵਿਸ਼ੇਸ਼ ਧਿਆਨ ਅਤੇ ਫੰਡ ਦਿੱਤੇ ਜਾਣਗੇ।

ਉਹਨਾਂ ਕਿਹਾ ਕਿ ਪੰਜਾਬ ਦੇ ਇਹ ਸਰਕਾਰੀ ਸਕੂਲ ਜਿਨ੍ਹਾਂ ਦੇ ਬੱਚੇ ਪਹਿਲਾਂ ਮਸਾਂ ਦਸਵੀਂ , ਬਾਰਵੀਂ ਦੀਆਂ ਪ੍ਰੀਖਿਆਵਾਂ ਪਾਸ ਕਰਦੇ ਸਨ ਵੱਲੋਂ ਹੁਣ ਮੁਕਾਬਲੇ ਦੀਆਂ ਪ੍ਰੀਖਿਆਵਾਂ ਵੀ ਪਾਸ ਕੀਤੀਆਂ ਜਾ ਰਹੀਆਂ ਹਨ, ਜੋ ਕਿ ਬੜੇ ਫਖਰ ਦੀ ਗੱਲ ਹੈ। ਉਹਨਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਾਉਣ ਅਤੇ ਮੁਫ਼ਤ ਵਧੀਆ ਸਹੂਲਤਾਂ ਦਾ ਲਾਹਾ ਲੈਣ।

# ਸੀ.ਈ.ਓ. ਪੀ.ਐਮ.ਆਈ.ਡੀ.ਸੀ. ਨੇ ਸ਼ਹਿਰ ਦਾ ਦੌਰਾ ਕਰਕੇ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਦੀ ਪ੍ਰਗਤੀ ਦਾ ਲਿਆ ਜਾਇਜ਼ਾ



ਅੰਮ੍ਰਿਤਸਰ, 24 ਅਪ੍ਰੈਲ, (ਬਬਲੂ ਮਹਾਜਨ) : ਸ਼ਹਿਰ ਵਿੱਚ ਲੋਕਾਂ ਨੂੰ ਨਿਰੰਤਰ ਸਾਫ਼ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਅੰਮ੍ਰਿਤਸਰ ਬਲਕ ਵਾਟਰ ਸਪਲਾਈ (ਏ.ਬੀ.ਡਬਲਿਊ.ਐੱਸ.ਐੱਸ.) ਪ੍ਰੋਜੈਕਟ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਅੱਜ ਪੰਜਾਬ ਮਿਉਂਸੀਪਲ ਇੰਫਰਾਸਟ੍ਰਕਚਰ ਡਿਵੈਲਪਮੈਂਟ ਕੰਪਨੀ (ਪੀ.ਐਮ.ਆਈ.ਡੀ.ਸੀ.) ਦੀ ਸੀ.ਈ.ਓ. ਦਿਪਤੀ ਉੱਪਲ, ਆਈ.ਏ.ਐੱਸ. ਵੱਲੋਂ ਅੰਮ੍ਰਿਤਸਰ ਦਾ ਦੌਰਾ ਕੀਤਾ ਗਿਆ। ਸੀ.ਈ.ਓ. ਵੱਲੋਂ ਪ੍ਰੋਜੈਕਟ ਦੇ ਤਹਿਤ ਵੱਲਾ ਦੇ ਨੇੜੇ ਬਣਾਏ ਜਾ ਰਹੇ ਆਧੁਨਿਕ ਵਾਟਰ ਟਰੀਟਮੈਂਟ ਪਲਾਂਟ ਵਿੱਚ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ, ਐਡੀਸ਼ਨਲ ਕਮਿਸ਼ਨਰ ਸੁਰਿੰਦਰ ਸਿੰਘ, ਪ੍ਰੋਜੈਕਟ 'ਤੇ ਕੰਮ ਕਰ ਰਹੀ ਲਾਰਸਨ ਐਂਡ ਟੂਬਰੋ ਕੰਪਨੀ ਦੀ ਉੱਤਰ-ਪੱਛਮੀ ਭਾਰਤ ਦੀ ਸੈਗਮੈਂਟ ਹੈਡ ਜਯੋਤਸਨਾ ਗੌਤਮ, ਅੰਮ੍ਰਿਤਸਰ ਕਲਸਟਰ ਦੇ ਹੈੱਡ ਸੁਰੇਸ਼ ਸ਼ਰਮਾ, ਪ੍ਰੋਜੈਕਟ ਡਾਇਰੈਕਟਰ ਸੰਜੈ ਕੁਮਾਰ, ਨਗਰ ਨਿਗਮ ਤੋਂ ਜੀਤਿਨ ਵਾਸੁਦੇਵਾ (ਐਕਸਈਐਨ), ਕੁਲਦੀਪ ਸਿੰਘ ਸੈਣੀ (ਰੀਟਾਇਰਡ ਚੀਫ ਇੰਜੀਨੀਅਰ), ਪ੍ਰੋਜੈਕਟ ਮੈਨੇਜਰ ਨਾਲ ਵਿਸਥਾਰ ਨਾਲ ਪ੍ਰੋਜੈਕਟ ਸਬੰਧੀ ਮੀਟਿੰਗ ਕੀਤੀ ਗਈ। ਇਸ ਦੌਰਾਨ ਨਿਗਮ ਕਮਿਸ਼ਨਰ ਵੱਲੋਂ ਪ੍ਰੋਜੈਕਟ ਵਿੱਚ ਹੁਣ ਤੱਕ ਹੋਈ ਪ੍ਰਗਤੀ ਬਾਰੇ ਜਾਣਕਾਰੀ ਦੇਣ ਦੇ ਨਾਲ-ਨਾਲ ਕੰਪਨੀ ਵੱਲੋਂ ਸਮੇਂ 'ਤੇ ਕੰਮ ਪੂਰਾ ਨਾ ਕਰ ਸਕਣ ਦੇ ਕਾਰਨਾਂ ਬਾਰੇ ਵੀ ਚਰਚਾ ਕੀਤੀ ਗਈ।

ਸੀ.ਈ.ਓ. ਵੱਲੋਂ ਕਮਿਸ਼ਨਰ, ਐਡੀਸ਼ਨਲ ਕਮਿਸ਼ਨਰ, ਐਲ ਐਂਡ ਟੀ ਕੰਪਨੀ ਅਤੇ ਨਗਰ ਨਿਗਮ ਦੇ ਅਧਿਕਾਰੀਆਂ ਨਾਲ ਮਿਲ ਕੇ ਨਿਰਮਾਣਧੀਨ ਵਾਟਰ ਟਰੀਟਮੈਂਟ ਪਲਾਂਟ, ਅਪਰ ਬਾਰੀ ਦੋਆਬ ਨਹਿਰ ਉੱਤੇ ਪਲਾਂਟ ਨੂੰ ਪਾਣੀ ਦੀ ਸਪਲਾਈ ਲਈ ਬਣਾਏ ਜਾ ਰਹੇ ਆਫ-ਟੇਕ ਚੈਂਬਰ, ਐਸ.ਐਸ.ਪੀ. ਦੇਹਾਤੀ ਪੁਲਿਸ ਦੇ ਦਫਤਰ ਕੋਲ ਬਣ ਰਹੀ ਪਾਣੀ ਦੀ ਟੈਂਕੀ, ਫਤਹਿਗੜ੍ਹ ਚੂੜੀਆਂ ਰੋਡ, ਸਰਕੁਲਰ ਰੋਡ ਅਤੇ ਰਣਜੀਤ ਐਵਿਨਿਊ ਵਿੱਚ ਵਿੱਚ ਪਾਈ ਗਈ ਪਾਈਪ ਲਾਈਨ ਦੇ ਕੰਮ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਸੀ.ਈ.ਓ. ਪੀ.ਐਮ.ਆਈ.ਡੀ.ਸੀ. ਵੱਲੋਂ ਕੰਪਨੀ ਅਧਿਕਾਰੀਆਂ ਨੂੰ ਸਖਤ ਹੁਕਮ ਦਿੰਦਿਆਂ ਕਿਹਾ ਗਿਆ ਕਿ ਜਿਨ੍ਹਾਂ ਸੜਕਾਂ 'ਤੇ ਪਾਈਪ ਲਾਈਨ ਪਾਉਣ ਦਾ ਕੰਮ ਮੁਕੰਮਲ ਹੋ ਚੁੱਕਾ ਹੈ, ਉਨ੍ਹਾਂ ਦੀ ਮੁਰੰਮਤ ਜਲਦੀ ਤੋਂ ਜਲਦੀ ਕੀਤੀ ਜਾਵੇ। ਉਨ੍ਹਾਂ ਨੇ ਕਿਹਾ ਕਿ ਕੰਪਨੀ ਵੱਲੋਂ ਕੰਮ ਪੂਰਾ ਕਰਨ ਲਈ ਜੋ ਵੀ ਟਾਈਮਲਾਈਨ ਦਿੱਤੀ ਗਈ ਹੈ, ਉਸਦਾ ਸਖ਼ਤੀ ਨਾਲ ਪਾਲਣ ਕੀਤਾ ਜਾਵੇ ਅਤੇ ਨਿਗਮ ਦੇ ਅਧਿਕਾਰੀ ਇਹ ਯਕੀਨੀ ਬਣਾਉਣ ਕਿ ਸਾਰੇ ਕੰਮ ਨਿਰਧਾਰਿਤ ਸਮੇਂ ਦੇ ਅੰਦਰ ਮੁਕੰਮਲ ਹੋਣ। ਇਸ ਮੌਕੇ 'ਤੇ ਨਰਿੰਦਰਪਾਲ ਸਿੰਘ, ਅਜੈ ਗਰਗ, ਸ਼ਿਵ ਕੁਮਾਰ ਸੋਨੀ, ਗਿਰਿਰਾਜ ਸਿੰਘ ਹਾਂਡਾ, ਰਣਜੀਤ ਸਿੰਘ, ਅਸ਼ਵਨੀ ਕੁਮਾਰ ਆਦਿ ਵੀ ਮੌਜੂਦ ਸਨ।

# ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਭਾਈ ਪਿੰਦਰਪਾਲ ਸਿੰਘ ਦੇ ਪਿਤਾ ਦੇ ਅਕਾਲ ਚਲਾਣੇ 'ਤੇ ਪ੍ਰਗਟਾਇਆ ਗਹਿਰਾ ਦੁੱਖ

ਅੰਮ੍ਰਿਤਸਰ, 24 ਅਪ੍ਰੈਲ, (ਬਬਲੂ ਮਹਾਜਨ): ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਉੱਘੇ ਤੇ ਪ੍ਰਸਿੱਧ ਸਿੱਖ ਕਥਾਵਾਚਕ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਜੀ ਦੇ ਪਿਤਾ ਹਰਦਿਆਲ ਸਿੰਘ ਜੀ ਦੇ ਅਕਾਲ ਚਲਾਣੇ ਉੱਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਸ. ਹਰਦਿਆਲ ਸਿੰਘ ਜੀ ਦੇ ਜੀਵਨ ਦੀ ਘਾਲ ਕਮਾਈ ਹੀ ਹੈ ਕਿ ਉਨ੍ਹਾਂ ਦੇ ਸਪੁੱਤਰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਜਿਹੇ ਮਹਾਨ ਵਿਦਵਾਨ ਤੇ ਕਥਾਵਾਚਕ ਅੱਜ ਸਮੁੱਚੀ ਦੁਨੀਆਂ ਅੰਦਰ ਸਿੱਖੀ ਦੀ ਪ੍ਰਚਾਰ ਪ੍ਰਸਾਰ ਦੀ ਸੇਵਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਹਰਦਿਆਲ ਸਿੰਘ ਲਈ ਵੱਡੇ ਮਾਣ ਤੋਂ ਘੱਟ ਨਹੀਂ ਹੈ ਕਿ ਗਿਆਨੀ ਪਿੰਦਰਪਾਲ ਸਿੰਘ ਨੂੰ ਸਿੱਖਾਂ ਦੇ ਸਰਬਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 'ਭਾਈ ਸਾਹਿਬ' ਦੀ ਉਪਾਧੀ ਸਨਮਾਨ ਵਿੱਚ ਮਿਲੀ ਹੋਈ ਹੈ। ਜਥੇਦਾਰ ਗੜਗੱਜ ਨੇ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

# ਡਾਇਓਸਿਸ ਆਫ਼ ਅੰਮ੍ਰਿਤਸਰ, ਸੀਐਨਆਈ, ਨੇ ਪਹਿਲਗਾਮ ਅੱਤਵਾਦੀ ਹਮਲੇ ਦੇ ਪੀੜਤਾਂ ਲਈ ਕੀਤੀ ਪ੍ਰਾਰਥਨਾ




ਅੰਮ੍ਰਿਤਸਰ, 24 ਅਪ੍ਰੈਲ, (ਗੁਰਦਿਆਲ ਸਿੰਘ) : ਪਹਿਲਗਾਮ ਵਿੱਚ ਸੈਲਾਨੀਆਂ 'ਤੇ ਹੋਏ ਅੱਤਵਾਦੀ ਹਮਲੇ ਨੂੰ 'ਕਾਇਰਾਨਾ', 'ਵਹਿਸ਼ੀ' ਅਤੇ 'ਅਣਮਨੁੱਖੀ' ਦੱਸਦਿਆਂ, ਡਾਇਓਸਿਸ ਆਫ ਅੰਮ੍ਰਿਤਸਰ, ਚਰਚ ਆਫ ਨੋਰਥ ਇੰਡੀਆ, ਨੇ ਪੀੜਤਾਂ ਦੇ ਪਰਿਵਾਰਾਂ ਨਾਲ ਏਕਤਾ ਪ੍ਰਗਟ ਕਰਨ ਲਈ ਇੱਕ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ। ਇਸ ਪ੍ਰਾਰਥਨਾ ਸਭਾ ਵਿੱਚ, ਈਸਾਈ ਭਾਈਚਾਰੇ ਦੇ ਮੈਂਬਰ ਹਿੰਸਾ ਦੇ ਇਸ ਬੇਤੁਕੇ ਕੰਮ ਤੋਂ ਪ੍ਰਭਾਵਿਤ ਲੋਕਾਂ ਨੂੰ ਦਿਲਾਸਾ, ਸ਼ਾਂਤੀ ਅਤੇ ਤਾਕਤ ਪ੍ਰਦਾਨ ਕਰਨ ਲਈ ਇਕੱਠੇ ਹੋਏ। ਇਸ ਸਮਾਗਮ ਵਿੱਚ ਪ੍ਰਾਰਥਨਾਵਾਂ, ਭਜਨ ਅਤੇ ਸ਼ੋਕ ਸੰਦੇਸ਼ ਸ਼ਾਮਲ ਸਨ।

ਦ ਰਾਈਟ ਰੇਵਰੇਂਡ ਮਨੋਜ ਚਰਨ, ਬਿਸ਼ਪ, ਡਾਇਓਸਿਸ ਆਫ ਅੰਮ੍ਰਿਤਸਰ, ਚਰਚ ਆਫ ਨੌਰਥ ਇੰਡੀਆ, ਨੇ ਇਸ ਦੁਖਦਾਈ ਘਟਨਾ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਉਨ੍ਹਾਂ ਭਾਰਤ ਸਰਕਾਰ ਨੂੰ ਇਸ ਮਾਮਲੇ ਵਿੱਚ ਦਖਲ ਦੇਣ ਅਤੇ ਪੀੜਤ ਪਰਿਵਾਰਾਂ ਨੂੰ ਜਲਦੀ ਤੋਂ ਜਲਦੀ ਇਨਸਾਫ਼ ਦਿਵਾਉਣ ਦੀ ਅਪੀਲ ਕੀਤੀ।

ਪ੍ਰਭੂ ਵਿੱਛੜੀਆਂ ਰੂਹਾਂ ਨੂੰ ਸ਼ਾਂਤੀ ਅਤੇ ਸੋਗ ਮਨਾਉਣ ਵਾਲਿਆਂ ਨੂੰ ਦਿਲਾਸਾ ਦੇਵੇ, ਬਿਸ਼ਪ ਚਰਨ ਨੇ ਕਿਹਾ। ਆਓ ਅਸੀਂ ਵਿਸ਼ਵਾਸ ਅਤੇ ਦਇਆ ਵਿੱਚ ਇੱਕਜੁੱਟ ਹੋਈਏ, ਅਤੇ ਹਿੰਸਾ ਅਤੇ ਨਫ਼ਰਤ ਦੇ ਹਰ ਰੂਪ ਦੇ ਵਿਰੁੱਧ ਇਕੱਠੇ ਖੜ੍ਹੇ ਹੋਈਏ, ਉਨ੍ਹਾਂ ਨੇ ਕਿਹਾ।

ਪਵਿੱਤਰ ਬਾਈਬਲ ਦੇ ਪੁਰਾਣੇ ਨੇਮ ਵਿੱਚੋਂ ਯਸਾਯਾਹ 40:1, ਹੌਸਲਾ ਦੇਵੋ, ਮੇਰੇ ਲੋਕਾਂ ਨੂੰ! ਦਾ ਹਵਾਲਾ ਦਿੰਦੇ ਹੋਏ, ਬਿਸ਼ਪ ਮਨੋਜ ਚਰਨ ਨੇ ਕਲੀਸਿਯਾ ਨੂੰ ਵਿਸ਼ਵਾਸ ਅਤੇ ਹਮਦਰਦੀ ਵਿੱਚ ਇਕੱਠੇ ਖੜ੍ਹੇ ਹੋਣ, ਪਹਿਲਗਾਮ ਅੱਤਵਾਦੀ ਹਮਲੇ ਤੋਂ ਪ੍ਰਭਾਵਿਤ ਲੋਕਾਂ ਨੂੰ ਦਿਲਾਸਾ ਅਤੇ ਸਹਾਇਤਾ ਦੇਣ ਅਤੇ ਪੀੜਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਸ਼ਾਂਤੀ, ਤੰਦਰੁਸਤੀ ਅਤੇ ਤਾਕਤ ਲਈ ਪ੍ਰਾਰਥਨਾ ਕਰਨ ਦੀ ਅਪੀਲ ਕੀਤੀ।

ਇਸ ਮੌਕੇ 'ਤੇ ਉਨ੍ਹਾਂ ਨੇ ਡਾਇਓਸਿਸ ਆਫ ਅੰਮ੍ਰਿਤਸਰ, ਚਰਚ ਆਫ ਨੌਰਥ ਇੰਡੀਆ, ਦੀ ਹਿੰਸਾ ਅਤੇ ਨਫ਼ਰਤ ਦੇ ਬਾਵਜੂਦ ਸ਼ਾਂਤੀ, ਪਿਆਰ ਅਤੇ ਹਮਦਰਦੀ ਨੂੰ ਉਤਸ਼ਾਹਿਤ ਕਰਨ ਲਈ ਆਪਣੇ ਅਧਿਆਤਮਿਕ, ਸਮਾਜਿਕ ਪਹੁੰਚ ਅਤੇ ਵਿੱਦਿਅਕ ਪਹਿਲਕਦਮੀਆਂ ਰਾਹੀਂ ਆਪਣੀਆਂ ਕੋਸ਼ਿਸ਼ਾਂ ਜਾਰੀ ਰੱਖਣ ਦੀ ਵਚਨਬੱਧਤਾ ਨੂੰ ਦੁਹਰਾਇਆ।

ਇਸ ਪ੍ਰਾਰਥਨਾ ਸਭਾ ਵਿੱਚ ਈਸਾਈ ਭਾਈਚਾਰੇ ਦੇ ਮੈਂਬਰ, ਪਾਦਰੀ ਅਤੇ ਡਾਇਓਸਿਸ ਦੇ ਅਧਿਕਾਰੀ ਸ਼ਾਮਲ ਹੋਏ ਜੋ ਪ੍ਰਭਾਵਿਤ ਪਰਿਵਾਰਾਂ ਨਾਲ ਏਕਤਾ ਦਿਖਾਉਣ ਲਈ ਆਏ ਸਨ।

## ਸਾਂਸਦ ਸੰਜੀਵ ਅਰੋੜਾ ਨੇ 'ਜਨਤਾ ਦਰਸ਼ਨ' ਕੀਤਾ ਜਨਤਾ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਤੁਰੰਤ ਕਾਰਵਾਈ ਕੀਤੀ



ਲੁਧਿਆਣਾ, 24 ਅਪ੍ਰੈਲ (ਵਿਸ਼ਾਲ ਸ਼ਰਮਾ) : ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਦੀ ਉਪ ਚੋਣ ਲਈ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ, ਸੰਸਦ ਮੈਂਬਰ ਸੰਜੀਵ ਅਰੋੜਾ ਨੇ ਅੱਜ ਆਪਣੇ ਦਫ਼ਤਰ ਵਿਖੇ 'ਜਨਤਾ ਦਰਸ਼ਨ' ਪ੍ਰੋਗਰਾਮ ਆਯੋਜਿਤ ਕੀਤਾ ਜਿਸ ਵਿੱਚ ਵਸਨੀਕਾਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕੀਤੀ ਗਈ ਤਾਂ ਜੋ ਉਨ੍ਹਾਂ ਦੀਆਂ ਸ਼ਿਕਾਇਤਾਂ ਸੁਣੀਆਂ ਜਾ ਸਕਣ ਅਤੇ ਉਨ੍ਹਾਂ ਦਾ ਜਲਦੀ ਨਿਪਟਾਰਾ ਕੀਤਾ ਜਾ ਸਕੇ। ਜਨਤਕ ਗੱਲਬਾਤ ਦੌਰਾਨ ਅਰੋੜਾ ਨੇ ਇਹ ਯਕੀਨੀ ਬਣਾਉਣ ਲਈ ਆਪਣੀ ਵਚਨਬੱਧਤਾ ਦੁਹਰਾਈ ਕਿ ਨਾਗਰਿਕਾਂ ਨੂੰ ਬੁਨਿਆਦੀ ਮੁੱਦਿਆਂ ਲਈ ਇੱਕ ਦਫ਼ਤਰ ਤੋਂ ਦੂਜੇ ਦਫ਼ਤਰ ਤੱਕ ਭੱਜਣਾ ਨਾ ਪਵੇ। ਮੈਂ ਅੱਜ 'ਜਨਤਾ ਦਰਸ਼ਨ' ਦੌਰਾਨ ਹਲਕੇ ਦੇ ਵੱਖ-ਵੱਖ ਹਿੱਸਿਆਂ ਦੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਸੁਣੀਆਂ। ਮੈਂ ਜਨਤਕ ਸ਼ਿਕਾਇਤਾਂ ਦੇ ਮੌਕੇ 'ਤੇ ਹੀ ਨਿਪਟਾਰੇ ਲਈ ਤੁਰੰਤ ਕਾਰਵਾਈ ਕਰਦਾ ਹਾਂ ਅਰੋੜਾ ਨੇ ਕਿਹਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਦੀ ਨਿਰੰਤਰ ਕੋਸ਼ਿਸ਼ ਜ਼ਮੀਨੀ ਪੱਧਰ 'ਤੇ ਮੁੱਦਿਆਂ ਨੂੰ ਹੱਲ ਕਰਨ ਦੀ ਹੈ। ਮੇਰਾ ਉਦੇਸ਼ ਹਮੇਸ਼ਾ ਇਹ ਰਿਹਾ ਹੈ ਕਿ ਕਿਸੇ ਵੀ ਨਾਗਰਿਕ ਨੂੰ ਸਰਕਾਰੀ ਦਫ਼ਤਰਾਂ ਵਿੱਚ ਵਾਰ-ਵਾਰ ਜਾਣ ਲਈ ਮਜਬੂਰ ਨਾ ਕੀਤਾ ਜਾਵੇ। ਜੇਕਰ ਕੋਈ ਸਮੱਸਿਆ ਸਾਹਮਣੇ ਆਉਂਦੀ ਹੈ, ਤਾਂ ਇਸਦਾ ਹੱਲ ਤੁਰੰਤ ਅਤੇ ਕੁਸ਼ਲਤਾ ਨਾਲ ਕੀਤਾ ਜਾਣਾ ਚਾਹੀਦਾ ਹੈ, ਉਨ੍ਹਾਂ ਅੱਗੇ ਕਿਹਾ। ਲੁਧਿਆਣਾ (ਪੱਛਮੀ) ਉਪ-ਚੋਣ ਨੇੜੇ ਆਉਣ ਦੇ ਨਾਲ, ਇਸ ਪਹਿਲਕਦਮੀ ਨੂੰ ਵੋਟਰਾਂ ਨਾਲ ਅਰੋੜਾ ਦੇ ਸੰਪਰਕ ਨੂੰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਕਦਮ ਵਜੋਂ ਦੇਖਿਆ ਜਾ ਰਿਹਾ ਹੈ। ਖੁੱਲ੍ਹੀ ਗੱਲਬਾਤ ਅਤੇ ਵਿਹਾਰਕ ਸਮੱਸਿਆ ਹੱਲ ਕਰਨ ਦਾ ਉਨ੍ਹਾਂ ਦਾ ਦ੍ਰਿਸ਼ਟੀਕੋਣ ਪੂਰੇ ਹਲਕੇ ਵਿੱਚ ਚੰਗੀ ਤਰ੍ਹਾਂ ਗੂੰਜ ਰਿਹਾ ਹੈ। 'ਆਪ' ਲੀਡਰਸ਼ਿਪ ਨੇ ਅਰੋੜਾ ਦੇ ਆਊਟਰੀਚ ਯਤਨਾਂ ਦੀ ਸ਼ਲਾਘਾ ਕੀਤੀ ਹੈ ਜਿਸ ਵਿੱਚ ਪਾਰਦਰਸ਼ਤਾ ਪਹੁੰਚਯੋਗਤਾ ਅਤੇ ਲੋਕਾਂ ਨੂੰ ਪਹਿਲਾਂ ਸੇਵਾ ਪ੍ਰਦਾਨ ਕਰਨ 'ਤੇ ਅਧਾਰਤ ਪਾਰਟੀ ਦੇ ਸ਼ਾਸਨ ਮਾਡਲ ਨੂੰ ਉਜਾਗਰ ਕੀਤਾ ਗਿਆ ਹੈ। ਆਪਣੀ ਖੁੱਲ੍ਹੇ ਦਰਵਾਜ਼ੇ ਦੀ ਨੀਤੀ ਦੀ ਪੁਸ਼ਟੀ ਕਰਦੇ ਹੋਏ ਅਰੋੜਾ ਨੇ ਕਿਹਾ ਲੋਕਾਂ ਦੀਆਂ ਚਿੰਤਾਵਾਂ, ਸੁਝਾਵਾਂ ਅਤੇ ਇੱਛਾਵਾਂ ਨੂੰ ਸੁਣਨ ਲਈ ਮੇਰੇ ਦਰਵਾਜ਼ੇ ਹਮੇਸ਼ਾ ਖੁੱਲ੍ਹੇ ਹਨ। ਮੈਂ ਪਾਰਦਰਸ਼ੀ ਅਤੇ ਪਹੁੰਚਯੋਗ ਸ਼ਾਸਨ ਲਈ ਵਚਨਬੱਧ ਹਾਂ ਅਤੇ ਜਨਤਾ ਨਾਲ ਸਿੱਧੇ ਸਬੰਧਾਂ ਵਿੱਚ ਵਿਸ਼ਵਾਸ ਰੱਖਦਾ ਹਾਂ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਦੀਆਂ ਆਵਾਜ਼ਾਂ ਸੁਣੀਆਂ ਜਾਣ ਅਤੇ ਉਨ੍ਹਾਂ ਨੂੰ ਸੰਬੋਧਿਤ ਕੀਤਾ ਜਾਵੇ।

## ਪਹਿਲਗਾਮ ਹਮਲਾ ਸਾਨੂੰ ਧਾਰਮਿਕ ਤੌਰ 'ਤੇ ਵੰਡਣ ਦੀ ਸਾਜਿਸ਼ ਦਾ ਹਿੱਸਾ : ਮਠਾੜੂ



ਲੁਧਿਆਣਾ, 24 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਸੀਨੀਅਰ ਅਕਾਲੀ ਨੇਤਾ ਕੰਵਲਜੀਤ ਸਿੰਘ ਮਠਾੜੂ ਅਤੇ ਉੱਘੇ ਸਮਾਜ ਸੇਵਕ ਸਤਵਿੰਦਰ ਸਿੰਘ ਮਠਾੜੂ ਨੇ ਆਖਿਆ ਹੈ ਕਿ ਪਹਿਲਗਾਮ ਵਿੱਚ ਅੱਤਵਾਦੀਆਂ ਵੱਲੋਂ ਜਿਹੜਾ ਹਮਲਾ ਧਰਮ ਨੂੰ ਆਧਾਰ ਬਣਾ ਕੇ ਕੀਤਾ ਗਿਆ ਹੈ ਉਹ ਸਾਡੇ ਸਮਾਜ ਨੂੰ ਧਾਰਮਿਕ ਤੌਰ 'ਤੇ ਵੰਡਣ ਦੀ ਇੱਕ ਸਾਜਿਸ਼ ਦਾ ਹਿੱਸਾ ਜਾਪਦਾ ਹੈ। ਉਨ੍ਹਾਂ ਆਖਿਆ ਕਿ ਸਾਨੂੰ ਅਮਨ ਤੇ ਸ਼ਾਂਤੀ ਬਣਾ ਕੇ ਰੱਖਣੀ ਚਾਹੀਦੀ ਹੈ ਅਤੇ ਕਿਸੇ ਨੂੰ ਵੀ ਧਰਮ ਦੇ ਅਧਾਰ ਤੇ ਸਮਾਜ ਨੂੰ ਵੰਡਣ ਦੀ ਚਾਲਾਂ ਵਿੱਚ ਸਫਲ ਨਹੀਂ ਹੋਣ ਦਿੱਤਾ ਜਾਣਾ ਚਾਹੀਦਾ। ਉਹਨਾਂ ਕਿਹਾ ਕਿ ਅੱਤਵਾਦੀਆਂ ਵੱਲੋਂ ਆਮ ਲੋਕਾਂ ਨੂੰ ਉਹਨਾਂ ਦਾ ਧਰਮ ਪੁੱਛ ਕੇ ਬਾਅਦ ਵਿੱਚ ਗੋਲੀ ਦਾ ਨਿਸ਼ਾਨਾ ਬਣਾਉਣਾ ਇਸ ਗੱਲ ਵੱਲ ਸੰਕੇਤ ਕਰਦਾ ਹੈ ਕਿ ਇਹ ਲੋਕਾਂ ਨੂੰ ਧਰਮ ਦੇ ਆਧਾਰ ਤੇ ਵੰਡਣ ਦੀ ਸੋਚੀ ਸਮਝੀ ਸਾਜਿਸ਼ ਹੈ ਜਿਸ ਦਾ ਪਰਦਾ ਫਾਸ਼ ਕਰਨਾ ਅਤਿ ਜਰੂਰੀ ਹੈ। ਉਹਨਾਂ ਕਿਹਾ ਕਿ ਸਰਕਾਰਾਂ ਸਿਰਫ ਇਹ ਕਹਿ ਕੇ ਸੁਰਖਰੂ ਨਹੀਂ ਹੋ ਸਕਦੀਆਂ ਕਿ ਇਹ ਪਾਕਿਸਤਾਨ ਦੀ ਚਾਲ ਹੈ। ਉਹਨਾਂ ਕਿਹਾ ਕਿ ਉਹਨਾਂ ਕਿਹਾ ਕਿ ਜਦੋਂ ਸਾਨੂੰ ਪਤਾ ਹੈ ਕਿ ਸਾਡੇ ਗਵਾਂਢੀ ਦੇਸ਼ ਨਾਲ ਸਾਡੇ ਸੰਬੰਧ ਚੰਗੇ ਨਹੀਂ ਹਨ ਤਾਂ ਸਰਕਾਰਾਂ ਆਮ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਸੁੱਤੀਆਂ ਕਿਉਂ ਪਈਆਂ ਹਨ? ਲੀਡਰ ਅਤੇ ਵੱਡੇ ਅਫਸਰ ਤਾਂ ਆਪਣੇ ਨਾਲ ਦਰਜਨਾਂ ਸਕਿਉਰਿਟੀ ਗਾਰਡ ਲਈ ਫਿਰਦੇ ਹਨ ਪਰੰਤੂ ਆਮ ਆਦਮੀ ਦੀ ਜਾਨ ਦਾ ਰਾਖਾ ਕੌਣ ਹੈ? ਕੀ ਸਰਕਾਰਾਂ ਇਹ ਦੱਸ ਸਕਦੀਆਂ ਹਨ? ਉਨ੍ਹਾਂ ਕਿਹਾ ਕਿ ਬੇਦੋਸ਼ੇ ਲੋਕਾਂ ਨੂੰ ਕਤਲ ਕਰਨ ਵਾਲਿਆਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ। ਉਹਨਾਂ ਇਸ ਮੌਕੇ ਕਤਲ ਹੋਏ ਲੋਕਾਂ ਦੇ ਪਰਿਵਾਰਾਂ ਨਾਲ ਹਮਦਰਦੀ ਤੇ ਅਫਸੋਸ ਪ੍ਰਗਟ ਕੀਤਾ।

## ਅਰੋੜਾ ਨੇ ਮੰਤਰੀ ਬੈਂਸ ਦਾ ਸਕੂਲਾਂ ਲਈ 30 ਕਰੋੜ ਦਾ ਐਲਾਨ ਕਰਨ ਲਈ ਧੰਨਵਾਦ ਕੀਤਾ



ਲੁਧਿਆਣਾ, 24 ਅਪ੍ਰੈਲ (ਵਿਸ਼ਾਲ ਸ਼ਰਮਾ) : ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੇ ਹੈਬੋਵਾਲ, ਸੁਨੇਤ ਅਤੇ ਜਵਾਹਰ ਨਗਰ ਕੈਂਪ ਦੇ ਖੇਤਰਾਂ ਵਿੱਚ ਸਕੂਲ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਲਈ ਲਗਭਗ 30 ਕਰੋੜ ਰੁਪਏ ਦੇ ਵੱਡੇ ਤੋਹਫ਼ੇ ਦਾ ਐਲਾਨ ਕਰਨ ਲਈ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕੀਤਾ ਹੈ। ਬੁੱਧਵਾਰ ਨੂੰ ਇੱਥੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਪਹਿਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ ਪੰਜਾਬ ਸਿੱਖਿਆ ਕ੍ਰਾਂਤੀ ਦਾ ਇੱਕ ਹਿੱਸਾ ਹੈ ਜਿਸਦਾ ਉਦੇਸ਼ ਸਰਕਾਰੀ ਸਕੂਲਾਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਨਾਲ ਲੈਸ ਕਰਨਾ ਹੈ, ਤਾਂ ਜੋ ਵਿਦਿਆਰਥੀਆਂ ਦੀ ਉੱਤਮਤਾ ਅਤੇ ਤੰਦਰੁਸਤੀ ਨੂੰ ਉਤਸ਼ਾਹਿਤ ਕੀਤਾ ਜਾ ਸਕੇ।

ਹੈਬੋਵਾਲ ਕਲਾਂ ਦੇ ਸਰਕਾਰੀ ਹਾਈ ਸਕੂਲ ਨੂੰ 1.5 ਕਰੋੜ ਰੁਪਏ, ਸੁਨੇਤ ਦੇ ਸਰਕਾਰੀ ਪ੍ਰਾਇਮਰੀ ਅਤੇ ਸੀਨੀਅਰ ਸੈਕੰਡਰੀ ਸਕੂਲ ਅਤੇ ਬਡੇਵਾਲ ਅਵਾਣਾ ਦੇ ਸਰਕਾਰੀ ਹਾਈ ਸਕੂਲ ਨੂੰ ਸਹੂਲਤਾਂ ਦੇ ਨਵੀਨੀਕਰਨ ਲਈ 50-50 ਲੱਖ ਰੁਪਏ ਦਿੱਤੇ ਜਾਣਗੇ। ਵਿਦਿਆਰਥੀਆਂ ਦੀ ਭਲਾਈ ਨੂੰ ਤਰਜੀਹ ਦੇਣ ਲਈ, ਸਰਕਾਰੀ ਪ੍ਰਾਇਮਰੀ ਸਕੂਲ (ਪੀਏਯੂ ਕੈਂਪਸ) ਅਤੇ ਸਰਕਾਰੀ ਪ੍ਰਾਇਮਰੀ ਸਕੂਲ (ਗੋਬਿੰਦ ਨਗਰ) ਨੂੰ 2 ਕਰੋੜ ਰੁਪਏ ਦੇ ਸੰਯੁਕਤ ਨਿਵੇਸ਼ ਨਾਲ ਖੁਸ਼ੀ ਦੇ ਸਕੂਲ ਵਿੱਚ ਬਦਲਿਆ ਜਾਵੇਗਾ, ਜਿਸ ਨਾਲ ਖੁਸ਼ੀ ਭਰੇ ਅਤੇ ਦਿਲਚਸਪ ਸਿੱਖਣ ਦੇ ਸਥਾਨ ਪੈਦਾ ਹੋਣਗੇ।

ਉਨ੍ਹਾਂ ਕਿਹਾ ਕਿ ਮੌਜੂਦਾ ਰਾਜ ਸਰਕਾਰ ਵੱਲੋਂ ਪਿਛਲੇ ਤਿੰਨ ਸਾਲਾਂ ਵਿੱਚ ਕੀਤੇ ਗਏ ਕੰਮਾਂ ਅਤੇ ਪਿਛਲੀਆਂ ਰਾਜ ਸਰਕਾਰਾਂ ਵੱਲੋਂ ਕੀਤੇ ਗਏ ਕੰਮਾਂ ਵਿੱਚ ਅੰਤਰ ਦੀ ਤੁਲਨਾ ਕੀਤੀ ਜਾ ਸਕਦੀ ਹੈ।

ਅਰੋੜਾ ਨੇ ਕਿਹਾ ਕਿ ਮਿਆਰੀ ਸਿੱਖਿਆ ਵਿਦਿਆਰਥੀਆਂ, ਸ਼ਹਿਰ, ਰਾਜ ਅਤੇ ਪੂਰੇ ਦੇਸ਼ ਦੇ ਉੱਜਵਲ ਭਵਿੱਖ ਨੂੰ ਸੁਰੱਖਿਅਤ ਕਰਨ ਦੀ ਕੁੰਜੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਦਿਆਰਥੀ ਇੱਥੇ ਮਿਆਰੀ ਸਿੱਖਿਆ ਪ੍ਰਾਪਤ ਕਰਦਾ ਹੈ, ਤਾਂ ਉਸਨੂੰ ਦੇਸ਼ ਵਿੱਚ ਕਿਤੇ ਵੀ ਸੇਵਾ ਕਰਨ ਦੇ ਮੌਕੇ ਮਿਲ ਸਕਦੇ ਹਨ। ਇਸ ਲਈ, ਰਾਜ ਸਰਕਾਰ ਪੂਰੇ ਦੇਸ਼ ਲਈ ਇੱਕ ਬਿਹਤਰ ਭਵਿੱਖ ਬਣਾਉਣ ਲਈ ਕੰਮ ਕਰ ਰਹੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਪੂਰੀ ਤਰ੍ਹਾਂ ਸਮਝਦੀ ਹੈ ਕਿ ਅੱਜ ਦੇ ਬੱਚੇ ਦੇਸ਼ ਦਾ ਭਵਿੱਖ ਹਨ, ਕਿਉਂਕਿ ਉਹ ਭਵਿੱਖ ਵਿੱਚ ਆਈਏਐਸ, ਆਈਪੀਐਸ ਅਤੇ ਆਈਆਰਐਸ ਅਧਿਕਾਰੀ ਬਣਨਗੇ ਅਤੇ ਨਾਲ ਹੀ ਸੰਸਦ ਮੈਂਬਰ, ਵਿਧਾਇਕ ਅਤੇ ਮੰਤਰੀ ਵਰਗੇ ਰਾਜਨੀਤਿਕ ਨੇਤਾ ਵੀ ਬਣਨਗੇ। ਉਨ੍ਹਾਂ ਕਿਹਾ ਕਿ ਸਰਕਾਰ ਸਰਕਾਰੀ ਸਕੂਲਾਂ ਨੂੰ ਬਦਲਣ ਲਈ 2,000 ਕਰੋੜ ਰੁਪਏ ਤੋਂ ਵੱਧ ਖਰਚ ਕਰ ਰਹੀ ਹੈ ਜਿਸ ਵਿੱਚ ਪੰਜਾਬ ਦੇ 2025-26 ਦੇ ਬਜਟ ਦਾ 12% ਸਿੱਖਿਆ ਲਈ ਰੱਖਿਆ ਗਿਆ ਹੈ - ਜੋ ਕਿ ਸੂਬੇ ਦੇ ਇਤਿਹਾਸ ਵਿੱਚ ਸਭ ਤੋਂ ਵੱਧ ਪ੍ਰਤੀਸ਼ਤ ਹੈ।

## ਪਹਿਲਗਾਮ ਅੱਤਵਾਦੀ ਹਮਲੇ ਦੀ ਭਾਜਪਾ ਆਗੂ ਟਿੱਕਾ ਨੇ ਕੀਤੀ ਸਖ਼ਤ ਨਿਖੇਧੀ



ਲੁਧਿਆਣਾ, 24 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਜੰਮੂ ਅਤੇ ਕਸ਼ਮੀਰ ਦੇ ਪਹਿਲਗਾਮ ਵਿੱਚ ਮੰਗਲਵਾਰ ਨੂੰ ਹੋਏ ਅੱਤਵਾਦੀ ਹਮਲੇ ਦੀ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸੀਨੀਅਰ ਆਗੂ ਅਤੇ ਪਾਰਟੀ ਕਾਰਜਕਾਰਨੀ ਦੇ ਮੈਂਬਰ ਅਮਰਜੀਤ ਸਿੰਘ ਟਿੱਕਾ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਇਸ ਹਮਲੇ ਵਿੱਚ 26 ਸੈਲਾਨੀਆਂ ਸਮੇਤ ਦੋ ਵਿਦੇਸ਼ੀ ਨਾਗਰਿਕਾਂ ਦੀ ਮੌਤ ਹੋ ਗਈ ਅਤੇ ਕਈ ਹੋਰ ਜਖ਼ਮੀ ਹੋਏ ਅਮਰਜੀਤ ਸਿੰਘ ਟਿੱਕਾ ਨੇ ਇੱਕ ਬਿਆਨ ਵਿੱਚ ਕਿਹਾ, "ਪਹਿਲਗਾਮ ਦੀ ਬੈਸਰਨ ਮੈਦਾਨ ਵਿੱਚ ਸੈਲਾਨੀਆਂ 'ਤੇ ਹੋਇਆ ਇਹ ਅੱਤਵਾਦੀ ਹਮਲਾ ਇੱਕ ਬੁਜ਼ਦਿਲ ਅਤੇ ਅਪਮਾਨਜਨਕ ਕਾਰਵਾਈ ਹੈ। ਅੱਤਵਾਦੀਆਂ ਨੇ ਨਿਰਦੋਸ਼ ਸੈਲਾਨੀਆਂ ਨੂੰ ਨਿਸ਼ਾਨਾ ਬਣਾ ਕੇ ਮਨੁੱਖਤਾ 'ਤੇ ਹਮਲਾ ਕੀਤਾ ਹੈ। ਅਸੀਂ ਇਸ ਘਟਨਾ ਦੀ ਸਖ਼ਤ ਨਿਖੇਧੀ ਕਰਦੇ ਹਾਂ ਅਤੇ ਕੇਂਦਰ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਅੱਤਵਾਦੀਆਂ ਅਤੇ ਉਨ੍ਹਾਂ ਦੇ ਸਮਰਥਕਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।" ਟਿੱਕਾ ਨੇ ਅੱਗੇ ਕਿਹਾ ਕਿ ਇਹ ਹਮਲਾ ਨਾ ਸਿਰਫ਼ ਜੰਮੂ-ਕਸ਼ਮੀਰ ਦੀ ਸ਼ਾਂਤੀ ਅਤੇ ਸੈਰ-ਸਪਾਟਾ ਉਦਯੋਗ ਨੂੰ ਨੁਕਸਾਨ ਪਹੁੰਚਾਉਣ ਦੀ ਸਾਜ਼ਿਸ਼ ਹੈ, ਸਗੋਂ ਦੇਸ਼ ਦੀ ਏਕਤਾ ਅਤੇ ਅਖੰਡਤਾ 'ਤੇ ਵੀ ਸਿੱਧਾ ਹਮਲਾ ਹੈ। ਉਨ੍ਹਾਂ ਨੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਜ਼ਖਮੀਆਂ ਦੀ ਜਲਦ ਸਿਹਤਯਾਬੀ ਲਈ ਪ੍ਰਾਰਥਨਾ ਕੀਤੀ ਇਸ ਹਮਲੇ ਦੀ ਜ਼ਿੰਮੇਵਾਰੀ ਲਸ਼ਕਰ-ਏ-ਤੋਇਬਾ ਨਾਲ ਜੁੜੇ ਅੱਤਵਾਦੀ ਸੰਗਠਨ 'ਦ ਰੇਜਿਸਟੈਂਸ ਫਰੰਟ' (ਟੀਆਰਐਫ) ਨੇ ਲਈ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਇਸ ਹਮਲੇ ਦੀ ਨਿੰਦਾ ਕਰਦਿਆਂ ਦੋਸ਼ੀਆਂ ਨੂੰ ਸਖਤ ਸਜ਼ਾ ਦੇਣ ਦਾ ਵਾਅਦਾ ਕੀਤਾ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੁਰੱਖਿਆ ਸਥਿਤੀ ਦਾ ਜਾਇਜ਼ਾ ਲੈਣ ਲਈ ਸ੍ਰੀਨਗਰ ਦਾ ਦੌਰਾ ਕਰਨ ਦਾ ਐਲਾਨ ਕੀਤਾ ਹੈ। ਅਮਰਜੀਤ ਸਿੰਘ ਟਿੱਕਾ ਨੇ ਸਰਕਾਰ ਅਤੇ ਸੁਰੱਖਿਆ ਏਜੰਸੀਆਂ ਨੂੰ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜਬੂਤ ਕਰਨ ਦੀ ਮੰਗ ਕੀਤੀ। ਉਨ੍ਹਾਂ ਨੇ ਦੇਸਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅੱਤਵਾਦ ਦੇ ਖਿਲਾਫ ਇਕਜੁਟ ਹੋਣ ਅਤੇ ਸਾਂਤੀ ਦੀ ਸਥਾਪਨਾ ਲਈ ਮਿਲ ਕੇ ਕੰਮ ਕਰਨ।

## ਸੀਨੀਅਰ ਕਾਂਗਰਸੀ ਨੇਤਾ ਸੰਨੀ ਮਲਿਕ ਸਾਥੀਆਂ ਸਮੇਤ ਭਾਜਪਾ 'ਚ ਸ਼ਾਮਲ



ਲੁਧਿਆਣਾ,24 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਦੁੱਗਰੀ ਸਥਿਤ ਭਾਜਪਾ ਦਫਤਰ ਵਿਖੇ ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ ਦੀ ਪ੍ਰਧਾਨਗੀ ਹੇਠ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਵਿੱਚ, ਲੁਧਿਆਣਾ ਪੱਛਮੀ ਵਿਧਾਨ ਸਭਾ ਜ਼ਿਮਨੀ ਚੋਣਾਂ ਤੋਂ ਪਹਿਲਾਂ ਕਾਂਗਰਸ ਪਾਰਟੀ ਨੂੰ ਵੱਡਾ ਝਟਕਾ ਦਿੰਦੇ ਹੋਏ, ਧੀਮਾਨ ਨੇ ਸੀਨੀਅਰ ਕਾਂਗਰਸੀ ਆਗੂ ਸੰਨੀ ਮਲਿਕ, ਅਜੈ ਪਾਲ, ਸੋਮ ਸਹਿਗਲ, ਪ੍ਰਦੀਪ ਕੁਮਾਰ, ਲਵੀ ਬੱਚਨ, ਰਾਜਾ, ਕਰਨ ਯਾਦਵ, ਅਜੀਮ, ਗੁਰਦੀਪ ਸਿੰਘ, ਡਾ. ਦੇਵਨਾਥ, ਬਲਵੰਤ ਨੂੰ ਭਾਜਪਾ ਵਿੱਚ ਸਾਮਲ ਕੀਤਾ ਅਤੇ ਉਨ੍ਹਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਧੀਮਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ, ਦੂਜੀਆਂ ਪਾਰਟੀਆਂ ਦੇ ਲੋਕ ਭਾਜਪਾ ਵਿੱਚ ਸਾਮਲ ਹੋਣ ਲਈ ਉਤਸਾਹਿਤ ਹਨ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ, ਭਾਰਤ ਵਿਸਵ ਗੁਰੂ ਬਣਨ ਵੱਲ ਵਧ ਰਿਹਾ ਹੈ। ਸੰਨੀ ਮਲਿਕ ਨੇ ਕਿਹਾ ਕਿ ਹੁਣ ਕਾਂਗਰਸ ਪਾਰਟੀ ਵਿੱਚ ਵਰਕਰਾਂ ਦੀ ਕੋਈ ਮਹੱਤਤਾ ਨਹੀਂ ਹੈ, ਜਦੋਂ ਕਿ ਭਾਜਪਾ ਹਰ ਵਰਕਰ ਨੂੰ ਉਹ ਸਤਿਕਾਰ ਦਿੰਦੀ ਹੈ ਜਿਸਦਾ ਉਹ ਹੱਕਦਾਰ ਹੈ। ਪ੍ਰਧਾਨ ਮੰਤਰੀ ਵੱਲੋਂ ਦੇਸ਼ ਦੇ ਭਲੇ ਲਈ ਕੀਤੇ ਜਾ ਰਹੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਹੀ ਉਹ ਭਾਜਪਾ ਪਰਿਵਾਰ ਦੇ ਮੈਂਬਰ ਬਣੇ ਹਨ। ਇਸ ਮੌਕੇ ਨਰਿੰਦਰ ਸਿੰਘ ਮੱਲੀ, ਡਾ. ਨਿਰਮਲ ਨਈਅਰ, ਮਨੀਸ਼ ਲੱਕੀ ਚੋਪੜਾ, ਨਵਲ ਜੈਨ, ਸੁਰੇਸ਼ ਮਿਗਲਾਨੀ ਆਦਿ ਹਾਜਰ ਸਨ।

## ਪੈਰਾਗੌਨ ਇੰਟਰਨੈਸ਼ਨਲ ਸਕੂਲ ਵਿਖੇ ਸਿੱਖਿਆਦਾਇਕ ਢੰਗ ਨਾਲ ਮਨਾਇਆ : ਰਾਸ਼ਟਰੀ ਪੰਚਾਇਤੀ ਰਾਜ ਦਿਵਸ



ਅਹਿਮਦਗੜ੍ਹ, 24 ਅਪ੍ਰੈਲ (ਅਮਰਜੀਤ ਸਿੰਘ ਸੰਧੂ/ਨਿੱਕੂ ਵਰਮਾ) : ਪੰਚਾਇਤੀ ਰਾਜ ਨੂੰ 1993 ਦੇ 73ਵੇਂ ਸੰਵਿਧਾਨਕ ਸੋਧ ਐਕਟ ਦੁਆਰਾ ਸੰਵਿਧਾਨਕ ਰੂਪ ਦਿੱਤਾ ਗਿਆ ਸੀ। ਇਹ ਭਾਰਤ ਦੇ ਸੰਵਿਧਾਨ ਵਿੱਚ 73ਵੇਂ ਸੋਧ ਦੇ ਲਾਗੂ ਹੋਣ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਪੈਰਾਗੌਨ ਇੰਟਰਨੈਸ਼ਨਲ ਸਕੂਲ ਨੰਗਲ, ਡੇਹਲੋਂ ਵਿਖੇ ਵੀ 24 ਅਪ੍ਰੈਲ ਨੂੰ ਰਾਸ਼ਟਰੀ ਪੰਚਾਇਤੀ ਰਾਜ ਦਿਵਸ ਮਨਾਇਆ ਗਿਆ। ਇਹ ਦਿਨ ਭਾਰਤ ਵਿੱਚ ਸਥਾਨਕ ਸਵੈ-ਸ਼ਾਸਨ ਦੇ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ ਪੰਚਾਇਤੀ ਰਾਜ ਪ੍ਰਣਾਲੀ ਸਥਾਨਕ ਸਰਕਾਰਾਂ ਨੂੰ ਫੈਸਲਾ ਲੈਣ ਦੀਆਂ ਪ੍ਰਕਿਰਿਆਵਾਂ ਵਿੱਚ ਹਿੱਸਾ ਲੈਣ ਲਈ ਸ਼ਕਤੀ ਪ੍ਰਦਾਨ ਕਰਦੀ ਹੈ, ਜਿਸ ਨਾਲ ਜ਼ਮੀਨੀ ਪੱਧਰ 'ਤੇ ਲੋਕਤੰਤਰ ਅਤੇ ਵਿਕਾਸ ਨੂੰ ਯਕੀਨੀ ਬਣਾਇਆ ਜਾ ਸਕਦਾ ਹੈ। ਜਿਵੇਂ ਕਿ ਮਹਾਤਮਾ ਗਾਂਧੀ ਨੇ ਕਿਹਾ ਸੀ, ਲੋਕਤੰਤਰ ਹੇਠਾਂ ਤੋਂ, ਪਿੰਡਾਂ ਦੁਆਰਾ ਹੋਣਾ ਚਾਹੀਦਾ ਹੈ, ਹਰੇਕ ਪਿੰਡ ਪੂਰੀਆਂ ਸ਼ਕਤੀਆਂ ਵਾਲਾ ਗਣਰਾਜ ਹੋਣਾ ਚਾਹੀਦਾ ਹੈ। ਸਾਡੇ ਸਕੂਲ ਨੇ ਇਸ ਦਿਨ ਨੂੰ ਬਹੁਤ ਉਤਸ਼ਾਹ ਨਾਲ ਮਨਾਇਆ। ਇਸ ਸ਼ੁਭ ਮੌਕੇ ਤੇ ਮੁੱਖ ਮਹਿਮਾਨ ਸ਼੍ਰੀ ਵਿੱਕੀ ਸ਼ਰਮਾ(ਪ੍ਰਧਾਨ, ਐਮ.ਸੀ. ਅਹਿਮਦਗੜ੍ਹ), ਸ਼੍ਰੀ ਰੋਹਿਤ ਢੰਡ, ਸ. ਰਣਜੀਤ ਸਿੰਘ ਜੀ (ਸਰਪੰਚ ? ਪਿੰਡ ਨੰਗਲ), ਗੁਰਸੇਵਕ ਸਿੰਘ ਜੀ (ਸਰਪੰਚ ਪਿੰਡ ਗੋਪਾਲਪੁਰ), ਦਵਿੰਦਰ ਸਿੰਘ ਅਤੇ ਰਣਜੀਤ ਸਿੰਘ (ਪੰਚ ਪਿੰਡ ਰੁੜਕਾ) ਅਤੇ ਪ੍ਰਗਟ ਸਿੰਘ ਸਮੇਤ ਹੋਰ ਪਤਵੰਤੇ ਸੱਜਣ ਇਸ ਮੌਕੇ ਹਾਜ਼ਰ ਹੋਏ। ਸਕੂਲ ਵਿਦਿਆਰਥੀਆਂ ਵੱਲੋਂ ਬਹੁਤ ਹੀ ਅਲੌਕਿਕ ਢੰਗ ਨਾਲ ਇਹਨਾਂ ਮਾਣਯੋਗ ਸ਼ਖਸੀਅਤਾਂ ਦਾ ਸਵਾਗਤ ਕੀਤਾ ਗਿਆ। ਅੱਜ ਦੇ ਮੁੱਖ ਮਹਿਮਾਨ ਸ਼੍ਰੀ ਵਿੱਕੀ ਸ਼ਰਮਾ ਜੀ ਨੇ ਆਪਣੇ ਕੀਮਤੀ ਗਿਆਨ ਭੰਡਾਰ ਵਿੱਚੋਂ ਕੁਝ ਸੁਚਾਰੂ ਵਿਚਾਰ ਵਿਦਿਆਰਥੀਆਂ ਨਾਲ ਵੀ ਸਾਂਝੇ ਕੀਤੇ ਜੋ ਕਿ ਵਿਦਿਆਰਥੀਆਂ ਨੂੰ ਜੀਵਨ ਵਿੱਚ ਬਹੁਤ ਹੀ ਕਾਰਗਰ ਸਾਬਿਤ ਹੋਣਗੇ।

## ਥਾਣਾ ਸਿਟੀ ਜਗਰਾਉਂ ਵੱਲੋਂ ਨਕਲੀ ਨੋਟ ਤਿਆਰ ਕਰਨ ਵਾਲੇ ਦੋ ਕਾਬੂ



ਜਗਰਾਓਂ, 24 ਅਪ੍ਰੈਲ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਡਾਕਟਰ ਅੰਕੁਰ ਗੁਪਤਾ, ਐਸ ਐਸ ਪੀ ਲੁਧਿਆਣਾ ਦਿਹਾਤੀ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮਾਜ ਦੇ ਭੈੜੇ ਅਨਸਰਾ ਖਿਲਾਫ ਚਲਾਈ ਗਈ ਵਿਸ਼ੇਸ਼ ਮੁਹਿੰਮ ਦੌਰਾਨ, ਸ੍ਰੀ ਜਸਜਯੋਤ ਸਿੰਘ, ਡੀਐਸਪੀ ਸਿਟੀ ਜਗਰਾਉਂ ਜੀ ਦੀ ਅਗਵਾਈ ਹੇਠ ਇੰਸਪੈਕਟਰ ਵਰਿੰਦਰਪਾਲ ਸਿੰਘ, ਸਿਟੀ ਇੰਚਾਰਜ ਜਗਰਾਉਂ ਦੀ ਪੁਲਿਸ ਵੱਲੋਂ ਜਾਅਲੀ ਨੋਟ ਤਿਆਰ ਕਰਨ ਵਾਲੇ 02 ਨੌਜਵਾਨ ਸਨੀ ਸਿੰਘ ਉਰਫ ਸੰਨੀ ਪੁੱਤਰ ਕੁਲਵੰਤ ਸਿੰਘ ਪੁੱਤਰ ਅਜਮੇਰ ਸਿੰਘ ਅਤੇ ਕ੍ਰਿਸ਼ਨ ਸਿੰਘ ਉਰਫ ਪ੍ਰਕਾਸ਼ ਉਰਫ ਦੀਪੂ ਪੁੱਤਰ ਜਸਵੀਰ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀਆਨ ਸਾਹਿਬ ਚੰਦ, ਜ਼ਿਲਾ ਮੁਕਤਸਰ ਸਾਹਿਬ ਨੂੰ 10 ਮਹੀਨੇ ਬਾਅਦ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ।ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਸ੍ਰੀ ਵਰਿੰਦਰਪਾਲ ਸਿੰਘ ਉੱਪਲ, ਵੱਲੋ ਦੱਸਿਆ ਕਿ ਜਾਅਲੀ ਕਰੰਸੀ ਤਿਆਰ ਕਰਨ ਵਾਲੇ ਵਿਅਕਤੀਆਂ ਸਬੰਧੀ ਇਤਲਾਹ ਮਿਲਣ ਤੇ 16,300 ਜਾਅਲੀ ਭਾਰਤੀ ਕਰੰਸੀ ਨੋਟ ਬ੍ਰਾਮਦ ਹੋਈ ਸੀ ਅਤੇ ਮੌਕਾ ਤੇ 01 ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਸੀ, ਬਾਕੀ 02 ਦੋਸ਼ੀ ਫਰਾਰ ਸਨ। ਜਿਨਾਂ ਨੂੰ ਬਲਵਿੰਦਰ ਸਿੰਘ, ਜਗਰਾਉਂ ਵੱਲੋਂ ਮੁਸਤੈਦੀ ਨਾਲ ਮੁਕੱਦਮਾ ਦਾ ਦੋਸ਼ੀਆਨ ਸਨੀ ਸਿੰਘ ਉਰਫ ਸੰਨੀ ਪੁੱਤਰ ਕੁਲਵੰਤ ਸਿੰਘ ਪੁੱਤਰ ਅਜਮੇਰ ਸਿੰਘ ਅਤੇ ਕ੍ਰਿਸ਼ਨ ਸਿੰਘ ਉਰਫ ਪ੍ਰਕਾਸ਼ ਉਰਫ ਦੀਪੂ ਪੁੱਤਰ ਜਸਵੀਰ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀਆਨ ਸਾਹਿਬ ਚੰਦ, ਜ਼ਿਲਾ ਮੁਕਤਸਰ ਸਾਹਿਬ ਨੂੰ ਗ੍ਰਿਫਤਾਰ ਕੀਤਾ ਗਿਆ। ਦੋਸ਼ੀਆ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ 01 ਦਿਨ ਦਾ ਪੁਲਿਸ ਰਿਮਾਂਡ ਹਾਸਿਲ ਕੀਤਾ ਗਿਆ ਹੈ। ਦੋਸੀਆ ਪਾਸੋ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ, ਜੋ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਪਹਿਲਗਾਮ ਵਿੱਚ ਮਾਰੇ ਗਏ ਸੈਲਾਨੀਆਂ ਦੀ ਮੌਤ 'ਤੇ ਕਲਾਕਾਰਾਂ ਵੱਲੋਂ ਦੁੱਖ ਪ੍ਰਗਟ



ਲੁਧਿਆਣਾ, 24 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਲੋਕ ਗਾਇਕ ਕਲਾ ਮੰਚ ਦੇ ਪ੍ਰਧਾਨ ਹਾਕਮ ਬਖਤੜੀ ਵਾਲਾ ਅਤੇ ਲੋਕ ਗਾਇਕ ਨਿਰਪਿੰਦਰ ਸਿੰਘ ਨੇ ਪਹਿਲਗਾਮ ਵਿੱਚ ਅੱਤਵਾਦੀਆਂ ਵੱਲੋਂ ਹਮਲਾ ਕਰਕੇ 28 ਸੈਲਾਨੀਆਂ ਨੂੰ ਮੌਤ ਦੇ ਘਾਟ ਉਤਾਰਨ ਦੀ ਸਖਤ ਸ਼ਬਦਾਂ ਨਿਖੇਧੀ ਕੀਤੀ ਹੈ। ਪੀੜਤ ਪਰਿਵਾਰਾਂ ਨਾਲ ਦੁੱਖ ਪ੍ਰਗਟ ਕਰਦਿਆਂ ਹਾਕਮ ਨੇ ਆਖਿਆ ਕਿ ਇਹ ਹਮਲਾ ਬੇਹੱਦ ਨਿੰਦਣ ਯੋਗ ਹੈ। ਉਹਨਾਂ ਕਿਹਾ ਕਿ ਸਰਕਾਰਾਂ ਨੂੰ ਇਸ ਹਮਲੇ ਦਾ ਸਖਤ ਨੋਟਿਸ ਲੈਣਾ ਚਾਹੀਦਾ ਹੈ। ਅਜਿਹੇ ਹਮਲੇ ਪਹਿਲਾਂ ਵੀ ਕਈ ਵਾਰ ਵਾਪਰ ਚੁੱਕੇ ਹਨ ਲੇਕਿਨ ਸਰਕਾਰਾਂ ਅਜਿਹਾ ਕੋਈ ਕਦਮ ਨਹੀਂ ਉਠਾਉਂਦੀਆਂ ਜਿਸ ਨਾਲ ਭਵਿੱਖ ਵਿੱਚ ਇਹ ਹਮਲੇ ਮੁੜ ਮੁੜ ਨਾ ਹੋਣ। ਉਹਨਾਂ ਕਿਹਾ ਕਿ ਚਾਹੇ ਸੂਬਾ ਸਰਕਾਰ ਹੋਵੇ ਚਾਹੇ ਕੇਂਦਰ ਸਰਕਾਰ ਦੋਨਾਂ ਨੂੰ ਆਪਸ ਵਿੱਚ ਹੀ ਤਾਲਮੇਲ ਕਰਕੇ ਅਜਿਹੇ ਹਮਲਿਆਂ ਨੂੰ ਰੋਕਣ ਲਈ ਸਖਤ ਕਦਮ ਪੁੱਟਣੇ ਚਾਹੀਦੇ ਹਨ। ਉਹਨਾਂ ਕਿਹਾ ਕਿ ਸਰਕਾਰੀ ਏਜੰਸੀਆਂ ਅਜਿਹੇ ਹਮਲਿਆਂ ਨੂੰ ਲੈ ਕੇ ਸੁਚੇਤ ਕਿਉਂ ਨਹੀਂ ਹੁੰਦੀਆਂ? ਉਹਨਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਇੱਕ ਮੁੱਠ ਹੋ ਕੇ ਅਜਿਹੇ ਕਾਲੇ ਕਾਰਨਾਮਿਆਂ ਦਾ ਡੱਟ ਕੇ ਵਿਰੋਧ ਕਰਨਾ ਚਾਹੀਦਾ ਹੈ। ਉਹਨਾਂ ਕਿਹਾ ਕਿ ਅਜਿਹੇ ਦੇਸ਼ਾਂ ਨਾਲ ਰਾਜਨੀਤਿਕ ਸਬੰਧ ਰੱਖਣ ਦਾ ਕੋਈ ਮਕਸਦ ਨਹੀਂ ਰਹਿ ਜਾਂਦਾ ਜਿਹੜੇ ਦੇਸ਼ ਦੂਸਰੇ ਦੇਸ਼ ਵਿੱਚ ਅਜਿਹੇ ਹਮਲੇ ਕਰਵਾਉਂਦੇ ਹਨ।

## ਮੁਲਾਜ਼ਮ ਦੀ ਨਾਜਾਇਜ਼ ਮੁਅਤਲੀ ਖ਼ਿਲਾਫ਼ ਪ੍ਰਦਰਸ਼ਨ ਕਰ ਰਹੇ ਮੁਲਾਜ਼ਮਾਂ 'ਤੇ ਪੁਲਿਸ ਧੱਕੇਸ਼ਾਹੀ ਦੀ ਨਿੰਦਾ

ਲੁਧਿਆਣਾ, 24 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਪੰਜਾਬ ਦੀ ਸੱਤਾਧਾਰੀ ਪਾਰਟੀ ਦੇ ਹਿਤੈਸ਼ੀ ਅਧਿਕਾਰੀ ਨਾਲ ਇੱਕ ਮੁਲਾਜਮ ਦੀ ਮਾਮੂਲੀ ਮਸਲੇ 'ਤੇ ਹੋਈ ਬਹਿਸ ਨੂੰ ਮੁੱਦਾ ਬਣਾਕੇ ਜਿਸ ਮੁਲਾਜ਼ਮ ਨੂੰ ਮੁਅੱਤਲ ਕੀਤਾ ਗਿਆ ਹੈ , ਉਹ ਸਰਾ ਸਰ ਸਰਕਾਰੀ ਸਹਿ ਹੇਠ ਚੁੱਕਿਆ ਕਦਮ ਹੈ।ਮੁਅੱਤਲ ਕੀਤੇ ਮੁਲਾਜ਼ਮ ਨਾਲ ਹੋਈ ਇਸ ਧੱਕੇਸਾਹੀ ਖਿਲਾਫ ਪੀਏਯੂ ਇੰਪਲਾਈਜ ਯੂਨੀਅਨ ਵੱਲੋਂ ਰੋਸ ਪ੍ਰਦਰਸਨ ਕਰਨ ਦੇ ਐਲਾਨ ਨੂੰ ਜਬਰੀ ਬੰਦ ਕਰਵਾਉਣ ਲਈ, ਯੂਨੀਵਰਸਿਟੀ ਨੂੰ ਪੁਲਿਸ ਦੀ ਛਾਉਣੀ ਵਿੱਚ ਤਬਦੀਲ ਕਰਨਾ ਅਤੇ ਮੁੱਖ ਗੇਟ ਬੰਦ ਕਰਨਾ ਲੋਕਾਂ ਦੇ ਜਮਹੂਰੀ ਹੱਕ ਨੂੰ ਕੁਚਲਣਾ ਹੈ। ਸੰਘਰਸ ਕਰ ਰਹੇ ਕਿੰਨੇ ਹੀ ਮੁਲਾਜਮਾਂ ਨੂੰ ਪੁਲਿਸ ਵੱਲੋਂ ਜਬਰੀ ਚੁੱਕ ਕੇ ਦੂਰ ਦਰਾਡੇ ਲੈ ਜਾਣਾ ਮਨੁੱਖੀ ਹੱਕਾਂ ਦਾ ਘਾਣ ਕਰਨ ਲਈ ਯੂਨੀਵਰਸਿਟੀ ਅਧਿਕਾਰੀ ਅਤੇ ਪੰਜਾਬ ਸਰਕਾਰ ਬਰਾਬਰ ਦੇ ਭਾਈਵਾਲ ਹਨ। ਪੰਜਾਬ ਸਰਕਾਰ ਹਰ ਲੋਕ ਹੱਕੀ ਆਵਾਜ਼ ਨੂੰ ਜਬਰ ਰਾਹੀਂ ਬੰਦ ਕਰਵਾਉਣ ਦਾ ਭਰਮ ਪਾਲ ਰਹੀ ਹੈ , ਜਿਸ ਦੀਆਂ ਉਦਾਹਰਣਾਂ ਪੰਜਾਬ ਪੱਧਰ 'ਤੇ ਸਰਕਾਰ ਖਿਲਾਫ ਚੱਲ ਰਹੇ ਕਿਸਨਾ, ਮਜ਼ਦੂਰਾਂ , ਮੁਲਾਜਮਾਂ ਦੇ ਚੱਲ ਰਹੇ ਅਨੇਕਾਂ ਸੰਘਰਸ ਸਾਹਮਣੇ ਹਨ, ਜਿਹਨਾਂ ਨੂੰ ਸਰਕਾਰ ਵੱਲੋਂ ਤਸ਼ੱਦਦ ਨਾਲ ਖਤਮ ਕਰਨ ਦੇ ਸੁਪਨੇ ਲਏ ਜਾ ਰਹੇ ਹਨ। ਪੀਏਯੂ ਪੈਨਸ਼ਰਜ਼ ਵੈਲਫੇਅਰ ਐਸੋਸੀਏਸ਼ਨ ਦੀ ਹੰਗਾਮੀ ਮੀਟਿੰਗ ਵਿੱਚ ਪ੍ਰਧਾਨ ਸੁਖਦੇਵ ਸਿੰਘ, ਜਨਰਲ ਸਕੱਤਰ ਆਸਾ ਸਿੰਘ ਪੰਨੂ, ਅਗਜੈਕਟਿਵ ਮੈਂਬਰ ਜਸਵੰਤ ਜੀਰਖ, ਸਵਰਨ ਸਿੰਘ ਰਾਣਾ, ਐਮ ਐਸ ਪਰਮਾਰ, ਤਰਸੇਮ ਸਿੰਘ, ਤਜਿੰਦਰ ਮਹਿੰਦਰੂ ਨੇ ਪੰਜਾਬ ਸਰਕਾਰ ਅਤੇ ਯੂਨੀਵਰਸਿਟੀ ਪ੍ਰਸਾਸਨ ਦੀ ਯੂਨੀਵਰਸਿਟੀ ਦੇ ਗੇਟ ਬੰਦ ਕਰਨ ਨੂੰ ਪੁਲਿਸ ਛਾਉਣੀ ਵਿੱਚ ਤਬਦੀਲ ਕਰਨ ਨੂੰ ਜਗੀਰੂ ਹੈਂਕੜ ਕਰਾਰ ਦਿੱਤਾ ਹੈ।

## ਡੀ.ਬੀ.ਈ.ਈ. ਵੱਲੋਂ ਪਲੇਸਮੈਂਟ ਕੈਂਪ ਅੱਜ

ਲੁਧਿਆਣਾ, 24 ਅਪ੍ਰੈਲ (ਵਿਸ਼ਾਲ ਸ਼ਰਮਾ) : ਪੰਜਾਬ ਸਰਕਾਰ ਦੇ ਮਿਸ਼ਨ ਘਰ-ਘਰ ਰੋਜ਼ਗਾਰ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਲੁਧਿਆਣਾ ਵੱਲੋ ਭਲਕੇ 25 ਅਪ੍ਰੈਲ (ਸ਼ੁਕਰਵਾਰ) ਨੂੰ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀ.ਬੀ.ਈ.ਈ.) ਪ੍ਰਤਾਪ ਚੌਕ,ਸਾਹਮਣੇ ਸੰਗੀਤ ਸਿਨੇਮਾ ਲੁਧਿਆਣਾ ਵਿਖੇ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ ਜਿਸਦਾ ਸਮਾਂ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਹੋਵੇਗਾ ਡੀ.ਬੀ.ਈ.ਈ.ਲੁਧਿਆਣਾ ਦੇ ਡਿਪਟੀ ਡਾਇਰੈਕਟਰ ਰੁਪਿੰਦਰ ਕੌਰ ਵੱਲੋਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਲਗਾਤਾਰ ਕੀਤਾ ਜਾ ਰਿਹਾ ਹੈ ਜਿਸਦੇ ਤਹਿਤ ਪਲੇਸਮੈਂਟ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਕੈਂਪ ਵਿੱਚ ਲੁਧਿਆਣਾ ਦੀਆਂ ਨਾਮੀ ਕੰਪਨੀਆਂ ਹਿੱਸਾ ਲੈ ਰਹੀਆਂ ਹਨ ਜਿਨ੍ਹਾਂ ਵਿੱਚ ਕੋਨੈਕਟ ਐਗਰੋ ਸਲਿਊਸ਼ਨ, ਟੀ.ਡਬਲਿਊ.ਐਸ., ਹੀਰੋ ਇਲੈਕਟ੍ਰਿਕ, ਜ਼ਾਬ ਰੈਬਿਟਜ, ਸੇਵਾ ਕੇਂਦਰ ਆਦਿ ਸ਼ਾਮਲ ਹਨ।

## ਨਗਰ ਕੌਂਸਲ ਦੇ ਪ੍ਰਧਾਨ ਲਈ ਪੰਜਾਬ ਸਰਕਾਰ ਨੇ ਜਾਰੀ ਕੀਤਾ ਨੋਟੀਫ਼ਿਕੇਸ਼ਨ



ਮੁੱਲਾਂਪੁਰ ਦਾਖਾ, 24 ਅਪ੍ਰੈਲ (ਦਵਿੰਦਰ ਸਿੰਘ ਲੰਮੇ) : ਨਗਰ ਕੌਂਸਲ ਮੁੱਲਾਂਪੁਰ ਦਾਖਾ ਦੇ ਪ੍ਰਧਾਨ ਦੀ ਚੋਣ ਤੋਂ ਕਰੀਬ ਇੱਕ ਮਹੀਨੇ ਬਾਅਦ ਪੰਜਾਬ ਸਰਕਾਰ ਨੇ ਪ੍ਰਧਾਨਗੀ ਪਦ ਦਾ ਕਾਰਜਭਾਗ ਸੰਭਾਲਣ ਲਈ ਆਖਰ 22 ਅਪ੍ਰੈਲ ਨੂੰ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਅਤੇ ਹੁਣ ਚੁਣੇ ਗਏ ਪ੍ਰਧਾਨ ਜਸਵਿੰਦਰ ਸਿੰਘ ਹੈਪੀ ਕਿਸੇ ਵੀ ਸਮੇਂ ਆਪਣਾ ਪ੍ਰਧਾਨ ਦਾ ਅਹੁਦਾ ਕਾਨੂੰਨੀ ਤੌਰ 'ਤੇ ਸੰਭਾਲ ਸਕਦੇ ਹਨ। ਡਾਇਰੈਕਟੋਰੇਟ ਸਥਾਨਕ ਸਰਕਾਰ ਵਿਭਾਗ ਪੰਜਾਬ ਚੰਡੀਗੜ੍ਹ ਦੇ ਵਧੀਕ ਮੁੱਖ ਸਕੱਤਰ ਤੇਜਵੀਰ ਸਿੰਘ ਆਈ.ਏ.ਐਸ. ਅਤੇ ਉੱਪ ਸਕੱਤਰ ਸਥਾਨਕ ਸਰਕਾਰ ਦੇ ਦਸਤਖਤਾਂ ਹੇਠ ਜਾਰੀ ਇਸ ਨੋਟੀਫਿਕੇਸ਼ਨ ਵਿੱਚ ਪੰਜਾਬ ਮਿਉਨਸੀਪਲ ਐਕਟ 1911 ਦੀ ਸਬ ਧਾਰਾ (2) ਆਪ ਧਾਰ 24 ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਜਸਵਿੰਦਰ ਸਿੰਘ ਹੈਪੀ ਕੌਂਸਲਰ ਨੂੰ ਬਤੌਰ ਪ੍ਰਧਾਨ ਨਿਯੁਕਤ ਕਰਨ ਲਈ ਲਿਖਿਆ ਗਿਆ ਹੈ। ਦੱਸਣਯੋਗ ਹੈ ਕਿ 21 ਦਸੰਬਰ 2024 ਨਗਰ ਕੌਂਸਲ ਅਧੀਨ ਆਉਂਦੇ 13 ਵਾਰਡਾਂ ਦੀ ਚੋਣ ਹੋਈਆਂ ਸਨ ,ਜਿਸ ਵਿੱਚ ਕਾਂਗਰਸ ਪਾਰਟੀ ਨੂੰ ਮਿਲੇ ਬਹੁਮਤ ਤੋਂ ਬਾਅਦ ਵੀ ਪਹਿਲਾਂ ਪ੍ਰਧਾਨ ਦੀ ਚੋਣ ਲਟਕੀ ਰਹੀ। ਜਿਸ ਲਈ ਕਾਂਗਰਸ ਪਾਰਟੀ ਵੱਲੋਂ ਪੰਜਾਬ ਹਰਿਆਣਾ ਹਾਈ ਕੋਰਟ ਦਾ ਸਹਾਰਾ ਲਿਆ ਗਿਆ ਅਤੇ ਫਿਰ ਹਾਈਕੋਰਟ ਦੇ ਹੁਕਮਾਂ ਅਨੁਸਾਰ ਮਿਤੀ 19/03/2025 ਨੂੰ ਪ੍ਰਧਾਨ , ਉੱਪ ਪ੍ਰਧਾਨ ਦੀ ਚੋਣ ਅਤੇ ਕੌਸਲਰਾਂ ਨੂੰ ਸੌਂਹ ਚੁੱਕਵਾਉਣ ਲਈ ਮਾਨਯੋਗ ਐਸ.ਡੀ.ਐਮ ਪੱਛਮੀ ਪੂਨਮਪ੍ਰੀਤ ਕੌਰ ਨੂੰ ਕਨਵੀਨਰ ਨਿਯੁਕਤ ਕੀਤਾ ਗਿਆ ਸੀ। ਇਸਦੇ ਬਾਵਜੂਦ ਵੀ ਜਦੋਂ ਬਤੌਰ ਪ੍ਰਧਾਨਗੀ ਪਦ ਦਾ ਅਹੁਦਾ ਸੰਭਾਲਣ ਲਈ ਪੰਜਾਬ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ ਨਾ ਕੀਤਾ ਗਿਆ ਤਾਂ ਮੁੜ ਕਾਂਗਰਸ ਕੌਂਸਲਰਾਂ ਨੇ ਮਾਨਯੋਗ ਪੰਜਾਬ ਹਾਈਕੋਰਟ ਦਾ ਰੁਖ ਕੀਤਾ, ਜਿਸ 'ਤੇ ਪੰਜਾਬ ਸਰਕਾਰ ਨੂੰ 15 ਦਿਨਾਂ ਦਾ ਸਮਾਂ ਦਿੱਤਾ ਗਿਆ ਸੀ ਅਤੇ ਦਿਤੇ ਗਏ ਸਮੇਂ ਦੌਰਾਨ ਪੰਜਾਬ ਸਰਕਾਰ ਵੱਲੋਂ ਆਖਰ ਪ੍ਰਧਾਨ ਦੇ ਅਹੁਦਾ ਸੰਭਾਲਣ ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ।

## ਐਮ.ਪੀ. ਅਰੋੜਾ ਮੇਅਰ ਨੇ ਇਸ ਸੀਜ਼ਨ 'ਚ ਰੱਖ ਬਾਗ ਨੇੜੇ ਸਵੀਮਿੰਗ ਪੂਲ ਜਨਤਾ ਲਈ ਖੋਲ੍ਹਿਆ



ਲੁਧਿਆਣਾ, 24 ਅਪ੍ਰੈਲ (ਵਿਸ਼ਾਲ ਸ਼ਰਮਾ) : ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੇ ਵੀਰਵਾਰ ਸਵੇਰੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨਾਲ ਮਿਲ ਕੇ ਨਗਰ ਨਿਗਮ ਦੇ ਇਸ ਸੀਜ਼ਨ ਲਈ ਓਲੰਪਿਕ ਆਕਾਰ ਦੇ ਸਵੀਮਿੰਗ ਪੂਲ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ ਸੰਸਦ ਮੈਂਬਰ ਅਰੋੜਾ ਨੇ ਉਮੀਦ ਪ੍ਰਗਟਾਈ ਕਿ ਇਹ ਪੂਲ ਭਿਆਨਕ ਗਰਮੀ ਤੋਂ ਬਹੁਤ ਲੋੜੀਂਦੀ ਰਾਹਤ ਪ੍ਰਦਾਨ ਕਰੇਗਾ ਅਤੇ ਨਿਵਾਸੀਆਂ ਨੂੰ ਤੰਦਰੁਸਤ ਰਹਿਣ ਦਾ ਮੌਕਾ ਪ੍ਰਦਾਨ ਕਰੇਗਾ। ਰੱਖ ਬਾਗ ਦੇ ਨੇੜੇ ਸਥਿਤ, 50 ਮੀਟਰ ਘ 25 ਮੀਟਰ ਓਲੰਪਿਕ ਆਕਾਰ ਦਾ ਪੂਲ ਸ਼ਹਿਰ ਦਾ ਸਭ ਤੋਂ ਵੱਡਾ ਪੂਲ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਸਹੂਲਤ ਖੇਤਰ ਦੀਆਂ ਸਭ ਤੋਂ ਵੱਡੀਆਂ ਸਹੂਲਤਾਂ ਵਿੱਚੋਂ ਇੱਕ ਹੈ ਅਤੇ ਵਸਨੀਕਾਂ ਦਾ ਬਿਹਤਰ ਸਿਹਤ ਅਤੇ ਤੰਦਰੁਸਤੀ ਲਈ ਇਸਦਾ ਪੂਰਾ ਲਾਭ ਲੈਣ ਲਈ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਇਹ ਪੂਲ ਨਾ ਸਿਰਫ਼ ਆਮ ਲੋਕਾਂ ਦੀ ਸੇਵਾ ਕਰੇਗਾ ਬਲਕਿ ਐਥਲੀਟਾਂ ਅਤੇ ਐਨ.ਡੀ.ਆਰ.ਐਫ ਕਰਮਚਾਰੀਆਂ ਨੂੰ ਉਨ੍ਹਾਂ ਦੀ ਸਿਖਲਾਈ ਅਤੇ ਹੁਨਰ ਵਿਕਾਸ ਵਿੱਚ ਵੀ ਸਹਾਇਤਾ ਕਰੇਗਾ। ਤੈਰਾਕੀ ਦੇ ਫਾਇਦਿਆਂ 'ਤੇ ਚਾਨਣਾ ਪਾਉਂਦੇ ਹੋਏ, ਅਰੋੜਾ ਨੇ ਕਿਹਾ ਕਿ ਇਹ ਇੱਕ ਪੂਰੀ ਤਰ੍ਹਾਂ ਸਰੀਰ ਦੀ ਕਸਰਤ ਹੈ ਜੋ ਦਿਲ ਦੀ ਸਿਹਤ ਨੂੰ ਵਧਾਉਂਦੀ ਹੈ ਤਾਕਤ, ਸਹਿਣਸ਼ੀਲਤਾ ਅਤੇ ਲਚਕਤਾ ਵਧਾਉਂਦੀ ਹੈ, ਇਸ ਤੋਂ ਇਲਾਵਾ ਜੋੜਾਂ 'ਤੇ ਹਲਕਾ ਪ੍ਰਭਾਵ ਪਾਉਂਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਤੈਰਾਕੀ ਤਣਾਅ ਨੂੰ ਘਟਾਉਂਦੀ ਹੈ, ਆਰਾਮ ਨੂੰ ਵਧਾਉਂਦੀ ਹੈ,ਨੀਂਦ ਦੀ ਗੁਣਵੱਤਾ ਵਿੱਚ ਸੁਧਾਰ ਕਰਦੀ ਹੈ ਅਤੇ ਸਮੁੱਚੀ ਮਾਨਸਿਕ ਸਿਹਤ ਵਿੱਚ ਯੋਗਦਾਨ ਪਾਉਂਦੀ ਹੈ। ਮੇਅਰ ਇੰਦਰਜੀਤ ਕੌਰ ਨੇ ਦੱਸਿਆ ਕਿ ਵਸਨੀਕ ਪੂਲ ਸਾਈਟ 'ਤੇ ਉਪਲਬਧ ਲੋੜੀਂਦੇ ਦਸਤਾਵੇਜ਼ਾਂ ਦੇ ਨਾਲ ਇੱਕ ਅਰਜ਼ੀ ਫਾਰਮ ਭਰ ਕੇ ਨਾਮ ਦਰਜ ਕਰਵਾ ਸਕਦੇ ਹਨ।ਸੀਜ਼ਨਲ ਖਰਚੇ ਸਰਾਭਾ ਨਗਰ ਸਥਿਤ ਐਮਸੀ ਜ਼ੋਨ ਡੀ ਦਫ਼ਤਰ ਵਿੱਚ ਜਮ੍ਹਾਂ ਕਰਵਾਏ ਜਾਣੇ ਚਾਹੀਦੇ ਹਨ। ਇਹ ਪੂਲ 31 ਅਕਤੂਬਰ, 2025 ਤੱਕ ਜਨਤਾ ਲਈ ਖੁੱਲ੍ਹਾ ਰਹੇਗਾ।

## ਡਾ. ਢੀਂਗਰਾ ਵੱਲੋਂ ਪਹਿਲਗਾਮ 'ਚ ਹਮਲੇ 'ਚ ਮਾਰੇ ਗਏ ਸੈਲਾਨੀਆਂ ਦੇ ਪਰਿਵਾਰਾਂ ਨਾਲ ਦੁੱਖ ਪ੍ਰਗਟ ਕੀਤਾ



ਲੁਧਿਆਣਾ, 24 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਡਾ ਕੋਟਨਿਸ ਆਕੂਪੰਕਚਰ ਹਸਪਤਾਲ ਸਲੇਮਟਾਬਰੀ ਦੇ ਮੁਖੀ ਡਾ ਇੰਦਰਜੀਤ ਸਿੰਘ ਢੀਂਗਰਾ ਨੇ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਹਾਲ ਹੀ ਵਿੱਚ ਹੋਏ ਅੱਤਵਾਦੀ ਹਮਲੇ ਦੀ ਸਖਤ ਨਿੰਦਾ ਕੀਤੀ ਹੈ। ਉਨ੍ਹਾਂ ਇਸ ਦੁਖਦਾਈ ਘਟਨਾ ਵਿੱਚ ਆਪਣੇ ਅਜੀਜਾਂ ਨੂੰ ਗੁਆਉਣ ਵਾਲੇ ਪਰਿਵਾਰਾਂ ਪ੍ਰਤੀ ਦਿਲੀ ਸੰਵੇਦਨਾ ਪ੍ਰਗਟ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਡੂੰਘੇ ਦੁੱਖ ਦਾ ਪਲ ਹੈ ਅਤੇ ਸਾਡੀ ਹਮਦਰਦੀ ਇਸ ਮੁਸਕਲ ਸਮੇਂ ਦੌਰਾਨ ਪ੍ਰਭਾਵਿਤ ਲੋਕਾਂ ਨਾਲ ਹੈ। ਉਨ੍ਹਾਂ ਕਿਹਾ ਕਿ ਅਸੀਂ ਜਖਮੀਆਂ ਦੀ ਜਲਦੀ ਸਿਹਤਯਾਬੀ ਲਈ ਪ੍ਰਾਰਥਨਾ ਕਰਦੇ ਹਾਂ ਅਤੇ ਪੀੜਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਏਕਤਾ ਵਿੱਚ ਖੜ੍ਹੇ ਹਾਂ।

## ਮੁਅੱਤਲ ਕੀਤੇ ਅਮਰੀਕ ਸਿੰਘ ਦੀ ਪਤਨੀ ਦੀ ਮੌਤ ਦੇ ਅਸਲ ਕਾਰਨਾ ਨੂੰ ਸਮਝਦੇ ਹੋਏ ਪਰਚਾ ਦਰਜ ਹੋਣਾ ਚਾਹੀਦੈ : ਐਡਵੋਕੇਟ ਘੁੰਮਣ



ਲੁਧਿਆਣਾ, 24 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਪੀਏਯੂ ਵਿੱਚ ਕੰਮ ਕਰਦੇ ਮੁਲਾਜ਼ਮ ਅਮਰੀਕ ਸਿੰਘ ਦੇ ਮੁਅੱਤਲ ਹੋਣ ਦੀ ਖਬਰ ਦਾ ਡੂੰਘਾ ਅਸਰ ਅਮਰੀਕ ਸਿੰਘ ਦੀ ਪਤਨੀ ਦੇ ਜੀਵਨ 'ਤੇ ਐਸਾ ਪਿਆ ਕਿ ਉਹ ਅੱਜ ਇਸ ਫਾਨੀ ਸੰਸਸ਼ਾਰ ਨੂੰ ਹੀ ਅਲਵਿਦਾ ਆਖ ਗਈ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਐਡਵੋਕੇਟ ਪ੍ਰਉਪਕਾਰ ਸਿੰਘ ਘੁੰਮਣ ਨੇ ਉਨ੍ਹਾਂ ਦੇ ਘਰ ਅਫਸੋਸ ਕਰਨ ਤੋਂ ਬਾਅਦ ਗੱਲਬਾਤ ਕਰਦਿਆ ਕੀਤਾ।ਐਡਵੋਕੇਟ ਘੁੰਮਣ ਨੇ ਦੱਸਿਆ ਕਿ ਪਿਛਲੇ ਦਿਨ੍ਹੀਂ ਪੀਏਯੂ ਅਥਾਰਟੀ ਵੱਲੋਂ ਬਿਨਾਂ ਕਾਰਨ ਪੀਏਯੂ ਵਿੱਚ ਕੰਮ ਕਰਦੇ ਜੇਐਲਏ ਨੂੰ ਮੁਅੱਤਲ ਕਰਨ ਦੇ ਵਿਰੋਧ ਵਿੱਚ ਪੀਏਯੂ ਕਰਮਚਾਰੀ ਯੂਨੀਅਨ ਵੱਲੋਂ ਲਏ ਗਏ ਸਰਬਸੰਮਤੀ ਫੈਸਲੇ ਅਨੁਸਾਰ ਵਿਰੋਧ ਰੈਲੀ ਕਰਨ ਜਾ ਰਹੇ ਮੁਲਾਜ਼ਮਾਂ ਅਤੇ ਪ੍ਰਧਾਨ ਬਲਦੇਵ ਸਿੰਘ ਵਾਲੀਆਂ ਸਮੇਤ ਕਈ ਹੋਰ ਲੋਕਾਂ ਨੂੰ ਵੀ ਪੁਲਿਸ ਨੇ ਗ੍ਰਿਫਤਾਰ ਕਰ ਲਿਆ ਸੀ। ਇਸ ਮੌਕੇ ਪੁੱਜੇ ਐਡਵੋਕੇਟ ਪ੍ਰਉਪਕਾਰ ਸਿੰਘ ਘੁੰਮਣ ਨੇ ਜਦ ਮੌਕੇ 'ਤੇ ਮੌਜੂਦ ਪੁਲਿਸ ਅਫਸਰਾਂ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਨਾਲ ਗਏ ਕੁੱਝ ਸਮਰਥਕਾਂ ਅਤੇ ਨਗਰ ਨਿਗਮ ਦੀ ਚੋਣ ਲੜ ਚੁੱਕੇ ਕੌਂਸਲਰਾਂ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ । ਪੁਲਿਸ ਦੀ ਇਸ ਧੱਕੇਸ਼ਾਹੀ ਅਤੇ ਸਰਕਾਰ ਦੀ ਵਧੀਕੀ ਦੀਆਂ ਖਬਰਾਂ ਜਦ ਅਖਬਾਰਾਂ ਅਤੇ ਟੀ.ਵੀ ਚੈਨਲਾਂ ਦੇ ਨਾਲ ਨਾਲ ਸੋਸ਼ਲ ਮੀਡੀਆਂ 'ਤੇ ਚੱਲੀਆ ਤਾਂ ਇਹ ਖਬਰ ਮੁਅੱਤਲ ਕੀਤੇ ਮੁਲਾਜ਼ਮ ਅਮਰੀਕ ਦੀ ਪਤਨੀ ਤੱਕ ਪਹੁੰਚ ਗਈ, ਜਿਸ ਦਾ ਗਹਿਰਾ ਸਦਮਾ ਉਨ੍ਹਾਂ ਦੀ ਪਤਨੀ ਨੂੰ ਲੱਗਿਆ। ਉਨ੍ਹਾਂ ਕਿਹਾ ਕਿ ਇਸ ਗਹਿਰੇ ਸਦਮੇ ਕਾਰਨ ਉਹ ਅੱਜ ਇਸ ਫਾਨੀ ਸੰਸਸਾਰ ਨੂੰ ਅਲਵਿਦਾ ਆਖ ਗਈ।

## ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ-1, ਦੁੱਗਰੀ ਵਿਖੇ ਭਗਤ ਧੰਨਾ ਜੀ ਦੇ ਜਨਮਦਿਹਾੜੇ 'ਤੇ ਕੀਰਤਨ ਸਮਾਗਮ ਕਰਵਾਏ : ਬੈਨੀਪਾਲ



ਲੁਧਿਆਣਾ, 24 ਅਪ੍ਰੈਲ (ਕਰਨੈਲ ਸਿੰਘ ਐੱਮ.ਏ.) : ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ, ਫੇਸ-1, ਦੁੱਗਰੀ ਵਿਖੇ ਭਗਤ ਧੰਨਾ ਜੀ ਦੇ ਜਨਮ-ਦਿਹਾੜੇ 'ਤੇ ਕੀਰਤਨ ਸਮਾਗਮ ਗੁਰੂਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਨਿੱਘੇ ਸਹਿਯੋਗ ਸਦਕਾ ਬੜੀ ਸ਼ਰਧਾ ਪੂਰਵਕ ਕਰਵਾਏ ਗਏ , ਜਿਨ੍ਹਾਂ ਵਿੱਚ ਸਵੇਰੇ ਅੰਮ੍ਰਿਤ ਵੇਲੇ ਤੋਂ ਗੁਰਬਾਣੀ ਦਾ ਪ੍ਰਵਾਹ ਆਰੰਭ ਹੋਇਆ ।ਰੋਜ਼ਾਨਾ ਦੀ ਤਰ੍ਹਾਂ ਪਹਿਲਾਂ ਨਿੱਤਨੇਮ ਅਤੇ ਸੁਖਮਨੀ ਸਾਹਿਬ ਜੀ ਦੇ ਪਾਠ ਸੰਗਤੀ ਰੂਪ ਵਿੱਚ ਕਰਵਾਏ ਗਏ। ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਜਸਵੰਤ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ । ਗਿਆਨੀ ਮਹਿੰਦਰ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨਾਲ ਗੁਰਬਾਣੀ ਅਤੇ ਇਤਿਹਾਸਕ ਵਿਚਾਰਾਂ ਦੀ ਸਾਂਝ ਪਾਈ ਅਤੇ ਭਗਤ ਧੰਨਾ ਜੀ ਦੇ ਜਨਮ-ਦਿਹਾੜੇ ਅਤੇ ਉਨ੍ਹਾਂ ਦੇ ਜੀਵਨ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ ।ਸ਼ਾਮ ਦੇ ਪ੍ਰੋਗਰਾਮ ਵਿੱਚ ਗਿਆਨੀ ਸੰਦੀਪ ਸਿੰਘ ਜਵੱਦੀ ਟਕਸਾਲ ਵਾਲਿਆਂ ਨੇ ਸੰਗਤਾਂ ਨਾਲ ਸੂਰਜ ਪ੍ਰਕਾਸ਼ ਦੀ ਕਥਾ ਦੀ ਵਿਆਖਿਆ ਕੀਤੀ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ।ਰਹਿਰਾਸ ਸੋਦਰ ਦੀ ਚੌਂਕੀ ਤੋਂ ਬਾਅਦ ਭਾਈ ਪ੍ਰਿੰਸਪਾਲ ਸਿੰਘ ਪਟਿਆਲੇ ਵਾਲਿਆਂ ਨੇ ਸੰਗਤਾਂ ਨੂੰ ਇਲਾਹੀ ਬਾਣੀ ਦਾ ਕੀਰਤਨ ਸ੍ਰਵਣ ਕਰਵਾਇਆ । ਬਾਅਦ ਵਿੱਚ ਗਿਆਨੀ ਹਰਜੀਤ ਸਿੰਘ ਹਰਮਨ ਮਾਰਕੰਡੇ ਵਾਲਿਆਂ ਨੇ ਸੰਗਤਾਂ ਨੂੰ ਭਗਤ ਧੰਨਾ ਜੀ ਦੇ ਜਨਮ-ਦਿਹਾੜੇ ਅਤੇ ਉਨ੍ਹਾਂ ਦੇ ਜੀਵਨ ਬਾਰੇ ਜਾਣੂ ਕਰਵਾਇਆ । ਭਾਰੀ ਗਿਣਤੀ ਵਿੱਚ ਸੰਗਤਾਂ ਨੇ ਗੁਰੂ ਘਰ ਹਾਜ਼ਰੀਆਂ ਭਰ ਕੇ ਕਥਾ ਅਤੇ ਕੀਰਤਨ ਦਾ ਆਨੰਦ ਮਾਣਿਆ ਅਤੇ ਆਪਣਾ ਜੀਵਨ ਸਫਲਾ ਕੀਤਾ। ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਆਈਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਸਮੇਂ ਸਿਰ ਗੁਰੂ ਘਰ ਆ ਕੇ ਕਥਾ ਅਤੇ ਕੀਰਤਨ ਦਾ ਆਨੰਦ ਮਾਣਿਆ ਕਰਨ ਅਤੇ ਆਪਣਾ ਜੀਵਨ ਸਫਲਾ ਕਰਨ । ਸੰਗਤਾਂ ਵਿੱਚ ਗੁਰੂ ਘਰ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਚੇਅਰਮੈਨ ਬਲਜੀਤ ਸਿੰਘ ਸੇਠੀ, ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਦਰਸ਼ਨ ਸਿੰਘ, ਜਗਮੋਹਨ ਸਿੰਘ, ਸਰਬਜੀਤ ਸਿੰਘ ਚਗਰ ਆਦਿ ਹਾਜ਼ਰ ਸਨ।

## ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ, ਜਗਰਾਓਂ ਵਿਖੇ ਧਰਤੀ ਦਿਵਸ ਮਨਾਇਆ

ਜਗਰਾਓਂ, 24 ਅਪ੍ਰੈਲ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਡੀ.ਏ.ਵੀ ਸੈਂਟਨਰੀ ਪਬਲਿਕ ਸਕੂਲ, ਜਗਰਾਉਂ ਦੇ ਪ੍ਰਿੰਸੀਪਲ ਸ੍ਰੀ ਵੇਦ ਵਰਤ ਪਲਾਹਾ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਕੂਲ ਵਿੱਚ ਜਮਾਤ ਨਰਸਰੀ ਤੋਂ ਜਮਾਤ ਬਾਰਵੀਂ ਤੱਕ ਦੇ ਵਿਦਿਆਰਥੀਆਂ ਨੇ ਧਰਤੀ ਦਿਵਸ ਨੂੰ ਬੜੇ ਉਤਸ਼ਾਹ ਅਤੇ ਜਾਗਰੂਕਤਾ ਦੇ ਨਾਲ ਮਨਾਇਆ। ਇਸ ਮੌਕੇ ਵਾਤਾਵਰਨ ਦੀ ਸਾਂਭ -ਸੰਭਾਲ ਅਤੇ ਮਨੁੱਖ ਦੇ ਟਿਕਾਊ ਜੀਵਨ ਦੇ ਲਈ ਵਾਤਾਵਰਨ ਦੀ ਸੰਭਾਲ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ । ਇਸ ਦਿਨ ਨੂੰ ਮਨਾਉਣ ਦੇ ਲਈ ਸਾਰੀਆਂ ਜਮਾਤਾਂ ਵਿੱਚੋਂ ਭਿੰਨ ਭਿੰਨ ਪੇਸ਼ਕਾਰੀਆਂ ਵੀ ਦਿੱਤੀਆਂ ਗਈਆਂ। ਜਿਨ੍ਹਾਂ ਵਿੱਚ ਭਾਸ਼ਣ ਪ੍ਰਤੀਯੋਗਤਾ ,ਕਵਿਤਾ ਗਾਇਣ, ਪੇਂਟਿੰਗ, ਧਰਤੀ ਤੇ ਰੰਗੀਨ ਚਿੱਤਰਕਾਰੀ, ਹੱਥਾਂ ਨਾਲ ਬਣਾਈਆਂ ਗਈਆਂ ਪੱਟੀਆਂ, ਪੋਮ ਪੋਮ ਨਾਮਕ ਪੇਂਟਿੰਗ ਬਣਾ ਕੇ ਬੱਚਿਆਂ ਨੇ ਭਿੰਨ ਭਿੰਨ ਗਤੀਵਿਧੀਆਂ ਵਿੱਚ ਹਿੱਸਾ ਲਿਆ।

## ਕਾਂਗਰਸ ਨੇ ਅੱਤਵਾਦ ਨਾਲ ਨਜਿੱਠਣ ਲਈ ਸਰਕਾਰ ਨਾਲ ਖੜ੍ਹਨ ਦਾ ਐਲਾਨ ਕੀਤਾ : ਰਾਣਾ ਗੁਰਜੀਤ ਸਿੰਘ

### ਇਹ ਕੌਮ ਦੀ ਦੁਸ਼ਮਣ ਦੇ ਖ਼ਿਲਾਫ਼ ਲੜਾਈ ਹੈ : ਆਸ਼ੂ



ਲੁਧਿਆਣਾ, 24 ਅਪ੍ਰੈਲ (ਚ.ਨ.ਸ.) : ਪਹਿਲਗਾਮ ਆਤੰਕਵਾਦੀ ਹਮਲੇ ਦੇ ਮੱਦੇਨਜ਼ਰ ਕਾਂਗਰਸ ਨੇ ਅੱਜ ਭਾਰਤ ਸਰਕਾਰ ਨੂੰ ਆਤੰਕਵਾਦ ਨਾਲ ਨਜਿੱਠਣ ਲਈ ਪੂਰਾ ਸਮਰਥਨ ਦੇਣ ਦਾ ਐਲਾਨ ਕੀਤਾ। ਪਾਰਟੀ ਨੇ ਪੰਜਾਬ ਵਿੱਚ ਵੀ ਸਾਵਧਾਨ ਰਹਿਣ ਦੀ ਚੇਤਾਵਨੀ ਦਿੱਤੀ, ਖ਼ਾਸ ਕਰਕੇ ਪੁਲਿਸ ਥਾਣਿਆਂ, ਮੰਦਰਾਂ ਅਤੇ ਰਾਜਨੀਤਿਕ ਆਗੂਆਂ ਦੇ ਘਰਾਂ 'ਤੇ ਗ੍ਰਨੇਡ ਸੁੱਟਣ ਵਰਗੀਆਂ ਆਤੰਕਵਾਦੀ ਘਟਨਾਵਾਂ ਦੇ ਮੱਦੇਨਜ਼ਰ। ਅੱਜ ਇੱਥੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਸੀਨੀਅਰ ਪਾਰਟੀ ਆਗੂਆਂ, ਜਿਵੇਂ ਕਿ ਏਆਈਸੀਸੀ ਸਕੱਤਰ ਰਵਿੰਦਰ ਦਲਵੀ, ਸਾਬਕਾ ਮੰਤਰੀ ਰਾਣਾ ਗੁਰਜੀਤ ਸਿੰਘ, ਸੁੰਦਰ ਸ਼ਾਮ ਅਰੋੜਾ, ਭਰਤ ਭੂਸ਼ਣ ਆਸ਼ੂ, ਰਾਕੇਸ਼ ਪਾਂਡੇ, ਬਰੀਂਦਰ ਢਿੱਲੋਂ ਅਤੇ ਸ਼ਿਆਮ ਸੁੰਦਰ ਮਲਹੋਤਰਾ ਨੇ ਕਿਹਾ ਕਿ ਪੂਰੀ ਕਾਂਗਰਸ ਲੀਡਰਸ਼ਿਪ ਕੇਂਦਰ ਸਰਕਾਰ ਦੇ ਨਾਲ ਪੱਕੇ ਤੌਰ 'ਤੇ ਖੜ੍ਹੀ ਹੈ ,ਤਾਂ ਜੋ ਪਾਕਿਸਤਾਨ ਨੂੰ ਭਾਰਤ ਵਿੱਚ ਆਤੰਕਵਾਦ ਨੂੰ ਉਕਸਾਉਣ ਅਤੇ ਉਨ੍ਹਾਂ ਦੀ ਮਦਦ ਕਰਨ ਲਈ ਸਬਕ ਸਿਖਾਇਆ ਜਾ ਸਕੇ।

ਮੌਕੇ 'ਤੇ ਗੱਲ ਕਰਦੇ ਹੋਏ ਆਸ਼ੂ ਨੇ ਕਿਹਾ ਕਿ ਕਾਂਗਰਸ ਹਮੇਸ਼ਾ ਰਾਸ਼ਟਰੀ ਸੁਰੱਖਿਆ ਨੂੰ ਪਾਰਟੀ ਹਿਤਾਂ ਤੋਂ ਉੱਤੇ ਰੱਖੇਗੀ। ਉਨ੍ਹਾਂ ਨੇ ਦੱਸਿਆ ਕਿ ਪੂਰੀ ਕਾਂਗਰਸ ਲੀਡਰਸ਼ਿਪ ਨੇ ਪਹਿਲਗਾਮ ਹਮਲੇ ਦੇ ਦੋਸ਼ੀਆਂ ਨੂੰ ਫੜਨ ਅਤੇ ਸਜ਼ਾ ਦੇਣ ਲਈ ਸਰਕਾਰ ਨੂੰ ਪੂਰਾ ਸਮਰਥਨ ਦਿੱਤਾ। ਬਾਅਦ ਵਿੱਚ ਕਾਂਗਰਸ ਆਗੂਆਂ ਨੇ ਮੋਮਬੱਤੀ ਮਾਰਚ ਦੀ ਅਗਵਾਈ ਕੀਤੀ, ਜੋ ਘੁਮਾਰ ਮੰਡੀ ਖੇਤਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਲੰਘੀ, ਤਾਂ ਜੋ ਹਮਲੇ ਦੇ ਪੀੜਤ ਪਰਿਵਾਰਾਂ ਨਾਲ ਏਕਜੁੱਟਤਾ ਜਤਾਈ ਜਾ ਸਕੇ। ਸੈਂਕੜੇ ਲੋਕਾਂ ਨੇ ਮਾਰਚ ਵਿੱਚ ਸ਼ਾਮਲ ਹੋ ਕੇ ਪੀੜਤਾਂ ਨੂੰ ਸ਼ਰਧਾਂਜਲੀ ਦਿੱਤੀ।

## ਐਸ.ਡੀ.ਐਮ. ਜਗਰਾਓਂ ਵੱਲੋ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਸਕੂਲ ਆਫ ਐਮੀਨੈਂਸ ਵਿਖੇ ਆਗਾਜ਼

ਜਗਰਾਓਂ, 24 ਅਪ੍ਰੈਲ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਸਥਾਨਕ ਸਕੂਲ ਆਫ ਐਮੀਨੈਂਸ ਜਗਰਾਉ ਵਿਖੇ ਐਸ.ਡੀ.ਐਮ ਕਰਨਦੀਪ ਸਿੰਘ ਜੀ ਦੀ ਰਹਿਨੁਮਾਈ ਹੇਠ ਪੰਜਾਬ ਸਰਕਾਰ ਵਲੋਂ ਚਲਾਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦਾ ਆਗਾਜ਼ ਕੀਤਾ ਗਿਆ। ਇਸ ਮੁਹਿੰਮ ਦਾ ਮਕਸਦ ਪੰਜਾਬ ਦੇ ਕੋਨੇ-ਕੋਨੇ ਨੂੰ ਨਸ਼ਾ ਮੁਕਤ ਕਰਨਾ ਹੈ ਤੇ ਵਿਦਿਆਰਥੀਆਂ ਨੂੰ ਇਸ ਸਬੰਧੀ ਜਾਗਰੂਕ ਕਰਨਾ ਹੈ ਤਾਂ ਕਿ ਉਹ ਇਸ ਦਲਦਲ ਤੋਂ ਦੂਰ ਰਹਿਣ। ਪ੍ਰਿੰਸੀਪਲ ਡਾ. ਗੁਰਵਿੰਦਰਜੀਤ ਸਿੰਘ ਦੀ ਅਗਵਾਈ ਹੇਠ ਸ਼ ?ਰੀਮਤੀ ਨਿਰਮਲ ਕੌਰ ਜੀ ਨੇ ਕਿਹਾ ਕਿ ਨਸ਼ਾ ਅੱਜ ਹਰ ਸਮੱਸਿਆ ਦੀ ਜੜ੍ਹ ਬਣ ਚੁੱਕਾ ਹੈ। ਕੈਪਟਨ ਨਰੇਸ਼ ਵਰਮਾ ਜੀ ਨੇ ਵੀ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਨਸ਼ਾ ਅਜਿਹਾ ਦਾਨਵ ਹੈ ਜੋ ਮਨੁੱਖੀ ਜੀਵਨ ਨੂੰ ਖਾ ਰਿਹਾ ਹੈ। ਇਸਦੇ ਅੰਤ ਲਈ ਲੋਕਾਂ ਨੂੰ ਇਕਜੁੱਟ ਹੋਣਾ ਚਾਹੀਦਾ ਹੈ। ਸੁਪਰਡੰਟ ਰੈਵੇਨਿਊ ਸ੍ਰੀ ਵਿਕਰਮਪਾਲ (ਐਸ.ਡੀ.ਐਮ ਦਫ਼ਤਰ) ਜੀ ਨੇ ਕਿਹਾ ਕਿ ਸਰਕਾਰ ਨਸ਼ੇ ਦੇ ਖਾਤਮੇ ਲਈ ਵਚਨਬੱਧ ਹੈ। ਜਲਦ ਹੀ ਇਸ ਲਾਹਨਤ ਤੇ ਕਾਬੂ ਪਾ ਲਿਆ ਜਾਵੇਗਾ। ਵਿਦਿਆਰਥੀ ਮੋਹਿਤ ਮੋਗਲਾ, ਸੁਪ੍ਰੀਤ ਕੌਰ ਨੇ ਨਸ਼ੇ ਖਿਲਾਫ ਜ਼ੋਰਦਾਰ ਭਾਸ਼ਣ ਦਿੱਤਾ। ਇਸ ਮੌਕੇ ਮੋਹਣ ਸਿੰਘ ਜੰਡੀ, ਮੈਡਮ ਮੀਨੂ (ਸਾਈਕੈਕਿਸਟ ਸਿਵਲ ਹਸਪਤਾਲ), ਮਾਸਟਰ ਰਾਮ ਕੁਮਾਰ, ਤੀਰਥ ਸਿੰਘ ਆਦਿ ਸਟਾਫ ਹਾਜ਼ਰ ਸੀ।

# ਵਿਸ਼ਵ ਨੇਤਾਵਾਂ ਨੇ ਜੰਮੂ-ਕਸ਼ਮੀਰ 'ਚ ਹੋਏ ਅੱਤਵਾਦੀ ਹਮਲੇ ਦੀ ਕੀਤੀ ਨਿੰਦਾ

ਵਾਸ਼ਿੰਗਟਨ, 24 ਅਪ੍ਰੈਲ (ਚ.ਨ.ਸ): ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ, ਰੂਸੀ ਰਾਸ਼ਟਰਪਤੀ ਪੂਤਿਨ ਤੇ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਸਮੇਤ ਦੁਨੀਆਂ ਭਰ ਦੇ ਨੇਤਾਵਾਂ ਨੇ ਜੰਮੂ-ਕਸ਼ਮੀਰ ਵਿੱਚ ਹੋਏ ਅੱਤਵਾਦੀ ਹਮਲੇ ਦੀ ਨਿੰਦਾ ਕੀਤੀ ਅਤੇ ਭਾਰਤ ਨਾਲ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ। ਪਾਕਿਸਤਾਨ, ਚੀਨ, ਜਰਮਨੀ, ਸੰਯੁਕਤ ਅਰਬ ਅਮੀਰਾਤ ਤੇ ਸ਼੍ਰੀਲੰਕਾ ਦੇ ਵਿਦੇਸ਼ ਦਫਤਰਾਂ ਨੇ ਵੀ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਅੱਤਵਾਦੀ ਹਮਲੇ 'ਚ ਹੋਈਆਂ ਮੌਤਾਂ 'ਤੇ ਸ਼ੋਕ ਪ੍ਰਗਟ ਕੀਤਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਗੱਲਬਾਤ ਦੌਰਾਨ ਟਰੰਪ ਨੇ ਅੱਤਵਾਦੀ ਹਮਲੇ ਦੀ ਸਖ਼ਤ ਨਿੰਦਾ ਕੀਤੀ ਤੇ ਇਸ ਘਿਨੌਣੇ ਹਮਲੇ ਦੇ ਦੋਸ਼ੀਆਂ ਨੂੰ ਨਿਆਂ ਦੇ ਕਟਹਿਰੇ 'ਚ ਲਿਆਉਣ ਲਈ ਭਾਰਤ ਨੂੰ ਪੂਰਾ ਸਮਰਥਨ ਦਿੱਤਾ। ਰੂਸ ਦੇ ਰਾਸ਼ਟਰਪਤੀ ਪੂਤਿਨ, ਇਟਲੀ ਦੀ ਪ੍ਰਧਾਨ ਮੰਤਰੀ ਜਾਰਜੀਆ ਮੇਲੋਨੀ, ਇਜ਼ਰਾਈਲ ਦੇ ਵਿਦੇਸ਼ ਮੰਤਰੀ ਗਿਦੋਨ ਮਾਰ ਨੇ ਵੀ ਜੰਮੂ-ਕਸ਼ਮੀਰ 'ਚ ਹੋਏ ਅੱਤਵਾਦੀ ਹਮਲੇ ਦੀ ਸੰਵੇਦਨਾ ਪ੍ਰਗਟ ਕੀਤੀ।

# ਪੀ.ਐੱਸ.ਪੀ.ਸੀ.ਐੱਲ. ਦਾ ਜੇ.ਈ. ਰਿਸ਼ਵਤ ਲੈਣ ਦੇ ਦੋਸ਼ 'ਚ ਗ੍ਰਿਫਤਾਰ

ਜਲੰਧਰ, 24 ਅਪ੍ਰੈਲ (ਚ.ਨ.ਸ): ਪੰਜਾਬ ਵਿਜੀਲੈਂਸ ਬਿਊਰੋ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਜ਼ੀਰੋ ਟਾਲਰੈਂਸ ਨੀਤੀ ਤਹਿਤ ਭ੍ਰਿਸ਼ਟਾਚਾਰ ਖ਼ਿਲਾਫ ਚੱਲ ਰਹੀ ਮੁਹਿੰਮ ਦੌਰਾਨ ਬੀਤੇ ਦਿਨੀਂ ਲੁਧਿਆਣਾ ਜ਼ਿਲ੍ਹੇ ਵਿੱਚ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਸਬ-ਡਵੀਜ਼ਨ ਰੂਮੀ ਵਿੱਚ ਤਾਇਨਾਤ ਜੇ.ਈ. ਜਸਮੇਲ ਸਿੰਘ ਨੂੰ 30 ਹਜ਼ਾਰ ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ 'ਚ ਰੰਗੇ ਹੱਥੀ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

# ਬਰਤਾਨੀਆ ਸਰਕਾਰ ਦੁਆਰਾ ਸਿੱਖ ਸੂਰਬੀਰਾਂ ਦੇ ਨਾਮ ਡਾਕ ਟਿਕਟ ਜਾਰੀ ਕਰਨ ਦੇ ਫ਼ੈਸਲੇ ਦਾ ਸਵਾਗਤ : ਜਥੇ. 96 ਕਰੋੜੀ

ਅੰਮ੍ਰਿਤਸਰ, 24 ਅਪ੍ਰੈਲ (ਚ.ਨ.ਸ.): ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਬਰਤਾਨੀਆ ਸਰਕਾਰ ਵਲੋਂ ਦੂਜੀ ਵਿਸ਼ਵ ਜੰਗ ਵਿੱਚ ਹਿੱਸਾ ਲੈਣ ਵਾਲੇ ਸਿੱਖ ਸਰਦਾਰ ਮਹਿੰਦਰ ਸਿੰਘ ਪੁਜੀ ਬਾਰੇ ਡਾਕ ਟਿਕਟ ਜਾਰੀ ਕਰਨ ਸਬੰਧੀ ਲਏ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਹੈ ਕਿ ਖੁਸ਼ੀ ਦੀ ਗੱਲ ਹੈ ਕਿ ਡਾਕ ਵਿਭਾਗ ਰੋਇਲ ਮੇਲ ਵੱਲੋਂ ਪਹਿਲੀ ਮਈ ਨੂੰ ਦੂਜੀ ਵਿਸ਼ਵ ਜੰਗ ਵਿੱਚ ਕਾਰਜਸ਼ੀਲ ਰਹੇ ਇਨ੍ਹਾਂ ਮਹਾਨ ਸੂਰਬੀਰਾਂ ਨੂੰ ਇਸ ਬਹਾਨੇ ਯਾਦ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਜਾਰੀ ਹੋਣ ਵਾਲੇ ਡਾਕ ਸੰਗ੍ਰਹਿ ਨੂੰ 'ਵੀਰਤਾ ਅਤੇ ਜਿੱਤ' ਦੂਜੀ ਵਿਸ਼ਵ ਜੰਗ ਦੀਆਂ ਕਹਾਣੀਆਂ ਦਾ ਸਿਰਲੇਖ ਦਿੱਤਾ ਗਿਆ ਹੈ।

# ਸ਼੍ਰੋਮਣੀ ਕਮੇਟੀ ਵੱਲੋਂ ਯੂ.ਪੀ.ਐੱਸ.ਸੀ. ਕਲੀਅਰ ਕਰਨ ਵਾਲੀ ਜਨਦੀਪ ਕੌਰ ਟਿਵਾਣਾ ਦਾ ਸਨਮਾਨ



ਫਤਹਿਗੜ੍ਹ ਸਾਹਿਬ, 24 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਯੂਪੀਐਸਸੀ ਦੇ ਨਤੀਜੇ ਵਿੱਚ ਆਲ ਇੰਡੀਆ ਵਿੱਚੋਂ 147ਵਾਂ ਰੈਂਕ ਹਾਸਲ ਕਰਨ ਵਾਲੀ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਪਿੰਡ ਚਨਾਰਥਲ ਖੁਰਦ ਦੀ ਜਨਦੀਪ ਕੌਰ ਟਿਵਾਣਾ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਜਨਦੀਪ ਕੌਰ ਟਿਵਾਣਾ ਨੇ ਪਰਿਵਾਰ ਸਮੇਤ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਪਰਮਾਤਮਾ ਦਾ ਸ਼ੁਕਰਾਨਾ ਕੀਤਾ। ਇਸ ਇਸ ਮੌਕੇ 'ਤੇ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਭਾਈ ਹਰਪਾਲ ਸਿੰਘ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਵਤਾਰ ਸਿੰਘ ਰਿਆ ਵੱਲੋਂ ਜਨਦੀਪ ਕੌਰ ਟਿਵਾਣਾ ਨੂੰ ਸਿਰੋਪਾਓ ਸਾਹਿਬ ਨਾਲ ਸਨਮਾਨਤ ਕੀਤਾ ਗਿਆ। ਦੱਸ ਦੇਈਏ ਕਿ ਮੌਜੂਦਾ ਸਮੇਂ ਇਨਕਮ ਟੈਕਸ ਵਿੱਚ ਇੰਸਪੈਕਟਰ ਵਜੋਂ ਸੇਵਾਵਾਂ ਨਿਭਾ ਰਹੇ ਹਨ। ਇਸ ਇਸ ਮੌਕੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਵਤਾਰ ਸਿੰਘ ਰਿਆ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਅਮਲੋਹ ਤੋਂ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦਿਹਾਤੀ ਦੇ ਪ੍ਰਧਾਨ ਸ਼ਰਨਜੀਤ ਸਿੰਘ ਚਨਾਰਥਲ ਨੇ ਬੋਲਦਿਆਂ ਜਨਦੀਪ ਕੌਰ ਵੱਲੋਂ ਇਸ ਪ੍ਰਾਪਤੀ 'ਤੇ ਖੁਸ਼ੀ ਜਾਹਰ ਕਰਦਿਆਂ ਕਿਹਾ ਕਿ ਲੜਕੀਆਂ ਅੱਜ ਕਿਸੇ ਵੀ ਖੇਤਰ ਵਿੱਚੋਂ ਲੜਕਿਆਂ ਨਾਲੋਂ ਘੱਟ ਨਹੀਂ ਹਨ ਤੇ ਹਰ ਮੁਕਾਮ ਹਾਸਲ ਕਰ ਰਹੀਆਂ ਹਨ ਤੇ ਮਾਪਿਆਂ ਨੂੰ ਵੀ ਆਪਣੀਆਂ ਲੜਕੀਆਂ ਦੀ ਹੌਸਲਾ ਅਫਜ਼ਾਈ ਕਰਨੀ ਚਾਹੀਦੀ ਹੈ ਅਤੇ ਹਰੇਕ ਖੇਤਰ ਵਿੱਚ ਅੱਗੇ ਆਉਣ ਲਈ ਉਤਸ਼ਾਹਿਤ ਕਰਨਾ ਚਾਹੀਦਾ ਹੈ ਉਹਨਾਂ ਦੱਸਿਆ ਕਿ ਜਨਦੀਪ ਕੌਰ ਨੇ ਯੂਪੀਐਸਸੀ ਦੀ ਪ੍ਰੀਖਿਆ ਵਿੱਚ ਆਲ ਇੰਡੀਆ ਭਰ ਵਿੱਚੋਂ 147ਵਾਂ ਰੈਂਕ ਹਾਸਲ ਕਰਕੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦਾ ਨਾਮ ਅੰਤਰਰਾਸ਼ਟਰੀ ਪੱਧਰ 'ਤੇ ਰੁਸ਼ਨਾਇਆ ਹੈ। ਉਧਰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਪਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਜਨਦੀਪ ਕੌਰ ਟਿਵਾਣਾ ਨੇ ਆਪਣੀ ਇਸ ਕਾਮਯਾਬੀ ਪਿੱਛੇ ਸਖਤ ਮਿਹਨਤ ਦੱਸੀ ਉੱਥੇ ਹੀ ਇਸ ਦਾ ਸਿਹਰਾ ਆਪਣੇ ਮਾਤਾ ਪਿਤਾ ਨੂੰ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਮੈਨੇਜਰ ਗੁਰਦੀਪ ਸਿੰਘ ਕੰਗ, ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਸ਼ਹਿਰੀ ਪ੍ਰਧਾਨ ਮਨਮੋਹਨ ਸਿੰਘ ਮਕਾਰੋਂਪੁਰ, ਸਾਬਕਾ ਚੇਅਰਮੈਨ ਬਲਜੀਤ ਸਿੰਘ ਭੁੱਟਾ, ਅਵਤਾਰ ਸਿੰਘ ਸਾਬਕਾ ਮੈਨੇਜਰ ਕੋਆਪਰੇਟਿਵ ਬੈਂਕ ਤੇ ਪਿਤਾ ਜਨਦੀਪ ਕੌਰ, ਸੁਪਰਵਾਈਜ਼ਰ ਜੋਗਾ ਸਿੰਘ, ਸਾਬਕਾ ਮੈਨੇਜਰ ਅਮਰਜੀਤ ਸਿੰਘ ਗਿੱਲ, ਸੁਪਰਵਾਈਜ਼ਰ ਕਰਨੈਲ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਹਰਵਿੰਦਰ ਸਿੰਘ ਬੱਬਲ, ਜੈਲਦਾਰ ਸੁਖਮਿੰਦਰ ਸਿੰਘ ਘੁਮੰਡਗੜ੍ਹ, ਜਸਵੰਤ ਸਿੰਘ ਮੰਡੋਫਲ ਆਦਿ ਹਾਜ਼ਰ ਸਨ।

# ਪਹਿਲਗਾਮ ਵਿਖੇ ਅੱਤਵਾਦੀ ਹਮਲੇ ਦੇ ਰੋਸ 'ਚ ਪਿੰਡ ਢੇਰ ਵਿਖੇ ਇਲਾਕੇ ਦੇ ਲੋਕਾਂ ਨੇ ਕੱਢਿਆ ਮੋਮਬੱਤੀ ਰੋਸ ਮਾਰਚ



ਸ੍ਰੀ ਅਨੰਦਪੁਰ ਸਾਹਿਬ, 24 ਅਪ੍ਰੈਲ (ਤਰਲੋਚਨ ਸਿੰਘ): ਬੀਤੇ ਦਿਨੀਂ ਪਹਿਲਗਾਮ ਵਿਖੇ ਅੱਤਵਾਦੀਆਂ ਵੱਲੋਂ ਉੱਥੇ ਘੁੰਮਣ ਲਈ ਗਏ ਨਿਰਦੋਸ਼ ਸੈਲਾਨੀਆਂ 'ਤੇ ਅੰਧਾਧੁੰਦ ਗੋਲੀਆਂ ਚਲਾ ਕੇ ਉਹਨਾਂ ਨੂੰ ਮੌਤ ਦੇ ਘਾਟ ਉਤਾਰਨ ਦੀ ਘਟਨਾ ਨੇ ਹਰ ਇਨਸਾਨ ਦੇ ਦਿਲ ਨੂੰ ਝੰਜੋੜ ਕੇ ਰੱਖ ਦਿੱਤਾ ਹੈ, ਜਿਸ ਦਾ ਹਰ ਵਰਗ ਦੇ ਲੋਕਾਂ ਵੱਲੋਂ ਵੱਡੇ ਪੱਧਰ 'ਤੇ ਰੋਸ ਕੀਤਾ ਜਾ ਰਿਹਾ ਹੈ। ਇਸ ਸਬੰਧ ਦੇ ਵਿੱਚ ਇਲਾਕੇ ਦੇ ਲੋਕਾਂ ਵੱਲੋਂ ਸ਼ਿਵ ਮੰਦਰ ਢੇਰ ਤੋਂ ਇੱਕ ਵਿਸ਼ਾਲ ਮੋਮਬੱਤੀ ਸ਼ਾਂਤੀ ਮਾਰਚ ਕੱਢਿਆ ਗਿਆ। ਇਸ ਸ਼ਾਂਤੀ ਮਾਰਚ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਮੋਰਚਾ ਦੇ ਆਗੂ ਗੌਰਵ ਰਾਣਾ, ਕਾਂਗਰਸ ਪਾਰਟੀ ਦੇ ਆਗੂ ਡਾਕਟਰ ਐੱਚ ਸ਼ਰਮਾ, ਸਮਾਜ ਸੇਵੀ ਭਰਵੰਤ ਸਿੰਘ ਮੱਟਰ, ਭਾਜਪਾ ਦੇ ਯੁਵਾ ਮੋਰਚਾ ਦੇ ਪ੍ਰਧਾਨ ਮਨੋਜ ਸ਼ਰਮਾ, ਬਾਬਾ ਪ੍ਰਵੇਸ਼ ਸ਼ਾਹ, ਕਸ਼ਮੀਰ ਸਿੰਘ ਨੰਗਲੀ ਪ੍ਰਧਾਨ ਜਨ ਕਲਿਆਣ ਸੋਸਾਇਟੀ, ਸਮਾਜ ਸੇਵੀ ਸ੍ਰੀ ਰਜੀਵ ਕੁਮਾਰ ਹੈਪੀ ਆਦਿ ਨੇ ਕਿਹਾ ਕਿ ਪਹਿਲਗਾਮ ਵਿਖੇ ਹੋਇਆ ਅੱਤਵਾਦੀ ਹਮਲਾ ਇਨਸਾਨੀਅਤ ਦਾ ਕਤਲ ਹੈ। ਉਹਨਾਂ ਕਿਹਾ ਕਿ ਇਸ ਪਿੱਛੇ ਪਾਕਿਸਤਾਨ ਦਾ ਖੁੱਲ੍ਹਾ ਹੱਥ ਹੈ ਜੋ ਹਮੇਸ਼ਾ ਹੀ ਹਿੰਦੁਸਤਾਨ ਦੇ ਵਿੱਚ ਧਰਮ ਦੇ ਨਾਮ 'ਤੇ ਅਜਿਹੇ ਕਾਰਨਾਮੇ ਕਰਕੇ ਇਥੋਂ ਦੀ ਜਨਤਾ ਨਾਲ ਵੱਡਾ ਖਿਲਵਾੜ ਕਰਦਾ ਹੈ ਤਾਂ ਜੋ ਲੋਕ ਧਰਮ ਦੇ ਨਾਂ 'ਤੇ ਆਪਸ ਵਿੱਚ ਲੜ ਕੇ ਖਤਮ ਹੋ ਜਾਣ ਅਤੇ ਪਾਕਿਸਤਾਨ ਆਪਣੇ ਮਨਸੂਬੇ ਵਿੱਚ ਕਾਮਯਾਬ ਹੋ ਜਾਵੇ। ਉਹਨਾਂ ਕਿਹਾ ਕਿ ਅੱਤਵਾਦੀਆਂ ਦੇ ਧਰਮ ਦੀ ਪਹਿਚਾਣ 'ਤੇ ਕੀਤੇ ਇਹ ਕਤਲ ਕਦੇ ਮਾਫ ਨਹੀਂ ਕੀਤੇ ਜਾਣਗੇ ਇਸ ਮੌਕੇ 'ਤੇ ਪਾਕਿਸਤਾਨ ਮੁਰਦਾਬਾਦ, ਅੱਤਵਾਦ ਮੁਰਦਾਬਾਦ, ਇਨਕਲਾਬ ਜ਼ਿੰਦਾਬਾਦ, ਭਾਰਤ ਮਾਤਾ ਦੀ ਜੈ ਦੇ ਜ਼ੋਰਦਾਰ ਨਾਅਰਿਆਂ ਦੇ ਨਾਲ ਇਲਾਕਾ ਗੂੰਜ ਉਠਿਆ। ਇਹ ਮੋਮਬੱਤੀ ਮਾਰਚ ਸ਼ਿਵ ਮੰਦਰ ਢੇਰ ਤੋਂ ਆਰੰਭ ਹੋ ਕੇ ਮੁੱਖ ਬਾਜ਼ਾਰ ਢੇਰ ਤੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਢੇਰ ਵਿਖੇ ਸਮਾਪਤ ਹੋਇਆ, ਜਿੱਥੇ ਕਿ ਹਾਜ਼ਰ ਸਮੂਹ ਲੋਕਾਂ ਵੱਲੋਂ ਇਸ ਹਮਲੇ ਵਿੱਚ ਮਾਰੇ ਗਏ ਬੇਕਸੂਰ ਲੋਕਾਂ ਦੀ ਆਤਮਾ ਦੀ ਸ਼ਾਂਤੀ ਦੇ ਲਈ ਅਰਦਾਸ ਕੀਤੀ ਗਈ। ਇਸ ਮੌਕੇ 'ਤੇ ਸਮਾਜ ਸੇਵੀ ਸਰਪੰਚ ਸੁਖਦੇਵ ਸਿੰਘ ਖਾਨਪੁਰ, ਨੌਜਵਾਨ ਆਗੂ ਅਮਰਾਨ ਸ਼ਾਹ ਸਮਾਜ ਸੇਵੀ ਬਿੱਟੂ ਸ਼ਾਹ, ਨੌਜਵਾਨ ਆਗੂ ਅਮਰੀਕ ਸਿੰਘ ਕਾਕੂ ਢੇਰ, ਰਜਿੰਦਰ ਧਮਾਨ ਸੱਦੇਵਾਲ, ਠੇਕੇਦਾਰ ਰੋਹਿਤ ਸ਼ਰਮਾ, ਵਿੱਕੀ ਜੋਸ਼ੀ ਥਲੂਹ, ਸੁਰਿੰਦਰ ਕੁਮਾਰ ਢੇਰ, ਰਾਜ ਕੁਮਾਰ ਫੌਜੀ, ਨੰਦ ਕੁਮਾਰ ਗੰਭੀਰਪਰ, ਜਗਮੋਹਣ ਨੱਢਾ ਨੰਗਲੀ, ਸੁਨੀਲ ਨੱਢਾ ਨੰਗਲੀ ਆਦੀ ਤੋਂ ਇਲਾਵਾ ਵੱਡੀ ਗਿਣਤੀ ਦੇ ਵਿੱਚ ਵੱਖ ਵੱਖ ਪਾਰਟੀਆਂ ਦੇ ਆਗੂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਨਿਊ ਜਰਸੀ ਦੇ ਜੰਗਲਾਂ 'ਚ ਤੇਜ਼ੀ ਨਾਲ ਫੈਲੀ ਅੱਗ ਕਾਰਨ ਹਜ਼ਾਰਾਂ ਲੋਕਾਂ ਨੇ ਘਰ ਖਾਲੀ ਕੀਤੇ

ਬਾਰਨੇਗੇਟ ਟਾਊਨਸ਼ਿਪ/ਅਮਰੀਕਾ, 24 ਅਪ੍ਰੈਲ (ਚ.ਨ.ਸ.): ਨਿਊ ਜਰਸੀ 'ਚ ਤੇਜ਼ੀ ਨਾਲ ਫੈਲ ਰਹੀ ਜੰਗਲਾਂ ਦੀ ਅੱਗ ਕਾਰਨ ਬੀਤੇ ਦਿਨੀਂ ਹਜ਼ਾਰਾਂ ਲੋਕਾਂ ਨੂੰ ਆਪਣੇ ਘਰ ਖਾਲੀ ਕਰਨੇ ਪਏ। ਇਕ ਮੁੱਖ ਹਾਈਵੇਅ ਦੇ ਇਕ ਹਿੱਸੇ ਨੂੰ ਅਸਥਾਈ ਤੌਰ 'ਤੇ ਬੰਦ ਕਰ ਦਿੱਤਾ ਗਿਆ। 'ਨਿਊ ਜਰਸੀ ਫਾਰੈਸਟ ਫਾਇਰ ਸਰਵਿਸ' ਨੇ ਕਿਹਾ ਕਿ 1300 ਤੋਂ ਵੱਧ ਇਮਾਰਤਾਂ ਨੂੰ ਖ਼ਤਰਾ ਹੈ ਤੇ ਲਗਭਗ 3000 ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਭੇਜਿਆ ਗਿਆ ਹੈ। ਜਰਸੀ ਸੈਂਟਰਲ ਪਾਵਰ ਐਂਡ ਲਾਈਟ ਕੰਪਨੀ ਨੇ ਬੀਤੇ ਮੰਗਲਵਾਰ ਨੂੰ ਜੰਗਲਾਤ ਫਾਇਰ ਸਰਵਿਸ ਦੀ ਅਪੀਲ 'ਤੇ ਲਗਭਗ 25,000 ਖਪਤਕਾਰਾਂ ਦੀ ਬਿਜਲੀ ਕੱਟ ਦਿੱਤੀ, ਜਿਸ 'ਚ ਬਾਰਨੇਗੇਟ ਟਾਊਨਸ਼ਿਪ ਦੇ ਹਜ਼ਾਰਾਂ ਖਪਤਕਾਰ ਵੀ ਸ਼ਾਮਲ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਅਕਾਦਮਿਕ ਸੈਸ਼ਨ 2025-26 ਲਈ ਪ੍ਰਾਸਪੈਕਟਸ ਕੀਤਾ ਜਾਰੀ



ਫਤਹਿਗੜ੍ਹ ਸਾਹਿਬ, 24 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਨੇ ਅੱਜ ਅਕਾਦਮਿਕ ਸੈਸ਼ਨ 2025-26 ਲਈ ਆਪਣਾ ਪ੍ਰਾਸਪੈਕਟਸ ਜਾਰੀ ਕਰ ਕੇ ਯੂਨੀਵਰਸਿਟੀ ਦੀ ਦਾਖਲਾ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ। ਪ੍ਰਾਸਪੈਕਟਸ ਖੇਤੀਬਾੜੀ, ਇੰਜੀਨੀਅਰਿੰਗ, ਵਿਗਿਆਨ, ਕਾਨੂੰਨ, ਵਣਜ ਅਤੇ ਪ੍ਰਬੰਧਨ, ਆਰਟਸ, ਭਾਸ਼ਾਵਾਂ, ਸਿੱਖਿਆ ਅਤੇ ਧਾਰਮਿਕ ਅਧਿਐਨ ਸਮੇਤ ਵੱਖ-ਵੱਖ ਫੈਕਲਟੀਆਂ ਵਿੱਚ ਯੂਨੀਵਰਸਿਟੀ ਦੁਆਰਾ ਪੇਸ਼ ਕੀਤੇ ਜਾਂਦੇ ਪ੍ਰੋਗਰਾਮਾਂ ਦੀ ਵਿਸ਼ਾਲ ਸ਼੍ਰੇਣੀ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕਰਦਾ ਹੈ। ਇਸ ਸਾਲ ਯੂਨੀਵਰਸਿਟੀ ਵੱਲੋਂ ਆਰਟੀਫੀਸ਼ੀਅਲ ਇੰਟੈਲੀਜੈਂਸ, ਮਸ਼ੀਨ ਲਰਨਿੰਗ ਅਤੇ ਡੇਟਾ ਸਾਇੰਸ ਵਿੱਚ ਅਤਿ-ਆਧੁਨਿਕ ਵਿਸ਼ੇਸ਼ਤਾਵਾਂ ਨਾਲ ਨਵੇਂ ਕੋਰਸ ਸ਼ੁਰੂ ਕੀਤੇ ਗਏ ਹਨ। ਲਾਂਚ 'ਤੇ ਬੋਲਦਿਆਂ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਡਾ. ਪਰਿਤਪਾਲ ਸਿੰਘ ਨੇ ਕਿਹਾ ਕਿ ਯੂਨੀਵਰਸਿਟੀ ਸਿੱਖ ਧਰਮ ਦੇ ਅਮੀਰ ਅਧਿਆਤਮਿਕ ਅਤੇ ਸੱਭਿਆਚਾਰਕ ਵਿਰਾਸਤ ਨਾਲ ਲੈਸ ਗੁਣਵੱਤਾ ਤੇ ਮੁੱਲ-ਅਧਾਰਤ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ। ਯੂਨੀਵਰਸਿਟੀ ਦਾ ਉਦੇਸ਼ ਵਿਦਿਆਰਥੀਆਂ ਨੂੰ ਜ਼ਿੰਮੇਵਾਰ, ਨੈਤਿਕ ਅਤੇ ਵਿਸ਼ਵ ਪੱਧਰ 'ਤੇ ਸਮਰੱਥ ਵਿਅਕਤੀਆਂ ਵਜੋਂ ਨਿਖਾਰਣ ਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪ੍ਰਾਸਪੈਕਟਸ ਵਿੱਚ ਹੋਣਹਾਰ ਅਤੇ ਆਰਥਿਕ ਤੌਰ 'ਤੇ ਪਛੜੇ ਵਿਦਿਆਰਥੀਆਂ ਲਈ ਅੱਪਡੇਟ ਕੀਤੀਆਂ ਸਕਾਲਰਸ਼ਿਪ ਸਕੀਮਾਂ ਨੂੰ ਵੀ ਉਜਾਗਰ ਕੀਤਾ ਗਿਆ ਹੈ, ਜੋ ਕਿ ਸਿੱਖਿਆ ਪ੍ਰਤੀ ਯੂਨੀਵਰਸਿਟੀ ਦੇ ਸਮਾਵੇਸ਼ੀ ਪਹੁੰਚ ਨੂੰ ਦਰਸਾਉਂਦਾ ਹੈ। ਸੰਭਾਵੀ ਵਿਦਿਆਰਥੀ ਪ੍ਰਾਸਪੈਕਟਸ ਤੱਕ ਯੂਨੀਵਰਸਿਟੀ ਦੀ ਵੈੱਬਸਾਈਟ ਰਾਹੀਂ ਪਹੁੰਚ ਕਰ ਸਕਦੇ ਹਨ ਤੇ ਆਨਲਾਈਨ ਅਰਜ਼ੀਆਂ ਜਮਾਂ ਕਰਵਾ ਸਕਦੇ ਹਨ। ਰਿਲੀਜ਼ ਸਮਾਰੋਹ ਦੌਰਾਨ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ, ਪ੍ਰੋ. ਤੇਜਬੀਰ ਸਿੰਘ, ਰਜਿਸਟਰਾਰ, ਪ੍ਰੋ. ਨਵਦੀਪ ਕੌਰ, ਡੀਨ ਰਿਸਰਚ, ਪ੍ਰੋ. ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ, ਡਾ. ਸਰਪ੍ਰੀਤ ਸਿੰਘ, ਡੀਨ ਐਲੂਮਨੀ, ਡਾ. ਅੰਕਦੀਪ ਕੌਰ, ਕੋਆਡੀਨੇਟਰ ਆਈ.ਕਿਊ.ਏ.ਸੀ, ਅਤੇ ਡਾ. ਰਿਚਾ ਬਰਾੜ, ਮੁਖੀ, ਗਣਿਤ ਵਿਭਾਗ ਮੌਜੂਦ ਸਨ।

# ਐੱਸ.ਬੀ.ਐੱਸ. ਸਟੇਟ ਯੂਨੀਵਰਸਿਟੀ 'ਚ 7ਵਾਂ ਪੋਸ਼ਣ ਪੰਦਰਵਾੜਾ ਮਨਾਇਆ

ਫ਼ਿਰੋਜ਼ਪੁਰ, 24 ਅਪ੍ਰੈਲ (ਤਿਵਾੜੀ): ਐੱਸ.ਬੀ.ਐੱਸ ਸਟੇਟ ਯੂਨੀਵਰਸਿਟੀ ਫ਼ਿਰੋਜ਼ਪੁਰ ਵਿੱਚ ਮਾਣਯੋਗ ਉਪ ਕੁਲਪਤੀ ਡਾ. ਸੁਸ਼ੀਲ ਮਿੱਤਲ ਦੇ ਦਿਸ਼ਾ ਨਿਰਦੇਸ਼ਾਂ ਅਤੇ ਕੈਂਪਸ ਰਜਿਸਟਰਾਰ ਡਾ. ਗਜ਼ਲਪ੍ਰੀਤ ਸਿੰਘ ਦੀ ਅਗਵਾਈ ਵਿੱਚ ਜ਼ਿਲ੍ਹਾ ਯੂਥ ਸਰਵਿਸਿਜ਼ ਪੰਜਾਬ ਦੇ ਸਹਿਯੋਗ ਨਾਲ, ਯੂਨੀਵਰਸਿਟੀ ਵਿੱਚ ਚੱਲ ਰਹੇ ਰੈੱਡ ਰਿਬਨ ਕਲੱਬਾਂ ਅਤੇ ਐਨ ਐੱਸ ਐੱਸ ਪੋਲੀ ਵਿੰਗ ਵੱਲੋਂ 15 ਅਪ੍ਰੈਲ ਤੋਂ 22 ਅਪ੍ਰੈਲ ਤੱਕ ਸਿਹਤਮੰਦ ਜੀਵਨ ਅਤੇ ਮੁਟਾਪੇ ਪ੍ਰਤੀ ਸੰਵੇਦਨਾ ਤੇ '7ਵਾਂ ਪੋਸ਼ਣ ਪੰਦਰਵਾੜਾ' ਮਨਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ, ਸਲੋਗਨ ਰਾਈਟਿੰਗ, ਡਿਕਲੇਮੇਸ਼ਨ ਕੰਟੈਸਟ, ਰੰਗੋਲੀ ਕੰਪੀਟੀਸ਼ਨ, ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਵੱਲੋਂ ਵੱਧ ਚੜ੍ਹ ਕੇ ਸ਼ਮੂਲੀਅਤ ਕੀਤੀ ਗਈ। ਐਨ.ਐੱਸ.ਐੱਸ. ਪੋਲੀ ਵਿੰਗ ਪ੍ਰੋਗਰਾਮ ਅਫ਼ਸਰ ਪ੍ਰੋ. ਗੁਰਜੀਵਨ ਸਿੰਘ ਨੇ ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਉਹਨਾਂ ਨੂੰ ਜ਼ਿੰਦਗੀ 'ਚ ਸਿਹਤਮੰਦ ਖਾਣੇ, ਸਿਹਤਮੰਦ ਰਹਿਣ ਲਈ ਰੋਜ਼ਮਰਾ ਦੀਆਂ ਗਤੀਵਿਧੀਆਂ ਤੇ ਮੋਟਾਪੇ ਨੂੰ ਕੰਟਰੋਲ ਕਰਨ ਦੇ ਤਰੀਕਿਆਂ 'ਤੇ ਚਾਨਣਾ ਪਾਇਆ। ਨੋਡਲ ਆਫੀਸਰ ਰੈੱਡ ਰਿਬਨ ਕਲੱਬ ਗੁਰਪ੍ਰੀਤ ਸਿੰਘ ਵਲੋਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਖਾਣੇ ਤੇ ਖੇਡਾਂ ਆਦਿ 'ਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਆ ਤਾਂ ਜੋ ਮੋਟਾਪੇ ਤੋਂ ਰਿਹਾ ਜਾ ਸਕੇ। ਇਸ ਮੌਕੇ ਵਿਦਿਆਰਥੀਆਂ ਵੱਲੋਂ ਵੀ ਸਿਹਤ ਸੰਜੀਦਗੀ ਪ੍ਰਤੀ ਆਪਣੇ ਆਪਣੇ ਵਿਚਾਰ ਰੱਖੇ ਗਏ। ਇਹਨਾਂ ਮੁਕਾਬਲਿਆਂ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਪਹਿਲਾ ਸਥਾਨ ਕੋਮਲਪ੍ਰੀਤ ਕੌਰ ਡਿਪਲੋਮਾ ਇਲੈਕਟਰੀਕਲ, ਦੂਸਰਾ ਸਥਾਨ ਪ੍ਰਿਯੰਕਾ ਬੀ-ਟੈੱਕ ਈਸੀਈ ਪਹਿਲਾ ਸਾਲ, ਤੀਸਰਾ ਸਥਾਨ ਸਾਂਝੇ ਤੌਰ 'ਤੇ ਸ਼ਰਨਦੀਪ ਸਿੰਘ ਡਿਪਲੋਮਾ ਇਲੈਕਟਰੀਕਲ ਅਤੇ ਅਮਾਨਤ ਢੋਟ ਬੀ-ਟੈੱਕ ਇਲੈਕਟਰੀਕਲ ਸਿੰਘ ਨੇ ਹਾਸਲ ਕੀਤਾ।

# 16.12 ਗ੍ਰਾਮ ਨਸ਼ੀਲੇ ਪਦਾਰਥ ਤੇ ਇੱਕ ਹਜ਼ਾਰ ਰੁਪਏ ਸਮੇਤ ਵਿਅਕਤੀ ਗ੍ਰਿਫ਼ਤਾਰ



ਮੰਡੀ ਗੋਬਿੰਦਗੜ੍ਹ, 24 ਅਪ੍ਰੈਲ (ਸੂਦ): ਥਾਣਾ ਫਤਹਿਗੜ੍ਹ ਸਾਹਿਬ ਪੁਲਿਸ ਨੇ ਇੱਕ ਵਿਅਕਤੀ ਨੂੰ 16.12 ਗ੍ਰਾਮ ਨਸ਼ੀਲੇ ਪਦਾਰਥ ਅਤੇ ਇੱਕ ਹਜ਼ਾਰ ਰੁਪਏ ਨਗਦੀ ਸਮੇਤ ਗ੍ਰਿਫਤਾਰ ਕੀਤਾ ਹੈ। ਥਾਣਾ ਫਤਹਿਗੜ੍ਹ ਸਾਹਿਬ ਦੇ ਐਸਐਚਓ ਇੰਦਰਜੀਤ ਸਿੰਘ ਧਨੋਆ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਰਘਵੀਰ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਅਤੇ ਚੈਕਿੰਗ ਦੌਰਾਨ ਮਡੋਫਲ ਰੋਡ ਮਾਤਾ ਗੁਜਰੀ ਕਲੋਨੀ ਨੇੜੇ ਮੌਜੂਦ ਸੀ ਕਿ ਕਾਰ ਨੰਬਰ ਪੀਬੀ01ਸੀ-3293 ਜੋ ਕਿ ਮਡੋਫਲ ਰੋਡ ਮਾਤਾ ਗੁਜਰੀ ਕਲੋਨੀ ਵੱਲ ਨੂੰ ਆ ਰਹੀ ਸੀ ਅਤੇ ਪੁਲਿਸ ਪਾਰਟੀ ਨੂੰ ਵੇਖ ਕੇ ਘਬਰਾ ਕੇ ਪਿੱਛੇ ਨੂੰ ਮੁੜਨ ਲੱਗੇ ਤਾਂ ਉਸ ਨੂੰ ਕਾਬੂ ਕਰਕੇ ਨਾਮ ਪਤਾ ਪੁੱਛਿਆ, ਜਿਸ ਨੇ ਆਪਣਾ ਨਾਮ ਮੰਗਤ ਚੋਪੜਾ ਉਰਫ ਕਾਲਾ ਪੇਂਟਰ ਵਾਸੀ ਸਰਹਿੰਦ ਦੱਸਿਆ। ਕਾਰ ਦੀ ਤਲਾਸ਼ੀ ਲੈਣ 'ਤੇ ਉਸ ਵਿੱਚੋਂ 16.12 ਗ੍ਰਾਮ ਨਸ਼ੀਲਾ ਪਦਾਰਥ ਅਤੇ ਇੱਕ ਹਜ਼ਾਰ ਰੁਪਏ ਬਰਾਮਦ ਹੋਏ, ਜਿਸ 'ਤੇ ਪੁਲਿਸ ਨੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਪਹਿਲਗਾਮ 'ਚ ਸੈਲਾਨੀਆਂ ਦਾ ਕੀਤਾ ਨਰ ਸੰਘਾਰ ਮੰਦਭਾਗੀ ਗੱਲ : ਕਟਾਰੀਆ



ਜ਼ੀਰਾ, 24 ਅਪ੍ਰੈਲ (ਦੀਪਕ ਭਾਰਗੋ): ਆਤੰਕਵਾਦੀਆਂ ਵੱਲੋਂ ਪਹਿਲਾਂ ਵੀ ਕਈ ਇਸ ਤਰ੍ਹਾਂ ਦੀਆਂ ਘਟਨਾਵਾਂ ਨੂੰ ਅੰਜ਼ਾਮ ਦਿੱਤਾ ਜਾਂਦਾ ਰਿਹਾ ਹੈ ਤੇ ਪਿਛਲੇ ਦਿਨੀਂ ਪਹਿਲਗਾਮ ਵਿੱਚ 26 ਹਿੰਦੂ ਪਰਿਵਾਰਾਂ ਨਾਲ ਸਬੰਧਤ ਵਿਅਕਤੀਆਂ ਦਾ ਨਰ ਸੰਘਾਰ ਕਰਨਾ ਬਹੁਤ ਹੀ ਮੰਦਭਾਗੀ ਗੱਲ ਹੈ। ਇਸ ਗੱਲ ਦਾ ਪ੍ਰਗਟਾਵਾ ਵਿਧਾਇਕ ਨਰੇਸ਼ ਕਟਾਰੀਆ ਜ਼ੀਰਾ ਵੱਲੋਂ ਕੀਤਾ ਗਿਆ। ਉਹਨਾਂ ਦੇਸ਼ ਦੇ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਨੂੰ ਅਪੀਲ ਕੀਤੀ ਕਿ ਇਹਨਾਂ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਕੇ ਸਖਤ ਸਜ਼ਾਵਾਂ ਦਿੱਤੀਆਂ ਜਾਣ ਜੋ ਇਹ ਆਪਣੇ ਸੱਤ ਜਨਮਾਂ ਤੱਕ ਯਾਦ ਰੱਖਣ। ਇਸ ਮੌਕੇ ਉਨ੍ਹਾਂ ਵੱਲੋਂ ਨਮ ਅੱਖਾਂ ਨਾਲ ਉਹਨਾਂ ਵਿਛੜੀਆਂ ਹੋਈਆਂ ਰੂਹਾਂ ਨੂੰ ਸ਼ਰਧਾਂਜਲੀ ਦਿੱਤੀ। ਇਸ ਮੌਕੇ ਉਹਨਾਂ ਨਾਲ ਬਲਾਕ ਪ੍ਰਧਾਨ ਜ਼ੀਰਾ ਹਰ ਭਗਵਾਨ ਸਿੰਘ ਭੋਲਾ, ਸਰਪੰਚ ਮਨਪ੍ਰੀਤ ਸਿੰਘ ਸੇਖਵਾ, ਸਰਪੰਚ ਰਾਮ ਸਿੰਘ ਗਿੱਲ ਲੌਂਗੋ ਦੇਵਾ, ਸਰਪੰਚ ਤੀਰਥ ਸਿੰਘ, ਮੇਜਰ ਸਿੰਘ ਪੀਏ, ਗੁਰਮਨ ਸਿੰਘ ਖਹਿਰਾ ਸਰਪੰਚ, ਚੇਅਰਮੈਨ ਇਕਬਾਲ ਸਿੰਘ ਮਾਰਕੀਟ ਕਮੇਟੀ ਜ਼ੀਰਾ, ਦਰਬਾਰਾ ਸਿੰਘ ਪੀਐਸਓ, ਸੁਖ ਜ਼ੀਰਾ, ਸਰਪੰਚ ਬੂਟਾ ਸਿੰਘ ਬਾਠ, ਨਗਰ ਪੰਚਾਇਤ ਪ੍ਰਧਾਨ ਮਹਾਂਵੀਰ ਦੁਲੇਵਾਲਾ, ਨਗਰ ਕੌਂਸਲ ਪ੍ਰਧਾਨ ਜ਼ੀਰਾ ਗੁਰਪ੍ਰੀਤ ਸਿੰਘ ਜੱਜ, ਧਰਮਪਾਲ ਚੁੱਘ, ਸਰਪੰਚ ਜਗਰਾਜ ਸਿੰਘ, ਸਰਪੰਚ ਕਾਬਲ ਸਿੰਘ, ਸਰਪੰਚ ਅਮਨ ਵਰਿਆ, ਅਰਸ਼ ਸਭਰਾ, ਉਧਮ ਸਿੰਘ ਠੱਠਾ, ਸਰਬਜੀਤ ਸ਼ਰਮਾ, ਲੱਕੀ ਸ਼ਰਮਾ, ਜਗਦੀਪ ਵਲਟੋਹਾ, ਸਰਪੰਚ ਜੱਸਾ ਮੱਲੋਕੇ, ਰਣਬੀਰ ਸਿੰਘ ਬਾਠ, ਦਲਜੀਤ ਸਿੰਘ ਕੋਹਾਲਾ, ਸੁਆਮੀ ਬੋੜਾਂਵਾਲੀ, ਦਵਿੰਦਰ ਸਿੰਘ ਬੂਲੇ, ਸਰਪੰਚ ਗੁਰਮੀਤ ਸਿੰਘ ਬੂੜੇ, ਗੁਰਵਿੰਦਰ ਸਿੰਘ ਗੋਰਾ ਸਨੇਰ, ਸੱਤੂ ਸਨੇਰ ਆਦਿ ਨੇ ਇਸ ਘਟਨਾ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ।

# ਜ਼ਿਲ੍ਹਾ ਭਾਸ਼ਾ ਦਫ਼ਤਰ ਨੇ ਮਨਾਇਆ ਅੰਤਰਰਾਸ਼ਟਰੀ ਪੁਸਤਕ ਦਿਹਾੜਾ



ਫ਼ਿਰੋਜ਼ਪੁਰ, 24 ਅਪ੍ਰੈਲ (ਤਿਵਾੜੀ): ਪੰਜਾਬ ਸਰਕਾਰ ਦੀ ਰਹਿਨੁਮਾਈ ਅਤੇ ਨਿਰਦੇਸ਼ਕ ਭਾਸ਼ਾ ਵਿਭਾਗ, ਪੰਜਾਬ ਜੀ ਦੀ ਸੁਚੱਜੀ ਅਗਵਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਡਾ. ਜਗਦੀਪ ਸੰਧੂ, ਜ਼ਿਲ੍ਹਾ ਭਾਸ਼ਾ ਅਫ਼ਸਰ ਦੀ ਦੇਖ-ਰੇਖ ਹੇਠ ਜ਼ਿਲ੍ਹਾ ਲਾਇਬ੍ਰੇਰੀ ਫ਼ਿਰੋਜ਼ਪੁਰ ਵਿੱਚ ਅੰਤਰਰਾਸ਼ਟਰੀ ਪੁਸਤਕ ਦਿਹਾੜੇ ਨੂੰ ਸਮਰਪਿਤ ਸਮਾਗਮ 'ਪੁਸਤਕ ਦੀ ਚੋਣ ਤੇ ਪੜ੍ਹਨ ਦਾ ਨਜ਼ਰੀਆ' ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਵਿੱਚ ਜ਼ਿਲ੍ਹਾ ਭਾਸ਼ਾ ਅਫ਼ਸਰ ਫ਼ਿਰੋਜ਼ਪੁਰ ਨੇ ਆਏ ਹੋਏ ਮਹਿਮਾਨਾਂ ਤੇ ਸਰੋਤਿਆਂ ਦਾ ਸਵਾਗਤ ਕਰਦੇ ਹੋਏ ਅੰਤਰ ਰਾਸ਼ਟਰੀ ਪੁਸਤਕ ਦਿਹਾੜੇ ਦੇ ਮਹੱਤਵ ਤੋਂ ਜਾਣੂ ਕਰਵਾਉਂਦਿਆਂ ਹੋਇਆਂ ਕਿਹਾ ਕਿ ਪੁਸਤਕਾਂ ਮਨੁੱਖ ਨੂੰ ਸਭਿਅਕ ਪ੍ਰਾਣੀ ਬਣਾਉਂਦੀਆਂ ਹਨ ਅਤੇ ਇਨ੍ਹਾਂ ਰਾਹੀਂ ਪੀੜ੍ਹੀ ਦਰ ਪੀੜ੍ਹੀ ਵੱਖ-ਵੱਖ ਖੇਤਰਾਂ ਨਾਲ ਸਬੰਧਤ ਗਿਆਨ ਸਾਡੇ ਤੱਕ ਪਹੁੰਚਦਾ ਹੈ। ਪੁਸਤਕਾਂ ਰਾਹੀਂ ਇਹ ਗਿਆਨ ਅਗਲੀਆਂ ਪੀੜ੍ਹੀਆਂ ਤੱਕ ਵੀ ਪਹੁੰਚਦਾ ਰਹਿੰਦਾ ਹੈ। ਇਸ ਮੌਕੇ 'ਤੇ ਮੁੱਖ ਬੁਲਾਰਿਆਂ ਵੱਜੋਂ ਪਹੁੰਚੇ ਸਮਕਾਲੀ ਦੌਰ ਦੇ ਗੰਭੀਰ ਪਾਠਕ ਅਤੇ ਚਿੰਤਕ ਸੁਖਜਿੰਦਰ ਅਤੇ ਸੈਮ ਗੁਰਵਿੰਦਰ ਨੇ ਮਨੁੱਖੀ ਜੀਵਨ ਵਿੱਚ ਪੁਸਤਕਾਂ ਦੇ ਮਹੱਤਵ ਬਾਰੇ ਵਿਸਥਾਰ ਸਹਿਤ ਚਰਚਾ ਕਰਦੇ ਹੋਏ ਮਨੁੱਖ ਦੇ ਅਸਿਤਤਵ ਅਤੇ ਵਿਸ਼ਵ ਵਿਆਪੀ ਸਰੋਕਾਰਾਂ ਦੇ ਹਵਾਲੇ ਨਾਲ ਗੱਲਬਾਤ ਕੀਤੀ। ਇਸ ਮੌਕੇ ਜ਼ਿਲ੍ਹਾ ਲਾਇਬ੍ਰੇਰੀ ਦੇ ਪਾਠਕਾਂ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਪਾਠਕਾਂ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਸੁਖਜਿੰਦਰ ਨੇ ਕਿਹਾ ਕਿ ਸਾਨੂੰ ਵਧੀਆਂ ਪੁਸਤਕ ਦੀ ਚੋਣ ਦੀ ਸੂਝ ਸਭ ਤੋਂ ਪਹਿਲਾਂ ਸਾਡੇ ਪਾਠਕ੍ਰਮ ਤੋਂ ਹੀ ਮਿਲਦੀ ਹੈ। ਵਿਦਿਆਰਥੀ ਜੀਵਨ ਵਿੱਚ ਪੜ੍ਹਦਿਆਂ ਜੇਕਰ ਕਿਸੇ ਰਚਨਾ ਨੇ ਤੁਹਾਡੇ ਮਨ ਅੰਦਰ ਕੋਈ ਸਵਾਲ ਖੜ੍ਹਾ ਨਹੀਂ ਕੀਤਾ, ਚਿੰਤਨ ਲਈ ਨਹੀਂ ਪ੍ਰੇਰਿਆ ਜਾਂ ਕਿਸੇ ਗੱਲ ਨੇ ਤੁਹਾਡੀ ਸੰਵੇਦਨਾ ਨੂੰ ਟੁੰਬਿਆ ਨਹੀਂ ਤਾਂ ਸਮਝ ਲੈਣਾ ਚਾਹੀਦਾ ਹੈ ਕਿ ਤੁਸੀਂ ਪੁਸਤਕਾਂ ਤੋਂ ਦੂਰ ਹੋ ਤੇ ਤੁਹਾਨੂੰ ਮਨੁੱਖ ਹੋਣ ਲਈ ਪੁਸਤਕਾਂ ਨਾਲ ਜੁੜਨਾ ਚਾਹੀਦਾ ਹੈ। ਚੰਗੀ ਪੁਸਤਕ ਦੀ ਚੋਣ ਤੇ ਪੜ੍ਹਨ ਦਾ ਢੰਗ ਹਰੇਕ ਮਨੁੱਖ ਆਪੋ-ਆਪਣੇ ਢੰਗ ਨਾਲ ਆਪਣੇ ਸਵੈ ਅਨੁਭਵ ਵਿੱਚੋਂ ਸਿੱਖਦਾ ਹੈ। ਇਸ ਮੌਕੇ 'ਤੇ ਗ਼ਜ਼ਲਗੋ ਗੁਰਤੇਜ ਕੁਹਾਰਵਾਲਾ, ਡਾ. ਰਾਮੇਸ਼ਵਰ ਸਿੰਘ ਕਟਾਰਾ, ਹਰੀਸ਼ ਮੌਂਗਾ, ਸੁਖਦੇਵ ਸਿੰਘ ਭੱਟੀ ਤੇ ਇੰਜ. ਗੁਰਦਿਆਲ ਸਿੰਘ ਵਿਰਕ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ। ਸਮਾਗਮ ਨੂੰ ਸਫ਼ਲਤਾ ਪੂਰਵਕ ਨੇਪਰੇ ਚਾੜ੍ਹਨ ਵਿੱਚ ਖੋਜ ਅਫ਼ਸਰ ਦਲਜੀਤ ਸਿੰਘ, ਸੀਨੀਅਰ ਸਹਾਇਕ ਰਮਨ ਕੁਮਾਰ, ਕਲਰਕ ਚੇਤਨ ਕੁਮਾਰ, ਰਵੀ ਕੁਮਾਰ, ਵਿਜੈ ਕੁਮਾਰ ਤੇ ਦੀਪਕ ਕੁਮਾਰ ਦਾ ਯੋਗਦਾਨ ਰਿਹਾ।

# ਸਰਕਾਰੀ ਸਕੂਲਾਂ 'ਚ ਉਸਾਰੂ ਮਾਹੌਲ ਸਿਰਜਣ ਲਈ ਯੋਜਨਾਬੱਧ ਤਰੀਕੇ ਨਾਲ ਚਲਾਈ ਜਾ ਰਹੀ ਹੈ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ : ਵਿਧਾਇਕ ਰਾਏ



ਫ਼ਤਹਿਗੜ੍ਹ ਸਾਹਿਬ, 24 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਪੰਜਾਬ ਸਿੱਖਿਆ ਕ੍ਰਾਂਤੀ, ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਭਵਿੱਖ ਨੂੰ ਰੁਸ਼ਨਾਉਣ ਲਈ ਅਹਿਮ ਜ਼ਰੀਆ ਸਾਬਤ ਹੋ ਰਹੀ ਹੈ ਅਤੇ ਉਹ ਦਿਨ ਦੂਰ ਨਹੀਂ ਜਦੋਂ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀ ਆਪਣੀ ਕਾਬਲੀਅਤ ਅਤੇ ਮਿਹਨਤ ਸਦਕਾ ਹਰ ਖੇਤਰ ਵਿੱਚ ਮੋਹਰੀ ਸਥਾਨ ਹਾਸਿਲ ਕਰਨਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਹਲਕੇ ਦੇ 02 ਸਕੂਲਾਂ ਵਿੱਚ 21.33 ਲੱਖ ਦੀ ਲਾਗਤ ਨਾਲ ਕਰਵਾਏ ਵਿਕਾਸ ਕਾਰਜਾਂ ਨੂੰ ਲੋਕ ਅਰਪਣ ਕਰਨ ਮੌਕੇ ਆਯੋਜਿਤ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਮੁਹਿੰਮ ਯੋਜਨਾਬੱਧ ਤਰੀਕੇ ਨਾਲ ਚਲਾਈ ਜਾ ਰਹੀ ਹੈ ਤਾਂ ਜੋ ਸਰਕਾਰੀ ਸਕੂਲਾਂ ਵਿੱਚ ਅਜਿਹਾ ਉਸਾਰੂ ਮਾਹੌਲ ਸਿਰਜਿਆ ਜਾ ਸਕੇ, ਜਿਸ ਨਾਲ ਨਵੇਂ ਦਾਖਲਿਆਂ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਲਈ ਉਡੀਕ ਨਾ ਕਰਨੀ ਪਵੇ। ਇਸ ਮੌਕੇ ਪਹਿਲਗਾਮ ਵਿਖੇ ਹੋਏ ਅੱਤਵਾਦੀ ਹਮਲੇ ਦੇ ਮ੍ਰਿਤਕਾਂ ਨੂੰ ਰਸਮੀ ਸ਼ਰਧਾਂਜਲੀ ਦੇਣ ਲਈ ਦੋ ਮਿੰਟ ਦਾ ਮੌਨ ਵੀ ਧਾਰਿਆ ਗਿਆ। ਵਿਧਾਇਕ ਰਾਏ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਸਿੱਖਿਆ ਨੂੰ ਅੰਤਰ ਰਾਸ਼ਟਰੀ ਵਿੱਦਿਅਕ ਸੰਸਥਾਵਾਂ ਦੇ ਹਾਣੀ ਬਣਾਉਣ ਲਈ ਕਲਾਸਰੂਮ, ਬੁਨਿਆਦੀ ਢਾਂਚਾ ਅਤੇ ਡਿਜੀਟਲ ਸਿਖਲਾਈ ਸਹੂਲਤਾਂ ਦਾ ਆਧੁਨਿਕੀਕਰਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲ ਕਦਮੀ ਸਾਰੇ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਕੀਤੇ ਗਏ ਇਹ ਵਿਕਾਸ ਕਾਰਜ ਅਤੇ ਸੁਧਾਰ ਨੇ ਵਿਦਿਆਰਥੀਆਂ ਨੂੰ ਸਿੱਖਣ ਦਾ ਬਿਹਤਰ ਮਾਹੌਲ ਪ੍ਰਦਾਨ ਕੀਤਾ ਹੈ ਜੋ ਕਿ ਵਿਦਿਆਰਥੀਆਂ ਨੂੰ ਅੱਗੇ ਵਧਣ ਦੇ ਸਮਰੱਥ ਬਣਾਏਗਾ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਸੰਜੀਵ ਗੌਤਮ, ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਦੀਦਾਰ ਸਿੰਘ ਮਾਂਗਟ, ਪਿੰਡ ਮਾਧੋਪੁਰ ਦੇ ਸਰਪੰਚ ਹਰਵੇਲ ਸਿੰਘ, ਨੰਬਰਦਾਰ ਲਖਵਿੰਦਰ ਸਿੰਘ ਚਨਾਰਥਲ ਕਲਾਂ ਦੇ ਸਰਪੰਚ ਰਾਜਦੀਪ ਸਿੰਘ ਰਾਜੂ, ਮੁੱਖ ਅਧਿਆਪਕ ਜਤਿੰਦਰ ਸਿੰਘ, ਸੁਮਨ ਰਾਣੀ (ਸੀਐਚਟੀ), ਮਾਨ ਮਾਧੋਪੁਰ, ਐਡਵੋਕੇਟ ਰਾਹੁਲ ਸ਼ਰਮਾ, ਅਮਰਿੰਦਰ ਸਿੰਘ ਮੰਡੋਫਲ, ਗੁਰਵੀਰ ਜੱਲਾ, ਚਮਨ ਕੁਰੇਸ਼ੀ, ਨੰਬੜਦਾਰ ਸਤਵੀਰ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

# ਧੋਖਾਧੜੀ ਦੇ ਮਾਮਲੇ 'ਚ ਇੱਕ ਸਾਲ ਤੋਂ ਭਗੌੜਾ ਵਿਅਕਤੀ ਗ੍ਰਿਫ਼ਤਾਰ



ਮੰਡੀ ਗੋਬਿੰਦਗੜ੍ਹ, 24 ਅਪ੍ਰੈਲ (ਸੂਦ): ਪੀਓ ਸਟਾਫ ਫਤਹਿਗੜ੍ਹ ਸਾਹਿਬ ਦੀ ਪੁਲਿਸ ਨੇ ਧੋਖਾਧੜੀ ਦੇ ਮਾਮਲੇ ਵਿੱਚ ਇਕ ਸਾਲ ਤੋਂ ਭਗੌੜੇ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਪੀਓ ਸਟਾਫ ਦੇ ਐਸਐਚਓ. ਕੁਲਵੰਤ ਸਿੰਘ ਨੇ ਦੱਸਿਆ ਕਿ ਬਚਿੱਤਰ ਸਿੰਘ ਵਾਸੀ ਪਿੰਡ ਢੰਗਰਾਲੀ ਥਾਣਾ ਮਰਿੰਡਾ ਦੇ ਖਿਲਾਫ ਧੋਖਾਧੜੀ ਦਾ ਮਾਮਲਾ 2017 ਵਿੱਚ ਦਰਜ ਕੀਤਾ ਗਿਆ ਸੀ, ਜਿਸ ਵਿੱਚ ਫਤਹਿਗੜ੍ਹ ਸਾਹਿਬ ਦੀ ਅਦਾਲਤ ਨੇ 25 ਜੁਲਾਈ 2024 ਨੂੰ ਉਸ ਨੂੰ ਭਗੌੜਾ ਕਰਾਰ ਦਿੱਤਾ ਸੀ, ਜਿਸ 'ਤੇ ਪੀਓ ਸਟਾਫ ਦੇ ਸਹਾਇਕ ਥਾਣੇਦਾਰ ਗੁਰਬਚਨ ਸਿੰਘ, ਸਹਾਇਕ ਥਾਣੇਦਾਰ ਸੱਜਣ ਸਿੰਘ ਨੇ ਪੁਲਿਸ ਪਾਰਟੀ ਸਮੇਤ ਕਾਰਵਾਈ ਕਰਦੇ ਹੋਏ ਉਸ ਨੂੰ ਗ੍ਰਿਫਤਾਰ ਕਰਕੇ ਥਾਣਾ ਫਤਹਿਗੜ੍ਹ ਸਾਹਿਬ ਪੁਲਿਸ ਦੇ ਹਵਾਲੇ ਕਰ ਦਿੱਤਾ ਅਤੇ ਬਾਅਦ ਵਿਚ ਉਸ ਨੂੰ ਫ਼ਤਹਿਗੜ੍ਹ ਸਾਹਿਬ ਦੀ ਮਾਨਯੋਗ ਅਦਾਲਤ ਨੇ ਜੁਡੀਸ਼ੀਅਲ ਰਿਮਾਂਡ ਅਧੀਨ ਜੇਲ੍ਹ ਭੇਜ ਦਿੱਤਾ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਗਰ ਕੌਂਸਲ ਨੇ ਪੋਸਟਰ ਤੇ ਬੈਨਰ ਲਗਾ ਕੇ ਜਾਗਰੂਕ ਕੀਤਾ



ਜ਼ੀਰਾ, 24 ਅਪ੍ਰੈਲ (ਦੀਪਕ ਭਾਰਗੋ): ਪੰਜਾਬ ਸਰਕਾਰ ਵੱਲੋਂ ਚਲਾਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੇ ਸਬੰਧ ਵਿੱਚ ਨਗਰ ਕੌਂਸਲ, ਜ਼ੀਰਾ ਵੱਲੋਂ ਸ਼ਹਿਰ ਦੇ ਹਰੇਕ ਕੋਨੇ-ਕੋਨੇ ਅਤੇ ਸਲੱਮ ਏਰੀਏ ਵਿਚ ਥਾਂ-ਥਾਂ ਪੋਸਟਰ ਲਗਾ ਕੇ ਅਤੇ ਮੇਨ ਚੌਂਕਾਂ 'ਤੇ ਬੈਨਰ ਲਗਾ ਕੇ ਲੋਕਾਂ ਨੂੰ ਨਸ਼ੇ ਦੀ ਦਲਦਲ ਵਿੱਚੋਂ ਨਿਕਲਣ ਅਤੇ ਨਸ਼ੇ ਤੋਂ ਦੂਰ ਰਹਿਣ ਦੀ ਪ੍ਰੇਰਨਾ ਦਿੰਦੇ ਹੋਏ ਕਿਹਾ ਸਮਾਜ ਨੂੰ ਘੁਣ ਵਾਂਗ ਖਾ ਰਹੀ ਇਸ ਬਿਮਾਰੀ ਤੋਂ ਬਚਣ ਲਈ ਜਾਗਰੂਕ ਕੀਤਾ। ਇਸ ਮੌਕੇ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਨਰਿੰਦਰ ਕੁਮਾਰ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਨਸ਼ਾ ਸਮਾਜ ਵਿੱਚ ਇਕ ਅਜਿਹਾ ਕੋਹੜ ਹੈ ਜੋ ਕਈ ਘਰਾਂ ਦੇ ਚਿਰਾਗ ਬੁਝਾ ਚੁੱਕਾ ਹੈ ਅਤੇ ਨਸ਼ੇ ਦੀ ਲਾਹਨਤ ਤੋਂ ਬਚਣ ਲਈ ਸਾਨੂੰ ਸਮਾਜਿਕ ਤੌਰ 'ਤੇ ਇੱਕਠੇ ਹੋ ਕੇ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਕਾਫ਼ੀ ਹੱਦ ਤੱਕ ਪ੍ਰਸ਼ਾਸਨ ਵੱਲੋਂ ਨਸ਼ੇ 'ਤੇ ਕਾਬੂ ਪਾਇਆ ਜਾ ਚੁੱਕਿਆ ਹੈ ਤੇ ਵੱਧ ਤੋਂ ਵੱਧ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਨਗਰ ਕੌਂਸਲ ਸਰਬਜੀਤ ਕੌਰ ਪਤਨੀ ਗੁਰਪ੍ਰੀਤ ਸਿੰਘ ਜੱਜ ਪ੍ਰਧਾਨ ਨਗਰ ਕੌਂਸਲ, ਕਾਰਜ ਸਾਧਕ ਅਫ਼ਸਰ ਨਰਿੰਦਰ ਕੁਮਾਰ, ਸੈਨਟਰੀ ਕਲਰਕ ਸੁਸ਼ੀਲ ਕੁਮਾਰ ਆਦਿ ਹਾਜ਼ਰ ਸਨ।

# ਅਮਰੀਕਾ ਨਾਲ ਹੋਣ ਵਾਲੇ ਸਮਝੌਤੇ ਕਿਸਾਨ-ਮਜ਼ਦੂਰ ਤੇ ਛੋਟੇ ਵਪਾਰੀ ਦੇ ਕਾਰੋਬਾਰ ਨੂੰ ਖ਼ਤਮ ਕਰਨਗੇ : ਭਾਕਿਯੂ ਬਹਿਰਾਮਕੇ



ਕੋਟ ਈਸੇ ਖਾਂ, 24 ਅਪ੍ਰੈਲ (ਗਾਂਧੀ/ਗੁਰਦੇਵ ਖੁਰਾਣਾ): ਕਿਸਾਨ ਮਜ਼ਦੂਰ ਮੋਰਚੇ ਦੇ ਫੈਸਲੇ ਅਨੁਸਾਰ 23 ਤੇ 24 ਅਪ੍ਰੈਲ ਨੂੰ ਅਮਰੀਕਾ ਉਪ-ਰਾਸ਼ਟਰਪਤੀ ਭਾਰਤ ਦੌਰੇ 'ਤੇ ਪਹੁੰਚੇ ਜੇ ਡੀ ਵੈਂਸ ਤੇ ਕੇਂਦਰ ਸਰਕਾਰ ਦੇ ਪੁਤਲੇ ਸਾੜੇ ਗਏ। ਸਥਾਨਕ ਪਿੰਡ ਬਹਿਰਾਮਕੇ ਵਿਖੇ ਇਸ ਮੌਕੇ ਸੀਨੀਅਰ ਕਿਸਾਨ ਆਗੂ ਬਲਵੰਤ ਸਿੰਘ ਬਹਿਰਾਮਕੇ ਸੂਬਾ ਪ੍ਰਧਾਨ ਬੀਕੇਯੂ ਬਹਿਰਾਮਕੇ, ਬਚਨ ਸਿੰਘ ਭੁੱਲਰ ਸੀਨੀਅਰ ਮੀਤ ਪ੍ਰਧਾਨ ਪੰਜਾਬ, ਜਸਵੰਤ ਸਿੰਘ ਗੱਟਾ ਜਨਰਲ ਸਕੱਤਰ ਪੰਜਾਬ, ਚਮਕੌਰ ਸਿੰਘ ਉਸਮਾਨਵਾਲਾ ਮੀਤ ਪ੍ਰਧਾਨ ਪੰਜਾਬ, ਗੁਰਨਾਮ ਸਿੰਘ ਸਾਹਵਾਲਾ, ਸ਼ੇਰ ਸਿੰਘ ਖੰਬੇ, ਮਲੂਕ ਸਿੰਘ ਮਸਤੇਵਾਲਾ, ਬਾਜ ਸਿੰਘ ਸੰਗਲਾ, ਸੁਖਦੇਵ ਸਿੰਘ ਮੈਂਬਰ ਭਿੰਡਰ ਕਲਾਂ, ਮੁਖਤਿਆਰ ਸਿੰਘ ਚੱਕ ਸਿੰਘ ਪੁਰਾ, ਜਗੀਰ ਸਿੰਘ ਸਾਦੀਵਾਲਾ, ਤੋਤਾ ਸਿੰਘ ਬਹਿਰਾਮਕੇ, ਗੁਰਮੇਲ ਸਿੰਘ ਗਿੱਲ, ਜਿਲਾ ਪ੍ਰਧਾਨ ਜਗਰੂਪ ਸਿੰਘ ਰੰਡਿਆਲਾ, ਦਿਲਬਾਗ ਸਿੰਘ ਗਿੱਲ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਨਾਇਬ ਸਿੰਘ ਬੋਤੀਆਂ ਵਾਲਾ, ਰਮੇਸ਼ ਕੁਮਾਰ ਸ਼ਰਮਾ, ਬਲਵੀਰ ਸਿੰਘ ਮਾਨ ਸੰਗਲਾ, ਕੁਲਦੀਪ ਸਿੰਘ ਸਿੱਧੂ ਜ਼ੋਨ ਪ੍ਰਧਾਨ ਬਘੇਲੇਵਾਲਾ ਨੇ ਕਿਹਾ ਕਿ ਅਮਰੀਕਾ ਦਾ ਰਵੱਈਆ ਲਗਾਤਾਰ ਦੂਜੇ ਦੇਸ਼ਾਂ ਵਿੱਚ ਆਪਣੀ ਧੌਂਸ ਦਿਖਾ ਕੇ ਸਾਮਰਾਜ ਪੱਖੀ ਨੀਤੀਆਂ ਲਾਗੂ ਕਰਵਾਉਣਾ ਰਿਹਾ ਹੈ ਪਰ ਜਿਸ ਸਮੇਂ ਤੋਂ ਟਰੰਪ ਨੇ ਰਾਸ਼ਟਰਪਤੀ ਦੀ ਚੋਣ ਜਿੱਤੀ ਹੈ ਉਸ ਮੌਕੇ ਤੋਂ ਅਮਰੀਕਾ ਵੱਲੋਂ ਇਹ ਕੋਸ਼ਿਸ਼ ਪੂਰੇ ਜ਼ੋਰ ਨਾਲ ਅੱਗੇ ਵਧਾਈਆਂ ਜਾ ਰਹੀਆਂ ਹਨ ਅਤੇ ਕਦੀ ਟੈਰਿਫ ਵਾਰ ਜਾਂ ਗੈਰ-ਇਖਲਾਕੀ ਸਮਝੌਤੇ ਕਰਨ ਲਈ ਵੱਖ ਵੱਖ ਦੇਸ਼ਾਂ 'ਤੇ ਦਬਾਅ ਪਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਇਹਨਾਂ ਕੋਸ਼ਿਸ਼ਾਂ ਤਹਿਤ ਹੀ ਦੇਸੀ ਦੇ ਨਾਲ-ਨਾਲ ਵਿਦੇਸ਼ੀ ਕਾਰਪੋਰੇਟ ਵੱਲੋਂ ਭਾਰਤ ਨੂੰ ਮੰਡੀ ਤੌਰ 'ਤੇ ਦੇਖਿਆ ਜਾ ਰਿਹਾ ਹੈ ਅਤੇ ਕੀਤੇ ਜਾਣ ਵਾਲੇ ਸਮਝੌਤਿਆਂ ਰਾਹੀਂ ਗੈਰ-ਬਰਾਬਰੀ ਵਾਲੇ ਵਪਾਰਕ ਸਮਝੌਤੇ ਲਾਗੂ ਕਰਕੇ ਭਾਰਤ ਵਿੱਚ ਅਮਰੀਕੀ ਖੇਤੀ ਉਤਪਾਦ ਵੇਚਣ ਲਈ ਨੀਤੀ ਤਿਆਰ ਕੀਤੀ ਜਾ ਰਹੀ ਹੈ। ਜਿਸ ਨਾਲ ਭਾਰਤੀ ਕਿਸਾਨ ਮਜ਼ਦੂਰ ਅਤੇ ਛੋਟੇ ਵਪਾਰੀ ਦੀ ਰੋਜ਼ੀ ਰੋਟੀ ਕਮਾਉਣ ਦੇ ਸਾਧਨ ਖਤਮ ਹੋ ਜਾਣਗੇ। ਉਹਨਾਂ ਕਿਹਾ ਕਿ ਅਮਰੀਕਾ ਆਪਣੇ ਦੁੱਧ ਉਤਪਾਦਕਾਂ ਨੂੰ 80 ਬਿਲੀਅਨ ਡਾਲਰ ਦੀ ਰਾਸ਼ੀ ਸਬਸਿਡੀ ਵਜੋਂ ਦਿੰਦਾ ਹੈ। ਇਸੇ ਤਰ੍ਹਾਂ ਕਿਸਾਨ ਨੂੰ ਵੱਡੀ ਸਬਸਿਡੀ ਦਿੱਤੀ ਜਾ ਰਹੀ ਹੈ, ਅਗਰ ਭਾਰਤ ਵਿਚ ਦੁੱਧ ਉਤਪਾਦ, ਮੀਟ ਤੇ ਖੇਤੀ ਜਿਣਸਾਂ ਨੂੰ ਬਿਨਾ ਟੈਕਸ ਜਾਂ ਘੱਟ ਟੈਕਸ ਤੇ ਆਯਾਤ ਕਰਨ ਦੇ ਸਮਝੌਤੇ ਸਿਰੇ ਲਗਦੇ ਹਨ ਤਾਂ ਭਾਰਤੀ ਦੁੱਧ ਉਤਪਾਦਕ ਅਤੇ ਕਿਸਾਨ ਇਸਦਾ ਮੁਕਾਬਲਾ ਨਹੀਂ ਕਰ ਸਕਣਗੇ ਤੇ ਖੇਤੀ ਤੋਂ ਬਾਹਰ ਹੋ ਜਾਣਗੇ। ਟਰੰਪ ਪ੍ਰਸ਼ਾਸਨ ਕੇਂਦਰ ਸਰਕਾਰ ਨੂੰ ਜਨਤਕ ਵੰਡ ਪ੍ਰਣਾਲੀ ਰਾਹੀਂ ਸਸਤੇ ਅਤੇ ਮੁਫ਼ਤ ਦਿੱਤੇ ਜਾਣ ਵਾਲੇ ਅਨਾਜ ਨੂੰ ਬੰਦ ਕਰਨ ਲਈ ਦਬਾਅ ਬਣਾ ਰਿਹਾ। ਉਹਨਾਂ ਕਿਹਾ ਕਿ ਅਮਰੀਕੀ ਨੀਤੀ ਭਾਰਤ ਵੱਲੋਂ ਕਿਸਾਨਾਂ ਨੂੰ ਦਿੱਤੀ ਜਾ ਰਹਿ ਨਿਗੂਣੀ ਸਬਸਿਡੀ ਵੀ ਬੰਦ ਕਰਨ ਲਈ ਲੰਬੇ ਸਮੇਂ ਤੋਂ ਕੋਸ਼ਿਸ਼ ਕਰ ਰਿਹਾ ਸੀ ਪਰ ਹੁਣ ਮੋਦੀ ਸਰਕਾਰ ਇਸ ਦਬਾਅ ਅੱਗੇ ਝੁੱਕ ਕੇ ਦੇਸ਼ ਵਿਰੋਧੀ ਨੀਤੀਆਂ ਨੂੰ ਲਾਗੂ ਕਰਨ ਜਾ ਰਹੀ ਹੈ।

# ਕੁਮਾਰ ਜਿਊਲਰਜ਼ ਦੇ ਮਾਲਕ ਪ੍ਰਸ਼ਾਂਤ ਵਰਮਾ ਨੇ ਕਾਇਮ ਕੀਤੀ ਇਮਾਨਦਾਰੀ ਦੀ ਮਿਸਾਲ

ਅਮਲੋਹ, 24 ਅਪ੍ਰੈਲ (ਜਸਵੰਤ ਸਿੰਘ): ਇੱਕ ਸਧਾਰਣ ਜਾਪਦਾ ਲੜਕਾ ਆਪਣੇ ਗੁਆਢੀਆਂ ਦੇ ਕੁੱਝ ਗਹਿਣੇ ਵੇਚਣ ਸ਼ਹਿਰ ਦੀਆਂ ਕੁਝ ਦੁਕਾਨਾਂ 'ਤੇ ਗਿਆ ਅਤੇ ਫਿਰ ਕੁਮਾਰ ਜਿਊਲਰਜ਼ ਅਮਲੋਹ ਦੀ ਦੁਕਾਨ 'ਤੇ ਪਹੁੰਚ ਗਿਆ, ਜਿਥੇ ਦੁਕਾਨ ਮਾਲਕ ਪ੍ਰਸ਼ਾਦ ਵਰਮਾ ਨੇ ਉਸ ਨੂੰ ਪੁੱਛਿਆ ਕਿ ਇਹ ਗਹਿਣੇ ਕਿਸ ਦੇ ਹਨ ਅਤੇ ਉਹ ਕਿਸ ਕਾਰਣ ਵੇਚ ਰਿਹਾ ਹੈ ਤਾਂ ਉਸ ਨੇ ਕਿਹਾ ਕਿ ਉਸ ਦੀ ਮਾਤਾ ਹਸਪਤਾਲ ਦਾਖਲ ਹੈ, ਜਿਸ ਕਾਰਣ ਪੈਸਿਆਂ ਦੀ ਜ਼ਰੂਰਤ ਹੈ, ਤੁਸੀਂ ਇਹ ਗਹਿਣੇ ਰੱਖ ਲਵੋ ਅਤੇ ਪੈਸੇ ਦੇ ਦੇਵੋ ਉਸ ਦੀ ਗੱਲ 'ਤੇ ਦੁਕਾਨ ਮਾਲਕ ਨੂੰ ਸ਼ੱਕ ਹੋ ਗਿਆ ਅਤੇ ਉਸ ਨੇ ਉਸ ਦਾ ਪਿੰਡ ਆਦਿ ਪੁੱਛ ਕੇ ਪਿੰਡ ਦੇ ਹੀ ਕਿਸੇ ਗਾਹਕ ਨੂੰ ਫ਼ੋਨ ਕਰਕੇ ਜਾਣਕਾਰੀ ਹਾਸਲ ਕੀਤੀ ਤਾਂ ਜੋ ਅਸਲ ਸਾਹਮਣੇ ਆ ਸਕੇ ਅਤੇ ਗਹਿਣੇ ਅਸਲ ਮਾਲਕ ਤੱਕ ਪਹੁੰਚ ਸਕਣ। ਬਾਅਦ ਵਿਚ ਅਸਲ ਮਾਲਕ ਨਾਲ ਗੱਲਬਾਤ ਹੋਈ ਤਾਂ ਉਹ ਪਤਵੰਤਿਆਂ ਨੂੰ ਲੈ ਕੇ ਦੁਕਾਨ ਉਪਰ ਪਹੁੰਚ ਗਏ, ਜਿਨ੍ਹਾਂ ਦੀ ਹਾਜ਼ਰੀ ਵਿਚ ਲੱਖਾਂ ਰੁਪਏ ਦਾ ਕੀਮਤੀ ਸੋਨੇ ਅਤੇ ਚਾਂਦੀ ਦਾ ਸਮਾਨ ਅਸਲ ਮਾਲਕਾਂ ਦੇ ਹਵਾਲੇ ਕੀਤਾ ਗਿਆ। ਪਿੰਡ ਦੇ ਲੋਕਾਂ ਅਤੇ ਸਮਾਨ ਦੇ ਅਸਲ ਵਾਰਸਾਂ ਨੇ ਦੁਕਾਨ ਮਾਲਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਹੋਰ ਵੀ ਦੁਕਾਨਦਾਰਾਂ ਨੂੰ ਇਸ ਤੋਂ ਸੇਧ ਲੈਣੀ ਚਾਹੀਦੀ ਹੈ। ਇਸ ਇਮਾਨਦਾਰੀ ਦੇ ਕਾਰਜ ਦੀ ਹਰ ਪਾਸੇ ਸ਼ਲਾਘਾ ਹੋ ਰਹੀ ਹੈ।

# ਲਾਲਾ ਫੂਲ ਚੰਦ ਬੰਸਲ ਸਰਵਹਿੱਤਕਾਰੀ ਵਿਦਿਆ ਮੰਦਰ 'ਚ ਵਾਤਾਵਰਨ ਦੀ ਸੰਭਾਲ ਸਬੰਧੀ ਸਮਾਗਮ



ਅਮਲੋਹ, 24 ਅਪ੍ਰੈਲ (ਜਸਵੰਤ ਸਿੰਘ): ਵਿਸ਼ਵ ਧਰਤੀ ਦਿਵਸ ਮੌਕੇ ਹਰਿਆਵਲ ਪੰਜਾਬ ਦੇ ਮੈਂਬਰਾਂ ਵੱਲੋਂ ਲਾਲਾ ਫੂਲ ਚੰਦ ਬੰਸਲ ਸਰਵ ਹਿੱਤਕਾਰੀ ਵਿਦਿਆ ਮੰਦਰ ਅਮਲੋਹ ਵਿਖੇ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੇਵਾ ਸੰਭਾਲ ਸਬੰਧੀ ਜਾਗਰੂਕ ਕਰਨ ਲਈ ਇਕ ਸਮਾਗਮ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਧ ਰਹੇ ਪ੍ਰਦੂਸ਼ਨ 'ਤੇ ਗੰਭੀਰ ਚਿੰਤਾ ਪ੍ਰਗਟ ਕਰਦੇ ਹੋਏ ਚਿਤਾਵਨੀ ਦਿੱਤੀ ਕਿ ਜੇਕਰ ਅਸੀਂ ਇਸ ਪ੍ਰਤੀ ਹੁਣ ਵੀ ਸੁਚੇਤ ਨਾ ਹੋਏ ਤਾਂ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਹੋ ਜਾਣਗੀਆਂ। ਉਨ੍ਹਾਂ ਵੱਧ ਤੋਂ ਵੱਧ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ 'ਤੇ ਜ਼ੋਰ ਦਿੱਤਾ।

# ਪਹਿਲਗਾਮ 'ਚ ਸੈਲਾਨੀਆਂ ਨੂੰ ਨਿਸ਼ਾਨਾ ਬਣਾਉਣਾ ਬੇਹੱਦ ਨਿੰਦਣਯੋਗ : ਜਗਰੂਪ ਸਿੰਘ ਸੇਖਵਾਂ



ਗੁਰਦਾਸਪੁਰ, 24 ਅਪ੍ਰੈਲ (ਜਸਵਿੰਦਰ ਸਿੰਘ): ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ (ਆਪ) ਦੇ ਸੂਬਾ ਜਨਰਲ ਸਕੱਤਰ ਜਗਰੂਪ ਸਿੰਘ ਸੇਖਵਾਂ ਨੇ ਬੀਤੇ ਕੱਲ੍ਹ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਸੈਲਾਨੀਆਂ 'ਤੇ ਹੋਏ ਭਿਆਨਕ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਇਹ ਕਾਇਰਤਾਪੂਰਨ ਅੱਤਵਾਦੀ ਹਮਲਾ ਬਹੁਤ ਹੀ ਸ਼ਰਮਨਾਕ ਹੈ। ਨਿਹੱਥੇ ਮਾਸੂਮ ਲੋਕਾਂ 'ਤੇ ਹਮਲਾ ਕਰਕੇ ਉਨ੍ਹਾਂ ਨੂੰ ਨਿਸ਼ਾਨਾ ਬਣਾਉਣ ਦੀ ਇਹ ਘਟਨਾ ਮਨੁੱਖਤਾ 'ਤੇ ਹਮਲਾ ਹੈ। ਉਨ੍ਹਾਂ ਪੀੜਤ ਪਰਿਵਾਰਾਂ ਨਾਲ ਹਮਦਰਦੀ ਜਤਾਉਂਦਿਆ ਕਿਹਾ ਕਿ ਇਹ ਬਹੁਤ ਹੀ ਦੁੱਖ ਦੀ ਘੜੀ ਹੈ ਤੇ ਇਸ ਦੁੱਖ ਦੀ ਘੜੀ ਵਿੱਚ ਪੂਰਾ ਦੇਸ਼ ਇੱਕਜੁੱਟ ਹੈ ਤੇ ਉਨ੍ਹਾਂ ਦੇ ਨਾਲ ਖੜ੍ਹਾ ਹੈ। ਉਨ੍ਹਾਂ ਅੱਤਵਾਦ ਦੇ ਹਰ ਰੂਪ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਇਸ ਤੋਂ ਪਹਿਲਾਂ ਵੀ 2019 ਵਿੱਚ ਪੁਲਵਾਮਾ ਹਮਲਾ, 2016 ਵਿੱਚ ਉਰੀ ਹਮਲਾ ਸਮੇਤ ਇਸ ਖੇਤਰ ਨੂੰ ਦਹਾਕਿਆਂ ਤੋਂ ਅੱਤਵਾਦੀਆਂ ਨਾਲ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਹੈ। ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਅਸੀਂ ਹਰ ਤਰ੍ਹਾਂ ਦੇ ਅੱਤਵਾਦੀ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹਾਂ। ਉਨ੍ਹਾਂ ਕਿਹਾ ਕਿ ਜੰਮੂ-ਕਸ਼ਮੀਰ ਵਿੱਚ ਸੈਲਾਨੀਆਂ ਨੂੰ ਨਿਸ਼ਾਨਾ ਬਣਾਉਣਾ ਇਹ ਦਰਸਾਉਂਦਾ ਹੈ ਕਿ ਅੱਤਵਾਦੀ ਜੰਮੂ-ਕਸ਼ਮੀਰ ਵਿੱਚ ਸ਼ਾਂਤੀ ਨਹੀਂ ਚਾਹੁੰਦੇ ਤੇ ਸੈਲਾਨੀਆਂ ਦੇ ਮਨਾਂ ਵਿੱਚ ਡਰ ਬਿਠਾਉਣਾ ਚਾਹੁੰਦੇ ਹਨ। ਉਨ੍ਹਾਂ ਕੇਂਦਰ ਸਰਕਾਰ ਨੂੰ ਮਾਸੂਮ ਲੋਕਾਂ ਨੂੰ ਨਿਸ਼ਾਨਾ ਬਣਾਉਣ ਵਾਲਿਆਂ ਨੂੰ ਸਖਤ ਤੋਂ ਸਖਤ ਸਜ਼ਾ ਦੇਣ ਦੀ ਅਪੀਲ ਕੀਤੀ ਤਾਂ ਜੋ ਲੋਕਾਂ ਦੇ ਮਨਾਂ ਵਿਚੋਂ ਡਰ ਦੂਰ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਤੇ ਸਰਹੱਦੀ ਖੇਤਰਾਂ ਵਿੱਚ ਗਸ਼ਤ ਵਧਾ ਦਿੱਤੀ ਹੈ, ਜੰਮੂ-ਕਸ਼ਮੀਰ ਵਿੱਚ ਫਸੇ ਪੰਜਾਬੀਆਂ ਨੂੰ ਵੀ ਵਾਪਸ ਲਿਆਉਣ ਲਈ ਲੋੜੀਂਦੇ ਯਤਨ ਕੀਤੇ ਜਾ ਰਹੇ ਹਨ।

# ਸੈਲਾਨੀਆਂ 'ਤੇ ਹਮਲਾ ਕਰਕੇ ਅੱਤਵਾਦੀਆਂ ਨੇ ਆਪਣੀ ਕਾਇਰਤਾ ਦਾ ਸਬੂਤ ਦਿੱਤਾ



ਧਾਰੀਵਾਲ, 24 ਅਪ੍ਰੈਲ (ਅਸ਼ੋਕ ਕੁਮਾਰ): ਕਸ਼ਮੀਰ ਦੇ ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਦੀ ਸਖ਼ਤ ਨਿੰਦਾ ਕਰਦੇ ਹੋਏ, ਭਾਰਤੀਯ ਅੰਬੇਡਕਰ ਮਿਸ਼ਨ ਗੁਰਦਾਸਪੁਰ ਦੀ ਸਾਰੀ ਟੀਮ ਵੱਲੋਂ ਮ੍ਰਿਤਕਾਂ ਦੇ ਪਰਿਵਾਰਾਂ ਪ੍ਰਤੀ ਡੂੰਘੀ ਸੰਵੇਦਨਾ ਪ੍ਰਗਟ ਕੀਤੀ ਤੇ ਸਾਰੇ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਵੀ ਕੀਤੀ। ਇਸ ਮੌਕੇ ਵਾਈਸ ਪ੍ਰਧਾਨ ਪੰਜਾਬ ਲਲਿਤਾ ਕਮਲ, ਵਾਈਸ ਪ੍ਰਧਾਨ ਮਹਿਲਾ ਵਿੰਗ ਪੰਜਾਬ ਨਵਿਤਾ ਕੁਮਾਰੀ, ਜ਼ਿਲ੍ਹਾ ਯੂਥ ਪ੍ਰਧਾਨ ਮਨਪ੍ਰੀਤ ਸਿੰਘ ਬੁੱਟਰ ਤੇ ਜ਼ਿਲ੍ਹਾ ਪ੍ਰਧਾਨ ਅਜੈ ਮੱਟੂ ਨੇ ਸਾਂਝੇ ਤੌਰ 'ਤੇ ਕਿਹਾ ਕਿ ਸੈਲਾਨੀਆਂ 'ਤੇ ਹਮਲਾ ਕਰਕੇ ਅੱਤਵਾਦੀਆਂ ਨੇ ਆਪਣੀ ਕਾਇਰਤਾ ਦਾ ਸਬੂਤ ਦਿੱਤਾ ਹੈ। ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਵਾਸੀ ਅੱਤਵਾਦ ਦੇ ਮੁੱਦੇ 'ਤੇ ਇਕਜੁੱਟ ਹਨ ਤੇ ਇਸ ਪ੍ਰਤੀ ਮਾਣਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਜਲਦੀ ਤੋਂ ਜਲਦੀ ਕੋਈ ਠੋਸ ਨੀਤੀ ਅਪਣਾਉਣ ਦੀ ਲੋੜ ਹੈ।

# ਪੰਕਜ ਸਵੀਟਸ ਸ਼ਾਪ 'ਤੇ ਦੇਰ ਸ਼ਾਮ ਚੱਲੀਆਂ ਗੋਲ਼ੀਆਂ, ਦਹਿਸ਼ਤ ਦਾ ਮਾਹੌਲ



ਬਿਆਸ, 24 ਅਪ੍ਰੈਲ (ਬਲਰਾਜ ਸਿੰਘ ਰਾਜਾ): ਅੱਜ ਦੇਰ ਸ਼ਾਮ ਸਥਾਨਕ ਕਸਬਾ ਮਹਿਤਾ ਚੌਂਕ ਘੁਮਾਣ ਰੋਡ 'ਤੇ ਸਥਿਤ ਪੰਕਜ ਸਵੀਟਸ ਸ਼ਾਪ ਦੇ ਸਾਹਮਣੇ ਨਵੀਂ ਪੰਕਜ ਸਵੀਟਸ ਐਂਡ ਫਾਸਟ ਫੂਡ ਸ਼ਾਪ 'ਤੇ ਅਣਪਛਾਤੇ ਬੁਲਟ ਮੋਟਰਸਾਈਕਲ ਸਵਾਰਾਂ ਵੱਲੋਂ ਦੁਕਾਨਦਾਰਾਂ 'ਤੇ ਸਿੱਧੀਆਂ ਤਾਬੜਤੋੜ ਗੋਲੀਆਂ ਚਲਾ ਕੇ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਜਾਣਕਾਰੀ ਦਿੰਦੇ ਹੋਏ ਦੁਕਾਨ ਮਾਲਕ ਰਮਨ ਤਨੇਜਾ ਤੇ ਪੰਕਜ ਤਨੇਜਾ ਨੇ ਦੱਸਿਆ ਕਿ ਉਨ੍ਹਾਂ ਨੂੰ ਕੁੱਝ ਸਮੇਂ ਤੋਂ ਫਿਰੌਤੀ ਮੰਗਣ ਵਾਲਿਆਂ ਦੀਆਂ ਧਮਕੀਆਂ ਆ ਰਹੀਆਂ ਸਨ। ਫਿਰੌਤੀ ਨਾ ਦਿੱਤੇ ਜਾਣ 'ਤੇ ਸਾਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਹਮਲਾ ਕੀਤਾ ਗਿਆ ਹੈ। ਰਮਨ ਤਨੇਜਾ ਨੇ ਦੱਸਿਆ ਕਿ ਦੁਕਾਨ 'ਤੇ ਉਨ੍ਹਾਂ ਦਾ ਇਕਲੌਤਾ ਬੇਟਾ ਕਾਊਂਟਰ 'ਤੇ ਬੈਠਾ ਸੀ। ਅਚਾਨਕ ਗੋਲ਼ੀ ਚੱਲਣ ਨਾਲ ਦੁਕਾਨ ਦੇ ਟਫਨ ਸ਼ੀਸ਼ੇ ਚਕਨਾ ਚੂਰ ਹੋ ਗਏ ਪਰ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ ਹੈ। ਕਾਊਂਟਰ 'ਤੇ ਬੈਠੇ ਰਮਨ ਤਨੇਜਾ ਦੇ ਲੜਕੇ ਵੱਲੋਂ ਲਾਇਸੈਂਸੀ ਰਾਇਫਲ ਨਾਲ ਜਵਾਬੀ ਫਾਇਰਿੰਗ ਕੀਤੀ ਪਰ ਬਦਮਾਸ਼ ਗੋਲ਼ੀਆਂ ਚਲਾ ਕੇ ਫਰਾਰ ਹੋ ਗਏ। ਮੌਕੇ 'ਤੇ ਪਹੁੰਚੇ ਥਾਣਾ ਮਹਿਤਾ ਦੇ ਮੁਖੀ ਐੱਸ.ਐੱਚ.ਓ. ਸ਼ਮਸ਼ੇਰ ਸਿੰਘ ਸੀ.ਸੀ.ਟੀ.ਵੀ. ਫੁਟੇਜ ਵੇਖ ਹਮਲਾਵਰਾਂ ਦੀ ਭਾਲ ਕਰਨ ਵਿੱਚ ਜੁਟੇ ਹਨ। ਅਣਪਛਾਤੇ ਨੌਜਵਾਨਾਂ ਵੱਲੋਂ ਦੁਕਾਨਦਾਰਾਂ ਉੱਪਰ ਸ਼ਰੇਆਮ ਗੋਲ਼ੀਆਂ ਚਲਾਏ ਜਾਣ ਨਾਲ ਹੋਰ ਦੁਕਾਨਦਾਰਾਂ ਦੇ ਮਨਾਂ 'ਚ ਭਾਰੀ ਦਹਿਸ਼ਤ ਦਾ ਮਾਹੌਲ ਹੈ। ਮੌਕੇ 'ਤੇ ਇੱਕਠੇ ਹੋਏ ਸਮੂਹ ਦੁਕਾਨਦਾਰਾਂ ਤੇ ਪ੍ਰਧਾਨ ਅਮਰ ਰਾਵਤ ਪੰਕਜ ਤਨੇਜਾ ਰਮਨ ਤਨੇਜਾ ਨੇ ਕਿਹਾ ਕਿ ਇੱਕ ਪਾਸੇ ਸਰਕਾਰ ਨੂੰ ਟੈਕਸ ਦਈਏ ਤੇ ਦੂਜੇ ਪਾਸੇ ਫਿਰੌਤੀਆਂ ਮੰਗਣ ਵਾਲਿਆਂ ਨੂੰ ਮੋਟੀਆਂ ਰਕਮਾਂ ਕਿੱਥੋਂ ਦਈਏ। ਰੋਸ ਵਜੋਂ ਸਮੂਹ ਦੁਕਾਨਦਾਰਾਂ ਨੇ ਕਸਬਾ ਮਹਿਤਾ ਚੌਂਕ ਬੰਦ ਰੱਖਣ ਦਾ ਐਲਾਨ ਵੀ ਕੀਤਾ ਹੈ।

# ਥਾਰ ਗੱਡੀ ਨਾਲ ਟੱਕਰ 'ਚ ਅਵਾਰਾ ਸਾਨ੍ਹ ਦੀ ਮੌਤ



ਨਵਾਂਸ਼ਹਿਰ/ਕਾਠਗੜ੍ਹ, 24 ਅਪ੍ਰੈਲ (ਸੁਖਜੀਤ ਭਾਟੀਆ): ਰੋਪੜ ਬਲਾਚੌਰ ਨੈਸ਼ਨਲ ਹਾਈਵੇ 'ਤੇ ਨੇੜੇ ਸਾਹਿਬ ਢਾਬਾ ਦੇ ਅਵਾਰਾ ਸਾਨ੍ਹ ਤੇ ਥਾਰ ਗੱਡੀ ਦੀ ਟੱਕਰ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ.ਐੱਸ.ਐੱਫ. ਟੀਮ ਦੇ ਇੰਚਾਰਜ ਏ.ਐੱਸ.ਆਈ. ਪ੍ਰਵੀਨ ਕੁਮਾਰ ਦੱਸਿਆ ਕਿ ਉਨ੍ਹਾਂ ਨੂੰ ਰਾਹਗੀਰ ਤੋਂ ਸੂਚਨਾ ਮਿਲੀ ਸੀ ਕਿ ਪਿੰਡ ਸੁੱਧਾਮਾਜਰਾ ਦੇ ਨਜ਼ਦੀਕ ਸਾਹਿਬ ਢਾਬੇ ਦੇ ਕੋਲ ਐਕਸੀਡੈਂਟ ਹੋ ਗਿਆ ਹੈ। ਉਨ੍ਹਾਂ ਨੇ ਮੌਕੇ 'ਤੇ ਜਾ ਕੇ ਦੇਖਿਆ ਕਿ ਥਾਰ ਗੱਡੀ ਜਿਸ ਦਾ ਨੰਬਰ ਪੀ ਬੀ 11 ਡੀ.ਡੀ. 5000 ਜਿਸ ਨੂੰ ਅਰਸ਼ਦੀਪ ਸਿੰਘ ਪੁੱਤਰ ਤੀਰਮਲ ਸਿੰਘ ਵਾਸੀ ਫਿਰੋਜ਼ਪੁਰ ਚਲਾ ਰਿਹਾ। ਇਸ ਦੇ ਨਾਲ ਇਸ ਦਾ ਇੱਕ ਸਾਥੀ ਬੈਠਾ ਸੀ ਜੋ ਕਿ ਜਲੰਧਰ ਤੋਂ ਰੋਪੜ ਜਾ ਰਹੇ ਸੀ, ਜਦੋਂ ਸਾਹਿਬ ਢਾਬੇ ਦੇ ਨੇੜੇ ਪਹੁੰਚੇ ਤਾਂ ਰੋਡ 'ਤੇ ਇਕ ਅਵਾਰਾ ਸਾਨ੍ਹ ਆ ਗਿਆ, ਜਿਸ ਨਾਲ ਥਾਰ ਗੱਡੀ ਦੀ ਸਾਨ੍ਹ ਨਾਲ ਟੱਕਰ ਹੋ ਗਈ, ਜਿਸ ਨਾਲ ਥਾਰ ਗੱਡੀ ਪਲਟ ਗਈ ਤੇ ਸਾਨ੍ਹ ਦੀ ਮੌਕੇ 'ਤੇ ਮੌਤ ਹੋ ਗਈ ਤੇ ਥਾਰ ਸਵਾਰ ਦੋਨੋਂ ਵਾਲ-ਵਾਲ ਬਚ ਗਏ, ਜਿਸ ਨੂੰ ਐੱਸ.ਐੱਸ.ਐੱਫ. ਦੀ ਟੀਮ ਨੇ ਥਾਰ ਵਿੱਚੋਂ ਬਾਹਰ ਕੱਢਿਆ ਤੇ ਨੈਸ਼ਨਲ ਹਾਈਵੇ ਅਥਾਰਟੀ ਦੀ ਰਿਕਵਰੀ ਵੈਨ ਮੰਗਵਾ ਕੇ ਥਾਰ ਨੂੰ ਸਿੱਧੀ ਕਰਕੇ ਰੋਡ ਤੋਂ ਪਾਸੇ ਕਰਵਾਈਆਂ ਤੇ ਸਾਨ੍ਹ ਨੂੰ ਸਾਇਡ ਕਰਵਾ ਕੇ ਆਵਾਜਾਈ ਨੂੰ ਸਚਾਰੂ ਢੰਗ ਨਾਲ ਬਹਾਲ ਕਰਵਾਇਆ। ਇਸ ਹਾਦਸੇ ਸਬੰਧੀ ਥਾਣਾ ਕਾਠਗੜ੍ਹ ਨੂੰ ਸੂਚਿਤ ਕਰ ਦਿੱਤਾ ਹੈ।

# ਪਹਿਲਗਾਮ 'ਚ ਹੋਏ ਹਮਲੇ ਵਿਰੁੱਧ ਹਿੰਦੂ ਸੰਗਠਨਾਂ ਵੱਲੋਂ ਰੋਸ ਮਾਰਚ




ਫਤਹਿਗੜ੍ਹ ਚੂੜੀਆਂ, 24 ਅਪ੍ਰੈਲ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਵਿਖੇ ਬੀਤੇ ਦਿਨੀਂ ਜੰਮੂ-ਕਸ਼ਮੀਰ ਦੇ ਪਹਿਲਗਾਵ ਵਿਚ ਸੈਲਾਨੀਆਂ 'ਤੇ ਹੋਏ ਅੱਤਵਾਦੀ ਹਮਲੇ ਦੇ ਵਿਰੋਧ ਵਿਚ ਵੱਖ ਵੱਖ ਹਿੰਦੂ ਜਥੇਬੰਦੀਆਂ ਦੇ ਆਗੂਆਂ ਤੇ ਸ਼ਹਿਰ ਵਾਸੀਆਂ ਵੱਲੋਂ ਮੰਦਰ ਗਾਗਰਾ ਵਾਲਾ ਤੋਂ ਸ਼ੁਰੂ ਹੋ ਕੇ ਫਤਹਿਗੜ੍ਹ ਚੂੜੀਆਂ ਦੇ ਸਾਰੇ ਹੀ ਬਾਜ਼ਾਰਾਂ ਵਿੱਚ ਪਾਕਿਸਤਾਨ ਤੇ ਅੱਤਵਾਦ ਦੇ ਪੁਤਲੇ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਹਿੰਦੂ ਨੇਤਾਵਾਂ ਨੇ ਸਾਂਝੇ ਤੌਰ 'ਤੇ ਗੱਲਬਾਤ ਕਰਦਿਆਂ ਕਿਹਾ ਕਿ ਅੱਤਵਾਦੀਆਂ ਨੇ ਧਰਮ ਪੁੱਛ ਕੇ ਹਿੰਦੂਆਂ 'ਤੇ ਹਮਲਾ ਕੀਤਾ ਹੈ, ਜਿਸਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਾਕਿਸਤਾਨ ਦੀ ਅੱਤਵਾਦੀ ਏਜੰਸੀ ਆਈ.ਐੱਸ.ਆਈ. ਭਾਰਤ ਦੇਸ਼ ਅੰਦਰ ਹਮਲੇ ਕਰਕੇ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਜਿਸਨੂੰ ਮੂੰਹ ਤੋੜ ਜਵਾਬ ਦੇਣ ਲਈ ਦੇਸ਼ ਦੇ ਪ੍ਰਧਾਨ ਮੰਤਰੀ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪਹਿਲ ਦੇ ਆਧਾਰ 'ਤੇ ਹਮਲੇ ਦਾ ਬਦਲਾ ਲੈਣਾ ਚਾਹੀਦਾ ਹੈ ਤੇ ਅੱਤਵਾਦੀਆਂ ਨੂੰ ਅਜਿਹਾ ਸਬਕ ਸਿਖਾਉਣਾ ਚਾਹੀਦਾ ਹੈ ਕਿ ਉਹ ਦੁਬਾਰਾ ਦੇਸ਼ ਅੰਦਰ ਹਮਲੇ ਕਰਨ ਦੀ ਸੋਚ ਵੀ ਨਾ ਸਕਣ। ਹਿੰਦੂ ਨੇਤਾਵਾਂ ਨੇ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਪਾਕਿਸਤਾਨ ਆਪਣੀਆਂ ਹਰਕਤਾਂ ਤੋਂ ਬਾਜ ਨਾ ਆਇਆ ਤਾਂ ਪੂਰੇ ਦੇਸ਼ ਅੰਦਰ ਪਾਕਿਸਤਾਨ ਮੁਰਦਾਬਾਦ ਦੇ ਨਾਅਰੇ ਲਗਾਉਂਦੇ ਹੋਏ ਪੁਤਲੇ ਫੂਕੇ ਜਾਣਗੇ। ਆਖਿਰ ਵਿੱਚ ਹਿੰਦੂ ਜਥੇਬੰਦੀਆਂ ਵੱਲੋਂ ਫਤਹਿਗੜ੍ਹ ਚੂੜੀਆਂ ਦੇ ਪੁਰਾਣੇ ਬੱਸ ਸਟੈਂਡ ਚੌਕ ਵਿੱਚ ਪਾਕਿਸਤਾਨ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਅਮਿਤ ਭੰਡਾਰੀ, ਹਰੀਸ਼ ਅਰੋੜਾ, ਪਵਨ ਕੁਮਾਰ, ਨਰੇਸ਼ ਬਾਵਾ, ਬ. ਮੋਹਨ ਲਾਲ, ਸੁਰਿੰਦਰ ਸ਼ਰਮਾ, ਸੁਰੇਸ਼ ਵਰਮਾ, ਅਸ਼ਵਨੀ ਸ਼ਰਮਾ, ਲਖਵਿੰਦਰ ਸਿੰਘ ਰਾਜਪੂਤ, ਪਵਨ ਚੌਹਾਨ, ਰਮਣ ਸਿਆਲ, ਸ਼ੁਭ, ਰਜੇਸ਼ ਕੁਮਾਰ, ਰਾਕੇਸ਼ ਚੌਹਾਨ, ਗੌਰਵ ਅਰੋੜਾ, ਧਰਮਪਾਲ ਸ਼ਰਮਾ, ਨਿਤਨ ਕੁਮਾਰ, ਰਜੀਵ ਦੇਵਗਨ, ਰਕੇਸ਼ ਕੁਮਾਰ ਕੇਸ਼ਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹਿੰਦੂ ਜਥੇਬੰਦੀਆਂ ਤੋਂ ਇਲਾਵਾ ਫਤਹਿਗੜ੍ਹ ਚੂੜੀਆਂ ਦੇ ਸ਼ਹਿਰ ਵਾਸੀ ਹਾਜ਼ਰ ਸਨ।

# ਆਪਣੇ ਸਾਲੇ ਦੇ ਘਰ ਨੂੰ ਅੱਗ ਲਗਾਉਣ ਵਾਲਾ ਕਾਬੂ



ਘੁਮਾਣ/ਸ੍ਰੀ ਹਰਗੋਬਿੰਦਪੁਰ ਸਾਹਿਬ, 24 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ ਜਗੀਰ ਸਿੰਘ ਮੰਡ): ਪਿਛਲੇ ਦਿਨੀਂ ਧੰਨਬੀਰ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਢੰਡੇ ਨੇ ਦੱਸਿਆ ਕਿ ਮੈਂ ਰਾਜ ਮਿਸਤਰੀ ਦਾ ਕੰਮ ਕਰਦਾ ਹਾਂ ਤੇ ਮੇਰੀ ਰਿਹਾਇਸ਼ ਪਿੰਡ ਦੇ ਬਾਹਰਵਾਰ ਪਿੰਡ ਦੀ ਫਿਰਨੀ 'ਤੇ ਹੈ ਤੇ ਮੇਰੇ ਮਾਤਾ-ਪਿਤਾ ਪਿੰਡ ਮਸਾਣੀਆਂ ਦੇ ਸ਼ਾਹ ਦੇ ਇੱਟਾਂ ਵਾਲੇ ਭੱਠੇ 'ਤੇ ਕੰਮ ਕਰਦੇ ਹਨ ਅਤੇ ਉੱਥੇ ਹੀ ਰਹਿੰਦੇ ਹਨ ਕਿ 26 ਮਾਰਚ ਨੂੰ ਮੈਨੂੰ ਰਾਜ ਮਿਸਤਰੀ ਦੇ ਕੰਮ ਤੋਂ ਛੁੱਟੀ ਹੋਣ ਦੇ ਕਾਰਨ ਮੈਂ ਆਪਣੀ ਪਤਨੀ ਤੇ ਬੱਚਿਆਂ ਸਮੇਤ ਆਪਣੇ ਮਾਤਾ-ਪਿਤਾ ਨੂੰ ਮਿਲਣ ਲਈ ਚਲਾ ਗਿਆ, ਜਿੱਥੇ ਮੇਰੀ ਭੈਣ ਮਨਦੀਪ ਕੌਰ ਦਾ ਪਤੀ ਹਰਪ੍ਰੀਤ ਸਿੰਘ ਪੁੱਤਰ ਕੁਲਬੀਰ ਸਿੰਘ ਵਾਸੀ ਮੂਧਲ ਵੀ ਮਿਲਣ ਲਈ ਉੱਥੇ ਆਇਆ ਤੇ ਗੱਲਬਾਤ ਦੌਰਾਨ ਸਾਡੇ ਨਾਲ ਗੁੱਸਾ ਹੋ ਕੇ ਝਗੜਾ ਕਰਨ ਲੱਗ ਪਿਆ ਤੇ ਮੈਨੂੰ ਕਹਿ ਕੇ ਚਲਾ ਗਿਆ ਕਿ ਤੈਨੂੰ ਇਹ ਲੜਾਈ ਬਹੁਤ ਮਹਿੰਗੀ ਪਵੇਗੀ। ਉਸਦੇ ਜਾਣ ਤੋਂ ਬਾਅਦ ਹੀ ਮੈਨੂੰ ਪਿੰਡ ਦੇ ਕਿਸੇ ਵਿਅਕਤੀ ਨੇ ਫੋਨ ਕਰਕੇ ਦੱਸਿਆ ਕਿ ਤੇਰੇ ਘਰ ਨੂੰ ਅੱਗ ਲੱਗ ਗਈ ਹੈ, ਜਦ ਮੈਂ ਛੇਤੀ-ਛੇਤੀ ਆਪਣੇ ਮੋਟਰਸਾਈਕਲ 'ਤੇ ਘਰ ਆ ਰਿਹਾ ਸੀ ਕਿ ਮੈਨੂੰ ਰਸਤੇ ਵਿਚ ਮੇਰਾ ਜੀਜਾ ਹਰਪ੍ਰੀਤ ਸਿੰਘ ਮਿਲਿਆ, ਜਿਸਨੇ ਮੈਨੂੰ ਕਿਹਾ ਕਿ ਮੈਂ ਤੇਰੇ ਘਰ ਨੂੰ ਅੱਗ ਲਗਾ ਦਿੱਤੀ ਹੈ ਹੁਣ ਜਾ ਕੇ ਬੁਝਾ ਲੈ ਤਾਂ ਮੈਂ ਵੇਖਿਆ ਕਿ ਮੇਰੇ ਘਰ ਦੇ ਬੈੱਡ ਰੂਮ ਦੇ ਬਾਹਰ ਡੀਜ਼ਲ ਦੀ ਬੋਤਲ ਤੇ ਤੀਲਾਂ ਵਾਲੀ ਡੱਬੀ ਵੀ ਪਈ ਹੋਈ ਸੀ ਤਾਂ ਮੈਂ ਫਾਇਰ ਬ੍ਰਿਗੇਡ ਨੂੰ ਬੁਲਾਇਆ ਤੇ ਉਨ੍ਹਾਂ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ ਗਿਆ, ਜਿਸ ਨਾਲ ਮੇਰੇ ਘਰ ਵਿੱਚ ਪਿਆ ਸਾਰਾ ਸਮਾਨ ਸੜ ਗਿਆ। ਇਸ ਸਬੰਧੀ ਪੁਲਿਸ ਹਰਪ੍ਰੀਤ ਸਿੰਘ ਪੁੱਤਰ ਕੁਲਬੀਰ ਸਿੰਘ ਵਾਸੀ ਮੂਧਲ ਥਾਣਾ ਅੰਮ੍ਰਿਤਸਰ ਸਾਹਿਬ ਨੂੰ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਗ੍ਰਿਫਤਾਰ ਕਰ ਲਿਆ ਗਿਆ ਹੈ।

# ਵਿਧਾਇਕ ਰੰਧਾਵਾ ਨੇ ਸਰਕਾਰੀ ਸਕੂਲ ਸ਼ਾਹਪੁਰ ਜਾਜਨ 'ਚ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



ਡੇਰਾ ਬਾਬਾ ਨਾਨਕ, 24 ਅਪ੍ਰੈਲ (ਹੈਪੀ ਕੋਟਲੀ): ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਦੇ ਮੰਤਵ ਨਾਲ ਰਾਜ ਸਰਕਾਰ ਵੱਲੋਂ ਸ਼ੁਰੂ ਕੀਤੀ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸੂਬੇ ਭਰ ਵਿੱਚ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਜਾ ਰਿਹਾ ਹੈ। ਇਸੇ ਮੁਹਿੰਮ ਤਹਿਤ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ਾਹਪੁਰ ਜਾਜਨ ਵਿਖੇ ਸਿੱਖਿਆ ਕ੍ਰਾਂਤੀ ਤਹਿਤ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸਕੂਲ ਵਿਖੇ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਵਿਕਸਿਤ ਕਰਨ ਅਤੇ ਵਿਦਿਆਰਥੀਆਂ ਨੂੰ ਮਿਆਰੀ ਤੇ ਸਮੇਂ ਦੇ ਹਾਣ ਦੀ ਆਧੁਨਿਕ ਸਿੱਖਿਆ ਮੁਹੱਈਆ ਕਰਵਾਉਣ ਲਈ ਲਈ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿੱਖਿਆ ਨੂੰ ਪਹਿਲੀ ਤਰਜੀਹ ਦਿੰਦਿਆਂ ਸਰਕਾਰੀ ਸਕੂਲਾਂ ਵਿੱਚ ਅਤਿ-ਆਧੁਨਿਕ ਬੁਨਿਆਦੀ ਢਾਂਚਾ ਮੁਹੱਈਆ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਪਹਿਲਕਦਮੀਆਂ ਸਦਕਾ ਅੱਜ ਜਿੱਥੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਧੀ ਹੈ ਉੱਥੇ ਸਰਕਾਰੀ ਸਕੂਲਾਂ ਵਿੱਚ ਪ੍ਰਾਈਵੇਟ ਸਕੂਲਾਂ ਦੇ ਬਰਾਬਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਸਕੂਲ ਆਫ਼ ਐਮੀਨੈਂਸ ਦੀ ਸਥਾਪਨਾ, ਅਧਿਆਪਕਾਂ ਨੂੰ ਸਿਖ਼ਲਾਈ ਲਈ ਵਿਦੇਸ਼ ਭੇਜਣਾ, ਸਕੂਲ ਆਫ਼ ਐਮੀਨੈਂਸ ਵਿੱਚ ਬੱਸ ਸਰਵਿਸ ਸ਼ੁਰੂ ਕਰਨਾ, ਕੈਂਪਸ ਮੈਨੇਜਰ ਤੇ ਸੁਰੱਖਿਆ ਗਾਰਡ ਦੀ ਨਿਯੁਕਤੀ, ਡਿਜੀਟਲ ਢੰਗ ਨਾਲ ਸਿੱਖਿਆ ਪ੍ਰਦਾਨ ਕਰਨ ਵਰਗੀਆਂ ਕਈ ਪਹਿਲਕਦਮੀਆਂ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਹੋਰ ਬਿਹਤਰ ਤੇ ਪੰਜਾਬ ਦੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਤੇ ਰੌਸ਼ਨ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਦਾ ਆਗਾਜ਼ ਕੀਤਾ ਗਿਆ ਤੇ ਆਉਣ ਵਾਲੇ ਦਿਨਾਂ ਵਿੱਚ ਵੀ ਇਸ ਮੁਹਿੰਮ ਤਹਿਤ ਸਰਕਾਰੀ ਸਕੂਲਾਂ ਵਿੱਚ ਵਿਕਾਸ ਕਾਰਜ ਸਮਰਪਿਤ ਕੀਤੇ ਜਾਣਗੇ।

# ਸਾਢੇ ਛੇ ਗ੍ਰਾਮ ਹੈਰੋਇਨ ਸਮੇਤ ਇੱਕ ਨੌਜਵਾਨ ਕਾਬੂ



ਘੁਮਾਣ/ਸ੍ਰੀ ਹਰਗੋਬਿੰਦਪੁਰ ਸਾਹਿਬ, 24 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ ਜਗੀਰ ਮੰਡ): ਘੁਮਾਣ ਪੁਲਿਸ ਨੂੰ ਉਸ ਵੇਲੇ ਵੱਡੀ ਸਫਲਤਾ ਪ੍ਰਾਪਤ ਹੋਈ, ਜਦੋਂ ਇੱਕ ਨੌਜਵਾਨ ਨੂੰ ਸਾਢੇ ਛੇ ਗ੍ਰਾਮ ਹੈਰੋਇਨ ਸਮੇਤ ਕਾਬੂ ਕਰ ਲਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਬ-ਇੰਸਪੈਕਟਰ ਹਰਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਨਸ਼ਿਆਂ ਵਿਰੁੱਧ ਹਦਾਇਤਾਂ ਅਨੁਸਾਰ ਤੇ ਐੱਸ.ਐੱਸ.ਪੀ. ਬਟਾਲਾ ਸੁਹੇਲ ਕਾਸਿਮ ਮੀਰ ਆਈ.ਪੀ.ਐੱਸ. ਤੇ ਡੀ.ਐੱਸ.ਪੀ. ਸ੍ਰੀ ਹਰਗੋਬਿੰਦਪੁਰ ਸਾਹਿਬ ਹਰਕ੍ਰਿਸ਼ਨ ਸਿੰਘ ਦੇ ਸਖ਼ਤ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੁਲਿਸ ਥਾਣਾ ਘੁਮਾਣ ਦੇ ਮੁਖੀ ਐੱਸ.ਐੱਚ.ਓ. ਬਿਕਰਮ ਸਿੰਘ ਦੀ ਅਗਵਾਈ ਹੇਠ ਘੁਮਾਣ ਪੁਲਿਸ ਦੇ ਏ.ਐੱਸ.ਆਈ. ਪਾਲ ਸਿੰਘ, ਏ.ਐੱਸ.ਆਈ. ਪ੍ਰਭਜੋਤ ਸਿੰਘ ਤੇ ਏ.ਐੱਸ.ਆਈ. ਹਰਜਿੰਦਰ ਸਿੰਘ ਪੁਲਿਸ ਪਾਰਟੀ ਸਮੇਤ ਥਾਣਾ ਘੁਮਾਣ ਤੋਂ ਭੈੜੇ ਅਨਸਰਾਂ ਦੇ ਸਬੰਧ ਵਿੱਚ ਗਸ਼ਤ ਲਈ ਪੰਡੋਰੀ, ਭਗਤੂਪੁਰ ਆਦਿ ਪਿੰਡਾਂ ਨੂੰ ਜਾ ਰਹੇ ਸਨ ਕਿ ਜਦੋਂ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਪੰਡੋਰੀ ਪੁੱਲ ਸੂਆ ਪੁੱਜੀ ਤਾਂ ਇੱਕ ਮੋਨਾ ਵਿਅਕਤੀ ਪੈਦਲ ਆਉਂਦਾ ਦਿਖਾਈ ਦਿੱਤਾ ਜੋ ਕਿ ਪੁਲਿਸ ਪਾਰਟੀ ਨੂੰ ਦੇਖ ਕੇ ਯਕਦਮ ਘਬਰਾ ਗਿਆ ਸੀ ਤੇ ਪਿੱਛੇ ਮੁੜਨ ਲੱਗਿਆ ਆਪਣੇ ਜੇਬ ਵਿੱਚ ਪਏ ਲਿਫਾਫੇ ਨੂੰ ਸੁੱਟਣ ਲੱਗਿਆ ਨੂੰ ਪੁਲਿਸ ਵੱਲੋਂ ਕਾਬੂ ਕਰ ਲਿਆ। ਜਿਸ ਨੇ ਆਪਣਾ ਨਾਂ ਵਿਕਾਸ ਕੁਮਾਰ ਉਰਫ ਵਿੱਕੀ ਪੁੱਤਰ ਵਿਲੀਅਮ ਮਸੀਹ ਵਾਸੀ ਸੁਕਾਲਾ ਥਾਣਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੱਸਿਆ ਤੇ ਲਿਫਾਫੇ ਦੀ ਤਲਾਸ਼ੀ ਲੈਣ 'ਤੇ ਉਸ ਵਿੱਚੋਂ 6 ਸੌ ਪੰਜਾਹ ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਫੜੇ ਗਏ ਵਿਅਕਤੀ ਨੇ ਦੱਸਿਆ ਕਿ ਮੈਂ ਇਹ ਹੈਰੋਇਨ ਸਿਮਰਨਜੀਤ ਸਿੰਘ ਉਰਫ ਸੀਮੂ ਪੁੱਤਰ ਸਤਨਾਮ ਸਿੰਘ ਵਾਸੀ ਸੰਧਵਾਂ ਕਲਾਂ ਤੋਂ ਖਰੀਦ ਕੇ ਅੱਗੇ ਵੇਚਣ ਨੂੰ ਲਿਆਂਦੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਮਾਮਲਾ ਦਰਜ ਕਰਕੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ। ਇਸ ਮੌਕੇ ਮੁੱਖ ਮੁਨਸ਼ੀ ਰਮਨਜੀਤ ਸਿੰਘ, ਮੁਨਸ਼ੀ ਗੁਰਪ੍ਰੀਤ ਸਿੰਘ, ਏ.ਐੱਸ.ਆਈ. ਸ਼ਿਵਚਰਨ ਕੁਮਾਰ, ਏ.ਐੱਸ.ਆਈ. ਸਤਪਾਲ ਸਿੰਘ, ਏ.ਐੱਸ.ਆਈ. ਕੁਲਵੰਤ ਸਿੰਘ, ਹੈੱਡ ਕਾਂਸਟੇਬਲ ਸਰਬਜੋਤ ਸਿੰਘ, ਹੈੱਡ ਕਾਂਸਟੇਬਲ ਹਰਪਾਲ ਸਿੰਘ ਆਦਿ ਹਾਜ਼ਰ ਸਨ।

# ਵਿਧਾਇਕ ਕਲਸੀ ਤੋਂ ਇਲਾਵਾ ਕਈ ਹੋਰ ਆਗੂਆਂ ਨੇ ਜਥੇ. ਲੰਗਾਹ ਨਾਲ ਭਰਾ ਦੇ ਦੇਹਾਂਤ 'ਤੇ ਅਫ਼ਸੋਸ ਪ੍ਰਗਟ ਕੀਤਾ



ਗੁਰਦਾਸਪੁਰ, 24 ਅਪ੍ਰੈਲ (ਜਗਮੋਹਣ ਸਿੰਘ ਬਾਂਗੋਵਾਣੀ): ਇਥੋਂ ਨਜ਼ਦੀਕੀ ਇਤਿਹਾਸਕ ਗੁਰਦੁਆਰਾ ਗੜ੍ਹੀ ਬਾਬਾ ਬੰਦਾ ਸਿੰਘ ਬਹਾਦਰ ਵਿਖੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਜੱਥੇ. ਸੁੱਚਾ ਸਿੰਘ ਲੰਗਾਹ ਦੇ ਭਰਾ ਲਖਵਿੰਦਰ ਸਿੰਘ ਲੰਗਾਹ ਦੀ ਹੋਈ ਬੇਵਕਤੀ ਮੌਤ ਦਾ ਆਮ ਆਦਮੀ ਪਾਰਟੀ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਪਹੁੰਚ ਕੇ ਅਫਸੋਸ ਕੀਤਾ। ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਮਲਕਪੁਰ ਵਾਲੇ, ਬਲਜਿੰਦਰ ਸਿੰਘ ਬੈਂਸ ਐੱਮ.ਡੀ. ਸੁਖਜਿੰਦਰ ਸਿੰਘ ਸੋਨੂੰ ਲੰਗਾਹ ਹਲਕਾ ਇੰਚਾਰਜ, ਰਿਟਾ. ਐੱਸ.ਐੱਚ.ਓ. ਜਰਨੈਲ ਸਿੰਘ ਕਾਹਲੋਂ ਲੱਗਵਾਲ, ਜਗਦੀਸ਼ ਸਿੰਘ ਬੁੱਟਰ ਚੀਰ ਗੁਰਦੁਆਰਾ ਇੰਸਪੈਕਟਰ ਐੱਸ.ਜੀ.ਪੀ.ਸੀ. ਅੰਤ੍ਰਿੰਗ ਕਮੇਟੀ ਮੈਂਬਰ ਗੁਰਿੰਦਪਾਲ ਸਿੰਘ ਗੋਰਾ, ਐੱਸ.ਜੀ.ਪੀ.ਸੀ. ਮੈਂਬਰ ਜਸਬੀਰ ਕੌਰ ਜਵਰਵਾਲ, ਗੁਰਪ੍ਰਤਾਪ ਸਿੰਘ ਕਾਹਲੋਂ ਕੈਨੇਡਾ, ਕੰਵਲਪ੍ਰੀਤ ਸਿੰਘ ਕਾਕੀ ਯੂਥ ਵਿੰਗ ਕੋਰ ਕਮੇਟੀ ਮੈਂਬਰ, ਮੈਨੇਜਰ ਰਣਜੀਤ ਸਿੰਘ ਕਲਿਆਨਪੁਰ, ਗੁਰਤਿੰਦਰ ਸਿੰਘ ਮੈਨੇਜਰ, ਨਰਿੰਦਰ ਸਿੰਘ ਵਾੜਾ, ਬਾਬਾ ਨੱਥਾ ਸਿੰਘ ਸੰਧਵਾ ਜ਼ਿਲ੍ਹਾ ਸੀਨੀ, ਮੀਤ ਪ੍ਰਧਾਨ, ਜਸਪ੍ਰੀਤ ਸਿੰਘ ਰਾਣਾ ਪਠਾਨਕੋਟ, ਬਿਕਰਮਜੀਤ ਸਿੰਘ ਘੁੰਮਣ, ਮਹਿੰਦਰਪਾਲ ਸਿੰਘ, ਕੋਟਾ, ਪਰਮਵੀਰ ਸਿੰਘ ਲਾਡੀ, ਅੰਗਰੇਜ ਸਿੰਘ ਬਿਧੀਪੁਰ, ਹਰਮਨਜੀਤ ਸਿੰਘ, ਸਾਹਿਬਪ੍ਰੀਤ ਸਿੰਘ ਲੰਗਾਹ, ਬਲਦੇਵ ਸਿੰਘ ਨਿਮਾਣਾ ਪ੍ਰਧਾਨ ਨਾਨਕਸ਼ਾਹੀ ਸਿੱਖ ਸੁਸਾਇਟੀ, ਸਰਬਜੀਤ ਸਿੰਘ ਮੈਨੇਜਰ ਸ੍ਰੀ ਬਾਠ ਸਾਹਿਬ ਆਦਿ ਕਈ ਹੋਰ ਆਗੂ ਹਾਜ਼ਰ ਸਨ।

# ਪਹਿਲਗਾਮ 'ਚ ਬੇਕਸੂਰਾਂ ਨਾਲ ਦਰਿੰਦਗੀ ਕਰਨ ਵਾਲਿਆਂ ਵਿਰੁੱਧ ਹਰ ਭਾਰਤੀ ਦੇ ਮਨ 'ਚ ਗਹਿਰਾ ਰੋਸ : ਅਰਵਿੰਦ ਮਿੱਤਲ



ਸ੍ਰੀ ਅਨੰਦਪੁਰ ਸਾਹਿਬ, 24 ਅਪ੍ਰੈਲ (ਬੀ.ਐੱਸ. ਰਾਣਾ): ਬੀਤੇ ਦਿਨ ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਆਪਣੀਆਂ ਛੁੱਟੀਆਂ ਮਨਾਉਣ ਲਈ ਪਹੁੰਚੇ ਦੇਸ਼ ਵਾਸੀਆਂ ਨਾਲ ਦਰਿੰਦਗੀ ਭਰਿਆ ਖ਼ੂਨੀ ਖੇਲ ਕਰਨ ਵਾਲਿਆਂ ਨੇ ਮਾਨਵਤਾ ਨੂੰ ਸ਼ਰਮਸਾਰ ਕੀਤਾ ਹੈ। ਅਸੀਂ ਸਾਰੇ ਦੇਸ਼ ਵਾਸੀ ਜਿੱਥੇ ਪ੍ਰਭਾਵਿਤ ਪਰਿਵਾਰਾਂ ਨਾਲ ਸੰਵੇਦਨਾ ਪ੍ਰਗਟ ਕਰ ਰਹੇ ਹਾਂ, ਉਥੇ ਹਰ ਦੇਸ਼ ਵਾਸੀ ਦੇ ਮਨ ਵਿੱਚ ਬਹੁਤ ਰੋਸ ਹੈ। ਇਹ ਪ੍ਰਗਟਾਵਾ ਪੰਜਾਬ ਭਾਜਪਾ ਦੇ ਸਾਬਕਾ ਸਕੱਤਰ ਐਡਵੋਕੇਟ ਅਰਵਿੰਦ ਮਿੱਤਲ ਨੇ ਪੰਜਾਬ ਅੱਜ ਇਥੇ ਵਿਸ਼ੇਸ਼ ਗੱਲਬਾਤ ਕਰਦੇ ਹੋਏ ਕੀਤਾ। ਉਨ੍ਹਾਂ ਕਿਹਾ ਕਿ ਹੁਣ ਹਰ ਭਾਰਤ ਵਾਸੀ ਨੂੰ ਇਹ ਮਹਿਸੂਸ ਹੋ ਰਿਹਾ ਹੈ ਕਿ ਉਨ੍ਹਾਂ ਦੇ ਪਰਿਵਾਰ ਦਾ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਅੱਜ ਜਿੱਥੇ ਪੂਰੇ ਭਾਰਤ ਵਿੱਚ ਇਸ ਘਟਨਾ ਦੇ ਖਿਲਾਫ਼ ਲੋਕਾਂ ਦੇ ਮਨ ਵਿੱਚ ਰੋਸ ਹੈ ਉੱਥੇ ਹੀ ਭਾਰਤ ਸਰਕਾਰ ਜ਼ਖਮੀਆਂ 'ਤੇ ਮੱਲਮ ਲਗਾਉਣ ਲਈ ਬੜੇ ਸੋਚੇ ਸਮਝੇ ਤਰੀਕੇ ਨਾਲ ਪਾਕਿਸਤਾਨ ਉੱਤੇ ਕਾਰਵਾਈ ਕਰ ਰਹੀ। ਕੱਲ੍ਹ ਲਏ ਗਏ ਫੈਸਲੇ ਦੇਸ਼ ਦੇ ਪ੍ਰਧਾਨ ਮੰਤਰੀ ਨੇ ਜਿੱਥੇ ਵਿਦੇਸ਼ੀ ਦੌਰਾ ਵਿੱਚ ਛੱਡ ਕੇ ਭਾਰਤ ਆ ਕੇ ਪਹਿਲਾਂ ਏਅਰਪੋਰਟ 'ਤੇ ਹੀ ਮੀਟਿੰਗ ਕੀਤੀ। ਇਸ ਤੋਂ ਇਹ ਸਾਫ ਦਿਖਦਾ ਹੈ ਕਿ ਦੇਸ਼ ਦੇ ਪ੍ਰਧਾਨ ਮੰਤਰੀ ਪਹਿਲਗਾਮ ਵਿੱਚ ਹੋਈ ਘਟਨਾ ਤੋਂ ਬਹੁਤ ਜ਼ਿਆਦਾ ਦੁਖੀ ਹਨ। ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੀ ਲਗਾਤਾਰ ਮੀਟਿੰਗਾਂ ਕਰ ਰਹੇ ਹਨ, ਜਿਸ ਦੀ ਆਸ ਕੀਤੀ ਜਾਂਦੀ ਹੈ ਕਿ ਲੋਕਾਂ ਲਈ ਕੁਝ ਦਿਨਾਂ ਅੰਦਰ ਸਖਤ ਕਦਮ ਚੁੱਕੇ ਜਾਣਗੇ। ਇਸ ਮੌਕੇ ਉਨ੍ਹਾਂ ਨਾਲ ਸਾਬਕਾ ਮੰਡਲ ਪ੍ਰਧਾਨ ਅਜੇ ਰਾਣਾ ਸਾਬਕਾ ਨਗਰ ਕੌਂਸਲ ਪ੍ਰਧਾਨ ਰਾਕੇਸ਼ ਸ਼ਰਮਾ ਪਿੰਕੀ ਪਵਨ ਮਹਿਦਲੀ ਮਨੀਸ਼ ਕੇਅਰ ਪਾਲ ਮਹੰਤ ਲਛਮਣ ਦਾਸ ਸਾਬਕਾ ਮੰਡਲ ਪ੍ਰਧਾਨ ਕੈਪਟਨ ਬਲਵੀਰ ਸਿੰਘ ਡਾਡੀ ਵਿਸ਼ਾਲ ਰਾਣਾ ਰਾਜੂ ਕੌਸ਼ਲ ਨਰੇਸ਼ ਕੁਮਾਰ ਹੈਪੀ ਬੇਦੀ ਕਾਮਰੇਡ ਕ੍ਰਿਸ਼ਨ ਕੁਮਾਰ ਦੋਲੋਵਾਲ ਸੁਦਰਸ਼ਨ ਸ਼ਰਮਾ ਸਾਬਕਾ ਸਰਪੰਚ ਤੋਂ ਇਲਾਵਾ ਹੋਰ ਭਾਜਪਾ ਆਗੂ ਹਾਜ਼ਰ ਸਨ।

# ਬਾਬਾ ਮਾਨ ਸਿੰਘ ਦੀ ਅੰਤਿਮ ਅਰਦਾਸ ਮੌਕੇ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਵੱਲੋਂ ਬਾਬਾ ਜਗਜੀਤ ਸਿੰਘ ਦੀ ਦਸਤਾਰਬੰਦੀ



ਬਟਾਲਾ, 24 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਗੁਰੂ ਨਾਨਕ ਤਰਨਾ ਦਲ ਮੜ੍ਹੀਆਂ ਵਾਲੇ ਦੇ ਮੁਖੀ ਬਾਬਾ ਮਾਨ ਸਿੰਘ ਦੇ ਨਮਿਤ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਵੱਖ-ਵੱਖ ਰਾਗੀ ਜਥਿਆਂ ਅਤੇ ਨਿਹੰਗ ਸਿੰਘਾਂ ਦੇ ਰਾਗੀ ਜਥਿਆਂ ਨੇ ਗੁਰਬਾਣੀ ਦਾ ਵੈਰਾਗਮਈ ਮਨੋਹਰ ਕੀਰਤਨ ਕੀਤਾ। ਉਪਰੰਤ ਗੁਰਦੁਆਰਾ ਗੁਰੂ ਨਾਨਕ ਪ੍ਰਕਾਸ਼ ਦੇ ਖੁੱਲ੍ਹੇ ਪੰਡਾਲ ਵਿੱਚ ਸਜੇ ਧਾਰਮਿਕ ਦੀਵਾਨ ਵਿੱਚ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਬਾਬਾ ਮਾਨ ਸਿੰਘ ਗੁਰੂ ਨਾਨਕ ਦਲ ਮੜ੍ਹੀਆਂ ਵਾਲਿਆਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਬਾਬਾ ਮਾਨ ਸਿੰਘ ਸੱਚੇ-ਸੁੱਚੇ ਗੁਰੂ ਘਰ ਦੇ ਸੇਵਕ ਸਨ ਉਨ੍ਹਾਂ ਦੀ ਰੂਹ ਆਤਮਿਕ ਰੰਗ ਵਿੱਚ ਪੂਰੀ ਤਰ੍ਹਾਂ ਲਵਲੀਨ ਸੀ। ਨਿਹੰਗੀ ਬਾਣੀ ਤੇ ਦਲ ਦੇ ਮੁਖੀ ਵਜੋਂ ਉਨ੍ਹਾਂ ਦੀਆਂ ਪੰਥ ਪ੍ਰਤੀ ਨਿਭਾਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਬਾਬਾ ਮਾਨ ਸਿੰਘ ਦਾ ਸਮੁੱਚਾ ਪਰਿਵਾਰ ਹੀ ਗੁਰੂ ਕਲਗੀਧਰ ਦੇ ਆਦੇਸ਼ਾਂ, ਮਨੋਰਥਾਂ ਨੂੰ ਸਮਰਪਿਤ ਨਿਹੰਗੀ ਬਾਣੇ ਤੇ ਗੁਰਬਾਣੀ ਤੇ ਗੁਰਸਿੱਖੀ ਦੀ ਮਹਿਮਾਂ ਵਾਲਾ ਹੈ, ਇਨ੍ਹਾਂ ਦੇ ਸਪੁੱਤਰ ਬਾਬਾ ਵਰਿਆਮ ਸਿੰਘ ਜੋ ਥੋੜਾ ਸਮਾਂ ਪਹਿਲਾਂ ਹੀ ਅਕਾਲ ਚਲਾਣਾ ਕਰ ਗਏ ਸਨ, ਗੁਰੂ ਘਰ ਦੇ ਸੁਚੱਜੇ ਕੀਰਤਨੀਏ ਸਨ, ਪੰਥਕ ਸਫਾ ਵਿੱਚ ਮੂਹਰੇ ਹੋ ਕੇ ਵਿਚਰਦੇ ਰਹੇ ਹਨ। ਉਨ੍ਹਾਂ ਕਿਹਾ ਬਾਬਾ ਮਾਨ ਸਿੰਘ ਦੇ ਪਾਲਣ ਪੋਸ਼ਣ ਤੇ ਅਸੀਸਾਂ ਸਦਕਾ ਹੀ ਅਜਿਹਾ ਹੋਇਆ। ਬਾਬਾ ਮਾਨ ਸਿੰਘ ਦੇ ਪੁੱਤਰ ਬਾਬਾ ਹਰੀ ਸਿੰਘ, ਬਾਬਾ ਮਨਜੀਤ ਸਿੰਘ ਬਹੁਤ ਹੀ ਮਿਲਣਹਾਰ ਤੇ ਗੁਰੂ ਘਰ ਦੇ ਸੱਚੇ ਪ੍ਰੇਮੀ ਹਨ। ਦਲ ਪੰਥ ਦੀ ਅਗਵਾਈ ਲਈ ਬਾਬਾ ਜਗਜੀਤ ਸਿੰਘ ਨੂੰ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ 96 ਕਰੋੜੀ ਵੱਲੋਂ ਦਸਤਾਰਬੰਦੀ ਕੀਤੀ ਗਈ, ਉਪਰੰਤ ਸਮੁੱਚੀਆਂ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀਆਂ, ਸੰਤ ਸਮਾਜ ਤੇ ਹੋਰ ਧਾਰਮਿਕ ਸੰਸਥਾਵਾਂ ਦੇ ਮੁਖੀਆਂ ਵੱਲੋਂ ਦਸਤਾਰਾਂ ਭੇਟ ਕੀਤੀਆਂ ਗਈਆਂ। ਬਾਬਾ ਬਲਬੀਰ ਸਿੰਘ ਨੇ ਕਿਹਾ ਇਨ੍ਹਾਂ ਨੇ ਗੁਰੂ ਦੀ ਬਾਨੀ ਤੇ ਬਾਣੇ ਦਾ ਪ੍ਰਚਾਰ ਵੀ ਵੱਧ ਚੜ੍ਹ ਕੇ ਕੀਤਾ, ਮੈਂ ਅਕਾਲ ਪੁਰਖ ਅੱਗੇ ਬੇਨਤੀ, ਅਰਦਾਸ ਜੋਦੜੀ ਕਰਦਾ ਹਾਂ ਕਿ ਉਨ੍ਹਾਂ ਦੀ ਆਤਮਾ ਨੂੰ ਆਪਣੇ ਚਰਨਾ 'ਚ ਨਿਵਾਸ ਦੇਣ ਪਿਛੇ ਪਰਿਵਾਰ, ਸਨੇਹੀਆਂ, ਗੁਰੂ ਦੇ ਪਿਆਰਿਆਂ ਨੂੰ ਵਿਛੋੜਾ ਸਹਿਣ ਦਾ ਬੱਲ ਬਖਸ਼ਣ। ਦਲ ਪੰਥ ਨੂੰ ਚੜ੍ਹਦੀਆਂ ਕਲਾ ਬਖਸ਼ਣ। ਬੁੱਢਾ ਦਲ ਤੋਂ ਇਲਾਵਾ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ, ਬਾਬਾ ਜੋਗਾ ਸਿੰਘ ਬਾਬਾ ਬਕਾਲਾ, ਬਾਬਾ ਨਿਹਾਲ ਸਿੰਘ ਹਰੀਆਂ ਬੇਲਾਂ, ਬਾਬਾ ਹਰਨਾਮ ਸਿੰਘ ਖ਼ਾਲਸਾ ਮਹਿਤਾ ਚੌਂਕ, ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ਼, ਬਾਬਾ ਮਨਮੋਹਨ ਸਿੰਘ ਬਾਰਨਵਾਲੇ, ਬਾਬਾ ਮੇਜਰ ਸਿੰਘ ਸੋਢੀ ਤਰਨਾ ਦਲ, ਬਾਬਾ ਜੋਗਾ ਸਿੰਘ ਕਰਨਾਲ ਵਾਲੇ, ਬਾਬਾ ਗੁਰਪਿੰਦਰ ਸਿੰਘ ਵਡਾਲਾ, ਬਾਬਾ ਕੁਲਦੀਪ ਸਿੰਘ ਝਾੜ ਸਾਹਿਬ ਵਾਲੇ, ਬਾਬਾ ਰਘਬੀਰ ਸਿੰਘ ਖਿਆਲਾ, ਸੰਤ ਮਨਪ੍ਰੀਤ ਸਿੰਘ ਦਿਲੀ ਵਾਲੇ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ, ਬਾਬਾ ਈਸ਼ਰ ਸਿੰਘ ਪੁੱਤਰ ਬਾਬਾ ਜਰਨੈਲ ਸਿੰਘ ਭਿੰਡਰਾਂ ਵਾਲੇ, ਬਾਬਾ ਛਿੰਦਾ ਸਿੰਘ, ਭਾਈ ਹਰਪਾਲ ਸਿੰਘ ਫਤਹਿਗੜ੍ਹ, ਬਾਬਾ ਰਾਜਾਰਾਮ ਸਿੰਘ, ਜਥੇ. ਰਣਜੀਤ ਸਿੰਘ, ਬਾਬਾ ਜੋਗਿੰਦਰ ਸਿੰਘ ਰਕਬੇ ਵਾਲੇ, ਬਾਬਾ ਸਵਰਨਜੀਤ ਸਿੰਘ ਬਾਬਾ ਬਕਾਲਾ, ਭਾਈ ਮੋਹਕਮ ਸਿੰਘ ਅਨੇਕਾਂ ਹੀ ਸੰਸਥਾਵਾਂ ਤੇ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕੀਤੀ।

# ਕਣਕ ਦੀ ਚੁਕਾਈ 'ਚ ਹੋਰ ਤੇਜ਼ੀ ਲਿਆਂਦੀ ਜਾਵੇਗੀ : ਡੀ.ਐੱਫ.ਐੱਸ.ਸੀ.



| 7.<br>2025/313<br>PUNBEQC26332017 | 033700-ਮਲੋਟ ਮੇਨ<br>ਮੈਸ. ਸੁਮਿਤ ਰਾਈਸ ਮਿਲਜ਼<br>ਸ਼੍ਰੀ ਨਰੇਸ਼ ਕੁਮਾਰ ਸਪੁੱਤਰ ਸ਼੍ਰੀ ਰਾਜ ਕੁਮਾਰ, ਸ਼੍ਰੀ ਪਵਨ ਕੁਮਾਰ ਸਪੁੱਤਰ ਸ਼੍ਰੀ ਪ੍ਰੇਮ ਚੰਦ | ਮੈਸ. ਸੁਮਿਤ ਰਾਈਸ ਮਿਲਜ਼ ਦੀ ਮਾਲਕੀ ਹੇਠ ਆਰਟੀਡੀ ਨੰਬਰ 2845 ਮਿਤੀ 26.09.2013 ਦੇ ਅਧੀਨ ਸਾਲ 2008-2009 ਦੀ ਜਮ੍ਹਾਂਬੰਦੀ ਅਨੁਸਾਰ ਮੁਸਤਿਲ ਨੰਬਰ 34, ਕਿਲਾ ਨੰ. 1 (8-0), 10 (8-0), 11 (8-0), 12/1 (7-12), ਖੇਵਟ ਨੰ. 346, ਖਤੌਨੀ ਨੰ. 517 ਦੇ ਅਧੀਨ 31 ਕਨਾਲ 12 ਮਰਲੇ ਦੇ 1/2 ਹਿੱਸੇ ਅਨੁਸਾਰ 15 ਕਨਾਲ 16 ਮਰਲੇ ਮਾਪ ਵਾਲੀ ਪਿੰਡ ਕੋਲਿਆਂਵਾਲੀ, ਤਹਿਸੀਲ ਮਲੋਟ ਵਿਖੇ ਸਥਿਤ ਫੈਕਟਰੀ ਜ਼ਮੀਨ ਅਤੇ ਇਮਾਰਤ ਦੀ ਅਚੱਲ ਸੰਪੱਤੀ ਦੇ ਸਾਰੇ ਭਾਗ ਅਤੇ ਹਿੱਸੇ। ਹੱਦਬੰਦੀ : ਪੂਰਬ : ਬਲਬੀਰ ਸਿੰਘ, ਪੱਛਮ : ਲਵਲਜੀਤ ਸਿੰਘ ਆਦਿ, ਉਤਰ : ਰਸਤਾ, ਦੱਖਣ : ਬਲਬੀਰ ਸਿੰਘ। | 10-01-2019<br>Rs. 81,85,172.92 Intt. and Charges w.e.f. 01-01-2019<br>14-03-2019 | Rs. 46,20,000/-<br>Rs. 4,62,000/-<br>Rs. 10,000/- | ਭੌਤਿਕ ਕਬਜ਼ਾ |
| 8.<br>2025/314<br>PUNBADC9449399 | ਜਲਾਲਾਬਾਦ ਪੱਛਮ<br>ਪ੍ਰਭ ਟ੍ਰੇਡਿੰਗ ਕੰਪਨੀ<br>ਸ਼੍ਰੀ ਗੁਰਸੇਵਕ ਸਿੰਘ ਪੁੱਤਰ ਇੰਦਰਜੀਤ ਸਿੰਘ ਸ਼ਾਮ ਰਵਨੀਤ ਕੌਰ ਸੁਪਤਨੀ ਜਸਪਾਲ ਸਿੰਘ ਢਿੱਲੋਂ ਸ਼੍ਰੀਮਤੀ ਰਵਨੀਤ ਕੌਰ ਸੁਪਤਨੀ ਜਸਪਾਲ ਸਿੰਘ ਢਿੱਲੋਂ | ਅਮਨਦੀਪ ਸਿੰਘ ਪੁੱਤਰ ਗੁਰਨੈਬ ਸਿੰਘ ਦੀ ਮਾਲਕੀ ਹੇਠ ਆਰਟੀਡੀ ਨੰ. 1905 ਮਿਤੀ 05.08.2014 ਦੇ ਅਧੀਨ ਖੇਵਟ ਨੰ. 565, ਖਸਰਾ ਨੰ.4037(10-13), 4038(10-18), 4039(10-18) ਦੇ ਅਧੀਨ 0 ਕਨਾਲ 10.18 ਮਰਲੇ (308 ਵਰਗ ਗਜ਼) ਮਾਪ ਵਾਲੇ ਫਰੀਦਕੋਟ-2, ਅਗਵਾੜ ਭੋਕਲੀਆ, ਸੁੰਦਰ ਨਗਰ, ਨੇੜੇ ਅਰਜਨ ਦੇਵ ਨਗਰ, ਫਿਰੋਜ਼ਪੁਰ ਰੋਡ, ਫਰੀਦਕੋਟ ਵਿਖੇ ਸਥਿਤ ਮਕਾਨ ਦੀ ਸੰਪੱਤੀ ਦੇ ਸਾਰੇ ਭਾਗ ਅਤੇ ਹਿੱਸੇ। ਵਿਕਰੀ ਅਨੁਸਾਰ ਹੱਦਬੰਦੀ : ਪੂਰਬ-ਗਲੀ, ਪੱਛਮ-ਗੋਦਾਮ, ਉੱਤਰ-ਸੰਤ ਸਿੰਘ, ਦੱਖਣੀ-ਕੁਲਦੀਪ ਸਿੰਘ। | 17-10-2018<br>Rs. 41,72,429.50 Intt. and Charges w.e.f. 01-05-2018<br>14-01-2019 | Rs. 19,97,000/-<br>Rs. 1,99,700/-<br>Rs. 10,000/- | ਭੌਤਿਕ ਕਬਜ਼ਾ |
| 9.<br>2025/315<br>PUNB003442PRBH02 | ਜਲਾਲਾਬਾਦ ਪੱਛਮ<br>ਪ੍ਰਭ ਟ੍ਰੇਡਿੰਗ ਕੰਪਨੀ<br>ਸ਼੍ਰੀ ਗੁਰਸੇਵਕ ਸਿੰਘ ਪੁੱਤਰ ਇੰਦਰਜੀਤ ਸਿੰਘ ਸ਼ਾਮ ਰਵਨੀਤ ਕੌਰ ਸੁਪਤਨੀ ਜਸਪਾਲ ਸਿੰਘ ਢਿੱਲੋਂ ਸ਼੍ਰੀਮਤੀ ਰਵਨੀਤ ਕੌਰ ਸੁਪਤਨੀ ਜਸਪਾਲ ਸਿੰਘ ਢਿੱਲੋਂ | ਰਵਨੀਤ ਕੌਰ ਸੁਪਤਨੀ ਜਸਪਾਲ ਸਿੰਘ ਢਿੱਲੋਂ ਦੀ ਮਾਲਕੀ ਹੇਠ 891 ਮਿਤੀ 11.01.2008 ਦੇ ਅਧੀਨ ਖੇਵਟ ਨੰ. 49 ਅਤੇ 50 ਖਤੌਨੀ ਨੰ. 123 ਅਤੇ 124, ਖਸਰਾ ਨੰ: 3783/3376/1691, (0-11) 3783/1/3376/1691 (0-19) ਦੇ ਅਧੀਨ 1 ਕਨਾਲ 10 ਮਰਲੇ ਮਾਪ ਵਾਲੀ ਸਾਦਿਕ, ਜ਼ਿਲ੍ਹਾ ਫਰੀਦਕੋਟ ਵਿਖੇ ਸਥਿਤ ਜ਼ਮੀਨ ਦੀ ਸੰਪੱਤੀ ਦੇ ਸਾਰੇ ਭਾਗ ਅਤੇ ਹਿੱਸੇ। ਵਿਕਰੀ ਡੀਡ ਦੇ ਅਨੁਸਾਰ ਹੱਦਬੰਦੀ :- ਪੂਰਬ:-ਮੈਸ. ਹਰਮਨ ਐਗਰੋ ਐਕਸਪੋਰਟ ਪ੍ਰਾਈਵੇਟ ਲਿਮਟਿਡ, ਪੱਛਮ:-ਮੈਸ. ਹਰਮਨ ਐਗਰੋ ਐਕਸਪੋਰਟ ਪ੍ਰਾਈਵੇਟ ਲਿਮਟਿਡ, ਉੱਤਰ:-ਜੰਡ ਸਾਹਿਬ ਰੋਡ, ਦੱਖਣ:-ਮੁਲਖ ਰਾਜ। **ਖੁਲਾਸਾ:- ਇਹ ਮਿਸ ਪਲਵਿੰਦਰਜੀਤ ਕੌਰ, ਪੀ.ਸੀ.ਐੱਸ. ਸਿਵਲ ਜੱਜ (ਸੀਨੀਅਰ ਜੱਜ) ਫਰੀਦਕੋਟ ਦੀ ਅਦਾਲਤ ਵੱਲੋਂ 17,18,900/- ਰੁਪਏ ਅਤੇ ਰਪਟ ਨੰਬਰ 320 ਮਿਤੀ 21-03-2018 ਰਾਹੀਂ 2% ਵਿਆਜ ਵਿੱਚ ਜ਼ਮੀਨ ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਹੱਕ ਵਿੱਚ ਕੁਰਕ ਕੀਤੀ ਗਈ ਹੈ।** | 17-10-2018<br>Rs. 41,72,429.50 Intt. and Charges w.e.f. 01-05-2018<br>14-01-2019 | Rs. 18,74,000/-<br>Rs. 1,87,400/-<br>Rs. 10,000/- | ਭੌਤਿਕ ਕਬਜ਼ਾ |
| 10.<br>2025/316<br>PUNBLJC56893642 | ਜਲਾਲਾਬਾਦ ਪੱਛਮ (023900)<br>ਮੈਸ. ਅਰੋੜਾ ਰਾਇਸ ਮਿਲਜ਼<br>ਸ਼੍ਰੀ ਬ੍ਰਿਜ ਮੋਹਨ ਸਪੁੱਤਰ ਸ਼੍ਰੀ ਰਾਮ ਚੰਦ, ਸ਼੍ਰੀ ਰਾਮ ਲਾਲ (ਮ੍ਰਿਤਕ) ਸਪੁੱਤਰ ਸ਼੍ਰੀ ਦੌਲਤ ਰਾਮ ਰਾਹੀਂ ਇਸਦੇ ਕਾਨੂੰਨੀ ਵਾਰਸ 1. ਸ਼੍ਰੀ ਅਸ਼ੋਕ ਕੁਮਾਰ ਅਨੇਜਾ ਸਪੁੱਤਰ ਰਾਮ ਲਾਲ, ਸ਼੍ਰੀ ਅਸ਼ੋਕ ਕੁਮਾਰ ਅਨੇਜਾ ਸਪੁੱਤਰ ਰਾਮ ਲਾਲ, ਸ਼ਸ਼ੀ ਬਾਲਾ ਸੁਪਤਨੀ ਅਸ਼ੋਕ ਕੁਮਾਰ ਅਨੇਜਾ ਸ਼੍ਰੀ ਸੁਭਾਸ਼ ਚੰਦਰ ਸਪੁੱਤਰ ਦੌਲਤ ਰਾਮ, ਮੈਸ. ਰਾਮ ਲਾਲ ਓਮ ਪ੍ਰਕਾਸ਼, ਸ਼੍ਰੀ ਰਣਜੀਤ ਸਿੰਘ ਸਪੁੱਤਰ ਜਸਵੰਤ ਸਿੰਘ, ਸ਼੍ਰੀ ਰਾਜਨ ਵਤਸ ਸਪੁੱਤਰ ਸ਼੍ਰੀ ਬ੍ਰਿਜ ਮੋਹਨ ਵਤਸ, ਸ਼੍ਰੀ ਨਵਦੀਪ ਕੁਮਾਰ ਅਸੀਜਾ ਸਪੁੱਤਰ ਰੌਸ਼ਨ ਲਾਲ ਅਸੀਜਾ, ਸ਼੍ਰੀ ਭਰਤ ਵਤਸ ਸਪੁੱਤਰ ਸ਼੍ਰੀ ਬ੍ਰਿਜ ਮੋਹਨ ਵਤਸ, ਸ਼੍ਰੀ ਗੌਰਵ ਅਨੇਜਾ ਸਪੁੱਤਰ ਸ਼੍ਰੀ ਅਸ਼ੋਕ ਅਨੇਜਾ, ਸ਼੍ਰੀ ਅੰਕੁਸ਼ ਅਸੀਜਾ ਸਪੁੱਤਰ ਸ਼੍ਰੀ ਰੌਸ਼ਨ ਲਾਲ, ਸ਼੍ਰੀਮਤੀ ਰਾਜ ਰਾਣੀ ਸੁਪਤਨੀ ਓਮ ਪ੍ਰਕਾਸ਼, ਰਾਮ ਲਾਲ ਅਨੇਜਾ ਫੂਡਜ਼ ਪ੍ਰਾ. ਲਿਮ. | ਸ਼੍ਰੀ ਬ੍ਰਿਜ ਮੋਹਨ ਪੁੱਤਰ ਰਾਮ ਚੰਦ ਦੇ ਨਾਮ ਤੇ ਆਰਟੀਡੀ ਨੰ. 3877 ਮਿਤੀ 30.11.2000 ਦੇ ਅਨੁਸਾਰ ਨਵੀਂ ਅਨਾਜ ਮੰਡੀ, ਜਲਾਲਾਬਾਦ ਪੱਛਮ ਵਿਖੇ ਸਥਿਤ ਕਮਰਸ਼ੀਅਲ ਦੁਕਾਨ ਨੰ. 42 ਮਾਪ 17.3' x 80' ਦਾ ਖੇਤਰ 153.33 ਵਰਗ ਗਜ਼। ਸਾਈਟ/ਮੁਲਾਂਕਣ ਅਨੁਸਾਰ ਹੱਦਬੰਦੀ : ਪੂਰਬ : ਗਲੀ, ਪੱਛਮ : ਐਸਸੀਐਫ ਨੰ. 41, ਉਤਰ : ਸੜਕ, ਦੱਖਣ : ਰਸਤਾ। **ਖੁਲਾਸਾ : ਐਸਏ (ਸੁਰੱਖਿਅਣ ਅਰਜ਼ੀ) ਨੰਬਰ ਐਸਏ 73/2021 ਡੀਆਰਟੀ-1 ਚੰਡੀਗੜ੍ਹ ਵਿਚ ਲੰਬਿਤ ਹੈ।** | 08.07.2020<br>Rs. 16,18,35,324/- Intt. and Charges w.e.f. 01.04.2020<br>08.10.2020 | Rs. 43,40,000/-<br>Rs. 4,34,000/-<br>Rs. 10,000/- | ਸੰਕੇਤਕ ਕਬਜ਼ਾ |
| 11.<br>2025/317<br>PUNBLJC56883874 | ਜਲਾਲਾਬਾਦ ਪੱਛਮ (023900)<br>ਮੈਸ. ਅਰੋੜਾ ਰਾਇਸ ਮਿਲਜ਼<br>ਸ਼੍ਰੀ ਬ੍ਰਿਜ ਮੋਹਨ ਸਪੁੱਤਰ ਸ਼੍ਰੀ ਰਾਮ ਚੰਦ, ਸ਼੍ਰੀ ਰਾਮ ਲਾਲ (ਮ੍ਰਿਤਕ) ਸਪੁੱਤਰ ਸ਼੍ਰੀ ਦੌਲਤ ਰਾਮ ਰਾਹੀਂ ਇਸਦੇ ਕਾਨੂੰਨੀ ਵਾਰਸ 1. ਸ਼੍ਰੀ ਅਸ਼ੋਕ ਕੁਮਾਰ ਅਨੇਜਾ ਸਪੁੱਤਰ ਰਾਮ ਲਾਲ, ਸ਼੍ਰੀ ਅਸ਼ੋਕ ਕੁਮਾਰ ਅਨੇਜਾ ਸਪੁੱਤਰ ਰਾਮ ਲਾਲ, ਸ਼ਸ਼ੀ ਬਾਲਾ ਸੁਪਤਨੀ ਅਸ਼ੋਕ ਕੁਮਾਰ ਅਨੇਜਾ ਸ਼੍ਰੀ ਸੁਭਾਸ਼ ਚੰਦਰ ਸਪੁੱਤਰ ਦੌਲਤ ਰਾਮ, ਮੈਸ. ਰਾਮ ਲਾਲ ਓਮ ਪ੍ਰਕਾਸ਼, ਸ਼੍ਰੀ ਰਣਜੀਤ ਸਿੰਘ ਸਪੁੱਤਰ ਜਸਵੰਤ ਸਿੰਘ, ਸ਼੍ਰੀ ਰਾਜਨ ਵਤਸ ਸਪੁੱਤਰ ਸ਼੍ਰੀ ਬ੍ਰਿਜ ਮੋਹਨ ਵਤਸ, ਸ਼੍ਰੀ ਨਵਦੀਪ ਕੁਮਾਰ ਅਸੀਜਾ ਸਪੁੱਤਰ ਰੌਸ਼ਨ ਲਾਲ ਅਸੀਜਾ, ਸ਼੍ਰੀ ਭਰਤ ਵਤਸ ਸਪੁੱਤਰ ਸ਼੍ਰੀ ਬ੍ਰਿਜ ਮੋਹਨ ਵਤਸ, ਸ਼੍ਰੀ ਗੌਰਵ ਅਨੇਜਾ ਸਪੁੱਤਰ ਸ਼੍ਰੀ ਅਸ਼ੋਕ ਅਨੇਜਾ, ਸ਼੍ਰੀ ਅੰਕੁਸ਼ ਅਸੀਜਾ ਸਪੁੱਤਰ ਸ਼੍ਰੀ ਰੌਸ਼ਨ ਲਾਲ, ਸ਼੍ਰੀਮਤੀ ਰਾਜ ਰਾਣੀ ਸੁਪਤਨੀ ਓਮ ਪ੍ਰਕਾਸ਼, ਰਾਮ ਲਾਲ ਅਨੇਜਾ ਫੂਡਜ਼ ਪ੍ਰਾ. ਲਿਮ. | ਸ਼੍ਰੀਮਤੀ ਸ਼ਸ਼ੀ ਬਾਲਾ ਦੀ ਮਾਲਕੀ ਹੇਠ ਆਰਟੀਡੀ ਨੰ. 1399 ਮਿਤੀ 19.10.2015 ਵਾਲਾ ਜਲਾਲਾਬਾਦ ਪੱਛਮ ਵਿਖੇ ਮੋਹਕਮ ਅਰਾਈ ਰੋਡ, ਨੇੜੇ ਲਾਲ ਬੱਤੀ ਚੌਕ ਵਿਖੇ 20'x80' ਮਾਪ ਵਾਲਾ ਇੱਕ ਕਾਰਨਰ ਪਲਾਟ। | 08.07.2020<br>Rs. 16,18,35,324/- Intt. and Charges w.e.f. 01.04.2020<br>08.10.2020 | Rs. 69,36,000/-<br>Rs. 6,93,600/-<br>Rs. 10,000/- | ਸੰਕੇਤਕ ਕਬਜ਼ਾ |
| 12.<br>2025/318<br>PUNBABA37798491 | ਮਲੋਟ ਮੇਨ-033700<br>ਮੈਸ. ਸੂਰੀਆ ਇੰਡਸਟ੍ਰੀਜ਼<br>ਪੂਜਾ ਕਥੂਰੀਆ ਸੁਪਤਨੀ ਮੁਨੀਸ਼ ਕਥੂਰੀਆ, ਵੀਨਾ ਕਥੂਰੀਆ ਸੁਪਤਨੀ ਸਤਿੰਦਰ ਕਥੂਰੀਆ | ਸ੍ਰੀਮਤੀ ਵੀਨਾ ਕਥੂਰੀਆ ਪਤਨੀ ਸਤਿੰਦਰ ਕਥੂਰੀਆ ਦੇ ਨਾਮ 'ਤੇ ਮੰਡੀ ਸ਼ੇਖੂ, ਤਹਿਸੀਲ ਮਲੋਟ, ਜ਼ਿਲ੍ਹਾ ਮੁਕਤਸਰ ਸਾਹਿਬ ਦੇ ਮਾਲ ਖੇਤਰ ਅੰਦਰ ਮਲੋਟ ਵਿਖੇ ਸਥਿਤ ਵਸੀਕਾ ਨੰਬਰ 2997 ਮਿਤੀ 08.11.2005 ਦੇ ਅਧੀਨ ਜਮ੍ਹਾਂਬੰਦੀ 2004-05 ਦੇ ਅਨੁਸਾਰ ਖਸਰਾ ਨੰ. 2/353/8 (222-2) ਖੇਵਟ ਨੰ. 652, ਖਤੌਨੀ ਨੰ. 668 (ਜਮ੍ਹਾਂਬੰਦੀ 2019-20 ਦੇ ਅਨੁਸਾਰ) ਖੇਵਟ ਨੰ. 685, ਖਤੌਨੀ ਨੰ. 691 ਅਤੇ ਜਮ੍ਹਾਂਬੰਦੀ ਸਾਲ 2014-15 ਅਨੁਸਾਰ ਖੇਵਟ ਨੰ. 677 ਖਤੌਨੀ ਨੰ. 682) ਵਿਚ ਸ਼ਾਮਲ 222 ਵਰਗ ਗਜ਼ 2 ਵਰਗ ਫੁੱਟ ਕੁੱਲ ਰਕਬੇ ਦੇ 150/2000 ਹਿੱਸੇ ਵਜੋਂ 16 ਵਰਗ ਗਜ਼ 6 ਵਰਗ ਫੁੱਟ ਭਾਵ 10x15= 150 ਵਰਗ ਫੁੱਟ ਮਾਪ ਵਾਲੀ ਵਪਾਰਕ ਅਚੱਲ ਸੰਪੱਤੀ, ਦੁਕਾਨ ਦੇ ਸਾਰ ਭਾਗ ਅਤੇ ਕੁੱਝ ਹਿੱਸੇ। ਹੱਦਬੰਦੀ : ਉਤਰ : ਅਸ਼ੋਕ ਕੁਮਾਰ, ਦੱਖਣ : ਤਹਿਸੀਲ ਰੋਡ, ਪੂਰਬ : ਗਲੀ, ਪੱਛਮ : ਹੋਰ ਦੀ ਸੰਪੱਤੀ। | 01.09.2018<br>Rs. 6832716 Intt. and Charges w.e.f. 31.08.2018<br>12.11.2018 | Rs. 20,80,000/-<br>Rs. 2,08,000/-<br>Rs. 10,000/- | ਸੰਕੇਤਕ ਕਬਜ਼ਾ |
| 13.<br>2025/319<br>PUNBAKB25730638 | 017400-ਫਾਜ਼ਿਲਕਾ ਮੇਨ, ਪੰਜਾਬ<br>ਮੈਸ. ਗਣਪਤੀ ਫੂਡਜ਼<br>ਸ਼੍ਰੀ ਵਿਜੇ ਛਾਬੜਾ ਸਪੁੱਤਰ ਦੀਵਾਨ ਚੰਦ, ਸ਼੍ਰੀ ਰਾਜ ਕੁਮਾਰ ਸਪੁੱਤਰ ਰਾਮ ਚੰਦ, ਹਾਰਦਿਕ ਛਾਬੜਾ ਸਪੁੱਤਰ ਸ਼੍ਰੀ ਵਿਜੇ ਛਾਬੜਾ, ਸ਼੍ਰੀਮਤੀ ਅਨੂੰ ਛਾਬੜਾ ਸੁਪਤਨੀ ਵਿਜੇ ਛਾਬੜਾ, ਸ਼੍ਰੀਮਤੀ ਮਮਤਾ ਰਾਣੀ ਸੁਪਤਨੀ ਅਸ਼ੋਕ ਕੁਮਾਰ, ਸ਼੍ਰੀਮਤੀ ਕਮਲਾ ਦੇਵੀ ਸੁਪਤਨੀ ਸ਼੍ਰੀ ਰਾਮ ਚੰਦ। | **ਲੜੀ ਨੰ. 1-** ਆਰਟੀਡੀ ਨੰਬਰ 132 ਅਤੇ 133 ਮਿਤੀ 11.04.2001 ਦੇ ਅਧੀਨ ਸ੍ਰੀਮਤੀ ਕਮਲਾ ਦੇਵੀ ਸੁਪਤਨੀ ਰਾਮ ਚੰਦਰ ਅਤੇ ਸ੍ਰੀ ਰਾਜ ਕੁਮਾਰ ਸਪੁੱਤਰ ਰਾਮ ਚੰਦਰ ਦੀ ਮਾਲਕੀ ਹੇਠ ਫਰਮ ਨੰ. 14, ਜੰਗਲੀਆ ਸਟ੍ਰੀਟ, ਨੇੜੇ ਘਾਸ ਮੰਡੀ, ਫਾਜ਼ਿਲਕਾ, ਤਹਿਸੀਲ ਅਤੇ ਜ਼ਿਲ੍ਹਾ ਫਾਜ਼ਿਲਕਾ ਵਿਖੇ ਸਥਿਤ 2160 ਵਰਗ ਫੁੱਟ (36'X60') ਮਾਪ ਵਾਲੇ ਦੋ ਮੰਜ਼ਿਲਾ ਰਿਹਾਇਸ਼ੀ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ। ਹੱਦਬੰਦੀ : ਪੂਰਬ : ਮਹਿੰਦਰਾ ਪ੍ਰਸ਼ਾਦ ਦਾ ਮਕਾਨ, ਪੱਛਮ : ਗਲੀ, ਉਤਰ : ਮਾਮਨ ਚੰਦ ਦਾ ਮਕਾਨ, ਦੱਖਣ : ਗਲੀ | 12.04.2018<br>Rs. 69464173.74 Intt. and Charges w.e.f. 01.04.2018<br>19.02.2021 | Rs. 1,07,16,000/-<br>Rs. 10,71,600/-<br>Rs. 1,00,000/- | ਸੰਕੇਤਕ ਕਬਜ਼ਾ |
| 14.<br>2025/320<br>PUNBAKB25710947 | 017400-ਫਾਜ਼ਿਲਕਾ ਮੇਨ, ਪੰਜਾਬ<br>ਮੈਸ. ਗਣਪਤੀ ਫੂਡਜ਼<br>ਸ਼੍ਰੀ ਵਿਜੇ ਛਾਬੜਾ ਸਪੁੱਤਰ ਦੀਵਾਨ ਚੰਦ, ਸ਼੍ਰੀ ਰਾਜ ਕੁਮਾਰ ਸਪੁੱਤਰ ਰਾਮ ਚੰਦ, ਹਾਰਦਿਕ ਛਾਬੜਾ ਸਪੁੱਤਰ ਸ਼੍ਰੀ ਵਿਜੇ ਛਾਬੜਾ, ਸ਼੍ਰੀਮਤੀ ਅਨੂੰ ਛਾਬੜਾ ਸੁਪਤਨੀ ਵਿਜੇ ਛਾਬੜਾ, ਸ਼੍ਰੀਮਤੀ ਮਮਤਾ ਰਾਣੀ ਸੁਪਤਨੀ ਅਸ਼ੋਕ ਕੁਮਾਰ, ਸ਼੍ਰੀਮਤੀ ਕਮਲਾ ਦੇਵੀ ਸੁਪਤਨੀ ਸ਼੍ਰੀ ਰਾਮ ਚੰਦ। | **ਲੜੀ ਨੰ.2-** ਆਰਟੀਡੀ ਨੰਬਰ 3782 ਮਿਤੀ 06.02.2015 ਦੇ ਅਧੀਨ ਸ੍ਰੀ ਰਾਜ ਕੁਮਾਰ ਸਪੁੱਤਰ ਰਾਮ ਚੰਦਰ ਦੀ ਮਾਲਕੀ ਹੇਠ ਮਹੇਸ਼ਵਰੀ ਸਟ੍ਰੀਟ, ਸਾਹਮਣੇ ਭਗਵਤੀ ਆਸ਼ਰਮ (ਨੇੜੇ ਆਸ਼ਰਮ ਗਿਆਨੀ ਗੁਰਬਖਸ਼ ਸਿੰਘ) ਵਿਖੇ ਸਥਿਤ 2000 ਵਰਗ ਫੁੱਟ (25'x80') ਮਾਪ ਵਾਲੇ ਰਿਹਾਇਸ਼ੀ ਪਲਾਟ ਦੇ ਸਾਰੇ ਭਾਗ ਅਤੇ ਹਿੱਸੇ। ਹੱਦਬੰਦੀ : ਪੂਰਬ : ਕਿਰਪਾਲ ਸਿੰਘ ਦਾ ਮਕਾਨ, ਪੱਛਮ : ਬੰਕਤ ਲਾਲ ਇੰਦਰ ਚੰਦ ਦਾ ਮਕਾਨ, ਉਤਰ : ਗੰਗਾ ਪ੍ਰਸ਼ਾਦ ਦਾ ਮਕਾਨ, ਦੱਖਣ : ਗਲੀ | 12.04.2018<br>Rs. 69464173.74 Intt. and Charges w.e.f. 01.04.2018<br>19.02.2021 | Rs. 48,02,000/-<br>Rs. 4,80,200/-<br>Rs. 10,000/- | ਸੰਕੇਤਕ ਕਬਜ਼ਾ |
| 15.<br>2025/321<br>PUNBAKB25720776 | 017400-ਫਾਜ਼ਿਲਕਾ ਮੇਨ, ਪੰਜਾਬ<br>ਮੈਸ. ਗਣਪਤੀ ਫੂਡਜ਼<br>ਸ਼੍ਰੀ ਵਿਜੇ ਛਾਬੜਾ ਸਪੁੱਤਰ ਦੀਵਾਨ ਚੰਦ, ਸ਼੍ਰੀ ਰਾਜ ਕੁਮਾਰ ਸਪੁੱਤਰ ਰਾਮ ਚੰਦ, ਹਾਰਦਿਕ ਛਾਬੜਾ ਸਪੁੱਤਰ ਸ਼੍ਰੀ ਵਿਜੇ ਛਾਬੜਾ, ਸ਼੍ਰੀਮਤੀ ਅਨੂੰ ਛਾਬੜਾ ਸੁਪਤਨੀ ਵਿਜੇ ਛਾਬੜਾ, ਸ਼੍ਰੀਮਤੀ ਮਮਤਾ ਰਾਣੀ ਸੁਪਤਨੀ ਅਸ਼ੋਕ ਕੁਮਾਰ, ਸ਼੍ਰੀਮਤੀ ਕਮਲਾ ਦੇਵੀ ਸੁਪਤਨੀ ਸ਼੍ਰੀ ਰਾਮ ਚੰਦ। | **ਲੜੀ ਨੰ.3-** ਆਰਟੀਡੀ ਨੰਬਰ 5791 ਮਿਤੀ 01.02.2011 ਦੇ ਅਧੀਨ ਸ੍ਰੀਮਤੀ ਮਮਤਾ ਰਾਣੀ ਸੁਪਤਨੀ ਅਸ਼ੋਕ ਕੁਮਾਰ ਦੀ ਮਾਲਕੀ ਹੇਠ ਪਲਾਟ ਨੰ. 44, ਬਲਾਕ-ਏ, ਮੁੱਖ ਗਲੀ, ਵਿਜੇ ਕਲੋਨੀ, ਤਹਿਸੀਲ ਅਤੇ ਜ਼ਿਲ੍ਹਾ ਫਾਜ਼ਿਲਕਾ ਵਿਖੇ ਸਥਿਤ 2240 ਵਰਗ ਫੁੱਟ (32'x70') ਮਾਪ ਵਾਲੇ ਦੋ ਮੰਜ਼ਿਲਾ ਰਿਹਾਇਸ਼ੀ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ। ਹੱਦਬੰਦੀ : ਪੂਰਬ : ਗਲੀ, ਪੱਛਮ : ਖਾਲੀ ਪਲਾਟ, ਉਤਰ : ਅਸ਼ੋਕ ਕੁਮਾਰ ਦੀ ਸੰਪੱਤੀ, ਦੱਖਣ : ਰੇਖਾ ਰਾਣੀ ਸੁਪਤਨੀ ਰਮੇਸ਼ ਕੁਮਾਰ ਦੀ ਸੰਪੱਤੀ। | 12.04.2018<br>Rs. 69464173.74 Intt. and Charges w.e.f. 01.04.2018<br>19.02.2021 | Rs. 73,14,000/-<br>Rs. 7,31,400/-<br>Rs. 10,000/- | ਸੰਕੇਤਕ ਕਬਜ਼ਾ |
| 16.<br>2025/322<br>PUNB65U28180270 | 075900-ਲੱਧੂਕਾ ਮੰਡੀ<br>ਮੈਸ. ਵਰਵਾਲ ਟ੍ਰੇਡਿੰਗ ਕੰਪਨੀ<br>ਪਰਮਜੀਤ ਸਿੰਘ ਸਪੁੱਤਰ ਮੰਗਲ ਸਿੰਘ, ਊਸ਼ਾ ਰਾਣੀ ਸੁਪਤਨੀ ਪਰਮਜੀਤ ਸਿੰਘ | 10 ਮਰਲੇ ਮਾਪ ਵਾਲੀ ਰਿਹਾਇਸ਼ੀ ਸੰਪੱਤੀ<br>(1) ਰੈਕਟ ਨੰ. 15, ਕਿਲਾ ਨੰ. 16/2 ਮਿਨ (4-0), ਖੇਵਟ ਨੰ. 70, ਖਤੌਨੀ ਨੰ. 96 ਵਿਚ ਸ਼ਾਮਲ 04 ਕਨਾਲ ਮਾਪ ਵਾਲੇ ਕੁੱਲ ਰਕਬੇ ਦੇ 1/9 ਹਿੱਸੇ ਵਜੋਂ 8 ਮਰਲੇ 08 ਸਰਸਾਹੀ ਅਤੇ (2) ਸ਼੍ਰੀਮਤੀ ਊਸ਼ਾ ਰਾਣੀ ਸੁਪਤਨੀ ਸ਼੍ਰੀ ਪਰਮਜੀਤ ਸਿੰਘ ਦੀ ਮਾਲਕੀ ਹੇਠ ਉਪਲਬਧ ਬੈਂਕ ਰਿਕਾਰਡ ਦੇ ਅਨੁਸਾਰ ਆਰਟੀਡੀ ਨੰ 1523 ਮਿਤੀ 18.07.2017 ਦੇ ਅਧੀਨ ਪਿੰਡ ਲੱਖੇ ਕੇ ਉਤਾੜ, ਤਹਿਸੀਲ ਅਤੇ ਜ਼ਿਲ੍ਹਾ ਫਾਜ਼ਿਲਕਾ (ਪੰਜਾਬ) ਵਿਖੇ ਸਥਿਤ ਸਾਲ 2017-2018 ਦੇ ਲਈ ਜਮ੍ਹਾਂਬੰਦੀ ਅਧੀਨ ਰੈਕਟ ਨੰ. 15, ਕਿਲਾ ਨੰ. 16/2 ਮਿਨ (2-0), ਖੇਵਟ ਨੰ. 70, ਖਤੌਨੀ ਨੰ. 99 ਵਿਚ ਸ਼ਾਮਲ 02 ਕਨਾਲ ਮਾਪ ਵਾਲੇ ਕੁੱਲ ਰਕਬੇ ਦੇ 10/360 ਹਿੱਸੇ ਵਜੋਂ 01 ਮਰਲਾ 01 ਸਰਸਾਹੀ ਮਾਪ ਵਾਲੀ ਸੰਪੱਤੀ। ਹੱਦਬੰਦੀ : ਪੂਰਬ ਵੱਲੋਂ : ਦੇਸ ਸਿੰਘ ਦੀ ਸੰਪੱਤੀ, ਪੱਛਮ ਵੱਲੋਂ : ਜੰਗੀਰ ਸਿੰਘ ਅਤੇ ਅਮਰ ਸਿੰਘ ਦਾ ਮਕਾਨ, ਉਤਰ ਵੱਲੋਂ : ਦਰਸ਼ਨ ਸਿੰਘ ਦੀ ਸੰਪੱਤੀ, ਦੱਖਣ : ਗਲੀ। | 04-04-2022<br>Rs. 14,05,731.64 Intt. and Charges w.e.f. 01-04-2022<br>01-07-2022 | Rs. 16,94,000/-<br>Rs. 1,69,400/-<br>Rs. 10,000/- | ਸੰਕੇਤਕ ਕਬਜ਼ਾ |
| 17.<br>2025/323<br>PUNB77K10324577 | (ਕੋਟਕਪੂਰਾ ਮੇਨ-027300)<br>ਰਮੇਸ਼ ਕੁਮਾਰ ਸਪੁੱਤਰ ਬਾਬੂ ਰਾਮ<br>ਰਮੇਸ਼ ਕੁਮਾਰ ਸਪੁੱਤਰ ਬਾਬੂ ਰਾਮ, ਅਨੀਤਾ ਕੁਮਾਰ ਕਪਿਲਾ ਸੁਪਤਨੀ ਰਮੇਸ਼ ਕੁਮਾਰ, ਆਨੀਆ ਕਪਿਲਾ ਸਪੁੱਤਰੀ ਰਮੇਸ਼ ਕੁਮਾਰ ਕਪਿਲਾ, ਰਾਜਨ ਪੱਬੀ ਸਪੁੱਤਰ ਮਦਨ ਕਿਸ਼ੋਰ ਪੱਬੀ | ਰਿਹਾਇਸ਼ੀ ਘਰ ਦੇ ਬਰਾਬਰ ਗਿਰਵੀਨਾਮੇ ਦੇ ਸਾਰੇ ਹਿੱਸੇ ਅਤੇ ਪਾਰਸਲ ਜੋ ਕਿ 04 ਮਰੀਆਂ (120 ਵਰਗ ਗਜ਼) ਮਾਪਦੇ ਹਨ, 83 ਕਨਾਲ-14 ਮਰਲੇ ਮੁਰੱਬਾ ਨੰਬਰ 257, ਕਿਲਾ ਨੰਬਰ 7/2/0-15, ਮੁਰੱਬਾ ਨੰਬਰ 313 ਕਿਲਾ ਨੰਬਰ 1/8-0,10/4-11, ਮੁਰੱਬਾ ਨੰਬਰ 314 ਕਿਲਾ ਨੰਬਰ 5/8-0 ਅਤੇ ਖਸਰਾ ਨੰਬਰ 2374/10-18, 2378 ਮਿਨ/9-6, 2385 ਮਿਨ/8-13, 2394/1-13, 2387/8-0, ਮੁਰੱਬਾ ਨੰਬਰ 1257 ਕਿਲਾ ਨੰਬਰ 7/3/1/0-15, 7/1/2-8, 7/3/2/0-15, ਦੇ 4/1674 ਹਿੱਸੇ ਹਨ 17/3/3/0-17, 7/5/2-10, 3/1/1-5, 3/2/0-15, ਮੁਰੱਬਾ ਨੰਬਰ 314 ਕਿਲਾ ਨੰਬਰ 6/6-4, ਮੁਰੱਬਾ ਨੰਬਰ 257 ਕਿਲਾ ਨੰਬਰ 3/3/1/2/0-9, 8/2/0-5, 3/3/1/1/2/0-18, 3/2/2/1-1, 3/3/1/1/2/0-18 ਖੇਵਟ ਨੰਬਰ 254 । ਮਿਤੀ 06.01.2015 ਨੂੰ ਅਨੀਤਾ ਕਪਿਲਾ ਪਤਨੀ ਰਮੇਸ਼ ਕੁਮਾਰ ਦੇ ਨਾਮ 'ਤੇ ਸਬ ਰਜਿਸਟਰਾਰ ਦਫ਼ਤਰ ਕੋਟਕਪੂਰਾ ਵਿੱਚ ਰਜਿਸਟਰਡ ਜਾਇਦਾਦ ਵਿਕਰੀ ਡੀਡ ਨੰਬਰ 2769 ਰਾਹੀਂ। ਜਿਸ ਵਿੱਚ ਪਲਾਟ ਨੰਬਰ 8 ਰਾਮ ਲਛਮਣ ਐਨਕਲੇਵ ਸਿੱਖਾਂ ਵਾਲਾ ਰੋਡ, ਗਲੀ ਨੰਬਰ 3, ਆਦਰਸ਼ ਨਗਰ, ਪਿਛਲੀ ਸਾਈਡ ਟੈਂਡਰੀ ਅਗਰਵਾਲ ਬਾਜ਼ਾਰ, ਕੋਟਕਪੂਰਾ, ਜ਼ਿਲ੍ਹਾ-ਫਰੀਦਕੋਟ ਪੰਜਾਬ ਸ਼ਾਮਲ ਹੈ। ਉੱਤਰ- ਪੌੜਾ 16' ਦੱਖਣ-ਜੀਰੋ ਪੁਆਇੰਟ ਅਤੇ ਸੱਜਾ ਕੋਣ ਵਾਲਾ ਪਾਸਾ 16' ਪੂਰਬ-ਸਵੇ ਪਾਸਾ 56' ਪੱਛਮ-ਪਰਵੀਨ ਕੁਮਾਰੀ ਵਾਲਾ ਪਾਸਾ 85' ਖੁਲਾਸਾ:-ਸੇਲ ਡੀਡ ਦੇ ਅਨੁਸਾਰ, ਬਿਨੈਕਾਰ/ਕਰਜ਼ਾ ਲੈਣ ਵਾਲਾ 120 ਵਰਗ ਗਜ਼ ਦਾ ਮਾਲਕ ਹੈ, ਪਰ ਨਵੀਨਤਮ ਮਾਲੀਆ ਰਿਕਾਰਡ ਜਮਾਂਬੰਦੀ ਸਾਲ 2019-20 ਦੇ ਅਨੁਸਾਰ, ਬਿਨੈਕਾਰ/ਕਰਜ਼ਾ ਲੈਣ ਵਾਲੇ ਨੂੰ 114 ਵਰਗ ਗਜ਼ ਦਾ ਮਾਲਕ ਦਿਖਾਇਆ ਗਿਆ ਹੈ। | 09-06-2021<br>Rs. 1571710.98 Intt. and Charges w.e.f. 01-04-2021<br>18-12-2021 | Rs. 20,67,500/-<br>Rs. 2,06,750/-<br>Rs. 10,000/- | ਸੰਕੇਤਕ ਕਬਜ਼ਾ |
| 18.<br>2025/324<br>PUNBABA47491187 | ਫਰੀਦਕੋਟ ਸ਼ਹਿਰ-016800<br>ਮੇਹਰ ਸਿੰਘ ਸਪੁੱਤਰ ਸ੍ਰੀ ਹਾਕਮ ਸਿੰਘ<br>ਸ੍ਰੀ ਸੁਖਪ੍ਰੀਤ ਸਿੰਘ ਸਪੁੱਤਰ ਸਵਰਗੀ ਸ੍ਰੀ ਮੇਹਰ ਸਿੰਘ, ਮਿਸ ਹਰਪ੍ਰੀਤ ਕੌਰ ਸਪੁੱਤਰੀ ਸਵਰਗੀ ਸ੍ਰੀ ਮੇਹਰ ਸਿੰਘ, ਮਿਸ ਗੁਰਪ੍ਰੀਤ ਕੌਰ ਸਪੁੱਤਰੀ ਸਵਰਗੀ ਸ੍ਰੀ ਮੇਹਰ ਸਿੰਘ। | ਸ੍ਰੀ ਮੇਹਰ ਸਿੰਘ ਸਪੁੱਤਰ ਸ੍ਰੀ ਹਾਕਮ ਸਿੰਘ ਦੀ ਮਲਕੀਅਤ ਵਾਲੀ ਨੇੜੇ ਸਰਕਾਰੀ ਪ੍ਰਾਇਮਰੀ ਸਕੂਲ ਗਲੀ ਨੰਬਰ 2, ਦਸਮੇਸ਼ ਨਗਰ, ਟੀਚਰ ਕਲੋਨੀ, ਓਲਡ ਕੈਂਟ ਰੋਡ, ਮਚਾਕੀ ਮਲ ਸਿੰਘ ਰੋਡ, ਫਰੀਦਕੋਟ ਵਿਖੇ ਖਸਰਾ ਨੰਬਰ 7708/16-0, 7709/16-0, 10333/7713/4-0, 10335/7714/4-0, 10337/7715/5-4, 10323/7711/4-8, 10324/7711/0-3, 10325/7711/0-4, 10328/7711/0-18, 10331/7712/4-0, 10323/7711/09, ਖੇਵਟ ਨੰਬਰ 309, ਖਤੌਨੀ ਨੰਬਰ 507 ਵਿਚ ਸ਼ਾਮਲ 55 ਕੈਨਾਲ 06 ਮਰਲੇ ਦਾ 4/1106 ਹਿੱਸਾ ਯਾਨੀ ਕਿ 125 ਵਰਗ ਗਜ ਵਾਲੀ ਰਿਹਾਇਸ਼ੀ ਸੰਪਤੀ ਦੇ ਸਾਰੇ ਭਾਗ ਅਤੇ ਹਿੱਸੇ। ਹਦਬੰਦੀ : ਉਤਰ: ਗਲੀ, ਦੱਖਣ : ਗੁਰਦੀਪ ਕੌਰ ਦੀ ਸੰਪਤੀ, ਪੂਰਬ : ਜੱਸਾ ਸਿੰਘ ਦੀ ਸੰਪਤੀ, ਪੱਛਮ : ਜੱਗਾ ਸਿੰਘ ਦੀ ਸੰਪਤੀ, | 09.09.2021<br>Rs. 8,28,962.41 Intt. and Charges w.e.f. 01-09-2021<br>17.03.2022 | Rs. 9,96,000/-<br>Rs. 99,600/-<br>Rs. 10,000/- | ਸੰਕੇਤਕ ਕਬਜ਼ਾ |

**ਇਹ ਵਿਕਰੀ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ 2002 ਵਿੱਚ ਨਿਰਧਾਰਤ ਨਿਯਮਾਂ ਅਤੇ ਸ਼ਰਤਾਂ ਅਤੇ ਹੇਠ ਲਿਖੀਆਂ ਹੋਰ ਸ਼ਰਤਾਂ ਦੇ ਅਧੀਨ ਹੋਵੇਗੀ:**
1. ਸੰਪੱਤੀਆਂ 'ਜਿਵੇਂ ਹੈ ਜਿਥੇ ਹੈ ਆਧਾਰ' ਅਤੇ 'ਜਿਵੇਂ ਹੈ ਜੋ ਹੈ ਆਧਾਰ' ਅਤੇ "ਜੋ ਵੀ ਉਥੇ ਹੈ ਆਧਾਰ" 'ਤੇ ਵੇਚੀਆਂ ਜਾ ਰਹੀਆਂ ਹਨ।
2. ਉਕਤ ਦਰਸਾਈ ਸੂਚੀ ਵਿਚ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਦੇ ਵੇਰਵੇ ਅਧਿਕਾਰਤ ਅਧਿਕਾਰੀ ਦੀ ਸਰਵੋਤਮ ਜਾਣਕਾਰੀ ਲਈ ਦਰਸਾਏ ਗਏ ਹਨ, ਪ੍ਰੰਤੂ ਅਧਿਕਾਰਤ ਅਧਿਕਾਰੀ ਇਸ ਐਲਾਨਨਾਮੇ ਵਿਚ ਕਿਸੇ ਵੀ ਤਰੁੱਟੀ, ਗਲਤ ਬਿਆਨੀ ਜਾਂ ਕਟੌਤੀ ਲਈ ਜੁਆਬਦੇਹ ਨਹੀਂ ਹੋਵੇਗਾ।
3. ਵਿਕਰੀ ਵੈੱਬਸਾਈਟ 'ਤੇ ਪ੍ਰਦਾਨ ਕੀਤੇ ਗਏ ਈ-ਨਿਲਾਮੀ ਪਲੇਟਫਾਰਮ ਰਾਹੀਂ ਹੇਠ ਹਸਤਾਖਰਕਰਤਾ ਦੁਆਰਾ ਕੀਤੀ ਜਾਵੇਗੀ https://baanknet.com ਲਈ 14.05.2025 ਨੂੰ ਸਵੇਰੇ 11:00 ਵਜੇ ਤੋਂ ਸ਼ਾਮ 04:00 ਵਜੇ ਤੱਕ।
4. ਪਹਿਲੀ ਬੋਲੀ ਰਿਜ਼ਰਵ ਕੀਮਤ ਤੋਂ ਵੱਧ ਰਕਮ 'ਤੇ ਸ਼ੁਰੂ ਹੋਣੀ ਚਾਹੀਦੀ ਹੈ।
5. ਸਾਰੇ ਕਾਨੂੰਨੀ ਬਕਾਏ/ਅਟੈਂਡੈਂਟ ਚਾਰਜ/ਰਜਿਸਟ੍ਰੇਸ਼ਨ ਚਾਰਜ, ਸਟੈਂਪ ਡਿਊਟੀ, ਜੀਐਸਟੀ, ਟੈਕਸ ਆਦਿ ਸਮੇਤ ਹੋਰ ਬਕਾਏ ਖਰੀਦਦਾਰ ਦੁਆਰਾ ਸਹਿਣ ਕੀਤੇ ਜਾਣਗੇ।
6. ਫਾਰਮ 16ਬੀ 'ਤੇ ਟੀਡੀਐਸ ਦਾ ਟੀਡੀਐਸ ਸਰਟੀਫਿਕੇਟ ਬਾਅਦ ਵਿੱਚ ਬੈਂਕ ਨੂੰ ਜਮ੍ਹਾ ਕਰਨਾ ਹੋਵੇਗਾ। ਜਿੱਥੇ ਜਾਇਦਾਦ ਦੀ ਵਿਕਰੀ ਕੀਮਤ 50.00 ਲੱਖ ਰੁਪਏ ਅਤੇ ਇਸ ਤੋਂ ਵੱਧ ਹੈ, ਨਿਲਾਮੀ ਖਰੀਦਦਾਰ ਨੂੰ ਆਮਦਨ ਕਰ ਐਕਟ ਦੀ ਧਾਰਾ 194 ਆਈਏ ਦੇ ਅਨੁਸਾਰ ਆਮਦਨ ਕਰ ਵਿਭਾਗ ਨੂੰ ਟੀਡੀਐਸ ਭੇਜਣਾ ਪਵੇਗਾ। ਵਿਕਰੀ ਸਰਟੀਫਿਕੇਟ ਸਿਰਫ ਫਾਰਮ ਨੰਬਰ 26QB ਅਤੇ ਚਲਾਨ ਦੀ ਰਸੀਦ ਜਾਰੀ ਕੀਤੀ ਜਾਵੇਗੀ।
7. ਸੰਪੱਤੀ/ਆਂ ਦੇ ਉਪਰ ਕੋਈ ਵੀ ਦੇਣਦਾਰੀਆਂ ਬੈਂਕ/ਸੁਰੱਖਿਅਤ ਕਰਜ਼ਦਾਤਾ ਦੀ ਜਾਣਕਾਰੀ ਵਿਚ ਨਹੀਂ ਹਨ।
8. ਅਧਿਕਾਰਤ ਅਧਿਕਾਰੀ ਕਿਸੇ ਵੀ ਸਮੇਂ ਸਾਰੀਆਂ ਬੋਲੀਆਂ ਨੂੰ ਸਵੀਕਾਰ ਕਰਨ ਜਾਂ ਰੱਦ ਕਰਨ ਦਾ ਅਧਿਕਾਰ ਰੱਖਦਾ ਹੈ, ਜੇਕਰ ਸਵੀਕਾਰਯੋਗ ਨਹੀਂ ਪਾਇਆ ਜਾਂਦਾ ਹੈ ਜਾਂ ਬਿਨਾਂ ਕਿਸੇ ਕਾਰਨ ਦੱਸੇ ਨਿਲਾਮੀ ਦੀਆਂ ਸ਼ਰਤਾਂ ਨੂੰ ਮੁਲਤਵੀ/ਰੱਦ/ਮੁਲਤਵੀ/ਬੰਦ ਕਰਨ ਜਾਂ ਬਦਲਣ ਦਾ ਅਧਿਕਾਰ ਰੱਖਦਾ ਹੈ ਅਤੇ ਇਸ ਸਬੰਧ ਵਿੱਚ ਉਸਦਾ ਫੈਸਲਾ ਅੰਤਿਮ ਹੋਵੇਗਾ।
9. ਵਿਕਰੀ ਦੇ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ **support.baanknet@psballiance.com** +9182912 20220 ਅਤੇ **www.pnbindia.in** ਵੇਖੋ ਜਾਂ ਸਾਡੇ ਅਫਸਰ, ਫਾਜ਼ਿਲਕਾ ਨਾਲ ਫ਼ੋਨ ਨੰਬਰ 01638-500164, ਜਾਂ ਮੁੱਖ ਪ੍ਰਬੰਧਕ ਸ਼੍ਰੀ ਸ਼ੈਲੇਸ਼ ਕੁਮਾਰ, ਮੋਬਾਈਲ ਨੰਬਰ 8174809918 ਅਤੇ ਮੈਨੇਜਰ ਸ੍ਰੀ ਸਾਹਿਲ ਮੁੰਜਾਲ, ਮੋਬਾਈਲ ਨੰਬਰ 97837-06366, ਈਮੇਲ ਆਈਡੀ: **cs8225@pnb.co.in** 'ਤੇ ਸੰਪਰਕ ਕਰੋ ।

ਮਿਤੀ : 24.04.2025 ਸਥਾਨ : ਫਾਜ਼ਿਲਕਾ **ਅਧਿਕਾਰਤ ਅਧਿਕਾਰੀ, ਪੰਜਾਬ ਨੈਸ਼ਨਲ ਬੈਂਕ**

**ਸਰਫਾਇਸੀ ਐਕਟ 2002 ਦੇ ਨਿਯਮ 8(6) ਅਧੀਨ 15 ਰੋਜ਼ਾ ਵਿਧਾਨਕ ਵਿਕਰੀ ਸੂਚਨਾ**

# ਕੈਬਨਿਟ ਸਬ-ਕਮੇਟੀ ਵੱਲੋਂ ਮੁਲਾਜ਼ਮ ਯੂਨੀਅਨਾਂ ਨਾਲ ਵਿਆਪਕ ਚਰਚਾ, ਜਾਇਜ਼ ਮੁੱਦਿਆਂ ਦੇ ਜਲਦੀ ਹੱਲ ਦਾ ਦਿੱਤਾ ਭਰੋਸਾ



ਚੰਡੀਗੜ੍ਹ, 24 ਅਪ੍ਰੈਲ (ਚ.ਨ.ਸ.) : ਮੁਲਾਜ਼ਮਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਰਗਰਮ ਕਦਮ ਚੁੱਕਦਿਆਂ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਅਤੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਸ਼ਮੂਲੀਅਤ ਵਾਲੀ ਕੈਬਨਿਟ ਸਬ-ਕਮੇਟੀ ਨੇ ਅੱਜ ਸਿੱਖਿਆ ਵਿਭਾਗ ਨਾਲ ਸਬੰਧਤ 8 ਯੂਨੀਅਨਾਂ ਸਮੇਤ 10 ਮੁਲਾਜ਼ਮ ਯੂਨੀਅਨਾਂ ਨਾਲ ਮੀਟਿੰਗਾਂ ਕੀਤੀਆਂ। ਪੰਜਾਬ ਭਵਨ ਵਿਖੇ ਲਗਭਗ ਚਾਰ ਘੰਟੇ ਚੱਲੀਆਂ ਇਹ ਮੀਟਿੰਗਾਂ ਮੁਲਾਜ਼ਮਾਂ ਵੱਲੋਂ ਉਠਾਈਆਂ ਜਾਇਜ਼ ਮੰਗਾਂ ਅਤੇ ਮੁੱਦਿਆਂ ਨੂੰ ਨਜਿੱਠਣ ਅਤੇ ਜਲਦੀ ਤੋਂ ਜਲਦੀ ਹੱਲ ਕਰਨ 'ਤੇ ਕੇਂਦਰਿਤ ਰਹੀਆਂ।

ਇਸ ਮੌਕੇ ਕੈਬਨਿਟ ਸਬ-ਕਮੇਟੀ ਨੇ ਯੂਨੀਅਨ ਵੱਲੋਂ ਉਠਾਏ ਗਏ ਮੁੱਦਿਆਂ ਦੇ ਢੁੱਕਵੇਂ ਹੱਲ ਲੱਭਣ ਲਈ ਯੂਨੀਅਨ ਆਗੂਆਂ ਅਤੇ ਸੂਬਾ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਨਾਲ ਡੂੰਘਾਈ ਨਾਲ ਵਿਚਾਰ ਚਰਚਾ ਕੀਤੀ। ਇਸ ਵਿਚਾਰ-ਵਟਾਂਦਰੇ ਵਿੱਚ ਵਿੱਤ ਵਿਭਾਗ ਦੇ ਪ੍ਰਮੁੱਖ ਸਕੱਤਰ ਕ੍ਰਿਸ਼ਨ ਕੁਮਾਰ, ਸਕੱਤਰ ਪ੍ਰਸੋਨਲ ਗੁਰਪ੍ਰੀਤ ਕੌਰ ਸਪਰਾ, ਵਿੱਤ ਸਕੱਤਰ (ਖਰਚਾ) ਡਾ. ਵਿਜੇ ਨਾਮ ਦੇਵਰਾਓ ਜ਼ਾਦੇ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੇ ਸਰਗਰਮੀ ਨਾਲ ਭਾਗ ਲਿਆ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਯੂਨੀਅਨ ਆਗੂਆਂ ਵੱਲੋਂ ਪ੍ਰਭਾਵਸ਼ਾਲੀ ਹੱਲ ਲਈ ਦਿੱਤੇ ਉਸਾਰੂ ਸੁਝਾਵਾਂ ਦੀ ਸ਼ਲਾਘਾ ਕੀਤੀ। ਉਠਾਏ ਗਏ ਮਸਲਿਆਂ ਦੇ ਹੱਲ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਦਾ ਪ੍ਰਗਟਾਵਾ ਕਰਦਿਆਂ ਵਿੱਤ ਮੰਤਰੀ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਮੁਲਾਜ਼ਮਾਂ ਪ੍ਰਤੀ ਹਮਦਰਦੀ ਵਾਲੀ ਪਹੁੰਚ ਨਾਲ ਵਿਚਾਰੇ ਗਏ ਮੁੱਦਿਆਂ ਦੇ ਹੱਲ ਨੂੰ ਤਰਜੀਹ ਦੇਣ।

ਇਸ ਤੋਂ ਇਲਾਵਾ, ਵਿੱਤ ਮੰਤਰੀ ਨੇ ਵਿਭਾਗੀ ਅਧਿਕਾਰੀਆਂ ਨੂੰ ਸਬੰਧਤ ਯੂਨੀਅਨਾਂ ਨਾਲ ਫਾਲੋ-ਅੱਪ ਮੀਟਿੰਗਾਂ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਇਨ੍ਹਾਂ ਮੀਟਿੰਗਾਂ ਦਾ ਉਦੇਸ਼ ਕੈਬਨਿਟ ਸਬ-ਕਮੇਟੀ ਦੀ ਅਗਲੀ ਮੀਟਿੰਗ ਤੋਂ ਪਹਿਲਾਂ ਬਕਾਇਆ ਮਸਲਿਆਂ ਦੇ ਹੱਲ ਲਈ ਠੋਸ ਤਜਵੀਜ਼ਾਂ ਦਾ ਖਰੜਾ ਤਿਆਰ ਕਰਨਾ ਹੋਵੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੁਲਾਜ਼ਮਾਂ ਦੀ ਭਲਾਈ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਕੈਬਨਿਟ ਮੰਤਰੀਆਂ ਨੇ ਯੂਨੀਅਨ ਆਗੂਆਂ ਨੂੰ ਭਰੋਸਾ ਦਿੱਤਾ ਕਿ ਸਰਕਾਰ ਉਨ੍ਹਾਂ ਦੀਆਂ ਚਿੰਤਾਵਾਂ ਦਾ ਸਥਾਈ ਹੱਲ ਕੱਢਣ ਲਈ ਗੰਭੀਰ ਹੈ। ਉਨ੍ਹਾਂ ਕਿਹਾ ਕਿ ਸਰਕਾਰ ਜਾਣ 'ਤੇ ਜੋਰ ਦਿੱਤਾ ਜਾ ਰਿਹਾ ਹੈ, ਜਿਸ ਨਾਲ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਬੰਧਤ ਕਰਮਚਾਰੀਆਂ ਨੂੰ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਪੇਚੀਦਗੀ ਦਾ ਸਾਹਮਣਾ ਨਾ ਕਰਨਾ ਪਵੇ। ਕੈਬਨਿਟ ਸਬ-ਕਮੇਟੀ ਅੱਗੇ ਆਪਣੇ ਕੇਸ ਪੇਸ਼ ਕਰਨ ਵਾਲੇ ਯੂਨੀਅਨ ਆਗੂਆਂ ਵਿੱਚ ਡਾ. ਟੀਨਾ, ਸੀਨੀਅਰ ਮੀਤ ਪ੍ਰਧਾਨ ਮੈਰੀਟੋਰੀਅਸ ਟੀਚਰਜ਼ ਯੂਨੀਅਨ, ਕੁਲਦੀਪ ਸਿੰਘ, ਪ੍ਰਧਾਨ ਦਫ਼ਤਰੀ ਕਰਮਚਾਰੀ ਯੂਨੀਅਨ, ਰਮੇਸ਼ ਸਹਾਰਨ, ਸੂਬਾ ਪ੍ਰਧਾਨ, ਵਿਸ਼ੇਸ਼ ਅਧਿਆਪਕ ਯੂਨੀਅਨ, ਨਿਰਭੈ ਸਿੰਘ, ਪ੍ਰਧਾਨ, ਏਡਿਡ ਸਟਾਫ ਅਤੇ ਅਨਏਡਿਡ ਸਕੂਲ ਫਰੰਟ, ਗੁਰਲਾਭ ਸਿੰਘ, ਪ੍ਰਧਾਨ, ਬੇਰੁਜ਼ਗਾਰ 646 ਪੀ.ਟੀ.ਆਈ. (2011) ਅਧਿਆਪਕ ਯੂਨੀਅਨ, ਜਸਵੀਰ ਸਿੰਘ ਗਲੋਟੀ, ਪ੍ਰਧਾਨ, ਆਦਰਸ਼ ਸਕੂਲ ਟੀਚਿੰਗ ਨਾਨ-ਟੀਚਿੰਗ ਮੁਲਾਜ਼ਮ ਯੂਨੀਅਨ, ਰਾਕੇਸ਼ ਕੁਮਾਰ, ਪ੍ਰਧਾਨ, ਬੇਰੁਜ਼ਗਾਰ ਪੀ.ਐਸ.ਟੀ.ਈ.ਟੀ ਪਾਸ ਆਰਟ ਐਂਡ ਕਰਾਫਟ ਸੰਘਰਸ਼ ਯੂਨੀਅਨ, ਭੁਪਿੰਦਰ ਸਿੰਘ, ਵੋਕੇਸ਼ਨਲ ਟੀਚਰਜ਼ ਫਰੰਟ, ਡਾ. ਥੋੜ ਸਿੰਘ, ਜਨਰਲ ਸਕੱਤਰ, ਗ੍ਰਾਮ ਪੰਚਾਇਤ ਜਲ ਸਪਲਾਈ ਪੰਪ ਆਪਰੇਟਰਜ਼ ਐਸੋਸੀਏਸ਼ਨ, ਅਤੇ ਸਲਾਮਦੀਨ, ਪ੍ਰਧਾਨ, ਹੋਮ ਗਾਰਡ ਵੈਲਫੇਅਰ ਐਸੋਸੀਏਸ਼ਨ (ਰਿਟਾ.) ਅਤੇ ਉਨ੍ਹਾਂ ਦੇ ਸਾਥੀ ਯੂਨੀਅਨ ਮੈਂਬਰਾ ਸ਼ਾਮਿਲ ਸਨ।

# ਪਹਿਲਗਾਮ ਕਤਲੇਆਮ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾ ਮਿਲਣੀ ਜ਼ਰੂਰੀ : ਮੋਹਿੰਦਰ ਭਗਤ

ਚੰਡੀਗੜ੍ਹ, 24 ਅਪ੍ਰੈਲ (ਚ.ਨ.ਸ.) : ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਜੰਮੂ ਅਤੇ ਕਸ਼ਮੀਰ ਦੇ ਪਹਿਲਗਾਮ ਵਿਖੇ ਅੱਤਵਾਦੀਆਂ ਵੱਲੋਂ ਬੇਕਸੂਰ ਸੈਲਾਨੀਆਂ 'ਤੇ ਕੀਤੇ ਜਾਨਲੇਵਾ ਹਮਲੇ ਵਿੱਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਮੰਤਰੀ ਨੇ ਇਸ ਘਟਨਾ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਪਹਿਲਗਾਮ ਦੀ ਘਟਨਾ ਦੇ ਅਪਰਾਧੀਆਂ ਦਾ ਹਰ ਹਾਲ ਵਿੱਚ ਖ਼ਾਤਮਾ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪਹਿਲਗਾਮ ਵਿਖੇ ਵਾਪਰੀ ਇਸ ਮੰਦਭਾਗੀ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਜਲਦ ਤੋਂ ਜਲਦ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।

ਮੰਤਰੀ ਮੋਹਿੰਦਰ ਭਗਤ ਨੇ ਹਮਲੇ ਵਿੱਚ ਮਾਰੇ ਗਏ ਸੈਲਾਨੀਆਂ ਦੇ ਪਰਿਵਾਰਾਂ ਨਾਲ ਦੁੱਖ ਸਾਂਝਾ ਕਰਦੇ ਹੋਏ ਕਿਹਾ ਕਿ ਮਾਸੂਮ ਸੈਲਾਨੀਆਂ ਉੱਪਰ ਹੋਏ ਇਸ ਅੱਤਵਾਦੀ ਹਮਲੇ ਨੇ ਪੂਰੇ ਦੇਸ਼ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅੱਤਵਾਦੀਆਂ ਵੱਲੋਂ ਕੀਤਾ ਗਿਆ ਇਹ ਹਮਲਾ ਦੇਸ਼ ਵਿੱਚ ਸ਼ਾਂਤੀ, ਭਾਈਚਾਰੇ ਅਤੇ ਸਦਭਾਵਨਾ ਨੂੰ ਠੇਸ ਪਹੁੰਚਾਉਣ ਲਈ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਪੂਰਾ ਦੇਸ਼ ਪੀੜਤ ਪਰਿਵਾਰਾਂ ਨਾਲ ਖੜ੍ਹਾ ਹੈ।

ਮੰਤਰੀ ਨੇ ਕਿਹਾ ਕਿ ਅਸੀਂ ਦੇਸ਼ ਵਿੱਚ ਸਿਰਫ਼ ਸ਼ਾਂਤੀ ਅਤੇ ਏਕਤਾ ਰਾਹੀਂ ਹੀ ਇੱਕ ਸੁਰੱਖਿਅਤ ਭਵਿੱਖ ਨੂੰ ਯਕੀਨੀ ਬਣਾ ਸਕਦੇ ਹਾਂ। ਉਨ੍ਹਾਂ ਕਿਹਾ ਕਿ ਸੈਰ-ਸਪਾਟਾ ਵਾਲੀਆਂ ਥਾਵਾਂ 'ਤੇ ਸਖ਼ਤ ਸੁਰੱਖਿਆ ਪ੍ਰਬੰਧ ਹੋਣੇ ਲਾਜ਼ਮੀ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਵਿਰੋਧੀ ਤੱਤਾਂ ਨਾਲ ਸਖ਼ਤੀ ਨਾਲ ਨਿਪਟਣ ਲਈ ਪੂਰੀ ਤਰ੍ਹਾਂ ਨਾਲ ਚੌਕਸ ਹੈ।

**SMFG INDIA CREDIT COMPANY LIMITED**
***(Formerly Fullerton India Credit Company Limited)***

**ਕਾਰਪੋਰੇਟ ਦਫਤਰ** : 10ਵੀਂ ਮੰਜ਼ਿਲ, ਦਫ਼ਤਰ ਨੰ. 101, 102 ਅਤੇ 103, 2 ਨਾਰਥ ਐਵੇਨਿਊ, ਮੇਕਰ ਮੈਕਸਿਟੀ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਪੂਰਬ), ਮੁੰਬਈ-400051

**ਕਬਜ਼ਾ ਸੂਚਨਾ (ਅਚੱਲ ਸੰਪੱਤੀ ਦੇ ਲਈ)**

**(ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (1) ਦੇ ਅਧੀਨ)**

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਐਸਐਮਐਫਜੀ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ** ***(ਸਾਬਕਾ ਤੌਰ 'ਤੇ ਫੁਲਰਟਨ ਇੰਡੀਆ ਕ੍ਰੈਡਿਟ ਕੰਪਨੀ ਲਿਮ.)*** ਦੇ ਅਧਿਕਾਰਤ ਅਧਿਕਾਰੀ, ਪੰਜੀਕ੍ਰਿਤ ਦਫ਼ਤਰ ਦਾ ਪਤਾ : ਮੇਘ ਟਾਵਰਜ਼, ਤੀਜੀ ਮੰਜ਼ਿਲ, ਪੁਰਾਣਾ ਨੰਬਰ 307, ਨਵਾਂ ਨੰਬਰ 165 ਪੂਨਮੱਲੀ ਹਾਈ ਰੋਡ, ਮਦੂਰਾਵੋਇਲ, ਚੇਨਈ, ਤਾਮਿਲਨਾਡੂ-600095 ਅਤੇ ਕਾਰਪੋਰੇਟ ਦਫ਼ਤਰ 10ਵੀਂ ਮੰਜ਼ਿਲ, ਦਫ਼ਤਰ ਨੰਬਰ 101, 102 ਅਤੇ 103, 2 ਨਾਰਥ ਐਵੇਨਿਊ, ਮੇਕਰ ਮੈਕਸਿਟੀ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਪੂਰਬ), ਮੁੰਬਈ-400051 ਵੱਲੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ **60 ਦਿਨਾਂ** ਦੇ ਅੰਦਰ **ਰੁ. 23,99,463.86/- (ਰੁਪਏ ਤੇਈ ਲੱਖ ਨੜਿੰਨਵੇਂ ਹਜ਼ਾਰ ਅਤੇ ਚਾਰ ਸੌ ਤਰੇਂਹਠ ਅਤੇ ਛਿਆਸੀ ਪੈਸੇ ਕੇਵਲ)** ਵਜੋਂ ਸੂਚਨਾ ਵਿਚ ਦਰਸਾਈ ਰਕਮ ਨੂੰ ਅਦਾ ਕਰਨ ਲਈ **ਕਰਜ਼ ਖਾਤਾ ਨੰਬਰ #213720911017389 ਦੇ ਅਧੀਨ ਕਰਜ਼ਦਾਰ (ਾਂ) 1) ਅਤੁਲ ਕੁਮਾਰ 2) ਅਲਕਾ ਦੇਵੀ** ਨੂੰ ਸੱਦਾ ਦਿੰਦੇ ਹੋਏ ਮਿਤੀ 04 **ਜੁਲਾਈ** 2024 ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।

ਕਰਜ਼ਦਾਰ (ਾਂ) ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ (ਾਂ) ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ 23 **ਅਪ੍ਰੈਲ** 04 **ਸਾਲ**2025 ਨੂੰ ਦਰਸਾਈ ਨਿਯਮਾਂਵਲੀ ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ **ਧਾਰਾ 13 ਦੀ ਉਪ ਧਾਰਾ** (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਰੁ. 23,99,463.86/- **(ਰੁਪਏ ਤੇਈ ਲੱਖ ਨੜਿੰਨਵੇਂ ਹਜ਼ਾਰ ਅਤੇ ਚਾਰ ਸੌ ਤਰੇਂਹਠ ਅਤੇ ਛਿਆਸੀ ਪੈਸੇ ਕੇਵਲ)** ਦੀ ਰਕਮ ਅਤੇ ਵਿਆਜ ਦੇ ਲਈ **ਐਸਐਮਐਫਜੀ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ** ***(ਸਾਬਕਾ ਤੌਰ 'ਤੇ ਫੁਲਰਟਨ ਇੰਡੀਆ ਕ੍ਰੈਡਿਟ ਕੰਪਨੀ ਲਿਮ.)*** ਦੇ ਚਾਰਜ ਨਾਲ ਸਬੰਧਤ ਹੋਵੇਗੀ।

ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਦੇ ਲਈ ਉਪਲਬਧ ਸਮੇਂ ਦੇ ਸਬੰਧ ਵਿਚ ਕਾਨੂੰਨ ਦੀ ਧਾਰਾ 13 ਦੀ ਉਪ ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

**ਅਚੱਲ ਸੰਪੱਤੀ ਦੇ ਵੇਰਵੇ :** **ਜਾਇਦਾਦ ਦੇ ਮਾਲਕ - ਸ਼੍ਰੀ ਅਤੁਲ ਕੁਮਾਰ ਪੁੱਤਰ ਸ਼੍ਰੀ ਮੋਤੀ ਲਾਲ। ਜਮ੍ਹਾਂਬੰਦੀ ਸਾਲ 2009-2010 ਲਈ ਪਿੰਡ ਲੋਹਾਰਾ ਆਬਾਦੀ ਜਿਸਨੂੰ ਨਵਾਂ ਆਜ਼ਾਦ ਨਗਰ ਵਜੋਂ ਜਾਣਿਆ ਜਾਂਦਾ ਹੈ। ਹੱਦਬਸਤ ਨੰਬਰ 260, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਚ ਸਥਿਤ 101-1/3 ਵਰਗ ਗਜ਼, ਖਸਰਾ ਨੰ. 927-928 ਖੇਵਟ/ਖਤੌਣੀ ਨੰ. 420/497 ਵਜੋਂ ਸਾਰੀ ਸੰਪੱਤੀ ਦੇ ਭਾਗ ਅਤੇ ਹਿੱਸੇ ਮਾਪ। ਹੱਦਬੰਦੀ : ਪੂਰਬ-ਨੇੜਲਾ ਮਾਪ 48, ਪੱਛਮੀ - ਨੇੜਲਾਮਾਪ 48, ਉੱਤਰ - ਨੇੜਲਾ ਮਾਪ 19, ਦੱਖਣੀ-ਸੜਕ 18 ਚੌੜਾ ਮਾਪ 19।**

ਸਥਾਨ : ਲੁਧਿਆਣਾ, ਮਿਤੀ : 25.04.2025    ਸਹੀ/- ਅਧਿਕਾਰਤ ਅਧਿਕਾਰੀ
ਐਸਐਮਐਫਜੀ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ (ਸਾਬਕਾ ਤੌਰ 'ਤੇ ਫੁਲਰਟਨ ਇੰਡੀਆ ਕ੍ਰੈਡਿਟ ਕੰਪਨੀ ਲਿਮ.)

**ਚੰਡੀਗੜ੍ਹ ਹਾਊਸਿੰਗ ਬੋਰਡ**
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ

## ਜਨਤਕ ਸੂਚਨਾ

**ਸ੍ਰੀਮਤੀ ਮਨਦੀਪ ਕੌਰ ਸੁਪਤਨੀ ਸ੍ਰੀ ਨਿਰਪਾਲ ਸਿੰਘ ਵਾਸੀ ਮਕਾਨ ਨੰ. 450-1, ਸੈਕਟਰ 45-ਏ, ਚੰਡੀਗੜ੍ਹ** ਨੇ ਰਿਹਾਇਸ਼ੀ ਇਕਾਈ ਨੰਬਰ **450-1, ਸੈਕਟਰ 45-ਏ, ਚੰਡੀਗੜ੍ਹ** ਦੇ ਸਬੰਧ ਵਿਚ ਅਲਾਟਮੈਂਟ ਪੱਤਰ ਦਾ ਦਸਤਵੇਜ਼ ਗੁੰਮ ਜਾਣ ਕਾਰਨ ਇਸ ਦਾ ਦੂਪਰਤੀ ਉਤਾਰਾ ਜਾਰੀ ਕਰਨ ਲਈ ਚੰਡੀਗੜ੍ਹ ਹਾਊਸਿੰਗ ਬੋਰਡ ਕੋਲ ਪਹੁੰਚ ਕੀਤੀ ਹੈ। ਉਕਤ ਦਰਸਾਏ ਦਸਤਾਵੇਜ਼ ਦੇ ਗੁੰਮ ਹੋਣ ਸਬੰਧੀ ਮਿਤੀ 05.03.2025 ਨੂੰ ਚੰਡੀਗੜ੍ਹ ਪੁਲਿਸ ਕੋਲ ਪੰਜੀਕ੍ਰਿਤ ਐਲਏਆਰ ਨੰਬਰ 2025/007734 ਲੜੀ ਨੰ. 195707 ਦੇ ਅਧੀਨ ਪੀਐਸ 34 ਵਿਚ ਅਰਜ਼ੀ ਵੀ ਦਾਇਰ ਕੀਤੀ ਗਈ ਹੈ। ਕੋਈ ਵੀ ਵਿਅਕਤੀ ਜਿਸ ਨੂੰ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਸਬੰਧ ਵਿਚ ਅਲਾਟਮੈਂਟ ਪੱਤਰ ਦਾ ਦੂਪਰਤੀ ਉਤਾਰਾ ਜਾਰੀ ਕਰਨ ਦੇ ਖਿਲਾਫ਼ ਕੋਈ ਵੀ ਇਤਰਾਜ਼ ਹੋਵੇ, ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 15 ਦਿਨਾਂ ਦੇ ਅੰਦਰ ਲਿਖਤ ਵਿਚ ਨਿਮਨ ਹਸਤਾਖ਼ਰੀ ਕੋਲ ਇਤਰਾਜ਼ ਦਰਜ ਕਰ ਸਕਦਾ/ਸਕਦੀ ਹੈ, ਜਿਸ ਤੋਂ ਅਸਫ਼ਲ ਰਹਿਣ 'ਤੇ ਦਸਤਾਵੇਜ਼ ਜਾਰੀ ਕਰ ਦਿੱਤੇ ਜਾਣਗੇ। ਇਸ ਤੋਂ ਬਾਅਦ, ਕਿਸੇ ਵੀ ਵਿਅਕਤੀ ਨੂੰ ਉਕਤ ਦਰਸਾਏ ਮੂਲ ਦਸਤਾਵੇਜ਼ ਲੱਭ ਜਾਣ ਦੀ ਸੂਰਤ ਵਿਚ, ਇਨ੍ਹਾਂ ਨੂੰ ਉਕਤ ਦਰਸਾਏ ਪੁਲਿਸ ਸਟੇਸ਼ਨ ਕੋਲ ਜਾਂ ਨਿਮਨ ਹਸਤਾਖ਼ਰੀ ਦੇ ਦਫ਼ਤਰ ਵਿਚ ਜਮ੍ਹਾਂ ਕਰਵਾ ਦਿੱਤਾ ਜਾਵੇ।

**ਸਕੱਤਰ**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

# ਡਾ. ਬਲਜੀਤ ਕੌਰ ਵੱਲੋਂ ਕਿਸਾਨਾਂ ਨੂੰ 6 ਲੱਖ ਦੀ ਵਿੱਤੀ ਮੱਦਦ ਮੁਹੱਈਆ

ਚੰਡੀਗੜ੍ਹ / ਸੋਥਾ (ਮਲੋਟ), 24 ਅਪ੍ਰੈਲ (ਚ.ਨ.ਸ.) : ਕਿਸਾਨ ਸਾਡੇ ਅੰਨਦਾਤਾ ਹਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪ੍ਰਭਾਵਿਤ ਕਿਸਾਨਾਂ ਨੂੰ ਕਿਸੇ ਵੀ ਹਾਲਤ 'ਚ ਇਕੱਲਾ ਨਹੀਂ ਛੱਡੇਗੀ। ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਪਿਛਲੇ ਦਿਨੀਂ ਪਿੰਡ ਸੋਥਾ ਅਤੇ ਦੂਹੇਵਾਲਾ 'ਚ ਹੋਈ ਅੱਗ ਦੀ ਘਟਨਾ ਵਿੱਚ ਪ੍ਰਭਾਵਿਤ ਕਿਸਾਨ ਪਰਿਵਾਰਾਂ ਦੇ ਦੁੱਖ-ਦਰਦ 'ਚ ਹਿਸੇਦਾਰ ਬਣਦਿਆਂ ਪੀੜਤ ਪਰਿਵਾਰਾਂ ਨੂੰ 6 ਲੱਖ ਰੁਪਏ ਦੀ ਆਰਥਿਕ ਮਦਦ ਸੌਂਪੀ। ਇਹ ਰਕਮ ਉਨ੍ਹਾਂ ਨੇ ਆਪਣੀ ਦੋ ਮਹੀਨੇ ਦੀ ਤਨਖਾਹ ਅਤੇ ਵਿਦੇਸ਼ ਵੱਸਦੇ ਭਰਾਵਾਂ ਦੀ ਮਦਦ ਨਾਲ ਇਕੱਠੀ ਕੀਤੀ। ਨਾਲ ਹੀ, ਹਰ ਪਰਿਵਾਰ ਨੂੰ 12 ਮਣ (ਕਰੀਬ 5 ਕੁਇੰਟਲ) ਕਣਕ ਅਤੇ ਪਸ਼ੂਆਂ ਲਈ ਤੂੜੀ ਵੀ ਮੁਹੱਈਆ ਕਰਵਾਈ ਗਈ।



ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਬਲਜੀਤ ਕੌਰ ਨੇ ਦੱਸਿਆ ਕਿ ਅੱਗ ਕਾਰਨ ਬੇਸ਼ੁਮਾਰ ਕਿਸਾਨਾਂ ਦੀ ਫਸਲ ਸੜ ਕੇ ਸਵਾਹ ਹੋ ਗਈ। ਉਨ੍ਹਾਂ ਆਪਣੇ ਦੌਰੇ ਦੌਰਾਨ ਕਿਸਾਨ ਪਰਿਵਾਰਾਂ ਦੀਆਂ ਹਾਲਤਾਂ ਦੇਖ ਕੇ ਗਹਿਰੀ ਸੰਵੇਦਨਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਕਿਸਾਨ ਪੰਜਾਬ ਦੀ ਰੀੜ੍ਹ ਹਨ, ਅਸੀਂ ਆਪਣੇ ਅੰਨਦਾਤਿਆਂ ਨੂੰ ਕਿਸੇ ਵੀ ਹਾਲਤ ਵਿੱਚ ਇਕੱਲਾ ਨਹੀਂ ਛੱਡਾਂਗੇ। ਪੰਜਾਬ ਸਰਕਾਰ ਦਾ ਹਰ ਵਿਭਾਗ ਅਜਿਹੀਆਂ ਘਟਨਾਵਾਂ 'ਚ ਪੀੜਤਾਂ ਦੀ ਮੱਦਦ ਲਈ ਤਤਪਰ ਹੈ।

ਡਾ. ਬਲਜੀਤ ਕੌਰ ਨੇ ਆਪਣੀ ਸਮਰਪਿਤ ਸੋਚ ਦਾ ਪ੍ਰਗਟਾਵਾ ਕਰਦਿਆਂ ਵਿੱਤੀ ਸਹਾਇਤਾ ਦੇ ਰੂਪ ਵਿੱਚ ਹਰ ਪਰਿਵਾਰ ਨੂੰ 30000 ਰੁਪਏ ਦੀ ਰਾਸ਼ੀ ਭੇਟ ਕੀਤੀ। ਉਨ੍ਹਾਂ ਦੱਸਿਆ ਕਿ ਕੁੱਝ ਪਰਿਵਾਰਾਂ ਨੇ ਆਪਣੀ ਸ਼ਰਧਾ ਅਨੁਸਾਰ ਕਣਕ ਲੈਣ ਤੋਂ ਇਨਕਾਰ ਕਰਕੇ ਇਹ ਕਣਕ ਪਿੰਡ ਕਮੇਟੀ ਹਵਾਲੇ ਕਰ ਦਿੱਤੀ, ਤਾਂ ਜੋ ਹੋਰ ਲੋੜਵੰਦਾਂ ਦੀ ਮਦਦ ਕੀਤੀ ਜਾ ਸਕੇ। ਉਨ੍ਹਾਂ ਐਲਾਨ ਕੀਤਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ ਅਨੁਸਾਰ ਗਿਰਦਾਵਰੀ ਮਗਰੋਂ ਕਿਸਾਨਾਂ ਨੂੰ 18500 ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇਗਾ। ਇਸ ਤੋਂ ਬਾਅਦ, ਡਾ. ਬਲਜੀਤ ਕੌਰ ਨੇ ਮਲੋਟ-ਬਠਿੰਡਾ ਰੋਡ ਸਥਿਤ ਬਿਜਲੀ ਗਰਿੱਡ ਸਟੋਰ ਦਾ ਦੌਰਾ ਕੀਤਾ, ਜਿੱਥੇ 21 ਅਪ੍ਰੈਲ ਨੂੰ ਅੱਗ ਲੱਗੀ ਸੀ। ਮੌਕੇ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਅਤੇ ਨੇੜਲੇ ਜ਼ਿਲ੍ਹਿਆਂ ਤੋਂ ਫਾਇਰ ਬ੍ਰਿਗੇਡ ਦੀ ਮਦਦ ਨਾਲ ਅੱਗ ਉੱਤੇ ਕਾਬੂ ਪਾਇਆ ਗਿਆ। ਡਾ. ਬਲਜੀਤ ਕੌਰ ਨੇ ਵਿਭਾਗੀ ਅਧਿਕਾਰੀਆਂ, ਕਰਮਚਾਰੀਆਂ, ਜ਼ਿਲ੍ਹਾ ਪ੍ਰਸ਼ਾਸਨ ਅਤੇ ਨੇੜਲੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਦਾ ਧੰਨਵਾਦ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਉਨ੍ਹਾਂ ਦੱਸਿਆ ਕਿ ਅੱਗ ਕਾਰਨ 4500 ਪੁਰਾਣੇ ਅਤੇ 500 ਨਵੇਂ ਟਰਾਂਸਫਾਰਮਰ ਸੜ ਗਏ ਹਨ। ਜਾਂਚ ਚੱਲ ਰਹੀ ਹੈ ਅਤੇ ਮੁੱਢਲੇ ਪੱਧਰ 'ਤੇ ਕੋਈ ਮਾੜੀ ਨੀਅਤ ਨਹੀਂ ਲੱਗ ਰਹੀ, ਪਰ ਜਾਂਚ ਮੁਕੰਮਲ ਹੋਣ 'ਤੇ ਜੋ ਵੀ ਜ਼ਿੰਮੇਵਾਰ ਹੋਵੇਗਾ, ਉਸ ਖਿਲਾਫ ਸਖਤ ਕਾਰਵਾਈ ਹੋਏਗੀ।

# ਆਸਟ੍ਰੇਲੀਆ ਦੇ ਸੰਸਦ ਮੈਂਬਰ ਡਾਇਲਨ ਵਾਈਟ ਨੇ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨਾਲ ਕੀਤੀ ਮੁਲਾਕਾਤ

ਚੰਡੀਗੜ੍ਹ, 24 ਅਪ੍ਰੈਲ (ਚ.ਨ.ਸ.) : ਆਸਟਰੇਲੀਆ ਦੇ ਟਾਰਨੀਟ ਹਲਕੇ ਤੋਂ ਸੰਸਦ ਮੈਂਬਰ ਡਾਇਲਨ ਵਾਈਟ ਨੇ ਅੱਜ ਚੰਡੀਗੜ੍ਹ ਵਿਖੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨਾਲ, ਉਨ੍ਹਾਂ ਦੇ ਨਿਵਾਸ ਸਥਾਨ 'ਤੇ ਮੁਲਾਕਾਤ ਕੀਤੀ। ਦੋਵਾਂ ਨੇਤਾਵਾਂ ਨੇ ਕਈ ਮਹੱਤਵਪੂਰਨ ਮੁੱਦਿਆਂ 'ਤੇ ਚਰਚਾ ਕੀਤੀ। ਸਪੀਕਰ ਸੰਧਵਾਂ ਨੇ ਆਸਟਰੇਲੀਆ ਅਤੇ ਭਾਰਤ ਵਿਚਕਾਰ ਸਿੱਖਿਆ, ਸਿਹਤ, ਖੇਡਾਂ ਅਤੇ ਖੇਤੀਬਾੜੀ ਦੇ ਖੇਤਰਾਂ ਵਿੱਚ ਹੋਰ ਵਧੇਰੇ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਸਾਂਝੇਦਾਰੀਆਂ ਦੋਵਾਂ ਦੇਸ਼ਾਂ ਦੇ ਲੋਕਾਂ ਨੂੰ ਲਾਭ ਪਹੁੰਚਾਉਣਗੀਆਂ। ਉਨ੍ਹਾਂ ਨੇ ਆਸਟਰੇਲੀਆਈ ਯੂਨੀਵਰਸਿਟੀਆਂ ਨੂੰ ਅਤਿ-ਆਧੁਨਿਕ ਤਕਨਾਲੋਜੀਆਂ ਸਾਂਝੀਆਂ ਕਰਨ ਲਈ ਪੰਜਾਬ-ਅਧਾਰਤ ਸੰਸਥਾਵਾਂ ਨਾਲ ਭਾਈਵਾਲੀ ਕਰਨ ਦਾ ਸੱਦਾ ਵੀ ਦਿੱਤਾ। ਉਨ੍ਹਾਂ ਨੇ, ਵਿਸ਼ੇਸ਼ ਤੌਰ 'ਤੇ ਆਸਟਰੇਲੀਆਈ ਯੂਨੀਵਰਸਿਟੀਆਂ ਅਤੇ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਵਿਚਕਾਰ ਸਹਿਯੋਗ ਦਾ ਪ੍ਰਸਤਾਵ ਰੱਖਿਆ ਤਾਂ ਜੋ ਨਵੀਨਤਾ ਨੂੰ ਅੱਗੇ ਵਧਾਇਆ ਜਾ ਸਕੇ ਅਤੇ ਆਪਸੀ ਲਾਭ ਲਿਆ ਜਾ ਸਕੇ। ਸਪੀਕਰ ਸੰਧਵਾਂ ਨੇ ,ਹਰੀ ਊਰਜਾ ਦੀ ਵਿਕਾਸ ਵਿੱਚ ਪੰਜਾਬ ਦੀਆਂ ਮਹੱਤਵਪੂਰਨ ਸੰਭਾਵਨਾਵਾਂ 'ਤੇ ਚਾਨਣਾ ਪਾਇਆ ਅਤੇ ਡਾਇਲਨ ਵਾਈਟ ਨੂੰ ਇਸ ਖੇਤਰ ਵਿੱਚ ਤਕਨਾਲੋਜੀ ਆਦਾਨ-ਪ੍ਰਦਾਨ ਨੂੰ ਸੁਵਿਧਾਜਨਕ ਬਣਾਉਣ ਵਿੱਚ ਮੱਦਦ ਕਰਨ ਦੀ ਅਪੀਲ ਕੀਤੀ।



ਸਪੀਕਰ ਨੇ, ਖੇਤੀਬਾੜੀ ਖੇਤਰ ਵਿੱਚ, ਉਤਪਾਦਕਤਾ ਨੂੰ ਬਿਹਤਰ ਬਣਾਉਣ ਲਈ ਸਹਿਯੋਗ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਆਸਟਰੇਲੀਆ ਤੋਂ ਨਵੇਂ ਢੰਗ ਅਪਣਾ ਕੇ, ਪੰਜਾਬ ਦੇ ਕਿਸਾਨ ਉਤਪਾਦਨ ਨੂੰ ਵਧਾ ਸਕਦੇ ਹਨ ਅਤੇ ਰਾਜ ਦੀ ਖੇਤੀਬਾੜੀ ਆਰਥਿਕਤਾ ਨੂੰ ਮਜ਼ਬੂਤ ਕਰ ਸਕਦੇ ਹਨ।

ਇਸ ਮੌਕੇ 'ਤੇ, ਸਪੀਕਰ ਸੰਧਵਾਂ ਨੇ ਡਾਇਲਨ ਵਾਈਟ ਨੂੰ ਇੱਕ ਰਵਾਇਤੀ ਲੋਈ ਅਤੇ ਸ੍ਰੀ ਹਰਿਮੰਦਰ ਸਾਹਿਬ ਦੀ ਕੱਚ ਦੀ ਮੂਰਤ ਭੇਟ ਕੀਤੀ। ਸੰਧਵਾਂ ਨੇ ਉਨ੍ਹਾਂ ਨੂੰ ਅੰਮ੍ਰਿਤਸਰ ਵਿੱਚ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਕਰਨ ਲਈ ਵੀ ਉਤਸ਼ਾਹਿਤ ਕੀਤਾ।

ਮੀਟਿੰਗ ਦੌਰਾਨ ਐਮ.ਐਲ.ਏ. ਨਰਿੰਦਰ ਕੌਰ ਭਾਰਜ, ਮੈਲਬੌਰਨ ਤੋਂ ਸੁਖਮੀਤ ਸਿੰਘ, ਸਮਾਜਿਕ ਉੱਦਮੀ ਮਨੂ ਸਿੰਘ, ਅਤੇ ਡਾ. ਤਜਿੰਦਰ ਪਾਲ ਸਿੰਘ ਨਲਵਾ ਮੌਜੂਦ ਸਨ।

# ਪਹਿਲਗਾਮ ਅੱਤਵਾਦੀ ਹਮਲੇ ਨੇ ਕਸ਼ਮੀਰ ਵਾਦੀ ਨੂੰ ਧੁਰ ਤੱਕ ਹਲੂਣਿਆ

ਪਟਿਆਲਾ, 24 ਅਪ੍ਰੈਲ (ਗੁਰਦੀਪ ਢਿੱਲੋਂ) : ਪਹਿਲਗਾਮ 'ਚ ਅਤਿਵਾਦੀਆਂ ਵੱਲੋਂ ਕੀਤੀ ਗਈ ਅਤਿ ਕਰੂਰਤਾ ਭਰੇ ਕਾਰਨਾਮ ਨੇ ਜੰਮੂ ਕਸ਼ਮੀਰ ਸਣੇ ਪੂਰੇ ਮੁਲਕ ਨੂੰ ਧੁਰ ਤੱਕ ਝੰਜੋੜ ਦਿੱਤਾ ਹੈ। ਵਾਦੀ ਦੀ ਗੱਡੀ ਹੀ ਲੀਹ ਤੋਂ ਨਹੀਂ ਲੱਥੀ ਬਲਕਿ ਪੂਰਾ ਮੁਲਕ ਇਸ ਦਰਦਨਾਕ ਘਟਨਾਕ੍ਰਮ ਕਾਰਨ ਸਦਮੇਂ 'ਚ ਹੈ। ਗਰਮੀ ਦੀਆਂ ਛੁੱਟੀਆਂ ਬਿਤਾਉਣ ਕਸ਼ਮੀਰ ਜਾਣ ਵਾਲੇ ਸੈਲਾਨੀਆਂ ਨੇ ਧੜਾਧੜ ਆਪਣੀ ਹੋਟਲਾਂ ਦੀ ਬੁਕਿੰਗ ਰੱਦ ਕਰਵਾਉਣੀ ਸ਼ੁਰੂ ਕਰ ਦਿੱਤੀ ਹੈ। ਲੱਗਭੱਗ 35 ਸਾਲ ਬਾਅਦ ਕਸ਼ਮੀਰ ਵਾਦੀ 'ਚ ਦਿੱਤੇ ਗਏ ਬੰਦ ਦੇ ਸੱਦੇ ਦਾ ਵਿਆਪਕ ਅਸਰ ਚੌਹੀਂ ਪਾਸੀਂ ਦੇਖਣ ਨੂੰ ਮਿਲਿਆ। ਦੇਸ਼ ਦੇ ਅਮਨ ਪਸੰਦ ਲੋਕ ਜਿੱਥੇ ਇਸ ਗੈਰ ਮਾਨਵੀ ਵਰਤਾਰੇ ਦੀ ਨਿੰਦਾ ਕਰ ਰਹੇ ਹਨ ਉੱਥੇ ਉਹ ਜ਼ਿੰਮੇਵਾਰ ਅਤਿਵਾਦੀ ਸੰਗਠਨਾਂ ਖ਼ਿਲਾਫ਼ ਦੇਸ਼ ਦੇ ਸੁਰੱਖਿਆ ਬਲਾਂ ਤੋਂ ਆਰ ਪਾਰ ਦੀ ਜੰਗ ਵਿੱਢਣ ਦੀ ਵੀ ਉਮੀਦ ਕਰ ਰਹੇ ਹਨ। ਸੀਨੀਅਰ ਕਾਂਗਰਸੀ ਆਗੂ ਕਪਿਲ ਸਿੱਬਲ ਨੇ ਮੰਗ ਕੀਤੀ ਹੈ ਕਿ ਪਾਕਿਸਤਾਨ ਨੂੰ ਅਤਿਵਾਦੀ ਮੁਲਕ ਐਲਾਨਿਆ ਜਾਵੇ। ਕਸ਼ਮੀਰ ਵਿਚ ਅਜਿਹੇ ਖੌਫ਼ਨਾਕ ਹਮਲਿਆਂ ਦੀ ਲੰਮੀ ਦਾਸਤਾਨ ਹੈ। ਸੰਨ 2000 ਵਿਚ ਚਿੱਟੀ ਸਿੰਘਪੁਰਾ 'ਚ ਸਿੱਖ ਭਾਈਚਾਰੇ ਦਾ ਕਤਲੇਆਮ ਅਤੇ ਪੁਲਵਾਮਾ ਹਮਲਾ ਵੀ ਇਸੇ ਕੜੀ ਨਾਲ ਜੁੜੇ ਮਾਮਲੇ ਹਨ। ਪਾਕਿਸਤਾਨੀ ਰੱਖਿਆ ਮੰਤਰੀ ਨੇ ਕਿਹਾ ਹੈ ਕਿ ਪਾਕਿਸਤਾਨ ਦਾ ਇਸ ਹਮਲੇ ਨਾਲ ਕੋਈ ਲੈਣਾ ਦੇਣ ਨਹੀਂ ਹੈ। ਪਰ ਪਾਕਿਸਤਾਨੀ ਸੁਰੱਖਿਆ ਬਲਾਂ ਅੰਦਰ ਅਜੀਬੋ ਗਰੀਬ ਹਲਚਲ ਹੈ ਤੇ ਉਹ ਸਰਜੀਕਲ ਸਟਰਾਈਕ ਜਹੇ ਹਮਲੇ ਦਾ ਵੀ ਕਿਆਸ ਕਰਨ ਲੱਗੇ ਹਨ। ਉਧਰ ਗ੍ਰਹਿ ਮੰਤਰੀ ਅਮਿਤਸ਼ਾਹ ਨੇ ਸ੍ਰੀਨਗਰ ਦੇ ਰਾਜਪਾਲ ਨਾਲ ਮੀਟਿੰਗ ਕਰਕੇ ਸਥਿਤੀ ਦਾ ਜਾਇਜ਼ਾ ਲਿਆ ਹੈ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੀ ਦੋਸ਼ੀਆਂ ਨੂੰ ਕਰਾਰਾ ਜਵਾਬ ਦੇਣ ਦੀ ਗੱਲ ਕਹੀ ਹੈ। ਵਿਰੋਧੀ ਧਿਰ ਦੇ ਨੇਤਾ ਨੇ ਹਮਲੇ ਦੇ ਦੋਸ਼ੀਆਂ ਨੂੰ ਸਖਤ ਸਜ਼ਾ ਦੇਣ ਦੀ ਮੰਗ ਕੀਤੀ ਹੈ ਤੇ ਕਾਂਗਰਸ ਪ੍ਰਧਾਨ ਮਲਿਕਰਜਨ ਖੜਗੇ ਨੇ ਵੀ ਦੋਸ਼ੀਆਂ ਵਿਰੁੱਧ ਕਾਰਵਾਈ 'ਚ ਢਿੱਲ ਨਾ ਕਰਨ ਨੂੰ ਕਿਹਾ ਹੈ। ਕੁਝ ਵੀ ਹੋਵੇ ਹਮਲੇ ਦੇ ਜਖਮ ਛੇਤੀ ਕੀਤਿਆਂ ਭਰਨ ਵਾਲੇ ਨਹੀਂ। ਭਾਰਤ ਨੂੰ ਆਪਣੀ ਸੁਰੱਖਿਆ ਨੀਤੀ ਦੀ ਸਮੀਖਿਆ ਕਰਨੀ ਚਾਹੀਦੀ ਹੈ ਤੇ ਸੁਰੱਖਿਆ ਏਜੰਸੀਆਂ ਨੂੰ ਹੋਰ ਚੁਸਤ ਦਰੁਸਤ ਕਰਨਾ ਚਾਹੀਦਾ ਹੈ।

## ਉੱਤਰ ਰੇਲਵੇ

**ਈ-ਨਿਵਿਦਾ**

**ਖੁਲ੍ਹੀ ਨਿਵਿਦਾ ਨੰਬਰ-04-ਅੰਬਾਲਾ/2025-26 ਮਿਤੀ 23.04.2025**

ਸੀਨੀਅਰ ਮੰਡਲ ਇੰਜੀਨੀਅਰ-ਤਾਲਮੇਲ/ਅੰਬਾਲਾ ਦੇ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ ਨਿਵਿਦਾ ਦੇ ਮਾਧਿਅਮ ਨਾਲ ਇਛੁਕ ਠੇਕਦਾਰਾਂ ਤੋਂ ਹੇਠਾਂ ਲਿਖਤ ਕੰਮਾਂ ਲਈ ਖੁਲ੍ਹੀਆਂ ਨਿਵਿਦਾਵਾਂ ਦੀ ਮੰਗ ਕੀਤੀ ਜਾਂਦੀ ਹੈ ਜੋ ਕਿ ਉਨ੍ਹਾਂ ਕੰਮਾਂ ਦੇ ਸਾਹਮਣੇ ਦਿਤੀ ਗਈ ਮਿਤੀ ਨੂੰ 15.00 ਵਜੇ ਖੁਲ੍ਹੇ ਰਹਿਣਗੇ ਅਤੇ ਉਸ ਦੇ ਬਾਅਦ ਖੋਹਲੇ ਜਾਣਗੇ।

| ਲ. ਨ. | ਕੰਮ ਦਾ ਨਾਮ | ਅੰਦਾਜਨ ਲਾਗਤ (Rs.) | ਅਗਾਊਂ ਰਾਸ਼ੀ (Rs.) | ਕੰਮ ਸਮਾਪਤੀ ਦਾ ਸਮਾਂ | ਨਿਵਿਦਾ ਖੁਲਣ ਦੀ ਮਿਤੀ |
|---|---|---|---|---|---|
| 1 | ਏਡੀਈਐਨ/ਆਰਪੀਜੇ ਦੇ ਤਹਿਤ ਯੂਐਮਬੀ-ਐਲਡੀਐਚ ਸੇਕਸ਼ਨ ਤੇ ਪੁਲ ਨੰਬਰ 322-ਏ ਦੀ ਵਾਪਸੀ ਦੀਵਾਰਾਂ ਨੂੰ ਮਜਬੂਤ ਕਰਨਾ ਅਤੇ ਪੁਲ ਨੰਬਰ 385 ਦੇ ਪਿਯਰਾਂ ਦੀ ਜੈਕੇਟਿੰਗ ਕਰਨਾ। | 60,23,834 | 1,20,500 | 06 ਮਹੀਨੇ | 16.05.2025 |
| 2 | ਏਡੀਈਐਨ ਐਸਆਰਈ ਦੇ ਤਹਿਤ ਐਚਐਨਸੀ-ਐਸਆਰਈ ਸੈਕਸ਼ਨ ਤੇ ਟੀਬੀਸੀਐਸਆਰ (ਐਚ-ਬੀਮ) 286 ਨਗ ਬ੍ਰਿ. ਨੰਬਰ 1317 ਯੂਪੀ ਅਤੇ ਡੀਐਨ ਦਾ ਕੰਮ। | 81,47,932 | 1,63,000 | 12 ਮਹੀਨੇ | 16.05.2025 |
| 3 | (i) ਏਡੀਈਐਨ ਐਸਆਰਈ ਦੇ ਤਹਿਤ ਟੀਬੀਸੀਐਸਆਰ (ਐਚ-ਬੀਮ)-ਬ੍ਰ. ਨੰਬਰ- 245 ਯੂਪੀ ਅਤੇ 263 ਯੂਪੀ, (ii) ਟੀਬੀਸੀਐਸਆਰ (ਐਚ-ਬੀਮ) ਐਸਆਰਈ-ਯੂਐਮਬੀ ਬ੍ਰ. ਨੰਬਰ-245 ਡੀਐਨ ਅਤੇ 263 ਡੀਐਨ ਦਾ ਕੰਮ। | 4,68,36,366 | 3,84,200 | 18 ਮਹੀਨੇ | 16.05.2025 |
| 4 | ਏਡੀਈਐਨ/ਪੀਟੀਏ ਦੇ ਤਹਿਤ ਆਰਪੀਜੇ-ਡੀਯੂਆਈ ਸੈਕਸ਼ਨ ਤੇ ਐਸਐਸਈ/ ਪੀ.ਵੇ./ਪੀਟੀਏ ਸੈਕਸ਼ਨ ਵਿਚ ਐਲ.ਸੀ. ਨੰਬਰ 19ਏ 24ਐਸਪੀਐਲ, 32 ਸੀ, 34ਸੀ ਤੇ ਰਬਰਯੁਕਤ ਸਤਹਾ। | 64,92,094 | 1,29,900 | 04 ਮਹੀਨੇ | 16.05.2025 |
| 5 | ਸੀਨੀਅਰ ਡੀਈਐਨ-II ਦੇ ਤਹਿਤ ਪੁਲ ਦੇ ਸਬਸਟ੍ਰਕਚਰ ਦੀ ਜੈਕੇਟਿੰਗ ਦੇ ਨਾਲ-ਨਾਲ ਪੀਐਸਸੀ ਸਲੈਬ ਦੇ ਨਾਲ ਪੁਲ ਦੇ ਸਟੀਲ ਗਡੂਰਾਂ ਨੂੰ ਬਦਲਣਾ ਅਤੇ ਪੁਲ ਨੰਬਰ 190, 197-ਏ 1, 220 ਏ, 232 ਡੀਯੂਆਈ- ਜੇਐਚਐਲ, ਪੁਲ ਨੰਬਰ 49 ਜੇਐਚਐਲ-ਐਚਐਸਆਰ ਪੁਲ ਨੰਬਰ 30, 82, 135 ਐਲਡੀਐਚ-ਡੀਯੂਆਈ ਪੁਲ ਨੰਬਰ 60-ਏ, 100 ਆਰਪੀਜੇ-ਬੀਟੀਆਈ-ਐਸਜੀਐਨਆਰ ਸੈਕਸ਼ਨ ਵਿਚ ਸਬਸਟ੍ਰਕਚਰ ਨੂੰ ਮਜਬੂਤ ਕਰਨ ਦੇ ਲਈ ਸਟ੍ਰਕਚਰਲ ਡ੍ਰਾਇੰਗ ਦੀ ਸਪਲਾਈ। | 4,11,55,977 | 3,55,800 | 18 ਮਹੀਨੇ | 16.05.2025 |
| 6 | (i) ਏਡੀਈਐਨ/ਪੀਟੀਏ ਦੇ ਤਹਿਤ ਐਲਡੀਐਚ-ਡੀਯੂਆਈ ਸੈਕਸ਼ਨ ਤੇ ਏਐਚਐਚ-ਕੇਯੂਪੀ ਦੇ ਵਿਚ ਕਿਮੀ 28/1-2 ਤੇ ਪੁਲ ਨੰਬਰ 71 (3x8.54 ਮੀਟਰ, 2x3.35 ਮੀਟਰ) ਦੇ ਸਟੀਲ ਗਡੂਰਾਂ ਨੂੰ ਪੀਐਸਸੀ ਸਲੈਬ ਦੇ ਨਾਲ ਬਦਲਣ ਦੇ ਲਈ ਸੰਰਚਨਾਤਮਕ ਡ੍ਰਾਇੰਗ ਦੀ ਸਪਲਾਈ ਦੇ ਨਾਲ ਪੁਲ ਉਪ-ਸੰਰਚਨਾ ਦੀ ਜੈਕੇਟਿੰਗ। (ii) ਏਡੀਈਐਨ/ਪੀਟੀਏ ਦੇ ਤਹਿਤ ਜੇਐਚਐਲ-ਐਚਐਸਆਰ ਸੈਕਸ਼ਨ ਤੇ ਜੇਪੀਐਸ-ਯੂਕੇਐਨ ਦੇ ਵਿਚ ਕਿਮੀ 21.773 ਤੇ ਪੁਲ ਨੰਬਰ 19-ਏ (5x6.10 ਮੀਟਰ) ਦੇ ਸਟੀਲ ਗਡੂਰਾਂ ਨੂੰ ਪੀਐਸਸੀ ਸਲੈਬ ਦੇ ਨਾਲ ਬਦਲਣ ਦੇ ਲਈ ਸੰਰਚਨਾਤਮਕ ਡ੍ਰਾਇੰਗ ਦੀ ਸਪਲਾਈ ਦੇ ਨਾਲ ਪੁਲ ਉਪ-ਸੰਰਚਨਾ ਦੀ ਜੈਕੇਟਿੰਗ। | 1,24,29,832 | 2,12,200 | 08 ਮਹੀਨੇ | 16.05.2025 |
| 7 | ਰੇਲ ਵਿਹਾਰ ਕਾਲੋਨੀ ਅੰਬਾਲਾ ਕੈਂਟ ਵਿਚ ਇਨਡੋਰ ਸਪੋਰਟ ਕੰਪਲੈਕਸ ਦਾ ਪ੍ਰਾਵਧਾਨ। | 2,07,01,238 | 2,53,500 | 06 ਮਹੀਨੇ | 16.05.2025 |
| 8 | ਯੂਐਮਬੀ-ਸੀਡੀਜੀ ਅਤੇ ਸੀਡੀਜੀ-ਐਮਆਰਐਨਡੀ ਵੰਦੇ ਭਾਰਤ ਮਾਰਗ ਤੇ ਟ੍ਰੇਨਾਂ ਦੇ ਸੁਰੱਖਿਅਤ ਸੰਚਾਲਨ ਦੇ ਲਈ ਟ੍ਰੈਕ ਦੇ ਨਾਲ ਸੁਰੱਖਿਆ ਬਾੜ (ਪੜਾਅ-2 ਪ੍ਰੀਕਾਸਟ ਆਰਸੀਸੀ ਸੀਮਾ ਦੀਵਾਰ) ਦਾ ਪ੍ਰਾਵਧਾਨ। | 14,21,28,319 | 8,60,700 | 10 ਮਹੀਨੇ | 16.05.2025 |
| 9 | ਏਡੀਈਐਨ/ਬੀਟੀਆਈ ਅਨੁਭਾਗ ਵਿਚ ਵਖ-ਵਖ ਪੁਲਾਂ ਦੀ ਮੁਰੰਮਤ। | 39,61,265 | 79,200 | 04 ਮਹੀਨੇ | 16.05.2025 |

ਨੋਟ:- 1. ਠੇਕੇਦਾਰ ਨੂੰ ਸ਼ਰਤਾਂ ਦੇ ਅਨੁਸਾਰ ਟੈਂਡਰ ਯੋਗਤਾ ਪੂਰੀ ਕਰਨ ਲਈ ਸਾਰੇ ਜਰੂਰੀ ਸਬੰਧਤ ਡਾਕੂਮੈਂਟਾਂ ਦੀ ਸਕੈਨਿੰਗ ਕਾਪੀ ਨੂੰ ਰੇਲਵੇ ਵੈਬਸਾਈਟ IREPS ਤੇ ਅਪਲੋਡ ਕਰਨੀ ਜਰੂਰੀ ਹੈ। 2. ਅਗਾਊਂ ਰਾਸ਼ੀ ਆਨ ਲਾਈਨ ਪੇਮੇਂਟ ਨੈਟ ਬੈਕਿੰਗ/ਗੇਟਵੇ ਪੇਮੇਂਟ ਦੇ ਦੁਆਰਾ ਹੀ ਸਵੀਕਾਰ ਹੋਣਗੇ। 3.ਟੈਂਡਰ ਦੀ ਵਿਸਤ੍ਰਿਤ ਜਾਣਕਾਰੀ ਲਈ ਰੇਲਵੇ ਵੈਬਸਾਈਟ www.ireps.gov.in ਤੇ ਲਾਗ ਆਨ ਕਰੋ। 4.ਠੇਕੇਦਾਰ ਨੂੰ ਈ-ਟੈਂਡਰ ਵਿਚ ਭਾਗੀਦਾਰੀ ਲਈ (ਕਲਾਸ-III) ਡਿਜੀਟਲ ਸਿਗਨੇਚਰ ਸਰਟੀਫਿਕੇਟ ਦੁਆਰਾ ਲਾਗ-ਆਨ ਕਰਨਾ ਹੋਵੇਗਾ। 5. ਜੀ.ਐਸ.ਟੀ. ਐਕਟ 2017 ਦੇ ਅਨੁਸਾਰ ਲਾਗੂ ਹੋਵੇਗਾ। **1213/25**

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ**

**ਚੰਡੀਗੜ੍ਹ ਹਾਊਸਿੰਗ ਬੋਰਡ**
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
0172-4601826

## ਜਨਤਕ ਸੂਚਨਾ

**ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਆਸ਼ਿਮਾ ਗੁਲਬਾਧਾਰ ਸੁਪਤਨੀ ਸ੍ਰੀ ਮਹਿੰਦਰ ਸਿੰਘ** ਦੇ ਨਾਮ ਤੋਂ **ਸ੍ਰੀ ਨਿਤਿਨ ਨਈਅਰ ਸਪੁੱਤਰ ਸ੍ਰੀ ਮਨ ਮੋਹਨ ਕੁਮਾਰ ਨਈਅਰ ਅਤੇ ਸ੍ਰੀਮਤੀ ਸ਼ਿਖਾ ਨਈਅਰ ਸੁਪਤਨੀ ਸ੍ਰੀ ਨਿਤਿਨ ਨਈਅਰ** ਦੇ ਨਾਮ 'ਤੇ **ਵਿਕਰੀ ਡੀਡ** ਦੇ ਅਧਾਰ 'ਤੇ **ਸੈਕਟਰ 49, ਚੰਡੀਗੜ੍ਹ ਵਿਚ ਦੋ ਬੈਡਰੂਮ ਵਰਗ ਦੀ ਰਿਹਾਇਸ਼ੀ ਇਕਾਈ ਨੰ.2776-ਸੀ (ਤੀਜੀ ਮੰਜ਼ਿਲ)** ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਸੈਕਟਰ 49, ਚੰਡੀਗੜ੍ਹ ਵਿਚ ਦੋ ਬੈਡਰੂਮ ਵਰਗ ਦੀ ਰਿਹਾਇਸ਼ੀ ਇਕਾਈ ਨੰ.2776-ਸੀ (ਤੀਜੀ ਮੰਜ਼ਿਲ)** ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਆਸ਼ਿਮਾ ਗੁਲਬਾਧਾਰ ਸੁਪਤਨੀ ਸ੍ਰੀ ਮਹਿੰਦਰ ਸਿੰਘ** ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀਮਤੀ ਆਸ਼ਿਮਾ ਗੁਲਬਾਧਾਰ ਸੁਪਤਨੀ ਸ੍ਰੀ ਮਹਿੰਦਰ ਸਿੰਘ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 27.03.2025 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ **ਸ੍ਰੀ ਨਿਤਿਨ ਨਈਅਰ ਸਪੁੱਤਰ ਸ੍ਰੀ ਮਨ ਮੋਹਨ ਕੁਮਾਰ ਨਈਅਰ ਅਤੇ ਸ੍ਰੀਮਤੀ ਸ਼ਿਖਾ ਨਈਅਰ ਸੁਪਤਨੀ ਸ੍ਰੀ ਨਿਤਿਨ ਨਈਅਰ** ਦੇ ਨਾਮ 'ਤੇ **ਵਿਕਰੀ ਡੀਡ** ਨੂੰ ਵੇਚ ਦਿੱਤੀ ਹੈ। **ਸ੍ਰੀ ਨਿਤਿਨ ਨਈਅਰ ਸਪੁੱਤਰ ਸ੍ਰੀ ਮਨ ਮੋਹਨ ਕੁਮਾਰ ਨਈਅਰ ਅਤੇ ਸ੍ਰੀਮਤੀ ਸ਼ਿਖਾ ਨਈਅਰ ਸੁਪਤਨੀ ਸ੍ਰੀ ਨਿਤਿਨ ਨਈਅਰ** ਦੇ ਨਾਮ 'ਤੇ **ਵਿਕਰੀ ਡੀਡ** ਨੇ ਵਿਕਰੀ ਡੀਡ ਦੇ ਆਧਾਰ 'ਤੇ ਆਪਣੇ ਨਾਮ 'ਤੇ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਤਬਾਦਲੇ ਲਈ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਬਾਰੇ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

**ਸਕੱਤਰ**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

**ਚੰਡੀਗੜ੍ਹ ਹਾਊਸਿੰਗ ਬੋਰਡ**
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ

## ਜਨਤਕ ਸੂਚਨਾ

**ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀ ਮਨਦੀਪ ਸਿੰਘ ਕੋਹਲੀ ਸਪੁੱਤਰ ਸ੍ਰੀ ਤਿਰਲੋਚਨ ਸਿੰਘ ਕੋਹਲੀ** ਦੇ ਨਾਮ ਤੋਂ **ਸ੍ਰੀ ਪਰਸ਼ੋਤਮ ਦਾਸ ਸਪੁੱਤਰ ਸ੍ਰੀ ਭਾਗੀਰਥ ਲਾਲ** ਦੇ ਨਾਮ 'ਤੇ **ਵਿਕਰੀ ਡੀਡ** ਦੇ ਅਧਾਰ 'ਤੇ **ਸੈਕਟਰ 63, ਚੰਡੀਗੜ੍ਹ ਵਿਚ ਇੱਕ ਕਮਰੇ ਦਾ ਫਲੈਟ (ਈਡਬਲਿਊਐਸ) ਵਰਗ ਦੀ ਰਿਹਾਇਸ਼ੀ ਇਕਾਈ ਨੰ.2413 (ਜ਼ਮੀਨੀ ਤਲ)** ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਸੈਕਟਰ 63, ਚੰਡੀਗੜ੍ਹ ਵਿਚ ਇੱਕ ਕਮਰੇ ਦਾ ਫਲੈਟ (ਈਡਬਲਿਊਐਸ) ਵਰਗ ਦੀ ਰਿਹਾਇਸ਼ੀ ਇਕਾਈ ਨੰ.2413 (ਜ਼ਮੀਨੀ ਤਲ)** ਅਲਾਟੀ/ਟ੍ਰਾਂਸਫਰੀ **ਸ੍ਰੀ ਮਨਦੀਪ ਸਿੰਘ ਕੋਹਲੀ ਸਪੁੱਤਰ ਸ੍ਰੀ ਤਿਰਲੋਚਨ ਸਿੰਘ ਕੋਹਲੀ** ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀ ਮਨਦੀਪ ਸਿੰਘ ਕੋਹਲੀ ਸਪੁੱਤਰ ਸ੍ਰੀ ਤਿਰਲੋਚਨ ਸਿੰਘ ਕੋਹਲੀ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 09.04.2025 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ **ਸ੍ਰੀ ਪਰਸ਼ੋਤਮ ਦਾਸ ਸਪੁੱਤਰ ਸ੍ਰੀ ਭਾਗੀਰਥ ਲਾਲ** ਦੇ ਨਾਮ 'ਤੇ **ਵਿਕਰੀ ਡੀਡ** ਨੂੰ ਵੇਚ ਦਿੱਤੀ ਹੈ। **ਸ੍ਰੀ ਪਰਸ਼ੋਤਮ ਦਾਸ ਸਪੁੱਤਰ ਸ੍ਰੀ ਭਾਗੀਰਥ ਲਾਲ** ਦੇ ਨਾਮ 'ਤੇ **ਵਿਕਰੀ ਡੀਡ** ਨੇ ਵਿਕਰੀ ਡੀਡ ਦੇ ਆਧਾਰ 'ਤੇ ਆਪਣੇ ਨਾਮ 'ਤੇ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਤਬਾਦਲੇ ਲਈ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਬਾਰੇ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

**ਸਕੱਤਰ**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

**ਚੰਡੀਗੜ੍ਹ ਹਾਊਸਿੰਗ ਬੋਰਡ**
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ

## ਜਨਤਕ ਸੂਚਨਾ

**ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਇੰਦਰਜੀਤ ਕੌਰ ਸੁਪਤਨੀ ਸ੍ਰੀ ਕੁਲਵਿੰਦਰ ਸਿੰਘ** ਦੇ ਨਾਮ ਤੋਂ **ਸ੍ਰੀ ਸੁਮਿਤ ਬਿਸ਼ਨੋਈ ਸਪੁੱਤਰ ਸ੍ਰੀ ਕੁਲਦੀਪ ਕੁਮਾਰ ਅਤੇ ਸ੍ਰੀਮਤੀ ਨਿਧੀ ਬਿਸ਼ਨੋਈ ਸੁਪਤਨੀ ਸ੍ਰੀ ਸੁਮਿਤ ਬਿਸ਼ਨੋਈ** ਦੇ ਨਾਮ 'ਤੇ **ਵਿਕਰੀ ਡੀਡ** ਦੇ ਅਧਾਰ 'ਤੇ **ਸੈਕਟਰ 43-ਬੀ, ਚੰਡੀਗੜ੍ਹ ਵਿਚ ਐਚਆਈਜੀ/ਰਿਟਾਇਰਡ ਵਰਗ ਦੀ ਰਿਹਾਇਸ਼ੀ ਇਕਾਈ ਨੰ.1237-1 (ਪਹਿਲੀ ਮੰਜ਼ਿਲ)** ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਸੈਕਟਰ 43-ਬੀ, ਚੰਡੀਗੜ੍ਹ ਵਿਚ ਐਚਆਈਜੀ/ਰਿਟਾਇਰਡ ਵਰਗ ਦੀ ਰਿਹਾਇਸ਼ੀ ਇਕਾਈ ਨੰ.1237-1 (ਪਹਿਲੀ ਮੰਜ਼ਿਲ)** ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਇੰਦਰਜੀਤ ਕੌਰ ਸੁਪਤਨੀ ਸ੍ਰੀ ਕੁਲਵਿੰਦਰ ਸਿੰਘ** ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀਮਤੀ ਇੰਦਰਜੀਤ ਕੌਰ ਸੁਪਤਨੀ ਸ੍ਰੀ ਕੁਲਵਿੰਦਰ ਸਿੰਘ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 07.04.2025 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ **ਸ੍ਰੀ ਸੁਮਿਤ ਬਿਸ਼ਨੋਈ ਸਪੁੱਤਰ ਸ੍ਰੀ ਕੁਲਦੀਪ ਕੁਮਾਰ ਅਤੇ ਸ੍ਰੀਮਤੀ ਨਿਧੀ ਬਿਸ਼ਨੋਈ ਸੁਪਤਨੀ ਸ੍ਰੀ ਸੁਮਿਤ ਬਿਸ਼ਨੋਈ** ਨੂੰ ਵੇਚ ਦਿੱਤੀ ਹੈ। **ਸ੍ਰੀ ਸੁਮਿਤ ਬਿਸ਼ਨੋਈ ਸਪੁੱਤਰ ਸ੍ਰੀ ਕੁਲਦੀਪ ਕੁਮਾਰ ਅਤੇ ਸ੍ਰੀਮਤੀ ਨਿਧੀ ਬਿਸ਼ਨੋਈ ਸੁਪਤਨੀ ਸ੍ਰੀ ਸੁਮਿਤ ਬਿਸ਼ਨੋਈ** ਨੇ ਵਿਕਰੀ ਡੀਡ ਦੇ ਆਧਾਰ 'ਤੇ ਆਪਣੇ ਨਾਮ 'ਤੇ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਤਬਾਦਲੇ ਲਈ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਬਾਰੇ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

**ਸਕੱਤਰ**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

**ਚੰਡੀਗੜ੍ਹ ਹਾਊਸਿੰਗ ਬੋਰਡ**
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ

## ਜਨਤਕ ਸੂਚਨਾ

**ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਰੁਚੀ ਮੱਲ੍ਹਣ ਸੁਪਤਨੀ ਸ੍ਰੀ ਸੰਜੀਵ ਮੱਲ੍ਹਣ** ਦੇ ਨਾਮ ਤੋਂ **ਸ੍ਰੀਮਤੀ ਵੰਦਨਾ ਸੁਪਤਨੀ ਸ੍ਰੀ ਜਿਤੇਂਦਰ ਕੁਮਾਰ ਅਤੇ ਸ੍ਰੀ ਜਿਤੇਂਦਰ ਕੁਮਾਰ ਸਪੁੱਤਰ ਸ੍ਰੀ ਕ੍ਰਿਸ਼ਨ ਲਾਲ** ਦੇ ਨਾਮ 'ਤੇ **ਵਿਕਰੀ ਡੀਡ** ਦੇ ਅਧਾਰ 'ਤੇ **ਸੈਕਟਰ 52, ਚੰਡੀਗੜ੍ਹ ਵਿਚ ਐਲਆਈਜੀ ਵਰਗ ਦੀ ਰਿਹਾਇਸ਼ੀ ਇਕਾਈ ਨੰ.3098 (ਜ਼ਮੀਨੀ ਤਲ)** ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਸੈਕਟਰ 52, ਚੰਡੀਗੜ੍ਹ ਵਿਚ ਐਲਆਈਜੀ ਵਰਗ ਦੀ ਰਿਹਾਇਸ਼ੀ ਇਕਾਈ ਨੰ.3098 (ਜ਼ਮੀਨੀ ਤਲ)** ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਰੁਚੀ ਮੱਲ੍ਹਣ ਸੁਪਤਨੀ ਸ੍ਰੀ ਸੰਜੀਵ ਮੱਲ੍ਹਣ** ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀਮਤੀ ਰੁਚੀ ਮੱਲ੍ਹਣ ਸੁਪਤਨੀ ਸ੍ਰੀ ਸੰਜੀਵ ਮੱਲ੍ਹਣ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 30.01.2025 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ **ਸ੍ਰੀਮਤੀ ਵੰਦਨਾ ਸੁਪਤਨੀ ਸ੍ਰੀ ਜਿਤੇਂਦਰ ਕੁਮਾਰ ਅਤੇ ਸ੍ਰੀ ਜਿਤੇਂਦਰ ਕੁਮਾਰ ਸਪੁੱਤਰ ਸ੍ਰੀ ਕ੍ਰਿਸ਼ਨ ਲਾਲ** ਨੂੰ ਵੇਚ ਦਿੱਤੀ ਹੈ। **ਸ੍ਰੀਮਤੀ ਵੰਦਨਾ ਸੁਪਤਨੀ ਸ੍ਰੀ ਜਿਤੇਂਦਰ ਕੁਮਾਰ ਅਤੇ ਸ੍ਰੀ ਜਿਤੇਂਦਰ ਕੁਮਾਰ ਸਪੁੱਤਰ ਸ੍ਰੀ ਕ੍ਰਿਸ਼ਨ ਲਾਲ** ਨੇ ਵਿਕਰੀ ਡੀਡ ਦੇ ਆਧਾਰ 'ਤੇ ਆਪਣੇ ਨਾਮ 'ਤੇ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਤਬਾਦਲੇ ਲਈ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਬਾਰੇ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

**ਸਕੱਤਰ**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

**ਚੰਡੀਗੜ੍ਹ ਹਾਊਸਿੰਗ ਬੋਰਡ**
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ

## ਜਨਤਕ ਸੂਚਨਾ

**ਵੱਲੋਂ ਸਕੱਤਰ, ਸੀਐਚਬੀ ਅਸਟੇਟ ਅਧਿਕਾਰੀ, ਯੂ.ਟੀ. ਚੰਡੀਗੜ੍ਹ ਦੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ।**

ਵਿਸ਼ਾ : ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਰਾਧਿਕਾ ਛਾਬੜਾ ਸੁਪਤਨੀ ਸ੍ਰੀ ਅਨੁਰਾਗ ਛਾਬੜਾ** ਦੇ ਨਾਮ ਤੋਂ **ਸ੍ਰੀਮਤੀ ਮਨਦੀਪ ਕੌਰ ਭੱਠਲ ਸੁਪਤਨੀ ਸ੍ਰੀ ਬਰਦੀਪ ਸਿੰਘ ਭੱਠਲ** ਦੇ ਨਾਮ 'ਤੇ **ਵਿਕਰੀ ਡੀਡ** ਦੇ ਅਧਾਰ 'ਤੇ **ਸੈਕਟਰ 44-ਏ, ਚੰਡੀਗੜ੍ਹ ਵਿਚ ਐਚਆਈਜੀ-ਯੂਟੀ ਦੀ ਰਿਹਾਇਸ਼ੀ ਇਕਾਈ ਨੰ.362-2 (ਦੂਜੀ ਮੰਜ਼ਿਲ)** ਦੇ ਸਬੰਧ ਵਿਚ ਮਾਲਕੀ ਅਧਿਕਾਰ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ **ਸੈਕਟਰ 44-ਏ, ਚੰਡੀਗੜ੍ਹ ਵਿਚ ਐਚਆਈਜੀ-ਯੂਟੀ ਦੀ ਰਿਹਾਇਸ਼ੀ ਇਕਾਈ ਨੰ.362-2 (ਦੂਜੀ ਮੰਜ਼ਿਲ)** ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਰਾਧਿਕਾ ਛਾਬੜਾ ਸੁਪਤਨੀ ਸ੍ਰੀ ਅਨੁਰਾਗ ਛਾਬੜਾ** ਦੇ ਨਾਮ 'ਤੇ ਦਰਜ ਹੈ। ਹੁਣ, **ਸ੍ਰੀਮਤੀ ਰਾਧਿਕਾ ਛਾਬੜਾ ਸੁਪਤਨੀ ਸ੍ਰੀ ਅਨੁਰਾਗ ਛਾਬੜਾ** ਨੇ ਉਕਤ ਦਰਸਾਈ ਰਿਹਾਇਸ਼ੀ ਇਕਾਈ 17.02.2025 ਨੂੰ ਸਬ-ਰਜਿਸਟਰਾਰ ਚੰਡੀਗੜ੍ਹ ਦੇ ਦਫਤਰ ਵਿਚ ਕਾਰਜਰੂਪ ਅਤੇ ਪੰਜੀਕ੍ਰਿਤ ਵਿਕਰੀ ਡੀਡ ਦੇ ਅਧੀਨ **ਸ੍ਰੀਮਤੀ ਮਨਦੀਪ ਕੌਰ ਭੱਠਲ ਸੁਪਤਨੀ ਸ੍ਰੀ ਬਰਦੀਪ ਸਿੰਘ ਭੱਠਲ** ਨੂੰ ਵੇਚ ਦਿੱਤੀ ਹੈ। **ਸ੍ਰੀਮਤੀ ਮਨਦੀਪ ਕੌਰ ਭੱਠਲ ਸੁਪਤਨੀ ਸ੍ਰੀ ਬਰਦੀਪ ਸਿੰਘ ਭੱਠਲ** ਨੇ ਵਿਕਰੀ ਡੀਡ ਦੇ ਆਧਾਰ 'ਤੇ ਆਪਣੇ ਨਾਮ 'ਤੇ ਉਕਤ ਦਰਸਾਈ ਰਿਹਾਇਸ਼ੀ ਇਕਾਈ ਦੇ ਤਬਾਦਲੇ ਲਈ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਬਾਰੇ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ 'ਤੇ ਦਰਸਾਈ ਰਿਹਾਇਸ਼ੀ ਇਕਾਈ ਦੀ ਮਾਲਕੀ ਉਕਤ ਦਰਸਾਏ ਦਾਅਵੇਕਾਰ (ਾਂ) ਦੇ ਪੱਖ ਵਿਚ ਤਬਦੀਲ ਕਰ ਦਿੱਤੀ ਜਾਵੇਗੀ।

**ਸਕੱਤਰ**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**

**ਚੰਡੀਗੜ੍ਹ ਹਾਊਸਿੰਗ ਬੋਰਡ**
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ
8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ





## ਜਨਤਕ ਸੂਚਨਾ

**ਵਿਸ਼ਾ** :- ਅਲਾਟੀ/ਟ੍ਰਾਂਸਫਰੀ **ਸ੍ਰੀਮਤੀ ਸ਼ਕੁੰਤਲਾ ਰਾਣੀ ਸੁਪਤਨੀ ਸ੍ਰੀ ਆਰ. ਕੇ. ਸ਼ਾਹੀ** ਦੀ ਗੈਰ-ਪੰਜੀਕ੍ਰਿਤ ਵਸੀਅਤ ਦੇ ਆਧਾਰ 'ਤੇ **ਮਿਸ ਰੰਜਨਾ ਸ਼ਾਹੀ ਸਪੁੱਤਰੀ ਸਵਰਗੀ ਸ੍ਰੀ ਰਾਜ ਕੁਮਾਰ ਸ਼ਾਹੀ** ਦੇ ਨਾਮ 'ਤੇ **ਸੈਕਟਰ 51-ਏ, ਵਿਚ ਵਰਗ-1 ਦੇ ਡੀਯੂ ਨੰਬਰ 254** ਦੀ ਅਲਾਟਮੈਂਟ/ਪੰਜੀਕਰਨ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਥੇ ਸੂਚਿਤ ਕੀਤਾ ਜਾਂਦਾ ਹੈ ਕਿ **ਮਿਸ ਰੰਜਨਾ ਸ਼ਾਹੀ ਸਪੁੱਤਰੀ ਸਵਰਗੀ ਸ੍ਰੀ ਰਾਜ ਕੁਮਾਰ ਸ਼ਾਹੀ** ਨੇ ਆਪਣੇ ਨਾਮ 'ਤੇ ਪੱਖ ਵਿਚ **ਸੈਕਟਰ 51-ਏ, ਵਿਚ ਵਰਗ-1 ਦੇ ਡੀਯੂ ਨੰਬਰ 254** ਦੇ ਤਬਾਦਲੇ ਲਈ ਗੈਰ-ਪੰਜੀਕ੍ਰਿਤ ਵਸੀਅਤ ਦੇ ਆਧਾਰ 'ਤੇ ਇਸੇ ਦੇ ਮਾਲਕ **ਸ੍ਰੀਮਤੀ ਸ਼ਕੁੰਤਲਾ ਰਾਣੀ ਸੁਪਤਨੀ ਸ੍ਰੀ ਆਰ. ਕੇ. ਸ਼ਾਹੀ** ਦੀ ਮੌਤ ਉਪਰੰਤ ਬਿਨੈ ਕੀਤਾ ਹੈ। **ਸ੍ਰੀਮਤੀ ਸ਼ਕੁੰਤਲਾ ਰਾਣੀ ਸੁਪਤਨੀ ਸ੍ਰੀ ਆਰ. ਕੇ. ਸ਼ਾਹੀ ਦੀ ਜੈਪੁਰ (ਰਾਜਸਥਾਨ) ਵਿਖੇ** 09.03.2025 ਨੂੰ ਮੌਤ ਹੋ ਗਈ ਸੀ ਅਤੇ ਉਹ ਆਪਣੇ ਪਿਛੇ ਉਨ੍ਹਾਂ ਦੇ ਪੱਖ ਵਿਚ ਮਿਤੀ 15.10.2021 ਦੀ ਗੈਰ-ਪੰਜੀਕ੍ਰਿਤ ਇੱਕ **ਵਸੀਅਤ** ਛੱਡ ਗਏ ਸਨ। ਉਨ੍ਹਾਂ ਨੇ ਅੱਗੇ ਬਿਆਨ ਦਿੱਤਾ ਹੈ ਮ੍ਰਿਤਕ ਅਲਾਟੀ/ਟ੍ਰਾਂਸਫਰੀ ਦੀ ਵਸੀਅਤ ਉਨ੍ਹਾਂ ਵੱਲੋਂ ਕਾਰਜਰੂਪ ਕੀਤੀ ਆਖ਼ਰੀ ਵਸੀਅਤ ਹੈ, ਜੋ ਕਿ ਮ੍ਰਿਤਕ ਅਤੇ ਮ੍ਰਿਤਕ ਅਲਾਟੀ/ਟ੍ਰਾਂਸਫਰੀ ਦੇ ਸਾਰੇ ਕਾਨੂੰਨੀ ਵਾਰਸਾਂ ਦੀ ਮੌਤ ਤੱਕ ਨਾ ਤਾਂ ਬਦਲੀ ਗਈ ਅਤੇ ਨਾ ਹੀ ਰੱਦ ਕੀਤੀ ਗਈ ਹੈ।

ਜੇਕਰ ਬਿਨੈਕਾਰ ਦੇ ਪੱਖ ਵਿਚ ਦਰਸਾਈ ਸੰਪੱਤੀ ਦੇ ਤਬਾਦਲੇ ਸਬੰਧੀ ਕਿਸੇ ਨੂੰ ਵੀ ਕੋਈ ਇਤਰਾਜ਼ ਹੈ, ਤਾਂ ਉਹ ਆਪਣਾ ਇਤਰਾਜ਼ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਪੇਸ਼ ਕਰ ਸਕਦਾ/ਸਕਦੀ ਹੈ/ਸਕਦੇ ਹਨ, ਜਿਸ ਤੋਂ ਅਸਫ਼ਲ ਰਹਿਣ ਦੀ ਸੂਰਤ ਵਿਚ ਦਰਸਾਈ ਰਿਹਾਇਸ਼ੀ ਇਕਾਈ ਦਾ ਪੰਜੀਕਰਨ ਅਤੇ ਅਲਾਟਮੈਂਟ ਉਕਤ ਦਰਸਾਏ ਦਾਅਵੇਕਾਰਾਂ ਦੇ ਪੱਖ ਵਿਚ ਤਬਦੀਲ ਕਰ ਦਿੱਤੇ ਜਾਣਗੇ।

**ਸਕੱਤਰ**
**ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ**



ਰੋਜ਼ਾਨਾ ਚੜ੍ਹਦੀਕਲਾ

# ਸਿਹਤ ਖ਼ਬਰਨਾਮਾ



## ਗਰਮੀਆਂ 'ਚ ਸਿਹਤ ਲਈ ਫ਼ਾਇਦੇਮੰਦ ਹੈ ਚੀਕੂ

ਚੀਕੂ ਦਿਖਣ ਵਿਚ ਆਲੂ ਵਰਗਾ ਹੁੰਦਾ ਹੈ ਪਰ ਗਰਮੀ ਦੇ ਮੌਸਮ ਵਿਚ ਸਿਹਤ ਲਈ ਕਿਸੇ ਵੀ ਦਵਾਈ ਤੋਂ ਘੱਟ ਨਹੀਂ ਹੈ। ਆਯੁਰਵੇਦ ਤੇ ਨਿਊਟ੍ਰੀਸ਼ੀਅਨ ਮਾਹਿਰਾਂ ਮੁਤਾਬਕ ਚੀਕੂ ਵਿਚ ਇੰਨੇ ਸਾਰੇ ਪੌਸ਼ਕ ਤੱਤ ਮੌਜੂਦ ਹੁੰਦੇ ਹਨ ਕਿ ਇਹ ਸਰੀਰ ਦੀਆਂ ਕਈ ਸਮੱਸਿਆਵਾਂ ਦਾ ਹੱਲ ਬਣ ਸਕਦਾ ਹੈ।ਚੀਕੂ ਵਿਚ ਵਿਟਾਮਿਨ ਏ, ਬੀ, ਸੀ, ਈ ਦੇ ਨਾਲ-ਨਾਲ ਕੈਲਸ਼ੀਅਮ, ਮੈਗਨੀਸ਼ੀਅਮ, ਮੈਂਗਨੀਜ, ਪੌਟਾਸ਼ੀਅਮ, ਫਾਈਬਰ ਤੇ ਐਂਟੀ ਆਕਸੀਡੈਂਟ ਭਰਪੂਰ ਮਾਤਰਾ ਵਿਚ ਪਾਏ ਜਾਂਦੇ ਹਨ।ਡਾਇਬਟੀਜ਼ ਦੇ ਮਰੀਜ਼ਾਂ ਨੂੰ ਇਸ ਦਾ ਸੇਵਨ ਡਾਕਟਰ ਦੀ ਸਲਾਹ ਦੇ ਬਿਨਾਂ ਨਹੀਂ ਕਰਨਾ ਚਾਹੀਦਾ ਕਿਉਂਕਿ ਵਿਚ ਇਸ ਲੇਟੇਕਸ ਤੇ ਟੈਨਿਕ ਨਾਂ ਦੇ ਤੱਤ ਪਾਏ ਜਾਂਦੇ ਹਨ ਜੋ ਸ਼ੂਗਰ ਲੈਵਲ ਨੂੰ ਪ੍ਰਭਾਵਿਤ ਕਰ ਸਕਦੇ ਹਨ। ਇਸ ਤੋਂ ਇਲਾਵਾ ਜੇਕਰ ਕਿਸੇ ਨੂੰ ਕਿਸੇ ਫਲ ਤੋਂ ਐਲਰਜੀ ਹੈ ਤਾਂ ਵੀ ਚੀਕੂ ਦਾ ਸੇਵਨ ਕਰਨ ਤੋਂ ਪਹਿਲਾਂ ਸਲਾਹ ਲੈਣਾ ਜ਼ਰੂਰੀ ਹੈ।



**ਹੱਡੀਆਂ ਨੂੰ ਮਜ਼ਬੂਤ ਕਰੇ:** ਚੀਕੂ ਵਿਚ ਵਿਟਾਮਿਨ ਏ, ਬੀ, ਸੀ, ਈ ਦੇ ਨਾਲ-ਨਾਲ ਕੈਲਸ਼ੀਅਮ, ਮੈਗਨੀਸ਼ੀਅਮ, ਮੈਂਗਨੀਜ਼, ਪੌਟਾਸ਼ੀਅਮ, ਫਾਈਬਰ ਤੇ ਐਂਟੀ ਆਕਸੀਡੈਂਟ ਭਰਪੂਰ ਮਾਤਰਾ ਵਿਚ ਪਾਏ ਜਾਂਦੇ ਹਨ। ਇਹ ਤੱਤ ਹੱਡੀਆਂ ਨੂੰ ਮਜ਼ਬੂਤ ਕਰਨ, ਪਾਚਣ ਨੂੰ ਸੁਧਾਰਨ ਤੇ ਅੱਖਾਂ ਦੀ ਰੌਸ਼ਨੀ ਨੂੰ ਬਣਾਏ ਰੱਖਣ ਵਿਚ ਮਦਦ ਕਰਦੇ ਹਨ।

**ਪਾਚਣ ਤੰਤਰ ਨੂੰ ਬੇਹਤਰ ਬਣਾਉਂਦਾ ;** ਚੀਕੂ ਦਾ ਰੈਗੂਲਰ ਸੇਵਨ ਦਿਲ ਨੂੰ ਸਿਹਤਮੰਦ ਰੱਖਦਾ ਹੈ ਤੇ ਪਾਚਣ ਤੰਤਰ ਨੂੰ ਬੇਹਤਰ ਬਣਾਉਂਦਾ ਹੈ। ਗਰਮੀਆਂ ਵਿਚ ਇਹ ਫਲ ਸਰੀਰ ਦੇ ਤਾਪਮਾਨ ਨੂੰ ਕੰਟਰੋਲ ਕਰਨ ਤੇ ਜਖਮ ਨੰ ਸੁਕਾਉਣ ਵਿਚ ਵੀ ਅਸਰਦਾਰ ਹੁੰਦਾ ਹੈ। ਇਸ ਵਿਚ ਸੋਜਿਸ਼ ਰੋਕੂ ਗੁਣ ਹੁੰਦੇ ਹਨ ਜੋ ਸਰੀਰ ਵਿਚ ਸੋਜਿਸ਼ ਨੰ ਘੱਟ ਕਰਨ ਵਿਚ ਮਦਦ ਕਰਦੇ ਹਨ।

**ਬਲੱਡ ਪ੍ਰੈਸ਼ਰ ਨੂੰ ਕੰਟਰੋਲ ;** ਚੀਕੂ ਵਿਚ ਮੌਜਦ ਕੈਲਸ਼ੀਅਮ ਹੱਡੀਆਂ ਨੂੰ ਮਜ਼ਬੂਤ ਬਣਾਉਂਦਾ ਹੈ ਜਦੋਂ ਕਿ ਇਸ ਦੇ ਹੋਰ ਪੌਸ਼ਕ ਤੱਤ ਸਰੀਰ ਦੀ ਕਮਜ਼ੋਰੀ ਦੂਰ ਕਰਦੇ ਹਨ ਤੇ ਬਲੱਡ ਪ੍ਰੈਸ਼ਰ ਨੂੰ ਕੰਟਰੋਲ ਕਰਨ ਵਿਚ ਸਹਾਇਕ ਹੁੰਦੇ ਹਨ। ਇਹ ਫਲ ਸਰੀਰ ਦੀ ਰੋਕ-ਰੋਕੂ ਸਮਰੱਥਾ ਨੂੰ ਵਧਾਉਂਦੇ ਹਨ।

**ਸਰੀਰ ਦੀ ਇਮਿਊਨਿਟੀ ਵਧਾਏ ;** ਵਿਟਾਮਿਨ 3 ਅਤੇ ਐਂਟੀਓਕਸੀਡੈਂਟਸ ਦੀ ਮੌਜੂਦਗੀ ਕਾਰਨ, ਚੀਕੂ ਸਰੀਰ ਦੀ ਇਮਿਊਨਿਟੀ ਨੂੰ ਵਧਾਉਂਦਾ ਹੈ, ਜਿਸ ਨਾਲ ਗਰਮੀਆਂ ਵਿੱਚ ਹੋਣ ਵਾਲੀਆਂ ਵੱਖ-ਵੱਖ ਬਿਮਾਰੀਆਂ ਤੋਂ ਬਚਾਅ ਹੁੰਦਾ ਹੈ।

**ਊਰਜਾ ਦਿੰਦਾ ਹੈ ;** ਚੀਕੂ ਵਿੱਚ ਗਲੂਕੋਜ਼ ਅਤੇ ਫਰਕਟੋਜ਼ ਦੀ ਮਾਤਰਾ ਜ਼ਿਆਧਾ ਹੁੰਦੀ ਹੈ ਜੋ ਸਰੀਰ ਨੂੰ ਤੁਰੰਤ ਊਰਜਾ ਦਿੰਦੇ ਹਨ। ਗਰਮੀਆਂ ਵਿੱਚ ਜਦੋਂ ਸਰੀਰ ਥੱਕ ਜਾਂਦਾ ਹੈ ਜਾਂ ਥਕਾਵਟ ਮਹਿਸੂਸ ਹੁੰਦੀ ਹੈ, ਉਦੋਂ ਚੀਕੂ ਖਾਣ ਨਾਲ ਤਾਜ਼ਗੀ ਮਿਲਦੀ ਹੈ।

**ਹਾਜ਼ਮੇ ਨੂੰ ਸੁਧਾਰਦਾ ਹੈ ;** ਇਸ ਵਿੱਚ ਮੌਜੂਦ ਫਾਈਬਰ ਪਾਚਨ ਤੰਤਰ ਨੂੰ ਠੀਕ ਰੱਖਦਾ ਹੈ ਅਤੇ ਕਬਜ਼ ਤੋਂ ਰਾਹਤ ਦਿੰਦਾ ਹੈ। ਗਰਮੀਆਂ ਵਿੱਚ ਹਾਜ਼ਮੇ ਦੀ ਸਮੱਸਿਆ ਆਮ ਹੁੰਦੀ ਹੈ, ਜਿਸ ਲਈ ਚੀਕੂ ਫਾਇਦੇਮੰਦ ਸਾਬਤ ਹੁੰਦਾ ਹੈ।

# ਆਸਟ੍ਰੇਲੀਆ ਨੇ ਭਾਰਤੀਆਂ ਨੂੰ ਦਿੱਤਾ ਵੱਡਾ ਝਟਕਾ, ਵਿਦਿਆਰਥੀ ਵੀਜ਼ਾ 'ਤੇ ਲਾਈ ਪਾਬੰਦੀ

## ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਗੁਜਰਾਤ ਤੇ ਉਤਰਾਖੰਡ ਦੇ ਵਿਦਿਆਰਥੀ ਹੋਣਗੇ ਪ੍ਰਭਾਵਤ

ਸਿਡਨੀ, 24 ਅਪ੍ਰੈਲ (ਚ.ਨ.ਸ.) : ਆਸਟ੍ਰੇਲੀਆ ਦੀਆਂ ਕਈ ਯੂਨੀਵਰਸਿਟੀਆਂ ਨੇ ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਗੁਜਰਾਤ ਤੇ ਉੱਤਰਾਖੰਡ ਦੇ ਵਿਦਿਆਰਥੀਆਂ 'ਤੇ ਪਾਬੰਦੀ ਲਾ ਦਿਤੀ ਹੈ। ਰਿਪੋਰਟ ਦੇ ਅਨੁਸਾਰ ਆਸਟ੍ਰੇਲੀਆ ਦੀ ਫ਼ੈਡਰੇਸ਼ਨ ਯੂਨੀਵਰਸਿਟੀ, ਵੈਸਟਰਨ ਸਿਡਨੀ ਯੂਨੀਵਰਸਿਟੀ, ਵਿਕਟੋਰੀਆ ਯੂਨੀਵਰਸਿਟੀ ਅਤੇ ਸਾਊਥਰਨ ਕ੍ਰਾਸ ਯੂਨੀਵਰਸਿਟੀ ਵਰਗੀਆਂ ਵੱਕਾਰੀ ਸੰਸਥਾਵਾਂ ਨੇ ਇਨ੍ਹਾਂ ਸੂਬਿਆਂ ਤੋਂ ਆਉਣ ਵਾਲੇ ਵਿਦਿਆਰਥੀਆਂ ਦੀਆਂ ਸਟੂਡੈਂਟ ਵੀਜ਼ਾ ਅਰਜ਼ੀਆਂ ਨੂੰ ਅਸਥਾਈ ਤੌਰ 'ਤੇ ਰੋਕ ਦਿਤਾ ਹੈ।ਇਨ੍ਹਾਂ ਯੂਨੀਵਰਸਿਟੀਆਂ 'ਚ ਸੱਭ ਤੋਂ ਵੱਧ ਜਾਅਲੀ ਅਰਜ਼ੀਆਂ ਆਈਆਂ ਸਨ। ਹੁਣ ਇਨ੍ਹਾਂ ਯੂਨੀਵਰਸਿਟੀਆਂ ਨੇ ਜਾਂ ਤਾਂ 6 ਸੂਬਿਆਂ ਤੋਂ ਆਉਣ ਵਾਲੀਆਂ ਅਰਜ਼ੀਆਂ ਨੂੰ ਸਵੀਕਾਰ ਕਰਨਾ ਬੰਦ ਕਰ ਦਿਤਾ ਹੈ ਜਾਂ ਫਿਰ ਉਨ੍ਹਾਂ ਦੀ ਸਖ਼ਤ ਜਾਂਚ ਕੀਤੀ ਜਾ ਰਹੀ ਹੈ। ਆਸਟ੍ਰੇਲੀਆਈ ਅਧਿਕਾਰੀਆਂ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਅੰਤਰਰਾਸ਼ਟਰੀ ਸਿਖਿਆ ਪ੍ਰਣਾਲੀ ਖ਼ਤਰੇ 'ਚ ਹੈ।ਦਸਿਆ ਜਾ ਰਿਹਾ ਹੈ ਕਿ ਇਹ ਕਦਮ ਆਸਟ੍ਰੇਲੀਆਈ ਸਰਕਾਰ ਵਲੋਂ ਸਟੂਡੈਂਟ ਵੀਜ਼ਾ ਰੂਟ ਦੀ ਦੁਰਵਰਤੋਂ ਨੂੰ ਰੋਕਣ ਲਈ ਚੁੱਕਿਆ ਗਿਆ ਹੈ। ਆਸਟ੍ਰੇਲੀਆਈ ਵਿਦਿਅਕ ਸੰਸਥਾਵਾਂ ਵੱਲੋਂ ਸਟੂਡੈਂਟ ਵੀਜ਼ਿਆਂ 'ਤੇ ਅਸਥਾਈ ਰੋਕ ਲਾਉਣ ਨਾਲ ਸੱਭ ਤੋਂ ਵੱਧ ਅਸਰ ਗੁਜਰਾਤ ਦੇ ਵਿਦਿਆਰਥੀਆਂ 'ਤੇ ਪਵੇਗਾ। ਗੁਜਰਾਤੀ ਵਿਦਿਆਰਥੀਆਂ ਲਈ ਉਚ ਸਿਖਿਆ ਲਈ ਆਸਟ੍ਰੇਲੀਆ ਚੋਟੀ ਦੇ 3 ਸਥਾਨਾਂ 'ਚੋਂ ਇਕ ਹੈ। ਇੱਥੋਂ ਵਿਦੇਸ਼ ਜਾਣ ਵਾਲੇ ਲੱਗਭਗ 20 ਫ਼ੀ ਸਦੀ ਵਿਦਿਆਰਥੀ ਆਸਟ੍ਰੇਲੀਆ ਨੂੰ ਚੁਣਦੇ ਹਨ। ਨਵੀਆਂ ਪਾਬੰਦੀਆਂ ਨਾਲ ਇਹ ਅੰਕੜਾ ਘਟਣ ਦੀ ਸੰਭਾਵਨਾ ਹੈ।ਰਿਪੋਰਟ ਅਨੁਸਾਰ ਆਸਟ੍ਰੇਲੀਆਈ ਅਧਿਕਾਰੀਆਂ ਨੂੰ ਡਰ ਹੈ ਕਿ ਕੁੱਝ ਵਿਦਿਆਰਥੀ ਸਟੂਡੈਂਟ ਵੀਜ਼ੇ ਦੀ ਗ਼ਲਤ ਵਰਤੋਂ ਕਰ ਰਹੇ ਹਨ। ਇਨ੍ਹਾਂ ਸੂਬਿਆਂ ਤੋਂ ਆਉਣ ਵਾਲੀਆਂ ਵੀਜ਼ਾ ਅਰਜ਼ੀਆਂ 'ਚ ਅਧਿਕਾਰੀਆਂ ਨੇ ਕੁੱਝ ਬੇਨਿਯਮੀਆਂ ਪਾਈਆਂ ਹਨ। ਅਧਿਕਾਰੀਆਂ ਨੇ ਕਿਹਾ ਕਿ ਨਕਲੀ ਸਟੂਡੈਂਟ ਅਰਜ਼ੀਆਂ 'ਚ ਵਾਧਾ ਹੋਇਆ ਹੈ। ਇਸ ਦਾ ਮਤਲਬ ਹੈ ਕਿ ਕੁੱਝ ਲੋਕ ਸਿਰਫ਼ ਪੜ੍ਹਾਈ ਦੇ ਨਾਂ 'ਤੇ ਵੀਜ਼ਾ ਲੈ ਰਹੇ ਹਨ ਪਰ ਉਨ੍ਹਾਂ ਦਾ ਇਰਾਦਾ ਇੱਥੇ ਸੈਟਲ ਹੋਣਾ ਅਤੇ ਗ਼ੈਰ-ਕਾਨੂੰਨੀ ਢੰਗ ਨਾਲ ਨੌਕਰੀ ਕਰਨਾ ਹੈ। ਆਸਟ੍ਰੇਲੀਆ ਅਪਣੀ ਸਿਖਿਆ ਪ੍ਰਣਾਲੀ ਨੂੰ ਬਚਾਉਣ ਲਈ ਸਖ਼ਤ ਕਦਮ ਚੁੱਕ ਰਿਹਾ ਹੈ।




## ਪਾਕਿਸਤਾਨ ਨਾਲ ਦੁਵੱਲੀ ਲੜੀ ਨਹੀਂ ਖੇਡੇਗਾ ਭਾਰਤ : ਬੀ.ਸੀ.ਸੀ.ਆਈ.

ਨਵੀਂ ਦਿੱਲੀ, 24 ਅਪ੍ਰੈਲ (ਚ.ਨ.ਸ.) : ਕਸ਼ਮੀਰ ਦੇ ਪਹਿਲਗਾਮ ਵਿਚ ਹੋਏ ਅਤਿਵਾਦੀ ਹਮਲੇ ਤੋਂ ਬਾਅਦ, ਭਾਰਤੀ ਕ੍ਰਿਕਟ ਕੰਟਰੋਲ ਬੋਰਡ ਨੇ ਇੱਕ ਸਖ਼ਤ ਸੰਦੇਸ਼ ਦਿੱਤਾ ਹੈ। ਤੁਹਾਨੂੰ ਦੱਸ ਦੇਈਏ ਕਿ ਪਹਿਲਗਾਮ ਅਤਿਵਾਦੀ ਹਮਲੇ ਵਿੱਚ 26 ਨਾਗਰਿਕਾਂ ਦੀ ਜਾਨ ਚਲੀ ਗਈ ਸੀ। ਬੀਸੀਸੀਆਈ ਦੇ ਉਪ ਪ੍ਰਧਾਨ ਰਾਜੀਵ ਸ਼ੁਕਲਾ ਨੇ ਕਿਹਾ ਕਿ ਭਾਰਤ ਕਿਸੇ ਵੀ ਹਾਲਤ ਵਿੱਚ ਪਾਕਿਸਤਾਨ ਨਾਲ ਕੋਈ ਵੀ ਦੁਵੱਲੀ ਲੜੀ ਨਹੀਂ ਖੇਡੇਗਾ।ਭਾਰਤੀ ਟੀਮ ਨੇ ਆਖ਼ਰੀ ਵਾਰ 2008 ਵਿੱਚ ਪਾਕਿਸਤਾਨ ਦਾ ਦੌਰਾ ਕੀਤਾ ਸੀ। ਉਦੋਂ ਟੀਮ ਇੰਡੀਆ ਨੇ ਏਸ਼ੀਆ ਕੱਪ ਵਿੱਚ ਹਿੱਸਾ ਲਿਆ ਸੀ। ਵੈਸੇ, ਭਾਰਤੀ ਟੀਮ ਨੇ 2005-06 ਤੋਂ ਬਾਅਦ ਦੁਵੱਲੀ ਲੜੀ ਲਈ ਪਾਕਿਸਤਾਨ ਦਾ ਦੌਰਾ ਨਹੀਂ ਕੀਤਾ।ਕਸ਼ਮੀਰ ਵਿੱਚ ਸ਼ਾਂਤੀ ਭੰਗ ਕਰਨ ਵਾਲੇ ਅਤੇ ਸਥਾਨਕ ਲੋਕਾਂ ਅਤੇ ਸੈਲਾਨੀਆਂ ਵਿੱਚ ਡਰ ਪੈਦਾ ਕਰਨ ਵਾਲੇ ਅਤਿਵਾਦੀ ਹਮਲਿਆਂ ਬਾਰੇ ਸ਼ੁਕਲਾ ਨੇ ਕਿਹਾ, ਅਸੀਂ ਪਾਕਿਸਤਾਨ ਨਾਲ ਦੁਵੱਲੀ ਲੜੀ ਨਹੀਂ ਖੇਡਾਂਗੇ। ਅਸੀਂ ਪੀੜਤਾਂ ਦੇ ਨਾਲ ਖੜ੍ਹੇ ਹਾਂ ਅਤੇ ਅਤਿਵਾਦੀ ਹਮਲੇ ਦੀ ਨਿੰਦਾ ਕਰਦੇ ਹਾਂ। ਸਾਡੀ ਸਰਕਾਰ ਜੋ ਵੀ ਕਹੇ, ਅਸੀਂ ਉਹੀ ਕਰਾਂਗੇ ਗੱਲ ਕਰਦਿਆਂ ਉਨ੍ਹਾਂ ਕਿਹਾ, ਅਸੀਂ ਸਰਕਾਰ ਦੇ ਨਿਰਦੇਸ਼ਾਂ ਕਾਰਨ ਪਾਕਿਸਤਾਨ ਨਾਲ ਦੁਵੱਲੀ ਲੜੀ ਨਹੀਂ ਖੇਡਾਂਗੇ। ਅਸੀਂ ਭਵਿੱਖ ਵਿੱਚ ਵੀ ਪਾਕਿਸਤਾਨ ਨਾਲ ਦੁਵੱਲੀ ਲੜੀ ਨਹੀਂ ਖੇਡਾਂਗੇ ਪਰ ਜਦੋਂ ਕੋਈ ਆਈਸੀਸੀ ਈਵੈਂਟ ਹੁੰਦਾ ਹੈ, ਤਾਂ ਅਸੀਂ ਖੇਡਾਂਗੇ ਕਿਉਂਕਿ ਇਹ ਆਈਸੀਸੀ ਦਾ ਮਾਮਲਾ ਹੈ।



# ਹੈਮਿਲਟਨ ਪੁਲਿਸ ਨੇ ਹਰਸਿਮਰਤ ਕੌਰ ਰੰਧਾਵਾ ਦੇ ਕਾਤਲਾਂ ਦੀ ਪਛਾਣ ਕੀਤੀ

## ਦੋ ਧਿਰਾਂ ਵੱਲੋਂ ਗੋਲ਼ੀਬਾਰੀ ਦੌਰਾਨ ਵਰਤੀਆਂ ਕਾਰਾਂ ਕਬਜ਼ੇ ਵਿਚ ਲਈਆਂ

ਵੈਨਕੂਵਰ, 24 ਅਪ੍ਰੈਲ (ਚ.ਨ.ਸ.) : ਹੈਮਿਲਟਨ ਪੁਲੀਸ ਨੇ ਹਰਸਿਮਰਤ ਕੌਰ ਰੰਧਾਵਾ (21) ਦੇ ਕਾਤਲਾਂ ਦੀ ਪਛਾਣ ਕਰ ਲਈ ਹੈ। ਰੰਧਾਵਾ ਦੀ 17 ਅਪਰੈਲ ਨੂੰ ਉਂਟਾਰੀਓ ਵਿਚ ਕੰਮ ਤੋਂ ਘਰ ਜਾਂਦਿਆਂ ਦੋ ਗਿਰੋਹਾਂ ਦੀ ਆਪਸੀ ਗੋਲੀਬਾਰੀ ਵਿਚ ਗੋਲੀ ਲੱਗਣ ਕਰਕੇ ਮੌਤ ਹੋ ਗਈ ਸੀ। ਪੁਲਿਸ ਨੇ ਵਾਰਦਾਤ ਲਈ ਵਰਤੀਆਂ ਦੋਵੇ ਕਾਰਾਂ ਕਬਜ਼ੇ ਵਿੱਚ ਲੈ ਲਈਆਂ ਸਨ। ਚਿੱਟੇ ਰੰਗ ਦੀ ਹੁੰਡਈ ਅਲਾਂਟਰਾ ਅਤੇ ਕਾਲੇ ਰੰਗ ਦੀ ਮਰਸੀਡੀਜ਼ ਦੀ ਫੌਰੈਂਸਿਕ ਜਾਂਚ ਦੌਰਾਨ ਪੁਲੀਸ ਨੇ ਕਾਤਲਾਂ ਵਿਰੁੱਧ ਠੋਸ ਸਬੂਤ ਇਕੱਤਰ ਕੀਤੇ ਹਨ।ਮਾਮਲੇ ਦੇ ਤਫ਼ਤੀਸ਼ੀ ਅਧਿਕਾਰੀ ਐਲੇਕਸ ਬੱਕ ਅਨੁਸਾਰ ਘਟਨਾ ਸਥਾਨ ਦੁਆਲੇ ਸੀਸੀਟੀਵੀ ਕੈਮਰਿਆਂ 'ਚੋਂ ਕਾਰਾਂ ਦੀ ਪਛਾਣ ਕਰਕੇ ਚਿੱਟੀ ਕਾਰ ਤਾਂ ਘਟਨਾ ਦੇ ਅਗਲੇ ਦਿਨ ਟਰਾਂਟੋਂ ਤੋਂ ਫੜ ਲਈ ਸੀ, ਪਰ ਕਾਲੀ ਕਾਰ ਤੀਜੇ ਦਿਨ ਹੈਮਿਲਟਨ ਤੋਂ ਫੜੀ ਗਈ। ਦੋਵਾਂ ਕਾਰਾਂ 'ਚੋਂ ਇਕੱਤਰ ਕੀਤੀ ਜਾਣਕਾਰੀ ਦੇ ਅਧਾਰ 'ਤੇ ਦੋਸ਼ੀਆਂ ਦੀ ਪਛਾਣ ਕਰ ਲਈ ਗਈ ਹੈ ਤੇ ਉਨ੍ਹਾਂ ਨੂੰ ਫੜਨ ਲਈ ਯਤਨ ਕੀਤੇ ਜਾ ਰਹੇ ਹਨ।ਉਂਝ ਪੁਲੀਸ ਨੇ ਕਿਹਾ ਕਿ ਹਰਸਿਮਰਤ ਕੌਰ ਰੰਧਾਵਾ ਦੋਸ਼ੀਆਂ ਦੇ ਨਿਸ਼ਾਨੇ 'ਤੇ ਨਹੀਂ ਸੀ, ਪਰ ਉਨ੍ਹਾਂ ਦੀ ਆਪਸੀ ਗੋਲੀਬਾਰੀ ਦਾ ਸ਼ਿਕਾਰ ਬਣੀ। ਜ਼ਿਕਰਯੋਗ ਹੈ ਕਿ ਸ੍ਰੀ ਗੋਇੰਦਵਾਲ ਸਾਹਿਬ ਨੇੜਲੇ ਪਿੰਡ ਧੂੰਦਾ ਦੀ ਹਰਸਿਮਰਤ ਰੰਧਾਵਾ ਚਾਰ ਕੁ ਸਾਲ ਪਹਿਲਾਂ ਸਟੱਡੀ ਵੀਜ਼ੇ 'ਤੇ ਕੈਨੇਡਾ ਆਈ ਸੀ ਤੇ ਹੈਮਿਲਟਨ ਵਿਚ ਰਹਿ ਰਹੀ ਸੀ। ਘਟਨਾ ਵਾਲੇ ਦਿਨ ਉਹ ਕੰਮ ਅਤੇ ਹੋਰ ਰੁਝੇਵਿਆਂ ਤੋਂ ਵੇਲੀ ਹੋ ਕੇ ਅੱਪਰ ਜੇਮਜ਼ ਸਟਰੀਟ ਅਤੇ ਸਾਊਥ ਬੈਂਡ ਰੋਡ ਵਾਲੇ ਬੱਸ ਸਟੌਪ ਤੋਂ ਘਰ ਨੂੰ ਜਾਣ ਲੱਗੀ ਤਾਂ ਦੋ ਧੜਿਆਂ ਦੀ ਆਪਸੀ ਗੋਲੀਬਾਰੀ ਦਾ ਸ਼ਿਕਾਰ ਬਣ ਗਈ ਤੇ ਹਸਪਤਾਲ ਲਿਜਾਂਦੇ ਸਮੇਂ ਉਸ ਦੀ ਮੌਤ ਹੋ ਗਈ ਸੀ।



## 200 ਮੀਟਰ 'ਚ ਅਨੀਮੇਸ਼ ਨੇ ਬਣਾਇਆ ਰਾਸ਼ਟਰੀ ਰਿਕਾਰਡ

ਕੋਚੀ, 24 ਅਪ੍ਰੈਲ (ਚ.ਨ.ਸ.) : ਓਡੀਸ਼ਾ ਦੇ ਦੌੜਾਕ ਅਨੀਮੇਸ਼ ਕੁਜੂਰ ਨੇ ਵੀਰਵਾਰ ਨੂੰ ਇੱਥੇ ਨੈਸ਼ਨਲ ਫੈਡਰੇਸ਼ਨ ਸੀਨੀਅਰ ਐਥਲੈਟਿਕਸ ਚੈਂਪੀਅਨਸ਼ਿਪ ਦੇ ਆਖਰੀ ਦਿਨ 200 ਮੀਟਰ ਦੌੜ ਵਿੱਚ 20.40 ਸਕਿੰਟ ਦੇ ਰਾਸ਼ਟਰੀ ਰਿਕਾਰਡ ਨਾਲ ਸੋਨ ਤਮਗ਼ਾ ਜਿੱਤਿਆ।ਪੁਰਸ਼ਾਂ ਦੀ 100 ਮੀਟਰ ਚਾਂਦੀ ਦਾ ਤਮਗ਼ਾ ਜੇਤੂ 21 ਸਾਲਾ ਕੁਜੂਰ ਨੇ ਅਮਲਾਨ ਬੋਰਗੋਹੇਨ ਦੇ 20.52 ਸਕਿੰਟ ਦੇ ਪਿਛਲੇ ਰਾਸ਼ਟਰੀ ਰਿਕਾਰਡ ਵਿੱਚ ਸੁਧਾਰ ਕੀਤਾ ਜੋ ਉਸਨੇ 2022 ਵਿੱਚ ਬਣਾਇਆ ਸੀ। ਰਿਲਾਇੰਸ ਦੀ ਨੁਮਾਇੰਦਗੀ ਕਰ ਰਹੇ ਬੋਰਗੋਹੇਨ 20.80 ਸਕਿੰਟ ਦੇ ਸਮੇਂ ਨਾਲ ਦੂਜੇ ਸਥਾਨ ਤੇ ਰਹੇ।ਹਾਲਾਂਕਿ, ਕੁਜੂਰ 20.16 ਸਕਿੰਟ ਦੇ ਵਿਸ਼ਵ ਚੈਂਪੀਅਨਸ਼ਿਪ ਕੁਆਲੀਫਾਈਂਗ ਮਾਰਕ ਤੋਂ ਪਿੱਛੇ ਰਹਿ ਗਿਆ, ਜੋ ਕਿ ਇੱਕ ਭਾਰਤੀ 200 ਮੀਟਰ ਦੌੜਾਕ ਲਈ ਇੱਕ ਮੁਸ਼ਕਲ ਟੀਚਾ ਹੈ।ਹਾਲਾਂਕਿ, ਕੁਜੂਰ ਨੇ ਏਸ਼ੀਅਨ ਚੈਂਪੀਅਨਸ਼ਿਪ ਲਈ ਐਥਲੈਟਿਕਸ ਫੈਡਰੇਸ਼ਨ ਆਫ ਇੰਡੀਆ (ਏਐਫਆਈ) ਦੁਆਰਾ ਨਿਰਧਾਰਤ 20.53 ਸਕਿੰਟ ਦੇ ਅੰਕੜੇ ਨੂੰ ਬਿਹਤਰ ਬਣਾਇਆ।ਪੁਰਸ਼ਾਂ ਦੀ ਟ੍ਰਿਪਲ ਜੰਪ ਵਿੱਚ, ਪ੍ਰਵੀਨ ਚਿੱਤਰਾਵੇਲ ਨੇ ਇਸ ਸਾਲ ਟੋਕੀਓ ਵਿੱਚ ਹੋਣ ਵਾਲੀ ਵਿਸ਼ਵ ਚੈਂਪੀਅਨਸ਼ਿਪ ਲਈ ਕੁਆਲੀਫਾਈ ਕਰਨ ਲਈ 17.37 ਮੀਟਰ ਦੇ ਆਪਣੇ ਰਾਸ਼ਟਰੀ ਰਿਕਾਰਡ ਦੀ ਬਰਾਬਰੀ ਕੀਤੀ।JSW ਦੀ ਨੁਮਾਇੰਦਗੀ ਕਰ ਰਹੇ 23 ਸਾਲਾ ਚਿੱਤਰਾਵਲ ਨੇ ਆਪਣੀ ਤੀਜੀ ਕੋਸ਼ਿਸ਼ ਵਿੱਚ ਰਾਸ਼ਟਰੀ ਰਿਕਾਰਡ ਦੀ ਬਰਾਬਰੀ ਕਰਕੇ ਸੋਨ ਤਗਮਾ ਜਿੱਤਿਆ। ਉਸਨੇ ਇਸ ਤੋਂ ਪਹਿਲਾਂ ਮਈ 2023 ਵਿੱਚ ਕਿਊਬਾ ਦੇ ਹਵਾਨਾ ਵਿੱਚ ਰਾਸ਼ਟਰੀ ਰਿਕਾਰਡ ਬਣਾਇਆ ਸੀ।



## ਚੀਨ ਨੇ ਪੁਲਾੜ ਸਟੇਸ਼ਨ 'ਚ ਭੇਜੇ ਤਿੰਨ ਨਵੇਂ ਪੁਲਾੜ ਯਾਤਰੀ

ਬੀਜਿੰਗ, 24 ਅਪ੍ਰੈਲ (ਚ.ਨ.ਸ.) : ਚੀਨ ਨੇ ਵੀਰਵਾਰ ਨੂੰ ਆਪਣੇ ਪੁਲਾੜ ਸਟੇਸ਼ਨ ਤੇ ਤਿੰਨ ਨਵੇਂ ਪੁਲਾੜ ਯਾਤਰੀ ਭੇਜੇ, ਜੋ ਪਿਛਲੇ ਛੇ ਮਹੀਨਿਆਂ ਤੋਂ ਉੱਥੇ ਮੌਜੂਦ ਲੋਕਾਂ ਦੀ ਥਾਂ ਲੈਣਗੇ। ਪੁਲਾੜ ਯਾਤਰੀਆਂ ਨੂੰ ਸਟੇਸ਼ਨ ਤੇ ਲਾਂਚ ਕਰਨ ਦਾ ਸਰਕਾਰੀ ਟੈਲੀਵਿਜ਼ਨ CGTN 'ਤੇ ਸਿੱਧਾ ਪ੍ਰਸਾਰਣ ਕੀਤਾ ਗਿਆ। ਯਾਤਰੀਆਂ ਨੂੰ ਲੈ ਕੇ ਜਾਣ ਵਾਲੇ ਸ਼ੇਨਜ਼ੌ-20 ਪੁਲਾੜ ਯਾਨ ਨੇ ਚੀਨ ਦੇ ਜਿਉਕੁਆਨ ਸੈਟੇਲਾਈਟ ਲਾਂਚ ਸੈਂਟਰ ਤੋਂ ਸ਼ਾਮ 5:17 ਵਜੇ (ਬੀਜਿੰਗ ਸਮੇਂ ਅਨੁਸਾਰ) ਉਡਾਣ ਭਰੀ। ਇਸ ਪੁਲਾੜ ਯਾਨ ਵਿੱਚ ਤਿੰਨ ਪੁਲਾੜ ਯਾਤਰੀ ਚੇਨ ਡੋਂਗ, ਚੇਨ ਝੋਂਗਰੁਈ ਅਤੇ ਵਾਂਗ ਜੀ ਸਵਾਰ ਹਨ। ਚਾਲਕ ਦਲ ਦੇ ਇਸ ਸਾਲ ਅਕਤੂਬਰ ਦੇ ਅਖੀਰ ਵਿੱਚ ਉਤਰੀ ਚੀਨ ਵਿੱਚ ਡੋਂਗਫੇਂਗ ਲੈਂਡਿੰਗ ਸਾਈਟ 'ਤੇ ਵਾਪਸ ਜਾਣ ਦਾ ਪ੍ਰੋਗਰਾਮ ਹੈ। ਨਵੇਂ ਚਾਲਕ ਦਲ ਦੇ ਮੈਂਬਰਾਂ ਦੇ ਸਟੇਸ਼ਨ ਵਿੱਚ ਦਾਖਲ ਹੋਣ ਤੋਂ ਬਾਅਦ ਬਾਕੀ ਤਿੰਨ ਮੈਂਬਰਾਂ ਦੇ 29 ਅਪ੍ਰੈਲ ਨੂੰ ਧਰਤੀ 'ਤੇ ਵਾਪਸ ਆਉਣ ਦੀ ਉਮੀਦ ਹੈ। ਚਾਈਨਾ ਮੈਨਡ ਸਪੇਸ ਏਜੰਸੀ ਦੇ ਬੁਲਾਰੇ ਲਿਨ ਝਿਕਿਆਂਗ ਨੇ ਬੁੱਧਵਾਰ ਨੂੰ ਮੀਡੀਆ ਨੂੰ ਦੱਸਿਆ ਕਿ ਚਾਲਕ ਦਲ ਜ਼ੈਬਰਾਫਿਸ਼, ਪਲੈਨੇਰੀਅਨ ਅਤੇ ਸਟ੍ਰੈਪਟੋਮਾਈਸਿਸ ਨੂੰ ਸ਼ਾਮਲ ਕਰਦੇ ਹੋਏ ਨਵੇਂ ਜੀਵ ਵਿਗਿਆਨ ਪ੍ਰਯੋਗ ਕਰੇਗਾ। ਲਿਨ ਨੇ ਕਿਹਾ ਕਿ ਚੀਨ ਪਹਿਲੀ ਵਾਰ ਪੁਲਾੜ ਵਿੱਚ ਪਲੈਨੇਰੀਅਨ ਦੇ ਪੁਨਰਜਨਮ 'ਤੇ ਖੋਜ ਕਰੇਗਾ। ਪਲੈਨੇਰੀਅਨ ਇੱਕ ਨਵਾਂ ਜੀਵ ਹੈ ਜਿਸਨੂੰ ਚੀਨ ਦੇ ਪੁਲਾੜ ਸਟੇਸ਼ਨ 'ਤੇ ਲਿਆਂਦਾ ਗਿਆ ਹੈ। ਇਹ ਅੰਗਾਂ ਨੂੰ ਦੁਬਾਰਾ ਪੈਦਾ ਕਰਨ ਦੀ ਆਪਣੀ ਅਸਾਧਾਰਨ ਯੋਗਤਾ ਲਈ ਜਾਣਿਆ ਜਾਂਦਾ ਹੈ। ਲਿਨ ਨੇ ਕਿਹਾ ਕਿ ਇਹ ਖੋਜ ਵਿਅਕਤੀਗਤ ਪੱਧਰ ਤੇ ਪੁਨਰਜਨਮ ਦੇ ਬੁਨਿਆਦੀ ਵਿਧੀਆਂ ਬਾਰੇ ਸਾਡੀ ਸਮਝ ਨੂੰ ਅੱਗੇ ਵਧਾਏਗੀ।



## ਚੰਡੀਗੜ੍ਹ ਵਿਖੇ ਸਹਿਕਾਰੀ ਸਭਾਵਾਂ ਰਾਹੀਂ ਵਿਕਸਤ ਭਾਰਤ ਦਾ ਨਿਰਮਾਣ ਵਿਸ਼ੇ 'ਤੇ ਰਾਸ਼ਟਰੀ ਕਾਨਫਰੰਸ ਦਾ ਉਦਘਾਟਨ

ਚੰਡੀਗੜ੍ਹ, 24 ਅਪ੍ਰੈਲ (ਚ.ਨ.ਸ.) : ਅੰਤਰਰਾਸ਼ਟਰੀ ਸਹਿਕਾਰੀ ਸਾਲ-2025 ਦੇ ਤਹਿਤ, ਇੱਕ ਵਿਕਸਤ ਭਾਰਤ ਦਾ ਨਿਰਮਾਣ: ਸਹਿਕਾਰੀ, ਕਿਸਾਨ ਸਸ਼ਕਤੀਕਰਨ ਅਤੇ ਵਿਕਾਸ ਰਾਹੀਂ ਪੇਂਡੂ ਅਰਥਵਿਵਸਥਾ ਨੂੰ ਬਦਲਣਾ ਵਿਸ਼ੇ 'ਤੇ ਇੱਕ ਦੋ ਦਿਨਾਂ ਰਾਸ਼ਟਰੀ ਕਾਨਫਰੰਸ 24-25 ਅਪ੍ਰੈਲ ਦੌਰਾਨ ਖੇਤਰੀ ਸਹਿਕਾਰੀ ਪ੍ਰਬੰਧਨ ਸੰਸਥਾਨ (ਆਰਆਈਸੀਐਮ), ਚੰਡੀਗੜ੍ਹ ਵਿਖੇ ਆਯੋਜਿਤ ਕੀਤੀ ਜਾ ਰਹੀ ਹੈ। ਇਸ ਕਾਨਫਰੰਸ ਦਾ ਉਦਘਾਟਨ ਵੀਰਵਾਰ ਨੂੰ ਕੇਂਦਰੀ ਸਹਿਕਾਰਤਾ ਰਾਜ ਮੰਤਰੀ ਸ਼੍ਰੀ ਕ੍ਰਿਸ਼ਨ ਪਾਲ ਗੁਰਜਰ ਅਤੇ ਹਰਿਆਣਾ ਦੇ ਸਹਿਕਾਰਤਾ ਮੰਤਰੀ ਸ਼੍ਰੀ ਅਰਵਿੰਦ ਕੁਮਾਰ ਸ਼ਰਮਾ ਨੇ ਕੀਤਾ। ਇਸਦਾ ਉਦੇਸ਼ ਭਾਰਤ ਦੇ ਸਹਿਕਾਰੀ ਅੰਦੋਲਨ ਨੂੰ ਮਜ਼ਬੂਤ ਕਰਨ ਲਈ ਵਿਸ਼ਵਵਿਆਪੀ ਸੂਝ-ਬੂਝ ਦਾ ਲਾਭ ਉਠਾਉਣਾ ਹੈ। ਇਸ ਦੇ ਨਾਲ, ਇਸਦਾ ਉਦੇਸ਼ ਪੇਂਡੂ ਭਾਈਚਾਰਿਆਂ ਨੂੰ ਮਜ਼ਬੂਤ ਬਣਾਉਣ ਅਤੇ ਟਿਕਾਊ ਵਿਕਾਸ ਨੂੰ ਅੱਗੇ ਵਧਾਉਣ ਲਈ ਨਵੀਨਤਾਕਾਰੀ ਅਭਿਆਸਾਂ, ਰਣਨੀਤੀਆਂ ਅਤੇ ਸਹਿਯੋਗ ਨੂੰ ਉਤਸ਼ਾਹਿਤ ਕਰਨਾ ਹੈ ਕਾਨਫਰੰਸ ਦੇ ਉਦਘਾਟਨੀ ਸੈਸ਼ਨ ਦੌਰਾਨ, ਕੇਂਦਰੀ ਸਹਿਕਾਰਤਾ ਰਾਜ ਮੰਤਰੀ ਸ਼੍ਰੀ ਕ੍ਰਿਸ਼ਨ ਪਾਲ ਗੁਰਜਰ ਅਤੇ ਹਰਿਆਣਾ ਸਰਕਾਰ ਦੇ ਸਹਿਕਾਰਤਾ ਮੰਤਰੀ ਸ਼੍ਰੀ ਅਰਵਿੰਦ ਕੁਮਾਰ ਸ਼ਰਮਾ ਨੇ ਸਹਿਕਾਰੀ ਸਭਾਵਾਂ ਲਈ ਇੱਕ ਡਿਜੀਟਲ ਪੋਰਟਲ ਮੇਰੀ ਸਮਿਤੀ ਮੇਰਾ ਪ ਟਲ ਲਾਂਚ ਕੀਤਾ।ਇਹ ਪੋਰਟਲ ਹਰਿਆਣਾ, ਪੰਜਾਬ, ਹਿਮਾਚਲ ਪ੍ਰਦੇਸ਼, ਦਿੱਲੀ, ਚੰਡੀਗੜ੍ਹ ਅਤੇ ਜੰਮੂ-ਕਸ਼ਮੀਰ ਦੀਆਂ ਸਹਿਕਾਰੀ ਸਭਾਵਾਂ ਦੇ ਸਮਾਜਿਕ ਅਤੇ ਆਰਥਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ।ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ, ਹਰਿਆਣਾ ਸਰਕਾਰ ਦੇ ਸਹਿਕਾਰਤਾ ਮੰਤਰੀ ਸ਼੍ਰੀ ਅਰਵਿੰਦ ਕੁਮਾਰ ਸ਼ਰਮਾ ਨੇ ਸਹਿਕਾਰੀ ਸੰਸਥਾਵਾਂ ਨੂੰ ਮਜ਼ਬੂਤ ਕਰਨ ਲਈ ਰਾਜ ਪੱਧਰ ਤੇ ਕੀਤੀਆਂ ਗਈਆਂ ਵੱਖ-ਵੱਖ ਪਹਿਲਕਦਮੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਬਹੁ-ਮੰਤਵੀ ਅਤੇ ਬਹੁ-ਰਾਜੀ ਸਹਿਕਾਰੀ ਸਭਾਵਾਂ ਰਾਹੀਂ ਭਾਰਤੀ ਨੌਜਵਾਨਾਂ ਨੂੰ ਮਜ਼ਬੂਤ ਬਣਾਉਣਾ ਚਾਹੁੰਦੀ ਹੈ।ਕਾਨਫਰੰਸ ਵਿੱਚ ਭਾਰਤ ਸਰਕਾਰ, ਹਰਿਆਣਾ ਅਤੇ ਪੰਜਾਬ ਸਰਕਾਰ ਦੇ ਕਈ ਹੋਰ ਅਧਿਕਾਰੀ ਵੀ ਮੌਜੂਦ ਸਨ।

## ਮਲਕੀਤ ਸਿੰਘ ਨੇ ਪੰਜਾਬ ਐਂਡ ਸਿੰਧ ਬੈਂਕ ਦੇ ਜ਼ੋਨਲ ਮੈਨੇਜਰ ਵਜੋਂ ਅਹੁਦਾ ਸੰਭਾਲਿਆ

ਲੁਧਿਆਣਾ, 24 ਅਪ੍ਰੈਲ (ਚ.ਨ.ਸ.): ਜਨਤਕ ਖੇਤਰ ਦੇ ਮੋਹਰੀ ਬੈਂਕ, ਪੰਜਾਬ ਐਂਡ ਸਿੰਧ ਬੈਂਕ ਦੇ ਡਿਪਟੀ ਜਨਰਲ ਮੈਨੇਜਰ, ਮਲਕੀਤ ਸਿੰਘ ਨੇ ਜ਼ੋਨਲ ਦਫ਼ਤਰ, ਲੁਧਿਆਣਾ ਵਿਖੇ ਜ਼ੋਨਲ ਮੈਨੇਜਰ ਵਜੋਂ ਅਹੁਦਾ ਸੰਭਾਲ ਲਿਆ ਹੈ। ਮਲਕੀਤ ਸਿੰਘ ਨੇ ਬੈਂਕ ਵਿੱਚ ਆਪਣਾ ਕੇਰੀਅਰ ਬੈਂਕ ਦੇ ਮੁੱਖ ਦਫ਼ਤਰ, ਦਿੱਲੀ ਵਿੱਚ ਇੱਕ ਪ੍ਰੋਬੇਸ਼ਨਰੀ ਅਫਸਰ ਵਜੋਂ ਸ਼ੁਰੂ ਕੀਤਾ ਅਤੇ ਬੈਂਕ ਵਿੱਚ ਸੀਨੀਅਰ ਅਹੁਦਿਆਂ ਤੇ ਰਹਿੰਦੇ ਹੋਏ ਦੇਸ਼ ਦੇ ਵੱਖ-ਵੱਖ ਖੇਤਰਾਂ ਵਿੱਚ ਹਰ ਤਰ੍ਹਾਂ ਦੀਆਂ ਬੈਂਕਿੰਗ ਸੇਵਾਵਾਂ ਪ੍ਰਦਾਨ ਕੀਤੀਆਂ।



# ਭਾਰਤ ਦੇ ਪਹਿਲੇ ਆਈਵੀ ਲੀਗ ਹਾਈ ਸਕੂਲ ਯੂਨਾਈਟਿਡ ਨੇਸ਼ਨ ਕਾਨਫ਼ਰੰਸ ਦੀ ਮੇਜ਼ਬਾਨੀ ਕਰੇਗੀ ਚਿੱਤਕਾਰਾ ਯੂਨੀਵਰਸਿਟੀ

## ਅੱਠ ਤੋਂ ਦਸ ਅਗਸਤ ਤੱਕ ਚਿਤਕਾਰਾ ਯੂਨੀਵਰਸਿਟੀ ਵਿਖੇ ਹੋਵੇਗਾ ਤਿੰਨ ਦਿਨਾ ਸੰਮੇਲਨ ਅੱਠਵੀਂ ਤੋਂ ਬਾਰਵੀਂ ਦੇ 1200 ਤੋਂ 1500 ਵਿਦਿਆਰਥੀ ਲੈਣਗੇ ਹਿੱਸਾ

ਬਨੂੜ/ਰਾਜਪੁਰਾ/ 24 ਅਪਰੈਲ (ਹਰਦੀਪ ਕੌਰ) : ਅੰਤਰ-ਰਾਸ਼ਟਰੀ ਅਕਾਦਮਿਕ ਆਦਾਨ-ਪ੍ਰਦਾਨ ਅਤੇ ਹਾਈ ਸਕੂਲ ਕੂਟਨੀਤੀ ਲਈ ਇੱਕ ਇਤਿਹਾਸਕ ਕਦਮ ਦੇ ਰੂਪ ਵਿਚ ਚਿਤਕਾਰਾ ਯੂਨੀਵਰਸਿਟੀ ਵੱਕਾਰੀ ਆਈਵੀ ਲੀਗ ਮਾਡਲ ਸੰਯੁਕਤ ਰਾਸ਼ਟਰੀ ਕਾਨਫਰੰਸ ਭਾਰਤ-2025(ਆਈਐਲਐਮਯੂਐੱਨਸੀ-2025) ਦੀ ਮੇਜ਼ਬਾਨੀ ਕਰੇਗੀ। ਇਹ ਸੰਯੁਕਤ ਰਾਸ਼ਟਰ ਅਮਰੀਕਾ ਦੇ ਸਭ ਤੋਂ ਮਸ਼ਹੂਰ ਵਿਦਿਅਕ ਸਿਮੂਲੇਸ਼ਨ ਵਿੱਚੋਂ ਇੱਕ ਹੈ ਅਤੇ ਪਹਿਲੀ ਵਾਰ ਇਸ ਤਰਾਂ ਦੀ ਕਾਨਫਰੰਸ ਦਾ ਆਯੋਜਨ ਭਾਰਤ ਵਿਚ ਹੋਣ ਜਾ ਰਿਹਾ ਹੈ। 8 ਤੋਂ 10 ਅਗਸਤ, 2025 ਤੱਕ ਤਿੰਨ ਦਿਨਾਂ ਦੀ ਇਹ ਰਿਹਾਇਸ਼ੀ ਕਾਨਫਰੰਸ ਪੰਜਾਬ ਦੀ ਚਿਤਕਾਰਾ ਯੂਨੀਵਰਸਿਟੀ ਕੈਂਪਸ ਵਿੱਚ ਆਯੋਜਿਤ ਕੀਤੀ ਜਾਵੇਗੀ। ਵਕਾਰੀ ਆਈਵੀ ਲੀਗ ਸੰਸਥਾ, ਯੂਨੀਵਰਸਿਟੀ ਆਫ਼ ਪੈਨਸਿਲਵੇਨੀਆ (ਯੂ ਪੇਨ) ਦੁਆਰਾ ਸੰਚਾਲਿਤ ਆਈਵੀ ਲੀਗ ਮਾਡਲ ਸੰਯੁਕਤ ਰਾਸ਼ਟਰੀ ਕਾਨਫਰੰਸ ਨੇ ਪ੍ਰਮਾਣਿਕ ਕੂਟਨੀਤਕ ਸਿਮੂਲੇਸ਼ਨ ਦੇ ਮਾਧਿਅਮ ਦੁਆਰਾ ਭਵਿੱਖ ਦੇ ਨੇਤਾਵਾਂ ਨੂੰ ਵਿਕਸਿਤ ਕਰਨ ਦੀ ਆਪਣੀ ਵਚਨਬੱਧਤਾ ਲਈ ਵਿਸ਼ਵਵਿਆਪੀ ਪ੍ਰਸ਼ੰਸਾ ਪ੍ਰਾਪਤ ਕੀਤੀ ਹੈ। ਆਈਐਲਐਮਯੂਐੱਨਸੀ-ਇੰਡੀਆ-2025 ਦੇ ਇਸ ਐਡੀਸ਼ਨ ਵਿੱਚ ਦੇਸ਼ ਭਰ ਤੋਂ 8ਵੀਂ ਤੋਂ 12ਵੀਂ ਜਮਾਤ ਦੇ 1,200 ਤੋਂ 1,500 ਤੱਕ ਹਾਈ ਸਕੂਲਾਂ ਦੇ ਵਿਦਿਆਰਥੀ ਹਿੱਸਾ ਲੈਣਗੇ। ਇਸ ਨਾਲ ਇੱਕ ਜੀਵੰਤ, ਸਮਾਵੇਸ਼ੀ ਵਾਤਾਵਰਣ ਪੈਦਾ ਹੋਵੇਗਾ ਜੋ ਲੀਡਰਸ਼ਿਪ, ਆਲੋਚਨਾਤਮਕ ਸੋਚ, ਅਤੇ ਅੰਤਰ-ਸੱਭਿਆਚਾਰਕ ਸਮਝ ਨੂੰ ਉਤਸ਼ਾਹਿਤ ਕਰੇਗਾ। ਚਿਤਕਾਰਾ ਯੂਨੀਵਰਸਿਟੀ ਦੀ ਪ੍ਰੋ ਚਾਂਸਲਰ ਡਾ. ਮਧੂ ਚਿਤਕਾਰਾ ਨੇ ਇਸ ਪਹਿਲਕਦਮੀ ਬਾਰੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇਹ ਚਿਤਕਾਰਾ ਯੂਨੀਵਰਸਿਟੀ ਲਈ ਬਹੁਤ ਮਾਣ ਅਤੇ ਮਹੱਤਵ ਦੀ ਗੱਲ ਹੈ ਕਿ ਇਹ ਉਹ ਪਹਿਲੀ ਵਾਰ, ਆਈਵੀ ਲੀਗ ਮਾਡਲ ਸੰਯੁਕਤ ਰਾਸ਼ਟਰ ਨੂੰ ਭਾਰਤ ਵਿਚ ਲਿਆ ਰਹੀ ਹੈ। ਯੂਨੀਵਰਸਿਟੀ ਆਫ਼ ਪੈਨਸਿਲਵੇਨੀਆ ਦੇ ਨਾਲ ਇਹ ਭਾਈਵਾਲੀ ਦੇਸ਼ ਭਰ ਦੇ ਸਕੂਲੀ ਵਿਦਿਆਰਥੀਆਂ ਨੂੰ ਵਿਸ਼ਵਵਿਆਪੀ ਐਕਸਪੋਜ਼ਰ ਪ੍ਰਦਾਨ ਕਰਦੀ ਹੈ ਅਤੇ ਅਕਾਦਮਿਕ ਉੱਤਮਤਾ ਪ੍ਰਦਾਨ ਕਰਨ ਪ੍ਰਤੀ ਸਾਡੀ ਸਥਾਈ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾ ਨੇ ਕਿਹਾ ਕਿ ਸਾਡਾ ਮੰਨਣਾ ਹੈ ਕਿ ਆਈਐਲਐਮਯੂਐੱਨਸੀ ਇੰਡੀਆ-2025 ਨਾ ਸਿਰਫ਼ ਭਾਗੀਦਾਰਾਂ ਦੇ ਗਿਆਨ ਅਤੇ ਲੀਡਰਸ਼ਿਪ ਸਮਰੱਥਾਵਾਂ ਨੂੰ ਤੇਜ਼ ਕਰੇਗਾ, ਸਗੋਂ ਉਨ੍ਹਾਂ ਦੇ ਵਿਸ਼ਵਵਿਆਪੀ ਦ੍ਰਿਸ਼ਟੀਕੋਣ ਅਤੇ ਨਾਗਰਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਵੀ ਡੂੰਘਾ ਕਰੇਗਾ। ਡਾ ਮਧੂ ਚਿਤਕਾਰਾ ਨੇ ਕਿਹਾ ਕਿ ਆਈਵੀ ਲੀਗ ਦੇ ਸਭ ਤੋਂ ਵੱਕਾਰੀ ਹਾਈ ਸਕੂਲ ਡਿਪਲੋਮੇਸੀ ਕਾਨਫਰੰਸਾਂ ਵਿੱਚ ਇੱਕ ਨੂੰ ਭਾਰਤ ਲਿਆ ਕੇ, ਚਿਤਕਾਰਾ ਯੂਨੀਵਰਸਿਟੀ ਸਕੂਲੀ ਵਿਦਿਆਰਥੀਆਂ ਵਿੱਚ ਆਲੋਚਨਾਤਮਕ ਸੋਚ, ਵਿਸ਼ਵਵਿਆਪੀ ਨਾਗਰਿਕਤਾ ਅਤੇ ਲੀਡਰਸ਼ਿਪ ਨੂੰ ਉਤਸ਼ਾਹਿਤ ਕਰਨ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਦੀ ਹੈ। ਇਹ ਸੰਮੇਲਨ ਨਾ ਸਿਰਫ਼ ਉੱਚ ਪੱਧਰ 'ਤੇ ਕੂਟਨੀਤੀ ਦੀ ਪਹਿਲ ਦਾ ਵਾਅਦਾ ਕਰਦਾ ਹੈ, ਸਗੋਂ ਜੀਵਨ ਭਰ ਸਿੱਖਣਾ, ਅਸਲ-ਸੰਸਾਰ ਦੇ ਮੁੱਦਿਆਂ ਨਾਲ ਅਰਥਪੂਰਨ ਸ਼ਮੂਲੀਅਤ, ਅਤੇ ਸਥਾਈ ਦੋਸਤੀਆਂ ਨੂੰ ਵੀ ਪ੍ਰੇਰਿਤ ਕਰਦਾ ਹੈ।



## ਬੈਂਕ ਆਫ਼ ਬੜੌਦਾ ਨੇ ਧਰਤੀ ਦਿਵਸ ਮੌਕੇ ਨਵੀਂ ਈ.ਐਸ.ਜੀ. ਨੀਤੀ ਲਾਗੂ ਕੀਤੀ

ਮੁੰਬਈ, 24 ਅਪ੍ਰੈਲ (ਚ.ਨ.ਸ.) : ਭਾਰਤ ਦੇ ਅਗੇਵਾਂ ਜਨਤਕ ਖੇਤਰ ਦੇ ਬੈਂਕਾਂ ਵਿੱਚੋਂ ਇੱਕ, ਬੈਂਕ ਆਫ਼ ਬੜੌਦਾ ਨੇ ਧਰਤੀ ਦਿਵਸ 2025 ਦੇ ਮੌਕੇ ਤੇ ਆਪਣੀ ਨਵੀਂ ਪਰੀਵਰਣ, ਸਮਾਜਿਕ ਅਤੇ ਗਵਰਨੈਂਸ ਨੀਤੀ ਦੀ ਸ਼ੁਰੂਆਤ ਕਰਦਿਆਂ, ਸਾਲ 2057 ਤੱਕ ਨੈੱਟ-ਜ਼ੀਰੋ ਉਤਸਰਜਨ ਦੀ ਪ੍ਰਾਪਤੀ ਦੀ ਮਹੱਤਵਾਕਾਂਕਸ਼ਾ ਪ੍ਰਗਟ ਕੀਤੀ। ਇਹ ਰਣਨੀਤਿਕ ਪੈਲ ਬੈਂਕ ਦੀ ਲੰਬੇ ਸਮੇਂ ਲਈ ਵਚਨਬੱਧਤਾ ਨੂੰ ਮਜ਼ਬੂਤ ਕਰੇਗੀ, ਜੋ ਕਿ ਜ਼ਿੰਮੇਵਾਰ ਅਤੇ ਟਿਕਾਊ ਬੈਂਕਿੰਗ ਨੂੰ ਉਤਸ਼ਾਹਿਤ ਕਰਨ, ਈ.ਐਸ.ਜੀ. ਖ਼ਤਰਨਾਂ ਨੂੰ ਘਟਾਉਣ ਅਤੇ ਘੱਟ ਕਾਰਬਨ ਵਾਲੇ ਭਵਿੱਖ ਦੇ ਮੌਕਿਆਂ ਦੀ ਪਛਾਣ ਕਰਨ, ਟਿਕਾਊਤਾ ਦੇ ਗਲੋਬਲ ਫਰੇਮਵਰਕ ਦੀ ਪਾਲਣਾ ਕਰਨ ਅਤੇ ਈ.ਐਸ.ਜੀ.-ਕੇਂਦਰਤ ਸਭਿਆਚਾਰ ਵਿਕਸਤ ਕਰਨ ਦੀ ਦਿਸ਼ਾ ਵਿੱਚ ਹੈ।

ਧਰਤੀ ਦਿਵਸ 2025 ਦੀ ਥੀਮ ਸਾਡੀ ਧਰਤੀ, ਸਾਡੀ ਤਾਕਤ ਦੇ ਅਨੁਕੂਲ, ਬੈਂਕ ਆਫ਼ ਬੜੌਦਾ ਨਵੀਨੀਕਰਣਯੋਗ ਊਰਜਾ ਖੇਤਰ ਦੀ ਵਿੱਤੀ ਸਹਾਇਤਾ ਨੂੰ ਤਰਜੀਹ ਦੇਵੇਗਾ। ਬੈਂਕ ਨੇ ਆਪਣੀ 'ਪਲਾਂਟ ਏ ਟਰੀ' ਸਕੀਮ ਹੇਠ, 2025 ਦੇ ਕੈਲੰਡਰ ਸਾਲ ਵਿੱਚ ਹੁਣ ਤੱਕ ਗ੍ਰਾਹਕਾਂ ਵੱਲੋਂ ਜਾਰੀ ਕੀਤੇ ਹਰੇਕ ਆਟੋ ਲੋਨ ਅਤੇ ਘਰ ਲੋਨ ਲਈ 30,000 ਤੋਂ ਵੱਧ ਰੁੱਖ ਲਗਾਏ ਹਨ।

ਈ.ਐਸ.ਜੀ. ਨੀਤੀ ਬੈਂਕ ਦੀਆਂ ਸਾਰੀਆਂ ਈ.ਐਸ.ਜੀ. ਸਬੰਧੀ ਪਹਿਲਕਦਮੀਆਂ ਅਤੇ ਗਤੀਵਿਧੀਆਂ ਲਈ ਮਾਰਗਦਰਸ਼ਨ ਦਾ ਕੰਮ ਕਰੇਗੀ। ਇਹ ਨੀਤੀ ਈ.ਐਸ.ਜੀ. ਦੇ ਤਿੰਨ ਸਥੰਭਾਂ — ਪਰੀਵਰਣ, ਸਮਾਜਿਕ ਅਤੇ ਗਵਰਨੈਂਸ—ਹੇਠ ਆਉਣ ਵਾਲੇ ਮਹੱਤਵਪੂਰਨ ਖੇਤਰਾਂ, ਮੈਟ੍ਰਿਕਸ ਅਤੇ ਟੀਚਿਆਂ ਨੂੰ ਦਰਸਾਉਂਦੀ ਹੈ ਅਤੇ ਈ.ਐਸ.ਜੀ. ਗਵਰਨੈਂਸ ਦਾ ਰਸਤਾ ਸਾਫ ਕਰਦੀ ਹੈ।

ਬੈਂਕ ਦੇ ਪ੍ਰਬੰਧ ਨਿਰਦੇਸ਼ਕ ਅਤੇ ਮੁੱਖ ਕਾਰਜਕਾਰੀ ਅਧਿਕਾਰੀ, ਸ਼੍ਰੀ ਦੇਬਦੱਤ ਚਾਂਦ ਨੇ ਕਿਹਾ ਕਿ ਧਰਤੀ ਦਿਵਸ 2025 ਬੈਂਕ ਆਫ਼ ਬੜੌਦਾ ਦੀ ਟਿਕਾਊ ਵਿਕਾਸ ਯਾਤਰਾ ਵਿੱਚ ਇੱਕ ਮੋੜ ਵਾਲਾ ਪਲ ਹੈ। ਸਾਡੀ ਈ.ਐਸ.ਜੀ. ਨੀਤੀ ਦੀ ਸ਼ੁਰੂਆਤ ਅਤੇ ਨੈੱਟ-ਜ਼ੀਰੋ ਦੀ ਵਚਨਬੱਧਤਾ ਇਹ ਦਰਸਾਉਂਦੀ ਹੈ ਕਿ ਬੈਂਕ ਪਰੀਵਰਣ ਸੁਰੱਖਿਆ, ਸਮਾਜਿਕ ਭਲਾਈ ਅਤੇ ਉੱਚ ਗਵਰਨੈਂਸ ਮਾਪਦੰਡਾਂ ਦੀ ਪਾਲਣਾ ਕਰਦਿਆਂ ਇੱਕ ਜਵਾਬਦੇਹ ਕਾਰਪੋਰੇਟ ਬਣਨ ਲਈ ਕਿੰਨਾ ਸੰਕਲਪਤ ਹੈ।

ਬੈਂਕ ਨੇ ਹਰੇ-ਭਰੇ ਡਿਪਾਜ਼ਿਟ, ਰਿਹਾਇਸ਼ੀ ਰੂਫਟੌਪ ਸੋਲਰ ਲੋਨ ਸਕੀਮ ਅਤੇ ਗ੍ਰੀਨ ਹਾਈਡਰੋਜਨ ਫ਼ਾਇਨੈਂਸਿੰਗ ਸਕੀਮ ਵਰਗੇ ਕਈ ਟਿਕਾਊ ਵਿੱਤ ਉਤਪਾਦ ਲਾਂਚ ਕੀਤੇ ਹਨ। ਇਸ ਦੇ ਨਾਲ ਹੀ, ਇੱਕ ਨੈਤਿਕ ਆਚਰਨ ਸੰਹਿਤਾ ਵੀ ਲਾਗੂ ਕੀਤੀ ਗਈ ਹੈ ਜੋ ਕਰਮਚਾਰੀਆਂ, ਵੈਂਡਰਾਂ ਅਤੇ ਹੋਰ ਸਾਥੀਆਂ ਤੋਂ ਉਮੀਦ ਕੀਤੇ ਜਾਂਦੇ ਆਚਰਨ ਦੇ ਮਾਪਦੰਡ ਦਰਸਾਉਂਦੀ ਹੈ। ਧਰਤੀ ਦਿਵਸ ਉੱਤੇ ਬੈਂਕ ਨੇ ਆਪਣੀਆਂ ਟਿਕਾਊ ਪਹਿਲਕਦਮੀਆਂ ਦੀ ਝਲਕ ਦਿਖਾਉਣ ਲਈ ਵਿਸ਼ੇਸ਼ 'ਬੋਬ ਅਰਥ' ਵੈੱਬ ਸਪੇਸ ਦੀ ਸ਼ੁਰੂਆਤ ਕੀਤੀ ਹੈ ਅਤੇ ਕਰਮਚਾਰੀਆਂ ਵਿਚ ਜਾਗਰੂਕਤਾ ਲਿਆਉਣ ਲਈ 'ਗ੍ਰੀਨ ਫ਼ਾਇਨੈਂਸਿੰਗ' 'ਤੇ ਪ੍ਰਸ਼ਿਕਸ਼ਣ ਅਤੇ ਨਿਪੁੰਨਤਾ ਕਾਰਸ਼ਾਲਾ ਵੀ ਕਰਵਾਈ ਜਾ ਰਹੀ ਹੈ।






## ਪਹਿਲਗਾਮ ਹਮਲੇ ਦੇ ਪੀੜਤਾਂ ਨਾਲ ਬਾਬਾ ਹਰਨਾਮ ਸਿੰਘ ਖਾਲਸਾ ਨੇ ਪ੍ਰਗਟਾਈ ਸੰਵੇਦਨਾ'



ਚੌਂਕ ਮਹਿਤਾ 24 ਅਪ੍ਰੈਲ (ਬਲਜਿੰਦਰ ਸਿੰਘ ਰੰਧਾਵਾ)ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਹਮਲੇ ਦੌਰਾਨ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਨਾਲ ਸੰਵੇਦਨਾ ਪ੍ਰਗਟ ਕੀਤੀ ਹੈ। ਉਹਨਾਂ ਨੇ ਕਿਹਾ ਕਿ ਇਸ ਅਣਮਨੁੱਖੀ ਤੇ ਕਰੂਰ ਕਾਰੇ ਨੇ ਸਮਾਜਿਕ ਕਦਰਾਂ ਕੀਮਤਾਂ ਨੂੰ ਬਹੁਤ ਭਾਰੀ ਸੱਟ ਮਾਰੀ ਹੈ। ਉਨ੍ਹਾਂ ਕਿਹਾ ਕਿ ਮਾਨਵੀ ਸਰੋਕਾਰ ਅਜਿਹਾ ਨਹੀਂ ਸਿਖਾਉਂਦੇ, ਸਗੋਂ ਸਾਰਿਆਂ ਨੂੰ ਭਾਈਚਾਰੇ ਤੇ ਸਦਭਾਵਨਾ ਦਾ ਰਾਹ ਦਿਖਾਉਂਦੇ ਹਨ। ਉਹਨਾਂ ਕਿਹਾ ਏਸੇ ਤਰ੍ਹਾਂ ਹੀ ਜੰਮੂ ਕਸ਼ਮੀਰ 'ਚ ਵੀ ਲੱਗਭੱਗ 25 ਸਾਲ ਪਹਿਲਾਂ ਚਿੱਟੀ ਸਿੰਘਪੁਰਾ ਵਿਖੇ 35 ਨਿਰਦੋਸ਼ ਸਿੱਖਾਂ ਦਾ ਗੋਲੀਆਂ ਮਾਰਕੇ ਕਤਲ ਕਰ ਦਿਤਾ ਗਿਆ ਸੀ ਜਿਸ ਦਾ ਇਨਸਾਫ ਅੱਜ ਤਕ ਹੀ ਸਿੱਖਾਂ ਨੂੰ ਨਹੀ ਮਿਲਿਆ। ਉਨ੍ਹਾਂ ਪਹਿਲਗਾਮ 'ਚ ਮਾਰੇ ਗਏ ਲੋਕਾਂ ਦੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਅਸੀ ਗੁਰੂ ਅੱਗੇ ਅਰਦਾਸ ਕੀਤੀ ਕਿ ਹਮਲੇ ਦੌਰਾਨ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਤੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

# ਸ਼੍ਰੋਮਣੀ ਕਮੇਟੀ ਨੇ ਕੀਤਾ ਯੂਪੀਐਸਸੀ ਕਲੀਅਰ ਕਰਨ ਵਾਲੀ ਜਨਦੀਪ ਕੌਰ ਟਿਵਾਣਾ ਦਾ ਸਨਮਾਨ

ਫਤਿਹਗੜ੍ਹ ਸਾਹਿਬ, 24 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ) ਯੂਪੀਐਸਸੀ ਦੇ ਨਤੀਜੇ ਵਿੱਚ ਆਲ ਇੰਡੀਆ ਵਿੱਚੋਂ 147ਵਾਂ ਰੈਂਕ ਹਾਸਲ ਕਰਨ ਵਾਲੀ ਜ਼ਿਲਾ ਫਤਿਹਗੜ੍ਹ ਸਾਹਿਬ ਦੇ ਪਿੰਡ ਚਨਾਰਥਲ ਖੁਰਦ ਦੀ ਜਨਦੀਪ ਕੌਰ ਟਿਵਾਣਾ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਜਨਦੀਪ ਕੌਰ ਟਿਵਾਣਾ ਨੇ ਪਰਿਵਾਰ ਸਮੇਤ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਪਰਮਾਤਮਾ ਦਾ ਸ਼ੁਕਰਾਨਾ ਕੀਤਾ। ਇਸ ਇਸ ਮੌਕੇ ਤੇ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਭਾਈ ਹਰਪਾਲ ਸਿੰਘ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਵਤਾਰ ਸਿੰਘ ਰਿਆ ਵੱਲੋਂ ਜਪਨੀਤ ਕੌਰ ਟਿਵਾਣਾ ਨੂੰ ਸਿਰੋਪਾਓ ਸਾਹਿਬ ਨਾਲ ਸਨਮਾਨ ਕੀਤਾ ਗਿਆ। ਦੱਸ ਦਈਏ ਕਿ ਮੌਜੂਦਾ ਸਮੇਂ ਇਨਕਮ ਟੈਕਸ ਵਿੱਚ ਇੰਸਪੈਕਟਰ ਵਜੋਂ ਸੇਵਾਵਾਂ ਨਿਭਾ ਰਹੇ ਹਨ। ਇਸ ਇਸ ਮੌਕੇ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਵਤਾਰ ਸਿੰਘ ਰਿਆ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਅਮਲੋਹ ਤੋ ਇੰਚਾਰਜ ਗੁਰਪ੍ਰੀਤ ਸਿੰਘ ਰਾਜੂ ਖੰਨਾ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦਿਹਾਤੀ ਦੇ ਪ੍ਰਧਾਨ ਸ਼ਰਨਜੀਤ ਸਿੰਘ ਚੁਨਾਰਥਲ ਨੇ ਬੋਲਦਿਆਂ ਜਪਨੀਤ ਕੌਰ ਵੱਲੋਂ ਇਸ ਪ੍ਰਾਪਤੀ ਤੇ ਖੁਸ਼ੀ ਜਾਹਰ ਕਰਦਿਆਂ ਕਿਹਾ ਕਿ ਲੜਕੀਆਂ ਅੱਜ ਕਿਸੇ ਵੀ ਖੇਤਰ ਵਿੱਚੋਂ ਲੜਕਿਆਂ ਨਾਲੋਂ ਘੱਟ ਨਹੀਂ ਹਨ ਤੇ ਹਰ ਮੁਕਾਮ ਹਾਸਲ ਕਰ ਰਹੀਆਂ ਹਨ ਤੇ ਮਾਪਿਆਂ ਨੂੰ ਵੀ ਆਪਣੀਆਂ ਲੜਕੀਆਂ ਦੀ ਹੌਸਲਾ ਅਫਜਾਈ ਕਰਨੀ ਚਾਹੀਦੀ ਹੈ ਅਤੇ ਹਰੇਕ ਖੇਤਰ ਵਿੱਚ ਅੱਗੇ ਆਉਣ ਲਈ ਉਤਸਾਹਿਤ ਕਰਨਾ ਚਾਹੀਦਾ ਹੈ ਉਹਨਾਂ ਦੱਸਿਆ ਕਿ ਜਪਨੀਤ ਕੌਰ ਨੇ ਯੂਪੀਐਸਸੀ ਦੀ ਪ੍ਰੀਖਿਆ ਵਿੱਚ ਆਲ ਇੰਡੀਆ ਭਰ ਵਿੱਚੋਂ 147ਵਾਂ ਰੈਂਕ ਹਾਸਲ ਕਰਕੇ ਜਿਲਾ ਫਤਿਹਗੜ੍ਹ ਸਾਹਿਬ ਦਾ ਨਾਮ ਅੰਤਰਰਾਸ਼ਟਰੀ ਪੱਧਰ ਤੇ ਰੁਸ਼ਨਾਇਆ ਹੈ। ਉਧਰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਪਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਜਨਦੀਪ ਕੌਰ ਟਿਵਾਣਾ ਨੇ ਆਪਣੀ ਇਸ ਕਾਮਯਾਬੀ ਪਿੱਛੇ ਸਖਤ ਮਿਹਨਤ ਦੱਸੀ ਉੱਥੇ ਹੀ ਇਸ ਦਾ ਸਿਹਰਾ ਆਪਣੇ ਮਾਤਾ ਪਿਤਾ ਨੂੰ ਦਿੱਤਾ, ਉਹਨਾਂ ਕਿਹਾ ਕਿ ਤਿਆਰੀ ਵਿੱਚ ਮਿਹਨਤ ਕਰਦਿਆਂ ਦਿਨ ਰਾਤ ਤੱਕ ਦਾ ਪਤਾ ਨਹੀਂ ਲੱਗਦਾ ਸੀ ਤੇ ਹੋਰਨਾਂ ਲੜਕੀਆਂ ਨੂੰ ਵੀ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਅੱਗੇ ਆਉਣਾ ਚਾਹੀਦਾ ਹੈ । ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਮੈਨੇਜਰ ਗੁਰਦੀਪ ਸਿੰਘ ਕੰਗ, ਸ਼੍ਰੋਮਣੀ ਅਕਾਲੀ ਦਲ ਜਿਲ੍ਹਾ ਫਤਿਹਗੜ੍ਹ ਸਾਹਿਬ ਦੇ ਸ਼ਹਿਰੀ ਪ੍ਰਧਾਨ ਮਨਮੋਹਨ ਸਿੰਘ ਮਕਾਰੋਂਪੁਰ, ਸਾਬਕਾ ਚੇਅਰਮੈਨ ਬਲਜੀਤ ਸਿੰਘ ਭੁੱਟਾ, ਅਵਤਾਰ ਸਿੰਘ ਸਾਬਕਾ ਮੈਨੇਜਰ ਕੋਆਪਰੇਟਿਵ ਬੈਂਕ ਤੇ ਪਿਤਾ ਜਨਦੀਪ ਕੌਰ, ਸੁਪਰਵਾਈਜਰ ਜੋਗਾ ਸਿੰਘ, ਸਾਬਕਾ ਮੈਨੇਜਰ ਅਮਰਜੀਤ ਸਿੰਘ ਗਿੱਲ, ਸੁਪਰਵਾਈਜ਼ਰ , ਅਤੇ ਹੋਰ ਪਤਵੰਤੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



## ਅੱਗ ਲੱਗਣ ਕਾਰਨ 30 ਏਕੜ ਕਣਕ ਅਤੇ 220 ਏਕੜ ਨਾੜ ਸੜ ਕੇ ਸੁਆਹ



ਮੱਲਾਂਵਾਲਾ 24 ਅਪ੍ਰੈਲ (ਹਰਪਾਲ ਸਿੰਘ ਖਾਲਸਾ): ਮੱਲਾਂ ਵਾਲਾ ਤੋਂ 3 ਕਿਲੋਮੀਟਰ ਦੂਰ ਪਿੰਡ ਦੁੱਲਾ ਸਿੰਘ ਵਾਲਾ ਵਿੱਚ ਖੜ੍ਹੀ ਕਣਕ ਦੀ ਫ਼ਸਲ ਅਤੇ ਦਾਣੇ ਨੂੰ ਅੱਗ ਲੱਗ ਗਈ ਅਤੇ ਅੱਗ ਪਿੰਡ ਕੁਤੁਬਦੀਨ ਵਾਲਾ ਵਿੱਚੋਂ ਲੰਘਦੀ ਹੋਈ ਫਤੇ ਵਾਲਾ ਵਿੱਚ ਪੁੱਜ ਗਈ।ਅੱਗ ਇੰਨੀ ਭਿਆਨਕ ਸੀ ਕਿ ਲੋਕਾਂ ਨੂੰ ਟਰੈਕਟਰਾਂ ਅਤੇ ਪਾਣੀ ਦੀਆਂ ਪਾਇਪਾ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਉਣ 'ਚ ਦੋ ਘੰਟੇ ਲੱਗ ਗਏ। ਜੀਰਾ ਅਤੇ ਫ਼ ?ਰੋਜ਼ਪੁਰ ਤੋਂ ਫਾਇਰ ਬ੍ਰਿਗੇਡ ਨੇ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਪੂਰੀ ਤਰ੍ਹਾਂ ਕਾਬੂ ਪਾਇਆ ‚ ਇਸ ਦੌਰਾਨ ਕਰੀਬ 250 ਏਕੜ ਨਾੜ ਅਤੇ ਕਣਕ ਸੜ ਕੇ ਸੁਆਹ ਹੋ ਗਈ, ਜਿਸ ਵਿੱਚ ਸਬਕਾ ਸਰਪੰਚ ਮਲੂਕ ਸਿੰਘ, ਸੁਰਜੀਤ ਸਿੰਘ ਦੀ ਕਾਫ਼ੀ ਏਕੜ ਨਾੜ ਅਤੇ ਨਛੱਤਰ ਸਿੰਘ ਦੀ 3 ਏਕੜ ਕਣਕ, ਲਖਵਿੰਦਰ ਸਿੰਘ ਦੀ 10 ਏਕੜ ਕਣਕ ਅਤੇ ਤਰਸੇਮ ਸਿੰਘ ਦੀ 1 ਏਕੜ ਕਣਕ ਸੜ ਕੇ ਸੁਆਹ ਹੋ ਗਈ। ਮੌਕੇ 'ਤੇ ਹਲਕਾ ਜੀਰਾ ਦੇ ਵਿਧਾਇਕ ਨਰੇਸ਼ ਕੁਮਾਰ ਕਟਾਰੀਆ, ਨਰੇਸ਼ ਕੁਮਾਰ ਕਟਾਰੀਆ ਮੌਕੇ ਤੇ ਪਹੁੰਚੇ ਐਸ.ਐਚ.ਓ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਜਿਨ੍ਹਾਂ ਕਿਸਾਨਾਂ ਦੀ ਫਸਲ ਅਤੇ ਨਾੜ ਸੜ ਕੇ ਸੁਆਹ ਹੋ ਗਈਆਂ ਹਨ, ਅਸੀਂ ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿੰਦੇ ਹਾਂ, ਮੈਂ ਤੁਹਾਡੀ ਆਵਾਜ਼ ਪੰਜਾਬ ਦੇ ਮੁੱਖ ਮੰਤਰੀ ਤੱਕ ਪਹੁੰਚਾਵਾਂਗਾ। ਸਭ ਤੋਂ ਵੱਧ ਨੁਕਸਾਨ ਫਿਰੋਜ਼ਪੁਰ ਸ਼ਹਿਰੀ ਵਿਧਾਨ ਸਭਾ ਹਲਕੇ ਦੇ ਕਿਸਾਨਾਂ ਦਾ ਹੋਇਆ ਹੈ। ਮੈਂ ਹਲਕਾ ਵਿਧਾਇਕ ਰਣਵੀਰ ਸਿੰਘ ਭੁੱਲਰ ਨੂੰ ਵੀ ਅਪੀਲ ਕਰਾਂਗਾ ਕਿ ਉਹ ਤੁਹਾਡੀ ਅਵਾਜ਼ ਮੁੱਖ ਮੰਤਰੀ ਤੱਕ ਪਹੁੰਚਾਉਣ ਅਤੇ ਤੁਹਾਨੂੰ ਜਲਦੀ ਤੋਂ ਜਲਦੀ ਸਰਕਾਰ ਤੋਂ ਮੁਆਵਜ਼ਾ ਦਿਵਾਇਆ ਜਾਵੇ। ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ।

# ਸੀ.ਪੀ.ਆਈ ਐਮ . ਐਲ ਐਨ .ਡੀ ਵਲੋਂ ਪਹਿਲਗਾਮ ਦੇ ਮ੍ਰਿਤਕਾਂ ਨੂੰ ਸ਼ਰਧਾਂਜਲੀਆਂ ਭੇਟ

## ਸ਼ਹਿਰ ਵਿਚ ਮੁਜਾਹਰਾ ਕਰਕੇ ਕੀਤੀ ਅਮਿਤ ਸ਼ਾਹ ਦੇ ਅਸਤੀਫੇ ਦੀ ਮੰਗ




ਨਵਾਂਸ਼ਹਿਰ 24 ਅਪ੍ਰੈਲ (ਸੁਖਦੇਵ ਸਿੰਘ ਉੜਾਪੜ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ -ਲੈਨਿਨਵਾਦੀ) ਨਿਊਡੈਮੋਕਰੇਸੀ ਜਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਅੱਜ ਸਥਾਨਕ ਬਾਰਾਦਰੀ ਬਾਗ ਵਿਚ ਪਹਿਲਗਾਮ ਵਿਚ ਮਾਰੇ ਗਏ 26 ਨਿਰਦੋਸ਼ਾਂ ਨੂੰ ਸ਼ਰਧਾਂਜਲੀਆਂ ਭੇਟ ਕਰਨ ਉਪਰੰਤ ਇਸ ਕਾਂਡ ਦੇ ਵਿਰੋਧ ਵਿਚ ਸ਼ਹਿਰ ਅੰਦਰ ਪ੍ਰਦਰਸ਼ਨ ਕੀਤਾ ਗਿਆ।ਪਾਰਟੀ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਕੋਲੋ ਅਸਤੀਫੇ ਦੀ ਮੰਗ ਕੀਤੀ ਹੈ। ਇਸ ਮੌਕੇ ਇਸ ਹੱਤਿਆ ਕਾਂਡ ਦੀ ਨਿੰਦਾ ਕਰਦਿਆਂ ਪਾਰਟੀ ਆਗੂਆਂ ਕੁਲਵਿੰਦਰ ਸਿੰਘ ਵੜੈਚ, ਦਲਜੀਤ ਸਿੰਘ ਐਡਵੋਕੇਟ ਨੇ ਕਿਹਾ ਪਹਿਲਗਾਮ ਧਰਮ ਅਧਾਰਿਤ ਸਮੂਹਿਕ ਹੱਤਿਆ ਕਾਂਡ ,ਜਿਸ ਵਿਚ 26 ਨਿਰਦੋਸ਼ ਲੋਕਾਂ ਦੀ ਜਾਨ ਚਲੀ ਗਈ ਹੈ ਅਤੇ ਹੋਰ ਕਈ ਜ਼ਖਮੀ ਹੋਏ ਹਨ,ਇਕ ਬੇਹੱਦ ਘਿਨਾਉਣਾ,ਕਰੂਰ ਅਤੇ ਨਿੰਦਣਯੋਗ ਕਾਰਾ ਹੈ,ਅਸੀਂ ਇਸਦੀ ਜੋਰਦਾਰ ਨਿਖੇਧੀ ਕਰਦੇ ਹਾਂ। ਇਹ ਨਾਂ ਕਿਸੇ ਧਰਮ ਤੇ ਨਾ ਕਿਸੇ ਅਜਾਦੀ ਸੰਘਰਸ਼ ਦੇ ਹਿੱਤ ਵਿਚ ਹੈ।ਸਭ ਨੂੰ ਇਸਦੀ ਜੋਰਦਾਰ ਨਿਖੇਧੀ ਕਰਨੀ ਚਾਹੀਦੀ ਹੈ। ਤਸੱਲੀ ਵਾਲੀ ਗੱਲ ਹੈ ਕਿ ਕਸ਼ਮੀਰ ਵਿਚ ਲੋਕ, ਖਾਸ ਕਰਕੇ ਮੁਸਲਮਾਨ ਇਸ ਘਿਨਾਉਣੇ ਕਾਰੇ ਵਿਰੁੱਧ ਸੜਕਾਂ ਤੇ ਨਿਕਲੇ ਹਨ। ਉਹਨਾਂ ਕਿਹਾ ਕਿ ਸਾਡੀ ਜਾਚੇ ਹੁਣ ਤਕ ਚਾਰ ਵੱਡੇ ਸਮੂਹਿਕ ਹੱਤਿਆ ਕਾਂਡ ਵਾਪਰੇ ਹਨ।ਹੁਣ ਇਹ ਪਹਿਲਗਾਮ ਸਮੂਹਿਕ ਹੱਤਿਆ ਕਾਂਡ ਕੀਤਾ ਗਿਆ ਹੈ ਇਹਨਾਂ ਤਿੰਨਾਂ ਵਿਚ ਦੋ ਗੱਲਾਂ ਸਾਂਝੀਆਂ ਹਨ।ਇਕ, ਸਾਰਿਆਂ ਵਿਚ ਇਕ ਵਰਗ ਵਿਸ਼ੇਸ਼ ਨੂੰ ਨਿਸ਼ਾਨਾ ਬਣਾਇਆ ਗਿਆ, ਛੱਤੀਸਿੰਘ ਪੁਰਾ ਵਿਚ ਸਿੱਖਾਂ ਨੂੰ, ਪੁਲਵਾਮਾ ਵਿਚ ਕੇਂਦਰੀ ਰਿਜ਼ਰਵ ਪੁਲੀਸ ਨੂੰ ਅਤੇ ਪਹਿਲਗਾਮ ਵਿਚ ਹਿੰਦੂਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਦੂਸਰੀ , ਇਹ ਸਾਰੇ ਕਿਸੇ ਘਟਨਾ ਵਿਸ਼ੇਸ਼ ਨਾਲ ਸੰਬੰਧਿਤ ਹਨ ।ਛੱਤੀਸਿੰਘ ਪੁਰਾ ਉਦੋਂ ਵਾਪਰਿਆ ਜਦੋਂ ਅਮਰੀਕੀ ਰਾਸ਼ਟਰਪਤੀ, ਬਿੱਲ ਕਲਿੰਟਨ ਭਾਰਤ ਆਇਆ ਸੀ , ਕਾਲੂਚੱਕ ਵੀ ਅਮਰੀਕੀ ਯਾਤਰਾ ਸਮੇਂ ਵਾਪਰਿਆ, ਪੁਲਵਾਮਾ ਉਦੋਂ ਹੋਇਆ ਜਦੋਂ ਦੇਸ਼ ਵਿਚ ਚੋਣਾਂ ਹੋਣ ਜਾ ਰਹੀਆਂ ਸਨ,ਅਤੇ ਪਹਿਲਗਾਮ ਜਦੋਂ ਅਮਰੀਕਾ ਦਾ ਉੱਪ ਰਾਸ਼ਟਰਪਤੀ ,ਜੇ ਡੀ ਵਾਂਸ ਭਾਰਤ ਦੌਰੇ ਤੇ ਆਇਆ ਹੋਇਆ ਹੈ ।ਇਕ ਵੱਖਰਾ ਪਹਿਲੂ ਇਹ ਵੀ ਹੈ ਕਿ ਇਹ ਕਾਂਡ ਉਦੋਂ ਵਾਪਰਿਆ ਜਦੋਂ ਦੇਸ਼ ਵਿਚ ਮੋਦੀ ਸਰਕਾਰ ਵਲੋਂ ਪਾਸ ਵਕਫ ਸੋਧ ਕਾਨੂੰਨ ਦਾ ਮੁਲਕ ਭਰ ਚ ਤਿੱਖਾ ਵਿਰੋਧ ਹੋ ਰਿਹਾ ਸੀ। ਇਹ ਸਾਰੇ ਇਸਨੂੰ ਸ਼ੱਕੀ ਬਣਾਉਂਦੇ ਹਨ।ਇਸ ਕਰਕੇ ਇਸਦੀ ਉੱਚ ਪੱਧਰੀ ਨਿਆਂਇਕ ਜਾਂਚ ਹੋਣੀ ਚਾਹੀਦੀ ਹੈ।ਮੀਡੀਆ ਵਿੱਚ ਜਿੰਮੇਵਾਰੀ ਦਾ ਬਿਆਨ ਕੋਈ ਮਾਅਨੇ ਨਹੀਂ ਰਖਦਾ। ਮਨੀਪੁਰ ਚ ਇਕ ਲੰਬੇ ਅਰਸੇ ਤੋਂ ਖ਼ੂਨ ਖਰਾਬਾ ਹੋ ਰਿਹਾ ਹੈ।ਅਜਿਹੇ ਕਈ ਕਾਂਡ ਵਾਪਰੇ ਹਨ ਪਰ ਨਾ ਕਦੀ ਅਮਿਤ ਸ਼ਾਹ ਨੇ ਅਤੇ ਨਾ ਕਦੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮਨੀਪੁਰ ਜਾਣ ਦੀ ਖੇਚਲ ਕੀਤੀ ਹੈ ਪਰ ਇੱਥੇ ਅਮਿਤ ਸ਼ਾਹ ਕਸ਼ਮੀਰ ਆ ਕੇ ਬੈਠ ਗਿਆ ਹੈ ਤੇ ਮੋਦੀ ਸਾਊਦੀ ਅਰਬ ਦੀ ਯਾਤਰਾ ਛੱਡ ਕੇ ਵਾਪਸ ਆ ਗਿਆ ਹੈ । ਸੰਘੀ ਫਾਸ਼ੀਵਾਦ ਦੀ ਫਿਰਕੂ ਧਰੁੱਵੀਕਰਨ ਦੀ ਨੀਤੀ ਦੇਸ਼ ਨੂੰ ਤੇ ਲੋਕਾਂ ਨੂੰ ਖ਼ੂਨ ਖਰਾਬਾ ਤੇ ਤਬਾਹੀ ਤੋਂ ਬਿਨਾਂ ਕੁੱਝ ਨਹੀਂ ਦੇ ਸਕਦੀ।

# ਵਿਧਾਇਕ ਡਾ: ਨਿੱਝਰ ਨੇ ਸਰਕਾਰੀ ਐਲੀਮੈਂਟਰੀ ਸਕੂਲ ਵਿਖੇ 15 ਲੱਖ ਦੀ ਲਾਗਤ ਨਾਲ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

ਅੰਮ੍ਰਿਤਸਰ, 24 ਅਪ੍ਰੈਲ, (ਬਬਲੂ ਮਹਾਜਨ) : 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਅੱਜ ਹਲਕਾ ਦੱਖਣੀ ਦੇ ਵਿਧਾਇਕ ਡਾ: ਇੰਦਰਬੀਰ ਸਿੰਘ ਨਿੱਜਰ ਨੇ ਸਰਕਾਰੀ ਐਲੀਮੈਂਟਰੀ ਸਕੂਲ ਸੁਭਾਸ਼ ਕਲੋਨੀ ਵਿਖੇ ਕਰੀਬ 15 ਲੱਖ ਰੁਪਏ ਦੀ ਲਾਗਤ ਨਾਲ ਸਕੂਲ ਦੀ ਮੇਜਰ ਰਿਪੇਅਰ ਦਾ ਉਦਘਾਟਨ ਕਰਦਿਆਂ ਕਿਹਾ ਕਿ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਹੁਣ ਸਮੇਂ ਦੇ ਹਾਣੀ ਬਣਾਉਣ ਦੇ ਉਦੇਸ਼ ਨਾਲ ਸਕੂਲਾਂ ਵਿੱਚ ਆਧੁਨਿਕ ਕਲਾਸ ਰੂਮ,ਵਾਈ ਫਾਈ ਦੀ ਸੁਵਿਧਾ ਆਦਿ ਮੁਹੱਈਆਂ ਕਰਵਾਈ ਜਾ ਰਹੀ ਹੈ, ਤਾਂ ਜੋ ਸਰਕਾਰੀ ਸਕੂਲਾਂ ਦੇ ਬੱਚੇ ਵੀ ਪ੍ਰਾਈਵੇਟ ਸਕੂਲਾਂ ਦੇ ਬੱਚਿਆਂ ਨਾਲੋਂ ਵਧੀਆ ਸਿੱਖਿਆ ਹਾਸਲ ਕਰਕੇ ਉੱਚ ਅਹੁੱਦਿਆਂ ਤੱਕ ਪੁੱਜ ਸਕਣ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਅਧਿਆਪਕਾਂ ਨੂੰ ਆਧੁਨਿਕ ਢੰਗ ਤਰੀਕਿਆਂ ਨਾਲ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਵਿਦੇਸ਼ਾਂ ਦੀਆਂ ਉੱਚ ਕੋਟੀ ਦੀਆਂ ਸੰਸਥਾਵਾਂ ਤੋਂ ਸਿਖਲਾਈ ਦੁਆਈ ਗਈ ਹੈ ਤਾਂ ਜੋ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਮੁਹੱਈਆ ਕਰਵਾਈ ਜਾ ਸਕੇ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਵਿੱਚ ਵੱਡੇ ਸੁਧਾਰ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਕੂਲਾਂ ਦੇ ਬੁਨਿਆਦੀ ਢਾਂਚੇ ਵੱਲ ਕੋਈ ਧਿਆਨ ਨਹੀਂ ਦਿੱਤਾ, ਜਿਸ ਕਰਕੇ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੀ ਗਿਣਤੀ ਕਾਫ਼ੀ ਘੱਟ ਗਈ ਸੀ ਅਤੇ ਹੁਣ ਸਰਕਾਰ ਵੱਲੋਂ ਸਕੂਲਾਂ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਨੂੰ ਦੇਖਦੇ ਹੋਏ ਵੱਡੀ ਗਿਣਤੀ ਵਿੱਚ ਲੋਕ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਦਾਖਲ ਕਰਵਾ ਰਹੇ ਹਨ।

ਇਸ ਦੌਨ ਸਕੂਲੀ ਬੱਚਿਆਂ ਵੱਲੋਂ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।

ਇਸ ਮੌਕੇ ਸਕੂਲ ਮੁੱਖੀ ਮੈਡਮ ਨਿਰਮਲ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਕੂਲੀ ਬੱਚੇ,ਉਨ੍ਹਾਂ ਦੇ ਮਾਪੇ ਅਤੇ ਇਲਾਕਾ ਵਾਸੀ ਹਾਜ਼ਰ ਸਨ।




# ਚਾਂਦਪੁਰ ਰੁੜਕੀ ਲੱਗੇ ਕਰੈਸ਼ਰ ਚਾਲਕਾਂ ਵਲੋਂ ਮਾਇਨਿਗ ਕਰ ਮਚਾਈ ਤਬਾਹੀ,



ਬਲਾਚੌਰ 24 ਅਪ੍ਰੈਲ (ਅਜ਼ਮੇਰ ਸਿੰਘ ਭਨੋਟ) ਕਸਬਾ ਬਲਾਚੌਰ ਦੇ ਪਿੰਡ ਚਾਂਦਪੁਰ ਰੁੜਕੀ ਵਿੱਖੇ ਲੱਗੇ ਕਰੈਸ਼ਰ ਚਾਲਕਾਂ ਵਲੋਂ ਆਲੇ ਦੁਆਲੇ ਪਿੰਡਾਂ ਦੇ ਵਿੱਚ ਵੱਡੇ ਪੱਧਰ ਤੇ ਗੈਰ ਕਾਨੂੰਨੀ ਮਾਈਨਿੰਗ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ ਜਿਸਨੂੰ ਲੈਕੇ ਲੋਕਾਂ ਨੇ ਕਾਰਵਾਈ ਦੀ ਮੰਗ ਕੀਤੀ ਹੈ।ਪੰਜਾਬ ਸਰਕਾਰ ਵਲੋਂ ਭਾਵੇਂ ਗੈਰ ਕਾਨੂੰਨੀ ਮਾਈਨਿੰਗ ਕਰਨ ਵਾਲਿਆਂ ਦੇ ਉੱਪਰ ਸ਼ਿਕੰਜਾ ਕਸਣ ਦੇ ਦਾਅਵੇ ਕੀਤੇ ਜਾ ਰਹੇ ਹਨ ਪ੍ਰੰਤੂ ਜਮੀਨੀ ਹਕੀਕਤ ਦੇ ਵਿੱਚ ਮਾਈਨਿੰਗ ਮਾਫ਼ੀਆ ਵਲੋਂ ਗੈਰ ਕਾਨੂੰਨੀ ਤਰੀਕੇ ਨਾਲ ਮਾਈਨਿੰਗ ਕਰਨ ਦਾ ਕਾਰੋਬਾਰ ਵੱਡੇ ਪੱਧਰ ਤੇ ਜਾਰੀ ਹੈ।ਪਿੰਡ ਚਾਂਦਪੁਰ ਰੁੜਕੀ ਵਿੱਖੇ ਲੱਗੇ ਸਿੱਧੀ ਵਿਨਾਇਕ ਕਰੈਸ਼ਰ ਦੇ ਕਰਿੰਦਿਆਂ ਵਲੋਂ ਪਿੰਡ ਬਾਰਾਪੁਰ, ਕੁਨੈਲ, ਜਮਾਲਪੁਰ, ਚਾਂਦਪੁਰ ਰੁੜਕੀ ਅਤੇ ਹੋਰਾਂ ਪਿੰਡਾਂ ਦੇ ਵਿੱਚ 15 ਫੁੱਟ ਤੱਕ ਗੈਰ ਕਾਨੂੰਨੀ ਮਾਈਨਿੰਗ ਕੀਤੀ ਗਈ ਹੈ। ਲੋਕਾਂ ਨੇ ਮੰਗ ਕੀਤੀ ਹੈ ਕਿ ਇਸ ਮਾਈਨਿੰਗ ਮਾਫ਼ੀਆ ਤੇ ਰੋਕ ਲਗਾਈ ਜਾਵੇ।ਉੱਧਰ ਇਸ ਮਾਮਲੇ ਦੇ ਵਿੱਚ ਬਲਾਚੌਰ ਤੋਂ ਵਿਧਾਇਕ ਸੰਤੋਸ਼ ਕਟਾਰੀਆ ਨੇ ਕਿਹਾ ਕਿ ਗੈਰ ਕਾਨੂੰਨੀ ਮਾਈਨਿੰਗ ਸਬੰਧੀ ਵਿਭਾਗ ਨੂੰ ਸੂਚਿੱਤ ਕਰ ਦਿੱਤਾ ਹੈ ਅਤੇ ਦੋਸ਼ੀਆਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ।

## ਨਗਰ ਕੌਂਸਲ ਪ੍ਰਧਾਨ ਜੀਤਾ ਵੱਲੋਂ ਅਧਿਕਾਰੀਆਂ ਨਾਲ ਕੀਤੀ ਗਈ ਮੀਟਿੰਗ



ਸ੍ਰੀ ਅਨੰਦਪੁਰ ਸਾਹਿਬ 24 ਅਪ੍ਰੈਲ (ਸੇਵਾ ਸਿੰਘ ਸਤਿੰਦਰਪਾਲ ਸਿੰਘ) ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿਖੇ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਮੁੱਖ ਰੱਖਦੇ ਹੋਏ ਹਰਜੀਤ ਸਿੰਘ ਜੀਤਾ ਪ੍ਰਧਾਨ ਦਿਸ਼ਾ ਨਿਰਦੇਸ਼ ਅਨੁਸਾਰ ਹਰਬਖਸ਼ ਸਿੰਘ ਕਾਰਜ ਸਾਧਕ ਅਫਸਰ, ਮਦਨ ਲਾਲ ਸੈਂਨਟਰੀ ਇੰਸਪੈਕਟਰ ਅਤੇ ਸਮੂਹ ਨਗਰ ਕੌਂਸਲ ਦੀ ਟੀਮ ਵੱਲੋਂ ਗੁਰੂ ਨਗਰੀ ਸ਼੍ਰੀ ਅਨੰਦਪੁਰ ਸਾਹਿਬ ਦੀ ਸਾਫ ਸਫਾਈ ਲਈ ਅਤੇ ਇਸ ਦੀ ਧਾਰਮਿਕ ਮਹੱਤਤਾ ਨੂੰ ਮੁੱਖ ਰੱਖਦੇ ਹੋਏ ਨਗਰ ਕੌਂਸਲ ਦੇ ਮੁਲਾਜ਼ਮਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ ਜਿਸ ਵਿੱਚ ਉਹਨਾਂ ਨੇ ਗੁਰੂ ਨਗਰੀ ਸ਼੍ਰੀ ਅਨੰਦਪੁਰ ਸਾਹਿਬ ਵਿੱਚੋਂ ਨਜਾਇਜ਼ ਕਬਜ਼ੇ ਹਟਾਉਣਾ ਅਤੇ ਸਾਫ ਸਫਾਈ ਦੇ ਨਾਲ ਨਾਲ ਨਸ਼ਾਖੋਰੀ ਵਾਲੇ ਪਦਾਰਥਾਂ ਨੂੰ ਵੇਚਣ ਅਤੇ ਖਰੀਦਣ ਵਾਲੀਆਂ ਦੁਕਾਨਾਂ ਤੇ ਛਾਪੇਮਾਰੀ ਕੀਤੀ ਗਈ ਜਿਸ ਵਿੱਚ ਵੱਡੀ ਮਾਤਰਾ ਵਿੱਚ ਬੀੜੀ ਸਿਗਰਟ ਅਤੇ ਨਸ਼ੇ ਦੇ ਪਦਾਰਥ ਪ੍ਰਾਪਤ ਹੋਏ। ਜਿਨਾਂ ਦੁਕਾਨਦਾਰਾਂ ਕੋਲੋਂ ਇਹ ਨਸ਼ੀਲੇ ਪਦਾਰਥ ਪ੍ਰਾਪਤ ਹੋਏ ਉਹਨਾਂ ਨੂੰ ਜੁਰਮਾਨਾ ਵੀ ਕੀਤਾ ਗਿਆ ਅਤੇ ਇਹ ਵੀ ਹਦਾਇਤ ਦਿੱਤੀ ਗਈ ਕਿ ਅਗਲੀ ਵਾਰ ਜੇ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੀ ਹਦੂਦ ਦੇ ਅੰਦਰ ਕੋਈ ਵੀ ਦੁਕਾਨਦਾਰ ਜਾਂ ਆਮ ਬੰਦਾ ਕਿਸੇ ਤਰੀਕੇ ਦੀ ਨਸ਼ਾਖੋਰੀ ਕਰਦੇ ਜਾਂ ਵੇਚਦੇ ਫੜਿਆ ਗਿਆ ਉਸਦੇ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਪਰਮਜੀਤ ਸੋਨੂੰ, ਰਮੇਸ਼ਵਰ ਸੋਨੀ, ਗੁਰਮਿੰਦਰ ਸਿੰਘ ਮਰਹੌਲੀ, ਵਿਕਾਸ, ਅਜੈ ਕੁਮਾਰ ਘੱਗਾ, ਰਜਿੰਦਰ ਕੁਮਾਰ, ਸਾਗਰ, ਸੰਜੀਵ ਕੁਮਾਰ ਸੰਜੂ, ਸਤੀਸ਼ ਕੁਮਾਰ ਫੌਜੀ, ਸੰਜੀਵ ਕੁਮਾਰ ਸੰਜੂ, ਸਤੀਸ਼ ਬਬਲੂ, ਵਿਨੋਦ ਕੁਮਾਰ, ਰਕੇਸ਼ ਕੁਮਾਰ ਵਿੱਕੀ ਹਾਜ਼ਰ

## ਪਹਿਲਗਾਮ ਹਮਲਾ ਬਹੁਤ ਹੀ ਨਿੰਦਣਯੋਗ:ਪਰਮਵੀਰ

ਭੋਗਪੁਰ 24 ਅਪ੍ਰੈਲ (ਜੰਡੀਰ ਸੈਣੀ) ਅੱਜ ਚੜ੍ਹਦੀ ਕਲਾ ਟਾਈਮ ਟੀਵੀ ਦੇ ਪੱਤਰਕਾਰ ਅਮਰਜੀਤ ਸਿੰਘ ਜੰਡੀਰ ਸੈਣੀ ਨਾਲ ਗੱਲਬਾਤ ਕਰਦਿਆਂ ਪਰਮਵੀਰ ਸਿੰਘ ਸੀਨੀਅਰ ਆਗੂ ਭੀਮ ਆਰਮੀ ਪੰਜਾਬ ਨੇ ਕਿਹਾ ਕਿ ਜੋ ਪਹਿਲਗਾਮ ( ਜੰਮੂ-ਕਸ਼ਮੀਰ ) ਵਿੱਚ ਨਿਹੱਥੇ ਮਾਸੂਮ ਸੈਲਾਨੀਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਘਿਨਾਉਣੇ ਅਤੇ ਕਇਰਾਨਾ ਅੱਤਵਾਦੀ ਹਮਲੇ ਦੀ ਇਸ ਘਟਨਾ ਨੇ ਦਿਲ ਨੂੰ ਝੰਜੋੜ ਕੇ ਰੱਖ ਦਿੱਤਾ ਉਹਨਾਂ ਕਿਹਾ ਮੈ ਸਖ਼ਤ ਸ਼ਬਦਾਂ ਚ ਨਿੰਦਾ ਕਰਦਾ ਹਾਂ । ਹਿੰਸਾ ਦਾ ਇਹ ਵਹਿਸ਼ੀ ਕਾਰਾ ਮਨੁੱਖਤਾ ਅਤੇ ਸ਼ਾਂਤੀ ਤੇ ਹਮਲਾ ਹੈ ਇਨ੍ਹਾਂ ਪਲਾਂ ਵਿੱਚ ਅਸੀਂ ਉਨ੍ਹਾਂ ਦੇ ਦੁੱਖ ਨੂੰ ਆਪਣਾ ਮੰਨਦੇ ਹਾਂ ਉਹਨਾਂ ਕਿਹਾ ਪ੍ਰਮਾਤਮਾ ਉਨ੍ਹਾਂ ਨੂੰ ਇਹ ਅਸਹਣੀ ਪੀੜ੍ਹ ਸਹਿਣ ਦਾ ਬਲ ਦੇਵੇ ਅਤੇ ਜ਼ਖ਼ਮੀਆਂ ਨੂੰ ਜਲਦੀ ਤੰਦਰੁਸਤੀ ਦੇਵੇ । ਸਾਡਾ ਮਨ,ਸਾਡੀਆਂ ਅੱਖਾਂ ਅਤੇ ਦਿਲ ਅੱਜ ਪਹਿਲਗਾਮ ਦੀ ਧਰਤੀ ਤੇ ਬਹਿੰਦੇ ਲਹੂ ਨਾਲ ਭਿੱਜੇ ਹੋਏ । ਅਜਿਹੀਆਂ ਘਟਨਾਵਾਂ ਕਦੇ ਨਾਂਹ ਵੀ ਨਾ ਵਾਪਰਨ ਇਹੀ ਅਰਦਾਸ ਪਰਮਾਤਮਾ ਦੇ ਚਰਨਾਂ ਵਿੱਚ ਕਰਦੇ ਹਾਂ

## ਪਹਿਲਗਾਮ ਦੇ ਮ੍ਰਿਤਕਾਂ ਦੀ ਆਤਮਿਕ ਸ਼ਾਂਤੀ ਲਈ ਕੈਂਡਲ ਮਾਰਚ ਕੱਢਿਆ



ਧਾਰੀਵਾਲ, 24 ਅਪ੍ਰੈਲ (ਅਸ਼ੋਕ ਕੁਮਾਰ) ਕਸ਼ਮੀਰ ਦੇ ਪਹਿਲਗਾਮ ਚ ਹੋਏ ਅੱਤਵਾਦੀ ਹਮਲੇ ਦੀ ਸਖ਼ਤ ਨਿੰਦਾ ਕਰਦੇ ਹੋਏ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ ਦੀ ਅਗਵਾਈ ਵਿੱਚ ਪਹਿਲਗਾਮ ਹਮਲੇ ਚ ਮਾਰੇ ਗਏ ਸੈਲਾਨੀਆਂ ਦੀ ਆਤਮਿਕ ਸ਼ਾਂਤੀ ਲਈ ਧਾਰੀਵਾਲ ਵਿਖੇ ਕੈਂਡਲ ਮਾਰਚ ਕੱਢਿਆ ਗਿਆ। ਇਸ ਮੌਕੇ ਉਨ੍ਹਾਂ ਮ੍ਰਿਤਕਾਂ ਦੇ ਪਰਿਵਾਰਾਂ ਪ੍ਰਤੀ ਡੂੰਘੀ ਸੰਵੇਦਨਾ ਪ੍ਰਗਟ ਕੀਤੀ ਅਤੇ ਸਾਰੇ ਜ਼ਖਮੀਆਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਵੀ ਕੀਤੀ। ਉਨ੍ਹਾਂ ਅਗੇ ਕਿਹਾ ਕਿ ਸੈਲਾਨੀਆਂ ਤੇ ਹਮਲਾ ਕਰ ਕੇ ਅੱਤਵਾਦੀਆਂ ਨੇ ਆਪਣੀ ਕਾਇਰਤਾ ਦਾ ਸਬੂਤ ਦਿੱਤਾ ਹੈ। ਉਨਾਂ ਅੱਗੇ ਕਿਹਾ ਕਿ ਦੇਸ਼ ਵਾਸੀ ਅੱਤਵਾਦ ਦੇ ਮੁੱਦੇ ਤੇ ਇਕਜੁੱਟ ਹਨ ਅਤੇ ਇਸ ਪ੍ਰਤੀ ਮਾਣਯੋਗ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੂੰ ਜਲਦੀ ਤੋਂ ਜਲਦੀ ਕੋਈ ਠੋਸ ਨੀਤੀ ਅਪਨਾਉਣ ਦੀ ਲੋੜ ਹੈ। ਇਸ ਮੌਕੇ ਨਗਰ ਕੌਂਸਲ ਵਾਈਸ ਪ੍ਰਧਾਨ ਦੀਪਕ ਕੁਮਾਰ, ਹਿੰਦੂ ਵੈੱਲਫੇਅਰ ਸੁਸਾਇਟੀ ਧਾਰੀਵਾਲ ਦੇ ਪ੍ਰਧਾਨ ਬ੍ਰਹਮ ਦੱਤ ਸ਼ਰਮਾ, ਦੀਪਕ ਸ਼ਰਮਾ, ਕੌਂਸਲਰ ਸੋਨੂੰ ਅਬਰੋਲ, ਐਸ ਐਚ ਓ ਸੁਰਿੰਦਰ ਪਾਲ ਸਿੰਘ ਥਾਣਾ ਧਾਰੀਵਾਲ, ਏ ਐਸ ਆਈ ਰਮੇਸ਼ ਕੁਮਾਰ,ਤੋਂ ਇਲਾਵਾ ਵੱਡੀ ਗਿਣਤੀ ਵਿਚ ਸ਼ਹਿਰ ਮਜੂਦ ਸਨ।

# ਸਰਕਾਰੀ ਸਕੂਲਾਂ ਦੀ ਕੀਤੀ ਜਾ ਰਹੀ ਹੈ ਕਾਇਆ ਕਲਪ : ਡਾ. ਸੁੱਖੀ

ਬੰਗਾ, 24 ਅਪ੍ਰੈਲ :(ਪ੍ਰਭਜੋਤ ਸਿੰਘ ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਿੱਖਿਆ ਕ੍ਰਾਂਤੀ ਰਾਹੀਂ ਕਰੋੜਾਂ ਰੁਪਏ ਦੀ ਲਾਗਤ ਨਾਲ ਸਰਕਾਰੀ ਸਕੂਲਾ ਦੀ ਕਾਇਆ ਕਲਪ ਕੀਤੀ ਜਾ ਰਹੀ ਹੈ, ਜਿਸ ਤਹਿਤ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਬਿਹਤਰੀਨ ਸਿੱਖਿਆ ਮੁਹੱਈਆ ਹੋਵੇਗੀ ਅਤੇ ਰਾਜ ਭਰ ਦੇ ਬੱਚੇ ਹੁਣ ਵਧੀਆ ਸਿੱਖਿਆ ਹਾਸਲ ਕਰਕੇ ਉੱਚ ਅਹੁਦਿਆਂ ਤੱਕ ਪੁੱਜ ਸਕਣਗੇ। ਇਹ ਪ੍ਰਗਟਾਵਾ ਪੰਜਾਬ ਕੰਟੇਨਰ ਅਤੇ ਵੇਅਰਹਾਊਸ ਕਾਰਪੋਰੇਸ਼ਨ ਦੇ ਚੇਅਰਮੈਨ ਅਤੇ ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਹਲਕਾ ਬੰਗਾ ਦੇ ਪਿੰਡ ਹੀਓਂ, ਗੋਬਿੰਦਪੁਰ, ਅਟਾਰੀ ਅਤੇ ਰਾਮਪੁਰ ਦੇ ਸਰਕਾਰੀ ਸਕੂਲਾਂ ਵਿਚ ਬੁਨਿਆਦੀ ਢਾਂਚੇ ਦੇ ਵੱਖ- ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕਰਨ ਮੌਕੇ ਕੀਤਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਸੂਬੇ ਦੇ ਸਾਰੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਦਾ ਟੀਚਾ ਨਿਰਧਾਰਿਤ ਕਰ ਚੁੱਕੀ ਹੈ। ਇਨ੍ਹਾਂ ਸਕੂਲਾਂ ਨੂੰ ਵਿਸ਼ਵ ਪੱਧਰੀ ਬਣਾਉਣ ਦੀ ਸੋਚ ਨਾਲ ਪੰਜਾਬ ਦੇ ਲੱਗਭਗ 20 ਹਜ਼ਾਰ ਸਰਕਾਰੀ ਸਕੂਲਾਂ ਦੀ ਕਾਇਆ-ਕਲਪ ਕੀਤੀ ਜਾ ਰਹੀ ਹੈ। ਇਸ ਮੌਕੇ ਪੰਜਾਬ ਸਿੱਖਿਆ ਕ੍ਰਾਂਤੀ ਦੇ ਹਲਕਾ ਬੰਗਾ ਦੇ ਕੋਆਰਡੀਨੇਟਰ ਸੋਹਣ ਲਾਲ ਢੰਡਾ, ਬੀ.ਪੀ.ਓ ਜਗਦੀਪ ਸਿੰਘ ਜੌਹਲ, ਪਵਨਜੀਤ ਸਿੰਘ ਸਿੱਧੂ ਬਲਾਕ ਪ੍ਰਧਾਨ, ਹਰਪ੍ਰੀਤ ਸਿੰਘ ਭੱਟੀ ਬਲਾਕ ਪ੍ਰਧਾਨ , ਵਿਜੈ ਕੁਮਾਰ ਨੋਡਲ ਅਫ਼ਸਰ, ਅਮਰਜੀਤ ਖਟਕੜ ਸੇਵਾਮੁਕਤ ਡਿਪਟੀ ਡੀ. ਈ. ਓ, ਜ਼ੋਨ ਇੰਚਾਰਜ ਸੁਰਜੀਤ ਕੁਮਾਰ, ਸਕੂਲਾਂ ਦੇ ਮੁਖੀਆਂ, ਵਿਦਿਆਰਥੀਆਂ ਅਤੇ ਸਟਾਫ਼ ਤੋਂ ਇਲਾਵਾ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ ਤੇ ਹੋਰ ਪਤਵੰਤੇ ਵੱਡੀ ਗਿਣਤੀ ਵਿਚ ਹਾਜ਼ਰ ਸਨ



## ਐਸ.ਪੀ.ਐਨ.ਕਾਲਜੀਏਟ ਸਕੂਲ ਵਿੱਚ ਓਰੀਏਂਟੇਸ਼ਨ ਪ੍ਰੋਗਰਾਮ ਸਮਾਪਤ



ਮੁਕੇਰੀਆਂ 24 ਅਪ੍ਰੈਲ ( ਧਰਮ ਚੰਦ ) ਐਸ.ਪੀ.ਐਨ. ਕਾਲਜੀਏਟ ਸਕੂਲ, ਮੁਕੇਰੀਆਂ ਵਿੱਚ ਵਿੱਦਿਅਕ ਸੈਸ਼ਨ 2025-26 ਲਈ 10+1ਵੀਂ ਜਮਾਤ ਵਿੱਚ ਦਾਖਲਾ ਲੈ ਚੁੱਕੇ ਵਿਦਿਆਰਥੀਆਂ ਦਾ ਸਵਾਗਤ ਕੀਤਾ ਗਿਆ ਹੈ। ਇਹ ਸਮਾਰੋਹ ਕਾਲਜ ਵਿੱਚ ਕਰਵਾਇਆ ਗਿਆ। ਇਸ ਮੌਕੇ ਤੇ ਸਕੂਲ ਕੋਆਰਡੀਨੇਟਰ ਪ੍ਰੋ. ਮਨਦੀਪ ਕੌਰ ਨੇ ਜਾਣਕਾਰੀ ਦਿੱਤੀ ਕਿ ਕਾਲਜੀਏਟ ਸਕੂਲ ਦੀਆਂ ਕਲਾਸਾਂ ਦੀ ਪੜ੍ਹਾਈ ਸ਼ੁਰੂ ਹੋ ਚੁੱਕੀ । ਕਾਲਜ ਦੇ ਪ੍ਰਿੰਸਪਲ ਡਾ. ਸਮੀਰ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਵਿੱਚ ਹੋਇਆ ਇਹ ਪ੍ਰੋਗਰਾਮ ਸਫ਼ਲਤਾਪੂਰਵਕ ਨੇਪਰੇ ਚੜ੍ਹਿਆ। ਪ੍ਰਿੰਸੀਪਲ ਡਾ. ਸਮੀਰ ਸ਼ਰਮਾ ਨੇ ਆਪਣੇ ਸੰਦੇਸ਼ ਵਿੱਚ ਵਿਦਿਆਰਥੀਆਂ ਨੂੰ ਸਮਰਪਣ ਭਾਵਨਾ ਨਾਲ ਪੜ੍ਹਾਈ ਕਰਨ ਲਈ ਕਿਹਾ। ਡਾ. ਸ਼ਰਮਾ ਨੇ ਇਹ ਵੀ ਕਿਹਾ ਕਿ ਕਾਲਜੀਏਟ ਸਕੂਲ ਦੀ ਦਾਖਲਾ ਪ੍ਰਕਿਰਿਆ ਵੀ ਤੇਜ਼ੀ ਨਾਲ ਜਾਰੀ ਹੈ। ਚਾਹਵਾਨ ਵਿਦਿਆਰਥੀ ਜਲਦੀ ਤੋਂ ਜਲਦੀ ਦਾਖ਼ਲਾ ਲੈ ਸਕਦੇ ਹਨ । ਸਕੂਲ ਵਿੱਚ ਮੈਡੀਕਲ, ਨਾਨ-ਮੈਡੀਕਲ, ਕਾਮਰਸ ਅਤੇ ਆਰਟਸ ਆਦਿ ਵਿਸ਼ੇ, ਵਿਸ਼ਾ ਮਾਹਿਰ ਪ੍ਰੋਫੈਸਰਾ ਦੁਆਰਾ ਪੜ੍ਹਾਏ ਜਾਂਦੇ ਹਨ।ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੂੰ ਕਾਲਜ ਦੇ ਪ੍ਰੋਫ਼ੈਸਰ ਵਿਕਰਮ ਸਿੰਘ ਨੇ ਕਰੀਅਰ ਕਾਊਂਸਲਿੰਗ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ ਦੇ ਵਾਰੇ ਜਾਣਕਾਰੀ ਦਿੱਤੀ। ਜਿਸ ਤੋਂ ਸੇਧ ਲੈ ਕੇ ਵਿਦਿਆਰਥੀਆਪਣਾ ਸਹੀ ਨਿਸ਼ਾਨਾ ਚੁਣਨ ਵਿੱਚ ਨਿਪੁੰਨ ਹੋ ਸਕਦੇ ਹਨ। ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਕਾਲਜ ਦੇ ਗੌਰਵਮਈ ਇਤਿਹਾਸ ਅਤੇ ਕਾਲਜ ਦੀਆਂ ਆਤਿ-ਆਧੁਨਿਕ ਪ੍ਰਯੋਗਸ਼ਾਲਾਵਾਂ ਅਤੇ ਡਿਜ਼ੀਟਲ ਲਰਨਿੰਗ ਸਾਧਨਾਂ ਸੰਬੰਧੀ ਜਾਣਕਾਰੀ ਵੀ ਦਿੱਤੀ ਗਈ। ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਲਈ ਇਸ ਮੌਕੇ ਇੱਕ ਲਘੂ ਫ਼ਿਲਮ ਚਲੋ ਜੀਤੇ ਹੈ ਵੀ ਦਿਖਾਈ ਗਈ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰੋ. ਮਨਦੀਪ ਕੌਰ ਨੇ ਕਾਲਜ ਪ੍ਰਬੰਧਨ ਕਮੇਟੀ ਅਤੇ ਕਾਲਜ ਪ੍ਰਿੰਸੀਪਲ ਡਾ. ਸਮੀਰ ਸ਼ਰਮਾ ਦੇ ਵਿਸ਼ੇਸ਼ ਸਹਿਯੋਗ ਲਈ ਧੰਨਵਾਦ ਪ੍ਰਗਟ ਕੀਤਾ। ਇਸ ਮੌਕੇ ਕਾਲਜੀਏਟ ਸਕੂਲ ਦੇ ਸਮੂਹ ਵਿਦਿਆਰਥੀ ਅਤੇ ਅਧਿਆਪਕ ਮੌਜੂਦ ਸਨ।

## ਬਿਆਸ ਰੋਡ ਜਾਮ ਕਰਕੇ ਫੂਕਿਆ ਪੁਤਲਾ



ਬਾਬਾ ਬਕਾਲਾ 24 ਅਪ੍ਰੈਲ (ਬਲਰਾਜ ਸਿੰਘ ਰਾਜਾ)ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜੋਨ ਬਾਬਾ ਬਕਾਲਾ ਵਨ, ਬਾਬਾ ਬਕਾਲਾ ਨੂੰ, ਦੇ ਪ੍ਰਧਾਨ ਚਰਨ ਸਿੰਘ ਕਲੇਰ ਘਮਾਣ, ਅਮਰੀਕ ਸਿੰਘ ਜਮਾਲਪੁਰ ਦੀ ਅਗਵਾਈ ਹੇਠ ਬਟਾਲਾ ਤੋਂ ਬਿਆਸ ਰੋਡ ਜਾਮ ਕਰਕੇ ਜੋਰਦਾਰ ਨਾਰੇਬਾਜੀ ਕਰਦਿਆਂ ਅਮਰੀਕਾ ਦੇ ਰਾਸ਼ਟਰਪਤੀ ਜੇਡੀ ਬਾਂਸ, ਤੇ ਮੋਦੀ ਸਰਕਾਰ ਦਾ ਅਰਥੀ ਫੂਕ ਮੁਜ਼ਾਰਾ ਕੀਤਾ ਗਿਆ ਜਿਲਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਨੇ ਪੈਰਿਸ ਨੂੰ ਜਾਣਕਾਰੀ ਦਿੰਦਿਆਂ ਆਖਿਆ ਕਿ ਭਾਰਤ ਸਰਕਾਰ ਦੀਆਂ ਗਲਤ ਨੀਤੀਆਂ ਕਰਕੇ ਦੇਸ਼ ਦਾ ਕਿਸਾਨ ਪਹਿਲਾਂ ਹੀ ਗਹਿਰੇ ਸੰਕਟ ਵਿੱਚ ਹੈ ਅਗਰ ਅਮਰੀਕਾ ਦੇ ਦਬਾਅ ਹੇਠ ਭਾਰਤ ਸਰਕਾਰ ਮੰਡੀ ਵਿੱਚ ਅਨਾਜ ਡੰਪ ਕਰਦੀ ਹੈ ਤਾਂ ਭਾਰਤ ਦੇ ਕਿਸਾਨ ਵੱਡੀਆਂ ਕੰਪਨੀਆਂ ਦਾ ਮੁਕਾਬਲਾ ਨਹੀਂ ਕਰ ਸਕਦੇ ਇਸ ਨਾਲ ਦੇਸ਼ ਦੇ ਛੋਟੇ ਕਿਸਾਨਾਂ ਮਜ਼ਦੂਰਾਂ ਅਤੇ ਛੋਟੇ ਕਾਰੋਬਾਰੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਵੇਗਾ ਜਿਵੇਂ ਕਿ ਅਮਰੀਕਾ ਲੰਬੇ ਸਮੇਂ ਤੋਂ ਭਾਰਤੀ ਹੁਕਮਰਾਨਾ ਤੇ ਹੁਕਮਰਾਨਾ ਦਬਾਅ ਬਣਾ ਰਿਹਾ ਹੈ ਜਨਤਕ ਵੰਡ ਪ੍ਰਣਾਲੀ ਤਹਿਤ ਲੋੜਵੰਦਾਂ ਨੂੰ ਸਸਤਾ ਅਨਾਜ ਦੇਣਾ ਬੰਦ ਕੀਤਾ ਜਾਵੇ, ਕਿਸਾਨਾਂ ਦੀਆਂ ਫਸਲਾਂ ਦੀ ਖਰੀਦ ਪ੍ਰਾਈਵੇਟ ਕੰਪਨੀਆਂ ਦੇ ਹਵਾਲੇ ਕੀਤੀ ਜਾਵੇ, ਕਿਸਾਨਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਬਸਿਡੀਆਂ ਵੀ ਬੰਦ ਕੀਤੀਆਂ ਜਾਣ, ਦੂਜੇ ਪਾਸੇ ਅਮਰੀਕਾ ਆਪਣੇ ਦੇਸ਼ ਦੇ ਕਿਸਾਨਾਂ ਨੂੰ ਵੱਡੀਆਂ ਸਬਸਿਡੀਆਂ ਪ੍ਰਦਾਨ ਕਰਦਾ ਹੈ ਤੇ ਵੱਧ ਪੈਦਾਵਾਰ ਕਰਕੇ ਦੂਸਰੇ ਦੇਸ਼ਾਂ ਵਿੱਚ ਅਨਾਜ ਡੰਪ ਕਰਕੇ ਦੇਸ਼ ਦੇ ਲੋਕਾਂ ਨੂੰ ਵੱਡੀਆਂ ਕੰਪਨੀਆਂ ਦਾ ਸ਼ਿਕਾਰ ਮਾਰਕੀਟ ਵਿੱਚ ਬਣਾਇਆ ਜਾਵੇਗਾ ਪਹਿਲਗਾਮ ਘਟਨਾ ਵਿੱਚ ਮਾਰੇ ਗਏ ਲੋਕਾਂ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆਂ ਜਥੇਬੰਦੀ ਵੱਲੋਂ ਅਜਿਹੀਆਂ ਘਟਨਾਵਾਂ ਦੇ ਸਾਜਿਸ਼ ਘਾੜਿਆ ਦਾ ਪਰਦਾਫਾਸ ਕਰਕੇ ਸਖਤ ਸਜ਼ਾਵਾਂ ਦਿੱਤੀਆਂ ਜਾਣ ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਮਲ ਸਿੰਘ ਖਾਨਪੁਰ ਬਲਵਿੰਦਰ ਸਿੰਘ ਸੇਰੋ ਬਾਗਾ ਤਰਸੇਮ ਸਿੰਘ ਸਠਿਆਲਾ ਬਲਦੇਵ ਸਿੰਘ ਕਾਲੇ ਕੇ ਪ੍ਰਗਟ ਸਿੰਘ ਲੋਹਗੜ੍ਹ ਸੂਬਾ ਸਿੰਘ ਵਜੀਰ ਭੁੱਲਰ ਸਰਜੀਤ ਸਿੰਘ ਬਤਾਲਾ ਅਜੀਤ ਸਿੰਘ ਠੱਠੀਆਂ ਆਦ ਆਗੂ ਸ਼ਾਮਿਲ ਸਨ

## ਪਹਿਲਗਾਮੇ ਅੱਤਵਾਦੀ ਹਮਲੇ ਦੀ ਨਿੰਦਾ



ਭਿੱਖੀਵਿੰਡ 24 ਅਪ੍ਰੈਲ ( ਸਵਿੰਦਰ ਬਲੇਹਰ ) ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਮਝੈਲ ਜਥੇਬੰਦੀ ਪੰਜਾਬ ਵੱਲੋਂ ਪਹਿਲਗਾਮ ਵਿਖੇ ਬੇਕਸੂਰ ਸਲਾਨੀਆ ਉੱਪਰ ਗੋਲੀਆਂ ਮਾਰ ਕੇ ਅੱਤਵਾਦੀਆਂ ਵੱਲੋਂ ਕੀਤੇ ਹਮਲੇ ਦੀ ਨਿੰਦਾ ਕਰਦਿਆਂ ਪ੍ਰੈਸ ਨੋਟ ਜਾਰੀ ਕੀਤਾ ਗਿਆ, ਇਸ ਵਿੱਚ ਜਥੇਬੰਦੀ ਵੱਲੋਂ ਭਾਰਤ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਇਹਨਾਂ ਅੱਤਵਾਦੀਆਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਦਿੱਤੀਆਂ ਜਾਣ ਤਾਂ ਜੋ ਅੱਗੇ ਤੋਂ ਕੋਈ ਵੀ ਸਾਡੇ ਦੇਸ਼ ਦੇ ਨਾਗਰਿਕਾਂ ਨੂੰ ਮਾਰਨ ਲੱਗਿਆਂ ਸੋ ਵਾਰ ਸੋਚੇ ,ਜਥੇਬੰਦੀ ਵੱਲੋਂ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਗਿਆ ਕਿ ਅੱਤਵਾਦ ਦਾ ਕੋਈ ਵੀ ਧਰਮ ਨਹੀਂ ਹੁੰਦਾ ਅਤੇ ਹਰੇਕ ਧਰਮ ਦੇ ਵਿੱਚ ਹਮੇਸ਼ਾ ਇਨਸਾਨ ਅਤੇ ਇਨਸਾਨੀਅਤ ਦੀ ਗੱਲ ਕੀਤੀ ਗਈ ਹੈ. ਕਿਸੇ ਵੀ ਧਰਮ ਦੇ ਵਿੱਚ ਨਿਹੱਥੇ ਇਨਸਾਨਾਂ ਉੱਪਰ ਵਾਰ ਕਰਨਾ ਨਹੀਂ ਸਿਖਾਇਆ ਗਿਆ ਹੈ। ਇਹ ਅੱਤਵਾਦੀਆਂ ਵੱਲੋਂ ਕੀਤੀ ਗਈ ਕਾਇਰਾਨਾ ਕਾਰਵਾਈ ਹੈ ਅਤੇ ਅਜਿਹੀਆਂ ਕਾਰਵਾਈਆਂ ਨੂੰ ਠੱਲ ਪੈਣੀ ਚਾਹੀਦੀ ਹੈ। ਪੰਜਾਬ ਦੇ ਵਿੱਚ ਵੀ ਇਸ ਵਕਤ ਹਲਾਤ ਬਹੁਤ ਖਤਰਨਾਕ ਬਣੇ ਹੋਏ ਹਨ ,ਜਥੇਬੰਦੀ ਵੱਲੋਂ ਸਰਕਾਰ ਨੂੰ ਜਲਦੀ ਤੋਂ ਜਲਦੀ ਹਲਾਤ ਆਮ ਵਾਂਗ ਬਣਾਉਣ ਦੀ ਬੇਨਤੀ ਕੀਤੀ ਗਈ ਅਤੇ ਅੱਤਵਾਦੀ ਹਮਲੇ ਨੂੰ ਸਮੁੱਚੀ ਮਾਨਵਤਾ ਦੇ ਉੱਤੇ ਕਲੰਕ ਦੱਸਿਆ ਗਿਆ ਜੋ ਪਰਿਵਾਰਾਂ ਦੇ ਪਰਿਵਾਰਿਕ ਮੈਂਬਰ ਉਹਨਾਂ ਨਾਲੋਂ ਵਿਛੜ ਗਏ ਹਨ ,ਜੋ ਆਪਣੀ ਜਾਨ ਦੇਸ਼ ਦੇ ਲੇਖੇ ਲਾ ਗਏ ਹਨ ਉਹਨਾਂ ਨਾਲ ਹਮਦਰਦੀ ਪ੍ਰਗਟਾਈ ਗਈ। ਇਸ ਵਕਤ ਸਾਰੇ ਦੇਸ਼ ਦੇ ਸਾਰੇ ਭਾਈਚਾਰਿਆਂ ਦੇ ਲੋਕ ਇੱਕ ਹਨ ਅਤੇ ਅੱਤਵਾਦ ਵੱਖਵਾਦ ਦੀ ਸਾਡੇ ਦੇਸ਼ ਵਿੱਚ ਕੋਈ ਜਗ$ਹਾ ਨਹੀਂ ਹੈ ਭਾਰਤ ਦੇਸ਼ ਇੱਕ ਗੁਲਦਸਤੇ ਦੀ ਤਰ੍ਹਾਂ ਹੈ ਜਿਸ ਵਿੱਚ ਵੱਖ ਵੱਖ ਰੰਗ ਬਿਰੰਗੇ ਧਰਮਾਂ ਦੇ ਲੋਕ ਫਿਰਕਿਆਂ ਦੇ ਲੋਕ ਜਾਤਾਂ ਦੇ ਲੋਕ ਰਹਿੰਦੇ ਹਨ ਪ੍ਰੰਤੂ ਸਭ ਤੋਂ ਪਹਿਲਾਂ ਭਾਰਤੀ ਹਨ ।

## ਹੇਮਕੁੰਟ ਸਕੂਲ ਦੀਆਂ ਵਿਦਿਆਰਥਣਾਂ ਦੀ ਐਨ.ਸੀ.ਸੀ ਲਈ ਹੋਈ ਨਵੀਂ ਇੰਨਰੋਲਮੈਂਟ




ਕੋਟ ਈਸੇ ਖਾਂ 24 ਅਪ੍ਰੈਲ (ਗਾਂਧੀ/ ਗੁਰਦੇਵ ਖੁਰਾਣਾ) ਇਲਾਕੇ ਦੀ ਨਾਮਵਰ ਸੰਸਥਾ ਸ੍ਰੀ ਹੇਮਕੁੰਟ ਸੀਨੀ.ਸੰਕੈ.ਸਕੂਲ ਕੋਟ-ਈਸੇ-ਖਾਂ ਵਿਖੇ ਐਨ.ਸੀ.ਸੀ ਲੜਕੇ ਅਤੇ ਲੜਕੀਆਂ ਦੇ ਯੂਨਿਟ ਚੱਲ ਰਹੇ ਹਨ। ਜਿੱਥੇ ਪੜ੍ਹਾਈ ਅਤੇ ਖੇਡਾਂ ਦੇ ਨਾਲ ਨਾਲ ਸਮੇਂ -ਸਮੇਂ ਹੋਰ ਕਈ ਪ੍ਰਕਾਰ ਦੀਆਂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਹਰ ਸਾਲ ਹੀ ਨਵੇ ਵਿਦਿਆਰਥੀਆਂ ਦੀ ਐਨ.ਸੀ.ਸੀ ਲਈ ਇੰਨਰੋਲਮੈਂਟ ਕੀਤੀ ਜਾਂਦੀ ਹੈ। ਇਸੇ ਤਹਿਤ 05 ਪੰਜਾਬ ਬਟਾਲੀਅਨ (ਗਰਲਜ਼) ਮੋਗਾ ਦੇ ਕਮਾਡਿੰਗ ਅਫ਼ਸਰ ਸੁਨੀਲ ਕੁਮਾਰ ਦੀ ਯੋਗ ਅਗਵਾਈ ਹੇਠ ਸ੍ਰੀ ਹੇਮਕੁੰਟ ਸੀਨੀ.ਸੰਕੈ.ਸਕੂਲ ਵਿੱਚ ਜੂਨੀਅਰ ਵਿੰਗ ਦੀ ਨਵੀਂ ਭਰਤੀ ਹੋਈ। ਸਕੂਲ ਦੇ ਐਨ.ਸੀ.ਸੀ ਦੇ ਏ.ਐਨ.ਓ ਸਿਮਰਨਜੀਤ ਕੌਰ ਦੀ ਮੌਜੂਦਗੀ ਵਿੱਚ ਸੂਬੇਦਾਰ ਮੇਜਰ ਸੁਖਮੰਦਰ ਸਿੰਘ ਅਤੇ ਅਤੇ ਨਾਇਕ ਅਜੈ ਕੁਮਾਰ ਨੇ ਅੱਠਵੀਂ ਅਤੇ ਨੌਵੀਂ ਕਲਾਸ ਦੀਆਂ ਵਿਦਿਆਰਥਣਾ ਦੀ ਇੰਟਰਵਿਊ ਉਪਰੰਤ 29 ਯੋਗ ਕੈਡਿਟਸ ਐਨ.ਸੀ.ਸੀ ਜੂਨੀਅਰ ਵਿੰਗ ਲਈ ਚੁਣਿਆ। ਉਹਨਾਂ ਨੇ ਦੱਸਿਆਂ ਕਿ ਐਨ.ਸੀ.ਸੀ ਰੱਖਣ ਨਾਲ ਵਿਦਿਆਰਥੀ ਸਰੀਰਿਕ ਅਤੇ ਮਾਨਸਿਕ ਤੌਰ ਤੇ ਤੰਦਰੁਸਤ ਰਹਿੰਦਾ ਹੈ ਅਤੇ ਨਾਲ ਹੀ ਐਨ.ਸੀ.ਸੀ ਦੇ ਏ.ਬੀ,ਅਤੇ ਸੀ ਸਰਟੀਫਿਕੇਟ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆਂ ਕਿ ਜਿੰਦਗੀ ਵਿੱਚ ਇਸ ਦੇ ਕੀ ਕੀ ਫਾਇਦੇ ਹਨ। ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਸ: ਕੁਲਵੰਤ ਸਿੰਘ ਸੰਧੂ ਅਤੇ ਐਮ.ਡੀ.ਮੈਡਮ ਰਣਜੀਤ ਕੌਰ ਸੰਧੂ ਅਤੇ ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਨੇ ਵਿਦਿਆਰਥੀਆਂ ਨੂੰ ਐਨ.ਸੀ.ਸੀ ਦੇ ਰੂਲਜ਼ ਤੋਂ ਜਾਗਰੂਕ ਕਰਵਾਉਂਦੇ ਹੋਏ ਐਨ.ਸੀ.ਸੀ ਦੇ ਫਾਇਦੇ ਅਤੇ ਇਸ ਦੀਆਂ ਗਤੀਵਿਧੀਆਂ ਬਾਰੇ ਵਿਸਥਾਰ ਸਾਹਿਤ ਜਾਣਕਾਰੀ ਦਿੱਤੀ ।

# ਕਣਕ ਦੀ ਫ਼ਸਲ ਨੂੰ ਅੱਗ ਲੱਗਣ ਕਾਰਨ ਕਿਸਾਨਾਂ ਦੇ ਹੋਏ ਨੁਕਸਾਨ ਦਾ ਵਿਧਾਇਕ ਬਲਕਾਰ ਸਿੱਧੂ ਨੇ ਲਿਆ ਜਾਇਜ਼ਾ



ਭਗਤਾ ਭਾਈ ਕਾ, 24 ਅਪ੍ਰੈਲ (ਸਵਰਨ ਸਿੰਘ ਭਗਤਾ) : ਪਿਛਲੇ ਦਿਨੀਂ ਕੋਠੇ ਭਾਈਆਣਾ, ਕੇਸਰ ਸਿੰਘ ਵਾਲਾ ਵਿਖੇ ਕਣਕ ਦੀ ਫ਼ਸਲ ਨੂੰ ਅੱਗ ਲੱਗਣ ਕਾਰਨ ਕਿਸਾਨਾਂ ਨੂੰ ਭਾਰੀ ਨੁਕਸਾਨ ਝੱਲਣਾ ਪਿਆ।ਅੱਗ ਦੀ ਲਪਟ ਨੇ ਪੱਕੀ ਫ਼ਸਲ ਨੂੰ ਸੇਕ ਕੇ ਰਾਖ ਕਰ ਦਿੱਤਾ,ਜਿਸ ਨਾਲ ਕਿਸਾਨਾਂ ਦੀ ਮਿਹਨਤ ਤੇ ਲੱਖਾਂ ਰੁਪਏ ਦੀ ਫ਼ਸਲ ਖ਼ਾਕ ਵਿੱਚ ਮਿਲ ਗਈ।ਇਸ ਘਟਨਾ ਦੀ ਜਾਣਕਾਰੀ ਮਿਲਣ 'ਤੇ ਹਲਕਾ ਵਿਧਾਇਕ ਬਲਕਾਰ ਸਿੱਧੂ ਮੌਕੇ 'ਤੇ ਪਹੁੰਚੇ ਤੇ ਨੁਕਸਾਨ ਦਾ ਮੁਆਇਨਾ ਕੀਤਾ।ਉਨ੍ਹਾਂ ਨੇ ਸੰਬੰਧਿਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕਰਦਿਆਂ ਨੁਕਸਾਨੀ ਫ਼ਸਲ ਦੀ ਗਿਰਦਾਵਰੀ ਕਰਵਾਈ ਤੇ ਕਿਹਾ ਕਿ, ਪ੍ਰਭਾਵਿਤ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ। ਵਿਧਾਇਕ ਸਿੱਧੂ ਨੇ ਇਸ ਘਟਨਾ ਤੇ ਗਮ ਜ਼ਾਹਰ ਕਰਦਿਆਂ ਕਿਹਾ ਕਿ ਕਿਸਾਨਾਂ ਦੀ ਮੁਸ਼ਕਲ ਘੜੀ ਵਿੱਚ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ।ਉਨ੍ਹਾਂ ਨੇ ਖੇਤੀ ਵਿਭਾਗ ਨੂੰ ਤੁਰੰਤ ਰਿਪੋਰਟ ਤਿਆਰ ਕਰਕੇ ਮੁਆਵਜਾ ਪ੍ਰਕਿਰਿਆ ਨੂੰ ਤੇਜ਼ ਕਰਨ ਦੇ ਨਿਰਦੇਸ਼ ਵੀ ਦਿੱਤੇ।

ਸਥਾਨਕ ਕਿਸਾਨਾਂ ਨੇ ਮੰਗ ਕੀਤੀ ਹੈ ਕਿ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸਰਕਾਰ ਨੂੰ ਕੜੇ ਉਪਾਅ ਕਰਨੇ ਚਾਹੀਦੇ ਹਨ,ਤਾਂ ਜੋ ਉਨ੍ਹਾਂ ਦੀ ਸਾਲ ਭਰ ਦੀ ਮਿਹਨਤ ਸੁਰੱਖਿਅਤ ਰਹਿ ਸਕੇ।

# ਵਿਧਾਇਕ ਬਿਲਾਸਪੁਰ ਨੇ ਡਿਜੀਟਲ ਕਲਾਸ ਰੂਮ ਦਾ ਉਦਘਾਟਨ ਕੀਤਾ

ਭਗਤਾ ਭਾਈ ਕਾ, 24 ਅਪ੍ਰੈਲ (ਸਵਰਨ ਸਿੰਘ ਭਗਤਾ): ਸਰਕਾਰੀ ਹਾਈ ਸਕੂਲ ਕਿਸ਼ਨਗੜ੍ਹ ਵਿਖੇ ਪੰਜਾਬ ਸਿੱਖਿਆ ਕ੍ਰਾਂਤੀ ਮੁਹਿਮ ਤਹਿਤ 7.51 ਲੱਖ ਦੀ ਲਾਗਤ ਨਾਲ ਬਣਾਏ ਗਏ ਆਧੁਨਿਕ ਕਲਾਸ ਰੂਮ ਦਾ ਉਦਘਾਟਨ ਮਨਜੀਤ ਸਿੰਘ ਬਿਲਾਸਪੁਰ ਵਿਧਾਇਕ ਨਿਹਾਲ ਸਿੰਘ ਵਾਲਾ ਵੱਲੋਂ ਕੀਤਾ ਗਿਆ।ਸਕੂਲ ਪਹੁੰਚਣ 'ਤੇ ਇੰਚਾਰਜ ਮੈਡਮ ਪਿਅੰਕਾ ਦੀ ਅਗਵਾਈ ਹੇਠ ਸਟਾਫ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਸਮਾਗਮ ਦਾ ਅਗਾਜ਼ ਨੌਵੀ ਜਮਾਤ ਦੀ ਵਿਦਿਆਰਥਣ ਖੁਸ਼ਪ੍ਰੀਤ ਕੌਰ ਵੱਲੋਂ ਮਹਿਮਾਨਾਂ ਦਾ ਸਵਾਗਤੀ ਸ਼ਬਦਾਂ ਨਾਲ ਕੀਤਾ ਗਿਆ।ਇਸੇ ਦੌਰਾਨ ਹੀ ਛੇਵੀਂ ਜਮਾਤ ਦੀਆਂ ਵਿਦਿਆਰਥਣਾਂ ਰਵਨੀਤ ਕੌਰ ਅਤੇ ਦੀਪਿਕਾ ਵਲੋਂ ਸ਼ਬਦ ਗਾਇਨ ਕੀਤਾ ਗਿਆ। ਵਿਧਾਇਕ ਦੀ ਅਗਵਾਈ ਹੇਠ ਸਕੂਲ ਦੀ ਅੱਠਵੀਂ ਜਮਾਤ ਵਿੱਚੋਂ ਪਹਿਲੀ,ਦੂਜੀ ਅਤੇ ਤੀਜੀ ਪੁਜ਼ੀਸ਼ਨ ਲੈਣ ਵਾਲੀਆਂ ਵਿਦਿਅਰਥਣਾਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕੀਤੇ ਗਏ। ਨਵੇਂ ਉਸਾਰੇ ਗਏ ਕਲਾਸ ਰੂਮ ਦਾ ਉਦਘਾਟਨ ਕਰਨ ਉਪਰੰਤ ਇਕੱਠ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਕੂਲਾਂ ਦੀ ਨੁਹਾਰ ਬਦਲਣ ਲਈ ਹਰ ਸੰਭਵ ਯਤਨ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਆਪ ਸਰਕਾਰ ਲੋਕਾਂ ਦੀ ਉਮੀਦਾ 'ਤੇ ਖਰਾ ਉਤਰ ਕੇ ਸੂਬੇ ਦਾ ਸਰਬਪੱਖੀ ਵਿਕਾਸ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਕਰੀਬ 1700 ਸਰਕਾਰੀ ਸਕੂਲਾਂ



ਇੰਟਰਨਿੱਟ ਵਾਈਫਾਈ ਨਾਲ ਜੋੜਕੇ ਨੂੰ ਸਮੇਂ ਦੇ ਹਾਣੀ ਬਣਾਉਣ ਦਾ ਉਪਰਾਲਾ ਕੀਤਾ ਹੈ ਅਤੇ ਸਰਕਾਰ ਲੰਮੇ ਸਮੇਂ ਤੋਂ ਸਕੂਲਾਂ ਵਿਚ ਪਈ ਖਾਲੀ ਪੋਸਟਾਂ ਨੂੰ ਭਰਨ ਲਈ ਦਿਨ ਰਾਤ ਇਕ ਕਰ ਰਹੀ ਹੈ।ਉਨ੍ਹਾਂ ਦਾਅਵਾ ਕੀ ਕਿ ਆਪ ਸਰਕਾਰ ਹਰ ਵਰਗ ਦੀ ਭਲਾਈ ਲਈ ਯਤਨ ਕਰ ਰਹੀ ਹੈ।

ਇਸ ਮੌਕੇ ਸਕੂਲ ਇੰਚਾਰਜ ਪ੍ਰਿਅੰਕਾ ਨੇ ਸਕੂਲ ਦੀਆਂ ਪ੍ਰਾਪਤੀਆਂ ਦਾ ਜਿਕਰ ਕਰਦੇ ਹੋਏ ਪੰਜਾਬ ਸਰਕਾਰ ਦੁਆਰਾ ਸਿੱਖਿਆ ਦੇ ਖੇਤਰ ਵਿਚ ਕੀਤੇ ਗਏ ਵਿਸ਼ੇਸ਼ ਉਪਰਾਲਿਆ ਦਾ ਧੰਨਵਾਦ ਕੀਤਾ ਗਿਆ।ਉਨ੍ਹਾਂ ਹਾਜਰੀਨ ਨੂੰ ਸਰਕਾਰੀ ਸਕੂਲਾਂ ਅੰਦਰ ਪੰਜਾਬ ਸਰਕਾਰ ਵਲੋਂ ਦਿੱਤੀਆਂ ਜਾ ਰਹੀਆਂ ਸੁਹੂਲਤਾ ਸਬੰਧੀ ਜਾਣਕਾਰੀ ਦਿੰਦੇ ਹੋਏ ਬੱਚਿਆਂ ਨੂੰ ਵੱਡੀ ਪੱਧਰ ਤੇ ਸਕੂਲਾਂ ਵਿਚ ਦਾਖਲਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਬੱਚਿਆਂ ਉੱਜਵਲ ਭਵਿੱਖ ਲਈ ਹੋਰ ਲੋੜੀਦੀਆਂ ਦੀਆਂ ਸਹੂਲਤਾਂ ਦੀ ਮੰਗ ਰੱਖੀ। ਸਮਾਗਮ ਦੌਰਾਨ ਵਰਿੰਦਰਪਾਲ ਸ਼ਰਮਾ ਚੇਅਰਮੈਨ ਮਾਰਕਿਟ ਕਮੇਟੀ ਨਿਹਾਲ ਸਿੰਘ ਵਾਲਾ,ਬਲਵਿੰਦਰ ਸਿੰਘ ਬੈਂਸ ਜ਼ਿਲ੍ਹਾ ਕੁਆਰਡੀਨੇਟਰ,ਖੇਡ ਅਫਸਰ ਸਿੱਖਿਆ ਵਿਭਾਗ ਮੋਗਾ,ਵੀਰਪਾਲ ਭਗਤਾ ਸੂਬਾ ਕਮੇਟੀ ਮੈਂਬਰ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ,ਸੁਖਪਾਲ ਸਿੰਘ ਸੋਨੀ ਪ੍ਰਧਾਨ ਪ੍ਰੈਸ ਕਲੱਬ ਭਗਤਾ, ਜਗਸੀਰ ਸਿੰਘ ਮੁੱਖ ਅਧਿਆਪਕ ਦੀਦਾਰੇ ਵਾਲਾ, ਇੰਦਰਜੀਤ ਕੌਰ ਮੁੱਖ ਅਧਿਆਪਕ ਖਾਈ,ਜਗਦੇਵ ਸਿੰਘ ਕੰਪਿਊਟਰ ਅਧਿਆਪਕ, ਮੈਡਮ ਰਵਿੰਦਰ ਕੌਰ ਪੀਟੀਆਈ,ਬੇਅੰਤ ਸਿੰਘ ਇੰਚਾਰਜ ਪ੍ਰਾਇਮਰੀ ਸਕੂਲ, ਅਮਰਜੀਤ ਕੌਰ ਸਰਪੰਚ,ਮੰਦਰ ਸਿੰਘ ਸਰਪੰਚ,ਕੇਵਲ ਸਿੰਘ ਆਪ ਆਗੂ,ਗੁਰਚਰਨ ਸਿੰਘ ਪੰਚ,ਬਲਦੇਵ ਸਿੰਘ ਪੰਚ, ਗੁਰਦੀਪ ਸਿੰਘ ਪੰਚ,ਬਲਵੀਰ ਸਿੰਘ ਪੰਚ,ਗੁਰਮੀਤ ਕੌਰ ਪੰਚ, ਜਸਵੀਰ ਕੌਰ ਪੰਚ,ਲਖਵਿੰਦਰ ਕੌਰ ਪੰਚ ਸਮੇਤ ਵੱਡੀ ਗਿਣਤੀ ਵਿਚ ਸਕੂਲੀ ਬੱਚਿਆਂ ਦੇ ਮਾਪੇ ਹਾਜ਼ਰ ਸਨ।

# ਸਿੱਖਿਆ ਨਾਲ ਹੁੰਦੈ ਸਮਾਜ 'ਤੇ ਆਉਣ ਵਾਲੀਆਂ ਪੀੜ੍ਹੀਆਂ ਦਾ ਵਿਕਾਸ : ਵਿਧਾਇਕ

ਢਪਾਲੀ (ਬਠਿੰਡਾ), ਰਾਮਪੁਰਾ ਫੂਲ 24 ਅਪ੍ਰੈਲ :, (ਜਗਸੀਰ ਭੁੱਲਰ, ਮਨਪ੍ਰੀਤ ਮਿੱਟੂ) : ਸਿੱਖਿਆ ਨਾਲ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਤੇ ਸਮਾਜ ਦਾ ਵਿਕਾਸ ਹੁੰਦਾ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਸ੍ਰੀ ਬਲਕਾਰ ਸਿੰਘ ਸਿੱਧੂ ਨੇ ਸਿੱਖਿਆ ਕ੍ਰਾਂਤੀ ਸਮਾਗਮ ਦੇ ਮੱਦੇਨਜ਼ਰ ਜ਼ਿਲ੍ਹੇ ਦੇ ਪਿੰਡ ਢਪਾਲੀ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ 33 ਲੱਖ 66 ਹਜ਼ਾਰ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਮੌਕੇ ਕੀਤਾ।

ਇਸ ਮੌਕੇ ਵਿਧਾਇਕ ਸ੍ਰੀ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਸੂਬੇ ਦੇ ਸਰਕਾਰੀ ਸਕੂਲਾਂ ਦੀ ਕਾਇਆ ਕਲਪ ਕਰਨ ਲਈ ਮਾਨ ਸਰਕਾਰ ਨੇ 'ਪੰਜਾਬ ਸਿੱਖਿਆ ਕ੍ਰਾਂਤੀ' ਦੀ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਕੂਲਾਂ ਦਾ ਬੁਨਿਆਦੀ ਢਾਂਚਾ ਮਜ਼ਬੂਤ ਕਰਨ ਦੇ ਨਾਲ-ਨਾਲ ਅਧਿਆਪਕਾਂ ਦੇ ਹੁਨਰ ਨੂੰ ਹੋਰ ਨਿਖਾਰਨ ਲਈ ਕੋਸ਼ਿਸ਼ਾਂ ਲਗਾਤਾਰ ਜਾਰੀ ਹੈ।

ਵਿਧਾਇਕ ਸ੍ਰੀ ਬਲਕਾਰ ਸਿੰਘ ਸਿੱਧੂ ਨੇ ਇਹ ਵੀ ਕਿਹਾ ਕਿ ਮਾਨ



ਸਰਕਾਰ ਵੱਲੋਂ ਅਧਿਆਪਕਾਂ ਨੂੰ ਉੱਚ ਪੱਧਰੀ ਸਿਖਲਾਈ ਦੇਣ ਲਈ ਵਿਦੇਸ਼ ਭੇਜਿਆ ਜਾ ਰਿਹਾ ਹੈ ਜੋ ਕਿ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ। ਉਨ੍ਹਾਂ ਕਿਹਾ ਕਿ ਇੱਥੇ ਹੀ ਨਹੀਂ ਉਨ੍ਹਾਂ ਦੀ ਸਰਕਾਰ ਵੱਲੋਂ ਆਮ ਘਰਾਂ ਦੇ ਬੱਚਿਆਂ ਨੂੰ ਸਰਕਾਰੀ ਨੌਕਰੀਆਂ ਮੁਹੱਈਆ ਕਰਵਾਈਆਂ ਹਨ ਜਿਨ੍ਹਾਂ ਵਿੱਚ ਲਗਭਗ 20 ਹਜ਼ਾਰ ਅਧਿਆਪਕ ਭਰਤੀ ਕੀਤੇ ਗਏ ਹਨ।ਇਸ ਦੌਰਾਨ ਸ੍ਰੀ ਬਲਕਾਰ ਸਿੰਘ ਸਿੱਧੂ ਨੇ ਢਪਾਲੀ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ 3.77 ਲੱਖ ਰੁਪਏ ਦੀ ਲਾਗਤ ਨਾਲ 2 ਕਮਰਿਆਂ, 60 ਹਜ਼ਾਰ ਰੁਪਏ ਦੀ ਲਾਗਤ ਨਾਲ ਕਲਾਸ ਰੂਮ ਦਾ ਨਵੀਨੀਕਰਨ, ਸਰਕਾਰੀ ਪ੍ਰਾਇਮਰੀ ਸਕੂਲ ਵਿਖੇ 22.53 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ 3 ਕਮਰਿਆਂ, 10 ਲੱਖ ਰੁਪਏ ਦੀ ਲਾਗਤ ਨਾਲ ਸਕੂਲ ਦੀ ਚਾਰਦੀਵਾਰੀ ਅਤੇ 1 ਲੱਖ 13 ਹਜ਼ਾਰ ਰੁਪਏ ਦੀ ਲਾਗਤ ਨਾਲ ਬਣੇ ਬਾਥਰੂਮ ਦਾ ਉਦਘਾਟਨ ਕੀਤਾ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਪਿੰਡ ਦੀਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਆਦਿ ਹਾਜ਼ਰ ਸਨ।

# ਕਿਸਾਨਾਂ ਨੂੰ ਹੁਣ ਤੱਕ 744.51 ਕਰੋੜ ਕਣਕ ਦੀ ਕੀਤੀ ਜਾ ਚੁੱਕੀ ਹੈ ਅਦਾਇਗੀ : ਡੀ. ਸੀ.

ਬਠਿੰਡਾ, 24 ਅਪ੍ਰੈਲ (ਜਗਸੀਰ ਭੁੱਲਰ): ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ 23 ਅਪ੍ਰੈਲ 2025 ਤੱਕ ਕਿਸਾਨਾਂ ਨੂੰ 744.51 ਕਰੋੜ ਰੁਪਏ ਕਣਕ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਜ਼ਿਲ੍ਹੇ ਦੀਆਂ ਵੱਖ-ਵੱਖ ਅਨਾਜ ਮੰਡੀਆਂ 464132 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ, ਜਿਨ੍ਹਾਂ ਵਿਚੋਂ ਵੱਖ-ਵੱਖ ਖਰੀਦ ਏਜੰਸੀਆਂ ਨੇ 385832 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ।

ਜ਼ਿਲ੍ਹੇ ਅੰਦਰ ਚੱਲ ਰਹੀ ਕਣਕ ਦੀ ਖ੍ਰੀਦ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਸਾਨਾਂ ਲਈ ਮੰਡੀਆਂ ਵਿਚ ਪੀਣ ਵਾਲੇ ਪਾਣੀ, ਸਾਫ-ਸਫ਼ਾਈ ਤੇ ਹੋਰ ਲੋੜੀਂਦੇ ਪ੍ਰਬੰਧ ਕਰਨ ਲਈ ਹਦਾਇਤ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਕਣਕ ਦੀ ਖ੍ਰੀਦ ਦੌਰਾਨ ਕਿਸੇ ਤਰ੍ਹਾਂ ਦੀ ਢਿੱਲ-ਮੱਠ ਜਾਂ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਇਸ ਸਬੰਧ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਫੂਡ ਤੇ ਸਪਲਾਈ ਕੰਟਰੋਲਰ ਡਾ. ਰਵਿੰਦਰ ਕੌਰ ਨੇ 23 ਅਪ੍ਰੈਲ ਤੱਕ ਵੱਖ-ਵੱਖ ਏਜੰਸੀਆਂ ਦੁਆਰਾ ਕੀਤੀ ਖਰੀਦੀ ਗਈ ਕਣਕ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਨਗ੍ਰੇਨ ਵੱਲੋਂ 124325 ਮੀਟ੍ਰਿਕ ਟਨ, ਮਾਰਕਫੈੱਡ 84381, ਪਨਸਪ 85365, ਵੇਅਰ ਹਾਊਸ 58734 ਤੇ ਪ੍ਰਾਈਵੇਟ ਵਪਾਰੀਆਂ ਵਲੋਂ 33027 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ।

# ਰਾਮਪੁਰਾ ਦੇ ਮਾਊਂਟ ਲਿਟਰਾ ਜ਼ੀ ਸਕੂਲ ਦੇ ਵਿਦਿਆਰਥੀਆਂ ਨੂੰ ਪਿਕਨਿਕ 'ਤੇ ਲਿਜਾਇਆ

ਰਾਮਪੁਰਾ ਫੂਲ, 24 ਅਪ੍ਰੈਲ (ਮਨਪ੍ਰੀਤ ਮਿੱਟੂ):ਸੀਬੀਐੱਸਈ ਦਿੱਲੀ ਨਾਲ ਸੰਬੰਧਿਤ ਮਾਊਂਟ ਲਿਟਰਾ ਜ਼ੀ ਸਕੂਲ, ਰਾਮਪੁਰਾ, ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਹਰ ਸਮੇਂ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਉਂਦਾ ਹੈ। ਜਿਸ ਕਾਰਨ ਬੱਚਿਆਂ ਲਈ ਪੜ੍ਹਾਈ ਦੇ ਵੱਖ-ਵੱਖ ਵਿਸ਼ਿਆਂ ਨੂੰ ਸਮਝਣਾ ਆਸਾਨ ਹੋ ਜਾਂਦਾ ਹੈ।ਇਸ ਲੜੀ ਦੇ ਚੱਲਦਿਆਂ ਵਿਦਿਆਰਥੀਆਂ ਨੂੰ 22 ਅਪ੍ਰੈਲ ਤੋਂ 24 ਅਪ੍ਰੈਲ 2025 ਤੱਕ ਵਿਦਿਅਕ ਦੌਰੇ ਤੇ ਲਿਜਾਇਆ ਗਿਆ। ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਚੇਤਕ ਪਾਰਕ ਦੇ ਵਿਦਿਅਕ ਦੌਰੇ ਤੇ ਲਿਜਾਇਆ ਗਿਆ। ਜਦੋਂ ਕਿ




ਤੀਜੀ ਜਮਾਤ ਦੇ ਵਿਦਿਆਰਥੀ ਅਤੇ ਚੌਥੀ ਜਮਾਤ ਦੇ ਵਿਦਿਆਰਥੀਆਂ ਨੂੰ ਬੀੜ ਤਲਾਬ ਲਿਜਾਇਆ ਗਿਆ। ਬੱਚਿਆਂ ਵਿੱਚ ਉੱਥੇ ਜਾਣ ਲਈ ਬਹੁਤ ਉਤਸ਼ਾਹ ਸੀ। ਸਾਰੇ ਬੱਚੇ ਬਹੁਤ ਹੀ ਸੱਭਿਅਕ ਢੰਗ ਨਾਲ ਉੱਥੇ ਗਏ ਅਤੇ ਆਪਣੇ ਅਧਿਆਪਕਾਂ ਨਾਲ ਘੁੰਮ ਕੇ ਪਾਰਕ ਦਾ ਆਨੰਦ ਮਾਣਿਆ। ਫਿਰ ਸਾਰਿਆਂ ਨੇ ਇਕੱਠੇ ਖਾਣਾ ਖਾਧਾ ਅਤੇ ਕਈ ਤਰ੍ਹਾਂ ਦੀਆਂ ਖੇਡਾਂ ਖੇਡੀਆਂ। ਇਸ ਯਾਤਰਾ ਦੌਰਾਨ ਬੱਚਿਆਂ ਨੇ ਇਕੱਠੇ ਰਹਿਣਾ ਅਤੇ ਘੁੰਮਣਾ-ਫਿਰਨਾ ਬਹੁਤ ਚੰਗੀ ਤਰ੍ਹਾਂ ਸਿੱਖਿਆ। ਉਨ੍ਹਾਂ ਨੇ ਇਹ ਵੀ ਸਿੱਖਿਆ ਕਿ ਸਮਾਜ ਵਿੱਚ ਇੱਕ ਦੂਜੇ ਨਾਲ ਕਿਵੇਂ ਰਹਿਣਾ ਹੈ ਅਤੇ ਦੂਜਿਆਂ ਦੀ ਦੇਖਭਾਲ ਕਿਵੇਂ ਕਰਨੀ ਹੈ। ਉੱਥੇ ਬੱਚਿਆਂ ਨੇ ਕੁਦਰਤੀ ਸੁੰਦਰਤਾ ਦਾ ਆਨੰਦ ਮਾਣਿਆ ਅਤੇ ਖੇਡਾਂ ਵਿੱਚ ਹਿੱਸਾ ਲੈ ਕੇ ਬਹੁਤ ਮਜ਼ਾ ਲਿਆ। ਬੀੜ ਤਾਲਾਬ ਵਿਖੇ ਬੱਚਿਆਂ ਨੇ ਕੁਦਰਤ ਦਾ ਆਨੰਦ ਮਾਣਿਆ ਅਸੀਂ ਉੱਥੋਂ ਦੀ ਜੈਵ ਵਿਭਿੰਨਤਾ ਨੂੰ ਨੇੜਿਓਂ ਦੇਖਿਆ ਅਤੇ ਪਿਕਨਿਕ ਦਾ ਭਰਪੂਰ ਆਨੰਦ ਮਾਣਿਆ। ਇਸ ਮੌਕੇ ਸਕੂਲ ਪ੍ਰਧਾਨ ਸ੍ਰੀ ਗਗਨ ਬਾਂਸਲ, ਜਨਰਲ ਸਕੱਤਰ ਸ੍ਰੀਮਤੀ ਨਮਿਤਾ ਬਾਂਸਲ ਅਤੇ ਪ੍ਰਿੰਸੀਪਲ ਸ੍ਰੀਮਤੀ ਗੀਤਾ ਪਿੱਲੇ ਨੇ ਕਿਹਾ ਕਿ ਬੱਚਿਆਂ ਲਈ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਵਿਦਿਅਕ ਦੌਰੇ ਆਯੋਜਿਤ ਕੀਤੇ ਜਾਣਗੇ ਤਾਂ ਜੋ ਵਿਸ਼ਿਆਂ ਨਾਲ ਸਬੰਧਤ ਵਿਹਾਰਕ ਜਾਣਕਾਰੀ ਪ੍ਰਦਾਨ ਕੀਤੀ ਜਾ ਸਕੇ ਅਤੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਇਹ ਯਾਤਰਾ ਬੱਚਿਆਂ ਲਈ ਇੱਕ ਸਿੱਖਿਆਦਾਇਕ ਅਤੇ ਆਨੰਦਦਾਇਕ ਅਨੁਭਵ ਸੀ।

# ਦੂਜੀ ਕੌਮੀ ਲੋਕ ਅਦਾਲਤ 10.ਮਈ ਨੂੰ ਲਗਾਈ ਜਾਵੇਗੀ

ਸ੍ਰੀ ਮੁਕਤਸਰ ਸਾਹਿਬ, 24 ਅਪ੍ਰੈਲ (ਹੈਪੀ ਕਪੂਰ) : ਮਿਤੀ 10.05.2025 ਨੂੰ ਲੱਗਣ ਵਾਲੀ ਨੈਸਨਲ ਲੋਕ ਅਦਾਲਤ ਸਬੰਧੀ ਮੀਟਿੰਗ - ਸ੍ਰੀ ਰਾਜ ਕੁਮਾਰ , ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਨਾਲਸਾ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾ ਅਥਾਰਟੀ ਜੀਆਂ ਦੇ ਪ੍ਰਾਪਤ ਪੱਤਰ ਅਨੁਸਾਰ ਸਾਲ 2025 ਵਿੱਚ ਲੱਗਣ ਵਾਲੀਆਂ ਨੈਸਨਲ ਲੋਕ ਅਦਾਲਤਾਂ ਵਿੱਚ ਸਾਲ ਦੀ ਦੂਜੀ ਨੈਸਨਲ ਲੋਕ ਅਦਾਲਤ ਮਿਤੀ 10.05.2025 ਨੂੰ ਲਗਾਈ ਜਾਵੇਗੀ ਜਿਸ ਸਬੰਧੀ, ਸ੍ਰੀ ਰਾਜ ਕੁਮਾਰ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ,ਸ੍ਰੀ ਮੁਕਤਸਰ ਸਾਹਿਬ ਜੀਆਂ ਵੱਲੋਂ ਇੱਕ ਮੀਟਿੰਗ ਕੀਤੀ ਗਈ ਜਿਸ ਵਿੱਚ ਸੈਸ਼ਨ ਡਵੀਜਨ ਦੇ ਸਾਰੇ ਜੁਡੀਸ਼ੀਅਲ ਅਫਸਰਾ ਨੇ ਭਾਗ ਲਿਆ । ਇਹ ਮੀਟਿੰਗ ਮਿਤੀ 21.04.2025 ਨੂੰ ਕੀਤੀ ਗਈ। ਇਸ ਮੀਟਿੰਗ ਵਿੱਚ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਜੀਆਂ ਵੱਲੋਂ ਸਾਰੇ ਜੱਜ ਸਾਹਿਬਾਨਾ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਉਣ ਵਾਲੀ ਨੈਸਨਲ ਲੋਕ ਅਦਾਲਤ ਵਿੱਚ ਵੱਧ ਤੋਂ ਵੱਧ ਕੇਸ ਲਗਾਏ ਜਾਣ, ਤਾਂ ਕਿ ਵੱਧ ਤੋਂ ਵੱਧ ਕੇਸਾਂ ਦਾ ਨਿਪਟਾਰਾ ਕੀਤਾ ਜਾ ਸਕੇ। ਇਸ ਨੈਸਨਲ ਲੋਕ ਅਦਾਲਤ ਵਿੱਚ ਕੇਸ



ਜਿਵੇ ਕਿ ਐਕਸੀਡੈਂਟ ਕਲੇਮ ਕੇਸ (ਮੋਟਰ ਐਕਸੀਡੈਂਟ ਕਲੇਮ), ਹੋਰ ਮੁਆਵਜ਼ੇ ਦੇ ਮਾਮਲੇ, ਪਰਿਵਾਰਕ ਕਾਨੂੰਨ ਦੇ ਮਾਮਲੇ, ਸਰਵਿਸਜ਼ ਸੰਬੰਧੀ ਮਾਮਲੇ, ਰੈਂਟ ਸੰਬੰਧੀ ਮਾਮਲੇ ਅਕਾਦਮਿਕ ਮਾਮਲੇ, ਮੇਨਟੇਨੈਂਸ ਨਾਲ ਸਬੰਧਤ ਮੁੱਦੇ, ਮੌਰਟਗੇਜ਼ ਨਾਲ ਸਬੰਧਤ ਮਾਮਲੇ ਖਪਤਕਾਰ ਸੁਰੱਖਿਆ ਦੇ ਮਾਮਲੇ ਤਬਾਦਲ ਪਟੀਸ਼ਨਾਂ (ਦੀਵਾਨੀ ਅਤੇ ਫੌਜਦਾਰੀ), ਰਕਮ ਵਸੂਲੀ ਸਬੰਧੀ ਮਾਮਲੇ, ਕਰਿਮੀਨਲ ਕੰਪਾਊਂਡੇਬਲ ਮਾਮਲੇ, ਜ਼ਮੀਨੀ ਵਿਵਾਦਾਂ ਨਾਲ ਸਬੰਧਤ ਮਾਮਲੇ, ਵਾਟਰ ਸਪਲਾਈ ਸਿਵਰੇਜ, ਲੈਂਡ ਐਜੂਕੇਸ਼ਨ, ਪਰਿਵਾਰਕ ਝਗੜੇ, ਟਰੈਫਿਕ ਚਲਾਨ, ਪ੍ਰੀ-ਲੀਟੀਗੇਟਿਵ ਬੈਂਕ ਕੇਸ, ਬਿਜਲੀ ਚੋਰੀ ਦੇ ਕੇਸ, ਸਿਵਲ ਸੂਟ, 138 ਐੱਨ.ਆਈ. ਐਕਟ ਅਤੇ ਕੈਂਸਲੇਸ਼ਨ, ਐੱਫ.ਆਈ.ਆਰ. ਆਦਿ ਕੇਸਾਂ ਦਾ ਨਿਪਟਾਰਾ ਕਰਵਾਇਆ ਜਾ ਸਕੇ।

ਮਾਨਯੋਗ ਜੱਜ ਸਾਹਿਬ ਨੂੰ ਮੀਟਿੰਗ ਵਿੱਚ ਹਾਜ਼ਰ ਜੁਡੀਸ਼ੀਅਲ ਅਫਸਰਾਂ ਵੱਲੋ ਵਿਸ਼ਵਾਸ ਦਵਾਇਆ ਗਿਆ ਕਿ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਵੱਧ ਤੋਂ ਵੱਧ ਕੇਸ ਲਗਾਉਣ ਲਈ ਉਪਰਾਲੇ ਕੀਤੇ ਜਾਣਗੇ ਅਤੇ ਵੱਧ ਤੋਂ ਵੱਧ ਕੇਸਾਂ ਦਾ ਨਿਪਟਾਰਾ ਕਰਵਾਉਣ ਦਾ ਉਪਰਾਲਾ ਕੀਤਾ ਜਾਵੇਗਾ। ਇਸ ਤੋਂ ਇਲਾਵਾ ਵਧੇਰੇ ਜਾਣਕਾਰੀ ਲਈ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਟੋਲ ਫ੍ਰੀ ਹੈਲਪਲਾਈਨ ਨੰਬਰ 15100 ਤੇ ਜਾਂ ਸਿੱਧੇ ਤੌਰ 'ਤੇ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਬੱਸ ਅੱਡੇ ਨੂੰ ਸ਼ਹਿਰ ਤੋਂ ਬਾਹਰ ਤਬਦੀਲ ਕਰਨ ਵਿਰੁੱਧ ਲਗਾਇਆ ਪੱਕਾ ਮੋਰਚਾ

## ਜੇਕਰ ਸਰਕਾਰ ਨੇ ਫੈਸਲਾ ਨਾ ਬਦਲਿਆ ਤਾਂ ਸ਼ੁਰੂ ਹੋਵੇਗੀ ਭੁੱਖ ਹੜਤਾਲ



ਬਠਿੰਡਾ, 24 ਅਪ੍ਰੈਲ (ਦੀਪਕ ਸ਼ਰਮਾ): ਬਠਿੰਡਾ ਸ਼ਹਿਰ ਦੇ ਵਿਚਕਾਰ ਸਥਿਤ ਬੱਸ ਸਟੈਂਡ ਨੂੰ ਮਲੋਟ ਰੋਡ 'ਤੇ ਤਬਦੀਲ ਕਰਨ ਦੇ ਫੈਸਲੇ ਵਿਰੁੱਧ ਆਮ ਲੋਕਾਂ, ਵਪਾਰੀਆਂ, ਟਰਾਂਸਪੋਰਟ ਯੂਨੀਅਨਾਂ, ਸਮਾਜਿਕ ਸੰਗਠਨਾਂ ਅਤੇ ਕਿਸਾਨ ਸਮੂਹਾਂ ਨੇ ਡਾ. ਭੀਮ ਰਾਓ ਅੰਬੇਡਕਰ ਪਾਰਕ ਕੋਲ ਡੀਸੀ ਦਫ਼ਤਰ ਦੇ ਬਾਹਰ ਪੱਕਾ ਮੋਰਚਾ ਸ਼ੁਰੂ ਕਰ ਦਿੱਤਾ ਹੈ। ਇਹ ਮੋਰਚਾ ਸ਼ਹਿਰ ਦੇ ਹਿੱਤਾਂ ਦੀ ਰਾਖੀ ਲਈ ਅਤੇ ਆਮ ਲੋਕਾਂ ਨੂੰ ਹੋ ਰਹੀਆਂ ਅਸੁਵਿਧਾਵਾਂ ਦੇ ਮੱਦੇਨਜ਼ਰ ਡੂੰਘੀ ਨੀਂਦ ਸੁੱਤੀ ਹੋਈ ਸਰਕਾਰ ਨੂੰ ਜਗਾਉਣ ਲਈ ਲਾਇਆ ਗਿਆ ਹੈ। ਇਸ ਦੌਰਾਨ ਆਗੂਆਂ ਨੇ ਕਿਹਾ ਕਿ ਸ਼ਹਿਰ ਦੇ ਵਿਚਕਾਰ ਸਥਿਤ ਮੌਜੂਦਾ ਬੱਸ ਅੱਡਾ ਨਾ ਸਿਰਫ਼ ਲੋਕਾਂ ਲਈ ਸਹੂਲਤ ਹੈ ਸਗੋਂ ਨੇੜਲੇ ਦੁਕਾਨਦਾਰਾਂ ਤੇ ਵਪਾਰੀਆਂ ਲਈ ਰੋਜ਼ੀ-ਰੋਟੀ ਦਾ ਮੁੱਖ ਕੇਂਦਰ ਵੀ ਹੈ। ਬੱਸ ਸਟੈਂਡ ਨੂੰ ਨਵੀਂ ਜਗ੍ਹਾ ਤੇ ਤਬਦੀਲ ਕਰਨ ਨਾਲ ਨਾ ਸਿਰਫ਼ ਆਮ ਲੋਕਾਂ ਨੂੰ ਅਸੁਵਿਧਾ ਹੋਵੇਗੀ ਸਗੋਂ ਸਥਾਨਕ ਕਾਰੋਬਾਰ ਨੂੰ ਵੀ ਭਾਰੀ ਨੁਕਸਾਨ ਹੋਵੇਗਾ। ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਅਕਸਰ ਲੋਕਾਂ ਤੋਂ ਰਾਏ ਲੈਣ ਦੀ ਗੱਲ ਕਰਦੀ ਹੈ। ਬੱਸ ਸਟੈਂਡ ਨੂੰ ਬਦਲਣ ਸਬੰਧੀ ਆਮ ਲੋਕਾਂ ਦੀ ਰਾਏ ਵੀ ਜਾਣੀ ਚਾਹੀਦੀ ਹੈ, ਜਿਸ ਤੋਂ ਬਾਅਦ ਹੀ ਬੱਸ ਅੱਡੇ ਬਾਰੇ ਕੋਈ ਫੈਸਲਾ ਲਿਆ ਜਾਵੇ। ਪ੍ਰਦਰਸ਼ਨਕਾਰੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਜਨਤਕ ਭਾਵਨਾਵਾਂ ਦਾ ਸਤਿਕਾਰ ਕਰਦੇ ਹੋਏ ਇਸ ਫੈਸਲੇ ਨੂੰ ਤੁਰੰਤ ਵਾਪਸ ਲਿਆ ਜਾਵੇ ਅਤੇ ਸਾਰੀਆਂ ਸਬੰਧਤ ਧਿਰਾਂ ਨਾਲ ਗੱਲ ਕਰਕੇ ਇੱਕ ਸਰਬਸੰਮਤੀ ਨਾਲ ਹੱਲ ਕੱਢਿਆ ਜਾਵੇ। ਜੇਕਰ ਪ੍ਰਸ਼ਾਸਨ ਵੱਲੋਂ ਸਾਡੀਆਂ ਮੰਗਾਂ ਨੂੰ ਅਣਗੌਲਿਆ ਕੀਤਾ ਜਾਂਦਾ ਹੈ, ਤਾਂ ਇਹ ਵਿਰੋਧ ਪ੍ਰਦਰਸ਼ਨ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ ਵਿੱਚ ਬਦਲ ਜਾਵੇਗਾ, ਜਿਸਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਬੱਸ ਸਟੈਂਡ ਨੂੰ ਕਿਸੇ ਵੀ ਕੀਮਤ 'ਤੇ ਬਦਲਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਨੇੜਲੇ ਪਿੰਡਾਂ ਦੇ ਸਰਪੰਚ ਇਸ ਵਿਰੋਧ ਪ੍ਰਦਰਸ਼ਨ ਵਿੱਚ ਪਹੁੰਚੇ ਅਤੇ ਬੱਸ ਸਟੈਂਡ ਨੂੰ ਨਾ ਬਦਲਣ ਲਈ ਆਪਣਾ ਸਮਰਥਨ ਦਿੱਤਾ। ਉਨ੍ਹਾਂ ਕਿਹਾ ਕਿ ਇਹ ਮੋਰਚਾ ਲਗਾਤਾਰ ਇਸੇ ਤਰ੍ਹਾਂ ਚਾਲੂ ਰਹੇਗਾ। ਦੂਜੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਦਾ ਕਹਿਣਾ ਸੀ ਕਿ ਬੱਸ ਅੱਡੇ ਨੂੰ ਤਬਦੀਲ ਕਰਨ ਦਾ ਵਿਰੋਧ ਕਰਨ ਵਾਲੇ ਕਈ ਆਗੂਆਂ ਨੇ ਪਹਿਲਾਂ ਬੱਸ ਤਬਦੀਲ ਕਰਨ ਦੀ ਸਹਿਮਤੀ ਦਿੱਤੀ ਸੀ। ਉਨ੍ਹਾਂ ਕਿਹਾ ਕਿ ਜਦੋਂ ਬੱਸ ਅੱਡਾ ਪਲੇਟ ਨਗਰ ਵਿਚ ਸ਼ਿਫ਼ਟ ਕਰਨ ਦੀ ਯੋਜਨਾ ਸੀ ਤਾਂ ਉਸ ਸਮੇਂ ਟਰਾਂਸਪੋਰਟਾਂ ਨੇ ਵਿਰੋਧ ਨਹੀਂ ਕੀਤਾ ਸਗੋਂ ਆਪਣੇ ਦਫ਼ਤਰਾਂ ਲਈ ਜਗ੍ਹਾ ਦੀ ਮੰਗ ਕੀਤੀ ਸੀ ਪਰ ਹੁਣ ਕਈ ਉਹ ਟਰਾਂਸਪੋਰਟਰ ਵਿਰੋਧ ਕਰਨ ਲੱਗੇ ਹੋਏ ਹਨ। ਜ਼ਿਕਰਯੋਗ ਹੈ ਪਿਛਲੇ ਲੰਬੇ ਸਮੇਂ ਤੋਂ ਬੱਸ ਅੱਡਾ ਬੱਸਾਂ ਦੇ ਨਾਲ ਹੀ ਸਫ਼ਰ ਕਰਦਾ ਆ ਰਿਹਾ ਸੀ। ਇਸ ਨੂੰ ਸ਼ਹਿਰ ਤੋਂ ਬਾਹਰ ਬਣਾਉਣ ਲਈ ਕਈ ਥਾਵਾਂ ਦੀ ਚੋਣ ਕੀਤੀ ਗਈ ਪਰ ਇਹ ਪ੍ਰੋਜੈਕਟ ਰੱਦ ਹੁੰਦਾ ਆ ਰਿਹਾ ਹੈ।

# ਭਾਈ ਗੁਰਦਾਸ ਗਰੁੱਪ ਵਿਖੇ ਮੋਟੀਵੇਸ਼ਨਲ ਸਪੀਕਰ ਅਵਧ ਓਝਾ ਹੋਏ ਵਿਦਿਆਰਥੀਆਂ ਦੇ ਸਨਮੁੱਖ

ਸੰਗਰੂਰ, 24 ਅਪ੍ਰੈਲ (ਹਰਕੰਵਲ ਸਿੰਘ ਹੈਪੀ): ਭਾਈ ਗੁਰਦਾਸ ਗਰੁੱਪ ਆਫ ਇੰਸਟੀਚਿਊਟ ਦੇ ਸੈਮੀਨਾਰ ਹਾਲ 'ਚ ਦੇਸ਼ ਦੇ ਪ੍ਰਸਿੱਧ ਮੋਟੀਵੇਸ਼ਨਲ ਸਪੀਕਰ ਅਤੇ ਯੂ.ਪੀ.ਐਸ.ਸੀ. ਮੈਂਟਰ ਅਵਧ ਓਝਾ ਜੀ ਸਟਾਫ ਅਤੇ ਵਿਦਿਆਰਥੀਆਂ ਦੇ ਰੂਬਰੂ ਹੋਏ।

ਇਸ ਦੌਰਾਨ ਉਨ੍ਹਾਂ ਵਿਦਿਆਰਥੀਆਂ ਪ੍ਰੇਰਿਤ ਕਰਦਿਆਂ ਕਿਹਾ ਕਿ ਸਿੱਖਿਆ ਮਾਨਵ ਨੂੰ ਮਹਾਂਮਾਨਵ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ 'ਮੈਂ ਫੋਰਥ ਲਾਅ : ਲਾਅ ਆਫ ਵਿਜ਼ਡਮ' ਸਿਰਲੇਖ ਹੇਠ ਪ੍ਰੋਗਰਾਮ ਚਲਾ ਰਿਹਾ ਹਾਂ। ਉਨ੍ਹਾਂ ਕਿਹਾ ਕਿ ਭਾਈ ਗੁਰਦਾਸ ਜੀ ਦੇ ਨਾਮ ਤੇ ਸਥਾਪਿਤ ਇਸ ਸੰਸਥਾ ਵਿੱਚ ਪੜ੍ਹਨਾ ਅਤੇ ਪੜ੍ਹਾਉਣਾ ਮਾਣ ਵਾਲੀ ਗੱਲ ਹੈ। ਮੈਨੂੰ ਇਸ ਸੰਸਥਾ ਵਿੱਚ ਆ ਕੇ ਬਹੁਤ ਸਕੂਨ ਪ੍ਰਾਪਤ ਹੋਇਆ ਹੈ। ਇਸ ਸੈਸ਼ਨ ਵਿੱਚ ਭਾਈ ਗੁਰਦਾਸ ਗਰੁੱਪ ਦੇ ਸਾਰੇ ਕਾਲਜਾਂ ਦੇ ਪ੍ਰਿੰਸੀਪਲ, ਸਟਾਫ ਮੈਂਬਰ ਅਤੇ ਵਿਦਿਆਰਥੀ ਸ਼ਾਮਿਲ ਹੋਏ। ਅਵਧ ਓਝਾ ਜੀ ਨੇ ਕਿਹਾ ਕਿ ਸਿੱਖਿਆ ਦੁਆਰਾ ਵਿਵੇਕ ਜਾਗ੍ਰਿਤ ਕਰਕੇ ਗਿਆਨ ਦੀ ਕ੍ਰਾਂਤੀ ਲਿਆਂਦੀ ਜਾ ਸਕਦੀ ਹੈ ਜੋ ਸਮਾਜ ਨੂੰ ਬਦਲਣ ਲਈ ਕਾਰਗਰ ਹਥਿਆਰ ਸਿੱਧ ਹੋਵੇਗੀ।




ਸਾਰੇ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਵੱਲੋਂ ਬੜੇ ਉਤਸ਼ਾਹ ਨਾਲ ਇਸ ਸਾਰੇ ਪ੍ਰੋਗਰਾਮ ਵਿੱਚ ਭਾਗ ਲਿਆ ਗਿਆ। ਪ੍ਰੋਗਰਾਮ ਦੇ ਅਖੀਰ ਵਿੱਚ ਸੰਸਥਾ ਵੱਲੋਂ ਅਵਧ ਓਝਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਡਾ. ਗੁਨਿੰਦਰਜੀਤ ਸਿੰਘ ਜਵੰਧਾ, ਚੇਅਰਮੈਨ, ਭਾਈ ਗੁਰਦਾਸ ਗਰੁੱਪ ਨੇ ਦੱਸਿਆ ਕਿ ਸਾਡੀ ਸੰਸਥਾ ਉੱਚੇ ਅਕਾਦਮਿਕ ਮਿਆਰਾਂ ਕਾਰਨ ਜਾਣੀ ਜਾਂਦੀ ਹੈ। ਸੰਸਥਾ ਦਾ ਮਿਹਨਤੀ ਸਟਾਫ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਕਰਨ ਲਈ ਤੱਤਪਰ ਰਹਿੰਦਾ ਹੈ। ਅਜਿਹੇ ਪ੍ਰੋਗਰਾਮ ਕਰਵਾਉਣ ਦਾ ਮਕਸਦ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਪ੍ਰੇਰਨਾ ਦੇ ਕੇ ਉਸਾਰੂ ਸਿੱਖਿਆ ਦੇਣ ਵਿੱਚ ਸਹਾਈ ਹੁੰਦੇ ਹਨ। ਉਨ੍ਹਾ ਅਵਧ ਓਝਾ ਜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੁਆਰਾ ਦਿੱਤੇ ਸਿੱਖਿਆ ਕ੍ਰਾਂਤੀ ਸਬੰਧੀ ਸ਼ਾਨਦਾਰ ਮੰਤਰ ਦਾ ਅਸਰ ਅਧਿਆਪਕਾਂ ਤੋਂ ਹੁੰਦਾ ਹੋਇਆ ਵਿਦਿਆਰਥੀਆਂ ਤੱਕ ਜ਼ਰੂਰ ਪਹੁੰਚੇਗਾ। ਇਸ ਮੌਕੇ ਮੈਡਮ ਬਲਜਿੰਦਰ ਕੌਰ ਜਵੰਧਾ, ਸੈਕਟਰੀ ਭਾਈ ਗੁਰਦਾਸ ਗਰੁੱਪ ਅਤੇ ਡਾ. ਸੁਵਰੀਤ ਕੌਰ ਜਵੰਧਾ, ਐਮ.ਡੀ., ਭਾਈ ਗੁਰਦਾਸ ਗਰੁੱਪ ਨੇ ਵੀ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਸ਼ਾਨਦਾਰ ਪ੍ਰੋਗਰਾਮ ਲਈ ਆਯੋਜਕ ਕਮੇਟੀ ਨੂੰ ਵਧਾਈ ਦਿੱਤੀ।

# ਸਥਾਨਕ ਸਰਕਾਰਾਂ ਮੰਤਰੀ ਨਾਲ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਆਊਟਸੋਰਸ ਵਰਕਰਜ਼ ਯੂਨੀਅਨ ਦੀ ਮੀਟਿੰਗ

ਮੌੜ ਮੰਡੀ, 24 ਅਪ੍ਰੈਲ (ਭੋਲਾ ਸਿੰਘ ਮਾਨ): ਪੰਜਾਬ ਵਾਟਰ ਸਪਲਾਈ ਤੇ ਸੀਵਰੇਜ਼ ਬੋਰਡ ਆਊਟਸੋਰਸ ਵਰਕਰਜ਼ ਯੂਨੀਅਨ ਵੱਲੋਂ ਅੱਜ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨਾਲ ਮਿਉਂਸਪਲ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਸੀਵਰੇਜ਼ ਬੋਰਡ ਦੇ ਮੁੱਖ ਕਾਰਜਕਾਰੀ ਅਫ਼ਸਰ ਦਿਪਤੀ ਉਪਲ ਆਈ.ਏ.ਐਸ., ਮੈਨੇਜਰ ਪ੍ਰੋਸਨਲ ਜਨਰਲ ਐਡਮਿਨ ਜੀ ਪੀ ਅਤੇ ਹੋਰ ਉਚ ਅਧਿਕਾਰੀ ਹਾਜ਼ਰ ਹੋਏ ।ਮੀਟਿੰਗ ਦੌਰਾਨ ਸੂਬਾ ਪ੍ਰਧਾਨ ਗੁਰਦੇਵ ਸਿੰਘ ਨਿਹੰਗ ਨੇ ਕਿਹਾ ਕਿ ਪਿਛਲੇ ਲੰਬੇ ਸਮੇਂ ਵਾਟਰ ਸਪਲਾਈ ਤੇ ਸੀਵਰੇਜ਼ ਬੋਰਡ ਦੇ ਵਿੱਚ ਕੱਚੇ ਮੁਲਾਜ਼ਮ ਘੱਟ ਤਨਖਾਹਾਂ 'ਤੇ ਕੰਮ ਕਰਦੇ ਆ ਰਹੇ ਹਨ ਪਰ ਕਿਸੇ ਵੀ ਸਰਕਾਰ ਨੇ ਇਨ੍ਹਾਂ ਮੁਲਾਜ਼ਮਾਂ ਦੀ ਸਾਰ ਨਹੀਂ ਲਈ, ਇਸ ਮੌਕੇ ਕੈਬਨਿਟ ਮੰਤਰੀ ਅਤੇ ਅਧਿਕਾਰੀਆਂ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਅਸੀਂ ਬਹੁਤ ਜਲਦ ਵਾਟਰ ਸਪਲਾਈ ਤੇ



ਸੀਵਰੇਜ਼ ਬੋਰਡ ਪੰਜਾਬ ਦੇ ਕੱਚੇ ਮੁਲਾਜ਼ਮਾਂ ਸਬੰਧੀ ਅੰਕੜੇ ਇਕੱਠੇ ਕੀਤੇ ਜਾਣਗੇ ਅਤੇ ਬਹੁਤ ਜਲਦ ਕੱਚੇ ਮੁਲਾਜ਼ਮਾਂ ਦੇ ਹਿਤ ਵਿੱਚ ਕੋਈ ਚੰਗਾ ਫੈਸਲਾ ਲਿਆ ਜਾਵੇਗਾ। ਉਧਰ ਜਥੇਬੰਦੀ ਵੱਲੋਂ ਉਪਰੋਕਤ ਮੰਗਾਂ ਸਬੰਧੀ ਸਰਕਾਰ ਨੂੰ ਪੰਦਰਾਂ ਦਿਨਾਂ ਦਾ ਟਾਇਮ ਦਿੱਤਾ ਅਤੇ ਕਿਹਾ ਕਿ ਜੇਕਰ ਰਹਿੰਦੇ ਸਮੇਂ ਅੰਦਰ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਤਾਂ ਜਥੇਬੰਦੀ ਵੱਲੋਂ ਮਜ਼ਬੂਰਨ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ ਇਸ ਮੌਕੇ ਸੂਬਾ ਆਗੂ ਸੱਤਪਾਲ ਸਿੰਘ,ਕਲਵਿੰਦਰ ਸਿੰਘ ਪ੍ਰੈਸ ਸਕੱਤਰ, ਜਗਵੀਰ ਸਿੰਘ ਗੋਗੀ ਭੀਖੀ, ਬੀਰ ਸਿੰਘ, ਗੁਰਜੰਟ ਸਿੰਘ ਉਗਰਾਹਾਂ ,ਰਾਜੇਸ਼ ਕੁਮਾਰ ਮਾਨਸਾ ,ਸੁਖਜੀਵਨ ਸਰਦੂਲਗੜ੍ਹ, ਬਲਦੇਵ ਸਿੰਘ ਬਰਨਾਲਾ ,ਪ੍ਰੇਮ ਕੁਮਾਰ ਗੁਰਦਾਸਪੁਰ ,ਜਗਤਾਰ ਸਿੰਘ ਮੌੜ ਮੰਡੀ, ਅਵਤਾਰ ਸਿੰਘ, ਸੁਖਜਿੰਦਰ ਸਿੰਘ, ਅਨੂਪ ਸ਼ਰਮਾ ਮੀਟਿੰਗ ਵਿੱਚ ਮੌਜੂਦ ਸਨ

# ਕਿਸਾਨਾਂ ਦੀ ਸਾਰ ਲਵੇ ਪੰਜਾਬ ਸਰਕਾਰ : ਦੂੱਲਟ

ਸੰਗਰੂਰ, 24 ਅਪ੍ਰੈਲ (ਹਰਕੰਵਲ ਸਿੰਘ ਹੈਪੀ): ਮੀਂਹ ਹਨੇਰੀ, ਝੱਖੜ ਅਤੇ ਕਣਕਾਂ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਕਾਰਨ ਕਿਸਾਨਾਂ ਨੂੰ ਬਹੁਤ ਨੁਕਸਾਨ ਪਹੁੰਚਿਆ ਹੈ ਇਸ ਸਬੰਧੀ ਅੱਜ ਧੂਰੀ ਹਲਕੇ ਦੇ ਪਿੰਡਾਂ ਦਾ ਦੌਰਾ ਕਰਨ ਤੋਂ ਬਾਅਦ ਭਾਜਪਾ ਜ਼ਿਲ੍ਹਾ ਪ੍ਰਧਾਨ ਧਰਮਿੰਦਰ ਦੂੱਲਟ ਨੇ ਪੰਜਾਬ ਸਰਕਾਰ ਦੇ ਕਿਸਾਨਾਂ ਖਿਲਾਫ ਅਪਣਾਏ ਢੀਠ ਰਵਈਏ ਦੀ ਨਿਖੇਧੀ ਕੀਤੀ।

ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਆਪਣੇ ਆਕਾ ਅਰਵਿੰਦ ਕੇਜਰੀਵਾਲ ਨੂੰ ਖੁਸ਼ ਕਰਨ ਲਈ ਬਾਂਦਰ ਨਾਚ ਕਰਨ ਲੱਗੇ ਹੋਏ ਹਨ ਤੇ ਉਹਨਾਂ ਨੂੰ ਪੰਜਾਬ ਦੇ ਕਿਸਾਨਾਂ ਮਜ਼ਦੂਰਾਂ ਵਪਾਰੀਆਂ ਦੀ ਕੋਈ ਫਿਕਰ ਨਹੀਂ ਉਹ ਸਿਰਫ ਆਪਣੀ ਆਕਾ ਦੀ ਪੁਸਤ ਪਨਾਹੀ 'ਚ ਮਸ਼ਰੂਫ ਹਨ।

ਉਹਨਾਂ ਕਿਹਾ ਮੁੱਖ ਮੰਤਰੀ ਬੱਕਰੀਆਂ ਅਤੇ ਮੁਰਗਿਆਂ ਦੇ ਖੰਭਾਂ ਦੇ ਮੁਆਵਜ਼ੇ ਅਤੇ ਪਹਿਲਾ ਮੁਆਵਜ਼ਾ ਬਾਅਦ 'ਚ ਗਿਰਦਾਵਰੀਆਂ ਵਰਗੀਆਂ ਗੱਲਾਂ ਆਪਣੇ ਭਾਸ਼ਣਾਂ ਵਿੱਚ ਕਰਦੇ ਥੱਕਦੇ ਨਹੀਂ ਸਨ ਪਰ ਅਸਲੀਅਤ ਵਿੱਚ ਕਿਸਾਨਾਂ ਦੀ ਕੋਈ ਸਾਰ ਪੰਜਾਬ ਸਰਕਾਰ ਵੱਲੋਂ ਨਹੀਂ ਲਈ ਜਾ ਰਹੀ, ਮੁੱਖ ਮੰਤਰੀ ਸਮੇਤ ਪੂਰੀ ਵਜਾਰਤ ਹੀ ਫੌਕੀਆਂ ਫੜਾ ਅਤੇ ਬਿਨ੍ਹਾਂ ਸਿਰ ਪੈਰ ਦੀ ਬਿਆਨਬਾਜ਼ੀ ਤੱਕ ਹੀ ਸੀਮਤ ਹੈ।

ਪੰਜਾਬ ਵਿੱਚ ਹੁੰਦੇ ਗ੍ਰਨੇਡ ਹਮਲਿਆਂ ਦੀ ਉਹਨਾਂ ਨੂੰ ਕੋਈ ਫਿਕਰ ਨਹੀਂ। ਕਾਨੂੰਨ ਵਿਵਸਥਾ ਦਾ ਇੰਨਾ ਮਾੜਾ ਹਾਲ ਹੈ ਕਿ ਅੱਜ ਆਮ ਪੰਜਾਬੀ ਘਰੋਂ ਪੈਰ ਬਾਹਰ ਪਾਉਣ ਲੱਗੇ ਵੀ ਡਰਦਾ ਹੈ। ਭੈੜੇ ਅਨਸਰ ਰਾਹ ਤੁਰੇ ਜਾਂਦੇ ਲੋਕਾਂ ਨੂੰ ਆਮ ਹੀ ਲੁੱਟ ਰਹੇ ਹਨ ਤੇ ਕਿਸੇ ਖਿਲਾਫ ਕੋਈ ਕਾਰਵਾਈ ਤੇ ਸੁਣਵਾਈ ਨਹੀਂ ਹੋ ਰਹੀ।

ਆਰਥਿਕਤਾ ਦਾ ਇੰਨਾ ਮਾੜਾ ਹਾਲ ਹੈ ਕਿ ਅੱਜ ਪੰਜਾਬ ਦੇਸ਼ ਵਿੱਚ



ਸਭ ਤੋਂ ਅਖੀਰਲੇ ਸਥਾਨ ਉੱਤੇ ਖੜਾ ਹੈ। ਮਾਨ ਸਰਕਾਰ ਨੇ ਕਰਜ਼ਾ ਲੈਣ ਦੇ ਪਿਛਲੀਆਂ ਸਰਕਾਰਾਂ ਦੇ ਸਾਰੇ ਰਿਕਾਰਡ ਤੋੜ ਦਿੱਤੇ ਹਨ ਅਤੇ ਅੱਜ ਹਾਲਾਤ ਇਹ ਹਨ ਕਿ ਕਰਜੇ ਦੀ ਕਿਸ਼ਤ ਵਾਪਸ ਕਰਨ ਲਈ ਵੀ ਕਰਜ਼ਾ ਲੈਣਾ ਪੈਂਦਾ ਹੈ। ਇਸ ਆਰਥਿਕ ਤਬਾਹੀ ਲਈ ਮਾਨ ਸਰਕਾਰ ਦੀਆਂ ਗਲਤ ਨੀਤੀਆਂ ਜਿੰਮੇਵਾਰ ਹਨ। ਦੂੱਲਟ ਨੇ ਕਿਹਾ ਕਿ ਪੰਜਾਬ ਦੇ ਲੋਕ 2027 ਵਿੱਚ ਭਾਜਪਾ ਨੂੰ ਸੱਤਾ ਵਿੱਚ ਲਿਆਉਣ ਲਈ ਵੱਧ ਚੜਕੇ ਭਾਜਪਾ ਦੇ ਹੱਕ ਵਿੱਚ ਭੁਗਤਣਗੇ।

# ਪਿੰਡ ਮੰਡਵੀ ਵਿੱਚ ਭਾਰਤੀ ਕਿਸਾਨ ਏਕਤਾ ਆਜ਼ਾਦ ਨੇ ਮੋਦੀ ਅਤੇ ਜੇ. ਡੀ. ਵੈਂਸ ਦੇ ਪੁਤਲੇ ਸਾੜੇ



ਖਨੌਰੀ, 24 ਅਪ੍ਰੈਲ (ਓਮਪ੍ਰਕਾਸ਼ ਮੁਆਲ): ਬਲਾਕ ਮੂਨਕ ਇਕਾਈ ਦੇ ਪਿੰਡ ਮੰਡਵੀ ਵਿੱਚ ਭਾਰਤੀ ਕਿਸਾਨ ਏਕਤਾ ਆਜ਼ਾਦ ਵੱਲੋਂ ਬਲਾਕ ਬਲਾਕ ਪ੍ਰਧਾਨ ਅਮਨਦੀਪ ਸਿੰਘ ਦੀ ਅਗਵਾਹੀ ਹੇਠ ਮੋਦੀ ਅਤੇ ਜੇ.ਡੀ. ਵੈਂਸ ਦੇ ਪੁਤਲੇ ਸਾੜੇ ਗਏ। ਇਸ ਮੌਕੇ ਜ਼ਿਲ੍ਹਾ ਆਗੂ ਰਾਜ ਸਿੰਘ ਥੇੜ੍ਹੀ ਅਤੇ ਸੁਖਦੇਵ ਸ਼ਰਮਾ ਵਿਸ਼ੇਸ਼ ਤੌਰ 'ਤੇ ਪਹੁੰਚੇ । ਇਸ ਮੌਕੇ ਬੋਲਦਿਆਂ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਮੋਦੀ ਸਰਕਾਰ ਅਮਰੀਕਾ ਨਾਲ ਜੋ ਸਮਝੌਤਾ ਕਰ ਰਹੀ ਹੈ ਉਸ ਵਿੱਚ ਕਿਸਾਨਾਂ ਦੀਆਂ ਸਾਰੀਆਂ ਫਸਲਾਂ ਡੈਰੀ ਪ੍ਰੋਡਕਟ ਨਾਲ ਹੋਰ ਖਾਣ ਪੀਣ ਦਾ ਜਿੰਨਾ ਵੀ ਸਮਾਨ ਹੈ ਉਹ ਸਸਤਾ ਹੋ ਜਾਵੇਗਾ ਤੇ ਆਮਦਨ ਬਿਲਕੁਲ ਖਤਮ ਹੋ ਜਾਵੇਗੀ ਕੱਲ ਜੇ. ਡੀ.ਵੈਂਸ ਪਰਿਵਾਰ ਸਮੇਤ ਹਿੰਦੁਸਤਾਨ ਵਿੱਚ ਆਇਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਕਿਸਾਨ ਜੋ ਵੀ ਫ਼ਸਲ ਪੈਦਾ ਕਰਦਾ ਹੈ, ਉਸ ਉੱਤੇ ਕੀਤਾ ਜਾ ਰਿਹਾ ਹੈ । ਅਮਰੀਕਾ ਦੇ ਕਿਸਾਨਾਂ ਨੂੰ ਖੇਤੀ ਤੇ 80 ਤੋਂ 90% ਸਬਸਿਡੀ ਮਿਲਦੀ ਹੈ ਪਰ ਹਿੰਦੁਸਤਾਨ ਵਿੱਚ ਸਬਸਿਡੀ ਨਿਗੂਣੀ ਮਿਲਦੀ ਹੈ। ਇਸ ਲਈ ਅਮਰੀਕਾ ਦੇ ਕਿਸਾਨਾਂ ਦਾ ਮੁਕਾਬਲਾ ਹਿੰਦੁਸਤਾਨ ਦਾ ਕਿਸਾਨ ਨਹੀਂ ਕਰ ਸਕਦਾ ।

ਇਸ ਅਰਥੀ ਫੂਕ ਮੁਜ਼ਾਹਰੇ ਵਿੱਚ ਬਲਾਕ ਦੇ ਆਗੂ ਮੁਖਤਿਆਰ ਸਿੰਘ, ਬੀਰਬਲ ਸਿੰਘ, ਦਰਸ਼ਨ ਸਿੰਘ ਅਤੇ ਹੋਰ ਕਿਸਾਨ ਆਗੂ ਹਾਜ਼ਰ ਸਨ।

# ਚੇਅਰਮੈਨ ਘੁੱਲੀ ਨੇ ਧੂਰੀ ਅਨਾਜ ਮੰਡੀ ਵਿਖੇ ਕਣਕ ਦੀ ਖ਼ਰੀਦ ਦਾ ਲਿਆ ਜਾਇਜ਼ਾ

ਧੂਰੀ, 24 ਅਪ੍ਰੈਲ ( ਰਣਜੀਤ ਸਿੰਘ ਪੇਧਨੀ ): ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ, ਮੁੱਖ ਮੰਤਰੀ ਕੈਂਪਸ ਧੂਰੀ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਅਨਾਜ ਮੰਡੀ ਧੂਰੀ ਵਿਖੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਦੇ ਨਾਲੋ ਨਾਲ ਕਿਸਾਨ, ਆੜਤੀਆਂ, ਮਜਦੂਰਾਂ ਅਤੇ ਖਰੀਦ ਨਾਲ ਜੁੜੀਆ ਹੋਰਨਾਂ ਧਿਰਾਂ ਨੂੰ ਮੰਡੀ ਬੋਰਡ ਵੱਲੋ ਦਿੱਤੀਆ ਜਾ ਰਹੀਆ ਸਹੂਲਤਾਵਾਂ ਦਾ ਵੀ ਜਾਇਜ਼ਾ ਲਿਆ ਅਤੇ ਹਾਜਰ ਕਿਸਾਨਾਂ ਨਾਲ ਗੱਲਬਾਤ ਕੀਤੀ। ਚੇਅਰਮੈਨ ਘੁੱਲੀ ਨੇ ਮਾਰਕੀਟ ਕਮੇਟੀ ਧੂਰੀ ਅੰਦਰ ਆਉਦੇ ਵੱਖ ਵੱਖ ਖਰੀਦ ਕੇਂਦਰਾਂ ਅੰਦਰ ਹਾਜ਼ਰ ਕਿਸਾਨਾਂ ਤੇ ਵਪਾਰੀਆਂ ਤੋ ਉਨ੍ਹਾਂ ਨੂੰ ਆ ਰਹੀਆਂ ਮੁਸ਼ਕਿਲਾ ਸੁਣਨ ਉਪੰਰਤ ਕੁਝ ਨੂੰ ਮੌਕੇ 'ਤੇ ਹੀ ਨਿਪਟਾਉਣ ਅਤੇ ਰਹਿਦੀਆ ਨੂੰ ਜਲਦ ਹੱਲ ਕਰਨ ਦਾ ਭਰੋਸਾ ਵੀ ਜਤਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਮੰਡੀ ਬੋਰਡ ਦੀਆ ਹਦਾਇਤਾਂ ਅਨੁਸਾਰ ਕਣਕ ਦੀ ਖਰੀਦ ਅਤੇ ਚੁਕਾਈ ਵਿਚ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਖਰੀਦ ਕੇਂਦਰਾਂ ਅੰਦਰ ਕਣਕ ਦੀ ਆਮਦ ਵਿਚ ਹੁਣ ਤੇਜੀ ਹੋਈ ਹੈ ਜਦਕਿ ਸਰਕਾਰ ਦੀਆ ਹਦਾਇਤਾਂ ਅਨੁਸਾਰ ਸਮੁੱਚੇ ਕੇਂਦਰਾਂ ਅੰਦਰ ਪੀਣ ਵਾਲੇ ਪਾਣੀ, ਰੋਸ਼ਨੀ, ਪਖਾਨਿਆਂ ਆਦਿ ਦੇ ਸਮੁੱਚੇ ਪ੍ਰਬੰਧ ਹਨ, ਪਰ ਫੇਰ ਵੀ ਜੇਕਰ ਕਿਸੇ ਨੂੰ ਕੋਈ ਮੁਸ਼ਕਿਲ ਲੱਗੇ ਤਾ ਉਹ ਉਨ੍ਹਾਂ ਨਾਲ ਕਿਸੇ ਵੇਲੇ ਵੀ ਸਪੰਰਕ ਕਰ ਸਕਦੇ ਹਨ। ਇਸ ਮੌਕੇ ਜਤਿੰਦਰ ਸਿੰਘ ਸੋਨੀ ਮੰਡੇਰ ਪ੍ਰਧਾਨ ਆੜਤੀਆ ਐਸੋਸੀਏਸਨ ਧੂਰੀ, ਸਮਾਜ ਸੇਵੀ ਬਬਲੂ ਧੂਰੀ ਸਰਪੰਚ ਬਿੱਲਾ ਸਾਹੀਵਾਲ, ਆਪ ਆਗੂ ਬਖਸ਼ੀਸ਼ ਸਿੰਘ ਅਲਾਲ, ਆਪ ਆਗੂ ਮਾਣਾ ਗਰੇਵਾਲ, ਆਪ ਆਗੂ ਕੁਲਦੀਪ ਸਿੰਘ ਬੁੱਟਰ, ਆਪ ਆਗੂ ਭਿੰਦਾ ਵਿਰਕ ਹਾਜ਼ਰ ਸਨ ।

# ਸਕੂਲਾਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਆਧੁਨਿਕ ਸਿੱਖਿਆ ਨੂੰ ਦਿੱਤੀ ਜਾ ਰਹੀ ਹੈ ਤਰਜੀਹ : ਸਿੰਗਲਾ

ਮਾਨਸਾ, 24 ਅਪ੍ਰੈਲ (ਵਿਰੈਂਦਰਪਾਲ ਮੰਤਰੋ): ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਅੱਜ ਹਲਕਾ ਮਾਨਸਾ ਦੇ ਵਿਧਾਇਕ ਡਾ. ਵਿਜੈ ਸਿੰਗਲਾ ਦੁਆਰਾ ਪਿੰਡ ਕੋਟੜਾ ਕਲਾਂ ਅਤੇ ਭੀਖੀ ਪਿੰਡ ਦੇ ਸਰਕਾਰੀ ਸਕੂਲਾਂ ਵਿੱਚ ਵੱਖ ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ।ਇਸ ਮੌਕੇ ਬੋਲਦਿਆਂ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਨੇ ਕਿਹਾ ਕਿ ਸਕੂਲਾਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਆਧੁਨਿਕ ਸਿੱਖਿਆ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਸਮਾਰਟ ਕਲਾਸ ਰੂਮ, ਆਧੁਨਿਕ ਲਾਇਬ੍ਰੇਰੀਆਂ ਅਤੇ ਸਾਇੰਸ ਲੈਬਜ਼ ਇਸੇ ਉਦੇਸ਼ ਦੀ ਉਪਜ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਨੂੰ ਸਹੂਲਤ ਪੱਖੋ ਉੱਤਮ ਬਣਾਇਆ ਜਾਵੇਗਾ ਤਾਂ ਜੋ ਮਾਪੇ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਦਾਖ਼ਲ ਕਰਵਾਉਣ।ਇਸ ਮੌਕੇ ਵਿਧਾਇਕ ਵਿਜੈ ਸਿੰਗਲਾ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕੋਟੜਾ ਕਲਾਂ ਵਿਖੇ 2 ਲੱਖ 65 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਚਾਰਦੀਵਾਰੀ, ਸਰਕਾਰੀ ਪ੍ਰਾਇਮਰੀ ਸਕੂਲ (ਲੜਕੇ) ਭੀਖੀ ਵਿਖੇ 02 ਲੱਖ 20 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਚਾਰਦੀਵਾਰੀ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਭੀਖੀ ਵਿਖੇ 17 ਲੱਖ 06 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਦੋ ਕਲਾਸਰੂਮ ਅਤੇ 02 ਲੱਖ ਰੁਪਏ ਦੀ ਲਾਗਤ ਨਾਲ ਰਿਪੇਅਰ ਦੇ ਮੁਕੰਮਲ ਹੋਏ ਕੰਮਾਂ ਦਾ ਉਦਘਾਟਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਰਕੀਟ ਕਮੇਟੀ ਮਾਨਸਾ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ, ਮਾਰਕੀਟ ਕਮੇਟੀ ਭੀਖੀ ਦੇ ਚੇਅਰਮੈਨ ਮਾਸਟਰ ਵਰਿੰਦਰ ਸੋਨੀ, ਅਜੈਬ ਸਿੰਘ ਬੁਰਜ ਹਰੀ, ਕੋਟੜਾ ਸਕੂਲ ਦੇ ਪ੍ਰਿੰਸੀਪਲ ਮੈਡਮ ਵੀਰਪਾਲ ਕੌਰ ਚਾਹਲ ਹਾਜ਼ਰ ਸਨ।

## ਨਸ਼ੀਲੀਆਂ ਗੋਲੀਆਂ ਸਮੇਤ ਇੱਕ ਗ੍ਰਿਫ਼ਤਾਰ




ਧਨੌਲਾ, 24 ਅਪ੍ਰੈਲ (ਚਮਕੌਰ ਸਿੰਘ ਗੱਗੀ):ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਧਨੌਲਾ ਪੁਲਿਸ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ ਜਦੋਂ ਇਕ ਨੌਜਵਾਨ ਨੂੰ 600 ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ। ਜਾਣਕਾਰੀ ਦਿੰਦਿਆਂ ਥਾਣਾ ਧਨੌਲਾ ਦੇ ਮੁਖੀ ਇੰਸਪੈਕਟਰ ਲਖਵੀਰ ਸਿੰਘ ਨੇ ਕਿਹਾ ਕਿ ਏਐਸਆਈ ਜਸਵੀਰ ਸਿੰਘ ਸਮੇਤ ਪੁਲਿਸ ਪਾਰਟੀ ਇਲਾਕੇ ਵਿੱਚ ਗਸਤ ਕਰ ਰਹੇ ਸਨ, ਤਾਂ ਸਮਾਂ ਕਰੀਬ 8:30 ਵਜੇ ਪੀਐਮ ਦਾ ਹੋਵੇਗਾ ਜਦੋਂ ਉਹ ਪਸ਼ੂ ਮੰਡੀ ਨਜਦੀਕ ਪਹੁੰਚੇ ਤਾਂ ਇੱਕ ਮੋਨਾ ਵਿਅਕਤੀ ਪਸ਼ੂ ਮੰਡੀ ਧਨੌਲਾ ਦੇ ਮੇਨ ਗੇਟ ਦੇ ਨਾਲ ਬਾਹਰਲੇ ਪਾਸੇ ਬਣੇ ਥੜੇ ਪਾਸ ਖੜ੍ਹੇ ਮੋਟਰਸਾਇਕਲ ਮਾਰਕਾ ਬਜਾਜ ਸੀਟੀ100 ਰੰਗ ਕਾਲਾ ਦੀ ਸੀਟ ਤੇ ਲਿਫ਼ਾਫ਼ਾ ਰੱਖ ਫਰੋਲਾ ਫਰਾਲੀ ਕਰ ਰਿਹਾ ਸੀ ਜੋ ਪੁਲਿਸ ਪਾਰਟੀ ਦੀ ਗੱਡੀ ਨੂੰ ਵੇਖ ਕੇ ਇੱਕ ਦਮ ਘਬਰਾ ਗਿਆ। ਜਿਸਨੂੰ ਏਐਸਆਈ ਨੇ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਕਾਬੂ ਕਰਕੇ ਨਾਮ ਪਤਾ ਪੁੱਛਿਆ, ਜਿਸਨੇ ਆਪਣਾ ਨਾਮ ਰੇਸ਼ਮ ਸਿੰਘ ਉਰਫ ਮਨੀ ਪੁੱਤਰ ਬਲਵੀਰ ਸਿੰਘ ਵਾਸੀ ਨੇੜੇ ਧਰਮਸ਼ਾਲਾ ਭੈਣੀ ਜੱਸਾ ਦੱਸਿਆ। ਰੇਸਮ ਸਿੰਘ ਉਰਫ ਮਨੀ ਉਕਤ ਦੇ ਕਬਜਾ ਵਿਚਲੇ ਪਾਰਦਰਸ਼ੀ ਲਿਫਾਫਾ ਪਲਾਸਟਿਕ ਵਿੱਚ ਖੁੱਲੀਆਂ ਨਸ਼ੀਲੀਆਂ ਗੋਲੀਆਂ ਰੰਗ ਬਾਵਾ ਗੋਲ ਅਕਾਰ ਬ੍ਰਾਮਦ ਹੋਈਆ ਹਨ, ਜਿਸ ਖਿਲਾਫ ਥਾਣਾ ਧਨੌਲਾ ਵਿੱਚ ਮੁੱਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ। ਇਸ ਮੌਕੇ ਏਐਸਆਈ ਪਵਨ ਕੁਮਾਰ, ਹੌਲਦਾਰ ਰਣਜੀਤ ਸਿੰਘ, ਸਿਪਾਹੀ ਰੇਸ਼ਮ ਸਿੰਘ, ਸਿਪਾਹੀ ਅਮ੍ਰਿਤਪਾਲ ਸਿੰਘ, ਸਿਪਾਹੀ ਅਨਮੋਲ ਸਿੰਘ, ਸਿਪਾਹੀ ਗੁਰਪ੍ਰੀਤ ਸਿੰਘ ਅਤੇ ਅਮਰਜੀਤ ਸਿੰਘ ਹਾਜ਼ਰ ਸਨ।

## ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਭਦੌੜ ਦੀ ਬੱਸ 'ਚ ਸ਼ਰੇਆਮ ਹੋਈ ਗੁੰਡਾਗਰਦੀ

# ਵਿਦਿਆਰਥੀ ਨੂੰ ਤੇਜ਼ਧਾਰ ਹਥਿਆਰਾਂ ਨਾਲ ਜ਼ਖ਼ਮੀ ਕਰਕੇ ਅਣਪਛਾਤੇ ਹੋਏ ਫ਼ਰਾਰ

ਭਦੌੜ, 24 ਅਪ੍ਰੈਲ (ਸੁਖਵਿੰਦਰ ਪਲਾਹਾ):ਮਾਪੇ ਆਪਣੇ ਬੱਚਿਆਂ ਨੂੰ ਚੰਗੀ ਸਿੱਖਿਆ ਦੇਣ ਲਈ ਮਹਿੰਗੇ ਪ੍ਰਾਈਵੇਟ ਸਕੂਲਾਂ 'ਚ ਵਿੱਦਿਆ ਦਿਵਾਉਣ ਨੂੰ ਤਰਜੀਹ ਦਿੰਦੇ ਹਨ ਅਤੇ ਇਸ ਬਦਲੇ ਉਹ ਮੋਟੀਆਂ ਫੀਸਾਂ ਵੀ ਭਰਦੇ ਹਨ, ਤਾਂ ਜੋ ਬੱਚੇ ਚੰਗੀ ਵਿੱਦਿਆ ਗ੍ਰਹਿਣ ਕਰਕੇ ਆਪਣਾ ਭਵਿੱਖ ਉੱਜਵਲ ਕਰਕੇ ਕਿਸੇ ਮੁਕਾਮ 'ਤੇ ਪੁੱਜ ਸਕਣ। ਪਰੰਤੂ ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਭਦੌੜ ਦੇ ਵਿਦਿਆਰਥੀਆਂ ਦੀ ਸੁਰੱਖਿਆ ਰੱਬ ਆਸਰੇ ਹੀ ਜਾਪ ਰਹੀ ਹੈ। ਬੀਤੇ ਜਦੋਂ ਸਕੂਲ 'ਚੋਂ ਵਿਦਿਆਰਥੀਆਂ ਨੂੰ ਛੁੱਟੀ ਮਿਲੀ ਤਾਂ ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਭਦੌੜ ਦੀ ਬੱਸ ਜਦੋਂ ਵੱਡਾ ਚੌਂਕ ਭਦੌੜ ਦੇ ਨੇੜੇ ਪੁੱਜੀ ਤਾਂ ਅੱਧੀ ਦਰਜ਼ਨ ਦੇ ਲਗਭਗ ਅਣਪਛਾਤੇ ਨਕਾਬਪੋਸ਼ ਜੋ ਮੋਟਰਸਾਈਕਲਾਂ 'ਤੇ ਸਵਾਰ ਹੋ ਕੇ ਆਏ ਸਨ, ਉਹ ਬੱਸ ਅੰਦਰ ਜ਼ਬਰਦਸਤੀ ਘੁਸ ਗਏ ਅਤੇ ਤੇਜ਼ਧਾਰ ਹਥਿਆਰਾਂ ਨਾਲ ਇੱਕ ਵਿਦਿਆਰਥੀ ਜੋ ਨੇੜਲੇ ਪਿੰਡ ਹਿੰਮਤਪੁਰਾ ਦਾ ਰਹਿਣ ਵਾਲਾ ਸੀ ਉਸ ਉਪਰ ਜਾਨਲੇਵਾ ਹਮਲਾ ਕਰ ਦਿੱਤਾ ਅਤੇ ਉਸਨੂੰ ਗੰਭੀਰ ਰੂਪ ਵਿੱਚ ਜ਼ਖਮੀ ਕਰਕੇ ਮੋਟਰਸਾਈਕਲਾਂ 'ਤੇ ਸ਼ਰੇਆਮ ਫਰਾਰ ਹੋ ਗਏ। ਜ਼ਖਮੀ ਵਿਦਿਆਰਥੀ ਦੀ ਪਹਿਚਾਣ 12ਵੀਂ ਕਲਾਸ ਦੇ ਸੁਖਦੀਪ ਸਿੰਘ ਉਰਫ ਸੁੱਖੀ ਵਾਸੀ ਹਿੰਮਤਪੁਰਾ ਵਜੋਂ ਹੋਈ ਹੈ। ਜਦੋਂ ਇਹ ਘਟਨਾ ਵਾਪਰੀ ਤਾਂ ਉਸ ਸਮੇਂ ਬੱਸ 'ਚ ਵਿਦਿਅਰਥਣਾਂ ਤੋਂ ਇਲਾਵਾ ਨੰਨੇ ਮੁੰਨੇ ਬੱਚੇ ਵੀ ਬੱਸ ਵਿੱਚ ਸਵਾਰ ਸਨ ਜੋ ਇਹ ਸਾਰਾ ਮੰਜ਼ਰ ਦੇਖ ਕੇ ਦਹਿਲ ਗਏ। ਇਸ ਵੱਡੀ ਵਾਰਦਾਤ ਨੂੰ ਦੇਖਦਿਆਂ ਮਾਪਿਆਂ ਅੰਦਰ ਵੀ ਖੌਫ ਦਾ ਮਾਹੌਲ ਪਾਇਆ ਜਾ ਰਿਹਾ ਹੈ ਪਰੰਤੂ ਸਕੂਲ ਮੈਨੇਜਮੈਂਟ ਕਮੇਟੀ ਅੱਖਾਂ ਮੀਚੀ ਬੈਠੀ ਹੈ। ਹੁਣ ਸਵਾਲ ਪੈਦਾ ਹੁੰਦਾ ਹੈ ਕਿ ਜੇਕਰ ਅਜਿਹੀਆਂ ਘਟਨਾਵਾਂ ਸਕੂਲ ਬੱਸਾਂ ਦੇ ਅੰਦਰ ਹੀ ਵਾਪਰਨ ਲੱਗ ਪਈਆਂ ਤਾਂ ਮਾਪਿਆਂ ਦੇ ਜਿਗਰ ਦੇ ਟੁਕੜਿਆਂ ਦਾ ਤਾਂ ਰੱਬ ਹੀ ਰਾਖਾ ਹੈ। ਮਿਲੀ ਜਾਣਕਾਰੀ ਅਨੁਸਾਰ ਜ਼ਖਮੀ ਵਿਦਿਆਰਥੀ ਨੂੰ ਤੁਰੰਤ ਸਿਵਲ ਹਸਪਤਾਲ ਭਦੌੜ ਵਿਖੇ ਪਹੁੰਚਾਇਆ ਗਿਆ ਜਿੱਥੇ ਉਸਦੇ ਸਿਰ ਵਿੱਚ ਟਾਂਕੇ ਲਗਾਏ ਅਤੇ ਸਰਕਾਰੀ ਹਸਪਤਾਲ ਭਦੌੜ ਦੇ ਡਾਕਟਰਾਂ ਨੇ ਰੁਕਾ ਥਾਣਾ ਭਦੌੜ ਵਿਖੇ ਭੇਜਿਆ। ਜਦੋਂ ਇਸ ਸਬੰਧੀ ਵਿਦਿਆਰਥੀ ਸੁਖਪ੍ਰੀਤ ਸਿੰਘ ਦੇ ਚਾਚਾ ਗੁਰਦੀਪ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਇਹ ਘਟਨਾ ਸਕੂਲ ਦੀ ਬੱਸ ਵਿੱਚ ਵਾਪਰੀ ਹੈ ਤਾਂ ਸਕੂਲ ਦੀ ਮੈਨੇਜਮੈਂਟ ਕਮੇਟੀ ਵੱਲੋਂ ਹੀ ਕਾਰਵਾਈ ਕਰਨ ਦਾ ਹੱਕ ਬਣਦਾ ਹੈ ਜਦਕਿ ਸਕੂਲ ਦੀ ਮੈਨੇਜਮੈਂਟ ਕਮੇਟੀ ਕੋਈ ਵੀ ਕਾਰਵਾਈ ਕਰਵਾਉਣ ਤੋਂ ਗੁਰੇਜ਼ ਕਰ ਰਹੀ ਹੈ। ਬੇਸ਼ੱਕ ਮਾਮਲਾ ਥਾਣਾ ਭਦੌੜ ਵਿਖੇ ਪੁੱਜ ਗਿਆ ਹੈ ਪਰ ਸਕੂਲ ਮੈਨੇਜਮੈਂਟ ਵੱਲੋਂ ਹਮਲਾਵਰਾਂ ਉੱਪਰ ਕੋਈ ਵੀ ਕਾਰਵਾਈ ਨਹੀਂ ਕਰਵਾਈ ਗਈ। ਸਕੂਲ ਦੀ ਮੈਨੇਜਮੈਂਟ ਕਮੇਟੀ ਆਪਣੇ ਸਕੂਲ ਨਾਮ 'ਤੇ ਲੱਗੇ ਧੱਬੇ ਨੂੰ ਬਚਾਉਣ ਲਈ ਬੱਚਿਆਂ ਦੀ ਸੁਰੱਖਿਆ ਨਾਲ ਖਿਲਵਾੜ ਕਰ ਰਹੀ ਹੈ।




*ਜਦੋਂ ਇਸ ਸਬੰਧੀ ਬਾਬਾ ਗਾਂਧਾ ਸਿੰਘ ਪਬਲਿਕ ਸਕੂਲ ਦੇ ਐਮ ਡੀ ਰਣਪ੍ਰੀਤ ਸਿੰਘ ਰਾਏ ਨਾਲ ਗੱਲਬਾਤ ਕਰਨੀ ਚਾਹੀ ਤਾਂ ਤਾਂ ਉਹਨਾਂ ਵੱਲੋਂ ਆਪਣਾ ਫੋਨ ਹੀ ਬੰਦ ਕਰ ਦਿੱਤਾ ਗਿਆ। ਸਕੂਲ ਦੇ ਪ੍ਰਿੰਸੀਪਲ ਨਾਲ ਜਦੋਂ ਗੱਲ ਕਰਨੀ ਚਾਹੀ ਤਾਂ ਉਹਨਾਂ ਵੱਲੋਂ ਵੀ ਫੋਨ ਚੁੱਕਣਾ ਮੁਨਾਸਿਬ ਨਹੀਂ ਸਮਝਿਆ।*

## ਤਪਾ ਵਿਖੇ ਭਗਵਾਨ ਸ੍ਰੀ ਪਰਸ਼ੂਰਾਮ ਜੈਯੰਤੀ 29 ਅਪ੍ਰੈਲ ਨੂੰ ਮਨਾਈ ਜਾਵੇਗੀ



ਤਪਾ ਮੰਡੀ, 24 ਅਪ੍ਰੈਲ (ਭੂਸ਼ਨ ਘੜੈਲਾ):ਸਥਾਨਕ ਸ੍ਰੀ ਪਰਸ਼ੂਰਾਮ ਬ੍ਰਾਹਮਣ ਸਭਾ ਵੱਲੋਂ ਭਗਵਾਨ ਪਰਸ਼ੂਰਾਮ ਜਯੰਤੀ ਮਨਾਈ ਜਾ ਰਹੀ ਹੈ। ਇਹ ਸੰਬੰਧੀ ਜਾਣਕਾਰੀ ਦਿੰਦੇ ਹੋਏ ਵਿਜੇ ਸ਼ਰਮਾ, ਮੇਲਾ ਕਾਲੀਆ, ਗੋਗੀ ਪੰਡਿਤ, ਲਛਮਣ ਪੰਡਿਤ, ਵਿਸ਼ਵਜੀਤ ਸ਼ਰਮਾ, ਗੋਪਾਲ ਗੋਖਲੇ, ਸ਼ੰਮੀ ਪੰਡਿਤ ਅਤੇ ਹੋਰ ਮੈਂਬਰਾਂ ਸਮੇਤ ਠਾਕੁਰਦੁਆਰਾ ਬਾਹਰਲਾ ਡੇਰਾ ਮਹੰਤ ਜੰਗੀਰ ਦਾਸ ਵਿਖੇ ਡੇਰੇ ਦੇ ਮਹੰਤ ਕ੍ਰਿਸ਼ਨ ਦਾਸ, ਰਘਵੀਰ ਦਾਸ ਅਤੇ ਸੋਮ ਦਾਸ ਆਦਿ ਵੱਲੋਂ ਸਮਾਗਮ ਦਾ ਕਾਰਡ ਰਿਲੀਜ਼ ਕਰਨ ਮੌਕੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਗਵਾਨ ਪਰਸ਼ੂਰਾਮ ਜੈਯੰਤੀ 29 ਅਪ੍ਰੈਲ ਨੂੰ ਬਾਬਾ ਮਠ ਨੇੜੇ ਪੰਡਤਾਂ ਦੀ ਧਰਮਸ਼ਾਲਾ ਵਿਖੇ ਮਨਾਈ ਜਾ ਰਹੀ ਹੈ। ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ 28 ਅਪ੍ਰੈਲ ਨੂੰ ਸ੍ਰੀ ਅਖੰਡ ਰਮਾਇਣ ਆਰੰਭ ਕਰਵਾਈ ਕੀਤੀ ਜਾਵੇਗੀ ਅਤੇ ਸ੍ਰੀ ਰਮਾਇਣ ਦੇ ਭੋਗ 29 ਅਪ੍ਰੈਲ ਨੂੰ ਪਾਏ ਜਾਣਗੇ। ਇਸ ਤੋਂ ਇਲਾਵਾ 28 ਅਪ੍ਰੈਲ ਨੂੰ ਰਾਤ ਨੂੰ 8 ਵਜੇ ਸੁੰਦਰ ਕਾਂਡ ਦਾ ਪਾਠ ਮਹੰਤ ਅਵਧ ਕਿਸ਼ੋਰ ਜੀ ਆਪਣੀ ਪਾਰਟੀ ਸਮੇਤ ਕਰਨਗੇ। ਸ੍ਰੀ ਰਮਾਇਣ ਦੇ ਭੋਗ ਤੋਂ ਬਾਅਦ ਭੰਡਾਰਾ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਵਿਜੇ ਵਿਆਸ, ਪ੍ਰਵੀਨ ਕੁਮਾਰ ਪੀਨਾ, ਅਸ਼ੋਕ ਕੁਮਾਰ ਵੇਅਰ ਹਾਉਸ, ਗਗਨ ਸ਼ਰਮਾ ਫਰਦ ਕੇਂਦਰ ਤੇ ਰਾਮ ਸਰੂਪ ਸ਼ਰਮਾ, ਵਿਨੋਦ ਪੰਡਿਤ, ਡਿੰਪੀ ਪੰਡਿਤ ਆਦਿ ਹੋਰ ਮੈਂਬਰ ਵੀ ਹਾਜ਼ਰ ਸਨ।

## ਅੱਤਵਾਦੀਆਂ ਦਾ ਕਰੂਰਤਾ ਭਰਪੂਰ ਕਾਰਾ ਮਨੁੱਖਤਾ 'ਤੇ ਧੱਬਾ : ਇੰਜੀ. ਢਿੱਲੋਂ



ਬਠਿੰਡਾ, 24 ਅਪ੍ਰੈਲ (ਭੁੱਲਰ) : ਪਹਿਲਗਾਮ ਵਿਚ ਗਰਮੀ ਦੀ ਸ਼ੁਰੂਆਤ ਮੌਕੇ ਮੌਜ ਮਸਤੀ ਕਰਨ ਗਏ ਸੈਲਾਨੀਆਂ ਦੀ ਬੇਕਿਰਕੀ ਨਾਲ ਕੀਤੀ ਗਈ ਹੱਤਿਆ ਮਨੁੱਖਤਾ ਦੇ ਨਾਮ 'ਤੇ ਕਾਲਾ ਧੱਬਾ ਹੈ ਤੇ ਇਸਦੀ ਜਿੰਨੀ ਨਿੰਦਿਆ ਕੀਤੀ ਜਾਵੇ, ਥੋੜੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਇਲਾਕੇ ਦੇ ਅਗਾਂਹਵਧੂ ਨੌਜਵਾਨ ਇੰਜੀਨੀਅਰ ਅਵਤਾਰ ਸਿੰਘ ਢਿੱਲੋਂ ਨੇ ਕਿਹਾ ਕਿ ਭਾਰਤ ਨੂੰ ਆਪਣੀ ਸੁਰੱਖਿਆ ਨੀਤੀ ਦਾ ਪੁਨਰ ਨਿਰੀਖਣ ਕਰਨਾ ਚਾਹੀਦਾ ਹੈ ਅਤੇ ਸੁਰੱਖਿਆ ਏਜੰਸੀਆਂ ਨੂੰ ਵੀ ਚੁਸਤ ਦਰੁਸਤ ਕਰਨਾ ਚਾਹੀਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਅੱਤਿਵਾਦ ਵਿਰੁੱਧ ਕੌਮਾਂਤਰੀ ਪੱਧਰ 'ਤੇ ਸਾਂਝ ਪਲੇਟਫਾਰਮ ਬਣਾਉਣ ਅੱਜ ਦੇ ਸਮੇਂ ਦੀ ਵੱਡੀ ਲੋੜ ਹੈ, ਤਾਂ ਜੋ ਅੱਤਿਵਾਦੀ ਭਵਿੱਖ 'ਚ ਅਜਿਹੀ ਕਾਰਵਾਈ ਨੂੰ ਅੰਜਾਮ ਦੇਣ ਤੋਂ ਪਹਿਲਾਂ ਸੌ ਵਾਰ ਸੋਚਣ। ਉਨ੍ਹਾਂ ਅੰਤ ਵਿਚ ਪੀੜਤ ਪਰਿਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਸਰਕਾਰ ਨੂੰ ਅਪੀਲ ਕੀਤੀ ਕਿ ਉਨ੍ਹਾਂ ਪੀੜਤ ਲੋਕਾਂ ਦੇ ਜਖਮਾਂ 'ਤੇ ਮਲਮ ਲਗਾਉਣ ਲਈ ਬਣਦੇ ਕਦਮ ਚੁੱਕੇ ਜਾਣ।

## ਪਹਿਲਗਾਮ 'ਚ ਸੈਲਾਨੀਆਂ ਤੇ ਕੀਤੇ ਹਮਲੇ ਦੀ ਵੱਖ ਵੱਖ ਧਾਰਮਿਕ ਸੰਸਥਾਵਾਂ ਦੇ ਆਗੂਆਂ ਵੱਲੋਂ ਨਿੰਦਾ



ਤਪਾ ਮੰਡੀ, 24 ਅਪ੍ਰੈਲ (ਭੂਸ਼ਨ ਘੜੈਲਾ)-ਜੰਮੂ ਕਸ਼ਮੀਰ ਦੇ ਪਹਿਲਗਾਮ ਵਿਚ ਪਿਛਲੇ ਮੰਗਲਵਾਰ ਨੂੰ ਅੱਤਵਾਦੀਆਂ ਵੱਲੋਂ ਨਿਹੱਥੇ ਸੈਲਾਨੀਆਂ ਨੂੰ ਜਾਨੋਂ ਮਾਰ ਦੇਣ ਦੇ ਰੋਸ ਵਜੋਂ ਤਪਾ ਸ਼ਹਿਰ ਦੀਆਂ ਵੱਖ ਵੱਖ ਧਾਰਮਿਕ, ਸਮਾਜਿਕ ਅਤੇ ਵਪਾਰਿਕ ਸੰਸਥਾਵਾਂ ਦੇ ਆਗੂਆਂ ਨੇ ਅਗਰਵਾਲ ਧਰਮਸਾਲਾ ਵਿਚ ਬੀਤੀ ਸ਼ਾਮ 8 ਵਜੇ ਇੱਕ ਸਾਂਝੀ ਮੀਟਿੰਗ ਕੀਤੀ।ਜਿਸ ਵਿਚ ਪੰਜਾਬ ਮਹਾਂਕਾਵੜ ਸੰਘ ਦੇ ਸੂਬਾ ਪ੍ਰਧਾਨ ਤਰਲੋਚਨ ਬਾਂਸਲ,ਨਰੇਸ਼ ਕੁਮਾਰ ਨੈਸੂ,ਸ੍ਰੀ ਬਾਲਾ ਜੀ ਪ੍ਰਚਾਰ ਮੰਡਲ ਦੇ ਪ੍ਰਧਾਨ ਅਸ਼ੋਕ ਘੜੈਲਾ, ਪੰਚਾਇਤੀ ਮੰਦਰ ਦੇ ਸੁਸ਼ੀਲ ਕੁਮਾਰ ਭੂਤ, ਵਿਪਿਨ ਗੁਪਤਾ, ਪਵਨ ਕੁਮਾਰ ਬਤਾਰਾ, ਅਸ਼ਵਨੀ ਕੁਮਾਰ ਬਹਾਵਲਪੁਰੀਆ, ਅਗਰਵਾਲ ਸੰਮੇਲਨ ਦੇ ਪ੍ਰਧਾਨ ਦੀਪਕ ਗਰਗ, ਸਰਪ੍ਰਸਤ ਭੂਸ਼ਨ ਘੜੈਲਾ, ਅਸ਼ੋਕ ਗੋਇਲ, ਸੁਭਾਸ਼ ਕਾਂਸਲ, ਵਿਜੇ ਧੂਰਕੋਟੀਆ, ਸਾਈਂ ਸੇਵਾ ਸੰਮਤੀ ਦੇ ਦਰਸ਼ਨ ਕੁਮਾਰ, ਸ਼ਿਆਮ ਪ੍ਰਚਾਰ ਮੰਡਲ ਦੇ ਰਾਜਿੰਦਰ ਕੁਮਾਰ ਰਿੰਕੂ, ਰਾਮਲੀਲਾ ਕਲੱਬ ਦੇ ਉਮੇਸ਼ ਕੁਮਾਰ ਪਿੰਕਾ, ਸੋਮਨਾਥ ਪੰਡਿਤ, ਰਾਜੀਵ ਕੁਮਾਰ ਗੋਲਾ,ਸ੍ਰੀ ਬਾਲਾ ਜੀ ਸੇਵਾ ਮੰਡਲ ਦੇ ਖੇਮਕਰਨ ਬਿੱਟੂ, ਬਲਰਾਮ ਉੱਗੋਕੇ,ਜਿੰਦਰ ਮੌੜ,ਸ੍ਰੀ ਰਾਧਾ ਰਾਣੀ ਪ੍ਰਭਾਤ ਫੇਰੀ ਮੰਡਲ ਦੇ ਰਾਜਿੰਦਰ ਲਵਲੀ,ਲੱਕੀ ਭੈਣੀ, ਪ੍ਰਾਚੀਨ ਸਰਾਂ ਮੰਦਰ ਦੇ ਵਿਸ਼ਾਲ ਬਬਲਾ, ਰਮੇਸ਼ ਧੌਲਾ, ਵਪਾਰ ਮੰਡਲ ਦੇ ਦੀਪਕ ਬਾਂਸਲ,ਰਮੇਸ਼ ਕੁਮਾਰ ਮੇਸ਼ੀ ਖੁੱਡੀ ਤੋਂ ਇਲਾਵਾ ਹੋਰ ਸੰਸਥਾਵਾਂ ਦੇ ਆਗੂ ਹਾਜ਼ਰ ਸਨ। ਇਸ ਮੌਕੇ ਸਮੂਹ ਹਾਜ਼ਰ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਪੰਜਾਬ ਮਹਾਂਕਾਵੜ ਸੰਘ ਦੇ ਸੂਬਾ ਪ੍ਰਧਾਨ ਤਰਲੋਚਨ ਬਾਂਸਲ, ਪੱਤਰਕਾਰ ਲੁਭਾਸ ਸਿੰਗਲਾ, ਵਿਪਿਨ ਗੁਪਤਾ,ਪ੍ਰੈਟੀ, ਸੋਮਨਾਥ ਪੰਡਿਤ ਆਦਿ ਨੇ ਸੈਲਾਨੀਆਂ ਦੀ ਹੋਈ ਮੌਤ ਦਾ ਗਹਿਰਾ ਦੁੱਖ ਪ੍ਰਗਟ ਕਰਦਿਆਂ ਪਾਕਿਸਤਾਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਿਆ ਕੀਤੀ।ਇਸ ਮੌਕੇ ਪਾਕਿਸਤਾਨ ਮੁਰਦਾਬਾਦ ਦੇ ਨਾਅਰੇ ਵੀ ਲਗਾਏ ਗਏ।

## ਵਿਦਿਆਰਥੀਆਂ ਨੇ ਛਾਂਦਾਰ ਬੂਟੇ ਲਗਾ ਕੇ ਸਮਾਜ ਅਤੇ ਵਾਤਾਵਰਣ ਪ੍ਰੇਮੀਆਂ ਨੂੰ ਪੌਦੇ ਲਗਾਉਣ ਦੀ ਅਪੀਲ ਕੀਤੀ



ਬਰਨਾਲਾ, 24 ਅਪ੍ਰੈਲ (ਹਿਮਾਂਸ਼ੂ ਗਰਗ):ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਵਿਖੇ ਵਿਸ਼ਵ ਧਰਤੀ ਦਿਵਸ ਨੂੰ ਮੁੱਖ ਰੱਖਦੇ ਹੋਏ ਸਕੂਲ ਚੇਅਰਮੈਨ ਰਵਿੰਦਰਜੀਤ ਸਿੰਘ ਬਿੰਦੀ, ਸਾਗਰਜੀਤ ਸਿੰਘ ਖੀਪਲ(ਡਾਇਰੈਕਟਰ) ਦੀ ਅਗਵਾਈ ਹੇਠ ਵਿਦਿਆਰਥੀਆਂ ਨੂੰ ਮੌਸਮ ਵਿੱਚ ਤਬਦੀਲੀ ਅਤੇ ਗਲੋਬਲ ਵਾਰਮਿੰਗ ਬਾਰੇ ਜਾਗਰੁਕ ਕਰਦੇ ਹੋਏ ਵਾਤਾਵਰਣ ਦੀ ਸੁਰੱਖਿਆ ਦੀ ਦਿਸ਼ਾ ਵਿੱਚ ਕਦਮ ਚੁੱਕਣ ਲਈ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਵਿਸ਼ਵ ਧਰਤੀ ਦਿਵਸ ਮੌਕੇ ਵਿਦਿਆਰਥੀਆਂ ਨੇ ਖਾਸ ਤੌਰ ਤੇ ਸਕੂਲ ਅਤੇ ਆਲੇ ਦੁਆਲੇ ਹਰੇ ਭਰੇ ਛਾਂਦਾਰ ਪੌਦਿਆਂ ਦੇ ਬੂਟੇ ਲਗਾਕੇ ਸਮਾਜ ਅਤੇ ਵਾਤਾਵਰਨ ਪ੍ਰੇਮੀਆਂ ਨੂੰ ਛਾਂਦਾਰ ਅਤੇ ਫਲ ਦੇਣ ਵਾਲੇ ਪੌਦੇ ਲਗਾਉਣ ਦੀ ਅਪੀਲ ਕੀਤੀ।ਇਸ ਤੋਂ ਇਲਾਵਾ ਲੋਕਾਂ,ਸਮਾਜ ਨੂੰ ਵਾਤਾਵਰਣ ਨੂੰ ਸ਼ੁੱਧ ਬਣਾਈ ਰੱਖਣ ਲਈ ਅਤੇ ਧਰਤੀ ਨੂੰ ਮਾਂ ਦੀ ਤਰ੍ਹਾਂ ਸੰਭਾਲਣ ਲਈ ਸੁਨੇਹਾ ਦੇਣ ਲਈ ਵਿਦਿਆਰਥੀਆਂ ਦੇ ਭਾਸ਼ਣ,ਚਾਰਟ ਮੇਕਿੰਗ,ਘਰੇਲੂ ਬੇਕਾਰ ਵਸਤਾਂ ਤੋਂ ਵਰਤੋ ਯੋਗ ਵਸਤਾਂ ਤਿਆਰ ਕਰਨ ਦੇ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੇ ਭਾਸ਼ਣ ਮੁਕਾਬਲੇ ਵਿੱਚ ਭਾਗ ਲੈਂਦੇ ਹੋਏ ਧਰਤੀ ਅਤੇ ਵਾਤਾਵਰਣ ਦੀ ਸੁਰੱਖਿਆ ਲਈ ਬੋਲਦੇ ਹੋਏ ਕਿਹਾ ਕਿ ਸਾਨੂੰ ਤਿੰਨ ਪਹਿਲੂਆਂ ਸਾਫ ਪਾਣੀ, ਸਾਫ ਹਵਾ ਅਤੇ ਸਾਫ ਮਿੱਟੀ ਇਹ ਸਭ ਜੀਵਨ ਦੀਆਂ ਮੁੱਢਲੀਆਂ ਲੋੜਾਂ ਹਨ,ਜਿਨ੍ਹਾਂ ਨੂੰ ਪ੍ਰਦੂਸ਼ਿਤ,ਗੰਧਲਾ ਹੋਣ ਤੋਂ ਬਚਾਉਣਾ ਸਾਡਾ ਸਭ ਦਾ ਪਹਿਲਾਂ ਮੁੱਢਲਾ ਫਰਜ਼ ਹੈ,ਇਸਦੇ ਨਾਲ ਹੀ ਹਰ ਵਿਅਕਤੀ ਨੂੰ ਆਪ ਅੱਗੇ ਹੋ ਕੇ ਵਾਤਾਵਰਨ ਨੂੰ ਸੰਭਾਲਣ ਦੀ ਜ਼ਿੰਮੇਵਾਰੀ ਚੁੱਕਣੀ ਚਾਹੀਦੀ ਹੈ। ਵਿਦਿਆਰਥੀਆਂ ਨੇ ਚਾਰਟ ਮੇਕਿੰਗ ਮੁਕਾਬਲੇ ਵਿੱਚ ਵੱਖ-ਵੱਖ ਸਲੋਗਨ ਲਿਖ ਕੇ ਸਮਾਜ,ਲੋਕਾਂ ਨੂੰ ਧਰਤੀ,ਆਲੇ-ਦੁਆਲੇ ਨੂੰ ਸਾਫ-ਸੁਥਰਾ ਰੱਖਣ ਸਬੰਧੀ ਜਾਗਰੂਕ ਕੀਤਾ। ਵਿਦਿਆਰਥੀਆਂ ਨੇ ਘਰੇਲੂ ਵਰਤੋਂ ਵਿੱਚ ਆਉਂਦੀਆਂ ਬੇਕਾਰ ਹੋਈਆਂ ਵਸਤਾਂ ਤੋਂ ਵੱਖ-ਵੱਖ ਸੁੰਦਰ ਪ੍ਰਦਰਸ਼ਨੀ ਵਸਤਾਂ ਬਣਾਕੇ ਸਮਾਜ ਨੂੰ ਬੇਕਾਰ ਹੋਈਆਂ ਵਸਤਾਂ ਨੂੰ ਆਲੇ-ਦੁਆਲੇ ਖੁੱਲ੍ਹੇ ਵਿੱਚ ਨਾ ਸੁੱਟਣ ਦਾ ਸੁਨੇਹਾ ਦਿੱਤਾ,ਬੇਕਾਰ ਵਸਤਾਂ ਨੂੰ ਖੁੱਲੇ ਵਿੱਚ ਸੁੱਟਣ ਨਾਲ ਵਾਤਾਵਰਣ ਦੇ ਨਾਲ-ਨਾਲ ਜੀਵ ਜੰਤੂਆਂ ਨੂੰ ਵੀ ਨੁਕਸਾਨ ਪਹੁੰਚਦਾ ਹੈ। ਇਸ ਮੌਕੇ ਕਰਵਾਈ ਗਤੀਵਿਧੀ ਵਿੱਚ ਵਧੀਆ ਕਾਰਗੁਜ਼ਾਰੀ ਕਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਲਈ ਸਨਮਾਨਿਤ ਕੀਤਾ ਜਾਵੇਗਾ।

## ਅਮਨ ਅਰੋੜਾ ਵੱਲੋਂ 4.69 ਕਰੋੜ ਦੀ ਲਾਗਤ ਵਾਲੇ ਨਹਿਰੀ ਪਾਣੀ ਪਾਈਪਲਾਈਨ ਪ੍ਰੋਜੈਕਟਾਂ ਸ਼ੁਰੂਆਤ



ਸੁਨਾਮ ਊਧਮ ਸਿੰਘ ਵਾਲਾ, 24 ਅਪ੍ਰੈਲ( ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ): ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਸੁਨਾਮ ਵਿਧਾਨ ਸਭਾ ਹਲਕੇ ਦੇ ਤਿੰਨ ਪਿੰਡਾਂ ਵਿੱਚ 4.69 ਕਰੋੜ ਰੁਪਏ ਦੀ ਲਾਗਤ ਵਾਲੇ ਨਹਿਰੀ ਪਾਣੀ ਦੀਆਂ ਪਾਈਪਲਾਈਨਾਂ ਵਿਛਾਉਣ ਦੇ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਵਾਈ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪਿੰਡ ਬਖਸ਼ੀਵਾਲਾ ਵਿਖੇ 1.72 ਕਰੋੜ ਰੁਪਏ ਵਾਲੇ ਅਤੇ ਘਾਸੀਵਾਲਾ ਵਿੱਚ 1.71 ਕਰੋੜ ਰੁਪਏ ਦੇ ਅਤੇ ਚੌਵਾਸ ਪਿੰਡ ਵਿੱਚ 1.26 ਕਰੋੜ ਰੁਪਏ ਦੀ ਲਾਗਤ ਵਾਲੇ ਪਾਈਪਲਾਈਨ ਪਾਉਣ ਵਾਲੇ ਪ੍ਰੋਜੈਕਟਾਂ ਦੀ ਨੀਂਹ ਰੱਖੀ।ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸੂਬੇ ਦੇ ਵੱਧ ਤੋਂ ਵੱਧ ਖੇਤਰ ਨੂੰ ਸਿੰਚਾਈ ਲਈ ਨਹਿਰੀ ਪਾਣੀ ਮੁਹੱਈਆ ਕਰਵਾਉਣਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਮੁੱਖ ਉਦੇਸ਼ਾਂ ਵਿੱਚੋਂ ਇੱਕ ਹੈ। ਉਨ੍ਹਾਂ ਅੱਗੇ ਦੱਸਿਆ ਕਿ ਨਿਰਧਾਰਤ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਪੰਜਾਬ ਸਰਕਾਰ ਸੂਬੇ ਦੇ ਮੌਜੂਦਾ ਨਹਿਰੀ ਪਾਣੀ ਸਿੰਚਾਈ ਪ੍ਰਣਾਲੀ ਦੀ ਮੁਰੰਮਤ ਅਤੇ ਨਵੀਨੀਕਰਨ ਲਈ ਪੂਰੀ ਤਰ੍ਹਾਂ ਕਾਰਜਸ਼ੀਲ ਹੈ।ਮੰਤਰੀ ਨੇ ਅੱਗੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਵੱਲੋਂ ਅਣਗੌਲਿਆਂ ਕੀਤੀ ਗਈ ਟਿਕਾਊ ਸਿੰਚਾਈ ਪ੍ਰਣਾਲੀ ਨੂੰ ਹੁਣ ਮੌਜੂਦਾ ਸਰਕਾਰ ਵੱਲੋਂ ਮੁੜ-ਸੁਰਜੀਤ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਲਾਪਰਵਾਹੀ ਕਾਰਨ, ਪੰਜਾਬ ਵਿੱਚ ਪਾਣੀ ਦਾ ਪੱਧਰ ਲਗਾਤਾਰ ਘੱਟ ਰਿਹਾ ਹੈ, ਕਿਉਂਕਿ ਟਿਊਬਵੈੱਲ ਆਪਣੀ ਰੀਚਾਰਜ ਸਮਰਥਾ ਨਾਲੋਂ ਵੱਧ ਭੂਮੀਗਤ ਪਾਣੀ ਕੱਢ ਰਹੇ ਸਨ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਇਸ ਤਰ੍ਹਾਂ ਸੂਬਾ ਜਲਦ ਹੀ ਮਾਰੂਥਲ ਵਿੱਚ ਤਬਦੀਲ ਹੋ ਸਕਦਾ ਹੈ, ਇਸ ਲਈ ਸੂਬਾ ਸਰਕਾਰ ਨੇ ਨਹਿਰੀ ਪਾਣੀ ਨਾਲ ਸਿੰਚਾਈ ਪ੍ਰਣਾਲੀ ਦੇ ਸੁਰਜੀਤੀਕਰਨ ਸਬੰਧੀ ਕਾਰਜ ਸ਼ੁਰੂ ਕਰ ਦਿੱਤੇ ਹਨ ਜੋ ਕਿ ਭੂਮੀਗਤ ਪਾਣੀ ਨੂੰ ਬਚਾਉਣ ਦਾ ਇੱਕੋ ਇੱਕ ਤਰੀਕਾ ਹੈ।ਸ੍ਰੀ ਅਮਨ ਅਰੋੜਾ ਨੇ ਅੱਗੇ ਦੱਸਿਆ ਕਿ ਮਾਨ ਸਰਕਾਰ ਖੇਤੀਬਾੜੀ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ, ਜੋ ਕਿ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸਿੰਚਾਈ ਲਈ ਨਹਿਰੀ ਪਾਣੀ ਮੁਹੱਈਆ ਕਰਵਾ ਕੇ, ਉਨ੍ਹਾਂ ਦੀ ਸਰਕਾਰ ਕਿਸਾਨਾਂ ਦਾ ਵਿੱਤੀ ਬੋਝ ਘਟਾਉਣ ਦੀ ਵੀ ਕੋਸ਼ਿਸ਼ ਕਰ ਰਹੀ ਹੈ, ਕਿਉਂਕਿ ਇਹ ਟਿਊਬਵੈਲਾਂ ਦੇ ਮੁਕਾਬਲੇ ਸਿੰਚਾਈ ਦਾ ਸਭ ਤੋਂ ਕਿਫਾਇਤੀ ਤਰੀਕਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਨਹਿਰਾਂ ਦੀ ਸਮਰੱਥਾ ਵਿੱਚ ਵੀ ਵਾਧਾ ਕੀਤਾ ਹੈ ਜਿਸ ਨਾਲ ਦਹਾਕਿਆਂ ਬਾਅਦ ਨਹਿਰੀ ਪਾਣੀ ਦੀ ਟੇਲਾਂ ਤੱਕ ਪਹੁੰਚ ਯਕੀਨੀ ਬਣਾਈ ਗਈ ਹੈ।ਸੁਨਾਮ ਵਿਧਾਨ ਸਭਾ ਹਲਕੇ ਬਾਰੇ ਗੱਲ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਅੱਜ ਦੇ ਪ੍ਰੋਜੈਕਟਾਂ ਤੋਂ ਇਲਾਵਾ ਹਲਕੇ ਵਿੱਚ 75 ਕਰੋੜ ਰੁਪਏ ਦੀ ਲਾਗਤ ਨਾਲ ਨਹਿਰੀ ਪਾਣੀ ਸਿੰਚਾਈ ਪਾਈਪਲਾਈਨਾਂ ਪਹਿਲਾਂ ਹੀ ਵਿਛਾਈਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਸਰਕਾਰ ਹਰੇਕ ਸਥਿਤੀ ਵਿੱਚ ਕਿਸਾਨਾਂ ਦੇ ਨਾਲ ਖੜ੍ਹੀ ਹੈ ਅਤੇ ਕਿਸਾਨ ਭਾਈਚਾਰੇ ਦੀ ਸਹਾਇਤਾ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ।ਇਸ ਮੌਕੇ ਐਸ.ਡੀ.ਐਮ. ਪ੍ਰਮੋਦ ਸਿੰਗਲਾ, ਚੀਫ ਭੂਮੀ ਰੱਖਿਆ ਮਹਿੰਦਰ ਸਿੰਘ ਤੇ ਪਤਵੰਤੇ ਹਾਜ਼ਰ ਸਨ।

## ਸਿੱਖਿਆ ਲਈ ਲੋੜੀਂਦੀ ਹਰ ਸਹੂਲਤ ਕਰਵਾਈ ਉਪਲਬਧ : ਅਮਨ ਅਰੋੜਾ



ਸੁਨਾਮ ਊਧਮ ਸਿੰਘ ਵਾਲਾ, 24ਅਪ੍ਰੈਲ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਅੱਜ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਲਗਾਤਾਰ ਦੂਜੇ ਦਿਨ ਹਲਕਾ ਸੁਨਾਮ ਦੇ ਸੱਤ ਸਰਕਾਰੀ ਸਕੂਲਾਂ ਵਿੱਚ ਲਗਭਗ 1.5 ਕਰੋੜ ਰੁਪਏ ਦੇ ਵਿਕਾਸ ਕਾਰਜ ਲੋਕ ਅਰਪਿਤ ਕੀਤੇ ਗਏ। ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਅੱਜ ਟਿੱਬੀ ਰਵਿਦਾਸਪੁਰਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਨੂੰ 40.4 ਲੱਖ ਰੁਪਏ ਦੀ ਲਾਗਤ ਨਾਲ ਮੁੜ 'ਸਕੂਲ ਆਫ ਹੈਪੀਨੈਸ' ਵਜੋਂ ਵਿਕਸਤ ਕਰਨ ਦੀ ਨੀਂਹ ਰੱਖੀ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਸਰਕਾਰੀ ਮਿਡਲ ਸਕੂਲ ਲਖਮੀਰਵਾਲਾ, ਸਰਕਾਰੀ ਪ੍ਰਾਇਮਰੀ ਸਕੂਲ ਮਾਡਲ ਟਾਊਨ ਸ਼ੇਰੋਂ, ਸਰਕਾਰੀ ਪ੍ਰਾਇਮਰੀ ਸਕੂਲ ਮਾਨਾ ਪੱਤੀ ਚੀਮਾ, ਸਰਕਾਰੀ ਪ੍ਰਾਇਮਰੀ ਸਕੂਲ ਬੱਲੋ ਪੱਤੀ ਚੀਮਾ, ਸਰਕਾਰੀ ਪ੍ਰਾਇਮਰੀ ਤੇ ਸਰਕਾਰੀ ਹਾਈ ਸਕੂਲ ਬਖਸ਼ੀਵਾਲਾ ਵਿੱਚ ਬੁਨਿਆਦੀ ਢਾਂਚੇ ਨੂੰ ਸੁਧਾਰਨ ਲਈ ਤਿਆਰ ਪ੍ਰੋਜੈਕਟਾਂ ਨੂੰ ਲੋਕਾਂ ਨੂੰ ਸਮਰਪਿਤ ਕੀਤਾ।ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਹਿਲੇ ਦਿਨ ਤੋਂ ਹੀ ਸਿੱਖਿਆ ਅਤੇ ਸਿਹਤ ਦੇ ਖੇਤਰਾਂ ਵਿੱਚ ਕ੍ਰਾਂਤੀਕਾਰੀ ਸੁਧਾਰ ਲਿਆਉਣ ਦੇ ਮਕਸਦ ਨਾਲ ਕੰਮ ਕੀਤਾ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਕੰਮਾਂ ਸਦਕਾ ਹੀ ਹੁਣ ਸੂਬਾ ਸਰਕਾਰ ਵੱਲੋਂ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਚੰਗੀ ਸਿੱਖਿਆ ਲਈ ਲੋੜੀਂਦੀ ਹਰ ਸਹੂਲਤ ਦੀ ਉਪਲਬਧਤਾ ਯਕੀਨੀ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਲਈ ਹਰ ਵਿਸ਼ੇ 'ਤੇ ਆਧਾਰਤ ਆਧੁਨਿਕ ਲੈਬਜ਼, ਖੁੱਲ੍ਹੇ ਹਵਾਦਾਰ ਕਮਰੇ, ਸੁਰੱਖਿਆ ਪੱਖੋਂ ਮਜ਼ਬੂਤ ਚਾਰ-ਦਿਵਾਰੀ ਸਮੇਤ ਹਰ ਸੁਵਿਧਾ ਉਪਲਬਧ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਮਾਨ ਸਰਕਾਰ ਦੇ ਅਣਥੱਕ ਯਤਨਾਂ ਦਾ ਹੀ ਨਤੀਜਾ ਹੈ ਕਿ ਹੁਣ ਪੰਜਾਬ ਦੇ ਸਰਕਾਰੀ ਸਕੂਲ ਪ੍ਰਾਈਵੇਟ ਸਕੂਲਾਂ ਨੂੰ ਵੀ ਮਾਤ ਪਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਦੌਰਾਨ ਹੀ ਲਗਭਗ 9,000 ਵਿਦਿਆਰਥੀ ਪ੍ਰਾਈਵੇਟ ਸਕੂਲ ਛੱਡ ਕੇ ਸਰਕਾਰੀ ਸਕੂਲਾਂ ਵਿੱਚ ਦਾਖਲ ਹੋਏ ਹਨ। ਉਨ੍ਹਾਂ ਕਿਹਾ ਕਿ ਇਸ ਸਦਕਾ ਹੁਣ ਪੰਜਾਬ ਵਿੱਚ ਮਾਪਿਆਂ ਦਾ ਵਿਸ਼ਵਾਸ ਸਰਕਾਰੀ ਸਕੂਲ 'ਤੇ ਬੱਝਣਾ ਸ਼ੁਰੂ ਹੋ ਗਿਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਗਿਣਤੀ ਵਿੱਚ ਹੋਰ ਵੀ ਵੱਡਾ ਵਾਧਾ ਹੋਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐਸ.ਡੀ.ਐਮ. ਸੁਨਾਮ ਊਧਮ ਸਿੰਘ ਵਾਲਾ ਪ੍ਰਮੋਦ ਸਿੰਗਲਾ, ਜ਼ਿਲ੍ਹਾ ਸਿੱਖਿਆ ਅਫ਼ਸਰ ਤਰਵਿੰਦਰ ਕੌਰ, ਬੀ.ਡੀ.ਪੀ.ਓ. ਸੰਜੀਵ ਕੁਮਾਰ, ਚੇਅਰਮੈਨ ਮਾਰਕਿਟ ਕਮੇਟੀ ਮੁਕੇਸ਼ ਜੁਨੇਜਾ, ਡੀ.ਐਸ.ਪੀ. ਹਰਵਿੰਦਰ ਸਿੰਘ ਖਹਿਰਾ, ਜਤਿੰਦਰ ਜੈਨ, ਰਾਜ ਕੁਮਾਰ ਕੋਆਰਡੀਨੇਟਰ ਸਿੱਖਿਆ, ਮਨਪ੍ਰੀਤ ਬਾਂਸਲ, ਮਨੀ ਸਰਾਓ, ਸਾਹਿਬ ਸਿੰਘ, ਸਰਪੰਚ ਸਿਕੰਦਰ ਸਿੰਘ, ਬੀਰਬਲ ਸਿੰਘ, ਨਿਰਭੈ ਸਿੰਘ, ਐਮ.ਸੀ. ਹਰਪ੍ਰੀਤ ਸਿੰਘ, ਸੁੱਖਾ ਐਮ.ਸੀ. ਚੀਮਾ, ਦਰਸ਼ਨ ਸਿੰਘ, ਗੁਰਤੇਜ ਸਿੰਘ, ਭਾਗ ਸਿੰਘ ਸਰਪੰਚ, ਸੰਦੀਪ ਸਿੰਘ ਦੁੱਗਾਂ ਸਮੇਤ ਸਕੂਲਾਂ ਦਾ ਸਟਾਫ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਬਰਨਾਲੇ 'ਚ ਸ਼ਾਰਟ ਸਰਕਟ ਕਾਰਨ 40 ਝੁੱਗੀਆਂ ਸੜਕੇ ਸੁਆਹ



ਬਰਨਾਲਾ, 24 ਅਪ੍ਰੈਲ (ਅਮਨਦੀਪ ਸਿੰਘ):ਬਰਨਾਲਾ ਵਿੱਚ ਬਾਜਾਖਾਨਾ ਰੋਡ ਨੇੜੇ ਸਬਜ਼ੀ ਮੰਡੀ ਬਰਨਾਲਾ ਵਿਚ ਲੱਗੀ ਅੱਗ ਕਾਰਨ 40 ਝੁੱਗੀਆਂ ਸੜਕੇ ਸਵਾਹ ਹੋ ਗਈਆਂ ਪਰ ਜਾਨੀ ਨੁਕਸਾਨ ਹੋਣੋ ਬਚ ਗਿਆ। ਤਪੇ ਤੇ ਬਰਨਾਲੇ ਤੋਂ ਫਾਇਰ ਬ੍ਰਿਗੇਡ ਆਈ ਜਿਸ ਦੇ ਵਿੱਚ 15,16ਮੁਲਾਜ਼ਮਾਂ ਨੇ ਆਪਣੀ ਜਾਨ ਤੇ ਖੇਡਕੇ ਅੱਗ ਤੇ ਕਾਬੂ ਪਾਇਆ। ਮੌਕੇ ਤੇ ਜਾ ਕੇ ਪ੍ਰਾਪਤ ਕੀਤੀ ਜਾਣਕਾਰੀ ਅਨੁਸਾਰ ਲੋਕਾਂ ਵੱਲੋਂ ਇਕੱਠਾ ਕੀਤਾ ਅਨਾਜ ਜਿਨ੍ਹਾਂ ਵਿੱਚ ਚੌਲ ਅਤੇ ਕਣਕ ਮੌਜੂਦ ਸੀ,ਉਹ ਵੀ ਸੜਕੇ ਸਵਾਹ ਹੋ ਚੁੱਕਿਆ ਸੀ, ਕਈਆਂ ਦੇ ਪੈਸੇ ਜੋ ਪਰਸ ਵਿੱਚ ਪਾਏ ਹੋਏ ਸੜੇ ਹੋਏ ਵਿਖਾਈ ਦਿੱਤੇ ,ਇਸਤੋਂ ਇਲਾਵਾ ਉਨ੍ਹਾਂ ਦਾ ਸਾਰਾ ਜ਼ਰੂਰਤ ਦਾ ਸਮਾਨ ਸੜ ਕੇ ਸਵਾਹ ਹੋ ਗਿਆ। ਇਸ ਮੌਕੇ ਐਸਜੀਪੀਸੀ ਕਮੇਟੀ ਦੇ ਮੈਨੇਜਰ ਬਾਬਾ ਗਾਂਧਾ ਸਿੰਘ ਡੇਰਾ ਨੇ ਪੀੜਤਾਂ ਦੇ ਖਾਣ ਪੀਣ ਲਈ ਰਸਦ ਮੁਹੱਈਆ ਕਰਨ ਲਈ ਗੱਲ ਕੀਤੀ ਅਤੇ ਉਹਨਾਂ ਵੱਲੋਂ ਕਿਹਾ ਗਿਆ ਕਿ ਜਦ ਤੱਕ ਇਹਨਾਂ ਨੂੰ ਖਾਣ ਪੀਣ ਤੇ ਰਹਿਣ ਦਾ ਕੋਈ ਪ੍ਰਬੰਧ ਨਹੀਂ ਹੋ ਜਾਂਦਾ, ਤਦ ਤੱਕ ਅਸੀਂ ਇਹਨਾਂ ਦੇ ਲਈ ਲੰਗਰ ਦੀ ਸੇਵਾ ਲਾਉਂਦੇ ਰਹਾਂਗੇ,ਹਰ ਪਾਸਿਓਂ ਹਰ ਪੱਖ ਤੋਂ ਅਸੀਂ ਇਹਨਾਂ ਨਾਲ ਖੜਾਂਗੇ। ਐਸਪੀ ਬਰਨਾਲਾ ਅਸ਼ੋਕ ਸ਼ਰਮਾ ਮੌਕੇ ਉੱਤੇ ਪਹੁੰਚੇ ਅਤੇ ਟੀਮ ਸਮੇਤ ਘਟਨਾ ਦਾ ਜਾਇਜ਼ਾ ਲਿਆ, ਇਸ ਮੌਕੇ ਏਐਸਆਈ ਚਰਨਜੀਤ ਸਿੰਘ ਵੀ ਮੌਜੂਦ ਸਨ।ਉਨ੍ਹਾਂ ਵੱਲੋਂ ਉਨ੍ਹਾਂ ਨੂੰ ਮੱਦਦ ਦਿਵਾਉਣ ਦਾ ਭਰੋਸਾ ਵੀ ਦਿੱਤਾ।ਇਸ ਮੌਕੇ ਅਮਰਜੀਤ ਸਿੰਘ ਝਲੂਰ ਜ਼ਿਲ੍ਹਾ ਪ੍ਰਧਾਨ ਬਹੁਜਨ ਸਮਾਜ ਪਾਰਟੀ ਵੀ ਇਸ ਮੌਕੇ ਪਹੁੰਚੇ। ਜਿਨ੍ਹਾਂ ਕਿਹਾ ਕਿ ਇਨ੍ਹਾਂ ਨੂੰ ਮੁਆਵਜ਼ਾ ਦਿਵਾਉਣ ਤੱਕ ਉਹ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਮਿਲਾਕੇ ਖੜਨਗੇ।

## ਭਾਰਤੀ ਕਿਸਾਨ ਯੂਨੀਅਨ ਏਕਤਾ ਨੇ ਪੁਤਲਾ ਫੂਕਿਆ

ਦਿੜ੍ਹਬਾ ਮੰਡੀ, 24 ਅਪ੍ਰੈਲ (ਸੁਖਵਿੰਦਰ ਸਿੰਘ ਵਿਰਕ):ਕਿਸਾਨ ਮਜ਼ਦੂਰ ਮੋਰਚੇ ਵੱਲੋਂ ਦਿੱਤੇ ਸੱਦੇ ਦੇ ਤਹਿਤ ਪਿੰਡ ਹਰੀਗੜ੍ਹ ਵਿੱਚ ਇਕਾਈ ਪ੍ਰਧਾਨ ਬਲਵਿੰਦਰ ਸਿੰਘ ਨੇਠਾ ਦੀ ਅਗਵਾਈ ਹੇਠ ਭਾਰਤੀ ਕਿਸਾਨ ਯੂਨੀਅਨ ਏਕਤਾ ਆਜਾਦ ਵੱਲੋਂ ਭਾਰਤ ਸਰਕਾਰ ਤੇ ਅਮਰੀਕਾ ਦੇ ਉਪ ਰਾਸ਼ਟਰਪਤੀ ਜੇ ਡੀ ਵੈਂਸ ਦਾ ਪੁਤਲਾ ਫੂਕਿਆ ਗਿਆ। ਇਸ ਸਮੇਂ ਦਰਜਨਾ ਔਰਤਾਂ ਸਮੇਤ ਵੱਡੀ ਗਿਣਤੀ ਵਿੱਚ ਕਿਸਾਨਾਂ ਮਜ਼ਦੂਰਾਂ ਨੇ ਭਾਰਤ ਸਰਕਾਰ ਅਤੇ ਅਮਰੀਕਾ ਦੇ ਉਪ ਰਾਸ਼ਟਰਪਤੀ ਜੇ ਡੀ ਬੈਂਸ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਬਲਾਕ ਆਗੂ ਸਤਪਾਲ ਸਿੰਘ ਹਰੀਗੜ ਨੇ ਕਿਹਾ ਕਿ ਭਾਰਤ ਸਰਕਾਰ ਅਮਰੀਕਾ ਦੇ ਦਬਾਅ ਹੇਠ ਲੋਕ ਵਿਰੋਧੀ ਫੈਸਲੇ ਲੈਣ ਦੀ ਤਿਆਰੀ ਵਿੱਚ ਹੈ । ਟੈਰਿਫ ਨੀਤੀ ਦੇ ਤਹਿਤ ਟੈਕਸ ਮੁਕਤ ਨੀਤੀ ਨੂੰ ਅਮਲ ਵਿੱਚ ਲਿਆ ਰਹੀ ਹੈ । ਕਿਸਾਨ ਆਗੂਆਂ ਨੇ ਕਿਹਾ ਕਿ ਭਾਰਤ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਸ ਨੀਤੀ ਨੂੰ ਲਾਗੂ ਕਰਨ ਲਈ ਉਪ ਰਾਸ਼ਟਰਪਤੀ ਜਿਹੜੀ ਸੈਂਟਰ ਨਾਲ ਸੰਧੀ ਕਰ ਰਿਹਾ ਹੈ । ਇਹ ਸੰਧੀ ਹੋਣ ਨਾਲ ਪੰਜਾਬ ਵਿੱਚ ਪੋਲਟਰੀ ਫਾਰਮ ,ਪਸ਼ੂ ਪਾਲਣ ,ਛੋਟੀਆਂ ਸੰਨਤਾ ,ਸਮੇਤ ਛੋਟੇ ਕਾਰੋਬਾਰੀ ਅਤੇ ਖੇਤੀਬਾੜੀ ਸੈਕਟਰ ਵਿੱਚ ਬੁਰੇ ਪ੍ਰਭਾਵ ਪੈਣਗੇ ਇਹ ਫੈਸਲਾ ਨਾ ਦੇਸ਼ ਦੇ ਪੱਖ ਵਿੱਚ ਹੈ ਨਾ ਹੀ ਲੋਕਾਂ ਦੇ ਪੱਖ ਵਿੱਚ ਇਸ ਕਰਕੇ ਟਰੰਪ ਤੇ ਮੋਦੀ ਦੇ ਇਸ ਫੈਸਲੇ ਦਾ ਸਾਰੇ ਪੰਜਾਬ ਵਿੱਚ ਅਰਥੀਆਂ ਸਾੜ ਕੇ ਵਿਰੋਧ ਕੀਤਾ ਜਾ ਰਿਹਾ ਹੈ । ਵੱਡੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਨੇ ਨਰਿੰਦਰ ਮੋਦੀ ਅਤੇ ਅਮਰੀਕਾ ਦੇ ਉਪ ਰਾਸ਼ਟਰਪਤੀ ਜੇ ਡੀ ਬੈਂਸ ਖਿਲਾਫ ਜਬਰਦਸਤ ਨਾਅਰੇਬਾਜੀ ਕੀਤੀ ਅਤੇ ਮੰਗ ਕੀਤੀ ਕਿ ਲੋਕ ਵਿਰੋਧੀ ਫੈਸਲੇ ਲੈਣੇ ਬੰਦ ਕੀਤੇ ਜਾਣ ਤੇ ਭਾਰਤ ਸਰਕਾਰ ਡਬਲਯੂਟੀਓ ਤੋਂ ਬਾਹਰ ਆਵੇ ਕਿਸਾਨ ਆਗੂਆਂ ਨੇ ਕਿਸਾਨੀ ਮੰਗਾਂ ਨੂੰ ਲੈ ਕੇ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਫੈਸਲਾ ਲੈਂਦਿਆਂ ਮਤਾ ਪਾਸ ਕੀਤਾ ਕਿ ਆਮ ਆਦਮੀ ਪਾਰਟੀ ਦਾ ਕੋਈ ਵੀ ਜਿੰਮੇਵਾਰ ਵਿਅਕਤੀ ਜਾਂ ਮੰਤਰੀ ਜੇਕਰ ਪਿੰਡ ਵਿੱਚ ਆਉਂਦਾ ਹੈ ਤਾਂ ਉਸ ਤੋਂ ਸਵਾਲ ਕਰਕੇ ਜਵਾਬ ਮੰਗਿਆ ਜਾਵੇਗਾ ਇਸ ਸਮੇਂ ਸੂਬਾਈ ਆਗੂ ਦਿਲਬਾਗ ਸਿੰਘ ਹਰੀਗੜ੍ਹ, ਕੁਲਦੀਪ ਸਿੰਘ,ਜਸਪ੍ਰੀਤ ਸਿੰਘ ,ਬੱਬੂ, ਹਰਵਿੰਦਰ ਸਿੰਘ ਹਨੀ ,ਬਿੰਦਰ ਸਿੰਘ , ਡਾਕਟਰ ਨਿਰਮਲ ਸਿੰਘ ,ਖੁਸ਼ਪ੍ਰੀਤ ਸਿੰਘ , ਕੇਵਲ ਸਿੰਘ ,ਗੁਰਚਰਨ ਸਿੰਘ ਸੈਕਟਰ ਸਤਿੰਦਰ ਸਿੰਘ ਤੋਂ ਇਲਾਵਾ ਹਰਜੀਤ ਕੌਰ, ਮਲਕੀਤ ਕੌਰ ,ਜਸਪਾਲ ਕੌਰ, ਰਣਜੀਤ ਕੌਰ ,ਪਰਮਜੀਤ ਕੌਰ, ਪੁਸ਼ਵਿੰਦਰ ਕੌਰ, ਰੂਪ ਕੌਰ ਆਦਿ ਹਾਜ਼ਰ ਸਨ।

## ਪੇਂਡੂ ਚੌਧਰੀਆਂ ਨੇ ਸੁਸਾਇਟੀ ਚੋਣਾਂ ਲਈ ਵਿਰੋਧੀ ਧਿਰ ਦੇ ਕਾਗਜ਼ ਕਰਵਾਏ ਰੱਦ, ਭਵਿੱਖ 'ਚ ਪਾਰਟੀ ਭੁਗਤੇਗੀ ਧੱਕੇਸ਼ਾਹੀਆਂ ਦੇ ਨਤੀਜੇ



ਬਰਨਾਲਾ, 24 ਅਪ੍ਰੈਲ (ਬਘੇਲ ਸਿੰਘ ਧਾਲੀਵਾਲ/ਚਮਕੌਰ ਸਿੰਘ ਗੱਗੀ):ਪੁਲਿਸ ਦਾ ਕੰਮ ਅਮਨ ਕਨੂੰਨ ਬਣਾਕੇ ਰੱਖਣ ਦਾ ਹੁੰਦਾ ਹੈ ਪਰ ਏਥੇ ਪੁਲਿਸ ਨੂੰ ਅਮਨ ਕਨੂੰਨ ਭੰਗ ਕਰਨ ਵਾਸਤੇ ਵਰਤਿਆ ਜਾ ਰਿਹਾ ਹੈ। ਚੋਣਾਂ ਵਿੱਚ ਸੱਤਾਧਾਰੀ ਧਿਰ ਦੇ ਹੱਕ 'ਚ ਭੁਗਤਣਾ ਹੀ ਮੌਜੂਦਾ ਸਮੇਂ ਵਿੱਚ ਪੁਲਿਸ ਦੇ ਮੁੱਖ ਫਰਜ਼ ਬਣਕੇ ਰਹਿ ਗਏ ਹਨ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੀਆਂ ਸਰਕਾਰਾਂ ਦੀਆਂ ਧੱਕੇਸ਼ਾਹੀਆਂ ਨੂੰ ਬੌਨਾ ਕਰ ਦਿੱਤਾ ਹੈ। ਅਜਿਹਾ ਕੁੱਝ ਪਿੰਡ ਝਲੂਰ ਵਿੱਚ ਉਦੋਂ ਦੇਖਣ ਨੂੰ ਮਿਲਿਆ ਜਦੋਂ ਪਿੰਡ ਝਲੂਰ ਦੀ ਸਹਿਕਾਰੀ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਲਈ ਕਾਗਜ਼ ਦਾਖਲ ਕੀਤੇ ਜਾ ਰਹੇ ਸਨ ਤਾਂ ਸੱਤਾਧਾਰੀਆਂ ਨੇ ਵਿਰੋਧੀ ਧਿਰ ਦੇ ਕੁੱਲ 7 ਵਿੱਚੋਂ ਇੱਕ ਗੁਰਦੇਵ ਸਿੰਘ ਰੰਧਾਵਾ ਦੇ ਕਾਗਜ਼ ਦਾਖਲ ਨਹੀਂ ਕਰਨ ਦਿੱਤੇ ਗਏ ਅਤੇ ਤਿੰਨ ਉਮੀਦਵਾਰਾਂ ਜਿਨ੍ਹਾਂ ਵਿੱਚ ਪ੍ਰਧਾਨਗੀ ਦੇ ਉਮੀਦਵਾਰ ਰਣਜੀਤ ਸਿੰਘ ਜੌਹਲ ਸ਼ਾਮਲ ਹਨ ਦੇ ਕਾਗਜ਼ਾਂ 'ਤੇ ਇਤਰਾਜ਼ ਲਾ ਕੇ ਕਾਗਜ਼ ਰੱਦ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ, ਭਾਵੇਂ ਵਿਰੋਧ ਹੋ ਜਾਣ ਦੇ ਕਾਰਨ ਰਣਜੀਤ ਸਿੰਘ ਦੇ ਕਾਗਜ਼ ਤਾਂ ਰੱਦ ਨਹੀਂ ਕੀਤੇ ਗਏ ਪਰ ਦੋ ਹੋਰ ਔਰਤ ਉਮੀਦਵਾਰਾਂ ਦੇ ਕਾਗਜ ਰੱਦ ਕਰਕੇ ਇਸ ਮਜ਼ਬੂਤ ਧਿਰ ਨੂੰ ਬਹੁਸੰਮਤੀ 'ਚੋਂ ਹੀ ਬਾਹਰ ਕਰਵਾ ਦਿੱਤਾ ਗਿਆ। ਸੁਸਾਇਟੀ ਦੇ ਵੋਟਰਾਂ ਨੇ ਕਿਹਾ ਕਿ ਕਿਸਾਨਾਂ ਦੀ ਸਭਾ ਵਿੱਚ ਅੱਜ ਤੱਕ ਕਿਸੇ ਵੀ ਪਾਰਟੀ ਨੇ ਸਰਕਾਰ ਨੇ ਇਸ ਵਿੱਚ ਦਖਲ ਨਹੀਂ ਦਿੱਤਾ ਪਰ ਮੌਜੂਦਾ ਸਰਕਾਰ ਨੇ ਸਹਿਕਾਰੀ ਸਭਾਵਾਂ ਵਿੱਚ ਦਖਲ ਦੇ ਕੇ ਲੋਕਤੰਤਰ ਦਾ ਗਲਾ ਘੁੱਟਿਆ ਜਾ ਰਿਹਾ, ਇਥੇ ਝਲੂਰ ਵਿੱਚ ਵੀ ਪ੍ਰਧਾਨਗੀ ਦੇ ਦਾਅਵੇਦਾਰ ਜਿਸਨੂੰ ਸੁਸਾਇਟੀ ਦੇ ਮੈਂਬਰਾਂ ਦਾ ਪੂਰਨ ਸਹਿਯੋਗ ਹੋਣ ਦੇ ਡਰ ਕਾਰਨ ਬਿਨਾਂ ਕਿਸੇ ਗੱਲ ਤੋਂ ਇਤਰਾਜ ਲਗਾਕੇ ਕਾਗਜ ਰੱਦ ਕਰਵਾ ਦਿੱਤੇ ਗਏ ਅਤੇ ਹਾਰ ਦੇ ਡਰ ਤੋਂ ਬੁਖਲਾਹਟ ਵਿੱਚ ਆਈ ਪਾਰਟੀ ਨੇ ਇੱਕ ਬੀਬੀ ਉਮੀਦਵਾਰ ਦੇ ਕਾਗ਼ਜ਼ ਵਾਪਿਸ ਵਾਲੇ ਫਾਰਮ 'ਤੇ ਦਸਤਖ਼ਤ ਕਰਵਾ ਲਏ, ਜਿਸ ਸਬੰਧੀ ਸੁਸਾਇਟੀ ਦੇ ਮੈਂਬਰਾਂ ਨੇ ਸਰਕਾਰ ਦੀ ਧੱਕੇਸ਼ਾਹੀ ਵਿਰੁੱਧ ਆਵਾਜ਼ ਬੁਲੰਦ ਕੀਤੀ ਅਤੇ ਚੋਣਾਂ ਦੇ ਬਾਈਕਾਟ ਦਾ ਐਲਾਨ ਕੀਤਾ, ਧੋਖੇ ਨਾਲ ਮਹਿਲਾ ਉਮੀਦਵਾਰ ਦੇ ਕਾਗ਼ਜ਼ ਵਾਪਿਸ ਕਰਵਾਉਣ ਸਬੰਧੀ ਅਤੇ ਬਿਨਾ ਕਿਸੇ ਇਤਰਾਜ਼ ਕਾਗ਼ਜ਼ ਰੱਦ ਕਰਨ ਦੇ ਵਿਰੋਧ ਵਿੱਚ ਸਹਾਇਕ ਰਜਿਸਟਰਾਰ ਨੂੰ ਇਕ ਮੰਗ ਪੱਤਰ ਦਿੱਤਾ ਗਿਆ, ਦਿਲਚਸਪ ਗੱਲ ਇਹ ਹੈ ਕਿ ਇਸ ਕਾਰਜ ਲਈ ਸਾਰਾ ਸਰਕਾਰੀ ਤੰਤਰ ਸੱਤਾਧਾਰੀਆਂ ਦੀ ਖ਼ੁਸ਼ਾਮਦ ਕਰਦਾ ਦੇਖਿਆ ਗਿਆ ਹੈ। ਜਦੋਂਕਿ ਸਹਾਇਕ ਰਜਿਸਟਰਾਰ ਬਰਨਾਲਾ ਦੇ ਦਸਤਖਤਾਂ ਹੇਠ ਜਾਰੀ ਹੋਈ ਫਾਇਨਲ ਵੋਟਰ ਸੂਚੀ ਅਨੁਸਾਰ ਸੁਸਾਇਟੀ ਮੈਂਬਰ ਵੋਟ ਪਾਉਣ ਅਤੇ ਚੋਣ ਲੜਨ ਦੇ ਹੱਕਦਾਰ ਹੁੰਦੇ ਹਨ, ਪਰ ਇੱਥੇ ਨਿਯਮਾਂ ਨੂੰ ਸ਼ਰੇਆਮ ਛਿੱਕੇ ਟੰਗਿਆ ਗਿਆ।ਇਹ ਪਹਿਲੀ ਵਾਰ ਹੋਇਆ ਕਿ ਲੋਕਾਂ ਵਿੱਚ ਦਹਿਸ਼ਤ ਪੈਦਾ ਕਰਨ ਲਈ ਪਿੰਡ ਝਲੂਰ ਦੀ ਸਹਿਕਾਰੀ ਸਭਾ ਦੀ ਚੋਣ ਲਈ ਕਾਗਜ਼ ਦਾਖਲ ਕਰਨ ਸਮੇਂ ਵੱਡੀ ਗਿਣਤੀ ਵਿੱਚ ਪੁਲਿਸ ਤਾਇਨਾਤ ਕੀਤੀ ਗਈ। ਐਸਪੀ ਹੈਡਕੁਆਟਰ ਰਾਜੇਸ਼ ਛਿੱਬਰ ਜਿਹੜੇ ਪਿਛਲੀ ਵਾਰ ਸੁਸਾਇਟੀ ਦੀ ਚੋਣ ਵਿੱਚ ਬਤੌਰ ਡੀਐਸਪੀ ਬਰਨਾਲਾ ਸਨ ਉੱਥੇ ਮੌਜੂਦ ਰਹੇ ਸਨ ਅਤੇ ਉਹ ਉਸ ਮੌਕੇ ਕੀਤੀ ਧੱਕੇਸ਼ਾਹੀ ਲਈ ਜਿੰਮੇਵਾਰ ਸਮਝੇ ਗਏ ਸਨ,ਉਹ ਵੀ ਸਪੈਸਿਲ ਤੌਰ ਤੇ ਸੁਸਾਇਟੀ ਦਾ ਦੌਰਾ ਕਰਕੇ ਗਏ। ਇਸ ਤੋਂ ਇਲਾਵਾ ਡੀਐਸਪੀ ਬਰਨਾਲਾ ਸਤਵੀਰ ਸਿੰਘ ਅਤੇ ਥਾਣਾ ਸਦਰ ਦੇ ਐਸਐਚਓ ਸ਼ੇਰਵਿੰਦਰ ਸਿੰਘ ਵੀ ਆਪਣੀ ਪੁਲਿਸ ਪਾਰਟੀ ਸਮੇਤ ਹਾਜ਼ਰ ਰਹੇ। ਜਦੋਂ ਇਸ ਸਬੰਧੀ ਸੁਸਾਇਟੀ ਦੇ ਇੰਸਪੈਕਟਰ ਗੁਰਮਨਮੀਤ ਸਿੰਘ ਨਾਲ ਗੱਲਬਾਤ ਹੋਈ ਤਾਂ ਉਨ੍ਹਾਂ ਸੋਸਾਇਟੀ ਦੀਆਂ ਚੋਣਾਂ ਪਾਰਦਰਸ਼ੀ ਤਰੀਕੇ ਨਾਲ ਕਰਵਾਉਣ ਦੀ ਗੱਲ ਆਖੀ ਅਤੇ ਕਿਹਾ ਕਿ ਜਿੰਨਾ ਉਮੀਦਵਾਰਾਂ ਦੇ ਕਾਗਜ਼ ਰੱਦ ਹੋਏ ਹਨ ਉਹਨਾਂ ਵਿੱਚ ਇੱਕ ਬੀਬੀ ਦਾ ਜਿਸ ਦਾ ਸੁਸਾਇਟੀ ਨਾਲ ਕਾਫੀ ਲੰਮੇ ਸਮੇਂ ਤੋਂ ਕੋਈ ਲੈਣ ਦੇਣ ਨਹੀਂ ਕੀਤਾ ਸੀ ਅਤੇ ਦੂਸਰੀ ਬੀਬੀ ਜਿਸਦਾ ਲਗਾਤਾਰ ਦੋ ਬਾਰ ਮੈਂਬਰ ਰਹਿਣ ਤੋਂ ਬਾਅਦ ਤੀਜੀ ਵਾਰ ਇਕ ਟਰਮ ਦਾ ਗੇਪ ਹੋਣਾ ਜਰੂਰੀ ਹੁੰਦਾ ਇਸ ਲਈ ਉਸਦੇ ਰੱਦ ਕੀਤੇ ਗਏ ਹਨ। ਇਸ ਮੌਕੇ ਸੁਸਾਇਟੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਭੁਪਿੰਦਰ ਸਿੰਘ ਝਲੂਰ, ਬਲਾਕ ਸੰਮਤੀ ਮੈਂਬਰ ਇਕਬਾਲ ਸਿੰਘ, ਗੁਰਮੀਤ ਸਿੰਘ, ਦਰਸ਼ਨ ਸਿੰਘ, ਅਮਰਜੀਤ ਸਿੰਘ, ਹਰਪ੍ਰੀਤ ਸਿੰਘ, ਬੁੱਧ ਰਾਮ, ਰਣਜੀਤ ਸਿੰਘ, ਇਕਬਾਲ ਸਿੰਘ, ਰਾਜਵਿੰਦਰ ਕੌਰ ਕੌਰ ਬਲਵਿੰਦਰ ਕੌਰ ਸੁਖਵੀਰ ਕੌਰ ਆਦਿ ਹਾਜ਼ਰ ਸਨ।

## ਸਿਖਿਆ ਦੇ ਖੇਤਰ 'ਚ ਅਰੋੜਾ ਵੱਲੋਂ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ :ਸਾਹਿਬ ਸਿੰਘ



ਸੁਨਾਮ ਊਧਮ ਸਿੰਘ ਵਾਲਾ, 24 ਅਪ੍ਰੈਲ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ): ਸਿੱਖਿਆ ਦੇ ਖੇਤਰ ਵਿੱਚ ਨਵੇਂ ਸੁਧਾਰਾਂ ਦੇ ਮਕਸਦ ਨਾਲ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਸਿੱਖਿਆ ਮੁਹਿੰਮ ਦਾ ਸੁਆਗਤ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸੁਨਾਮ ਊਧਮ ਸਿੰਘ ਵਾਲਾ ਤੋਂ ਪਾਰਟੀ ਦੇ ਬਲਾਕ ਪ੍ਰਧਾਨ ਸਾਹਿਬ ਸਿੰਘ ਨੇ ਕਿਹਾ ਕਿ ਸੂਬੇ ਵਿੱਚ ਸਿੱਖਿਆ ਨੂੰ ਪੁਰਾਤੱਤਵ ਕਰਨ ਲਈ ਅਜਿਹੇ ਕਾਰਜ ਜ਼ਰੂਰੀ ਹਨ ਸਹਿਬ ਸਿੰਘ ਨੇ ਕਿਹਾ ਕਿ ਸੁਨਾਮ ਹਲਕੇ ਅੰਦਰ ਸਰਕਾਰੀ ਹਾਈ ਸਕੂਲ ਪ੍ਰਾਇਮਰੀ ਸਕੂਲ ਵਿੱਚ ਬੱਚਿਆਂ ਨੂੰ ਹਰ ਤਰ੍ਹਾਂ ਦੇ ਸਹੂਲਤਾਂ ਦੇ ਨਾਲ਼ ਨਾਲ਼ ਨਵੀਂਆਂ ਇਮਾਰਤਾਂ ਸਾਇੰਸ ਪ੍ਰਯੋਗਸ਼ਾਲਾ ਲੱਖਾਂ ਰੁਪਏ ਦੀ ਲਾਗਤ ਨਾਲ ਉਦਘਾਟਨ ਕੀਤੇ ਜਾ ਰਹੇ ਹਨ ਜੋ ਇੱਕ ਸ਼ਲਾਘਾਯੋਗ ਕਦਮ ਹੈ ਇਸ ਮੌਕੇ ਤੇ ਬਲਾਕ ਪ੍ਰਧਾਨ ਸਾਹਿਬ ਸਿੰਘ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।



# ਪਟਿਆਲਾ-ਆਸ/ਪਾਸ



## ਪਟਿਆਲਾ ਵਿਕਾਸ ਅਥਾਰਟੀ ਨੇ ਜਲਾਲਪੁਰ, ਚੌਰਾ ਅਤੇ ਹਸਨਪੁਰ ਪ੍ਰੋਹਤਾਂ 'ਚ ਤਿੰਨ ਅਣ-ਅਧਿਕਾਰਤ ਕਲੋਨੀਆਂ ਢਾਹੀਆਂ

### ☛ਭਵਿੱਖ 'ਚ ਕਾਨੂੰਨੀ ਤੇ ਵਿੱਤੀ ਪੇਚੀਦਗੀਆਂ ਤੋਂ ਬਚਣ ਲਈ ਲੋਕ ਪਲਾਟ ਖਰੀਦਣ ਤੋਂ ਪਹਿਲਾਂ ਜ਼ਮੀਨ-ਜਾਇਦਾਦ ਦੀ ਕਾਨੂੰਨੀ ਸਥਿਤੀ ਦੀ ਪੁਸ਼ਟੀ ਕਰਨ : ਮਨੀਸ਼ਾ ਰਾਣਾ

ਪਟਿਆਲਾ, 24 ਅਪ੍ਰੈਲ (ਰੁਪਾਣਾ) : ਗ਼ੈਰ-ਕਾਨੂੰਨੀ ਕਬਜ਼ਿਆਂ ਅਤੇ ਅਣਅਧਿਕਾਰਤ ਕਾਲੋਨੀਆਂ ਦੇ ਵਿਕਾਸ ਨੂੰ ਰੋਕਣ ਲਈ ਇੱਕ ਫੈਸਲਾਕੁੰਨ ਕਦਮ ਚੁੱਕਦੇ ਹੋਏ, ਪਟਿਆਲਾ ਵਿਕਾਸ ਅਥਾਰਟੀ ਨੇ ਜਲਾਲਪੁਰ, ਚੌਰਾ ਅਤੇ ਹਸਨਪੁਰ ਪ੍ਰੋਹਤਾਂ ਵਿੱਚ ਸਥਿਤ ਤਿੰਨ ਅਣਅਧਿਕਾਰਤ ਕਲੋਨੀਆਂ ਵਿੱਚ ਢਾਹੁਣ ਦੀਆਂ ਮੁਹਿੰਮਾਂ ਚਲਾਈਆਂ। ਇਹ ਕਾਰਵਾਈ ਪੀਡੀਏ ਦੇ ਮੁੱਖ ਪ੍ਰਸ਼ਾਸਕ ਮਨੀਸ਼ਾ ਰਾਣਾ ਅਤੇ ਵਧੀਕ ਮੁੱਖ ਪ੍ਰਸ਼ਾਸਕ ਜਸ਼ਨਪ੍ਰੀਤ ਕੌਰ ਗਿੱਲ ਦੀ ਨਿਗਰਾਨੀ ਹੇਠ ਕੀਤੀ ਗਈ। ਮਨੀਸ਼ਾ ਰਾਣਾ ਨੇ ਦੱਸਿਆ ਕਿ ਪੀਡੀਏ ਵੱਲੋਂ ਗੈਰਕਾਨੂੰਨੀ ਉਸਾਰੀਆਂ ਢਾਹੁਣ ਦੀ ਇਹ ਕਾਰਵਾਈ ਯੋਜਨਾਬੱਧ ਸ਼ਹਿਰੀ ਵਿਕਾਸ ਨੂੰ ਯਕੀਨੀ ਬਣਾਉਣ ਅਤੇ ਕਾਨੂੰਨ ਦੇ ਸ਼ਾਸਨ ਨੂੰ ਬਰਕਰਾਰ ਰੱਖਣ ਲਈ ਚੱਲ ਰਹੇ ਯਤਨਾਂ ਦਾ ਹਿੱਸਾ ਹੈ। ਇਹ ਅਣਅਧਿਕਾਰਤ ਕਲੋਨੀਆਂ ਸਥਾਪਿਤ ਇਮਾਰਤੀ ਨਿਯਮਾਂ ਦੀ ਉਲੰਘਣਾ ਕਰਦੀਆਂ ਪਾਈਆਂ ਗਈਆਂ ਅਤੇ ਇਨ੍ਹਾਂ ਵਿੱਚ ਲੋੜੀਂਦੀਆਂ ਪ੍ਰਵਾਨਗੀਆਂ ਵੀ ਨਹੀਂ ਲਈਆਂ ਗਈਆਂ ਸਨ। ਪੀਡੀਏ ਅਥਾਰਟੀ ਨੇ ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ ਹੈ ਅਤੇ ਨਾਗਰਿਕਾਂ ਅਤੇ ਡਿਵੈਲਪਰਾਂ ਨੂੰ ਕਿਸੇ ਵੀ ਵਿਕਾਸ ਗਤੀਵਿਧੀਆਂ ਨੂੰ ਸ਼ੁਰੂ ਕਰਨ ਤੋਂ ਪਹਿਲਾਂ ਕਾਨੂੰਨੀ ਪ੍ਰਕਿਰਿਆਵਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਸਾਰੀਆਂ ਲੋੜੀਂਦੀਆਂ ਇਜਾਜ਼ਤਾਂ ਪ੍ਰਾਪਤ ਕਰਨ ਦੀ ਅਪੀਲ ਕੀਤੀ ਹੈ। ਪੀਡੀਏ ਪ੍ਰਸ਼ਾਸਨ ਨੇ ਆਮ ਲੋਕਾਂ ਨੂੰ ਪਲਾਟ ਖਰੀਦਣ ਵੇਲੇ ਸੁਚੇਤ ਰਹਿਣ ਦੀ ਵੀ ਅਪੀਲ ਕੀਤੀ ਹੈ। ਮਨੀਸ਼ਾ ਰਾਣਾ ਨੇ ਲੋਕਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਪਲਾਟ ਜਾਂ ਕਿਸੇ ਹੋਰ ਥਾਂ ਖਰੀਦਣ ਤੋਂ ਪਹਿਲਾਂ ਸਬੰਧਤ ਅਧਿਕਾਰੀਆਂ ਜਾਂ ਸਬੰਧਤ ਵਿਭਾਗਾਂ ਤੋਂ ਕਿਸੇ ਵੀ ਜ਼ਮੀਨ ਜਾਂ ਜਾਇਦਾਦ ਦੀ ਕਾਨੂੰਨੀ ਸਥਿਤੀ ਦੀ ਪੁਸ਼ਟੀ ਕਰਨ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਕਾਨੂੰਨੀ ਅਤੇ ਵਿੱਤੀ ਪੇਚੀਦਗੀਆਂ ਤੋਂ ਬਚਣ ਲਈ ਇਹ ਕਦਮ ਮਹੱਤਵਪੂਰਨ ਹੈ। ਇਸੇ ਦੌਰਾਨ ਏਸੀਏ ਜਸ਼ਨਪ੍ਰੀਤ ਕੌਰ ਗਿੱਲ ਨੇ ਕਿਹਾ ਕਿ ਪੀਡੀਏ ਪ੍ਰਸ਼ਾਸਨ ਸਾਰੀਆਂ ਸ਼ਹਿਰੀ ਯੋਜਨਾਬੰਦੀ ਪਹਿਲਕਦਮੀਆਂ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਬਣਾਈ ਰੱਖਣ ਅਤੇ ਖੇਤਰ ਵਿੱਚ ਟਿਕਾਊ ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ। ਇਸ ਮੌਕੇ ਪੀਡੀਏ ਦੇ ਡੀਟੀਪੀ ਸੀਮਾ ਕੌਸ਼ਲ ਅਤੇ ਏਟੀਪੀ ਗੁਰਿੰਦਰ ਸਿੰਘ ਤੇ ਪੂਰੀ ਟੀਮ ਮੌਜੂਦ ਰਹੀ।



## ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ ਦਿਹਾਤੀ ਹਲਕੇ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ

### ਪਹਿਲਗਾਮ ਵਿਖੇ ਸ਼ਹੀਦ ਹੋਏ ਵਿਅਕਤੀਆਂ ਨੂੰ ਦੋ ਮਿੰਟ ਦਾ ਮੌਨ ਰੱਖਕੇ ਦਿੱਤੀ ਸ਼ਰਧਾਂਜਲੀ

ਪਟਿਆਲਾ, 24 ਅਪ੍ਰੈਲ (ਰੁਪਾਣਾ/ਵਿਨੋਦ ਸ਼ਰਮਾ) : ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਦਿਹਾਤੀ ਹਲਕੇ 'ਚ ਸ਼ੁਰੂ ਕੀਤੇ ਜਾਣ ਵਾਲੇ ਅਤੇ ਚੱਲ ਰਹੇ ਵਿਕਾਸ ਕਾਰਜਾਂ ਸਬੰਧੀ ਅੱਜ ਜ਼ਿਲ੍ਹਾ ਪ੍ਰੀਸ਼ਦ ਕੰਪਲੈਕਸ ਵਿਖੇ ਸਮੂਹ ਵਿਭਾਗਾਂ ਨਾਲ ਇੱਕ ਉੱਚ ਪੱਧਰੀ ਮੀਟਿੰਗ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਤੇ ਨਗਰ ਨਿਗਮ ਕਮਿਸ਼ਨਰ ਪਰਮਵੀਰ ਸਿੰਘ ਵੀ ਮੌਜੂਦ ਸਨ। ਡਾ. ਬਲਬੀਰ ਸਿੰਘ ਨੇ ਹਰੇਕ ਵਿਭਾਗ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਵਿਕਾਸ ਕਾਰਜ ਦੇ ਕੰਮਾਂ ਨੂੰ ਸਮਾਂਬੱਧ ਕਰਨਾ ਯਕੀਨੀ ਬਣਾਇਆ ਜਾਵੇ ਅਤੇ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਦੇਰੀ ਜਾਂ ਤਰੁੱਟੀ ਲਈ ਸਬੰਧਤ ਅਧਿਕਾਰੀ ਜ਼ਿੰਮੇਵਾਰ ਹੋਵੇਗਾ। ਉਨ੍ਹਾਂ ਪਟਿਆਲਾ ਦਿਹਾਤੀ ਹਲਕੇ ਦੇ ਸਾਰੇ 60 ਪਿੰਡਾਂ ਦੇ ਛੱਪੜਾਂ ਦੀ ਸਫ਼ਾਈ ਇੱਕ ਮਹੀਨੇ 'ਚ ਕਰਵਾਉਣ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਬਰਸਾਤਾਂ ਤੋਂ ਪਹਿਲਾ ਸਾਰੇ ਪਿੰਡਾਂ ਦੇ ਛੱਪੜ ਸਾਫ਼ ਹੋਣ। ਉਨ੍ਹਾਂ ਛੱਪੜਾਂ ਦੇ ਪਾਣੀ ਨੂੰ ਡਰਿੱਪ ਇਰੀਗੇਸ਼ਨ ਨਾਲ ਖੇਤਾਂ 'ਚ ਲਗਾਉਣ ਲਈ ਸਬੰਧਤ ਵਿਭਾਗ ਨੂੰ ਪਲਾਨ ਤਿਆਰ ਕਰਨ ਲਈ ਕਿਹਾ। ਉਨ੍ਹਾਂ ਟਰੈਫ਼ਿਕ ਸਮੱਸਿਆ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਜਿਥੇ ਥਾਂ ਉਪਲਬਧ ਹੈ, ਉਥੇ ਸਲਿਪ ਰੋਡ ਬਣਾਉਣ ਸਮੇਤ ਹੋਰ ਢੁਕਵੇਂ ਉਪਰਾਲੇ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਲਾਅ ਐਂਡ ਆਰਡਰ ਦੀ ਸਥਿਤੀ ਦੀ ਸਮੀਖਿਆ ਕਰਦਿਆਂ ਕਿਹਾ ਕਿ ਰਾਤ ਸਮੇਂ ਖੁੱਲਣ ਵਾਲੇ ਢਾਬਿਆਂ ਸਬੰਧੀ ਪੁਲਿਸ ਤੇ ਸਿਵਲ ਵਿਭਾਗ ਰਣਨੀਤੀ ਤਿਆਰ ਕਰਨ ਤਾਂ ਜੋ ਅਜਿਹੀਆਂ ਥਾਵਾਂ 'ਤੇ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ। ਉਨ੍ਹਾਂ ਖੇਡ ਵਿਭਾਗ ਦੇ ਅਧਿਕਾਰੀਆਂ ਨੂੰ ਹਲਕੇ ਦੇ 10 ਪਿੰਡਾਂ 'ਚ ਖੇਡ ਨਰਸਰੀ ਬਣਾਉਣ ਦੀ ਹਦਾਇਤ ਕਰਦਿਆਂ ਕਿਹਾ ਕਿ ਅਜਨੌਦਾ ਵਿਖੇ ਖੇਡ ਨਰਸਰੀ ਬਣੀ ਹੈ ਤੇ ਹੋਰ 9 ਪਿੰਡ ਵਿੱਚ ਵੀ ਖੇਡ ਨਰਸਰੀਆਂ ਬਣਾਈਆਂ ਜਾਣ, ਤਾਂ ਜੋ ਪਿੰਡਾਂ ਦੇ ਬੱਚਿਆਂ ਦੀ ਖੇਡ ਪ੍ਰਤਿਭਾ ਨੂੰ ਹੋਰ ਨਿਖਾਰਿਆ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਫੀਲਡ 'ਚ ਰਹਿਣ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਲੋਕਾਂ ਦੇ ਕੰਮ ਉਨ੍ਹਾਂ ਦੇ ਪਿੰਡਾਂ ਵਿੱਚ ਹੀ ਹੋਣ ਇਸ ਲਈ ਅਧਿਕਾਰੀ ਨਿਰੰਤਰ ਤੌਰ 'ਤੇ ਫੀਲਡ ਵਿਜ਼ਟ ਕਰਨਾ ਯਕੀਨੀ ਬਣਾਉਣ। ਉਨ੍ਹਾਂ ਪਿੰਡਾਂ ਦੀਆਂ ਲਿੰਕ ਸੜਕਾਂ ਦੀ ਮਿਣਤ ੀ ਤੇ ਮੁਰੰਮਤ ਦਾ ਕੰਮ ਕਰਨ ਦੇ ਵੀ ਨਿਰਦੇਸ਼ ਦਿੱਤੇ। ਕੈਬਨਿਟ ਮੰਤਰੀ ਨੇ ਗਰੀਬਾਂ ਨੂੰ ਪਲਾਟ ਦੇਣ ਦੀ ਕਾਰਵਾਈ ਅਰੰਭਣ ਲਈ ਵੀ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਪਿੰਡਾਂ 'ਚ ਅਜਿਹੀਆਂ ਥਾਵਾਂ ਦੀ ਪਹਿਚਾਣ ਕੀਤੀ ਜਾਵੇ, ਜਿੱਥੇ ਪਲਾਟ ਦਿੱਤੇ ਜਾ ਸਕਦੇ ਹਨ। ਮੀਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਤੇ ਹਾਜ਼ਰ ਅਧਿਕਾਰੀਆਂ ਨੇ ਪਿਛਲੇ ਦਿਨੀਂ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਦਹਿਸ਼ਤਗਰਦੀ ਹਮਲੇ 'ਚ ਸ਼ਹੀਦ ਹੋਏ ਨਾਗਰਿਕਾਂ ਨੂੰ ਦੋ ਮਿੰਟਾਂ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ। ਮੀਟਿੰਗ 'ਚ ਪੀ.ਡੀ.ਏ. ਦੇ ਮੁੱਖ ਪ੍ਰਸ਼ਾਸਕ ਮਨੀਸ਼ਾ ਰਾਣਾ, ਵਧੀਕ ਡਿਪਟੀ ਕਮਿਸ਼ਨਰ ਇਸ਼ਾ ਸਿੰਗਲਾ, ਐਸ.ਪੀ. ਵੈਭਵ ਚੌਧਰੀ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।



## ਘਰਾਂ 'ਚੋਂ .ਗਰੀਬੀ ਨੂੰ ਕੱਢ ਦਿੰਦੀ ਹੈ ਸੁਚੱਜੀ ਸਿੱਖਿਆ : ਦੇਵ ਮਾਨ

### ☛ਸਕੂਲ ਆ.ਫ ਹੈਪੀਨੈਸ ਭਾਦਸੋਂ ਲਈ ਦਿੱਤੀ 1 ਕਰੋੜ 10 ਲੱਖ 40 ਹਜ਼ਾਰ ਦੀ ਗ੍ਰਾਂਟ



ਭਾਦਸੋਂ/ਨਾਭਾ, 24 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ, ਭਰਪੂਰ ਸਿੰਘ ਮਟਰਾ) : ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਕੂਲ ਆਫ਼ ਹੈਪੀਨੈਸ ਭਾਦਸੋਂ ਲਈ ਇਕ ਕਰੋੜ ਦਸ ਲੱਖ ਚਾਲੀ ਹਜਾਰ ਰੁਪਏ ਦੀ ਗ੍ਰਾਂਟ ਦਿੱਤੀ ਗਈ ਹੈ, ਜਿਸ ਵਿੱਚੋਂ ਇਕਾਹਟ ਲੱਖ ਸੱਤਰ ਹਜਾਰ ਰੁਪਏ ਸਕੂਲ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਵਾਸਤੇ ਪਹੁੰਚ ਚੁੱਕੇ ਹਨ ਤੇ ਬਾਕੀ ਰਾਸ਼ੀ ਵੀ ਚੱਲ ਰਹੇ ਕੰਮਾਂ ਮੁਤਾਬਿਕ ਸਮੇਂ ਸਿਰ ਪੁੱਜ ਜਾਵੇਗੀ । ਇਹ ਪ੍ਰਗਟਾਵਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਸਕੂਲ ਆਫ਼ ਹੈਪੀਨੈਸ ਭਾਦਸੋਂ 'ਚ ਸੰਪੂਰਨ ਹੋਏ ਵਿਕਾਸ ਕੰਮਾਂ ਦੇ ਉਦਘਾਟਨ ਸਮਾਰੋਹ ਦੌਰਾਨ ਵਿਦਿਆਰਥੀਆਂ, ਅਧਿਆਪਕਾਂ, ਮਾਪਿਆਂ ਤੇ ਸ਼ਹਿਰ ਦੇ ਪਤਵੰਤਿਆਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ ।ਸਕੂਲ ਮੁਖੀ ਹਰਿੰਦਰ ਸਿੰਘ ਸੋਹੀ ਦੀ ਦੇਖ ਰੇਖ ਹੇਠ ਕਰਵਾਏ ਇਸ ਸਮਾਗਮ ਦੌਰਾਨ ਦੇਵ ਮਾਨ ਨੇ ਕਿਹਾ ਕਿ ਭਾਦਸੋਂ ਦੇ ਲੋਕਾਂ ਨੇ ਕਦੀ ਦੇਖਿਆ ਨਹੀਂ ਸੀ ਕਿ ਸਹਿਰ ਦੇ ਸੀਨੀਅਰ ਸਕੈਂਡਰੀ ਸਕੂਲ ਨੂੰ 11 ਕਰੋੜ ਰੁਪਏ ਤੇ ਐਲੀਮੈਂਟਰੀ ਸਕੂਲ ਨੂੰ 1 ਕਰੋੜ 10 ਲੱਖ ਰੁਪਏ ਦੀ ਗ੍ਰਾਂਟ ਆਈ ਹੋਵੇ , ਇਹ ਤਦ ਹੀ ਸੰਭਵ ਹੋਇਆ ਹੈ ਜਦੋਂ ਪੰਜਾਬ ਦੇ ਲੋਕਾਂ ਨੇ ਸਰਕਾਰੀ ਸਕੂਲਾਂ ਵਿੱਚ ਪੜ੍ਹੇ ਤੇ ਜਮੀਨ ਨਾਲ ਜੁੜੇ ਹੋਏ ਆਮ ਘਰਾਂ ਦੇ ਧੀਆਂ ਪੁੱਤਾਂ ਨੂੰ ਮੁੱਖ ਮੰਤਰੀ, ਮੰਤਰੀ ਤੇ ਵਿਧਾਇਕ ਦੇ ਅਹੁਦਿਆਂ 'ਤੇ ਬਿਠਾਇਆ ਹੈ । ਇਸ ਮੌਕੇ ਸਕੂਲੀ ਬੱਚਿਆਂ ਨੇ ਸੱਭਿਆਚਾਰਕ ਪ੍ਰੋਗਰਾਮ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਤੇ ਵਿਧਾਇਕ ਦੇਵ ਮਾਨ ਦੇ ਸੰਘਰਸ਼ ਦੇ ਦਿਨਾਂ 'ਚ ਉਨ੍ਹਾਂ ਨੂੰ ਸਾਈਕਲ ਭੇਟ ਕਰਨ ਵਾਲੇ ਰਿਟਾ. ਅਧਿਆਪਕਾਂ ਅਮਰੀਕ ਸਿੰਘ,ਕੁਲਵੰਤ ਸਿੰਘ ਢਕੜੱਬਾ ਤੇ ਪਿਸ਼ੌਰਾ ਸਿੰਘ ਧਾਲੀਵਾਲ ਦਾ ਵਿਸ਼ੇਸ ਸਨਮਾਨ ਕੀਤਾ ਗਿਆ। ਇਸ ਮੌਕੇ ਬੀਪੀਈਓ ਜਗਜੀਤ ਸਿੰਘ ਨੌਹਰਾ, ਕਪਿਲਦੇਵ ਮਾਨ, ਚੇਅਰਮੈਨ ਦੀਪਾ ਰਾਮਗੜ੍ਹ, ਨਗਰ ਪੰਚਾਇਤ ਦੇ ਸੀਨੀਅਰ ਮੀਤ ਪ੍ਰਧਾਨ ਰੁਪਿੰਦਰ ਸਿੰਘ ਜਠੌਲ, ਸ਼ੈਂਕੀ ਸਿੰਗਲਾ, ਕੌਂਸਲਰ ਸਤਨਾਮ ਸਿੰਘ, ਸੋਨੂੰ ਸੂਦ, ਬਲਾਕ ਪ੍ਰਧਾਨ ਕਾਲਾ ਕਿਤਾਬਾਂ ਵਾਲਾ, ਬੱਬੀ ਜਿਊਲਰ, ਜੀਵਨ ਕੁਮਾਰ, ਕਮਲਪ੍ਰੀਤ ਸਿੰਘ, ਯਾਦਵਿੰਦਰ ਸਿੰਘ ਖੱਟੜਾ, ਮਾਸਟਰ ਅਮਰਨਾਥ ਸੁਕਲਾ, ਬਲਜੀਤ ਸਿੰਘ, ਰਿਟਾ. ਪ੍ਰਿੰਸੀਪਲ ਰਾਮ ਸਰੂਪ ਸਿੰਘ, ਭੁਪਿੰਦਰ ਕੱਲਰਮਾਜਰੀ ਤੇ ਸਮੁੱਚਾ ਸਕੂਲ ਸਟਾਫ ਹਾਜ਼ਰ ਸੀ ।

## ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ ਸਮਾਗਮ ਭਲਕੇ

ਪਟਿਆਲਾ, 24 ਅਪ੍ਰੈਲ (ਚ.ਨ.ਸ.): ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਦੇ 350 ਸਾਲਾ ਸ਼ਹੀਦੀ ਪੁਰਬ ਨੂੰ ਸਮਰਪਿਤ ਪਟਿਆਲਾ ਸ਼ਹਿਰ ਵਿਚ ਹਰ ਮਹੀਨੇ ਹੋਣ ਵਾਲੇ ਗੁਰਮਤਿ ਸਮਾਗਮਾਂ ਦੀ ਲੜੀ ਚੱਲ ਰਹੀ ਹੈ। ਇਸ ਦੌਰਾਨ ਅਪ੍ਰੈਲ ਮਹੀਨੇ ਦਾ ਸਮਾਗਮ ਮਿਤੀ 26 ਅਪ੍ਰੈਲ ਦਿਨ ਸ਼ਨੀਵਾਰ ਨੂੰ ਸ਼ਾਮ 7.00 ਵਜੇ ਤੋਂ 10.00 ਵਜੇ ਤਕ ਗੁਰਦੁਆਰਾ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਫੇਜ਼-2 ਅਰਬਨ ਸਟੇਟ ਵਿਖੇ ਹੋਵੇਗਾ, ਜਿਸ ਵਿਚ ਕਥਾਵਾਚਕ ਅਤੇ ਰਾਗੀ ਸਿੰਘ ਕਥਾ ਅਤੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਸਲੋਕ ਮਹਲਾ ੯ ਦੇ ਸਲੋਕਾਂ ਦਾ ਸ਼ਬਦੀ ਰੂਪ ਵਿਚ ਜਾਪ ਹੋਵੇਗਾ। ਸਮੂਹ ਸਾਧ ਸੰਗਤ ਨੂੰ ਪਰਿਵਾਰ ਸਹਿਤ ਹਾਜ਼ਰੀ ਭਰਨ ਦੀ ਬੇਨਤੀ ਕੀਤੀ ਜਾਂਦੀ ਹੈ।

## ਜ਼ਿਲ੍ਹੇ ਦੀਆਂ ਮੰਡੀਆਂ 'ਚ 82 ਫੀਸਦੀ ਕਣਕ ਦੀ ਹੋਈ ਆਮਦ

ਪਟਿਆਲਾ, 24 ਅਪ੍ਰੈਲ (ਚ.ਨ.ਸ.) : ਜ਼ਿਲ੍ਹੇ ਪਟਿਆਲਾ ਦੀਆਂ ਮੰਡੀਆਂ ਵਿੱਚ 82 ਫੀਸਦੀ ਕਣਕ ਦੀ ਆਮਦ ਹੁਣ ਤੱਕ ਹੋ ਚੁੱਕੀ ਹੈ। ਇਸ ਗੱਲ ਦਾ ਪ੍ਰਗਟਾਵਾ ਅੱਜ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਡਾ: ਰੂਪਪ੍ਰੀਤ ਕੌਰ ਨੇ ਕੀਤਾ । ਉਹਨਾਂ ਹੁਣ ਤੱਕ ਹੋਈ ਕਣਕ ਦੀ ਖਰੀਦ, ਅਦਾਇਗੀ ਸਮੇਤ ਲਿਫਟਿੰਗ ਬਾਰੇ ਜਾਣਕਾਰੀ ਦੇਂਦਿਆਂ ਕਿਹਾ ਕਿ ਇਸ ਸਾਲ ਕਣਕ ਦੀ ਆਮਦ ਇਕ ਦਮ ਹੀ ਮੰਡੀਆਂ ਵਿੱਚ ਆਈ ਹੈ ਅਤੇ ਇਸ ਦੇ ਨਾਲ-ਨਾਲ ਖਰੀਦ ਵਿੱਚ ਵੀ ਵਾਧਾ ਹੋਇਆ ਹੈ । ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਕਿਹਾ ਕਿ ਪਿਛਲੇ ਸਾਲ ਕਣਕ ਦੀ ਲਿਫਟਿੰਗ 1 ਲੱਖ 53 ਹਜਾਰ ਹੋਈ ਸੀ ਜਦੋ ਕਿ ਇਸ ਸਾਲ ਹੁਣ ਤੱਕ 2 ਲੱਖ 71 ਹਜਾਰ ਮੀਟ੍ਰਿਕ ਟਨ ਹੋਈ ਹੈ ਜੋ ਕਿ ਪਿਛਲੇ ਸਾਲ ਨਾਲੋਂ ਕਾਫੀ ਉਪਰ ਹੈ । ਡਾ. ਰੂਪ ਪ੍ਰੀਤ ਕੌਰ ਨੇ ਦੱਸਿਆ ਕਿ ਇਸ ਵਾਰ ਸਮੂਹ ਏਜੰਸੀਆਂ ਨੇ ਟੀਚੇ ਤੋਂ ਉਪਰ ਹੋ ਕੇ 101 ਫੀਸਦੀ ਰਕਮ ਹੁਣ ਤੱਕ ਅਦਾ ਕਰ ਦਿੱਤੀ ਹੈ ਜਿਸ ਤੋਂ ਇਹ ਸਾਹਮਣੇ ਆਉਦਾ ਹੈ ਕਿ ਜ਼ਿਲ੍ਹੇ ਵਿੱਚ ਕਣਕ ਦੀ ਖਰੀਦ , ਲਿਫਟਿੰਗ ਅਤੇ ਅਦਾਇਗੀ ਕਰਨ ਵਿੱਚ ਬਹੁਤ ਤੇਜ਼ੀ ਆਈ ਹੈ । ਉਹਨਾਂ ਕਿਹਾ ਕਿ ਪੰਜਾਬ ਸਰਕਾਰ ਸਮੁੱਚੇ ਸ਼ੀਜ਼ਨ ਦੌਰਾਨ ਖ਼ਰੀਦ ਪ੍ਰਕ੍ਰਿਆ ਨੂੰ ਪੂਰੀ ਤਰ੍ਹਾਂ ਸੁਖਾਵਾਂ ਬਣਾਉਣ ਲਈ ਵਚਨਬੱਧ ਹੈ।

## ਸੈਂਟ ਜੇਵੀਅਰਸ ਇੰਟਰਨੈਸ਼ਨਲ ਸਕੂਲ ਵਿਖੇ ਧਰਤੀ ਦਿਵਸ ਮਨਾਇਆ



ਸਮਾਣਾ , 24 ਅਪ੍ਰੈਲ (ਜਵੰਦਾ) :ਦੁਨੀਆਂ ਭਰ ਦੇ ਦੇਸ਼ ਹਰ ਸਾਲ 22 ਅਪ੍ਰੈਲ ਨੂੰ ਵਿਸ਼ਵ ਧਰਤੀ ਦਿਵਸ ਮਨਾਉਂਦੇ ਹਨ ਅਤੇ ਇਸ ਦਿਨ ਧਰਤੀ ਨੂੰ ਹਰਿਆ ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਵੱਧ ਤੋਂ ਵੱਧ ਉਪਰਾਲੇ ਕਰਨ ਦਾ ਅਹਿਦ ਲਿਆ ਜਾਂਦਾ ਹੈ। ਇਸੇ ਤਰ੍ਹਾਂ ਅੱਜ ਸੇਂਟ ਜੇਵੀਅਰਸ ਇੰਟਰਨੈਸ਼ਨਲ ਸਕੂਲ ਅਤਾਲਾਂ ਦੇ ਇਕੋ ਕਲੱਬ ਦੇ ਮੈਂਬਰ ਅਤੇ ਵਿਦਿਆਰਥੀਆਂ ਵੱਲੋਂ ਧਰਤੀ ਨੂੰ ਹਰਿਆ ਭਰਿਆ ਅਤੇ ਪ੍ਰਦੂਸ਼ਣ ਰਹਿਤ ਵਾਤਾਵਰਨ ਬਣਾਉਣ ਲਈ ਇਕ ਜਾਗਰੂਕਤਾ ਰੈਲੀ ਕੱਢੀ ਗਈ। ਇਸ ਸਕੂਲ ਦੇ ਪ੍ਰਿੰਸੀਪਲ ਅਰਨਬ ਸਰਕਾਰ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਵੱਲੋਂ ਅੱਜ ਕਸਬਾ ਘੱਗਾ, ਪਾਤੜਾਂ, ਬਰਾਸ, ਡਰੋਲੀ, ਤੰਬੂਵਾਲਾ, ਅਤਾਲਾਂ, ਬ੍ਰਾਹਮਣ ਮਾਜਰਾ ਆਦਿ ਪਿੰਡਾਂ ਵਿੱਚ ਜਾਗਰੂਕਤਾ ਰੈਲੀ ਕੱਢੀ ਗਈ ਇਸ ਰੈਲੀ ਦੌਰਾਨ ਵਿਦਿਆਰਥੀਆਂ ਅਤੇ ਸਕੂਲ ਦੇ ਅਧਿਆਪਕਾਂ ਵੱਲੋਂ ਪਿੰਡਾਂ ਦੇ ਘਰ ਘਰ ਅਤੇ ਗਲੀ-ਗਲੀ ਵਿਚ ਜਾ ਕੇ ਲੋਕਾਂ ਨੂੰ ਧਰਤੀ 'ਤੇ ਵਧ ਰਹੇ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਲਈ ਵੱਧ ਤੋਂ ਵੱਧ ਰੁੱਖ ਲਗਾਕੇ ਉਨ੍ਹਾਂ ਦੀ ਸਹੀ ਢੰਗ ਨਾਲ ਪਰਵਰਿਸ਼ ਕਰਨੀ ਚਾਹੀਦੀ ਹੈ। ਪ੍ਰਿੰਸੀਪਲ ਅਰਨਬ ਸਰਕਾਰ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਵੱਲੋਂ ਪਿੰਡਾਂ ਵਿੱਚ ਕੱਢੀ ਗਈ ਜਾਗਰੂਕਤਾ ਰੈਲੀ ਦੇ ਨਾਲ-ਨਾਲ ਸਕੂਲ ਦੇ ਵਿਹੜੇ ਵਿੱਚ ਵੀ ਤਰ੍ਹਾਂ-ਤਰ੍ਹਾਂ ਦੀਆਂ ਗਤੀਵਿਧੀਆਂ ਜਿਵੇਂ ਵਾਤਾਵਰਨ ਸੁਰੱਖਿਆ ਵਸਤੂਆਂ ਬਣਾਉਣਾ, ਕਲਾਪ੍ਰਤੀਯੋਗਤਾ, ਭਾਸ਼ਨ ਪ੍ਰਤੀਯੋਗਤਾ ਅਤੇ ਸੁਲੇਖ ਪ੍ਰਤੀਯੋਗਤਾ ਵਿੱਚ ਬੱਚਿਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਦੌਰਾਨ ਸਕੂਲ ਦੇ ਅਧਿਆਪਕ ਅਤੇ ਵਿਦਿਆਰਥੀਆਂ ਨੇ ਐਸ ਡੀ ਐਮ ਦਫ਼ਤਰ, ਪੀ ਐਨ ਬੀ ਬੈਂਕ, ਪੁਰਾਣਾ ਬੱਸ ਸਟੈਂਡ ਪਾਤੜਾਂ ਪਹੁੰਚੇ ਅਤੇ ਪੌਦੇ ਭੇਟ ਕੀਤੇ ਤੇ ਵਾਤਾਵਰਨ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਦੀ ਅਪੀਲ ਕੀਤੀ। ਇਸ ਦੌਰਾਨ ਐਸ.ਡੀ.ਐਮ ਅਸ਼ੋਕ ਕੁਮਾਰ ਨੇ ਕਿਹਾ ਕਿ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਬਣਾਉਣ ਲਈ ਪਹਿਲਾਂ ਹੀ ਦਫ਼ਤਰ ਦੀ ਚਾਰਦੀਵਾਰੀ ਅੰਦਰ ਵੱਡੀ ਗਿਣਤੀ ਵਿੱਚ ਰੁੱਖ ਲਗਾਏ ਜਾ ਚੁੱਕੇ ਹਨ। ਕੱਢੀ ਗਈ। ਇਸ ਜਾਗਰੂਕਤਾ ਰੈਲੀ ਦੌਰਾਨ ਅਧਿਆਪਕ ਹਰਮੇਸ਼ ਕੁਮਾਰ, ਗੁਰਿੰਦਰ ਸਿੰਘ ਅਤੇ ਮਨਪ੍ਰੀਤ ਕੌਰ ਤੋਂ ਇਲਾਵਾ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਦਾ ਅਹਿਮ ਯੋਗਦਾਨ ਰਿਹਾ।

## ਵਰਕਰ ਯੂਨੀਅਨ ਵੱਲੋਂ ਸੀ.ਐੱਮ.ਡੀ. ਨਾਲ ਮੀਟਿੰਗ



ਪਟਿਆਲਾ, 24 ਅਪ੍ਰੈਲ (ਰੁਪਾਣਾ) : ਵਰਕਰ ਫੈਡਰੇਸ਼ਨ ਪਾਵਰਕਾਮ ਅਤੇ ਟ੍ਰਾਂਸਕੋ ਦਾ ਵਫਦ ਪਾਵਰਕਾਮ ਦੇ ਸੀ ਐੱਮ ਡੀ ਏ ਕੇ ਸਿਨਹਾ ਅਤੇ ਡਾਇਰੈਕਟਰ ਇੰਦਰਪਾਲ ਸਿੰਘ ਨੂੰ ਮਿਲਿਆ। ਇਸ ਮੌਕੇ ਵਫਦ ਨੇ ਆਪਣੀਆਂ ਮੰਗਾਂ ਪ੍ਰਤੀ ਜਾਣਕਾਰੀ ਦਿੱਤੀ। ਇਸ ਮੌਕੇ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਵਰਨ ਸਿੰਘ ਨੇ ਮੁਲਾਜ਼ਮਾਂ ਦੀਆਂ ਆ ਰਹੀਆਂ ਮੁਸ਼ਕਿਲ ਬਾਰੇ ਜਾਣੂ ਕਰਵਾਇਆ ਅਤੇ ਮੁਲਾਜ਼ਮਾਂ ਦੀ ਘਾਟ ਬਾਰੇ ਦੱਸਿਆ ਕਿ ਅਗਾਮੀ ਝੋਨਾ ਲਵਾਈ ਸੀਜਨ ਮੌਕੇ ਬਿਜਲੀ ਦੀ ਮੰਗ ਵੱਧ ਜਾਂਦੀ ਹੈ, ਜਿਸ ਕਰਕੇ ਫੀਲਡ ਟੀਮਾਂ ਨੂੰ ਹਰ ਪੱਖੋਂ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਇਸ ਮੌਕੇ ਜਗਦੀਪ ਸਹਿਗਲ, ਗੁਰਦੀਪ ਸਿੰਘ, ਨਰਿੰਦਰ ਸਿੰਘ, ਮੁਨੀਸ਼ ਕੁਮਾਰ, ਵਰਿੰਦਰ ਸਿੰਘ, ਬਲਜੀਤ ਸਿੰਘ, ਚਰਨਜੀਤ ਚੰਨੀ, ਬਲਦੇਵ ਸਿੰਘ ਅਤੇ ਅਜੇ ਕੁਮਾਰ ਮੌਜੂਦ ਸਨ।

## ਨਾਰਦਨ ਰੇਲਵੇ ਮੈਨਸ ਯੂਨੀਅਨ ਦੀ ਮੀਟਿੰਗ

## ਆਲ ਇੰਡੀਆ ਰੇਲਵੇ ਮੈਨਸ ਫੈਡਰੇਸ਼ਨ ਦਾ ਸੁਨਹਿਰਾ ਇਤਿਹਾਸ : ਜਗਦੀਪ ਸਿੰਘ ਕਾਹਲੋਂ



ਪਟਿਆਲਾ, 24 ਅਪ੍ਰੈਲ (ਧਿਆਨ ਸਿੰਘ ਸੈਦਖੇੜੀ) : ਅੱਜ ਨਾਰਦਨ ਰੇਲਵੇ ਮੈਨਸ ਯੂਨੀਅਨ ਸਰਹਿੰਦ ਬ੍ਰਾਂਚ ਵੱਲੋਂ ਰਾਜਪੁਰਾ ਰੇਲਵੇ ਸਟੇਸ਼ਨ ਦੇ ਨਜ਼ਦੀਕ ਐਸ.ਐਸ.ਈ.ਪੀ.ਵੇ. ਦਫਤਰ ਦੇ ਕੋਲ ਗੇਟ ਮੀਟਿੰਗ ਕੀਤੀ ਗਈ। ਇਸ ਗੇਟ ਮੀਟਿੰਗ ਦੀ ਪ੍ਰਧਾਨਗੀ ਸਰਹਿੰਦ ਬ੍ਰਾਂਚ ਦੇ ਸੈਕਟਰੀ ਅਤੇ ਯੂਥ ਕਨਵੀਨਰ ਜਗਦੀਪ ਸਿੰਘ ਕਾਹਲੋ ਨੇ ਕੀਤੀ । ਇਸ ਮੌਕੇ ਕਰਮਚਾਰੀ ਨੂੰ ਸੰਬੋਧਨ ਕਰਦੇ ਹੋਏ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਆਲ ਇੰਡੀਆ ਰੇਲਵੇ ਮੈਨਸ ਫੈਡਰੇਸ਼ਨ ਜਿਸ ਨੇ 101 ਸਾਲ ਦਾ ਲੰਬਾ ਸਫਰ ਰੇਲਵੇ ਕਰਮਚਾਰੀਆਂ ਦੇ ਹੱਕੀ ਮੰਗਾਂ 'ਤੇ ਸੰਘਰਸ਼ ਲਈ ਤੈਅ ਕੀਤਾ ਹੈ। ਉਹਨਾਂ ਕਿਹਾ ਆਲ ਇੰਡੀਆ ਰੇਲਵੇ ਮੈਨਸ ਫੈਡਰੇਸ਼ਨ ਨੇ ਰੇਲਵੇ ਕਰਮਚਾਰੀਆਂ ਦੇ ਵੈਲਫੇਅਰ ਲਈ ਹਮੇਸ਼ਾ ਕੰਮ ਕੀਤਾ ਹੈ। ਉਹਨਾਂ ਕਿਹਾ ਕਿ ਭਾਰਤੀ ਰੇਲਵੇ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨ ਵਿੱਚ ਆਲ ਇੰਡੀਆ ਰੇਲਵੇ ਮੈਨਸ ਫੈਡਰੇਸ਼ਨ ਦਾ ਅਹਿਮ ਯੋਗਦਾਨ ਰਿਹਾ ਹੈ । ਉਹਨਾਂ ਕਿਹਾ ਕਿ ਨਾਰਦਨ ਰੇਲਵੇ ਮੈਨਸ ਯੂਨੀਅਨ ਤੇ ਆਲ ਇੰਡੀਆ ਰੇਲਵੇ ਮੈਨਸ ਫੈਡਰੇਸ਼ਨ ਲੰਬੀਆਂ ਸ਼ਹਾਦਤਾਂ ਤੋਂ ਬਾਅਦ ਹੋਂਦ ਵਿੱਚ ਆਈ ਹੈ। ਉਹਨਾਂ ਕਿਹਾ ਕਿ ਏ.ਆਈ.ਆਰ.ਐਫ ਅਤੇ ਐਨ.ਆਰ.ਐਮ.ਯੂ ਸੰਗਠਨ ਵਿੱਚ ਕਈ ਕਈ ਪੀੜ੍ਹੀਆਂ ਤੋਂ ਪਰਿਵਾਰ ਸੇਵਾ ਕਰ ਰਹੇ ਹਨ, ਉਹਨਾਂ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਵੱਧ ਤੋਂ ਵੱਧ ਏ.ਆਈ.ਆਰ.ਐਫ ਅਤੇ ਐਨ.ਆਰ.ਐਮ.ਯੂ ਸੰਗਠਨ ਨਾਲ ਜੁੜੋ। ਇਸ ਮੌਕੇ ਮਨਜੀਤ ਸਿੰਘ, ਸੁਮਿਤ ਕੁਮਾਰ, ਰੂਪ ਰਾਮ ਮੀਨਾ, ਜਸਪਾਲ ਸਿੰਘ ਨਰੇਸ਼ ਕੁਮਾਰ, ਸੁਰੇਸ਼ ਚੰਦ, ਬਲਰਾਮ ਮੁਕੇਸ਼ ਕੁਮਾਰ ਅਤੇ ਹੋਰ ਰੇਲਵੇ ਕਰਮਚਾਰੀ ਹਾਜ਼ਰ ਸਨ।

## ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਨੇ ਸਰਕਾਰ ਦਾ ਪੁਤਲਾ ਫੂਕਿਆ

ਸਮਾਣਾ, 24 ਅਪ੍ਰੈਲ (ਜਵੰਦਾ/ਅਮਿਤ ਸ਼ਰਮਾ) : ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝੇ ਫਰੰਟ ਪੰਜਾਬ ਦੇ ਸੱਦੇ ਤੇ ਤਹਿਸੀਲ ਕੰਪਲੈਕਸ ਸਾਹਮਣੇ ਦੇ ਅੱਗੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਤੋਂ ਜਸਵਿੰਦਰ ਸਿੰਘ ਸਮਾਣਾ, ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਧਾਨ ਸੋਹਣ ਸਿੰਘ ਵਿਰਕ, ਟੀਡੀਐਫ ਤੋਂ ਹਰਦੀਪ ਟੋਡਰਪੁਰ, ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਤੋਂ ਹਰਦੇਵ ਸਿੰਘ ਸੀਨੀਅਰ ਸਿਟੀਜਨ ਤੋਂ ਜਸਬੀਰ ਸਿੰਘ, 6635 ਅਧਿਆਪਕ ਯੂਨੀਅਨ ਤੋਂ ਰਾਜਵਿੰਦਰ ਸਿੰਘ ਭਿੰਡਰ ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਵਾਰ-ਵਾਰ ਮੀਟਿੰਗਾਂ ਤੋਂ ਟਾਲਾ ਵੱਟਣ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ। ਜ਼ਿਕਰਯੋਗ ਹੈ ਕਿ ਮੁਲਾਜ਼ਮ ਅਤੇ ਪੈਨਸ਼ਨਰ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਦਾ ਹੱਲ ਕਰਵਾਉਣ ਲਈ ਸੰਘਰਸ਼ ਦੇ ਰਾਹ ਪਏ ਹੋਏ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਸਿੱਧੂ, ਭੀਮ ਸਿੰਘ, ਗੁਰਵਿੰਦਰ ਸਿੰਘ ਖੰਗੂੜਾ, ਮਨਿਦਰ ਸਿੰਘ ਜੁਗਪ੍ਰਗਟ ਸਿੰਘ, ਰਜਿੰਦਰ ਸਿੰਘ, ਹਰਵਿੰਦਰ ਸਿੰਘ, ਅਮਰੀਕ ਸਿੰਘ, ਯੋਗਰਾਜ, ਗਰਨੈਬ ਸਿੰਘ, ਧੀਰਜ ਕੁਮਾਰ, ਅਵਤਾਰ ਸਿੰਘ, ਗੁਰਵਿੰਦਰ ਸਿੰਘ ਮਰੌੜੀ, ਬਿੱਕਰ ਸਿੰਘ, ਰੋਹਿਤ ਚੋਪੜਾ, ਨਛੱਤਰ ਸਿੰਘ ਅਤੇ ਸੁਖਦੀਪ ਸਿੰਘ ਮਠਾੜੂ ਹਾਜ਼ਰ ਸਨ।

## ਜੀ.ਜੀ.ਡੀ.ਐਸ.ਡੀ. ਕਾਲਜ ਖੇੜੀ ਗੁਰਨਾ 'ਚ ਪ੍ਰਿੰਸੀਪਲ ਵਰਿੰਦਰ ਸਿੰਘ ਸੰਭਾਲਿਆ ਅਹੁਦਾ





ਘਨੌਰ, 24 ਅਪ੍ਰੈਲ (ਰਾਜਿੰਦਰ ਸਿੰਘ/ਮਦਨ ਲਾਲ) : ਹਲਕਾ ਘਨੌਰ ਵਿੱਚ ਪੈਂਦੇ ਪਿੰਡ ਖੇੜੀ ਗੁਰਨਾ ਨੇੜੇ ਜੀ.ਜੀ.ਡੀ.ਐਸ.ਡੀ. ਕਾਲਜ, ਵਿੱਚ ਮੇਜਰ ਡਾਕਟਰ ਵਰਿੰਦਰ ਸਿੰਘ ਪ੍ਰਿੰਸੀਪਲ ਵਜੋਂ ਆਪਣਾ ਆਹੁਦਾ ਸੰਭਾਲਿਆ। ਆਪ ਇੱਕ ਪ੍ਰਸਿੱਧ ਸਿੱਖਿਆ ਸ਼ਾਸਤਰੀ ਅਤੇ ਐਨ ਸੀ ਸੀ ਅਧਿਕਾਰੀ ਹਨ ਤੇ ਇਕ ਨਵੇਂ ਦ੍ਰਿਸ਼ਟੀ ਕੌਣ ਨਾਲ ਲੀਡਰਸ਼ਿਪ ਦਾ ਇੱਕ ਨਵਾਂ ਅਧਿਆਇ ਸ਼ੁਰੂ ਕਰਦੇ ਹਨ। ਜੀ ਜੀ ਡੀ ਐਸ ਡੀ ਕਾਲਜ, ਖੇੜੀ ਗੁਰਨਾ ਇਹ ਐਲਾਨ ਕਰਦੇ ਹੋਏ ਮਾਣ ਮਹਿਸੂਸ ਕਰ ਰਿਹਾ ਹੈ ਕਿ ਮੇਜਰ ਡਾਕਟਰ ਵਰਿੰਦਰ ਸਿੰਘ ਸੰਸਥਾ ਦੇ ਕਾਰਜਕਾਰੀ ਪ੍ਰਿੰਸੀਪਲ ਵਜੋਂ ਭਾਰ ਸੰਭਾਲ ਰਹੇ ਹਨ। ਦੋ ਦਹਾਕਿਆਂ ਤੋਂ ਵੱਧ ਸਮੇਂ ਦੇ ਸ਼ਾਨਦਾਰ ਕਰੀਅਰ ਸਮੇਤ, ਡਾ. ਸਿੰਘ ਅਕਾਦਮਿਕ ਮੁਹਾਰਤ, ਪ੍ਰਸ਼ਾਸਕੀ ਅਨੁਭਵ ਅਤੇ ਵਿਦਿਆਰਥੀ ਵਿਕਾਸ ਪ੍ਰਤੀ ਵਚਨਬਧਤਾ ਦਾ ਅਨੂਠਾ ਸੰਗਮ ਹਨ। ਡਾ. ਸਿੰਘ ਦੇ ਚਾਰਜ ਸੰਭਾਲਣ ਮੌਕੇ ਜੀ ਜੀ ਡੀ ਐਸ ਡੀ ਕਾਲਜ, ਸੈਕਟਰ 32, ਚੰਡੀਗੜ੍ਹ ਦੇ ਪ੍ਰਿੰਸੀਪਲ ਡਾਕਟਰ ਅਜੈ ਸ਼ਰਮਾ ਨੇ ਕਾਲਜ ਦੀ ਫੈਕਲਟੀ ਮੈਂਬਰਾਂ ਦੇ ਨਾਲ ਇਸ ਮੌਕੇ 'ਤੇ ਸ਼ਿਰਕਤ ਕੀਤੀ। ਜੀ ਜੀ ਡੀ ਐਸ ਡੀ ਕਾਲਜ ਸੋਸਾਇਟੀ ਦੇ ਸਤਿਕਾਰਯੋਗ ਮੈਂਬਰਾਂ ਦੀ ਮੌਜੂਦਗੀ ਨੇ ਇਸ ਮੌਕੇ ਨੂੰ ਚਾਰ ਚੰਨ ਲਾਏ। ਇਸ ਮੌਕੇ ਜਨਰਲ ਸਕੱਤਰ ਡਾ. ਅਨਿਰੁਧ ਜੋਸ਼ੀ, ਡਾ. ਪੀ.ਕੇ. ਬਜਾਜ, ਡਾ. ਐਸ.ਸੀ. ਵੈਦਿਆ, ਡਾ.ਐਸ.ਕੇ. ਸ਼ਰਮਾ ਅਤੇ ਵਿੱਤ ਸਕੱਤਰ ਸ੍ਰੀ ਜਤਿੰਦਰ ਭਾਟੀਆ ਹਾਜ਼ਰ ਸਨ। ਇਸ ਮੌਕੇ 'ਤੇ ਉਹਨਾਂ ਦੀ ਮੌਜੂਦਗੀ ਡਾ. ਸਿੰਘ ਦੀ ਲੀਡਰਸ਼ਿਪ ਵਿੱਚ ਉਹਨਾਂ ਦਾ ਸਮਰਥਨ ਅਤੇ ਵਿਸ਼ਵਾਸ ਦਰਸਾਉਂਦੀ ਹੈ। ਜੀ ਜੀ ਡੀ ਐਸ ਡੀ ਕਾਲਜ, ਖੇੜੀ ਗੁਰਨਾ ਵਿਖੇ ਕਾਲਜ ਕਮਿਊਨਿਟੀ ਮੇਜਰ (ਡਾ.) ਵਰਿੰਦਰ ਸਿੰਘ ਦਾ ਨਿੱਘਾ ਸਵਾਗਤ ਕਰਦੀ ਹੈ ਅਤੇ ਉਹਨਾਂ ਦੀ ਯੋਗ ਅਗਵਾਈ ਹੇਠ ਅਕਾਦਮਿਕ ਨਵੀਨਤਾ, ਸੰਪੂਰਨ ਵਿਕਾਸ ਅਤੇ ਸੰਸਥਾਗਤ ਤਰੱਕੀ ਦੇ ਭਵਿੱਖ ਦੀ ਉਮੀਦ ਕਰਦੀ ਹੈ।ਜੀ ਜੀ ਡੀ ਐਸ ਡੀ ਕਾਲਜ, ਖੇੜੀ ਗੁਰਨਾ ਜੀ ਜੀ ਡੀ ਐਸ ਡੀ ਕਾਲਜ, ਚੰਡੀਗੜ੍ਹ ਦੀ ਇੱਕ ਸਹਿ ਸੰਸਥਾ ਵਜੋਂ ਕੰਮ ਕਰਦਾ ਹੈ।

## ਗੁਰਦੁਆਰਾ ਸਾਹਿਬ ਅੰਦਰੋਂ ਗੋਲਕ ਚੋਰੀ

ਪਟਿਆਲਾ, 24 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਕੋਲ ਸੁਰਜੀਤ ਸਿੰਘ ਪ੍ਰਧਾਨ ਗੁਰਦੁਆਰਾ ਸ਼ਹੀਦ ਬਾਬਾ ਜੈ ਸਿੰਘ ਖਲਕਟ ਪਿੰਡ ਬਾਰਨ ਨੇ ਤਿੰਨ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਰਾਤ ਨੂੰ ਤਿੰਨ ਅਣਪਛਾਤੇ ਵਿਅਕਤੀਆਂ ਨੇ ਗੁਰਦੁਆਰਾ ਸਾਹਿਬ ਅੰਦਰੋਂ ਗੋਲਕ ਚੋਰੀ ਕਰ ਲਈ। ਪੁਲਿਸ ਨੇ ਧਾਰਾ 331(4),305 ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਭਾਰਤ ਵਿਕਾਸ ਪ੍ਰੀਸ਼ਦ ਸਮਾਣਾ ਦੀ ਜਨਰਲ ਬਾਡੀ ਦੀ ਮੀਟਿੰਗ 'ਚ ਨਵੀਂ ਬਣੀ ਟੀਮ ਨੂੰ ਚੁਕਾਈ ਸਹੁੰ



ਸਮਾਣਾ, 24 ਅਪ੍ਰੈਲ (ਵਿਜੇ ਕੁਮਾਰ/ਜਵੰਦਾ) : ਭਾਰਤ ਵਿਕਾਸ ਪ੍ਰੀਸ਼ਦ ਸਮਾਣਾ ਦੀ ਜਨਰਲ ਬਾਡੀ ਦੀ ਮੀਟਿੰਗ ਕਾਲੜਾ ਸਵੀਟਸ ਵਿਖੇ ਚਮਨ ਲਾਲ ਧਨੇਠਾ ਦੀ ਸਰਪ੍ਰਸਤੀ ਹੇਠ ਆਯੋਜਿਤ ਕੀਤੀ ਗਈ, ਜਿਸ ਵਿਚ 2025-26 ਲਈ ਗਠਿਤ ਕੀਤੀ ਨਵੀ ਬਣੀ ਟੀਮ ਨੂੰ ਸਹੁੰ ਚੁਕਾਈ ਗਈ। ਪ੍ਰੋਗਰਾਮ ਦੀ ਸ਼ੁਰੂਆਦ ਜੋਤੀ ਪ੍ਰਚੰਡ ਕਰਕੇ ਵੰਦੇਮਾਤਰਮ ਨਾਲ ਕੀਤੀ ਗਈ। ਇਸ ਮੀਟਿੰਗ ਵਿਚ ਜ਼ਿਲ੍ਹਾ ਕਨਵੀਨਰ (ਸੇਵਾ) ਵਿਜੇ ਡਾਵਰ ਵੱਲੋਂ ਨਵੇਂ ਚੁਣੇ ਪ੍ਰਧਾਨ ਰਾਜਿੰਦਰ ਪ੍ਰਸ਼ਾਦ(ਹੈਪੀ) ਨੂੰ ਪ੍ਰਧਾਨਗੀ ਅਹੁਦੇ ਦੀ ਸਹੁੰ ਚੁੱਕਾ ਕੇ ਜਿਮੇਵਾਰੀ ਸੌਂਪੀ। ਇਸੇ ਤਰ੍ਹਾਂ ਹਰੀਸ਼ ਸਡਾਨਾ ਨੂੰ ਸੈਕਟਰੀ ਅਹੁਦੇ ਦੀ ਸਹੁੰ ਜ਼ਿਲ੍ਹਾ ਕਨਵੀਨਰ (ਸੰਸਕਾਰ) ਵੱਲੋਂ ਅਤੇ ਗਗਨਦੀਪ ਗੋਇਲ ਨੂੰ ਕੈਸ਼ੀਅਰ ਅਹੁਦੇ ਦੀ ਸਹੁੰ ਪ੍ਰੀਸ਼ਦ ਦੇ ਮੁੱਖ ਸਲਾਹਕਾਰ ਸ਼ਸ਼ੀ ਭੂਸ਼ਣ ਸਿੰਗਲਾ ਵੱਲੋਂ ਚੁਕਵਾਈ ਗਈ। ਮੀਟਿੰਗ ਦੌਰਾਨ ਪ੍ਰੀਸ਼ਦ ਦੇ ਨਵੇਂ ਬਣੇ ਮੈਂਬਰ ਸ੍ਰੀਮਤੀ ਵੰਦਨਾ ਗੁਪਤਾ, ਵਿਜੇ ਪਾਹਵਾ, ਮੁਕੇਸ਼ ਕਾਨ੍ਹਗਨ੍ਹ, ਲਵ ਕੁਮਾਰ ਗੋਇਲ, ਸਾਹਿਲ, ਸੰਜੇ ਅਰੋੜਾ, ਨਰੈਣ ਦਾਸ ਮੰਤਰੀ ਨੂੰ ਸਨਮਾਨ ਚਿਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਕਰੀਬ 50 ਮੈਂਬਰ ਸ਼ਾਮਲ ਸਨ। ਇਸ ਮੌਕੇ ਨਵੇ ਬਣੇ ਪ੍ਰਧਾਨ ਰਾਜਿੰਦਰ ਪ੍ਰਸ਼ਾਦ ਵੱਲੋਂ ਆਉਣ ਵਾਲੇ ਸਮੇਂ ਦੌਰਾਨ ਲਗਾਏ ਜਾਣ ਵਾਲੇ ਪ੍ਰੋਜੈਕਟਾਂ ਬਾਰੇ ਜਾਣਕਾਰੀ ਦਿੱਤੀ ਗਈ।

## ਸਾਹਿਤ ਅਕੈਡਮੀ ਵੱਲੋਂ ਸੈਂਟਰਲ ਲਾਇਬ੍ਰੇਰੀ ਵਿਖੇ 'ਆਗਾਜ਼-ਏ-ਰੂਹਾਨੀਅਤ' ਸਿਰਲੇਖ ਹੇਠ ਸੂਫੀਆਨਾ ਸੰਗੀਤ ਸ਼ਾਮ



ਪਟਿਆਲਾ, 24 ਅਪ੍ਰੈਲ (ਚ.ਨ.ਸ.) : ਸਾਹਿਤ ਅਕੈਡਮੀ ਪਟਿਆਲਾ ਵੱਲੋਂ ਸੈਂਟਰਲ ਲਾਇਬ੍ਰੇਰੀ ਪਟਿਆਲਾ ਵਿਖੇ ਆਗਾਜ਼ ਏ ਰੂਹਾਨੀਅਤ ਸਿਰਲੇਖ ਅਧੀਨ ਇੱਕ ਸੂਫੀਆਨਾ ਸੰਗੀਤਕ ਸ਼ਾਮ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਡਾ. ਅਮਨਦੀਪ ਸਿੰਘ ਅਤੇ ਤਬਲਾ ਵਾਦਕ ਜੈਦੇਵ ਨੇ ਆਪਣੇ ਸੂਫੀ ਸੰਗੀਤ ਨਾਲ ਬਹੁਤ ਦੇਰ ਤੱਕ ਸਰੋਤਿਆਂ ਨੂੰ ਮੰਤਰ ਮੁਗਧ ਕਰੀ ਰੱਖਿਆ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਰਵਿੰਦਰ ਸ਼ਰਮਾ (ਐਨ.ਜ਼ੈਡ.ਸੀ.ਸੀ.) ਨੇ ਕੀਤੀ ਅਤੇ ਮੁੱਖ ਮਹਿਮਾਨ ਵਜੋਂ ਸੁਖਦੀਪ ਬੋਪਾਰਾਏ ਸ਼ਾਮਿਲ ਹੋਏ। ਪ੍ਰਧਾਨਗੀ ਮੰਡਲ ਵਿੱਚ ਪ੍ਰਸਿੱਧ ਲੋਕ ਗਾਇਕ ਜੱਸੀ ਜਸਪਾਲ , ਜਸਵਿੰਦਰ ਜੱਸੀ, ਕੁਲਦੀਪ ਕੌਰ ਪ੍ਰਸਿੱਧ ਟੀ ਵੀ ਤੇ ਫਿਲਮ ਅਦਾਕਾਰ, ਕੇ ਨਜ਼ਮ ਪ੍ਰਸਿੱਧ ਅਦਾਕਾਰਾ, ਪ੍ਰਧਾਨ ਕੇਂਦਰੀ ਲੇਖਕ ਸਭਾ ਦਰਸ਼ਨ ਬੁੱਟਰ, ਉੱਘੇ ਕਵੀ ਡਾਕਟਰ ਅਮਰਜੀਤ ਕੌਂਕੇ ਅਤੇ ਲੋਕ ਗਾਇਕ ਮਾਣਕ ਅਲੀ ਸ਼ਾਮਿਲ ਹੋਏ। ਸਭ ਤੋਂ ਪਹਿਲਾਂ ਆਏ ਮਹਿਮਾਨਾਂ ਨੂੰ ਜੀ ਆਇਆਂ ਆਖਦਿਆਂ ਅਕੈਡਮੀ ਦੇ ਪ੍ਰਧਾਨ ਡਾਕਟਰ ਅਮਰਜੀਤ ਸਿੰਘ ਨੇ ਸ਼ਬਦ ਅਤੇ ਸੰਗੀਤ ਵਿਚਲੀ ਪਰੰਪਰਾ ਨੂੰ ਬਿਆਨ ਕਰਦਿਆਂ ਸ਼ਬਦ ਅਤੇ ਸੰਗੀਤ ਦੇ ਗੂੜ੍ਹੇ ਰਿਸ਼ਤੇ ਦੀਆਂ ਗੱਲਾਂ ਕੀਤੀਆਂ। ਇਸ ਉਪਰੰਤ ਤਰਲੋਚਨ ਸਿੰਘ ਤੋਚੀ ਬਾਈ ਨੇ ਡਾਕਟਰ ਅਮਨਦੀਪ ਸਿੰਘ ਦੀ ਸਖਸ਼ੀਅਤ ਨਾਲ ਜਾਣ ਪਹਿਚਾਣ ਕਰਵਾਈ। ਇਸ ਤੋਂ ਬਾਅਦ ਅਮਨਦੀਪ ਸਿੰਘ ਨੇ ਸੂਫੀ ਸੰਗੀਤ ਅਧੀਨ ਬਹੁਤ ਸਾਰੇ ਸੂਫੀ ਕਵੀਆਂ ਦਾ ਕਲਾਮ ਪ੍ਰਸਤੁਤ ਕੀਤਾ। ਉਹਨਾਂ ਨੇ ਲੋਕ ਸੰਗੀਤ ਵੀ ਪੇਸ਼ ਕੀਤਾ। ਤਬਲੇ 'ਤੇ ਸੰਗਤ ਸ੍ਰੀ ਜੈਦੇਵ ਜੀ ਨੇ ਕੀਤੀ। ਇਸ ਤੋਂ ਬਾਅਦ ਬੋਲਦਿਆਂ ਮਾਣਕ ਅਲੀ ਨੇ ਕਿਹਾ ਕਿ ਸੂਫੀ ਸੰਗੀਤ ਪੰਜਾਬੀ ਪੰਜਾਬ ਦੀ ਜਿੰਦ ਜਾਨ ਹੈ ਇਹ ਸੰਗੀਤ ਜਿੱਥੇ ਮਨੁੱਖ ਦਾ ਮਨੋਰੰਜਨ ਕਰਦਾ ਹੈ ਉੱਥੇ ਉਸ ਨੂੰ ਅਧਿਆਤਮਕ ਅਤੇ ਰੂਹਾਨੀ ਬੁਲੰਦੀਆਂ ਵੱਲ ਵੀ ਲੈ ਕੇ ਜਾਂਦਾ ਹੈ। ਜੱਸੀ ਜਸਪਾਲ, ਡਾਕਟਰ ਜਗਮੋਹਨ ਸ਼ਰਮਾ, ਜਸਵਿੰਦਰ ਜੱਸੀ, ਕੁਲਦੀਪ ਕੌਰ, ਕੇ ਨਜ਼ਮ ਨੇ ਵੀ ਆਪਣੇ ਆਪਣੇ ਵਿਚਾਰ ਪੇਸ਼ ਕੀਤੇ। ਅੰਤ ਉੱਤੇ ਪ੍ਰੋਗਰਾਮ ਤੇ ਆਏ ਹੋਏ ਸਾਰੇ ਮਹਿਮਾਨਾਂ ਨੂੰ ਲੋਈਆਂ ਅਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ। ਅਮਰਜੀਤ ਕਸਕ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਡਾਕਟਰ ਕੰਵਰ ਜਸਮਿੰਦਰ ਪਾਲ ਸਿੰਘ ਵੱਲੋਂ ਬਹੁਤ ਹੀ ਖ਼ੂਬਸੂਰਤੀ ਨਾਲ ਕੀਤਾ ਗਿਆ। ਹਰਪ੍ਰੀਤ ਸਿੰਘ ਮਾਹੀ ਨੇ ਸਮੁੱਚੇ ਪ੍ਰੋਗਰਾਮ ਨੂੰ ਆਪਣੇ ਕੈਮਰੇ ਰਾਹੀਂ ਲਾਈਵ ਪੇਸ਼ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸ਼ਹਿਰ ਦੇ ਉੱਘੇ ਸਾਹਿਤਕਾਰਾਂ ਅਤੇ ਵਿਦਵਾਨਾਂ ਨੇ ਭਾਗ ਲਿਆ ਜਿਨ੍ਹਾਂ ਵਿੱਚ ਚਮਕੌਰ ਸਿੰਘ ਚਹਿਲ, ਹਰਪ੍ਰੀਤ ਸਿੰਘ ਰਾਣਾ, ਤਜਿੰਦਰ ਫਰਵਾਹੀ, ਡਾਕਟਰ ਗੁਰਵਿੰਦਰ ਅਮਨ, ਅਵਤਾਰ ਜੀਤ ਤੇ ਹੋਰ ਲੇਖਕ ਸ਼ਾਮਿਲ ਸਨ। ਸਮੁੱਚੇ ਤੌਰ ਤੇ ਇਹ ਮਹਿਫ਼ਲ ਪਟਿਆਲਾ ਵਾਸੀਆਂ ਲਈ ਇੱਕ ਯਾਦਗਰ ਮਹਿਫ਼ਲ ਹੋ ਨਿਬੜੀ।

## ਐੱਸ.ਐੱਸ.ਪੀ. ਦੀ ਅਗਵਾਈ ਹੇਠ ਜ਼ਿਲ੍ਹਾ ਸਾਂਝ ਕੇਂਦਰ ਵੱਲੋਂ ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨਾ ਸ਼ਲਾਘਾਯੋਗ ਉਪਰਾਲਾ : ਡਾ. ਬਲਬੀਰ ਸਿੰਘ





ਪਟਿਆਲਾ, 24 ਅਪ੍ਰੈਲ (ਚ.ਨ.ਸ.) : ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਉੱਚ ਅਧਿਕਾਰੀਆਂ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਸਰਕਾਰ ਡਾ. ਬਲਬੀਰ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਐਸ.ਐਸ.ਪੀ. ਡਾ. ਨਾਨਕ ਸਿੰਘ ਨੇ ਕੀਤੀ। ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੇ ਇੰਚਾਰਜ ਸੁਖਜਿੰਦਰ ਸਿੰਘ ਵੱਲੋਂ ਸਾਰੇ ਆਏਂ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਡਿਪਟੀ ਮੇਅਰ ਪਟਿਆਲਾ ਜਗਦੀਪ ਸਿੰਘ ਜੱਗਾ, ਐਸ.ਆਈ. ਜਸਵੰਤ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 2, ਐਸ.ਆਈ. ਪ੍ਰਦੀਪ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ-1, ਰਾਸ਼ਟਰਪਤੀ ਪੁਲਿਸ ਮੈਡਲ ਵਿਜੇਤਾ ਐਸ.ਆਈ. ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ, ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ , ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਸਾਂਝ ਕੇਂਦਰ, ਐਸ ਆਈ ਸੁਰਿੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਨਾਭਾ, ਏ ਐਸ ਆਈ ਹਰਵਿੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਸਮਾਣਾਂ, ਏ ਐਸ ਆਈ ਹਰਵਿੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਪਾਤੜਾਂ, ਵਰਿੰਦਰ ਸਿੰਘ, ਰੁਦਰਪ੍ਰਤਾਪ ਸਿੰਘ, ਲੱਕੀ ਹਰਦਾਸਪੁਰ ਹਰਮਨਜੀਤ ਸਿੰਘ ਰੰਧਾਵਾ, ਉਪਕਾਰ ਸਿੰਘ ਨੇ ਭਰਭੂਰ ਸਹਿਯੋਗ ਦਿੱਤਾ। ਇਸ ਮੌਕੇ ਸੰਬੋਧਨ ਕਰਦਿਆ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਪੰਜਾਬ ਸਰਕਾਰ ਡਾ. ਬਲਬੀਰ ਸਿੰਘ ਨੇ ਕਿਹਾ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵਲੋਂ ਐਸ.ਐਸ.ਪੀ. ਪਟਿਆਲਾ ਡਾਕਟਰ ਨਾਨਕ ਸਿੰਘ ਦੀ ਅਗਵਾਈ ਹੇਠ ਪੰਜਾਬ ਵਲੋ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਬਲਿਕ ਨੂੰ ਸਕੂਲਾਂ, ਕਾਲਜਾਂ, ਯੂਨੀਵਰਸਿਟੀਆ, ਪਿੰਡਾਂ, ਸ਼ਹਿਰਾਂ ਕਸਬਿਆਂ ਵਿੱਚ ਜਾ ਕੇ ਨੋਜਵਾਨਾ ਅਤੇ ਪਬਲਿਕ ਨੂੰ ਨਸ਼ਿਆਂ ਦੇ ਮਾੜੇ। ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ, ਜੋ ਕਿ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ, ਉਹਨਾਂ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਪਬਲਿਕ ਦਾ ਸਹਿਯੋਗ ਬਹੁਤ ਜ਼ਰੂਰੀ ਹੈ।



# ਪਟਿਆਲਾ-ਆਸ/ਪਾਸ



## ਵੱਡੀ ਤੇ ਛੋਟੀ ਨਦੀ ਪ੍ਰੋਜੈਕਟ ਦਾ ਕੰਮ ਹੜ੍ਹਾਂ ਦੇ ਸੀਜ਼ਨ ਤੋਂ ਪਹਿਲਾਂ-ਪਹਿਲਾਂ ਮੁਕੰਮਲ ਕੀਤਾ ਜਾਵੇਗਾ : ਡਾ. ਪ੍ਰੀਤੀ ਯਾਦਵ

### ਪੀ.ਡੀ.ਏ, ਜਲ ਨਿਕਾਸ ਤੇ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਨਾਲ ਬੈਠਕ

ਪਟਿਆਲਾ, 24 ਅਪ੍ਰੈਲ (ਰੁਪਾਣਾ/ਅਮਰਜੀਤ) : ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਿਹਾ ਹੈ ਕਿ ਪਟਿਆਲਾ ਦੀ ਛੋਟੀ ਨਦੀ ਅਤੇ ਵੱਡੀ ਨਦੀ ਦੀ ਪੁਨਰ ਸੁਰਜੀਤੀ ਲਈ ਸੁੰਦਰੀਕਰਨ ਅਤੇ ਨਵੀਨੀਕਰਨ ਪ੍ਰਾਜੈਕਟ ਦਾ ਕੰਮ ਹੜ੍ਹਾਂ ਦੇ ਸੀਜ਼ਨ ਤੋਂ ਪਹਿਲਾਂ-ਪਹਿਲਾਂ ਮੁਕੰਮਲ ਕਰ ਲਿਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਇਸ ਪ੍ਰਾਜੈਕਟ ਦਾ ਜਾਇਜ਼ਾ ਲੈਣ ਲਈ ਪੀ.ਡੀ.ਏ ਦੇ ਮੁੱਖ ਪ੍ਰਸ਼ਾਸਕ ਮਨੀਸ਼ਾ ਰਾਣਾ ਤੇ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਨਾਲ ਬੈਠਕ ਕੀਤੀ। ਡਾ. ਪ੍ਰੀਤੀ ਯਾਦਵ ਨੇ ਡਰੇਨੇਜ ਅਤੇ ਪੰਜਾਬ ਜਲ ਸਪਲਾਈ ਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਮੁਤਾਬਕ ਆਪਸੀ ਤਾਲਮੇਲ ਨਾਲ ਪ੍ਰਾਜੈਕਟ ਦੇ ਕੰਮ ਨੂੰ ਹੜ੍ਹਾਂ ਦੇ ਸੀਜ਼ਨ ਤੋਂ ਪਹਿਲਾਂ-ਪਹਿਲਾਂ ਮੁਕੰਮਲ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਡਰੇਨੇਜ ਵਿਭਾਗ ਮੁਤਾਬਕ ਦੋਵਾਂ ਨਦੀਆਂ ਦੇ ਬੰਨ੍ਹਾਂ ਨੂੰ ਮਜ਼ਬੂਤ ਕਰਨ ਦਾ ਕੰਮ ਅਤੇ ਸੀਵਰੇਜ ਟ੍ਰੀਟਮੈਂਟ ਪਲਾਂਟ ਦਾ ਕੰਮ 30 ਅਗਸਤ 2025 ਤੱਕ ਮੁਕੰਮਲ



ਹੋ ਜਾਵੇਗਾ। ਇਸ ਮੌਕੇ ਡਰੇਨੇਜ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਪ੍ਰਥਮ ਗੰਭੀਰ ਤੇ ਜਲ ਸਪਲਾਈ ਤੇ ਸੈਨੀਟੇਸ਼ਨ ਦੇ ਅਧਿਕਾਰੀ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੱਡੀ ਨਦੀ ਦਾ ਕੰਮ ਦਾ ਦਾਇਰਾ ਦੌਲਤਪੁਰ ਤੋਂ ਲੈਕੇ ਡਕਾਲਾ ਪੁਲ ਤੱਕ ਫੈਲਿਆ ਹੋਇਆ ਹੈ ਅਤੇ ਇਸ ਦਰਮਿਆਨ ਰੇਲਵੇ ਲਾਈਨ ਪੁਲ ਤੇ ਰਾਜਪੁਰਾ ਰੋਡ ਵੀ ਪੈਂਦੀ ਹੈ। ਇਸ ਤੋਂ ਇਲਾਵਾ ਟ੍ਰੈਕਟਰ ਮਾਰਕਿਟ ਪੁਲ ਤੋਂ ਰਿਵਰ ਵਿਊ ਹੋਟਲ ਦੇ ਨੇੜੇ ਐਸਕੇਪ ਪੁਆਇੰਟ ਤੱਕ ਦਾ ਕੰਮ ਪੂਰਾ ਹੋ ਗਿਆ ਹੈ। ਡਾ. ਪ੍ਰੀਤੀ ਯਾਦਵ ਨੇ ਸਬੰਧਤ ਅਧਿਕਾਰੀਆਂ ਤੋਂ ਕੰਮ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਪਟਿਆਲਾ ਦੀ ਛੋਟੀ ਨਦੀ ਅਤੇ ਵੱਡੀ ਨਦੀ ਦੀ ਪੁਨਰ ਸੁਰਜੀਤੀ ਕਰਕੇ ਇਸਦੇ ਨਵੀਨੀਕਰਨ ਤੇ ਸੁੰਦਰੀਕਰਨ ਨਾਲ ਇੱਕ ਸੈਰਗਾਹ ਵਜੋਂ ਵਿਕਸਤ ਕਰਨਾ, ਪੰਜਾਬ ਸਰਕਾਰ ਦਾ ਇੱਕ ਅਹਿਮ ਪ੍ਰਾਜੈਕਟ ਹੈ, ਜਿਸ ਲਈ ਇਸ ਵਿੱਚ ਕਿਸੇ ਕਿਸਮ ਦੀ ਕੋਈ ਢਿੱਲ-ਮੱਠ ਨਾ ਵਰਤੀ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਲ ਸਪਲਾਈ ਤੇ ਸੀਵਰੇਜ ਬੋਰਡ ਮੁਤਾਬਕ ਦੌਲਤਪੁਰ ਨੇੜੇ ਲੱਗ ਰਹੇ 15 ਐਮ.ਐਲ.ਡੀ. ਦੇ ਐਸ.ਟੀ.ਪੀ ਦਾ ਕੰਮ 82 ਫ਼ੀਸਦੀ ਮੁਕੰਮਲ ਹੋ ਚੁੱਕਾ ਹੈ ਜਦੋਂਕਿ ਇੱਥੇ ਹੀ ਫੋਕਲ ਪੁਆਇੰਟ ਦੇ ਇੰਡਸਟ੍ਰੀਅਲ ਵੇਸਟ ਨੂੰ ਟਰੀਟ ਕਰਨ ਲਈ 2.5 ਐਮ.ਐਲ.ਡੀ. ਦੇ ਈ.ਟੀ.ਪੀ. ਦਾ ਕੰਮ 50 ਫ਼ੀਸਦੀ ਮੁਕੰਮਲ ਹੋ ਗਿਆ ਹੈ। ਜਦਕਿ ਸੈਨੀ ਇਨਕਲੇਵ ਦੇ ਪਿਛਲੇ ਪਾਸੇ ਲੱਗ ਰਹੇ 26 ਐਮ.ਐਲ.ਡੀ. ਦੇ ਸੀਵਰੇਜ ਟ੍ਰੀਟਮੈਂਟ ਪਲਾਂਟ ਦਾ ਕੰਮ 85 ਫ਼ੀਸਦੀ ਮੁਕੰਮਲ ਹੋ ਗਿਆ ਹੈ ਅਤੇ ਇਹ ਸਾਰੇ ਕੰਮ 30 ਸਤੰਬਰ 2025 ਤੱਕ ਮੁਕੰਮਲ ਕਰ ਲਏ ਜਾਣਗੇ। ਉਨ੍ਹਾਂ ਕਿਹਾ ਕਿ ਦੋਵਾਂ ਨਦੀਆਂ ਵਿੱਚ ਕਿਸੇ ਤਰ੍ਹਾਂ ਦਾ ਸੀਵਰੇਜ ਦਾ ਗੰਦਾ ਪਾਣੀ ਸਿੱਧਾ ਨਹੀਂ ਪਾਇਆ ਜਾਵੇਗਾ ਤੇ ਇਹ ਟ੍ਰੀਟ ਕਰਕੇ ਹੀ ਇਨ੍ਹਾਂ 'ਚ ਪੈ ਸਕੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਨਦੀਆਂ ਸ਼ਹਿਰ 'ਚੋਂ ਮੁੱਖ ਨਿਕਾਸੀ ਨਦੀਆਂ ਹਨ ਅਤੇ ਮਾਨਸੂਨ ਦੇ ਸੀਜ਼ਨ 'ਚ ਇਨ੍ਹਾਂ 'ਚ ਰੁਕਾਵਟਾਂ ਪੈਦਾ ਹੋਣ ਕਰਕੇ ਹੜ੍ਹਾਂ ਦਾ ਖ਼ਤਰਾ ਪੈਦਾ ਹੁੰਦਾ ਹੈ ਅਤੇ ਹੁਣ ਪੰਜਾਬ ਸਰਕਾਰ ਵੱਲੋਂ ਦੋਵਾਂ ਨਦੀਆਂ ਦੇ ਸੁੰਦਰੀਕਰਨ ਤੇ ਨਵੀਨੀਕਰਨ ਦੇ ਪ੍ਰਾਜੈਕਟ ਦੇ ਮੁਕੰਮਲ ਕਰਵਾਉਣ ਨਾਲ ਜਲ ਨਿਕਾਸ ਠੀਕ ਹੋਵੇਗਾ।

## ਅਦਾਲਤ ਨੇ ਕਲਰਕ ਨੂੰ ਨਿਆਂਇਕ ਹਿਰਾਸਤ 'ਚ ਭੇਜਿਆ

ਪਟਿਆਲਾ, 24 ਅਪ੍ਰੈਲ (ਵਿਨੋਦ ਸ਼ਰਮਾ) : ਰਿਸ਼ਵਤ ਦੇ ਕਥਿਤ ਮਾਮਲੇ 'ਚ ਡਿਊਟੀ ਮੈਜਿਸਟ੍ਰੇਟ ਦੀ ਅਦਾਲਤ ਵਿਚ ਐਸ.ਡੀ.ਐਮ. ਦਫਤਰ ਦੇ ਕਲਰਕ ਜਸਪਾਲ ਸਿੰਘ ਨੂੰ ਵਿਜੀਲੈਂਸ ਨੇ ਪੇਸ਼ ਕੀਤਾ। ਅਦਾਲਤ ਨੇ ਉਕਤ ਵਿਅਕਤੀ ਨੂੰ 7 ਮਈ ਤੱਕ ਨਿਆਂਇਕ ਹਿਰਾਸਤ ਵਿਚ ਭੇਜ ਦਿੱਤਾ ਹੈ। ਵਿਜੀਲੈਂਸ ਪੁਲਿਸ ਨੇ ਉਕਤ ਵਿਅਕਤੀ ਖ਼ਿਲਾਫ਼ ਰਿਸ਼ਵਤ ਲੈਣ ਸਬੰਧੀ ਕਥਿਤ ਮਾਮਲਾ ਦਰਜ ਕੀਤਾ ਸੀ।

## ਜਗ੍ਹਾ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼

ਪਟਿਆਲਾ, 24 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਕੋਲ ਸੁਭਾਸ਼ ਕੁਮਾਰ ਪੁੱਤਰ ਗੰਡਾ ਰਾਮ ਵਾਸੀ ਅਜੀਤ ਨਗਰ ਪਟਿਆਲਾ ਨੇ ਕਥਿਤ ਦੋਸ਼ੀਆਂ ਗੁਰਵਿੰਦਰ ਸਿੰਘ, ਬਾਦਲ ਸਿੰਘ, ਇੰਦਰਜੀਤ ਕੌਰ ਵਾਸੀ ਇੰਦਰਾ ਕਲੋਨੀ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਕਥਿਤ ਦੋਸ਼ੀਆਂ ਨੇ ਕਥਿਤ ਮਿਲੀ ਭੁਗਤ ਕਰਕੇ ਉਸ ਦੀ ਨਿਊ ਪਾਰਕ ਕਲੋਨੀ ਪਟਿਆਲਾ ਵਿੱਚ ਸਥਿਤ ਜਗ੍ਹਾ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ। ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਸਿਹਤ ਮੰਤਰੀ ਨੇ ਪਹਿਲਗਾਮ ਅੱਤਵਾਦ ਪੀੜਤਾਂ ਦੀ ਯਾਦ 'ਚ ਪਟਿਆਲਾ ਦੇ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਪ੍ਰਾਰਥਨਾ ਕੀਤੀ

ਪਟਿਆਲਾ, 24 ਅਪ੍ਰੈਲ (ਰੁਪਾਣਾ/ਅਮਰਜੀਤ) : ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਹਿਲਗਾਮ ਵਿਖੇ ਹਾਲ ਹੀ ਵਿੱਚ ਹੋਏ ਅੱਤਵਾਦੀ ਹਮਲੇ ਦੇ ਪੀੜਤਾਂ ਨੂੰ ਸ਼ਰਧਾਂਜਲੀ ਦਿੰਦੇ ਹੋਏ, ਪਟਿਆਲਾ ਦੇ ਸ੍ਰੀ ਕਾਲੀ ਦੇਵੀ ਮੰਦਿਰ ਵਿਖੇ ਪ੍ਰਾਰਥਨਾ ਕੀਤੀ। ਉਨ੍ਹਾਂ ਨੇ ਜ਼ਖ਼ਮੀਆਂ ਦੀ ਸਿਹਤਯਾਬੀ ਅਤੇ ਮ੍ਰਿਤਕਾਂ ਦੀ ਆਤਮਾ ਦੀ ਸ਼ਾਂਤੀ ਲਈ ਕਾਮਨਾ ਕੀਤੀ। ਸਿਹਤ ਮੰਤਰੀ ਨੇ ਮੰਦਿਰ ਵਿਖੇ ਨਤਮਸਤਕ ਹੋਣ ਬਾਅਦ ਮੀਡੀਆ ਨਾਲ ਗ਼ੈਰਰਸਮੀ ਗੱਲਬਾਤ ਕਰਦਿਆਂ ਕਿਹਾ ਕਿ ਇਸ ਘਟਨਾ ਨਾਲ 140 ਕਰੋੜ ਦੇਸ਼ ਵਾਸੀਆਂ ਦੇ ਹਿਰਦੇ ਵਲੂੰਦਰੇ ਗਏ ਹਨ, ਨਿਹੱਥੇ ਸੈਲਾਨੀਆਂ ਉਤੇ ਹਮਲੇ ਕਾਰਨ ਪੀੜਤਾਂ ਨੇ ਆਪਣੇ ਪਰਿਵਾਰਾਂ ਨੂੰ ਖੋ ਲਿਆ, ਜਿਸ ਕਰਕੇ ਸਾਰਾ ਦੇਸ਼ ਇਸ ਵੇਲੇ ਇਕੱਠਾ ਹੈ ਅਤੇ ਸਾਰੀ ਦੁਨੀਆਂ ਨੇ ਇਸ ਘਿਨੌਣੀ ਹਰਕਤ ਦੀ ਨਿੰਦਾ ਕੀਤੀ ਹੈ ਅਤੇ ਇਹ ਮਨੁੱਖਤਾ ਵਿਰੁੱਧ ਇੱਕ ਘੋਰ ਅਪਰਾਧ ਹੈ। ਡਾ. ਬਲਬੀਰ ਸਿੰਘ ਨੇ ਕਿਹਾ ਕਿ



ਉਨ੍ਹਾਂ ਨੂੰ ਉਮੀਦ ਹੈ ਕਿ ਇਸ ਦਹਿਸ਼ਤੀ ਹਮਲੇ ਪਿੱਛੇ ਬਾਹਰੀ ਸ਼ਕਤੀਆਂ ਦਾ ਪੂਰਾ ਦੇਸ਼ ਇੱਕਠਾ ਹੋਕੇ ਮੁਕਾਬਲਾ ਕਰੇਗਾ ਤੇ ਅਜਿਹੇ ਦਹਿਸ਼ਤਪਸੰਦਾਂ ਦਾ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਇਸ ਹਮਲੇ ਵਿੱਚ ਸੈਲਾਨੀਆਂ ਦੇ ਨਾਲ ਇੱਕ ਪੋਨੀਵਾਲੇ ਆਦਿਲ ਨੇ ਵੀ ਆਪਣੀ ਜਾਨ ਗਵਾਈ ਹੈ ਅਤੇ ਸਾਰਾ ਕਸ਼ਮੀਰ ਪਹਿਲੀ ਵਾਰ ਅੱਤਵਾਦੀਆਂ ਦੇ ਖ਼ਿਲਾਫ਼ ਉਠਕੇ ਖੜ੍ਹਾ ਹੋਇਆ ਹੈ। ਉਨ੍ਹਾਂ ਕਿਹਾ ਕਿ ਪੂਰਾ ਦੇਸ਼ ਇਸ ਬੁਰਾਈ ਵਿਰੁੱਧ ਇਕੱਠਾ ਹੋਇਆ ਹੈ ਅਤੇ ਪ੍ਰਧਾਨ ਮੰਤਰੀ ਨੇ ਵੀ ਆਲ ਪਾਰਟੀ ਮੀਟਿੰਗ ਸੱਦੀ ਹੈ, ਸਾਰਾ ਦੇਸ਼ ਇਕਜੁੱਟਤਾ ਨਾਲ ਅੱਤਵਾਦ ਦੀ ਬੁਰਾਈ ਨੂੰ ਜੜੋਂ ਖ਼ਤਮ ਕਰੇਗਾ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਅੱਜ ਮਾਤਾ ਰਾਣੀ ਦੇ ਚਰਨਾਂ 'ਚ ਅਰਦਾਸ ਕੀਤੀ ਹੈ ਕਿ ਸਾਨੂੰ ਉਹ ਬਲ ਬਖ਼ਸ਼ੇ ਤਾਂ ਕਿ ਅਸੀਂ ਦੁਨੀਆਂ ਵਿੱਚੋਂ ਅੱਤਵਾਦ ਦਾ ਖਾਤਮਾ ਕਰ ਸਕੀਏ। ਸਿਹਤ ਮੰਤਰੀ ਨੇ ਕਿਹਾ ਕਿ ਇਹ ਪੂਰੇ ਦੇਸ਼ ਵਿੱਚ ਦੁੱਖ ਦੀ ਘੜੀ ਹੈ ਅਤੇ ਇਸੇ ਲਈ ਅਸੀਂ ਵੀ ਆਮ ਆਦਮੀ ਪਾਰਟੀ ਵੱਲੋਂ ਕੌਮੀ ਕਨਵੀਨਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਦੁਖੀ ਪਰਿਵਾਰਾਂ ਦੇ ਨਾਲ ਖੜ੍ਹੇ ਹਾਂ। ਮੰਤਰੀ ਦੇ ਨਾਲ ਜਸਬੀਰ ਸਿੰਘ ਗਾਂਧੀ ਤੇ ਹੋਰ ਆਗੂ ਮੌਜੂਦ ਸਨ।

## ਚੋਰੀ ਦਾ ਮੋਟਰਸਾਈਕਲ ਬ੍ਰਾਮਦ

ਪਟਿਆਲਾ, 24 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਪਵਨ ਕੁਮਾਰ ਪੁੱਤਰ ਵਰਿੰਦਰ ਸਿੰਘ ਵਾਸੀ ਵਾਰਡ ਨੰ. 09 ਗਾਂਧੀ ਨਗਰ ਭਵਾਨੀਗੜ੍ਹ ਜਿਲਾ ਸੰਗਰੂਰ ਵਿਰੁੱਧ ਧਾਰਾ 317 (2) ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏ.ਐਸ.ਆਈ. ਬਲਵਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਛਫਓ ਨਗਰ ਨੇੜੇ ਕੁਬੇਰ ਹਸਪਤਾਲ ਪਟਿਆਲਾ ਮੌਜੂਦ ਸੀ, ਜੋ ਕਥਿਤ ਦੋਸ਼ੀ ਦੇ ਮੋਟਰਸਾਈਕਲ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਮੋਟਰਸਾਇਕਲ ਚੋਰੀ ਦਾ ਪਾਇਆ ਗਿਆ, ਜੋ ਕਿ ਕਥਿਤ ਦੋਸ਼ੀ ਨੇ 4/5 ਮਹੀਨੇ ਪਹਿਲਾ ਵੱਡੀ ਬਾਰਾਦਰੀ ਪਟਿਆਲਾ ਤੋਂ ਚੋਰੀ ਕੀਤਾ ਸੀ।

## ਦੋ ਵੱਖ-ਵੱਖ ਰੇਡਾਂ 'ਚ 38 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਦੋ ਕਾਬੂ

ਸਮਾਣਾ, 24 ਮਾਰਚ (ਵਿਜੇ ਕੁਮਾਰ) : ਸਦਰ ਪੁਲਸ ਨੇ ਦੋ ਵੱਖ-ਵੱਖ ਰੇਡਾ 'ਚ 38 ਬੋਤਲਾਂ ਨਾਜਾਇਜ਼ ਸਰਾਬ ਸਣੇ ਦੋ ਲੋਕਾਂ ਖਿਲਾਫ ਐਕਸਾਈਜ਼ ਐਕਟ ਦੀਆਂ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜਮਾ 'ਚ ਹਰਪਿੰਦਰ ਸਿੰਘ ਵਾਸੀ ਪਿੰਡ ਅਸਮਾਨਪੁਰ ਅਤੇ ਮੰਗਾ ਸਿੰਘ ਵਾਸੀ ਪਿੰਡ ਮਰੋੜੀ ਸਾਮਲ ਹਨ। ਸਦਰ ਪੁਲਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਏ.ਐਸ.ਆਈ. ਪਰਮਜੀਤ ਸਿੰਘ ਬੱਸ ਅੱਡਾ ਅਰਾਈਮਾਜਰਾ ਮੌਜੂਦ ਸੀ ਕਿ ਇਤਲਾਹ ਮਿਲੀ ਕਿ ਮੁਲਜਮ ਸਰਾਬ ਵੇਚਣ ਲਈ ਪਿੰਡ ਮਰਦਾਂਹੇੜੀ ਬਲ ਜਾਂਦੇ ਸੂਏ ਵਿਚਕਾਰ ਪਲਾਸਟਿਕ ਕੈਨ ਰੱਖ ਕੇ ਗਾਹਕਾਂ ਦਾ ਇੰਤਜਾਰ ਕਰ ਰਿਹਾ ਹੈ, ਤੇ ਰੇਡ ਕਰਕੇ 20 ਬੋਤਲਾਂ ਨਾਜਾਇਜ ਸ਼ਰਾਬ ਬਰਾਮਦ ਕਰ ਮੁਲਜਮ ਮੰਗਾ ਸਿੰਘ ਨੂੰ ਕਾਬੂ ਕਰ ਲਿਆ। ਇੱਕ ਹੋਰ ਮਾਮਲੇ 'ਚ ਸਦਰ ਪੁਲਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਏ.ਐਸ.ਆਈ. ਰਣਜੀਤ ਸਿੰਘ ਪਿੰਡ ਧਨੇਠਾ ਮੌਜੂਦ ਸੀ, ਕਿ ਮੁੱਖਬਰ ਵੱਲੋ ਇਤਲਾਹ ਮਿਲੀ ਕਿ ਮੁਲਜ਼ਮ ਹਰਪਿੰਦਰ ਸਿੰਘ ਵਾਸੀ ਪਿੰਡ ਅਸਮਾਨਪੁਰ ਨਾਜਾਇਜ਼ ਸ਼ਰਾਬ ਵੇਚਣ ਲਈ ਪਿੰਡ ਰਤਨਹੇੜੀ ਵਾਲੇ ਰਾਹ 'ਤੇ ਖੂਹ ਵਾਲੇ ਖੇਤ ਵਿੱਚ ਕੈਨੀ ਪਲਾਸਟਿਕ ਦੀ ਰੱਖ ਕੇ ਗਾਹਕਾ ਦਾ ਇੰਤਜ਼ਾਰ ਕਰ ਰਿਹਾ ਹੈ, ਤੇ ਰੇਡ ਕਰਕੇ ਮੁਲਜ਼ਮ ਨੂੰ 18 ਬੋਤਲਾਂ ਨਾਜਾਇਜ ਸਰਾਬ ਸਣੇ ਕਾਬੂ ਕਰ ਲਿਆ।

## ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਪਹਿਲਗਾਮ 'ਚ ਹੋਏ ਕਤਲੇਆਮ ਖ਼ਿਲਾਫ਼ ਰਿਪੁਦਮਨ ਕਾਲਜ ਨਾਭਾ 'ਚ ਰੋਸ ਪ੍ਰਦਰਸ਼ਨ



ਨਾਭਾ, 24 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ) : ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਪਹਿਲਗਾਮ 'ਚ ਹੋਏ ਦਹਿਸ਼ਤਗਰਦੀ ਹਮਲੇ ਵਿੱਚ ਨਿਹੱਥੇ ਲੋਕਾਂ ਦੇ ਕਤਲੇਆਮ ਖਿਲਾਫ਼ ਰਿਪੁਦਮਨ ਕਾਲਜ ਨਾਭਾ ਵਿੱਚ ਰੋਸ਼ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਪੀ.ਐੱਸ.ਯੂ ਦੇ ਜ਼ਿਲ੍ਹਾ ਸਕੱਤਰ ਗੁਰਧਿਆਨ ਹਰੀਗੜ੍ਹ ਅਤੇ ਸਤਵੀਰ ਕੌਰ ਨੇ ਕਿਹਾ ਕਿ ਇਹ ਇਨਸਾਨੀਅਤ ਨੂੰ ਸ਼ਰਮਸਾਰ ਕਰਨ ਵਾਲੀ ਘਟਨਾ ਹੈ ਇਸ ਦੀ ਜਿੰਨੀ ਵੀ ਨਿੰਦਾ ਕੀਤੀ ਜਾਵੇ ਉਹ ਥੋੜ੍ਹੀ ਹੈ। ਇਸ ਘਟਨਾ ਨੇ ਲੋਕਾਂ ਦੇ ਹਿਰਦੇ ਝੰਜੋੜ ਕੇ ਰੱਖ ਦਿੱਤੇ, ਇਸ ਸਮੂਹਿਕ ਹੱਤਿਆਕਾਂਡ ਵਿੱਚ 28 ਲੋਕਾਂ ਦੀ ਜਾਨ ਗਈ ਅਤੇ ਹੋਰ ਜ਼ਖਮੀ ਹੋਏ। ਉੱਥੇ ਹੀ ਆਮ ਲੋਕ ਟੈਕਸੀ ਵਾਲੇ ਲੋਕਾਂ ਨੂੰ ਮੁਫਤ ਸ਼੍ਰੀਨਗਰ ਤੱਕ ਪਹੁੰਚਾ ਰਹੇ ਹਨ। ਕਿਉਂਕਿ ਲੋਕ ਸਹਿਮ ਵਿੱਚ ਹਨ ਅਤੇ ਜਲਦੀ ਵਾਪਸ ਆਉਣਾ ਚਹੁੰਦੇ ਹਨ। ਇਸ ਮੌਕੇ ਆਗੂ ਆਰਤੀ ਸ਼ਰਮਾ ਨੇ ਕਿਹਾ ਕਿ ਬੀ.ਜੇ.ਪੀ ਆਰ.ਐਸ.ਐਸ ਅਤੇ ਕੁਝ ਮੀਡੀਆ ਚੈਨਲ ਇਸ ਨੂੰ ਹਿੰਦੂ ਅਤੇ ਮੁਸਲਿਮ ਬਣਾਉਣਾ ਚਾਹੁੰਦੇ ਹਨ ਜੋ ਕਿ ਦੇਸ਼ ਵਿਰੋਧੀ ਹੈ। ਇਸ ਸਮੇਂ ਸਾਰੇ ਧਰਮਾਂ ਦੇ ਲੋਕ ਇਕੱਠੇ ਹੋ ਕੇ ਇਸ ਹੱਤਿਆਕਾਂਡ ਦਾ ਵਿਰੋਧ ਕਰ ਰਹੇ ਹਨ। ਪੰਜਾਬ ਸਟੂਡੈਂਟਸ ਯੂਨੀਅਨ ਇਹ ਮੰਗ ਕਰਦੀ ਹੈ ਕਿ ਘਟਨਾ ਦੀ ਨਿਆਇਕ ਜਾਂਚ ਹੋਣੀ ਚਾਹੀਦੀ ਹੈ ਅਤੇ ਲੋਕਾਂ ਨੂੰ ਅਪੀਲ ਹੈ ਕਿ ਸਮੂਹ ਧਰਮਾਂ ਦੇ ਲੋਕ ਇਕੱਠੇ ਹੋ ਕੇ ਸਰਕਾਰ ਨੂੰ ਸਵਾਲ ਕਰਨ ਅਤੇ ਦਹਿਸ਼ਤਗਰਦੀ ਦਾ ਵਿਰੋਧ ਕਰਨ। ਇਸ ਮੌਕੇ ਕਾਲਜ ਕਮੇਟੀ ਮੈਂਬਰ ਹੁਸ਼ਨਜੀਤ ਕੌਰ, ਅਰਸ਼, ਰਣਜੀਤ ਕੌਰ, ਪ੍ਰੀਤ, ਅਸਲਮ ,ਬਲਰਾਮ ਅਦਿ ਹਾਜ਼ਰ ਰਹੇ।

## 120 ਲੀਟਰ ਲਾਹਣ ਸਮੇਤ ਇੱਕ ਕਾਬੂ

ਸਮਾਣਾ, 24 ਅਪ੍ਰੈਲ (ਵਿਜੇ ਕੁਮਾਰ) : ਸੀ.ਆਈ.ਏ ਸਟਾਫ ਪੁਲਸ




ਨੇ ਇੱਕ ਵਿਅਕਤੀ ਨੂੰ 120 ਲੀਟਰ ਲਾਹਣ ਸਣੇ ਕਾਬੂ ਕਰ ਉਸ ਖਿਲਾਫ ਐਕਸਾਈਜ਼ ਐਕਟ ਦੀਆਂ ਧਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜਮ ਦੀ ਪਹਿਚਾਣ ਮਨਜੀਤ ਸਿੰਘ ਵਾਸੀ ਪਿੰਡ ਮਰੋੜੀ ਵਜੋਂ ਹੋਈ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਸੀ.ਆਈ. ਏ ਸਟਾਫ ਦੇ ਐਸ.ਐਸ.ਆਈ. ਸਤਪਾਲ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਣੇ ਬੱਸ ਸਟੈਂਡ ਪਿੰਡ ਸੰਧੌਰਾਲ ਮੌਜੂਦ ਸਨ, ਕਿ ਮੁੱਖਬਰ ਵੱਲੋਂ ਇਤਲਾਹ ਮਿਲੀ ਕਿ ਮੁਲਜ਼ਮ ਸ਼ਰਾਬ ਤਿਆਰ ਕਰਕੇ ਵੇਚਣ ਦਾ ਆਦੀ ਹੈ, ਦੇ ਬੇੜੀ ਘਾਟ ਘੱਗਰ ਬਾ-ਹਦ ਪਿੰਡ ਮਰੋੜੀ 'ਚ ਸ਼ਰਾਬ ਤਿਆਰ ਕਰਨ ਲਈ ਲਾਹਣ ਛੁਪਾ ਕੇ ਰੱਖੀ ਹੋਈ ਹੈ। ਪੁਲਸ ਨੇ ਮੌਕੇ ਤੇ ਰੇਡ ਕਰਕੇ ਮੁਲਜ਼ਮ ਨੂੰ 120 ਲੀਟਰ ਲਾਹਣ ਸਣੇ ਕਾਬੂ ਕਰ ਲਿਆ। ਅਧਿਕਾਰੀ ਅਨੁਸਾਰ ਮੁਲਜ਼ਮ ਨੂੰ ਮਾਨਯੋਗ ਅਦਾਲਤ 'ਚ ਪੇਸ਼ ਕਰ ਮਿਲੇ ਹੁਕਮ ਅਨੁਸਾਰ ਨਿਆਂਇਕ ਹਿਰਾਸਤ 'ਚ ਜੇਲ ਭੇਜ ਦਿੱਤਾ।

*'ਪੰਜਾਬ ਸਿੱਖਿਆ ਕ੍ਰਾਂਤੀ', ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਵੱਡਾ ਹੁਲਾਰਾ*

## ਜ਼ਿਲ੍ਹੇ ਦੇ 11 ਸਕੂਲਾਂ 'ਚ 1.93 ਕਰੋੜ ਦੇ ਪ੍ਰੋਜੈਕਟ ਵਿਦਿਆਰਥੀਆਂ ਨੂੰ ਸਮਰਪਿਤ ਕੀਤੇ

ਪਟਿਆਲਾ/ਸਮਾਣਾ/ਨਾਭਾ, 24 ਅਪ੍ਰੈਲ (ਰੁਪਾਣਾ/ਵਿਜੇ ਕੁਮਾਰ/ਅਮਿਤ ਸ਼ਰਮਾ/ਚੌਧਰੀਮਾਜਰਾ) : ਪਟਿਆਲਾ ਜ਼ਿਲ੍ਹੇ ਦੇ ਹਲਕਾ ਸਮਾਣਾ, ਸਨੌਰ ਤੇ ਨਾਭਾ ਦੇ 11 ਸਕੂਲਾਂ ਵਿੱਚ ਹੋਏ 1.93 ਕਰੋੜ ਰੁਪਏ ਦੇ ਬੁਨਿਆਦੀ ਢਾਂਚੇ 'ਚ ਸੁਧਾਰ ਅਤੇ ਨਵੀਨੀਕਰਨ ਦੇ ਕਾਰਜ ਦਾ ਅੱਜ ਸਮਾਣਾ ਹਲਕੇ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੇ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਵਿਸ਼ਵ ਪੱਧਰੀ ਸਹੂਲਤਾਂ ਦੇਣ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ ਹੈ। ਜਿਨ੍ਹਾਂ ਸਕੂਲਾਂ ਵਿੱਚ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਬੁਨਿਆਦੀ ਢਾਂਚੇ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ, ਉਨ੍ਹਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡਕਾਲਾ, ਪਸਿਆਣਾ ਤੇ



ਸ਼ੇਰਮਾਜਰਾ, ਸਰਕਾਰੀ ਮਿਡਲ ਸਕੂਲ ਮੈਣ ਤੇ ਸਰਕਾਰੀ ਪ੍ਰਾਇਮਰੀ ਸਕੂਲ ਸ਼ੇਰਮਾਜਰਾ ਵਿਖੇ 1.18 ਕਰੋੜ ਰੁਪਏ ਨਾਲ ਹੋਏ ਵਿਕਾਸ ਕਾਰਜ ਵਿਦਿਆਰਥੀਆਂ ਨੂੰ ਸਮਰਪਿਤ ਕੀਤੇ। ਇਸੇ ਤਰ੍ਹਾਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਲੇਵਾਲ ਤੇ ਸਰਕਾਰੀ ਮਿਡਲ ਸਕੂਲ ਸੁਧੇਵਾਲ ਵਿਖੇ ਕਰੀਬ 42 ਲੱਖ ਰੁਪਏ ਦੇ ਕੰਮ ਵਿਦਿਆਰਥੀਆਂ ਨੂੰ ਸਮਰਪਿਤ ਕੀਤੇ। ਇਨ੍ਹਾਂ ਸਕੂਲਾਂ ਦੇ ਵਿਦਿਆਰਥੀਆਂ ਨਾਲ ਗੱਲਬਾਤ ਕਰਦੇ ਹੋਏ, ਵਿਧਾਇਕ ਸਾਹਿਬਾਨ ਨੇ ਉਨ੍ਹਾਂ ਨੂੰ ਪੜ੍ਹਾਈ ਦਾ ਬਿਹਤਰ ਵਾਤਾਵਰਣ ਮੁਹਈਆ ਕਰਵਾਉਣ ਲਈ ਲੋੜੀਂਦੀਆਂ ਸਾਰੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਸਰਕਾਰੀ ਸਕੂਲਾਂ ਚ ਵਿਦਿਆਰਥੀਆਂ ਲਈ ਅਨੁਕੂਲ ਮਾਹੌਲ ਪ੍ਰਦਾਨ ਕਰਨ ਲਈ ਹਰ ਸੰਭਵ ਕਦਮ ਚੁੱਕ ਰਹੇ ਹਨ, ਜਿਸ ਵਿੱਚ ਵਧੀਆ ਕਲਾਸ ਰੂਮ, ਪ੍ਰਯੋਗਸ਼ਾਲਾਵਾਂ, ਪਖਾਨੇ ਅਤੇ ਪੀਣ ਵਾਲੇ ਪਾਣੀ ਵਰਗੀਆਂ ਬੁਨਿਆਦੀ ਸਹੂਲਤਾਂ ਸ਼ਾਮਲ ਹਨ।

## ਸਮਾਣਾ ਬਾਰ ਨੇ ਐਸ.ਡੀ.ਐਮ. ਨੂੰ ਤਹਿਸੀਲ ਦਫ਼ਤਰ ਦੀ ਉਸਾਰੀ ਸਬੰਧੀ ਦਿੱਤਾ ਮੰਗ ਪੱਤਰ

ਸਮਾਣਾ, 24 ਅਪ੍ਰੈਲ (ਵਿਜੇ ਕੁਮਾਰ) : ਬਾਰ ਐਸੋਸੀਏਸ਼ਨ ਸਮਾਣਾ ਦੇ ਪ੍ਰਧਾਨ



ਨਵਦੀਪ ਸਿੰਘ ਢਿੱਲੋਂ ਦੀ ਅਗਵਾਈ ਵਿਚ ਐਸ.ਡੀ.ਐਮ. ਸਮਾਣਾ ਕ੍ਰਿਪਾਲ ਵੀਰ ਸਿੰਘ ਨੂੰ ਮੰਗ ਪੱਤਰ ਦਿੱਤਾ,ਜਿਸ ਵਿਚ ਨਵਾਂ ਉਸਾਰਿਆ ਜਾਣ ਵਾਲਾ ਤਹਿਸੀਲ ਦਫ਼ਤਰ ਅਤੇ ਸਿਵਲ ਪ੍ਰਸ਼ਾਸਨ ਦੇ ਦਫ਼ਤਰ ਅਦਾਲਤੀ ਕੰਪਲੈਕਸ ਸਮਾਣਾ ਦੇ ਨਾਲ ਬਣਾਏ ਜਾਣ ਤਾਂ ਜੋ ਭਵਿੱਖ ਵਿਚ ਇਲਾਕੇ ਦੇ ਲੋਕਾਂ ਨੂੰ ਪੇਸ਼ ਆਉਣ ਵਾਲੀਆਂ ਮੁਸ਼ਕਿਲਾਂ ਤੋਂ ਛੁਟਕਾਰਾ ਮਿਲ ਸਕੇ। ਬਾਰ ਦੇ ਪ੍ਰਧਾਨ ਨਵਦੀਪ ਸਿੰਘ ਢਿੱਲੋਂ, ਸਕੱਤਰ ਕਸ਼ਮੀਰ ਸਿੰਘ ਚੁੰਬਰ ਅਤੇ ਮੀਤ ਪ੍ਰਧਾਨ ਸੰਦੀਪ ਜਿੰਦਲ ਨੇ ਦੱਸਿਆ ਕਿ ਬੀਤੇ ਦਿਨ ਉਨ੍ਹਾਂ ਡਿਪਟੀ ਕਮਿਸ਼ਨਰ ਪਟਿਆਲਾ ਪ੍ਰੀਤੀ ਯਾਦਵ ਨੂੰ ਵੀ ਅਜਿਹਾ ਮੰਗ ਪੱਤਰ ਦਿੱਤਾ ਹੈ। ਉਨ੍ਹਾਂ ਆਖਿਆ 2012 ਵਿਚ ਜਦੋਂ ਦਾ ਅਦਾਲਤੀ ਕੰਪਲੈਕਸ ਬਣਿਆ ਹੈ, ਤੋਂ ਬਾਰ ਮੰਗ ਕਰਦੀ ਆ ਰਹੀ ਹੈ ਕਿ ਸਿਵਲ ਪ੍ਰਸ਼ਾਸਨਿਕ ਕੰਪਲੈਕਸ ਵੀ ਅਦਾਲਤੀ ਕੰਪਲੈਕਸ ਦੇ ਨਾਲ ਜੁੜਵਾਂ ਬਣਾਇਆ ਜਾਵੇ, ਪਰ ਸਮੇਂ-ਸਮੇਂ 'ਤੇ ਹਲਕੇ ਦੀ ਨੁਮਾਇੰਗੀ ਕਰਨ ਵਾਲੇ ਸਿਆਸੀ ਆਗੂਆਂ ਅਤੇ ਸਰਕਾਰ ਨੇ ਇਸ ਮੰਗ ਨੂੰ ਗੰਭੀਰਤਾ ਨਾਲ ਨਹੀਂ ਲਿਆ।

## ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਦੀ ਤਾਜਪੋਸ਼ੀ ਭਲਕੇ

### ਮਾਤਾ ਹਰਪਾਲ ਕੌਰ ਮਾਨ, ਗੁਰਮੀਤ ਸਿੰਘ ਖੁਡੀਆਂ ਅਤੇ ਹਰਚੰਦ ਸਿੰਘ ਬਰਸਟ ਹੋਣਗੇ ਤਾਜਪੋਸ਼ੀ 'ਚ ਸ਼ਾਮਲ

ਪਾਤੜਾਂ, 24 ਅਪ੍ਰੈਲ (ਹਰਮਿੰਦਰ ਕਰਤਾਰਪੁਰ) : ਮਾਰਕੀਟ ਕਮੇਟੀ ਪਾਤੜਾਂ ਦੇ ਨਵ ਨਿਯੁਕਤ ਚੇਅਰਮੈਨ ਮਹਿੰਗਾ ਸਿੰਘ ਬਰਾੜ ਦੀ 26 ਅਪ੍ਰੈਲ ਨੂੰ ਸਵੇਰੇ ਨੌਂ ਵਜੇ ਤਾਜਪੋਸ਼ੀ ਕੀਤੀ ਜਾਵੇਗੀ। ਇਸ ਸਬੰਧੀ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਦੱਸਿਆ ਤਾਜਪੋਸ਼ੀ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਹਲਕਾ ਸ਼ੁਤਰਾਣਾ ਦੇ ਸਮੁੱਚੇ ਆਗੂਆਂ, ਵਲੰਟੀਅਰਾਂ ਅਤੇ ਪੰਚਾਇਤਾਂ ਸਮੇਤ ਵੱਖ-ਵੱਖ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੂੰ ਸੱਦਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਤਾਜਪੋਸ਼ੀ ਸਮਾਰੋਹ ਵਿੱਚ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਮਾਤਾ ਹਰਪਾਲ ਕੌਰ ਮਾਨ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕਰਨਗੇ ਜਦ ਕਿ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁਡੀਆਂ, ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਸਾਬਕਾ ਕੈਬਨਿਟ ਮੰਤਰੀ ਅਤੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਲ ਹੋਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਮਹਿੰਗਾ ਸਿੰਘ ਬਰਾੜ ਆਮ ਆਦਮੀ ਪਾਰਟੀ ਦਾ ਫਾਉਂਡਰ ਮੈਂਬਰ



ਹੋਣ ਦੇ ਪਾਰਟੀ ਵਫ਼ਾਦਾਰ ਸਿਪਾਹੀ ਵੀ ਹਨ, ਜਿਸ ਦੇ ਚੱਲਦਿਆਂ ਉਨ੍ਹਾਂ ਦੇ ਸਿਰ ਚੇਅਰਮੈਨੀ ਦਾ ਤਾਜ ਸੱਜਿਆ ਹੈ। ਇਸ ਮੌਕੇ ਉਨ੍ਹਾਂ ਨਾਲ ਆੜ੍ਹਤੀ ਐਸੋਸੀਏਸ਼ਨ ਪਾਤੜਾਂ ਦੇ ਪ੍ਰਧਾਨ ਸੰਦੀਪ ਕੁਮਾਰ ਕਾਲਾ,ਪ੍ਰਧਾਨ ਪ੍ਰੀਤ ਗਿੱਲ, ਸਰਪੰਚ ਬਲਜਿੰਦਰ ਸਿੰਘ ਜੋਗੇਵਾਲ,ਕੁਲਦੀਪ ਸਿੰਘ ਥਿੰਦ, ਸਰਪੰਚ ਕਰਨੈਲ ਸਿੰਘ ਨਾਮਸੋਤ, ਅਮ੍ਰਿਤਪਾਲ ਸਿੰਘ ਕਾਲੇਕਾ, ਦਵਿੰਦਰ ਸਿੰਘ ਸੇਲਵਾਲਾ,ਈਸ਼ਵਰ ਰਾਣਾ ਰਸੌਲੀ, ਚੇਅਰਮੈਨ ਲਖਵਿੰਦਰ ਸਿੰਘ ਗਲੌਲੀ, ਰਣਜੀਤ ਸਿੰਘ ਵਿਰਕ ਪ੍ਰਧਾਨ ਟਰੱਕ ਯੂਨੀਅਨ ਪਾਤੜਾਂ, ਸਰਪੰਚ ਜਗਸੀਰ ਸਿੰਘ ਰਸੌਲੀ, ਜਥੇਦਾਰ ਕਾਰਜ ਸਿੰਘ ਬਕਰਾਹਾ, ਸਰਪੰਚ ਲਖਵਿੰਦਰ ਸਿੰਘ ਜੰਮੂ, ਸਰਪੰਚ ਹਰਦੀਪ ਸਿੰਘ ਸ਼ਾਹਪੁਰ,ਮਨਵੀਰ ਸਿੰਘ ਸੰਧੂ ਮੌਲਵੀਵਾਲਾ, ਸਰਪੰਚ ਨਾਹਰ ਸਿੰਘ ਉੱਗੋਕੇ ,ਡਾਕਟਰ ਡੀਡੀ ਸਿੰਗਲਾ, ਰਵਿੰਦਰ ਸਿੰਘ ਭਿੰਡਰ, ਸੁਖਪਾਲ ਸਿੰਘ ਸ਼ੁਤਰਾਣਾ ਆਦਿ ਹਾਜ਼ਰ ਸਨ।

## ਨਸ਼ੇ ਦੇ ਤਸਕਰਾਂ ਦੀ ਕੋਈ ਜ਼ਮਾਨਤ ਨਾ ਕਰਵਾਵੇ : ਗੁਰਇਕਬਾਲ ਸਿੰਘ ਸਿਕੰਦ




ਡੀ.ਐਸ.ਪੀ. ਸਮਾਣਾ ਗੁਰਇਕਬਾਲ ਸਿੰਘ ਸਿਕੰਦ

ਸਮਾਣਾ, 24 ਅਪ੍ਰੈਲ (ਵਿਜੇ ਕੁਮਾਰ) : ਡੀ.ਐਸ.ਪੀ. ਸਮਾਣਾ ਗੁਰਇਕਬਾਲ ਸਿੰਘ ਸਿਕੰਦ ਨੇ ਮੀਡੀਆ ਰਾਹੀ ਪੰਜਾਬ ਸਰਕਾਰ ਵੱਲੋਂ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਸਫਲ ਬਨਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਸ ਮੁਹਿੰਮ ਨਾਲ ਜੁੜ ਕੇ ਪੁਲਿਸ ਪ੍ਰਸਾਸ਼ਨ ਦਾ ਸਾਥ ਦੇਣਾ ਚਾਹੀਦਾ ਹੈ। ਉਨ੍ਹਾਂ ਨਸ਼ਿਆਂ ਦੀ ਤਸਕਰੀ ਕਰਨ ਵਾਲਿਆਂ ਦੀ ਜ਼ਮਾਨਤ ਵੀ ਨਾ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜੇ ਤੁਹਾਡੇ ਇਲਾਕੇ ਵਿੱਚ ਕੋਈ ਵਿਅਕਤੀ ਨਸ਼ਾ ਵੇਚਦਾ ਹੈ, ਤਾਂ ਬਿਨਾਂ ਕਿਸੇ ਡਰ ਤੋਂ ਤੁਰੰਤ ਉਸ ਦੀ ਜਾਣਕਾਰੀ ਨੇੜੇ ਦੇ ਪੁਲਸ ਥਾਣੇ ਜਾਂ ਆਪਣੇ ਪਿੰਡ/ਨਗਰ ਦੇ ਪੰਚਾਇਤ ਮੈਂਬਰ ਨੂੰ ਜ਼ਰੂਰ ਦਿਓ। ਸੂਚਨਾ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ। ਉਹਨਾਂ ਕਿਹਾ ਕਿ ਜਿਹੜਾ ਵਿਅਕਤੀ ਨਸ਼ੇ ਦਾ ਆਦੀ ਹੋ ਚੁੱਕਿਆ ਹੈ ਅਤੇ ਉਹ ਨਸ਼ਾ ਛੱਡਣਾ ਚਾਹੁੰਦਾ ਹੋਵੇ, ਉਸਨੂੰ ਸਰਕਾਰੀ ਨਸ਼ਾ ਛਡਾਓ ਕੇਂਦਰ ਤਕ ਪਹੁੰਚਾਉਣ ਲਈ ਮਦਦ ਕਰੋ। ਉਸਦੇ ਪੂਰੇ ਇਲਾਜ ਦਾ ਖਰਚਾ ਪੰਜਾਬ ਸਰਕਾਰ ਆਪਣੇ ਵੱਲੋਂ ਦੇਵੇਗੀ। ਵਰਨਣਯੋਗ ਹੈ ਕਿ ਪੁਲਸ ਵੱਲੋਂ ਪਿੰਡਾਂ ਅਤੇ ਸ਼ਹਿਰਾਂ ਵਿਚ ਅਨਾਉਂਸਮੈਂਟ ਕਰਵਾ ਕੇ ਉਕਤ ਜਾਣਕਾਰੀ ਨੂੰ ਲੋਕਾਂ ਤੱਕ ਪਹੁੰਚਾਇਆ।

## ਨਸ਼ਾ ਮੁਕਤ ਪੰਜਾਬ ਅਭਿਆਨ ਤਹਿਤ 'ਨਸ਼ਿਆਂ ਵਿਰੁੱਧ ਮੁਹਿੰਮ' ਦਾ ਆਗਾਜ਼




ਸਮਾਣਾ, 24 ਅਪ੍ਰੈਲ (ਵਿਜੇ ਕੁਮਾਰ/ਜਵੰਦਾ) : ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅੱਜ ਪਬਲਿਕ ਕਾਲਜ ਸਮਾਣਾ ਦੇ ਐਨ.ਐਸ.ਐਸ. ਵਿਭਾਗ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਦੀ ਸਰਪ੍ਰਸਤੀ ਹੇਠ ਨਸ਼ਾ ਮੁਕਤ ਪੰਜਾਬ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਪ੍ਰਿੰਸੀਪਲ ਸਾਹਿਬ ਵੱਲੋਂ ਨਸ਼ਿਆਂ ਵਿਰੁੱਧ ਦਸਤਖਤ ਮੁਹਿੰਮ ਸ਼ੁਰੂ ਕਰਵਾਉਂਦੇ ਹੋਏ ਸਭ ਤੋਂ ਪਹਿਲਾਂ ਖੁਦ ਦਸਤਖਤ ਕਰਕੇ ਇਸ ਮੁਹਿੰਮ ਦਾ ਆਰੰਭ ਕੀਤਾ ਗਿਆ। ਕੰਪਿਊਟਰ ਵਿਭਾਗ ਦੇ ਮੁੱਖੀ, ਪ੍ਰੋ. ਜਸਵਿੰਦਰਬੀਰ ਸਿੰਘ ਨੇ ਕਿਹਾ ਕਿ ਪੰਜਾਬ ਵਿਚੋਂ ਨਸ਼ਿਆਂ ਨੂੰ ਕੱਢਣ ਲਈ ਨੌਜਵਾਨਾਂ ਦਾ ਇਹ ਰੋਲ ਸਾਰਥਕ ਸਾਬਤ ਹੋਵੇਗਾ। ਦਫਤਰ ਸੁਪਰਡੈਂਟ ਸੁਭਾਸ਼ ਸੱਚਦੇਵਾ ਨੇ ਇਸ ਮੁਹਿੰਮ ਦੇ ਹੱਕ ਵਿਚ ਦਸਤਖਤ ਕਰਦੇ ਹੋਏ ਇਸ ਗੱਲ ਦੀ ਪ੍ਰਸ਼ੰਸ਼ਾ ਕੀਤੀ। ਕਾਲਜ ਵਿਦਿਆਰਥੀਆਂ ਨੇ ਨਸ਼ਿਆਂ ਵਿਰੁੱਧ ਦਸਤਖਤ ਮੁਹਿੰਮ ਵਿਚ ਵਧ੍ਹਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਪ੍ਰੋ. ਸੋਨੂੰ ਜੈਨ, ਪ੍ਰੋ. ਕੁਲਜੀਤ ਕੌਰ, ਡਾ. ਅਰਵਿੰਦਰ ਕੌਰ, ਡਾ. ਸੇ ਸਿੰਘ, ਡਾ. ਜਗਦੇਵ ਸਿੰਘ ਅਤੇ ਡਾ. ਨਿਰਵੈਰ ਸਿੰਘ ਆਦਿ ਅਧਿਆਪਕ ਸਾਹਿਬਾਨ ਵੀ ਇਸ ਦਸਤਖਤ ਮੁਹਿੰਮ ਵਿੱਚ ਸ਼ਾਮਲ ਹੋਏ।

## ਨੈਸ਼ਨਲ ਪੰਚਾਇਤੀ ਰਾਜ ਦਿਵਸ ਮੌਕੇ ਕਰਵਾਈਆਂ ਸਪੈਸ਼ਲ ਗ੍ਰਾਮ ਸਭਾਵਾਂ

ਪਟਿਆਲਾ, 24 ਅਪ੍ਰੈਲ (ਚ.ਨ.ਸ.): ਪੰਜਾਬ ਸਰਕਾਰ, ਡਾਇਰੈਕਟਰ , ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਚਾਇਤੀ ਰਾਜ ਵੱਲੋਂ ਹਰ ਸਾਲ ਦੀ ਤਰ੍ਹਾਂ 24 ਅਪ੍ਰੈਲ ਨੂੰ ਪੰਚਾਇਤੀ ਰਾਜ ਦਿਵਸ ਬੀ.ਡੀ.ਪੀ.ਓ. ਰਾਜਪੁਰਾ ਦੇ ਦਫਤਰ ਵਿਖੇ ਮਨਾਇਆ ਗਿਆ। ਇਸ ਮੌਕੇ ਸਪੈਸ਼ਲ ਗ੍ਰਾਮ ਸਭਾਵਾਂ ਕਰਵਾਈਆਂ ਗਈਆਂ । ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਸਵਿੰਦਰ ਸਿੰਘ ਅਤੇ ਬੀ.ਡੀ.ਪੀ.ਓ. ਪਟਿਆਲਾ-ਕਮ-ਨੋਡਲ ਅਫਸਰ ਸੁਖਵਿੰਦਰ ਸਿੰਘ ਟਿਵਾਣਾਂ ਨੇ ਦੱਸਿਆ ਕਿ ਇਹ ਦਿਵਸ ਪੰਜਾਬ ਰਾਜ ਦੇ ਸਮੂਹ ਜ਼ਿਲ੍ਹਿਆਂ , ਬਲਾਕਾਂ, ਗਰਾਮ, ਪੰਚਾਇਤਾਂ ਵਿੱਚ ਸਪੈਸ਼ਲ ਗਰਾਮ ਸਭਾਵਾਂ ਵਿੱਚ ਹਰ ਸਾਲ ਕਰਵਾਇਆ ਜਾਂਦਾ ਹੈ । ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਨੇ ਦੱਸਿਆ ਕਿ ਇਹਨਾਂ ਵੱਖ-ਵੱਖ ਸਮਾਗਮਾਂ ਵਿੱਚ ਗਰਾਮ ਸਭਾਵਾਂ ਵਿੱਚ ਵਧੀਆ ਕਾਰਗੁਜ਼ਾਰੀ ਵਾਲੀਆਂ ਪੰਚਾਇਤਾਂ, ਜਾਗਰੂਕਤਾ ਗਤੀਵਿਧੀਆਂ ਅਤੇ ਭਾਈਚਾਰਕ ਸਮੂਲੀਅਤ ਗਤੀਵਿਧੀਆਂ ਨੂੰ ਸ਼ਾਮਲ ਕੀਤਾ ਗਿਆ । ਇਸ ਦੌਰਾਨ ਅਧਿਕਾਰੀਆਂ ਨੇ ਪੰਚਾ ਸਰਪੰਚਾ ਦਾ ਸਨਮਾਨ ਕੀਤੀ ਅਤੇ ਨਵੇਂ ਡਿਜੀਟਲ ਪਲੇਟਫਾਰਮਾਂ ਜਿਵੇਂ ਈ-ਗਰਾਮਸਵਰਾਜ ਸਬੰਧੀ ਜਾਣਕਾਰੀ ਦਿੱਤੀ ਵੀ ਦਿੱਤੀ । ਇਸ ਮੌਕੇ ਬੀ ਡੀ.ਪੀ.ਓ. ਰਾਜਪੁਰਾ ਬਨਦੀਪ ਸਿੰਘ, ਸੁਪਰਡੰਟ ਨਵਨੀਤ ਕੁਮਾਰ, ਐਸ.ਈ.ਪੀ.ਓ. ਹਰਮਿੰਦਰ ਸਿੰਘ, ਐਡਵੋਕੇਟ ਆਤਮਜੀਤ ਸਿੰਘ ਤੋਂ ਇਲਾਵਾ ਵੱਖ-ਵੱਖ ਬਲਾਕਾਂ ਦੇ ਪੰਚਾਇਤ ਸਕੱਤਰ/, ਸਰਪੰਚ/ਪੰਚ ਅਤੇ ਵਿਭਾਗਾਂ ਦੇ ਅਧਿਕਾਰੀ ਅਤੇ ਨੁਮਾਇੰਦੇ ਹਾਜ਼ਰ ਸਨ ।

## ਪੁਕਟਾ ਅਧਿਆਪਕਾਂ ਨੇ ਫੂਕਿਆ ਪੰਜਾਬੀ ਯੂਨੀਵਰਸਿਟੀ ਦੇ ਰਜਿਸਟਰਾਰ ਦਾ ਪੁਤਲਾ

ਦੇਵੀਗੜ੍ਹ, 24 ਅਪ੍ਰੈਲ (ਗੁਰਜੀਤ ਸਿੰਘ ਢੋਟ) : : ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਪੰਜਾਬੀ ਯੂਨੀਵਰਸਿਟੀ ਕੰਟਰੈਕਟ ਟੀਚਰਜ਼ ਐਸੋਸੀਏਸ਼ਨ (ਪੁਕਟਾ) ਦੇ ਚਲ ਰਹੇ ਧਰਨੇ ਦੌਰਾਨ ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਦਾ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ



ਪੁਕਟਾ ਅਧਿਆਪਕਾਂ ਵੱਲੋਂ ਜ਼ਬਰਦਸਤ ਪ੍ਰਦਰਸ਼ਨ ਕੀਤਾ ਗਿਆ ਅਤੇ ਨਾਅਰੇਬਾਜ਼ੀ ਕੀਤੀ ਗਈ। ਪੁਕਟਾ ਯੂਨੀਅਨ ਵੱਲੋਂ ਅੱਜ ਯੂਨੀਵਰਸਿਟੀ ਅਥਾਰਟੀ ਖਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਰੋਸ ਰੈਲੀ ਵੀ ਕੱਢੀ ਗਈ। ਇਸ ਮੌਕੇ ਯੂਨੀਅਨ ਆਗੂ ਡਾ. ਮਨਦੀਪ ਗੌਰ ਨੇ ਯੂਨੀਵਰਸਿਟੀ ਅਥਾਰਟੀ ਵੱਲੋਂ ਕੰਟਰੈਕਟ ਅਧਿਆਪਕਾਂ ਨਾਲ ਕੀਤੇ ਧੱਕੇ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਯੂਨੀਵਰਸਿਟੀ ਅਥਾਰਟੀ ਪਿਛਲੇ ਕਈ ਸਾਲਾਂ ਤੋਂ ਕੰਟਰੈਕਟ ਅਧਿਆਪਕਾਂ ਨੂੰ ਸਿਰਫ ਲਾਰੇ ਹੀ ਲਗਾ ਰਹੀ ਹੈ। ਯੂਨੀਅਨ ਆਗੂ ਡਾ. ਰਾਜਿੰਦਰ ਸਿੰਘ ਵੱਲੋਂ ਦੱਸਿਆ ਗਿਆ ਕਿ ਇਸ ਮਾਮਲੇ ਵਿੱਚ ਪੰਜਾਬ ਸਰਕਾਰ ਵੱਲੋਂ ਯੂਨੀਵਰਸਿਟੀ ਵਾਈਸ ਚਾਂਸਲਰ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਗਏ ਹਨ ਕਿ ਕੰਟਰੈਕਟ ਅਧਿਆਪਕਾਂ ਨੂੰ ਸੱਤਵੇਂ ਪੇ ਕਮਿਸ਼ਨ ਸਬੰਧੀ ਸਾਰੇ ਲਾਭ ਦਿੱਤੇ ਜਾਣ ਪ੍ਰੰਤੂ ਇਸਦੇ ਬਾਵਜੂਦ ਯੂਨੀਵਰਸਿਟੀ ਪ੍ਰਸ਼ਾਸਨ ਸਰਕਾਰੀ ਨਿਰਦੇਸ਼ਾਂ ਦੀ ਲਗਾਤਾਰ ਅਣਦੇਖੀ ਕਰਦੇ ਹੋਏ ਕੰਟਰੈਕਟ ਅਧਿਆਪਕਾਂ ਦਾ ਸ਼ੋਸ਼ਣ ਕਰ ਰਿਹਾ ਹੈ। ਕੰਟਰੈਕਟ ਯੂਨੀਅਨ ਦੀ ਪ੍ਰਧਾਨ ਡਾ. ਤਰਨਜੀਤ ਕੌਰ ਵੱਲੋਂ ਸਪੱਸ਼ਟ ਕਰ ਦਿੱਤਾ ਗਿਆ ਹੈ ਕਿ ਜਦੋਂ ਤੱਕ ਸਮੂਹ ਕੰਟਰੈਕਟ ਅਧਿਆਪਕਾਂ ਤੇ ਸਬੰਧਤ ਪੇ ਕਮਿਸ਼ਨ ਲਾਗੂ ਨਹੀਂ ਕੀਤਾ ਜਾਂਦਾ ਉਦੋਂ ਤੱਕ ਕੰਟਰੈਕਟ ਅਧਿਆਪਕਾਂ ਦਾ ਸੰਘਰਸ਼ ਲਗਾਤਾਰ ਜਾਰੀ ਰਹੇਗਾ। ਇਸ ਦੌਰਾਨ ਕਿਸੇ ਕਿਸਮ ਦੇ ਜਾਨੀ ਮਾਲੀ ਨੁਕਸਾਨ ਦੀ ਜ਼ਿੰਮੇਵਾਰੀ ਸਰਕਾਰ ਤੇ ਯੂਨੀਵਰਸਿਟੀ ਪ੍ਰਸ਼ਾਸਨ ਦੀ ਹੋਵੇਗੀ।

## ਸ੍ਰੀ ਸਨਾਤਨ ਧਰਮ ਸਭਾ ਵੱਲੋਂ ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਦੀ ਨਿੰਦਾ

ਪਟਿਆਲਾ, 24 ਅਪ੍ਰੈਲ (ਚ.ਨ.ਸ.) : ਸ਼੍ਰੀ ਸਨਾਤਨ ਧਰਮ ਸਭਾ (ਰਜਿ.) ਪਟਿਆਲਾ ਦੇ ਪ੍ਰਧਾਨ ਸ਼੍ਰੀ ਲਾਲ ਚੰਦ ਜਿੰਦਲ ਨੇ ਇੱਕ ਪ੍ਰੈਸ ਬਿਆਨ ਰਾਹੀਂ ਜੰਮੂ ਅਤੇ ਕਸ਼ਮੀਰ ਦੇ ਪਹਿਲਗਾਮ ਵਿੱਚ 26 ਹਿੰਦੂਆਂ ਦੀ ਬੇਰਹਿਮੀ ਨਾਲ ਚੁਣ- ਚੁਣ ਕੇ ਕਤਲ ਕਰਨ ਦੀ ਸਖ਼ਤ ਨਿੰਦਾ ਕੀਤੀ ਹੈ। ਆਪਣਾ ਗੁੱਸਾ ਜ਼ਾਹਰ ਕਰਦਿਆਂ ਸ੍ਰੀ ਜਿੰਦਲ ਨੇ ਕਿਹਾ ਕਿ ਅੱਤਵਾਦ ਨੂੰ ਉਦੋਂ ਤੱਕ ਪੂਰੀ ਤਰ੍ਹਾਂ ਰੋਕਿਆ ਨਹੀਂ ਜਾ ਸਕਦਾ ਜਦੋਂ ਤੱਕ ਅੱਤਵਾਦੀਆਂ ਦੇ ਆਕਾਵਾਂ ਅਤੇ ਉਨ੍ਹਾਂ ਦਾ ਸਮਰਥਨ ਕਰਨ ਵਾਲੇ ਦੇਸ਼ ਵਿਰੋਧੀ ਤੱਤਾਂ ਵਿਰੁੱਧ ਸਖ਼ਤ ਕਾਰਵਾਈ ਨਹੀਂ ਕੀਤੀ ਜਾਂਦੀ। ਜੰਮੂ-ਕਸ਼ਮੀਰ ਦੀ ਉਮਰ ਅਬਦੁੱਲਾ ਦੀ ਸਰਕਾਰ ਵੱਲੋਂ ਦੇਸ਼ ਵਿਰੋਧੀ ਅਨਸਰਾਂ ਵਿਰੁੱਧ ਸਖ਼ਤ ਕਾਰਵਾਈ ਨਾ ਕਰਨ ਕਾਰਨ, ਉਨ੍ਹਾਂ ਅੱਤਵਾਦੀਆਂ ਦਾ ਮਨੋਬਲ ਹੋਰ ਉੱਚਾ ਹੁੰਦਾ ਜਾ ਰਿਹਾ ਹੈ। ਇਸ ਅੱਤਵਾਦੀ ਹਮਲੇ ਨੇ ਨਾ ਸਿਰਫ਼ ਜੰਮੂ-ਕਸ਼ਮੀਰ ਸਗੋਂ ਪੂਰੇ ਦੇਸ਼ ਨੂੰ ਹਿਲਾ ਕੇ ਰੱਖ ਦਿੱਤਾ ਹੈ। ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਹਿੰਦੂ ਸੈਲਾਨੀਆਂ ਦੀ ਚੁਣ- ਚੁਣ ਕੇ ਕੀਤੀ ਗਈ ਹੱਤਿਆ ਦਰਸਾਉਂਦੀ ਹੈ ਕਿ ਉਹ ਲੋਕ ਝੂਠ ਬੋਲਦੇ ਹਨ ਜੋ ਕਹਿੰਦੇ ਹਨ ਕਿ ਅੱਤਵਾਦ ਦਾ ਕੋਈ ਮਜ਼ਹਬ ਨਹੀਂ ਹੁੰਦਾ। ਜਿੱਥੇ ਸ੍ਰੀ ਸਨਾਤਨ ਧਰਮ ਸਭਾ (ਰਜਿ.) ਇਸ ਘਿਨਾਉਣੇ ਹਿੰਦੂ ਕਤਲੇਆਮ ਦੀ ਸਖ਼ਤ ਨਿੰਦਾ ਕਰਦੀ ਹੈ, ਉੱਥੇ ਹੀ ਇਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਤੋਂ ਵੀ ਇਹ ਜ਼ੋਰਦਾਰ ਮੰਗ ਕਰਦੀ ਹੈ ਕਿ ਜੰਮੂ-ਕਸ਼ਮੀਰ ਵਿੱਚ ਕੇਂਦਰੀ ਸੁਰੱਖਿਆ ਬਲਾਂ ਅਤੇ ਭਾਰਤੀ ਫੌਜ ਵੱਲੋਂ ਸਾਂਝੇ ਤੌਰ 'ਤੇ ਅਜਿਹਾ ਆਪ੍ਰੇਸ਼ਨ ਚਲਾਇਆ ਜਾਣਾ ਚਾਹੀਦਾ ਹੈ ਤਾਂ ਜੋ ਇਹ ਪਾਪੀ ਅੱਤਵਾਦੀ ਦੁਬਾਰਾ ਅਜਿਹਾ ਕਤਲੇਆਮ ਕਰਨ ਦਾ ਸੁਪਨਾ ਵੀ ਨਾ ਦੇਖ ਸਕਣ।

## ਲੇਖਕਾ ਸੁਰਜੀਤ ਕੈਨੇਡਾ ਦੀ ਪੁਸਤਕ 'ਟਵਿਨ ਫਲੇਮ' ਦਾ ਲੋਕ ਅਰਪਣ




ਪਟਿਆਲਾ, 24 ਅਪ੍ਰੈਲ (ਚ.ਨ.ਸ.) : ਵਰਲਡ ਪੰਜਾਬੀ ਸੈਂਟਰ, ਪੰਜਾਬੀ ਯੂਨੀਵਰਸਿਟੀ ਵਿਖੇ ਲੇਖਿਕਾ ਸੁਰਜੀਤ ਕੈਨੇਡਾ ਦੀ ਪੁਸਤਕ 'ਟਵਿਨ ਫਲੇਮ' ਦਾ ਲੋਕ ਅਰਪਣ ਕੀਤਾ ਗਿਆ। ਪ੍ਰੋਗਰਾਮ ਦੇ ਆਰੰਭ ਵਿੱਚ ਡਾ. ਭੀਮ ਇੰਦਰ ਸਿੰਘ, ਡਾਇਰੈਕਟਰ ਵਰਲਡ ਪੰਜਾਬੀ ਸੈਂਟਰ ਵੱਲੋਂ ਆਪਣੇ ਸਵਾਗਤੀ ਭਾਸ਼ਣ ਦੌਰਾਨ ਲੇਖਿਕਾ ਸੁਰਜੀਤ ਕੈਨੇਡਾ ਦੇ ਜੀਵਨ ਅਤੇ ਰਚਨਾ ਬਾਰੇ ਜਾਣਕਾਰੀ ਦਿੱਤੀ।ਡਾ. ਅਜੇ ਵਰਮਾ ਵੱਲੋਂ ਇਸ ਪੁਸਤਕ ਸਬੰਧੀ ਵਿਚਾਰ ਚਰਚਾ ਕਰਦਿਆਂ ਦੱਸਿਆ ਗਿਆ ਕਿ ਪੁਸਤਕ ਵਿਚ ਲੇਖਿਕਾ ਦੇ ਅੰਤਰ ਮਨ ਦਾ ਬ੍ਰਹਿਮੰਡ ਨਾਲ ਸੰਵਾਦ ਹੈ ਅਤੇ ਆਪਣੀ ਹੋਂਦ ਨੂੰ ਜਾਨਣ ਦਾ ਮਸਲਾ ਹੈ।ਡਾ. ਪੁਸ਼ਪਿੰਦਰ ਕੌਰ ਵੱਲੋਂ ਸੁਰਜੀਤ ਕਨੇਡਾ ਦੀਆਂ ਪਹਿਲੀਆਂ ਸਾਹਿਤਕ ਕਿਰਤਾਂ ਬਾਰੇ ਅਤੇ ਸਬੰਧਤ ਪੁਸਤਕ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਪ੍ਰਸਿੱਧ ਕਵੀ ਅਮਰਜੀਤ ਕੌਂਕੇ ਵੱਲੋਂ ਲੇਖਿਕਾ ਦੀ ਸਾਹਿਤਿਕ ਖੇਤਰ ਵਿੱਚ ਨਿਰੰਤਰਤਾ ਨੂੰ ਸਲਾਹੁੰਦਿਆਂ ਪੁਸਤਕ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।ਡਾ. ਮੋਹਨ ਤਿਆਗੀ ਨੇ ਇਸ ਪੁਸਤਕ ਵਿਚਲੇ ਪਰਵਾਸੀ ਅਤੇ ਸਵੈ-ਪਹਿਚਾਣ ਦੇ ਮਸਲਿਆਂ ਨੂੰ ਉਭਾਰਿਆ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਡਾ. ਪਰਮੀਤ ਕੌਰ, ਮੁਖੀ ਪੰਜਾਬੀ ਸਾਹਿਤ ਅਧਿਐਨ ਵਿਭਾਗ ਨੇ ਕਿਹਾ ਕਿ ਇਹ ਪੁਸਤਕ ਪੰਜਾਬੀ ਕਵਿਤਾ ਵਿਸ਼ੇਸ਼ ਤੌਰ 'ਤੇ ਪਰਵਾਸੀ ਪੰਜਾਬੀ ਕਵਿਤਾ ਵਿੱਚ ਆਪਣਾ ਨਿਵੇਕਲਾ ਸਥਾਨ ਰੱਖਦੀ ਹੈ। ਪੰਜਾਬੀ ਪਾਠਕਾਂ ਨੂੰ ਭਵਿੱਖ ਵਿੱਚ ਵੀ ਲੇਖਿਕਾ ਸੁਰਜੀਤ ਕੋਲੋਂ ਵੱਡੀਆਂ ਆਸਾਂ ਹਨ। ਪ੍ਰੋਗਰਾਮ ਵਿੱਚ ਸੁਰਜੀਤ ਕੈਨੇਡਾ ਨੂੰ ਸਨਮਾਨਿਤ ਕੀਤਾ ਗਿਆ ਅਤੇ ਧੰਨਵਾਦੀ ਸ਼ਬਦ ਡਾ. ਜਸਵੀਰ ਕੌਰ ਵੱਲੋਂ ਕਹੇ ਗਏ।

## ਅਲਮਾਰੀ 'ਚੋਂ ਨਗਦੀ ਤੇ ਹੋਰ ਸਮਾਨ ਚੋਰੀ

ਪਟਿਆਲਾ, 24 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਅਰਬਨ ਅਸਟੇਟ ਪਟਿਆਲਾ ਪੁਲਿਸ ਕੋਲ ਸਵਰਾਜ ਸਿੰਘ ਪੁੱਤਰ ਬਸੈਸਰ ਸਿੰਘ ਵਾਸੀ ਫੇਸ-1/ਬੀ ਅਰਬਨ ਅਸਟੇਟ ਪਟਿਆਲਾ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਸ ਨੇ ਜਦੋਂ ਪਹਿਲਾ ਤੋਂ ਅਲਮਾਰੀ ਵਿੱਚ ਰੱਖੇ ਹੋਏ ਪੈਸੇ ਕੱਢੇ ਤਾਂ ਦੇਖਿਆ ਕਿ 1 ਲੱਖ ਰੁਪਏ ਵਿੱਚੋਂ 52 ਹਜਾਰ ਰੁਪਏ ਗਾਇਬ ਸਨ, ਜੋ ਕਈ ਦਿਨਾਂ ਬਾਅਦ ਅਲਮਾਰੀ ਟਰੰਕ ਵਿੱਚ ਰੱਖੇ ਹੋਏ 10 ਲੱਖ ਰੁਪਏ ਚੈਕ ਕੀਤੇ ਤਾ ਉਹ ਵੀ ਗਾਇਬ ਸਨ ਅਤੇ 7/8 ਤੋਲੇ ਸੋਨੇ ਦੇ ਗਹਿਣੇ ਵੀ ਗਾਇਬ ਸਨ, ਜੋ ਕਿਸੇ ਅਣਪਛਾਤੇ ਵਿਅਕਤੀਆਂ ਨੇ ਚੋਰੀ ਕਰ ਲਏ, ਜਿਸ ਦੀ ਕੁੱਲ ਕੀਮਤ 15 ਲੱਖ ਰੁਪਏ ਹੈ। ਪੁਲਿਸ ਨੇ ਧਾਰਾ 305 ਬੀ.ਐਨ.ਐਸ. ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।